29-AUG-PAGE-1.qxd 8/28/2025 9:17 PM Page 1


ਸ਼ੁੱਕਰਵਾਰ, 29 ਅਗਸਤ, 2025

14 ਭਾਦੋਂ { ਨਾਨਕਸ਼ਾਹੀ 557 / ਬਿਕਰਮੀ 2082

ਜਿਲਦ/VOL. : 74

ਅੰਕ/NO. : 88

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • FRIDAY, 29 AUGUST, 2025

ਜਲੰਧਰ

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12


## ਰੂਸ-ਯੂਕਰੇਨ ਭੇੜ 'ਮੋਦੀ ਦੀ ਜੰਗ' ਕਰਾਰ



**ਵਾਸ਼ਿੰਗਟਨ :** ਵ੍ਹਾਈਟ ਹਾਊਸ ਦੇ ਵਪਾਰ ਸਲਾਹਕਾਰ ਪੀਟਰ ਨੈਵਰੋ ਨੇ ਯੂਕਰੇਨ ਸੰਘਰਸ਼ ਨੂੰ 'ਮੋਦੀ ਦੀ ਜੰਗ' ਕਹਿ ਕੇ ਅਤੇ ਭਾਰਤ ਦੀ ਰੂਸੀ ਤੇਲ ਖਰੀਦ ਨੂੰ ਸਿੱਧੇ ਤੌਰ 'ਤੇ ਮਾਸਕੋ ਦੀਆਂ ਜੰਗ ਦੇ ਮੈਦਾਨ ਵਿੱਚ ਪ੍ਰਾਪਤੀਆਂ ਤੇ ਅਮਰੀਕੀ ਟੈਕਸਦਾਤਾਵਾਂ 'ਤੇ ਵਧ ਰਹੇ ਬੋਝ ਨਾਲ ਜੋੜ ਕੇ ਵਿਵਾਦ ਖੜ੍ਹਾ ਕਰ ਦਿੱਤਾ ਹੈ।

ਬਲੂਮਬਰਗ ਟੀ ਵੀ ਨਿਊਜ਼ ਚੈਨਲ ਨਾਲ ਗੱਲਬਾਤ ਕਰਦਿਆਂ ਨੈਵਰੋ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਤਾਰੀਫ ਨਾਲ ਨਵੀਂ ਦਿੱਲੀ ਦੀਆਂ ਨੀਤੀਆਂ 'ਤੇ ਆਪਣੀ ਹੁਣ ਤੱਕ ਦੀ ਸਭ ਤੋਂ ਸਖਤ ਆਲੋਚਨਾ ਨੂੰ ਮਿਲਾਇਆ। ਨੈਵਰੋ ਨੇ ਕਿਹਾ, 'ਮੋਦੀ ਇੱਕ ਮਹਾਨ ਨੇਤਾ ਹੈ। ਭਾਰਤ ਇੱਕ ਪਰਪੱਕ ਲੋਕਤੰਤਰ ਹੈ, ਜਿਸ ਨੂੰ ਸਮਝਦਾਰ ਲੋਕ ਚਲਾ ਰਹੇ ਹਨ ਅਤੇ ਫਿਰ ਵੀ, ਉਹ ਸਾਡੇ ਵੱਲ ਬੇਸ਼ਰਮੀ ਨਾਲ ਦੇਖਦੇ ਹਨ ਅਤੇ ਇਨਕਾਰ ਕਰਦੇ ਹਨ ਕਿ ਉਨ੍ਹਾਂ ਕੋਲ ਦੁਨੀਆ ਵਿੱਚ ਸਭ ਤੋਂ ਵੱਧ ਟੈਕਸਦਾਤਾ ਹਨ, ਜਦੋਂ ਕਿ ਅਸਲ ਵਿੱਚ ਉਨ੍ਹਾਂ ਕੋਲ ਹਨ।'

ਨੈਵਰੋ ਅਨੁਸਾਰ ਅਮਰੀਕੀ ਨਾਗਰਿਕ ਭਾਰਤ ਦੀਆਂ ਚੋਣਾਂ ਦਾ ਭੁਗਤਾਨ ਕਰ ਰਹੇ ਹਨ। ਉਨ੍ਹਾ ਦਲੀਲ ਦਿੱਤੀ, 'ਜਦੋਂ ਭਾਰਤ ਛੋਟ 'ਤੇ ਰੂਸੀ ਤੇਲ ਖਰੀਦਦਾ ਹੈ, ਇਸ ਨੂੰ ਰਿਫਾਈਨ ਕਰਦਾ ਹੈ ਅਤੇ ਪ੍ਰੀਮੀਅਮ 'ਤੇ ਦੁਬਾਰਾ ਵੇਚਦਾ ਹੈ ਤਾਂ ਰੂਸ ਇਸ ਆਮਦਨ ਦੀ ਵਰਤੋਂ ਆਪਣੀ ਜੰਗੀ ਮਸ਼ੀਨ ਨੂੰ ਫੰਡ ਦੇਣ ਅਤੇ ਹੋਰ ਯੂਕਰੇਨੀਅਨਾਂ ਨੂੰ ਮਾਰਨ ਲਈ ਕਰਦਾ ਹੈ। ਫਿਰ ਯੂਕਰੇਨ ਸਾਡੇ ਅਤੇ ਯੂਰਪ ਤੋਂ ਹੋਰ ਪੈਸੇ ਦੀ ਮੰਗ ਕਰਦਾ ਹੈ। ਇਸ ਲਈ ਅਮਰੀਕਾ ਵਿੱਚ ਹਰ ਕੋਈ ਨੁਕਸਾਨ ਝੱਲਦਾ ਹੈ, ਕਿਉਂਕਿ ਅਸੀਂ ਮੋਦੀ ਦੀ ਜੰਗ ਲਈ ਫੰਡ ਦੇ ਰਹੇ ਹਾਂ।'

ਇੱਕ ਜਵਾਬੀ ਪੇਸ਼ਕਸ਼ ਵਜੋਂ ਨੈਵਰੋ ਨੇ ਸੁਝਾਅ ਦਿੱਤਾ ਕਿ ਜੇ ਨਵੀਂ ਦਿੱਲੀ ਰੂਸੀ ਕੱਚੇ ਤੇਲ ਦਾ ਦਰਾਮਦ ਬੰਦ ਕਰ ਦਿੰਦੀ ਹੈ, ਤਾਂ ਅਮਰੀਕਾ ਭਾਰਤੀ ਸਮਾਨ 'ਤੇ ਟੈਕਸ ਵਿੱਚ 25 ਫੀਸਦੀ ਦੀ ਕਟੌਤੀ ਕਰ ਸਕਦਾ ਹੈ। ਉਨ੍ਹਾ ਜ਼ੋਰ ਦੇ ਕੇ ਕਿਹਾ ਕਿ ਭਾਰਤ ਦਾ ਮੌਜੂਦਾ ਰਸਤਾ ਮਾਸਕੋ ਨੂੰ ਮਜ਼ਬੂਤ ਕਰਦਾ ਹੈ। ਉਨ੍ਹਾ ਕਿਹਾ, 'ਮੇਰਾ ਮਤਲਬ ਮੋਦੀ ਦੀ ਜੰਗ ਹੈ, ਕਿਉਂਕਿ ਸ਼ਾਂਤੀ ਦਾ ਰਸਤਾ ਕੁਝ ਹੱਦ ਤੱਕ ਨਵੀਂ ਦਿੱਲੀ ਵਿੱਚੋਂ ਲੰਘਦਾ ਹੈ।'

ਇਹ ਟਿੱਪਣੀਆਂ ਅਜਿਹੇ ਸਮੇਂ ਵਿੱਚ ਆਈਆਂ ਹਨ, ਜਦੋਂ ਅਮਰੀਕਾ-ਭਾਰਤ ਸੰਬੰਧ ਸਭ ਤੋਂ ਹੇਠਲੇ ਪੱਧਰ 'ਤੇ ਹਨ। ਇਸ ਦੌਰਾਨ ਭਾਰਤੀ ਅਧਿਕਾਰੀਆਂ ਦਾ ਕਹਿਣਾ ਹੈ ਕਿ ਰੂਸ ਤੋਂ ਈਂਧਨ ਦੀ ਦਰਾਮਦ ਕਿਫਾਇਤੀ ਅਤੇ ਕੌਮੀ ਹਿੱਤਾਂ ਲਈ ਜ਼ਰੂਰੀ ਹੈ। ਨਵੀਂ ਦਿੱਲੀ ਨੇ ਇਹ ਵੀ ਦਲੀਲ ਦਿੱਤੀ ਕਿ ਅਮਰੀਕਾ ਅਤੇ ਯੂਰਪ ਰੂਸ ਨਾਲ ਸੰਬੰਧਤ ਵਸਤੂਆਂ ਖਰੀਦ ਰਹੇ ਹਨ, ਪਰ ਭਾਰਤ ਨੂੰ ਤੇਲ ਖਰੀਦਣ ਤੋਂ ਰੋਕਿਆ ਜਾ ਰਿਹਾ ਹੈ। ਇਸ ਦੌਰਾਨ ਅਮਰੀਕੀ ਰਾਸ਼ਟਰੀ ਆਰਥਕ ਪ੍ਰੀਸ਼ਦ ਦੇ ਡਾਇਰੈਕਟਰ ਕੇਵਿਨ ਹੈਸੇਟ ਨੇ ਚਿਤਾਵਨੀ ਦਿੱਤੀ ਹੈ ਕਿ ਜੇ ਭਾਰਤ ਰੂਸੀ ਕੱਚੇ ਤੇਲ ਦੇ ਵਪਾਰ ਨੂੰ ਰੋਕਣ ਵਿੱਚ ਅਸਫਲ ਰਹਿੰਦਾ ਹੈ, ਤਾਂ ਅਮਰੀਕੀ ਰਾਸ਼ਟਰਪਤੀ ਕਿਸੇ ਵੀ ਤਰ੍ਹਾਂ ਟੈਰਿਫ ਹਟਾਉਣ ਵਾਲੇ ਨਹੀਂ ਹਨ।

ਹੈਸੇਟ ਨੇ ਭਾਰਤ ਸਰਕਾਰ 'ਤੇ ਹਮਲਾ ਬੋਲਦਿਆਂ ਕਿਹਾ ਕਿ ਅਮਰੀਕਾ-ਭਾਰਤ ਵਪਾਰਕ ਗੱਲਬਾਤ ਵੀ ਹੁਣ ਗੁੰਝਲਦਾਰ ਹੋ ਗਈ ਹੈ ਅਤੇ ਭਾਰਤ ਅਮਰੀਕੀ ਉਤਪਾਦਾਂ ਲਈ ਆਪਣਾ ਬਾਜ਼ਾਰ ਖੋਲ੍ਹਣ ਵਿੱਚ ਜ਼ਿੱਦੀ ਰਵੱਈਆ ਅਪਣਾ ਰਿਹਾ ਹੈ। ਹੈਸੇਟ ਨੇ ਅੱਗੇ ਕਿਹਾ, 'ਜੇ ਭਾਰਤ ਝੁਕਦਾ ਨਹੀਂ, ਤਾਂ ਮੈਨੂੰ ਨਹੀਂ ਲੱਗਦਾ ਕਿ ਰਾਸ਼ਟਰਪਤੀ ਟਰੰਪ ਝੁਕਣ ਵਾਲੇ ਹਨ।'

## ਸਰਕਾਰ ਸੁਤੰਤਰ ਵਿਦੇਸ਼ ਨੀਤੀ 'ਤੇ ਚੱਲ ਕੇ ਟਰੰਪ ਦੇ ਟੈਰਿਫ ਦਾ ਟਾਕਰਾ ਕਰੇ : ਸੀ ਪੀ ਆਈ

**ਲੁਧਿਆਣਾ (ਐੱਮ ਐੱਸ ਭਾਟੀਆ)**

ਭਾਰਤੀ ਕਮਿਊਨਿਸਟ ਪਾਰਟੀ (ਸੀ ਪੀ ਆਈ) ਨੇ ਰੂਸ ਤੋਂ ਤੇਲ ਖਰੀਦਣ ਲਈ ਦੰਡਕਾਰੀ ਉਪਾਅ ਵਜੋਂ ਭਾਰਤੀ ਵਸਤੂਆਂ 'ਤੇ 25 ਫੀਸਦੀ ਵਾਧੂ ਟੈਰਿਫ ਲਗਾਉਣ ਦੇ ਅਮਰੀਕਾ ਦੇ ਇਕਪਾਸੜ ਫੈਸਲੇ ਦੀ ਸਖ਼ਤ ਨਿੰਦਾ ਕੀਤੀ ਹੈ।

ਉਨ੍ਹਾ ਕਿਹਾ ਕਿ ਇਹ ਕਾਰਵਾਈ ਭਾਰਤ ਦੇ ਰਾਸ਼ਟਰੀ ਹਿੱਤ ਅਤੇ ਆਰਥਕ ਜ਼ਰੂਰਤਾਂ ਦੇ ਅਧਾਰ 'ਤੇ ਆਪਣੀ ਪਸੰਦ ਦੇ ਦੇਸ਼ਾਂ ਨਾਲ ਸੁਤੰਤਰ ਵਪਾਰ ਅਤੇ ਕਾਰੋਬਾਰ ਕਰਨ ਦੇ ਪ੍ਰਭੂਸੱਤਾ ਅਧਿਕਾਰ ਦੀ ਪੂਰੀ ਤਰ੍ਹਾਂ ਉਲੰਘਣਾ ਹੈ।

ਸੀ ਪੀ ਆਈ ਨੇ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਉਹ ਵਾਸ਼ਿੰਗਟਨ ਦੀਆਂ ਅਜਿਹੀਆਂ ਜ਼ਬਰਦਸਤੀ ਚਾਲਾਂ ਅੱਗੇ ਨਾ ਝੁਕੇ। ਭਾਰਤ ਨੂੰ ਉਦਯੋਗਾਂ ਦੀ ਸੁਰੱਖਿਆ, ਕਾਮਿਆਂ ਦੀ ਸੁਰੱਖਿਆ ਅਤੇ ਸਾਡੀ ਵਿਦੇਸ਼ ਨੀਤੀ ਦੀ ਸ਼ਾਨ ਅਤੇ ਆਜ਼ਾਦੀ ਨਾਲ ਸਮਝੌਤਾ ਕੀਤੇ ਬਿਨਾਂ ਊਰਜਾ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਵਿਕਲਪਿਕ ਪ੍ਰਬੰਧਾਂ ਦੀ ਖੋਜ ਕਰਨੀ ਚਾਹੀਦੀ ਹੈ। ਅਮਰੀਕਾ ਵੱਲੋਂ ਭਾਰਤ ਦੇ ਵਪਾਰਕ ਸੰਬੰਧਾਂ ਨੂੰ ਨਿਰਦੇਸ਼ਤ ਕਰਨ ਦੀ ਕੋਸ਼ਿਸ਼ ਇੱਕ ਖ਼ਤਰਨਾਕ ਮਿਸਾਲ ਕਾਇਮ ਕਰਦੀ ਹੈ, ਜੋ ਬਹੁ-ਧਰੁਵੀਤਾ ਦੇ ਸਿਧਾਂਤ ਅਤੇ ਸਾਰੇ ਦੇਸ਼ਾਂ ਦੇ ਸੁਤੰਤਰ ਅਤੇ ਨਿਰਪੱਖ ਆਰਥਿਕ ਸ਼ਮੂਲੀਅਤ ਦੇ ਅਧਿਕਾਰ ਨੂੰ ਕਮਜ਼ੋਰ ਕਰਦੀ ਹੈ।

ਪਾਰਟੀ ਨੇ ਭਾਰਤ ਸਰਕਾਰ ਤੋਂ ਇਹ ਵੀ ਮੰਗ ਕੀਤੀ ਕਿ ਉਹ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੁਆਰਾ ਦਿੱਤੇ ਗਏ ਵਿਵਾਦਪੂਰਨ ਬਿਆਨ 'ਤੇ ਸਪੱਸ਼ਟੀਕਰਨ ਦੇਵੇ, ਜਿਸ ਵਿੱਚ ਉਨ੍ਹਾਂ ਨੇ ਭਾਰਤ ਅਤੇ ਪਾਕਿਸਤਾਨ ਵਿਚਕਾਰ ਟਕਰਾਅ ਨੂੰ ਰੋਕਣ ਦਾ ਦਾਅਵਾ ਕੀਤਾ ਸੀ।

ਅਜਿਹੀਆਂ ਟਿੱਪਣੀਆਂ ਭਾਰਤ ਦੀ ਵਿਦੇਸ਼ ਨੀਤੀ ਦੇ ਆਚਰਣ ਅਤੇ ਇਸ ਦੀ ਫੈਸਲੇ ਲੈਣ ਦੀਆਂ ਪ੍ਰਕਿਰਿਆਵਾਂ ਬਾਰੇ ਗੰਭੀਰ ਸਵਾਲ ਖੜ੍ਹੇ ਕਰਦੀਆਂ ਹਨ। ਸਰਕਾਰ ਨੂੰ ਲੋਕਾਂ ਨੂੰ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਕੀ ਇਨ੍ਹਾਂ ਦਾਅਵਿਆਂ ਦਾ ਕੋਈ ਆਧਾਰ ਨਹੀਂ ਹੈ ਅਤੇ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਅਮਰੀਕੀ ਦਬਾਅ ਅੱਗੇ ਭਾਰਤ ਦੀ ਰਣਨੀਤਕ ਖੁਦਮੁਖਤਿਆਰੀ ਨਾਲ ਕਦੇ ਵੀ ਸਮਝੌਤਾ ਨਾ ਕੀਤਾ ਜਾਵੇ।

ਅਜਿਹੇ ਸਮੇਂ ਜਦੋਂ ਭਾਰਤ ਵਧਦੇ ਬਾਹਰੀ ਦਬਾਅ ਦਾ ਸਾਹਮਣਾ ਕਰ ਰਿਹਾ ਹੈ, ਸੀ ਪੀ ਆਈ ਦੁਹਰਾਉਂਦੀ ਹੈ ਕਿ ਰਾਸ਼ਟਰੀ ਹਿੱਤਾਂ ਦੀ ਰਾਖੀ ਇੱਕ ਸੁਤੰਤਰ ਵਿਦੇਸ਼ ਨੀਤੀ ਨੂੰ ਅਪਣਾਉਣ, ਵਿਕਾਸਸ਼ੀਲ ਦੇਸ਼ਾਂ ਨਾਲ ਸੰਬੰਧਾਂ ਨੂੰ ਮਜ਼ਬੂਤ ਕਰਨ, ਸਾਮਰਾਜਵਾਦੀ ਹੁਕਮਾਂ ਦਾ ਵਿਰੋਧ ਕਰਨ ਅਤੇ ਇਹ ਯਕੀਨੀ ਬਣਾਉਣ ਵਿੱਚ ਹੈ ਕਿ ਅਜਿਹੇ ਆਰਥਿਕ ਅਤੇ ਰਾਜਨੀਤਕ ਦਬਾਅ ਦਾ ਬੋਝ ਦੇਸ਼ ਦੇ ਮਿਹਨਤਕਸ਼ ਲੋਕਾਂ 'ਤੇ ਨਾ ਪਵੇ।

## ਹਰਿਆਣਾ 'ਚ ਮਹਿਲਾਵਾਂ ਨੂੰ 2100 ਰੁਪਏ ਮਹੀਨਾ ਮਿਲਣਗੇ

ਚੰਡੀਗੜ੍ਹ, (ਕ੍ਰਿਸ਼ਨ ਗਰਗ) ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਪ੍ਰਧਾਨਗੀ ਵਿੱਚ ਵੀਰਵਾਰ ਇੱਥੇ ਹੋਈ ਕੈਬਨਿਟ ਦੀ ਮੀਟਿੰਗ ਵਿੱਚ ਹਰਿਆਣਾ ਸਰਕਾਰ ਨੇ ਆਪਣੇ ਸੰਕਲਪ ਪੱਤਰ ਦੇ ਇੱਕ ਹੋਰ ਵਾਅਦੇ ਨੂੰ ਪੂਰਾ ਕਰਦੇ ਹੋਏ 'ਦੀਨ ਦਿਆਲ ਲਾਡੋ ਲਛਮੀ ਯੋਜਨਾ' ਨੂੰ ਲਾਗੂ ਕਰਨ ਦਾ ਫੈਸਲਾ ਲਿਆ ਹੈ। ਪੰਡਤ ਦੀਨ ਦਿਆਲ ਉਪਾਧਿਆਏ ਦੀ ਜੈਯੰਤੀ 25 ਸਤੰਬਰ ਨੂੰ ਇਸ ਯੋਜਨਾ ਦਾ ਆਰੰਭ ਹੋਵੇਗਾ।

ਇਸ ਯੋਜਨਾ ਤਹਿਤ ਯੋਗ ਮਹਿਲਾਵਾਂ ਨੂੰ ਹਰ ਮਹੀਨੇ 2100 ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ। 23 ਸਾਲ ਜਾਂ ਉਸ ਤੋਂ ਵੱਧ ਉਮਰ ਦੀਆਂ ਮਹਿਲਾਵਾਂ ਨੂੰ ਲਾਭ ਮਿਲੇਗਾ। ਯੋਜਨਾ ਤਹਿਤ ਪਹਿਲੇ ਪੜਾਅ ਵਿੱਚ ਉਨ੍ਹਾਂ ਪਰਵਾਰਾਂ ਨੂੰ ਸ਼ਾਮਲ ਕੀਤਾ ਗਿਆ ਹੈ, ਜਿਹਨਾਂ ਦੀ ਸਾਲਾਨਾ ਆਮਦਨ ਇਕ ਲੱਖ ਰੁਪਏ ਤੋਂ ਘੱਟ ਹੈ। ਆਉਣ ਵਾਲੇ ਸਮੇਂ ਵਿੱਚ ਲੜੀਬੱਧ ਢੰਗ ਨਾਲ ਹੋਰ ਆਮਦਨ ਗਰੁੱਪਾਂ ਨੂੰ ਵੀ ਇਸ ਯੋਜਨਾ ਵਿੱਚ ਸ਼ਾਮਲ ਕੀਤਾ ਜਾਵੇਗਾ।

### ਦੋ ਘੁਸਪੈਠੀਏ ਹਲਾਕ

**ਸ੍ਰੀਨਗਰ :** ਜੰਮੂ-ਕਸ਼ਮੀਰ ਦੇ ਬਾਂਦੀਪੋਰਾ ਜ਼ਿਲ੍ਹੇ ਦੇ ਗੁਰੇਜ਼ ਸੈਕਟਰ ਵਿੱਚ ਕੰਟਰੋਲ ਰੇਖਾ ਦੇ ਨਾਲ ਘੁਸਪੈਠ ਦੀ ਕੋਸ਼ਿਸ਼ ਨੂੰ ਨਾਕਾਮ ਕਰਦੇ ਹੋਏ ਸੁਰੱਖਿਆ ਬਲਾਂ ਨੇ ਦੋ ਦਹਿਸ਼ਤਗਰਦਾਂ ਨੂੰ ਮਾਰ ਦਿੱਤਾ। ਫੌਜ ਦੀ ਸ੍ਰੀਨਗਰ ਸਥਿਤ ਚਿਨਾਰ ਕੋਰ ਨੇ 'ਐਕਸ' 'ਤੇ ਕਿਹਾ, 'ਘੁਸਪੈਠ ਦੀ ਸੰਭਾਵਤ ਕੋਸ਼ਿਸ਼ ਬਾਰੇ ਮਿਲੀ ਖੁਫੀਆ ਜਾਣਕਾਰੀ ਦੇ ਆਧਾਰ 'ਤੇ ਫੌਜ ਤੇ ਪੁਲਸ ਨੇ ਸਾਂਝਾ ਅਪ੍ਰੇਸ਼ਨ ਕੀਤਾ।'

### ਮਜੀਠੀਆ ਦੀ ਨਿਆਂਇਕ ਹਿਰਾਸਤ 6 ਤੱਕ ਵਧੀ

**ਮੁਹਾਲੀ :** ਅਦਾਲਤ ਨੇ ਵੀਰਵਾਰ ਆਮਦਨ ਤੋਂ ਵੱਧ ਜਾਇਦਾਦ ਬਣਾਉਣ ਦੇ ਦੋਸ਼ਾਂ ਤਹਿਤ ਗ੍ਰਿਫਤਾਰ ਸਾਬਕਾ ਅਕਾਲੀ ਮੰਤਰੀ ਬਿਕਰਮ ਸਿੰਘ ਮਜੀਠੀਆ ਦੀ ਨਿਆਂਇਕ ਹਿਰਾਸਤ ਵਿੱਚ 6 ਸਤੰਬਰ ਤੱਕ ਦਾ ਵਾਧਾ ਕਰ ਦਿੱਤਾ। ਮਜੀਠੀਆ ਦੀ ਨਾਭਾ ਦੀ ਨਿਊ ਜੇਲ ਵਿੱਚੋਂ ਵੀਡੀਓ ਕਾਨਫਰੰਸਿੰਗ ਰਾਹੀਂ ਪੇਸ਼ੀ ਹੋਈ। ਇਸੇ ਤਰ੍ਹਾਂ ਮਜੀਠੀਆ ਦੀ ਬੈਰਕ ਬਦਲਣ ਦੇ ਮਾਮਲੇ ਦੀ ਵੀ ਸੁਣਵਾਈ ਸੀ, ਜਿਹੜੀ ਕਿ 30 ਅਗਸਤ 'ਤੇ ਪੈ ਗਈ। ਇਸ ਦੌਰਾਨ ਮਜੀਠੀਆ ਦੇ ਵਕੀਲਾਂ ਨੇ ਅਦਾਲਤ ਵਿੱਚ ਦਰਖਾਸਤ ਦੇ ਕੇ ਵਿਜੀਲੈਂਸ ਵੱਲੋਂ ਪੇਸ਼ ਕੀਤੇ ਗਏ 40 ਹਜ਼ਾਰ ਪੰਨਿਆਂ ਦੇ ਚਲਾਨ ਦੀ ਕਾਪੀ ਦੀ ਮੰਗ ਕੀਤੀ ਤਾਂ ਅਦਾਲਤ ਨੇ ਦੋ ਸਤੰਬਰ ਤੱਕ ਇਹ ਕਾਪੀ ਮੁਹੱਈਆ ਕਰਾਉਣ ਦੇ ਆਦੇਸ਼ ਦਿੱਤੇ।

### ਮੋਦੀ ਤੇ ਜਿਨਪਿੰਗ ਐਤਵਾਰ ਮਿਲਣਗੇ

**ਨਵੀਂ ਦਿੱਲੀ :** ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਚੀਨੀ ਰਾਸ਼ਟਰਪਤੀ ਸ਼ੀ ਜਿਨਪਿੰਗ ਐਤਵਾਰ ਤਿਆਨਜਿਨ ਵਿੱਚ ਸ਼ੰਘਾਈ ਸਹਿਯੋਗ ਸੰਗਠਨ ਸੰਮੇਲਨ ਦੇ ਮੌਕੇ 'ਤੇ ਦੁਵੱਲੀ ਮੀਟਿੰਗ ਕਰਨਗੇ। ਜਪਾਨ ਦੀ ਦੋ ਦਿਨਾ ਯਾਤਰਾ ਦੀ ਸਮਾਪਤੀ ਤੋਂ ਬਾਅਦ ਮੋਦੀ ਚੀਨ ਜਾਣਗੇ। ਦੁਵੱਲੀ ਗੱਲਬਾਤ ਵਿੱਚ ਟਰੰਪ ਟੈਰਿਫ 'ਤੇ ਵੀ ਚਰਚਾ ਹੋਣ ਦੀ ਸੰਭਾਵਨਾ ਹੈ। ਪਿਛਲੇ ਸੱਤ ਸਾਲਾਂ ਵਿੱਚ ਮੋਦੀ ਦਾ ਚੀਨ ਦਾ ਇਹ ਪਹਿਲਾ ਦੌਰਾ ਹੋਵੇਗਾ।

### ਲੰਡਨ ਹਾਊਸ 'ਚ ਅੱਗ, ਡਾ. ਅਜੈ ਰਾਵਤ ਦੀ ਭੈਣ ਦੀ ਮੌਤ



**ਨੈਨੀਤਾਲ :** ਇੱਥੇ ਇੱਕ ਵਿਰਾਸਤੀ ਇਮਾਰਤ ਵਿੱਚ ਅੱਗ ਲੱਗਣ ਕਾਰਨ 82 ਸਾਲਾ ਸ਼ਾਂਤਾ ਬਿਸ਼ਟ ਦੀ ਮੌਤ ਹੋ ਗਈ, ਜੋ ਕਿ ਪ੍ਰਸਿੱਧ ਇਤਿਹਾਸਕਾਰ ਤੇ ਵਾਤਾਵਰਨ ਪ੍ਰੇਮੀ ਡਾ. ਅਜੈ ਰਾਵਤ ਦੀ ਭੈਣ ਹੈ। ਅੱਗ ਬੁੱਧਵਾਰ ਰਾਤ ਕਰੀਬ 10 ਵਜੇ ਲੱਗੀ ਅਤੇ ਉਸ 'ਤੇ ਰਾਤ 2 ਵਜੇ ਤੱਕ ਕਾਬੂ ਪਾਇਆ ਗਿਆ। ਸ਼ਾਂਤਾ ਬਿਸ਼ਟ ਦਾ ਪੁੱਤਰ ਨਿਖਿਲ ਬਿਸ਼ਟ, ਜੋ ਕਿਸੇ ਤਰ੍ਹਾਂ ਇਮਾਰਤ ਤੋਂ ਬਾਹਰ ਨਿਕਲਣ ਵਿੱਚ ਕਾਮਯਾਬ ਰਿਹਾ, ਬਾਹਰ ਆਉਂਦੇ ਹੀ ਬੇਹੋਸ਼ ਹੋ ਗਿਆ। ਪੁਰਾਣੀ ਲੰਡਨ ਹਾਊਸ ਦੀ ਇਮਾਰਤ 1863 ਵਿੱਚ ਬਣਾਈ ਗਈ ਸੀ, ਜਦੋਂ ਨੈਨੀਤਾਲ ਨੂੰ ਸੰਯੁਕਤ ਪ੍ਰਾਂਤਾਂ ਦੀ ਗਰਮੀਆਂ ਦੀ ਰਾਜਧਾਨੀ ਵਜੋਂ ਵਿਕਸਤ ਕੀਤਾ ਗਿਆ ਸੀ। ਇਹ ਇਮਾਰਤ ਡਾ. ਰਾਵਤ ਦੀ ਭੈਣ ਦੀ ਰਿਹਾਇਸ਼ ਸੀ। ਸ਼ਾਂਤਾ ਬਿਸ਼ਟ ਦੀ ਭੈਣ ਕਰਣਲਤਾ ਰਾਵਤ ਦੀ ਵੀ 2020 ਵਿੱਚ ਅੱਗ ਲੱਗਣ ਕਾਰਨ ਮੌਤ ਹੋ ਗਈ ਸੀ। ਨਿਖਿਲ ਬਿਸ਼ਟ ਇੱਕ ਕਲਾ ਨਿਰਦੇਸ਼ਕ ਹੈ, ਜਿਸ ਨੇ 'ਬਰਫ਼ੀ' ਸਮੇਤ ਕਈ ਹਿੰਦੀ ਫਿਲਮਾਂ ਵਿੱਚ ਕੰਮ ਕੀਤਾ ਹੈ।

## ਰਾਹਤ ਤੇ ਬਚਾਅ ਕਾਰਜਾਂ ਲਈ ਫੰਡਾਂ ਦੀ ਕੋਈ ਘਾਟ ਨਹੀਂ : ਮਾਨ

**ਅੰਮ੍ਰਿਤਸਰ/ਰਈਆ (ਨਰਿੰਦਰ ਜੀਤ ਸਿੰਘ/ਡੀ ਕੇ ਰੈਡੀ)**



ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀਰਵਾਰ ਹੜ੍ਹ ਪ੍ਰਭਾਵਤ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਨੂੰ ਰਾਹਤ ਅਤੇ ਬਚਾਅ ਕਾਰਜਾਂ ਵਿੱਚ ਹੋਰ ਤੇਜ਼ੀ ਲਿਆਉਣ ਦੇ ਨਾਲ-ਨਾਲ ਹੜ੍ਹਾਂ ਕਾਰਨ ਡੁੱਬੇ ਹੋਏ ਪਿੰਡਾਂ ਵਿੱਚ ਫਸੇ ਪਰਵਾਰਾਂ ਨੂੰ ਸਾਰੀ ਲੋੜੀਂਦੀ ਸਮੱਗਰੀ ਮੁਹੱਈਆ ਕਰਵਾਉਣ ਦੇ ਹੁਕਮ ਦਿੱਤੇ।ਮੁੱਖ ਮੰਤਰੀ ਨੇ ਹੜ੍ਹ ਪ੍ਰਭਾਵਤ ਇਲਾਕਿਆਂ ਦਾ ਤੂਫਾਨੀ ਦੌਰਾ ਕੀਤਾ, ਜਿਸ ਦੌਰਾਨ ਉਨ੍ਹਾਂ ਨੂੰ ਸਥਾਨਕ ਅਧਿਕਾਰੀਆਂ ਨੇ ਹੜ੍ਹਾਂ ਕਾਰਨ ਖੜ੍ਹੀਆਂ ਫਸਲਾਂ, ਘਰਾਂ, ਜਨਤਕ ਇਮਾਰਤਾਂ ਅਤੇ ਪਸ਼ੂਧਨ ਨੂੰ ਹੋਏ ਨੁਕਸਾਨ ਬਾਰੇ ਜਾਣਕਾਰੀ ਦਿੱਤੀ। ਸਥਿਤੀ ਦੀ ਗੰਭੀਰਤਾ ਨੂੰ ਦੇਖਦਿਆਂ ਉਨ੍ਹਾਂ ਆਪਣੀ ਸਰਕਾਰ ਵੱਲੋਂ ਲੋਕਾਂ ਨੂੰ ਹਰ ਸੰਭਵ ਸਹਾਇਤਾ ਦਾ ਭਰੋਸਾ ਦਿੰਦਿਆਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਪਹਿਲਾਂ ਹੀ ਵੱਡੇ ਪੱਧਰ 'ਤੇ ਰਾਹਤ ਅਤੇ ਬਚਾਅ ਕਾਰਜ ਸ਼ੁਰੂ ਕਰ ਦਿੱਤੇ ਗਏ ਹਨ। ਮਾਨ ਨੇ ਕਿਹਾ ਕਿ ਸੂਬਾ ਸਰਕਾਰ ਇਸ ਸੰਕਟ ਦੀ ਘੜੀ ਵਿੱਚੋਂ ਲੋਕਾਂ ਨੂੰ ਬਾਹਰ ਕੱਢਣ ਲਈ ਵਚਨਬੱਧ ਹੈ ਅਤੇ ਇਸ ਸੰਬੰਧੀ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਹੜ੍ਹ ਪ੍ਰਭਾਵਤ ਜ਼ਿਲ੍ਹਿਆਂ ਵਿੱਚ ਲੋਕਾਂ ਦੀ ਨਿਕਾਸੀ ਲਈ ਵਚਨਬੱਧ ਹੈ। ਜ਼ਿਲ੍ਹਿਆਂ ਦੇ ਸਾਰੇ ਵਿਭਾਗਾਂ ਨੂੰ ਇਸ ਸੰਕਟ ਦੀ ਘੜੀ ਵਿੱਚ ਲੋਕਾਂ ਨੂੰ ਵੱਧ ਤੋਂ ਵੱਧ ਰਾਹਤ ਪ੍ਰਦਾਨ ਕਰਨ ਲਈ ਇੱਕਜੁੱਟ ਹੋ ਕੇ ਕੰਮ ਕਰਨ ਲਈ ਆਖਿਆ ਗਿਆ ਹੈ।ਮੁੱਖ ਮੰਤਰੀ ਨੇ ਕਿਹਾ ਕਿ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਹੜ੍ਹ ਪ੍ਰਭਾਵਤ ਲੋਕਾਂ ਲਈ ਭੋਜਨ, ਪੀਣ ਵਾਲਾ ਪਾਣੀ, ਦਵਾਈਆਂ ਅਤੇ ਹੋਰ ਸਾਮਾਨ ਦੀ ਸਪਲਾਈ ਯਕੀਨੀ ਬਣਾਉਣ ਲਈ ਕਿਹਾ ਗਿਆ ਹੈ।

ਪਸ਼ੂ ਪਾਲਣ ਵਿਭਾਗ ਨੂੰ ਪ੍ਰਭਾਵਤ ਇਲਾਕਿਆਂ ਵਿੱਚ ਪਸ਼ੂਆਂ ਲਈ ਚਾਰਾ ਅਤੇ ਜ਼ਰੂਰੀ ਦਵਾਈਆਂ ਪਹਿਲ ਦੇ ਆਧਾਰ 'ਤੇ ਮੁਹੱਈਆ ਕਰਵਾਉਣ ਦੇ ਆਦੇਸ਼ ਦਿੱਤੇ ਗਏ

• ਬਾਕੀ ਸਫ਼ਾ 2 'ਤੇ

## ਅਮਰੀਕਾ ਵਿਦੇਸ਼ੀ ਵਿਦਿਆਰਥੀਆਂ ਦੀ ਵੀਜ਼ਾ ਮਿਆਦ ਸੀਮਤ ਕਰਨ ਲੱਗਾ

**ਵਾਸ਼ਿੰਗਟਨ :** ਟਰੰਪ ਪ੍ਰਸ਼ਾਸਨ ਨੇ ਵਿਦੇਸ਼ੀ ਵਿਦਿਆਰਥੀਆਂ ਤੇ ਮੀਡੀਆ ਕਰਮੀਆਂ ਲਈ ਵੀਜ਼ੇ ਦੀ ਮਿਆਦ ਸੀਮਤ ਕਰਨ ਦੀ ਤਜਵੀਜ਼ ਰੱਖੀ ਹੈ। ਗ੍ਰਹਿ ਸੁਰੱਖਿਆ ਵਿਭਾਗ ਨੇ ਕਿਹਾ ਹੈ ਕਿ ਜੇ ਪ੍ਰਸਤਾਵਤ ਨੇਮ ਨੂੰ ਅੰਤਮ ਰੂਪ ਦਿੱਤਾ ਜਾਂਦਾ ਹੈ ਤਾਂ ਵਿਦੇਸ਼ੀ ਵਿਦਿਆਰਥੀਆਂ ਸਣੇ ਕੁਝ ਵੀਜ਼ਾਧਾਰਕਾਂ ਲਈ ਅਮਰੀਕਾ 'ਚ ਰਹਿਣ ਲਈ ਮਿਆਦ (ਸਮਾਂ ਹੱਦ) ਸੀਮਤ ਹੋ ਜਾਵੇਗੀ।

ਸਾਲ 1978 ਤੋਂ ਵਿਦੇਸ਼ੀ ਵਿਦਿਆਰਥੀਆਂ ਨੂੰ 'ਐੱਫ' ਵੀਜ਼ਾ ਤਹਿਤ ਅਣਮਿਥੇ ਸਮੇਂ ਲਈ ਅਮਰੀਕਾ 'ਚ ਐਂਟਰੀ ਦਿੱਤੀ ਜਾਂਦੀ ਰਹੀ ਹੈ।

ਗ੍ਰਹਿ ਵਿਭਾਗ ਨੇ ਕਿਹਾ ਕਿ ਹੋਰ ਵੀਜ਼ਿਆਂ ਦੇ ਉਲਟ 'ਐੱਫ' ਵੀਜ਼ਾ ਹੋਲਡਰਾਂ ਨੂੰ ਬਿਨਾਂ ਕਿਸੇ ਵਾਧੂ ਜਾਂਚ-ਪੜਤਾਲ ਦੇ ਅਣਮਿਥੇ ਸਮੇਂ ਲਈ ਅਮਰੀਕਾ 'ਚ ਰਹਿਣ ਦੀ ਆਗਿਆ ਹੁੰਦੀ ਹੈ। ਲੰਮੇ ਸਮੇਂ ਤੋਂ ਪਿਛਲੇ ਪ੍ਰਸ਼ਾਸਨਾਂ ਨੇ ਵਿਦੇਸ਼ੀ ਵਿਦਿਆਰਥੀਆਂ ਅਤੇ ਹੋਰ ਵੀਜ਼ਾ ਹੋਲਡਰਾਂ ਨੂੰ ਅਮਰੀਕਾ 'ਚ ਲਗਭਗ ਅਣਮਿਥੇ ਸਮੇਂ ਲਈ ਰਹਿਣ ਦੀ ਆਗਿਆ ਦਿੱਤੀ ਹੈ, ਜਿਸ ਨਾਲ ਸੁਰੱਖਿਆ ਜੋਖਮ ਪੈਦਾ ਹੋਇਆ ਹੈ। ਟੈਕਸ ਅਦਾ ਕਰਨ ਵਾਲਿਆਂ ਨੂੰ ਭਾਰੀ ਹਾਨੀ ਹੋਈ ਹੈ ਅਤੇ ਅਮਰੀਕੀ ਨਾਗਰਿਕਾਂ ਨੂੰ ਨੁਕਸਾਨ ਹੋਇਆ ਹੈ। ਨਵਾਂ ਨੇਮ ਕੁਝ ਵੀਜ਼ਾ ਧਾਰਕਾਂ ਦੀ ਅਮਰੀਕਾ 'ਚ ਰਹਿਣ ਦੀ ਮਿਆਦ ਸੀਮਤ ਕਰਕੇ ਇਸ ਦੁਰਵਰਤੋਂ ਨੂੰ ਹਮੇਸ਼ਾ ਲਈ ਖਤਮ ਕਰ ਦੇਵੇਗਾ। ਵਿਦੇਸ਼ੀ ਮੀਡੀਆ ਕਰਮੀ ਪੰਜ ਸਾਲ ਲਈ ਜਾਰੀ ਕੀਤੇ 'ਆਈ' ਵੀਜ਼ਾ ਤਹਿਤ ਅਮਰੀਕਾ 'ਚ ਕੰਮ ਕਰ ਸਕਦੇ ਹਨ, ਜਿਸ ਨੂੰ ਕਈ ਵਾਰ ਵਧਾਇਆ ਜਾ ਸਕਦਾ ਹੈ। ਹਾਲਾਂਕਿ ਨਵੇਂ ਨਿਯਮ ਤਹਿਤ ਮੁੱਢਲੀ ਮਿਆਦ 240 ਦਿਨਾਂ ਤੱਕ ਤੈਅ ਕੀਤੀ ਜਾਵੇਗੀ।

## ਸੁਲਤਾਨਪੁਰ ਲੋਧੀ 'ਚ ਲੋਕਾਂ ਨੂੰ ਬਚਾਉਣ ਲਈ ਫੌਜ ਤਲਬ



**ਸੁਲਤਾਨਪੁਰ ਲੋਧੀ :** ਡੀ ਸੀ ਕਪੂਰਥਲਾ ਅਮਿਤ ਕੁਮਾਰ ਪੰਚਾਲ ਨੇ ਵੀਰਵਾਰ ਸੁਲਤਾਨਪੁਰ ਲੋਧੀ ਵਿੱਚ ਹੜ੍ਹ ਦੀ ਭਿਆਨਕ ਸਥਿਤੀ ਨਾਲ ਨਜਿੱਠਣ ਲਈ ਫੌਜ ਸੱਦ ਲਈ। ਬਾਅਦ ਦੁਪਹਿਰ ਫੌਜ ਨੇ ਬਾਊਪੁਰ ਪਹੁੰਚ ਕੇ ਹੜ੍ਹ ਪੀੜਤਾਂ ਨੂੰ ਬਚਾਉਣ ਲਈ ਮੋਰਚਾ ਸੰਭਾਲ ਲਿਆ। ਪੰਚਾਲ ਨੇ ਦੱਸਿਆ ਕਿ ਸਥਿਤੀ ਦੀ ਗੰਭੀਰਤਾ ਨੂੰ ਵੇਖਦੇ ਹੋਏ ਨਿਕਾਸੀ ਪ੍ਰਕਿਰਿਆ ਵਿੱਚ ਮਦਦ ਕਰਨ ਲਈ ਫੌਜ ਸੱਦੀ ਹੈ।

ਇਸੇ ਦੌਰਾਨ ਸਵੇਰੇ ਬਿਆਸ ਦਰਿਆ ਵਿਚ ਪਾਣੀ 2.30 ਲੱਖ ਕਿਊਸਿਕ ਤੱਕ ਵਧ ਗਿਆ, ਜਿਸ ਨਾਲ ਸੁਲਤਾਨਪੁਰ ਲੋਧੀ ਦੇ ਮੰਡ ਖੇਤਰਾਂ ਦੇ ਡੁੱਬੇ ਹੋਏ ਪਿੰਡਾਂ ਵਿੱਚ ਰਹਿਣ ਵਾਲੇ 2000 ਲੋਕਾਂ ਦੀਆਂ ਜਾਨਾਂ ਖਤਰੇ ਵਿੱਚ ਪੈ ਗਈਆਂ ਹਨ। ਰਾਜ ਸਭਾ ਮੈਂਬਰ ਬਲਬੀਰ ਸਿੰਘ ਸੀਚੇਵਾਲ ਦੇ ਸਮਰਥਕਾਂ ਅਤੇ ਪ੍ਰਸ਼ਾਸਨ ਨੇ ਹੜ੍ਹ ਵਿੱਚ ਘਿਰੇ ਪਰਵਾਰਾਂ ਨੂੰ ਘਰ ਖਾਲੀ ਕਰਨ ਲਈ ਜ਼ੋਰ ਪਾਇਆ ਹੈ। ਜਿਹੜੇ ਪਰਵਾਰ ਪਹਿਲਾਂ ਆਪਣੇ ਘਰਾਂ ਨੂੰ ਛੱਡਣ ਤੋਂ ਝਿਜਕਦੇ ਸਨ, ਹੁਣ ਸੁਰੱਖਿਅਤ ਥਾਵਾਂ 'ਤੇ ਜਾਣ ਲਈ ਰਾਜ਼ੀ ਹੋ ਗਏ ਹਨ। ਲੋਕਾਂ ਦਾ ਕਹਿਣਾ ਸੀ ਕਿ ਜੇ ਉਹ ਘਰ-ਬਾਰ ਛੱਡਦੇ ਹਨ ਤਾਂ ਚੋਰੀ ਹੋਣ ਦਾ ਡਰ ਸੀ। ਸੀਚੇਵਾਲ ਨੇ ਕਿਹਾ ਕਿ ਮੋਟਰ ਕਿਸ਼ਤੀਆਂ ਦੀ ਘਾਟ ਹੈ ਅਤੇ 8 ਕਿਸ਼ਤੀਆਂ ਏਨੀ ਵੱਡੀ ਗਿਣਤੀ ਵਿੱਚ ਲੋਕਾਂ ਨੂੰ ਕੱਢਣ ਲਈ ਨਾਕਾਫੀ ਹਨ। ਉਧਰ, ਧੁੱਸੀ ਬੰਨ੍ਹ ਦੇ ਅੰਦਰ ਕਿਸਾਨਾਂ ਵੱਲੋਂ ਬਣਾਏ ਗਏ ਅਸਥਾਈ ਬੰਨ੍ਹ ਵਿੱਚ ਪਾੜ 700 ਫੁੱਟ ਤੱਕ ਚੌੜਾ ਹੋ ਗਿਆ ਹੈ। ਮੰਡ ਇਲਾਕੇ ਵਿੱਚ ਆਏ ਹੜ੍ਹ ਕਾਰਨ ਸਥਿਤੀ ਬੇਹੱਦ ਨਾਜ਼ੁਕ ਬਣੀ ਹੋਈ ਹੈ। ਬਿਆਸ ਦਰਿਆ ਵਿੱਚ 2 ਲੱਖ 30 ਹਜ਼ਾਰ ਕਿਊਸਿਕ ਤੋਂ ਵੱਧ ਪਾਣੀ ਵਗਣ ਨਾਲ ਹਾਲਾਤ ਕੰਟਰੋਲ ਵਿੱਚ ਕਰਨ ਲਈ ਬਾਅਦ ਦੁਪਹਿਰ ਫੌਜ ਤਾਇਨਾਤ ਕਰ ਦਿੱਤੀ ਗਈ। ਫੌਜ ਦੀਆਂ ਗੱਡੀਆਂ ਵਿੱਚ ਕਿਸ਼ਤੀਆਂ ਅਤੇ ਹੜ੍ਹ ਨਾਲ ਨਜਿੱਠਣ ਲਈ ਸਾਜ਼ੋ-ਸਮਾਨ ਲੱਦਿਆ ਹੋਇਆ ਹੈ। ਬਾਊਪੁਰ ਅਤੇ ਸਗਾਂਰਾ ਪਿੰਡਾਂ ਵਿੱਚੋਂ ਲੋਕਾਂ ਨੂੰ ਵੱਡੀ ਪੱਧਰ 'ਤੇ ਸੁਰੱਖਿਅਤ ਥਾਵਾਂ 'ਤੇ ਕੱਢਿਆ ਜਾ ਰਿਹਾ ਹੈ।

## ਡਰੋਨ ਰਾਹੀਂ ਰਾਹਤ ਸਮਗਰੀ ਪਹੁੰਚਾਈ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**



ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਵੱਲੋਂ ਨਿਵੇਕਲੀ ਪਹਿਲਕਦਮੀ ਕਰਦਿਆਂ ਡਰੋਨ ਜ਼ਰੀਏ ਹੜ੍ਹ ਪ੍ਰਭਾਵਤ ਖੇਤਰਾਂ ਵਿੱਚ ਲੋਕਾਂ ਨੂੰ ਰਾਹਤ ਸਮਗਰੀ ਪਹੁੰਚਾਉਣ ਦਾ ਉਪਰਾਲਾ ਸ਼ੁਰੂ ਕੀਤਾ ਗਿਆ। ਵੀਰਵਾਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਖੇਤੀਬਾੜੀ ਕੰਮਾਂ ਲਈ ਵਰਤੇ ਜਾਂਦੇ ਡਰੋਨ ਨੂੰ ਡੇਰਾ ਬਾਬਾ ਨਾਨਕ ਵਿਖੇ ਰਾਹਤ ਸਮਗਰੀ ਪਹੁੰਚਣ ਲਈ ਵਰਤਿਆ ਗਿਆ। ਐੱਸ ਡੀ ਐੱਮ ਡੇਰਾ ਬਾਬਾ ਨਾਨਕ ਡਾ. ਅਦਿੱਤਯ ਸ਼ਰਮਾ ਨੇ ਦੱਸਿਆ ਕਿ ਰਾਵੀ ਦਰਿਆ ਦੇ ਨਾਲ ਲੱਗਦੇ ਕਈ ਪਿੰਡਾਂ ਵਿੱਚ ਹੜ੍ਹ ਦਾ ਪਾਣੀ ਆ ਗਿਆ ਹੈ, ਜਿੱਥੇ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਨੂੰ ਰਾਹਤ ਸਮਗਰੀ ਪਹੁੰਚਾਉਣ ਵਿੱਚ ਮੁਸ਼ਕਲ ਪੇਸ਼ ਆ ਰਹੀ ਸੀ। ਉਨ੍ਹਾ ਕਿਹਾ ਕਿ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਦੇ ਨਿਰਦੇਸ਼ਾਂ ਤਹਿਤ ਉਨ੍ਹਾ ਵੱਲੋਂ ਖੇਤੀਬਾੜੀ ਕੰਮਾਂ (ਸਪਰੇਅ ਆਦਿ) ਕਰਨ ਵਾਲੇ ਡਰੋਨ ਰਾਹੀਂ ਪਾਣੀ ਵਿੱਚ ਘਿਰੇ ਲੋਕਾਂ ਤੱਕ ਰਾਹਤ ਸਮਗਰੀ ਪਹੁੰਚਾਉਣ ਦਾ ਉਪਰਾਲਾ ਕੀਤਾ ਗਿਆ। ਉਨ੍ਹਾ ਕਿਹਾ ਕਿ ਡਰੋਨ ਜ਼ਰੀਏ ਪ੍ਰਭਾਵਤ ਲੋਕਾਂ ਤੱਕ ਸੁੱਕਾ ਰਾਸ਼ਨ, ਪੀਣ ਵਾਲਾ ਪਾਣੀ ਅਤੇ ਦਵਾਈਆਂ ਪਹੁੰਚਾਈਆਂ ਜਾ ਰਹੀਆਂ ਹਨ। ਉਨ੍ਹਾ ਦੱਸਿਆ ਕਿ ਜਦੋਂ ਇਹ ਡਰੋਨ ਰਾਹਤ ਸਮਗਰੀ ਲੈ ਕੇ ਪ੍ਰਭਾਵਤ ਲੋਕਾਂ ਤੱਕ ਪਹੁੰਚਦਾ ਹੈ ਤਾਂ ਉਨ੍ਹਾਂ ਵੱਲੋਂ ਡਰੋਨ ਨਾਲ ਬੱਧੇ ਰਾਹਤ ਸਮਗਰੀ ਦੇ ਪੈਕਟ ਨੂੰ ਲਾਹ ਲਿਆ ਜਾਂਦਾ ਹੈ। ਐੱਸ ਡੀ ਐੱਮ ਆਦਿੱਤਯ ਨੇ ਕਿਹਾ ਕਿ ਇਹ ਡਰੋਨ ਹੜ੍ਹ ਵਿੱਚ ਘਿਰੇ ਲੋਕਾਂ ਲਈ ਵੱਡੀ ਸਹੂਲਤ ਸਾਬਤ ਹੋਇਆ ਹੈ। ਉਨ੍ਹਾਂ ਕਿਹਾ ਕਿ ਅੱਜ ਦਾ ਇਹ ਟਰਾਇਲ ਪੂਰੀ ਤਰਾਂ ਸਫਲ ਰਿਹਾ ਹੈ ਅਤੇ ਭਲਕ ਤੋਂ ਡਰੋਨ ਰਾਹੀਂ ਸਹਾਇਤਾ ਪਹੁੰਚਾਉਣ ਦਾ ਸਿਲਸਲਾ ਜਾਰੀ ਰਹੇਗਾ। ਇਸ ਮੌਕੇ ਐੱਸ ਡੀ ਐੱਮ ਫ਼ਤਹਿਗੜ੍ਹ ਚੂੜੀਆਂ, ਗੁਰਮੰਦਰ ਸਿੰਘ, ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਗੁਰਦਾਸਪੁਰ ਇੰਦਰਜੀਤ ਸਿੰਘ, ਬੀ ਡੀ ਪੀ ਓ ਅਮਨਦੀਪ ਕੌਰ ਤੇ ਧੀਰਜ ਸ਼ਰਮਾ ਹਾਜ਼ਰ ਸਨ।

## 300 ਤੋਂ ਵੱਧ ਸਕੂਲ ਪ੍ਰਭਾਵਤ

**ਚੰਡੀਗੜ੍ਹ :** ਹੜ੍ਹ ਕਰਕੇ ਹੁਸ਼ਿਆਰਪੁਰ, ਕਪੂਰਥਲਾ, ਤਰਨ ਤਾਰਨ, ਗੁਰਦਾਸਪੁਰ, ਫਿਰੋਜ਼ਪੁਰ, ਅੰਮ੍ਰਿਤਸਰ, ਸੁਲਤਾਨਪੁਰ ਲੋਧੀ ਅਤੇ ਫਾਜ਼ਿਲਕਾ ਦੇ ਕਈ ਪਿੰਡ ਡੁੱਬਣ ਕਾਰਨ ਪੰਜਾਬ ਸਿੱਖਿਆ ਵਿਭਾਗ ਨੇ ਸਕੂਲਾਂ ਨੂੰ ਹੋਏ ਨੁਕਸਾਨ ਦਾ ਜਾਇਜ਼ਾ ਲੈਣ ਲਈ ਕਵਾਇਦ ਸ਼ੁਰੂ ਕੀਤੀ ਹੈ। ਸ਼ੁਰੂਆਤੀ ਰਿਪੋਰਟਾਂ ਮੁਤਾਬਕ ਹੜ੍ਹ ਪ੍ਰਭਾਵਤ ਜ਼ਿਲ੍ਹਿਆਂ ਵਿੱਚ 300 ਤੋਂ ਵੱਧ ਸੀਨੀਅਰ ਸੈਕੰਡਰੀ ਅਤੇ ਐਲੀਮੈਂਟਰੀ ਸਕੂਲ ਪ੍ਰਭਾਵਤ ਹੋਏ ਹਨ।

ਵਿਭਾਗ ਦੇ ਅਧਿਕਾਰੀਆਂ ਨੇ ਕਿਹਾ ਕਿ ਕਿਉਂਕਿ ਹੜ੍ਹ ਦੇ ਪਾਣੀ ਨਾਲ ਫਰਨੀਚਰ ਅਤੇ ਢਾਂਚਿਆਂ ਨੂੰ ਨੁਕਸਾਨ ਹੋਣ ਦੀ ਸੰਭਾਵਨਾ ਹੈ, ਇਸ ਲਈ ਹੜ੍ਹ ਦਾ ਪਾਣੀ ਘਟਣ ਅਤੇ ਕਲਾਸਾਂ ਮੁੜ ਸ਼ੁਰੂ ਕਰਨ ਤੋਂ ਪਹਿਲਾਂ ਇੱਕ ਢਾਂਚਾਗਤ ਸੁਰੱਖਿਆ ਜਾਂਚ ਕਰਵਾਉਣੀ ਪਵੇਗੀ।

ਸਭ ਤੋਂ ਵੱਧ ਪ੍ਰਭਾਵਤ ਸਕੂਲ ਅੰਮ੍ਰਿਤਸਰ, ਫਿਰੋਜ਼ਪੁਰ, ਗੁਰਦਾਸਪੁਰ, ਹੁਸ਼ਿਆਰਪੁਰ, ਰੋਪੜ, ਨਵਾਂਸ਼ਹਿਰ ਜ਼ਿਲ੍ਹੇ ਵਿਚ ਹਨ। ਫਾਜ਼ਿਲਕਾ ਅਤੇ ਫਿਰੋਜ਼ਪੁਰ ਜ਼ਿਲ੍ਹੇ ਦੇ ਸਕੂਲ ਅਧਿਆਪਕਾਂ ਨੇ ਕਿਹਾ ਕਿ ਸਤਲੁਜ ਵਿੱਚ ਪਾਣੀ ਵਧਣ ਕਾਰਨ ਸਕੂਲਾਂ ਨੂੰ ਜਾਣ ਵਾਲੀਆਂ ਸੜਕਾਂ 2 ਤੋਂ 3 ਫੁੱਟ ਪਾਣੀ ਵਿੱਚ ਡੁੱਬੀਆਂ ਹੋਈਆਂ ਹਨ। ਸਿੱਖਿਆ ਮੰਤਰੀ ਹਰਜੋਤ ਬੈਂਸ ਨੇ ਕਿਹਾ, 'ਅਸੀਂ ਹੜ੍ਹ ਦੀ ਸਥਿਤੀ ਬਾਰੇ ਨਿਯਮਤ ਤੌਰ 'ਤੇ ਅਪਡੇਟ ਪ੍ਰਾਪਤ ਕਰ ਰਹੇ ਹਾਂ ਅਤੇ ਉਸ ਅਨੁਸਾਰ ਫੈਸਲਾ ਲਵਾਂਗੇ।'

### ਅੱਜ-ਨਾਮਾ

ਭਾਰਤ ਦੇਸ਼ ਦੀ ਰੋਜ਼ ਸਰਕਾਰ ਕਹਿੰਦੀ,
ਅਸਾਂ ਦੇ ਨਾਲ ਦਾ ਕੋਈ ਨਾ ਹੋਰ ਬੇਲੀ।
ਤਰੱਕੀ ਜਿੱਦਾਂ ਵਿਗਿਆਨ ਦੀ ਹੋਈ ਏਥੇ,
ਕਰੀ ਆ ਦੇਸ਼ ਦੀ ਤੇਜ਼ ਉਸ ਤੋਰ ਬੇਲੀ।
ਸਾਨੂੰ ਵਿੰਹਦੇ ਤਾਂ ਰਹੇ ਨੇ ਰਸ਼ਕ ਕਰਦੇ,
ਜਿਹੜੇ ਦੇਸ਼ਾਂ ਦਾ ਬਹੁਤ ਸੀ ਸ਼ੋਰ ਬੇਲੀ।
ਅਸੀਂ ਹਾਲੇ ਵੀ ਕਿਤੇ ਨਾ ਰੁਕਣ ਵਾਲੇ,
ਯੇ ਦਿਲ ਮਾਂਗਤਾ ਔਰ ਭੀ ਔਰ ਬੇਲੀ।
ਦੂਜਾ ਪੱਖ ਆ ਭਾਰਤ ਦਾ ਇਹ ਦਿੱਸਦਾ,
ਖਹਿੜਾ ਛੱਡੇ ਨਾ ਹਾਲੇ ਅਗਿਆਨ ਬੇਲੀ।
ਜਿੱਥੇ ਹੁੰਦੀ ਆ ਚੜ੍ਹਤ ਅਗਿਆਨਤਾ ਦੀ,
ਲੱਗਾ ਟਿਕਣ ਨਾ ਓਥੇ ਵਿਗਿਆਨ ਬੇਲੀ।

-ਤੀਸ ਮਾਰ ਖਾਂ

## ਸਰਕਾਰ ਫਸਲਾਂ ਦਾ ਇੱਕ ਲੱਖ ਏਕੜ ਮੁਆਵਜ਼ਾ ਦੇਵੇ ਤੇ ਮਜ਼ਦੂਰਾਂ ਦੀ ਬਾਂਹ ਫੜੇ : ਮਾੜੀਮੇਘਾ

### ਚੇਤਨਾ ਜਥੇ ਦਾ ਫਗਵਾੜਾ ਤੇ ਭਬਿਆਨਾ 'ਚ ਸ਼ਾਨਦਾਰ ਸਵਾਗਤ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**







ਗਦਰ ਪਾਰਟੀ ਦੇ ਬਾਨੀ ਪ੍ਰਧਾਨ ਬਾਬਾ ਸੋਹਣ ਸਿੰਘ ਭਕਨਾ ਦੀ ਯਾਦਗਾਰ ਤੋਂ ਸੀ ਪੀ ਆਈ ਦਾ ਚੱਲਿਆ ਚੇਤਨਾ ਜਥਾ ਵੀਰਵਾਰ ਫਗਵਾੜੇ ਪਹੁੰਚਿਆ। ਜਥੇ ਦੀ ਅਗਵਾਈ ਸੀ ਪੀ ਆਈ ਦੇ ਕਪੂਰਥਲਾ ਜ਼ਿਲ੍ਹੇ ਦੇ ਸਕੱਤਰ ਜੈਪਾਲ ਫਗਵਾੜਾ, ਰਜਿੰਦਰ ਸਿੰਘ ਰਾਣਾ ਐਡਵੋਕੇਟ ਅਤੇ ਤਿਰਲੋਕ ਸਿੰਘ ਭਬਿਆਨਾ ਨੇ ਕੀਤੀ।ਫਗਵਾੜਾ ਵਿਖੇ ਪੱਤਰਕਾਰ ਸੰਮੇਲਨ ਵਿੱਚ ਬੋਲਦਿਆਂ ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਪਿਰਥੀਪਾਲ ਸਿੰਘ ਮਾੜੀਮੇਘਾ ਨੇ ਕਿਹਾ ਕਿ 'ਆਪ' ਦੀ ਸਰਕਾਰ ਅਧੀਨ ਪੰਜਾਬ ਦੇ ਖੇਤ ਮਜ਼ਦੂਰ ਅਤੇ ਕਾਰਖਾਨਿਆਂ ਦੇ ਮਜ਼ਦੂਰਾਂ ਦੀ ਹਾਲਤ ਤਰਸਯੋਗ ਬਣੀ ਹੋਈ ਹੈ। ਝੋਨੇ ਦੀ ਲਵਾਈ ਤੋਂ ਬਾਅਦ ਕਾਫੀ ਸਮਾਂ ਖੇਤਾਂ ਵਿੱਚ ਮਜ਼ਦੂਰਾਂ ਦਾ ਕੰਮ ਰੁਕ ਜਾਂਦਾ ਹੈ ਅਤੇ ਮਜ਼ਦੂਰਾਂ ਦੇ ਪਰਵਾਰਾਂ ਨੂੰ ਤਿੰਨ ਟਾਈਮ ਦੀ ਰੋਟੀ ਖਾਣ ਦੇ ਲਾਲੇ ਪੈ ਜਾਂਦੇ ਹਨ। ਮਾੜੀਮੇਘਾ ਨੇ ਕਿਹਾ ਪੰਜਾਬ ਵਿੱਚ ਕਾਰਖਾਨਿਆਂ ਦਾ ਕਾਰੋਬਾਰ ਰੈਡੀਮੇਡ ਕੱਪੜਿਆਂ ਵਾਲੀਆਂ ਕੰਪਨੀਆਂ ਨੇ ਬੰਦ ਕੀਤਾ ਹੋਇਆ ਹੈ। ਦੂਜੇ ਕਾਰੋਬਾਰਾਂ ਵਾਲੇ ਕਾਰਖਾਨੇ ਪੰਜਾਬ ਵਿੱਚ ਨਾ-ਮਾਤਰ ਹੀ ਹੈ। ਜੇ ਕਿਤੇ ਹੈ ਤਾਂ ਉਨ੍ਹਾਂ ਕਾਰਖਾਨਿਆਂ ਦੇ ਮਾਲਕਾਂ ਨੇ ਸਸਤੀ ਲੇਬਰ ਬਿਹਾਰ ਤੇ ਯੂ ਪੀ ਵਾਲੀ ਲਾਈ ਹੋਈ ਹੈ, ਇਸ ਲਈ ਪੰਜਾਬ ਦਾ ਮਜ਼ਦੂਰ ਭੁੱਖਾ ਮਰ ਰਿਹਾ ਹੈ। ਪੰਜਾਬ ਸਰਕਾਰ ਮਜ਼ਦੂਰਾਂ ਵਾਲੇ ਪਾਸੇ ਧਿਆਨ ਨਹੀਂ ਦੇ ਰਹੀ। ਰਾਸ਼ਨ ਡਿਪੂਆਂ 'ਤੇ ਸਸਤਾ ਅਨਾਜ ਵੀ ਨਹੀਂ ਮਿਲ ਰਿਹਾ, ਉਪਰੋਂ ਬੀ ਜੇ ਪੀ ਹਕੂਮਤ ਗਰੀਬਾਂ ਨੂੰ ਮੁਫ਼ਤ ਮਿਲਦੀ ਕਣਕ ਬੰਦ ਕਰਨ ਜਾ ਰਹੀ ਹੈ। ਕੇਂਦਰ ਸਰਕਾਰ ਨਰੇਗਾ ਕਾਨੂੰਨ ਰਾਹੀਂ ਕੀਤੇ ਕੰਮਾਂ ਦੇ ਪੈਸੇ ਨਹੀਂ ਪਾ ਰਹੀ ਅਤੇ ਨਵਾਂ ਕੰਮ ਵੀ ਬਹੁਤ ਘੱਟ ਜਾਂ ਸਿਫਾਰਸ਼ ਰਾਹੀਂ ਦਿੱਤਾ ਜਾਂਦਾ ਹੈ। ਮਾੜੀਮੇਘਾ ਨੇ ਬਾਰਸ਼ਾਂ ਦੇ ਵਧ ਰਹੇ ਪਾਣੀ 'ਤੇ ਚਿੰਤਾ ਪ੍ਰਗਟ ਕੀਤੀ। ਪੰਜਾਬ ਦੇ ਦਰਿਆਵਾਂ ਨਾਲ ਲਗਦੀ ਝੋਨੇ ਦੀ ਤੇ ਬਾਕੀ ਫਸਲ ਪਾਣੀ ਦੀ ਮਾਰ ਨਾਲ ਬਰਬਾਦ ਹੋ ਚੁੱਕੀ ਹੈ। ਲੋਕ ਸੜਕਾਂ 'ਤੇ ਤੰਬੂ ਲਾ ਕੇ ਛੋਟੇ-ਛੋਟੇ ਬੱਚਿਆਂ ਦੀ ਅਤੇ ਡੰਗਰਾਂ ਦੀ ਸਾਂਭ-ਸੰਭਾਲ ਕਰ ਰਹੇ ਹਨ। ਇਨ੍ਹਾਂ ਲੋਕਾਂ ਨੂੰ ਤੁਰੰਤ ਰਾਹਤ ਦੇਣ ਲਈ ਆਟਾ, ਦਾਲ ਅਤੇ ਸੌਦਾ, ਡੰਗਰਾਂ ਵਾਸਤੇ ਚਾਰਾ ਅਤੇ ਰੋਜ਼ਮਰ੍ਹਾ ਦੇ ਲਈ ਪੈਸੇ ਮਿਲਣੇ ਚਾਹੀਦੇ ਹਨ। ਖਰਾਬ ਹੋਈਆਂ ਫਸਲਾਂ ਦਾ ਮੁਆਵਜ਼ਾ ਪ੍ਰਤੀ ਏਕੜ ਇੱਕ ਲੱਖ ਰੁਪਏ ਦੇਣਾ ਬਣਦਾ ਹੈ। ਮਾੜੀਮੇਘਾ ਨੇ ਕਿਹਾ ਕਿ ਇਹ ਜਥਾ ਸੀ ਪੀ ਆਈ ਦੀ ਕੌਮੀ ਕਾਂਗਰਸ, ਜੋ 21 ਤੋਂ 25 ਸਤੰਬਰ ਨੂੰ ਚੰਡੀਗੜ੍ਹ ਵਿਖੇ ਹੋ ਰਹੀ ਹੈ। ਕਾਂਗਰਸ ਵਿੱਚ ਵਿਚਾਰਨਯੋਗ ਮਸਲਿਆਂ ਬਾਰੇ ਲੋਕਾਂ ਨੂੰ ਜਾਣਕਾਰੀ ਅਤੇ ਕਾਂਗਰਸ ਨੂੰ ਹਰ ਪੱਖ ਤੋਂ ਕਾਮਯਾਬ ਕਰਨ ਦੀ ਬੇਨਤੀ ਕਰ ਰਿਹਾ ਹੈ। ਪ੍ਰੈੱਸ ਕਾਨਫਰੰਸ ਵਿੱਚ ਜੈਪਾਲ ਫਗਵਾੜਾ, ਰਜਿੰਦਰ ਸਿੰਘ ਰਾਣਾ ਐਡਵੋਕੇਟ, ਤਿਰਲੋਕ ਸਿੰਘ ਭਬਿਆਨਾ ਅਤੇ ਪੰਜਾਬ ਇਸਤਰੀ ਸਭਾ ਦੀ ਸੂਬਾਈ ਸੀਨੀਅਰ ਮੀਤ ਪ੍ਰਧਾਨ

• ਬਾਕੀ ਸਫ਼ਾ 2 'ਤੇ

## ਭਗਤਾ ਬਲਾਕ ਨੂੰ ਤੋੜੇ ਜਾਣ ਦਾ ਭਾਜਪਾ ਵੱਲੋਂ ਵਿਰੋਧ



ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਪੰਚਾਇਤੀ ਵਿਭਾਗ ਵੱਲੋਂ ਭਗਤਾ ਬਲਾਕ ਨੂੰ ਤੋੜੇ ਜਾਣ ਦਾ ਮਾਮਲਾ ਲਗਾਤਾਰ ਸੁਰਖੀਆਂ 'ਚ ਹੈ ਤੇ ਭਗਤਾ ਭਾਈਕਾ 'ਚ ਸਰਕਾਰ ਦੇ ਫੈਸਲੇ ਵਿਰੁੱਧ ਆਏ ਦਿਨ ਧਰਨੇ ਲੱਗਦੇ ਰਹਿੰਦੇ ਹਨ ਤੇ ਭਾਜਪਾ ਵੀ ਲਗਾਤਾਰ ਇਸ ਦਾ ਵਿਰੋਧ ਕਰ ਰਹੀ ਹੈ। ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਦਿਹਾਤੀ ਦੀ ਅਗਵਾਈ 'ਚ ਹੁਣ ਭਾਜਪਾ ਆਗੂਆਂ ਨੇ ਸਬੰਧਤ ਵਿਭਾਗ ਤੱਕ ਪਹੁੰਚ ਕਰਕੇ ਇਤਰਾਜ਼ ਦਰਜ ਕਰਵਾਏ ਹਨ। ਇਸ ਬਾਰੇ ਗੱਲ ਕਰਦਿਆਂ ਗੁਰਪ੍ਰੀਤ ਸਿੰਘ ਮਲੂਕਾ ਨੇ ਕਿਹਾ ਕਿ ਸਰਕਾਰ ਦਾ ਇਹ ਫੈਸਲਾ ਸਿੱਧੇ ਤੌਰ 'ਤੇ ਪੰਚਾਇਤ ਰਾਜ 1994 ਐਕਟ ਦੀ ਉਲੰਘਣਾ ਹੈ।ਅੱਜ ਭਾਜਪਾ ਆਗੂਆਂ ਤਾਰਾ ਸਿੰਘ ਪੁੱਤਰ ਬਲਦੇਵ ਸਿੰਘ ਵਾਸੀ ਮਲੂਕਾ ਤੇ ਬੇਅੰਤ ਸਿੰਘ ਪੁੱਤਰ ਹਰਦੇਵ ਸਿੰਘ ਵਾਸੀ ਮਲੂਕਾ ਵੱਲੋਂ ਪੰਚਾਇਤੀ ਵਿਭਾਗ ਦੇ ਸਕੱਤਰ ਨੂੰ ਇਸ ਬਾਰੇ ਵੇਰਵਿਆਂ ਸਮੇਤ ਲਿਖਤੀ ਰੂਪ 'ਚ ਇਤਰਾਜ਼ ਦਰਜ ਕਰਵਾਏ ਹਨ।ਪੰਚਾਇਤੀ ਵਿਭਾਗ ਨੂੰ ਜਾਣੂ ਕਰਵਾਇਆ ਹੈ ਕਿ ਸਰਕਾਰ ਨੇ ਭਗਤਾ ਬਲਾਕ ਤੋੜ ਕੇ ਲੋਕ ਵਿਰੋਧੀ ਕਾਰਵਾਈ ਕੀਤੀ ਹੈ। ਬਲਾਕ 'ਚ ਪਿੰਡਾਂ ਦੀ ਘੱਟ ਗਿਣਤੀ ਨੂੰ ਭਗਤਾ ਬਲਾਕ ਤੋੜਨ ਦਾ ਕਾਰਨ ਦੱਸਿਆ ਗਿਆ ਹੈ, ਜਦਕਿ ਬਠਿੰਡਾ ਜ਼ਿਲ੍ਹੇ 'ਚ ਹੀ ਸਰਦੂਲਗੜ੍ਹ ਤੇ ਮਾਨਸਾ ਹਲਕਿਆਂ 'ਚ ਕਈ ਬਲਾਕ ਹਨ, ਜਿਨ੍ਹਾਂ 'ਚ ਪਿੰਡਾਂ ਦੀ ਗਿਣਤੀ ਭਗਤਾ ਬਲਾਕ ਤੋਂ ਘੱਟ ਹੈ। ਇਸ ਤੋਂ ਇਲਾਵਾ ਤਲਵੰਡੀ ਹਲਕੇ 'ਚ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਲਈ ਹਲਕੇ ਰਾਖਵੇਂ ਕਰਨ 'ਚ ਵੀ ਮਨਮਰਜ਼ੀਆਂ ਕੀਤੀਆਂ ਗਈਆਂ ਹਨ।ਕਈ ਬਲਾਕ ਅਜਿਹੇ ਬਣਾ ਦਿੱਤੇ, ਜਿਨ੍ਹਾਂ 'ਚ ਸਬੰਧਤ ਪਿੰਡ ਨਹੀਂ ਹਨ। ਸਰਕਾਰ ਤੇ ਜ਼ਿਲ੍ਹਾ ਪੰਚਾਇਤੀ ਵਿਭਾਗ ਵੱਲੋਂ ਨਿਯਮਾਂ ਦੇ ਅਣਦੇਖੀ ਕਰਕੇ ਲੋਕਤੰਤਰ ਦਾ ਘਾਣ ਕੀਤਾ ਜਾ ਰਿਹਾ ਹੈ। ਮਲੂਕਾ ਨੇ ਕਿਹਾ ਕਿ ਪੰਚਾਇਤ ਵਿਭਾਗ ਦੇ ਸਕੱਤਰ ਨੂੰ ਇਤਰਾਜ਼ ਦਰਜ ਕਰਵਾ ਕੇ ਸਾਰੀ ਸਥਿਤੀ ਤੋਂ ਜਾਣੂ ਕਰਵਾ ਦਿੱਤਾ ਹੈ, ਜੇਕਰ ਪੰਚਾਇਤੀ ਵਿਭਾਗ ਨੇ ਭਗਤਾ ਬਲਾਕ ਨੂੰ ਮੁੜ ਬਹਾਲ ਨਾ ਕੀਤਾ ਤਾਂ ਇਸ ਮਾਮਲੇ 'ਚ ਅਦਾਲਤ ਦਾ ਰੁੱਖ ਕੀਤਾ ਜਾਵੇਗਾ।ਇਹ ਜਾਣਕਾਰੀ ਮੀਡੀਆ ਇੰਚਾਰਜ ਰਤਨ ਸ਼ਰਮਾ ਮਲੂਕਾ ਨੇ ਸਾਂਝੀ ਕੀਤੀ।

## ਸਰਕਾਰ ਖਰੀਦ ਪ੍ਰਕਿਰਿਆ ਨਾਲ ਜੁੜੇ ਸਾਰੇ ਭਾਈਵਾਲਾਂ ਦੀ ਭਲਾਈ ਲਈ ਵਚਨਬੱਧ : ਖੁੱਡੀਆਂ

### ਖੰਨਾ ਮੰਡੀ ਦੇ ਦੌਰੇ ਦੌਰਾਨ ਸੁਣੀਆਂ ਆੜ੍ਹਤੀਆਂ ਦੀਆਂ ਮੰਗਾਂ ਤੇ ਮੁਸ਼ਕਲਾਂ



ਖੰਨਾ (ਸੁਖਵਿੰਦਰ ਸਿੰਘ ਭਾਦਲਾ)

ਪੰਜਾਬ ਸਰਕਾਰ ਵੱਲੋਂ ਕਣਕ ਤੇ ਝੋਨੇ ਦੀ ਨਿਰਵਿਘਨ ਖਰੀਦ ਨੂੰ ਯਕੀਨੀ ਬਣਾਉਣ ਲਈ ਬਣਾਈ ਗਈ ਸਬ-ਕਮੇਟੀ ਦੇ ਚੇਅਰਮੈਨ ਤੇ ਪੰਜਾਬ ਦੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਅਤੇ ਪੇਂਡੂ ਵਿਕਾਸ ਤੇ ਪੰਚਾਇਤ, ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ, ਕਿਰਤ ਤੇ ਪ੍ਰਾਹੁਣਚਾਰੀ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਏਸ਼ੀਆ ਦੀ ਸਭ ਤੋਂ ਵੱਡੀ ਦਾਣਾ ਮੰਡੀ ਖੰਨਾ ਦੇ ਮਾਰਕੀਟ ਕਮੇਟੀ ਦਫ਼ਤਰ ਦੇ ਮੀਟਿੰਗ ਹਾਲ ਵਿੱਚ ਆੜ੍ਹਤੀਆ ਐਸੋਸੀਏਸ਼ਨ ਦੇ ਨੁਮਾਇੰਦਿਆਂ ਨਾਲ ਕਣਕ ਤੇ ਝੋਨੇ ਦੀ ਨਿਰਵਿਘਨ ਖਰੀਦ ਨੂੰ ਯਕੀਨੀ ਬਣਾਉਣ ਲਈ ਮੀਟਿੰਗ ਕੀਤੀ ਤੇ ਆੜ੍ਹਤੀਆਂ ਨੂੰ ਪੇਸ਼ ਆ ਰਹੀਆਂ ਸਮੱਸਿਆਵਾਂ ਵੀ ਸੁਣੀਆਂ।ਇਸ ਮੌਕੇ ਉਨ੍ਹਾਂ ਨਾਲ ਅਮਰਗੜ੍ਹ ਦੇ ਵਿਧਾਇਕ ਪ੍ਰੋ. ਜਸਵੰਤ ਸਿੰਘ ਗੱਜਣਮਾਜਰਾ ਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ, ਮਾਰਕੀਟ ਕਮੇਟੀ ਖੰਨਾ ਦੇ ਚੇਅਰਮੈਨ ਜਗਤਾਰ ਸਿੰਘ ਗਿੱਲ ਰਤਨਹੇੜੀ, ਆੜ੍ਹਤੀਆ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਜਸਵਿੰਦਰ ਸਿੰਘ ਰਾਣਾ ਤੇ ਆੜ੍ਹਤੀਆ ਐਸੋਸੀਏਸ਼ਨ ਖੰਨਾ ਦੇ ਪ੍ਰਧਾਨ ਹਰਬੰਸ ਸਿੰਘ ਰੋਸ਼ਾ ਵੀ ਮੌਜੂਦ ਸਨ।ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਆੜ੍ਹਤੀਆਂ ਐਸੋਸੀਏਸ਼ਨ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ ਗਈ ਹੈ।ਉਸ ਵਿੱਚੋਂ ਕੁੱਝ ਮੰਗਾਂ ਪੰਜਾਬ ਸਰਕਾਰ ਨਾਲ ਸਬੰਧਤ ਹਨ ਉਨ੍ਹਾਂ ਨੂੰ ਜਲਦ ਹੱਲ ਕਰ ਲਿਆ ਜਾਵੇਗਾ ਤੇ ਜੋ ਮੰਗਾਂ ਕੇਂਦਰ ਸਰਕਾਰ ਨਾਲ ਸਬੰਧਤ ਹਨ, ਉਨ੍ਹਾਂ ਦੀ ਵੀ ਪੈਰਵਾਈ ਕਰਕੇ ਕੇਂਦਰ ਸਰਕਾਰ ਤੋਂ ਹੱਲ ਕਰਾਵਾਂਗੇ।ਉਨ੍ਹਾਂ ਕਿਹਾ ਕਿ ਮਜ਼ਦੂਰਾਂ ਦੀ ਮਜ਼ਦੂਰੀ ਵਧਾਉਣ ਸਬੰਧੀ ਗੱਲ ਚੱਲੀ ਸੀ।ਪੰਜਾਬ ਸਰਕਾਰ ਨੇ ਆਪਣੀ ਹੈਸੀਅਤ ਮੁਤਾਬਕ 10 ਪ੍ਰਤੀਸ਼ਤ ਦਾ ਵਾਧਾ ਕੀਤਾ ਹੈ।ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਅੱਗੇ ਮੰਗ ਰੱਖਦਿਆਂ ਕਿਹਾ ਕਿ ਖੰਨਾ ਦੇ ਨਾਲ ਲੱਗਦੀ ਦਹਿੜੂ ਮੰਡੀ ਦਾ ਵਿਸਥਾਰ ਕਰਕੇ ਉਸ ਨੂੰ ਪੱਕਾ ਕੀਤਾ ਜਾਵੇ।ਇਸ ਤੋਂ ਇਲਾਵਾ ਖੰਨਾ ਦੀ ਰਹੌਣ ਮੰਡੀ ਦੇ ਨਾਲ ਲੱਗਦੀਆਂ ਲਿੰਕ ਸੜਕਾਂ ਨੂੰ ਮੰਡੀ ਬੋਰਡ ਵੱਲੋਂ ਜਲਦ ਬਣਾਇਆ ਜਾਵੇ।ਖੇਤੀਬਾੜੀ ਮੰਤਰੀ ਖੁੱਡੀਆਂ ਵੱਲੋਂ ਜਲਦੀ ਹੀ ਇਨ੍ਹਾਂ ਮੰਗਾਂ ਨੂੰ ਪੂਰਾ ਕਰਨ ਦਾ ਭਰੋਸਾ ਦਿੱਤਾ ਗਿਆ। ਇਸ ਮੌਕੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮਜ਼ਦੂਰਾਂ ਦੀ ਮੰਗ ਮੰਨੀ ਗਈ ਹੈ।ਉਨ੍ਹਾਂ ਦੀ ਮਜ਼ਦੂਰੀ 'ਚ 10 ਪ੍ਰਤੀਸ਼ਤ ਵਾਧਾ ਕੀਤਾ ਗਿਆ ਹੈ। ਆੜ੍ਹਤੀਆਂ ਦੀਆਂ ਜੋ ਵੀ ਮੰਗਾਂ ਸਾਡੇ ਕੋਲ ਆ ਰਹੀਆ ਹਨ, ਉਨ੍ਹਾਂ 'ਤੇ ਗੌਰ ਕਰਕੇ ਪੂਰੀਆਂ ਕਰਵਾ ਰਹੇ ਹਾਂ, ਕਿਸੇ ਵੀ ਪੱਧਰ 'ਤੇ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਇਸ ਮੌਕੇ ਆੜ੍ਹਤੀਆ ਐਸੋਸੀਏਸ਼ਨ ਤੇ ਮਜ਼ਦੂਰ ਯੂਨੀਅਨ ਵੱਲੋਂ ਪੰਜਾਬ ਦੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਤੇ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਵੀ ਕੀਤਾ ਗਿਆ।

## ਸੰਕਲਪ ਸੁਸਾਇਟੀ ਵੱਲੋਂ ਲਾਏ ਬੂਟਿਆਂ ਦਾ ਵਣ ਰੇਂਜ ਅਫ਼ਸਰ ਨੇ ਕੀਤਾ ਨਿਰੀਖਣ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਸਮਾਜ ਸੇਵੀ ਸੰਸਥਾ ਸੰਕਲਪ ਐਜੂਕੇਸ਼ਨਲ ਵੈੱਲਫੇਅਰ ਸੁਸਾਇਟੀ (ਰਜਿ.) ਵੱਲੋਂ ਵਾਤਾਵਰਨ ਦੀ ਸੰਭਾਲ ਲਈ ਕੀਤੇ ਜਾਂਦੇ ਉਪਰਾਲਿਆਂ ਨੂੰ ਜਾਰੀ ਰੱਖਦਿਆਂ ਪਿਛਲੇ ਸਾਲ ਵੱਖ ਵੱਖ ਥਾਵਾਂ 'ਤੇ ਬੂਟੇ ਲਗਾਏ ਗਏ ਸਨ।ਜਾਣਕਾਰੀ ਦਿੰਦਿਆਂ ਸੰਸਥਾ ਦੇ ਸੰਸਥਾਪਕ ਪ੍ਰਧਾਨ ਨਰਿੰਦਰ ਸਿੰਘ ਸੰਧੂ ਨੇ ਦੱਸਿਆ ਕਿ ਸੰਸਥਾ ਦੀ ਪ੍ਰੇਰਨਾ ਸਦਕਾ ਸਥਾਨਕ ਮਲੋਟ ਰੋਡ ਸਥਿਤ ਨਿਵਾਸੀ ਭਗਵਾਨ ਦਾਸ (ਜ਼ਿਲ੍ਹਾ ਸਿਹਤ ਇੰਸਪੈਕਟਰ) ਦੇ ਖਾਲੀ ਪਏ ਪਲਾਟ ਵਿੱਚ ਵਣ ਵਿਭਾਗ ਦੇ ਸਹਿਯੋਗ ਨਾਲ ਫਲਦਾਰ, ਛਾਂਦਾਰ ਤੇ ਛਾਂਦਾਰ ਬੂਟੇ ਲਾਏ ਗਏ।ਉਨ੍ਹਾਂ ਦੱਸਿਆ ਕਿ ਇਨ੍ਹਾਂ ਬੂਟਿਆਂ ਦਾ ਵਣ ਰੇਂਜ ਅਫਸਰ ਹਰਦੀਪ ਸਿੰਘ ਹੁੰਦਲ ਵੱਲੋਂ ਨਰੀਖਣ ਕੀਤਾ ਗਿਆ। ਨਰੀਖਣ ਦੌਰਾਨ ਹੁੰਦਲ ਨੇ ਸੰਕਲਪ ਐਜੂਕੇਸ਼ਨਲ ਵੈੱਲਫੇਅਰ ਸੁਸਾਇਟੀ ਦੇ ਨਿਸ਼ਕਾਮ ਸਮਾਜ ਸੇਵੀ ਉਪਰਾਲਿਆਂ ਭਰਪੂਰ ਸ਼ਲਾਘਾ ਕੀਤੀ।ਉਨ੍ਹਾਂ ਬੂਟੇ ਲਗਾਉਣ ਤੇ ਉਨ੍ਹਾਂ ਦੀ ਦੇਖਭਾਲ ਕਰਨ ਬਦਲੇ ਭਗਵਾਨ ਦਾਸ ਤੇ ਉਨ੍ਹਾਂ ਦੇ ਪਰਵਾਰ ਦਾ ਧੰਨਵਾਦ ਵੀ ਕੀਤਾ।ਉਨ੍ਹਾਂ ਇਸ ਮੌਕੇ ਬੋਲਦਿਆਂ ਆਮ ਲੋਕਾਂ ਨੂੰ ਸੁਨੇਹਾ ਦਿੱਤਾ ਕਿ ਵਿਗੜ ਰਹੇ ਵਾਤਾਵਰਨ ਦਾ ਸੰਤੁਲਨ ਬਣਾਈ ਰੱਖਣ ਲਈ ਸਾਨੂੰ ਵੱਧ ਤੋਂ ਵੱਧ ਰੁੱਖ ਲਗਾਉਣੇ ਤੇ ਉਨ੍ਹਾਂ ਦੀ ਸੰਭਾਲ ਕਰਨਾ ਅਤੀ ਜ਼ਰੂਰੀ ਹੈ।ਉਨ੍ਹਾਂ ਦੱਸਿਆ ਕਿ ਸੰਕਲਪ ਸੁਸਾਇਟੀ ਦੁਆਰਾ ਜ਼ਿਲ੍ਹੇ ਅੰਦਰ ਲਾਏ ਗਏ ਬੂਟਿਆਂ ਦਾ ਵਿਭਾਗ ਵੱਲੋਂ ਸਮੇਂ ਸਮੇਂ ਨਰੀਖਣ ਕੀਤਾ ਗਿਆ ਤੇ ਖੁਸ਼ੀ ਦੀ ਗੱਲ ਇਹ ਹੈ ਕਿ ਸਾਰੇ ਬੂਟੇ ਤੰਦਰੁਸਤ ਤੇ ਸਿਹਤਯਾਬ ਪਏ ਗਏ।ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਦੀਪ ਸਿੰਘ ਹੁੰਦਲ ਵਣ ਰੇਂਜ ਅਫ਼ਸਰ, ਭਗਵਾਨ ਦਾਸ (ਜ਼ਿਲ੍ਹਾ ਸਿਹਤ ਇੰਸਪੈਕਟਰ), ਨਰਿੰਦਰ ਸਿੰਘ ਪੰਮਾ ਸੰਧੂ (ਸੰਸਥਾਪਕ ਪ੍ਰਧਾਨ), ਮਿੱਠਨ ਲਾਲ ਬਾਂਸਲ, ਮੂਰਤੀ ਦੇਵੀ, ਲਾਜਵੰਤੀ ਦੇਵੀ, ਵੀਨਾ ਬਾਂਸਲ, ਅਰੁਣ ਬਾਂਸਲ, ਸਿਮਰਨ ਅਗਰਵਾਲ ਤੇ ਭਵਕੀਰਤ ਸਿੰਘ ਸੰਧੂ ਆਦਿ ਮੌਜੂਦ ਸਨ।

## ਹੜ੍ਹ ਪੀੜਤ ਪਸ਼ੂਆਂ ਲਈ ਪੰਜ ਟਨ ਅਚਾਰ ਲੈ ਕੇ ਪਹੁੰਚੇ ਮਧੇਕੇ



ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)-ਹਲਕਾ ਧਰਮਕੋਟ ਦੇ ਹੜ੍ਹ ਪੀੜਤਾਂ ਦੇ ਪਸ਼ੂਆਂ ਲਈ 5 ਟਨ ਆਚਾਰ ਲੈ ਕੇ ਪਹੁੰਚੇ ਜ਼ਿਲ੍ਹਾ ਪ੍ਰਧਾਨ ਬਰਿੰਦਰ ਕੁਮਾਰ ਮਧੇਕੇ ਪੰਜਾਬ ਵਿੱਚ ਪੈ ਰਹੀ ਭਾਰੀ ਬਾਰਸ਼ ਕਾਰਨ ਤੇ ਸਤਲੁਜ ਦਰਿਆ ਵਿੱਚ ਪਾਣੀ ਦਾ ਵਹਾਅ ਵਧਣ ਕਾਰਨ ਜ਼ਿਲ੍ਹਾ ਮੋਗਾ ਦੇ ਵਿਧਾਨ ਸਭਾ ਹਲਕਾ ਧਰਮਕੋਟ ਦੇ ਕਈ ਪਿੰਡ ਹੜ੍ਹਾਂ ਦੀ ਲਪੇਟ ਵਿੱਚ ਆ ਗਏ, ਜਿਸ ਨਾਲ ਬਹੁਤ ਲੋਕਾਂ ਦੀਆਂ ਫ਼ਸਲਾਂ ਦਾ ਨੁਕਸਾਨ ਵੀ ਹੋਇਆ, ਉੱਥੇ ਹੀ ਪਸ਼ੂਆਂ ਲਈ ਬੀਜੇ ਗਏ ਹਰੇ ਚਾਰੇ ਦਾ ਵੀ ਬਹੁਤ ਨੁਕਸਾਨ ਹੋ ਗਿਆ।ਹੜ੍ਹਾਂ ਤੋਂ ਪ੍ਰਭਾਵਤ ਆਪਣੇ ਲੋਕਾਂ ਦੀ ਮੱਦਦ ਲਈ ਆਮ ਆਦਮੀ ਪਾਰਟੀ ਜ਼ਿਲ੍ਹਾ ਮੋਗਾ ਦੇ ਪ੍ਰਧਾਨ ਤੇ ਚੇਅਰਮੈਨ ਪਲੈਨਿੰਗ ਬੋਰਡ ਬਰਿੰਦਰ ਕੁਮਾਰ ਮਧੇਕੇ ਆਪਣੇ ਸਾਥੀਆਂ ਸਮੇਤ 50 ਕੁਇੰਟਲ ਆਚਾਰ ਪਸ਼ੂਆਂ ਵਾਸਤੇ ਲੈ ਕੇ ਧਰਮਕੋਟ ਹਲਕੇ ਦੇ ਪਿੰਡਾਂ ਸੰਘੇੜਾ, ਮਦਾਰਪੁਰ, ਮੇਲਕ ਕੰਗਾ, ਭੈਣੀ, ਕੰਬੋ ਕਲਾਂ 'ਚ ਸੇਵਾ ਕਰਕੇ ਆਏ। ਵਿਧਾਇਕ ਲਾਡੀ ਢੋਸ ਤੇ ਜ਼ਿਲ੍ਹਾ ਪ੍ਰਧਾਨ ਬਰਿੰਦਰ ਕੁਮਾਰ ਮਧੇਕੇ ਨੇ ਪੰਜਾਬ ਤੇ ਜ਼ਿਲ੍ਹਾ ਮੋਗਾ ਦੇ ਬਸ਼ਿੰਦਿਆਂ ਨੂੰ ਅਪੀਲ ਕੀਤੀ ਕਿ ਜਿੱਥੇ ਪੰਜਾਬ ਸਰਕਾਰ ਹੜ੍ਹ ਪੀੜਤਾਂ ਵਾਸਤੇ ਪੂਰੇ ਪ੍ਰਬੰਧ ਕਰ ਰਹੀ ਹੈ, ਉੱਥੇ ਹੀ ਸਾਡੀ ਵੀ ਇਨਸਾਨੀਅਤ ਦੇ ਨਾਤੇ ਕੁਦਰਤੀ ਆਫ਼ਤ ਦੀ ਲਪੇਟ ਵਿੱਚ ਆਏ ਸਾਡੇ ਭਰਾਵਾਂ ਦੇ ਨਾਲ ਖੜ੍ਹਨ ਦੀ ਜ਼ਿੰਮੇਵਾਰੀ ਬਣਦੀ ਹੈ ਤਾਂ ਜੁ ਉਨ੍ਹਾਂ ਦੇ ਦੁੱਖਾਂ 'ਚ ਮੱਲ੍ਹਮ ਲਾਈ ਜਾ ਸਕੇ।

## ਅਧੂਰੇ ਕਾਗਜ਼ਾਤ ਵਾਲੇ ਵਾਹਨਾਂ ਦੇ ਚਲਾਨ ਕੱਟੇ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਪੁਲਸ ਥਾਣਾ ਦੇ ਮੁੱਖ ਅਫ਼ਸਰ ਸ਼ੇਰਵਿੰਦਰ ਸਿੰਘ ਔਲਖ ਦੀ ਅਗਵਾਈ ਹੇਠ ਪੁਲਸ ਪਾਰਟੀ ਵੱਲੋਂ ਮੁੱਖ ਮਾਰਗ ਉੱਪਰ ਬੱਸ ਸਟੈਂਡ 'ਤੇ ਨਾਕਾਬੰਦੀ ਕਰਕੇ ਆਉਣ-ਜਾਣ ਵਾਲੇ ਵਾਹਨਾਂ ਦੀ ਚੈਕਿੰਗ ਕੀਤੀ ਗਈ।ਪੜਤਾਲ ਦੌਰਾਨ ਜਿਨ੍ਹਾਂ ਵਾਹਨਾਂ ਦੇ ਕਾਗ਼ਜ਼ਾਤ ਅਧੂਰੇ ਪਾਏ ਗਏ, ਉਨ੍ਹਾਂ ਦੇ ਚਲਾਨ ਵੀ ਕੱਟੇ ਗਏ।ਐਸ.ਐਚ.ਓ ਔਲਖ ਨੇ ਦੱਸਿਆ ਕਿ ਇਹ ਮੁਹਿੰਮ ਐਸ.ਐਸ.ਪੀ. ਬਰਨਾਲਾ ਮੁਹੰਮਦ ਸਰਫ਼ਰਾਜ ਆਲਮ ਦੇ ਦਿਸ਼ਾ-ਨਿਰਦੇਸ਼ਾਂ, ਡੀ.ਐਸ.ਪੀ. ਜਤਿੰਦਰ ਪਾਲ ਸਿੰਘ ਦੀ ਅਗਵਾਈ ਹੇਠ ਚੱਲ ਰਹੀ ਹੈ।ਉਨ੍ਹਾਂ ਕਿਹਾ ਕਿ ਮਿਲੀਆਂ ਹਦਾਇਤਾਂ ਅਨੁਸਾਰ ਅਧੂਰੇ ਦਸਤਾਵੇਜ਼ਾਂ ਵਾਲੇ ਵਾਹਨਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ, ਤਾਂ ਜੁ ਸੜਕ ਸੁਰੱਖਿਆ ਨੂੰ ਯਕੀਨੀ ਬਣਾਇਆ ਜਾ ਸਕੇ।ਔਲਖ ਨੇ ਇਹ ਵੀ ਦੱਸਿਆ ਕਿ ਨਾਕਾਬੰਦੀ ਦੌਰਾਨ ਜ਼ਿਆਦਾਤਰ ਬੁਲਟ ਮੋਟਰਸਾਈਕਲਾਂ ਦੇ ਚਲਾਨ ਕੱਟੇ ਗਏ ਹਨ, ਜਿਨ੍ਹਾਂ ਦੇ ਕਾਗਜ਼ਾਤ ਪੂਰੇ ਨਹੀਂ ਸਨ।ਉਨ੍ਹਾਂ ਸ਼ਪੱਸ਼ਟ ਕਿਹਾ ਕਿ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਤੇ ਨਸ਼ਿਆਂ ਦੀ ਤਸਕਰੀ ਕਰਨ ਵਾਲਿਆਂ ਨੂੰ ਕਿਸੇ ਵੀ ਹਾਲਤ ਵਿੱਚ ਬਖਸ਼ਿਆ ਨਹੀਂ ਜਾਵੇਗਾ।ਉਨ੍ਹਾਂ ਸਮੂਹ ਲੋਕਾਂ ਤੋਂ ਸਹਿਯੋਗ ਦੀ ਮੰਗ ਕੀਤੀ।

## ਡਰੇਨ ਦੇ ਓਵਰਫਲੋਅ ਹੋਣ ਨਾਲ ਸੈਂਕੜੇ ਏਕੜ ਫ਼ਸਲ ਪ੍ਰਭਾਵਤ, ਮੁਆਵਜ਼ੇ ਦੀ ਮੰਗ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)

ਪਿੰਡ ਹਮੀਦੀਕਰਮਗੜ੍ਹ ਵਿਚਕਾਰ ਦੀ ਲੰਘਦੀ ਅਪਰ ਲਸਾੜਾ ਡਰੇਨ ਦੇ ਨਾਲ ਲੱਗਦੇ ਪਿੰਡ ਹਮੀਦੀ, ਠੁੱਲੀਵਾਲ ਆਦਿ ਪਿੰਡਾਂ ਦੇ ਕਿਸਾਨਾਂ ਦੇ ਖੇਤਾਂ 'ਚ ਡਰੇਨ ਦੇ ਓਵਰਫਲੋਅ ਹੋਣ ਕਾਰਨ ਪਾਣੀ ਝੋਨਾ, ਹਰਾ ਚਾਰਾ ਤੇ ਹੋਰ ਫ਼ਸਲਾਂ 'ਚ ਭਰ ਜਾਣ ਕਾਰਨ ਫਸਲਾਂ ਦੇ ਭਾਰੀ ਨੁਕਸਾਨ ਹੋਣ ਦਾ ਖ਼ਤਰਾ ਬਣਿਆ ਹੋਇਆ ਹੈ। ਪੀੜਤ ਕਿਸਾਨਾਂ ਨੇ ਭਰੇ ਮਨ ਨਾਲ ਦੱਸਿਆ ਕਿ ਪਿਛਲੇ ਤਿੰਨ ਦਿਨ ਤੋਂ ਲਗਾਤਾਰ ਹੋਈ ਭਾਰੀ ਬਾਰਿਸ਼ ਨਾਲ ਅਪਰ ਲਸਾੜਾ ਡਰੇਨ ਦੇ ਓਵਰਫਲੋਅ ਹੋ ਜਾਣ ਕਾਰਨ ਪਾਣੀ ਨਾਲ ਲੱਗਦੇ ਖੇਤਾਂ ਅੰਦਰ ਦਾਖ਼ਲ ਹੋ ਚੁੱਕਾ ਹੈ। ਡਰੇਨ ਤੇ ਬਰਸਾਤ ਦੇ ਪਾਣੀ ਕਾਰਨ ਵੱਖ-ਵੱਖ ਪਿੰਡਾਂ ਦੇ ਕਿਸਾਨਾਂ ਦੀ ਸੈਂਕੜੇ ਏਕੜ ਫ਼ਸਲਾਂ ਪ੍ਰਭਾਵਤ ਹੋਣ ਦਾ ਖ਼ਤਰਾ ਬਣ ਗਿਆ ਹੈ। ਉਨ੍ਹਾਂ ਕਿਹਾ ਕਿ ਪਾਣੀ ਤੋਂ ਫ਼ਸਲਾਂ ਨੂੰ ਬਚਾਉਣ ਲਈ ਲੋੜੀਂਦੇ ਪ੍ਰਬੰਧ ਕਰਨ ਲਈ ਪੀੜਤ ਕਿਸਾਨਾਂ ਵੱਲੋਂ ਜ਼ਿਲਾ ਪ੍ਰਸ਼ਾਸਨ ਦੇ ਧਿਆਨ 'ਚ ਲਿਆਂਦਾ ਗਿਆ ਹੈ। ਸਿਵਲ ਤੇ ਪੁਲਿਸ ਪ੍ਰਸ਼ਾਸਨ ਨੇ ਮੌਕੇ 'ਤੇ ਪੁੱਜ ਕੇ ਕਿਸਾਨਾਂ ਦੀਆਂ ਫਸਲਾਂ ਦਾ ਜਾਇਜ਼ਾ ਲਿਆ। ਉਨ੍ਹਾਂ ਜੇ ਸੀ ਬੀ ਮਸ਼ੀਨ ਤੇ ਹੋਰ ਸਾਧਨਾਂ ਰਾਹੀਂ ਸੜਕਾਂ ਤੇ ਪੁਲੀਆਂ ਨੂੰ ਖੁਲ੍ਹਵਾ ਕੇ ਫ਼ਸਲਾਂ ਪਾਣੀ ਤੋਂ ਬਚਾਉਣ ਲਈ ਕੰਮ ਸ਼ੁਰੂ ਕਰਾਇਆ। ਵੱਖ-ਵੱਖ ਕਿਸਾਨ, ਮਜ਼ਦੂਰ ਆਗੂਆਂ ਨੇ ਮੰਗ ਕੀਤੀ ਕਿ ਬਾਰਿਸ਼ ਦੇ ਪਾਣੀ ਨਾਲ ਫ਼ਸਲਾਂ ਦੇ ਹੋਏ ਨੁਕਸਾਨ ਤੇ ਮਜ਼ਦੂਰ ਪਰਵਾਰਾਂ ਦੇ ਘਰਾਂ ਦੀਆਂ ਡਿੱਗੀਆਂ ਛੱਤਾਂ ਦਾ ਯੋਗ ਮੁਆਵਜ਼ਾ ਦਿੱਤਾ ਜਾਵੇ। ਤਹਿਸੀਲਦਾਰ ਮਹਿਲ ਕਲਾਂ ਪਵਨ ਕੁਮਾਰ, ਐਸ ਡੀ ਓ ਕੁਨਾਲ ਸ਼ਰਮਾ, ਥਾਣਾ ਮਹਿਲ ਕਲਾਂ ਦੇ ਮੁੱਖ ਅਫ਼ਸਰ ਸ਼ੇਰਵਿੰਦਰ ਸਿੰਘ ਔਲਖ ਨੇ ਗ੍ਰਾਮ ਪੰਚਾਇਤਾਂ ਤੇ ਪੀੜਤ ਕਿਸਾਨਾਂ ਦੀ ਹਾਜ਼ਰੀ 'ਚ ਫ਼ਸਲਾਂ ਦਾ ਜਾਇਜ਼ਾ ਲੈ ਕੇ ਝੋਨੇ ਦੀਆਂ ਫ਼ਸਲਾਂ 'ਚੋਂ ਪਾਣੀ ਬਾਹਰ ਕਢਵਾਉਣ ਲਈ ਲੋੜੀਂਦੇ ਪ੍ਰਬੰਧ ਕੀਤੇ ਗਏ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹੜ੍ਹ ਰੋਕਣ ਦੇ ਕੀਤੇ ਪ੍ਰਬੰਧਾਂ ਤਹਿਤ ਡਿਪਟੀ ਕਮਿਸ਼ਨਰ ਬਰਨਾਲਾ ਦੇ ਦਿਸ਼ਾ-ਨਿਰਦੇਸ਼ਾਂ ਤੇ ਐਸ.ਡੀ.ਐਮ ਬਰਨਾਲਾ ਜਗਰਾਜ ਸਿੰਘ ਕਾਹਲੋਂ ਦੀ ਅਗਵਾਈ ਹੇਠ ਪ੍ਰਸ਼ਾਸਨ ਵੱਲੋਂ ਕਿਸਾਨਾਂ ਦੀਆਂ ਫਸਲਾਂ ਨੂੰ ਬਚਾਉਣ ਲਈ ਢੁੱਕਵੇਂ ਪ੍ਰਬੰਧ ਕੀਤੇ ਜਾ ਰਹੇ ਹਨ। ਬਾਰਿਸ਼ ਦੇ ਪਾਣੀ ਨਾਲ ਨੁਕਸਾਨੀਆਂ ਫ਼ਸਲਾਂ ਤੇ ਘਰਾਂ ਸਬੰਧੀ ਕਾਨੂੰਗੋ ਤੇ ਪਟਵਾਰੀ ਰਾਹੀਂ ਰਿਪੋਰਟ ਤਿਆਰ ਕਰਾਈ ਜਾ ਰਹੀ ਹੈ।ਉਹ ਰਿਪੋਰਟ ਪੰਜਾਬ ਸਰਕਾਰ ਨੂੰ ਭੇਜੀ ਜਾਵੇਗੀ। ਭਾਕਿਯੂ ਡਕੌਂਦਾ (ਧਨੇਰ) ਦੇ ਸੂਬਾਈ ਪ੍ਰਧਾਨ ਮਨਜੀਤ ਸਿੰਘ ਧਨੇਰ, ਜ਼ਿਲ੍ਹਾ ਮੀਤ ਪ੍ਰਧਾਨ ਜਗਰਾਜ ਸਿੰਘ ਹਰਦਾਸਪੁਰਾ, ਭਾਕਿਯੂ ਕਾਦੀਆਂ ਦੇ ਜ਼ਿਲ੍ਹਾ ਪ੍ਰਧਾਨ ਜਗਸੀਰ ਸਿੰਘ ਛੀਨੀਵਾਲ, ਬਲਾਕ ਪ੍ਰਧਾਨ ਪਰਮਜੀਤ ਸਿੰਘ ਪੰਮਾ, ਭਾਕਿਯੂ ਲੱਖੋਵਾਲ ਦੇ ਆਗੂ ਸ਼ਿੰਗਾਰਾ ਸਿੰਘ ਛੀਨੀਵਾਲ ਨੇ ਬਾਰਿਸ਼ ਦੇ ਪਾਣੀ ਦੀ ਮਾਰ ਹੇਠ ਆ ਕੇ ਫ਼ਸਲਾਂ ਪ੍ਰਭਾਵਤ ਹੋਣ ਨਾਲ ਹੋਏ ਨੁਕਸਾਨ ਤੇ ਦੁੱਖ ਪ੍ਰਗਟ ਕਰਦਿਆ ਡਰੇਨੇਜ ਵਿਭਾਗ ਦੀ ਘਟੀਆ ਕਾਰਗੁਜ਼ਾਰੀ ਦੀ ਕਰੜੀ ਨਿੰਦਾ ਕੀਤੀ।

## ਬਿਜਲੀ ਮੁਲਾਜ਼ਮਾਂ ਦੀ ਕੁੱਟਮਾਰ ਦੇ ਦੋਸ਼ 'ਚ ਪਰਚਾ ਦਰਜ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ ਪਿੰਡ ਸੁਖੇਰਾ ਬੋਦਲਾ ਵਿਖੇ ਮੀਟਰ ਲਗਾਉਣ ਗਏ ਬਿਜਲੀ ਵਿਭਾਗ ਦੇ ਕਰਮਚਾਰੀਆਂ ਦੇ ਗਲ ਪੈ ਕੇ ਕੁੱਟਮਾਰ ਕਰਨ ਤੇ ਸਰਕਾਰੀ ਡਿਊਟੀ ਵਿੱਚ ਵਿਘਨ ਪਾਉਣ ਦੇ ਦੋਸ਼ ਵਿੱਚ ਇੱਕ ਵਿਅਕਤੀ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਏ.ਐੱਸ.ਆਈ. ਸੁਖਦੇਵ ਸਿੰਘ ਨੇ ਦੱਸਿਆ ਕਿ ਪੰਜਾਬ ਸਟੇਟ ਕਾਰਪੋਰੇਸ਼ਨ ਲਿਮਟਡ ਸਬ ਡਵੀਜ਼ਨ ਘੁਬਾਇਆ ਦੇ ਐੱਸ.ਡੀ.ਓ. ਸ਼ੁਭਮ ਵਰਮਾ ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਹਨ ਕਿ ਮਿਤੀ 26-08-2025 ਨੂੰ ਉਹ ਸਮੇਤ ਕਰਮਚਾਰੀਆਂ ਦੇ ਨਾਲ ਪੁਰਾਣੇ ਤੇ ਸੜੇ ਹੋਏ ਮੀਟਰ ਨੂੰ ਬਦਲਣ ਸਬੰਧੀ ਪਿੰਡ ਸੁਖੇਰਾ ਬੋਦਲਾ ਪੁੱਜਾ ਤੇ ਇਸ ਦੌਰਾਨ ਜਸਵਿੰਦਰ ਸਿੰਘ ਪੁੱਤਰ ਪੱਪੂ ਸਿੰਘ ਵਾਸੀ ਸੁਖੇਰਾ ਬੋਦਲਾ ਵੱਲੋਂ ਉਸ ਨੂੰ ਤੇ ਇਸ ਦੇ ਨਾਲ ਕਰਮਚਾਰੀਆਂ ਨਾਲ ਗਾਲੀ-ਗਲੋਚ ਕਰਨ ਤੋਂ ਬਾਅਦ ਉਸ ਦੇ ਗਲ ਪੈ ਗਿਆ ਅਤੇ ਉਸ ਨੂੰ ਥੱਪੜ ਮਾਰਿਆ। ਇਸ ਦੌਰਾਨ ਕਰਮਚਾਰੀਆਂ ਵੱਲੋਂ ਛੁਡਾਉਣ ਦੀ ਕੋਸ਼ਿਸ਼ ਕੀਤੀ ਗਈ ਅਤੇ ਉਨ੍ਹਾਂ ਦੇ ਵੀ ਗਲ ਪੈ ਗਿਆ ਅਤੇ ਇੱਟਾਂ ਰੋੜੇ ਚਲਾਉਣੇ ਸ਼ੁਰੂ ਕਰ ਦਿੱਤੇ, ਜਿਸ ਨਾਲ ਸਰਕਾਰੀ ਸੰਪਤੀ ਨੂੰ ਨੁਕਸਾਨ ਪਹੁੰਚਾਉਣ ਦੀ ਕੋਸ਼ਿਸ਼ ਕੀਤੀ ਗਈ ਅਤੇ ਸਰਕਾਰੀ ਡਿਊਟੀ ਤੇ ਕੰਮ ਵਿੱਚ ਵਿਘਨ ਪਾਇਆ ਗਿਆ। ਜਾਂਚ ਅਧਿਕਾਰੀ ਸੁਖਦੇਵ ਸਿੰਘ ਨੇ ਦੱਸਿਆ ਕਿ ਐੱਸ.ਡੀ.ਓ. ਸ਼ੁਭਮ ਵਰਮਾ ਤੇ ਲਾਇਨਮੈਨ ਕੁਲਦੀਪ ਮਾਣਕ ਨੇ ਥਾਣੇ ਵਿੱਚ ਆ ਕੇ ਆਪਣੇ ਬਿਆਨ ਦਰਜ ਕਰਵਾਏ ਗਏ, ਜਿਸ ਦੇ ਬਾਅਦ ਥਾਣਾ ਸਦਰ ਜਲਾਲਾਬਾਦ ਵਿਖੇ ਜਸਵਿੰਦਰ ਸਿੰਘ ਵਿਰੁੱਧ ਮੁਕੱਦਮਾ ਦਰਜ ਕਰਕੇ ਪੁਲਸ ਵੱਲੋਂ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

## ਥੈਲੇਸੀਮੀਆ ਬੱਚਿਆਂ ਲਈ ਵੱਧ ਤੋਂ ਵੱਧ ਕਰੋ ਖ਼ੂਨਦਾਨ : ਐਡਵੋਕੇਟ ਅਮਿਤ ਕੱਕੜ



ਜਲਾਲਾਬਾਦ (ਰਣਬੀਰ ਕੌਰ ਢਾਬਾਂ)-ਜਲਾਲਾਬਾਦ ਤੇ ਫ਼ਾਜ਼ਿਲਕਾ 'ਚ ਵੱਖ-ਵੱਖ ਸਮਾਜਿਕ ਤੇ ਧਾਰਮਿਕ ਸੰਸਥਾਵਾਂ ਵੱਲੋਂ ਸਮੇਂ ਸਮੇਂ ਤੇ ਖ਼ੂਨ ਦਾਨ ਕੈਂਪ ਲਾਏ ਜਾਂਦੇ ਹਨ।ਇਸ ਤਹਿਤ ਨਿਰੰਕਾਰੀ ਭਵਨ ਵਿਖੇ 31 ਅਗਸਤ 9 ਤੋਂ 1 ਵਜੇ ਤੱਕ ਤੇ ਫ਼ਾਜ਼ਿਲਕਾ ਰਾਮ ਕ੍ਰਿਪਾ ਸੇਵਾ ਸੰਘ ਵਲੋਂ ਸ੍ਰੀ ਗਣੇਸ਼ ਉਤਸਵ ਨੂੰ ਸਮਰਪਤ 8:30 ਤੋਂ 1 ਵਜੇ ਤੱਕ ਚੌਧਰੀਆਂ ਵਾਲੀ ਗਲੀ ਵਿੱਚ ਖ਼ੂਨਦਾਨ ਕੈਂਪ ਲਾਏ ਜਾ ਰਹੇ ਹਨ।ਐਡਵੋਕੇਟ ਕੱਕੜ ਨੇ ਕਿਹਾ ਕਿ ਹਰ ਇੱਕ ਵਿਅਕਤੀ ਨੂੰ ਇੱਸ ਖ਼ੂਨਦਾਨ ਕੈਂਪ 'ਚ ਵਧ-ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ, ਕਿਉਕਿ ਖ਼ੂਨਦਾਨ ਇੱਕ ਬੁਹਤ ਵੱਡਾ ਦਾਨ ਹੈ। ਤੁਹਾਡਾ ਕਿਸੇ ਦਾ ਦਾਨ ਕੀਤਾ ਖ਼ੂਨ ਕਿੱਸੇ ਦੀ ਜਾਣ ਬਚਾਉਂਦਾ ਹੈ, ਜਿਵੇਂ ਕਿ ਆਪਾਂ ਨੂੰ ਪਤਾ ਹੈ ਕਿ ਥੈਲੇਸੀਮੀਆ ਬੱਚਿਆਂ ਨੂੰ ਹਰ 15 ਦਿਨ ਬਾਅਦ ਖ਼ੂਨ ਦੀ ਲੋੜ ਹੁੰਦੀ ਹੈ, ਇਸ ਲਈ ਸਾਨੂੰ ਥੈਲੇਸੀਮੀਆ ਬੱਚਿਆਂ ਲਈ ਵੱਧ ਤੋਂ ਵੱਧ ਖ਼ੂਨ ਦਾਨ ਕਰਨਾ ਚਾਹੀਦਾ ਹੈ। ਐਡਵੋਕੇਟ ਕੱਕੜ ਨੇ ਕਿਹਾ ਕਿ ਜੋ ਲੋਕ ਪਹਿਲਾਂ ਤੋਂ ਖ਼ੂਨਦਾਨ ਕਰ ਰਹੇ ਹਨ, ਉਨ੍ਹਾਂ ਨੂੰ ਇਸ ਜਲਾਲਾਬਾਦ ਨਿਰੰਕਾਰੀ ਭਵਨ ਵਿੱਚ ਤੇ ਫ਼ਾਜ਼ਿਲਕਾ ਚੌਧਰੀਆਂ ਵਾਲੀ ਗਲੀ 'ਚ ਲੱਗ ਰਹੇ ਖ਼ੂਨਦਾਨ ਕੈਂਪ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ ਤੇ ਨਵੇਂ ਖ਼ੂਨਦਾਨ ਕਰਨ ਵਾਲਿਆ ਨੂੰ ਵੀ ਖ਼ੂਨਦਾਨ ਕਰਕੇ ਇਸ ਮਹਾਨ ਕੰਮ ਦਾ ਤੇ ਖ਼ੂਨਦਾਨ ਕੈਂਪ ਦਾ ਹਿੱਸਾ ਬਣਨਾ ਚਾਹੀਦਾ ਹੈ।ਐਡਵੋਕੇਟ ਕੱਕੜ ਨੇ ਕਿਹਾ ਕਿ ਪਿਛਲੇ ਦਿਨੀਂ ਜਲਾਲਾਬਾਦ ਦੇ ਗੁਰੂ ਦੁਆਰਾ ਸਿੰਘ ਸਭਾ 'ਚ ਲੱਗੇ ਕੈਂਪ 'ਚ ਜੋ ਲੋਕ ਬਾਰਿਸ਼ ਕਾਰਨ ਨਹੀਂ ਪੁਹੰਚ ਸਕੇ ਸਨ, ਉਨ੍ਹਾਂ ਨੂੰ ਇਸ ਖ਼ੂਨਦਾਨ ਕੈਂਪ 'ਚ ਆ ਕੇ ਖ਼ੂਨਦਾਨ ਕਰਕੇ ਇਸ ਸੇਵਾ ਵਿੱਚ ਹਿੱਸਾ ਬਣਨਾ ਚਾਹੀਦਾ ਹੈ।

## ਪ੍ਰਨੀਤ ਕੌਰ ਨੇ ਭਗਵੰਤ ਮਾਨ ਨੂੰ ਪੰਜਾਬ ਹੋਮਗਾਰਡਜ਼ ਦੀ ਅਣਦੇਖੀ 'ਤੇ ਲਿਖਿਆ ਪੱਤਰ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਸਾਬਕਾ ਕੇਂਦਰੀ ਮੰਤਰੀ ਤੇ ਸੰਸਦ ਮੈਂਬਰ ਪ੍ਰਨੀਤ ਕੌਰ ਨੇ ਪੰਜਾਬ ਹੋਮ ਗਾਰਡਜ਼ ਵੈਲਫੇਅਰ ਐਸੋਸੀਏਸ਼ਨ (ਸੇਵਾਮੁਕਤ) ਦੀਆਂ ਲੰਮੇ ਸਮੇਂ ਤੋਂ ਚੱਲੀਆਂ ਆ ਰਹੀਆਂ ਮੰਗਾਂ 'ਤੇ ਚਿੰਤਾ ਪ੍ਰਗਟਾਈ ਤੇ ਉਨ੍ਹਾਂ ਨੂੰ ਉਨ੍ਹਾਂ ਦੇ ਹੱਕਾਂ ਦੀ ਮਾਨਤਾ ਤੇ ਭਲਾਈ ਲਈ ਪੂਰਨ ਸਹਿਯੋਗ ਦਾ ਭਰੋਸਾ ਦਿੱਤਾ।ਐਸੋਸੀਏਸ਼ਨ ਵੱਲੋਂ ਸੌਂਪੇ ਮੰਗ ਪੱਤਰ 'ਚ ਦੱਸਿਆ ਕਿ ਪੰਜਾਬ ਹੋਮ ਗਾਰਡਾਂ ਨੇ ਪਿਛਲੇ ਤਿੰਨ ਦਹਾਕਿਆਂ ਤੋਂ ਸੂਬੇ ਲਈ ਮਹੱਤਵਪੂਰਨ ਸੇਵਾਵਾਂ ਨਿਭਾਈਆਂ ਹਨ।ਉਨ੍ਹਾਂ ਕਾਨੂੰਨ ਵਿਵਸਥਾ ਬਣਾਈ ਰੱਖਣ, ਵੀ.ਆਈ.ਪੀ. ਤੇ ਚੋਣ ਸੁਰੱਖਿਆ, ਆਵਾਜਾਈ ਪ੍ਰਬੰਧਨ ਤੇ ਕੁਦਰਤੀ ਆਫ਼ਤਾਂ ਦੌਰਾਨ ਸਹਾਇਤਾ ਵਰਗੇ ਅਹਿਮ ਫ਼ਰਜ਼ ਨਿਭਾਏ ਹਨ।ਉਨ੍ਹਾਂ ਦੀ ਅਹਿਮ ਭੂਮਿਕਾ ਦੇ ਬਾਵਜੂਦ, ਉਨ੍ਹਾਂ ਨੂੰ ਪੰਜਾਬ ਪੁਲਸ ਦੇ ਬਰਾਬਰ ਸੇਵਾਵਾਂ, ਰੈਗੂਲਰਾਈਜ਼ੇਸ਼ਨ ਤੇ ਸੇਵਾਮੁਕਤੀ ਤੋਂ ਬਾਅਦ ਦੇ ਲਾਭਾਂ ਤੋਂ ਵਾਂਝੇ ਰੱਖਿਆ ਜਾਂਦਾ ਹੈ।ਐਸੋਸੀਏਸ਼ਨ ਨੇ ਦੱਸਿਆ ਕਿ 2018 'ਚ ਉਨ੍ਹਾਂ ਦੀ ਬਹਾਲੀ ਸਬੰਧੀ ਹੁਕਮ ਜਾਰੀ ਕੀਤੇ ਗਏ ਸਨ, ਪਰ ਉਨ੍ਹਾਂ ਦੇ ਅਮਲ ਵਿੱਚ ਬਹੁਤ ਘੱਟ ਤਰੱਕੀ ਹੋਈ ਹੈ।ਸੇਵਾ ਦੇ ਕਈ ਦਹਾਕਿਆਂ ਬਾਅਦ ਬਹੁਤ ਸਾਰੇ ਸੇਵਾਮੁਕਤ ਹੋਮ ਗਾਰਡਾਂ ਨੂੰ ਪੈਨਸ਼ਨਾਂ, ਮੈਡੀਕਲ ਸਹੂਲਤਾਂ ਤੇ ਹੋਰ ਭਲਾਈ ਪ੍ਰਬੰਧਾਂ ਤੋਂ ਵਾਂਝੇ ਹੋਣ ਕਾਰਨ ਵਿੱਤੀ ਤੇ ਸਮਾਜਿਕ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।

## ਕੇਂਦਰ 10 ਲੱਖ ਗ਼ਰੀਬਾਂ ਦਾ ਰਾਸ਼ਨ ਖੋਹਣਾ ਚਾਹੁੰਦਾ : ਕਾਕਾ ਬਰਾੜ



ਸ੍ਰੀ ਮੁਕਤਸਰ ਸਾਹਿਬ/ਗਿੱਦੜਬਾਹਾ (ਸ਼ਮਿੰਦਰਪਾਲ, ਪੂਜਾ/ਜਸਵੰਤ ਗਿੱਲ ਛੱਤਿਆਣਾ)-ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਭਾਰਤੀ ਜਨਤਾ ਪਾਰਟੀ ਦੀ ਨੀਅਤ 'ਤੇ ਇਲਜ਼ਾਮ ਲਾਉਂਦੇ ਹੋਏ ਕਿਹਾ ਹੈ ਕਿ ਕੇਂਦਰ ਦੀ ਮੋਦੀ ਸਰਕਾਰ ਇੱਕ ਸਾਜ਼ਿਸ਼ ਤਹਿਤ ਪੰਜਾਬ ਦੇ 10 ਲੱਖ ਰਾਸ਼ਨ ਕਾਰਡ ਧਾਰਕਾਂ ਦੇ ਨਾਂਅ ਕੱਟਣਾ ਚਾਹੁੰਦੀ ਹੈ।ਵਿਧਾਇਕ ਕਾਕਾ ਬਰਾੜ ਜ਼ਿਲ੍ਹੇ ਦੇ ਸੱਕਾਂਵਾਲੀ ਤੇ ਗੁਲਾਬੇਵਾਲਾ ਪਿੰਡਾਂ ਵਿੱਚ ਇਸ ਨਾਦਰਸ਼ਾਹੀ ਫਰਮਾਨ ਦੇ ਵਿਰੁੱਧ ਮੀਟਿੰਗਾਂ ਕਰਨ ਪਹੁੰਚੇ ਹੋਏ ਸਨ।ਵਿਧਾਇਕ ਕਾਕਾ ਬਰਾੜ ਨੇ ਕਿਹਾ ਕਿ ਭਾਜਪਾ ਜਾਣਬੁੱਝ ਕੇ ਪੰਜਾਬ ਦੇ ਲੋਕਾਂ ਨੂੰ ਨਿਸ਼ਾਨਾ ਬਣਾ ਰਹੀ ਹੈ।ਰਾਸ਼ਨ ਕਾਰਡ ਤੋਂ ਏਨੀ ਵੱਡੀ ਗਿਣਤੀ 'ਚ ਲੋਕਾਂ ਨੂੰ ਹਟਾਉਣਾ ਪੰਜਾਬ ਦੇ ਗਰੀਬਾਂ ਤੇ ਦਲਿਤਾਂ ਲੋਕਾਂ 'ਤੇ ਸਿੱਧਾ ਹਮਲਾ ਹੈ।ਦਰਅਸਲ ਇਹ ਪੰਜਾਬੀਆਂ ਨੂੰ ਪਰੇਸ਼ਾਨ ਕਰਨ ਤੇ ਪੰਜਾਬ ਸਰਕਾਰ ਨੂੰ ਬਦਨਾਮ ਕਰਨ ਦੀ ਇੱਕ ਸੋਚੀ-ਸਮਝੀ ਰਣਨੀਤੀ ਹੈ।ਭਾਜਪਾ ਸੂਬੇ ਦੇ ਗਰੀਬ ਲੋਕਾਂ ਤੋਂ ਅਨਾਜ ਖੋਹਣਾ ਚਾਹੁੰਦੀ ਹੈ ਤੇ ਲੋਕਾਂ ਨੂੰ ਪੰਜਾਬ ਵਿੱਚ ਪੰਜਾਬ ਸਰਕਾਰ ਵਿਰੁੱਧ ਭੜਕਾਉਣਾ ਚਾਹੁੰਦੀ ਹੈ।ਅਸੀਂ ਅਜਿਹਾ ਕਿਸੇ ਵੀ ਕੀਮਤ 'ਤੇ ਨਹੀਂ ਹੋਣ ਦੇਵਾਂਗੇ।ਕਾਕਾ ਬਰਾੜ ਨੇ ਕਿਹਾ ਕਿ ਇਸ ਸਮੇਂ ਆਮ ਲੋਕ ਬਹੁਤ ਮੁਸ਼ਕਲ ਨਾਲ ਜੀਅ ਰਹੇ ਹਨ।ਪੈਟਰੋਲ, ਡੀਜ਼ਲ ਤੇ ਖਾਣ-ਪੀਣ ਦੀਆਂ ਵਸਤਾਂ ਦੀਆਂ ਵਧਦੀਆਂ ਕੀਮਤਾਂ ਕਾਰਨ ਉਹ ਪਹਿਲਾਂ ਹੀ ਗ਼ਰੀਬੀ ਵਿੱਚ ਜੀਅ ਰਹੇ ਹਨ।ਇਹ ਫ਼ੈਸਲਾ ਉਨ੍ਹਾਂ ਦੇ ਜ਼ਖ਼ਮਾਂ 'ਤੇ ਲੂਣ ਪਾਉਣ ਵਾਂਗ ਹੈ।ਇਸ ਲਈ ਕੇਂਦਰ ਨੂੰ ਇਸਨੂੰ ਤੁਰੰਤ ਵਾਪਸ ਲੈਣਾ ਚਾਹੀਦਾ ਹੈ ਤੇ ਲੋਕਾਂ ਦੇ ਸ਼ੰਕੇ ਦੂਰ ਕਰਨੇ ਚਾਹੀਦੇ ਹਨ।

## ਪੰਜਾਬ ਖੇਤ ਮਜ਼ਦੂਰ ਯੂਨੀਅਨ ਤੇ ਲੋਕ ਮੋਰਚਾ ਪੰਜਾਬ ਵੱਲੋਂ ਸੂਬਾਈ ਕਨਵੈਨਸ਼ਨ ਦੀ ਤਿਆਰੀ ਲਈ ਮੀਟਿੰਗ



ਮੁਕਤਸਰ (ਸ਼ਮਿੰਦਰਪਾਲ, ਪੂਜਾ)

ਪੰਜਾਬ ਖੇਤ ਮਜ਼ਦੂਰ ਯੂਨੀਅਨ ਤੇ ਲੋਕ ਮੋਰਚਾ ਪੰਜਾਬ ਵੱਲੋਂ ਪੰਜਾਬ ਦੇ ਖੇਤ ਮਜ਼ਦੂਰਾਂ ਤੇ ਗਰੀਬ ਕਿਸਾਨਾਂ ਨੂੰ ਜ਼ਮੀਨਾਂ ਹਾਸਲ ਕਰਨ ਤੇ ਬਚਾਉਣ ਲਈ ਲਾਮਬੰਦ ਹੋ ਕੇ ਮੁੜ ਤੋਂ ਕਰੋ ਜ਼ਮੀਨੀ ਵੰਡ ਮੁਹਿੰਮ ਤਹਿਤ 29 ਅਗਸਤ ਨੂੰ ਦਾਣਾ ਮੰਡੀ ਬਠਿੰਡਾ ਵਿਖੇ ਸੂਬੇ ਪੱਧਰੀ ਕਾਨਫਰੰਸ ਕਰਨ ਦੇ ਦਿੱਤੇ ਸੱਦੇ ਤਹਿਤ ਪੰਜਾਬ ਖੇਤ ਮਜ਼ਦੂਰ ਯੂਨੀਅਨ ਵੱਲੋਂ ਪਿੰਡ ਖੁੰਡੇ ਹਲਾਲ ਵਿੱਚ ਮੀਟਿੰਗ ਕੀਤੀ ਗਈ।ਮਜ਼ਦੂਰਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਬਲਾਕ ਪ੍ਰਧਾਨ ਕਾਕਾ ਸਿੰਘ ਖੁੰਡੇ ਹਲਾਲ ਨੇ ਕਿਹਾ ਕਿ ਪੰਜਾਬ ਦੇ ਖੇਤੀ ਸੰਕਟ ਦਾ ਹੱਲ ਖੇਤ ਮਜ਼ਦੂਰਾਂ ਤੇ ਬੇਜ਼ਮੀਨੇ ਕਿਸਾਨਾਂ ਨੂੰ ਜਮੀਨਾਂ ਦੇ ਮਾਲਕ ਬਣਾਉਣ ਲਈ ਜ਼ਮੀਨਾਂ ਸਮੇਤ ਖੇਤੀ ਦੇ ਸੰਦ ਸਾਧਨਾਂ ਦੀ ਮੁੜ ਵੰਡ ਦੇ ਬੁਨਿਆਦੀ ਕਦਮਾਂ 'ਚ ਪਿਆ ਹੈ।ਖੇਤ ਮਜ਼ਦੂਰ, ਬੇਜ਼ਮੀਨੇ ਕਿਸਾਨ ਤੇ ਛੋਟੇ ਗਰੀਬ ਕਿਸਾਨ ਪੰਜਾਬ ਦੀ ਆਬਾਦੀ ਦਾ ਪੇਂਡੂ ਆਬਾਦੀ ਦਾ ਵੱਡਾ ਹਿੱਸਾ ਬਣਦੇ ਹਨ।ਜ਼ਮੀਨਾਂ ਨਾ ਹੋਣ ਜਾਂ ਨਿਗੂਣੀ ਜ਼ਮੀਨ ਮਾਲਕੀ ਨਾ ਸਿਰਫ ਇਸ ਵੱਡੀ ਪੇਂਡੂ ਅਬਾਦੀ ਦੀ ਬੇਹੱਦ ਮੰਦਹਾਲੀ ਤੇ ਦੁਸ਼ਵਾਰੀਆਂ ਦਾ ਕਾਰਨ ਹੈ, ਸਗੋਂ ਇਹ ਤੋਟ ਖੇਤੀ ਰੁਜ਼ਗਾਰ ਨੂੰ ਜਾਮ ਕਰਕੇ ਬਾਕੀ ਆਰਥਿਕਤਾ ਦੇ ਵਿਕਾਸ ਨੂੰ ਵੀ ਬੰਨ੍ਹ ਮਾਰ ਰਹੀ ਹੈ।ਜ਼ਮੀਨਾਂ ਅਤੇ ਸੰਦ ਸਾਧਨਾਂ ਦੀ ਮੁੜ ਵੰਡ ਇਸ ਮੰਦਹਾਲੀ ਨੂੰ ਕੱਟਣ ਦਾ ਇੱਕੋ ਇੱਕ ਜ਼ਰੀਆ ਹੈ।ਇਸ ਲਈ ਨਾ ਸਿਰਫ ਪਹਿਲਾਂ ਤੋਂ ਚੱਲੀ ਆਉਂਦੀ ਸਾਢੇ 17 ਏਕੜ ਦੀ ਜ਼ਮੀਨੀ ਹੱਦਬੰਦੀ ਵਾਲੇ ਕਾਨੂੰਨ ਨੂੰ ਸਭ ਚੋਰ ਮੋਰੀਆਂ ਖਤਮ ਕਰਕੇ ਤੁਰੰਤ ਲਾਗੂ ਕਰਨ ਦੀ ਲੋੜ ਹੈ, ਸਗੋਂ ਲੈਂਡ ਸੀਲਿੰਗ ਨੂੰ ਹੋਰ ਤਰਕ ਸੰਗਤ ਬਣਾਏ ਜਾਣ ਦੀ ਵੀ ਲੋੜ ਹੈ ਤਾਂ ਜੁ ਖੇਤੀ ਕਰਨਾ ਚਾਹੁੰਦਾ ਕੋਈ ਵੀ ਪੇਂਡੂ ਖੇਤ ਮਜ਼ਦੂਰ ਜਾਂ ਕਿਸਾਨ ਪਰਿਵਾਰ ਜ਼ਮੀਨ ਤੋਂ ਵਾਂਝਾ ਨਾ ਰਹੇ।ਨਾਲ ਹੀ ਪੰਚਾਇਤੀ ਸਾਂਝੀਆਂ, ਨਜ਼ੂਲ ਤੇ ਹੋਰਨਾਂ ਸਾਂਝੀਆਂ ਜ਼ਮੀਨਾਂ ਉੱਤੇ ਖੇਤ ਮਜ਼ਦੂਰਾਂ ਅਤੇ ਬੇਜ਼ਮੀਨੇ ਕਿਸਾਨਾਂ ਦੇ ਹੱਕ ਨੂੰ ਬਿਨਾਂ ਕਿਸੇ ਰੱਖ ਰਖਾਅ ਦੇ ਪ੍ਰਵਾਨ ਕੀਤੇ ਜਾਣਾ ਚਾਹੀਦਾ ਹੈ।ਇਨ੍ਹਾਂ ਹਿੱਸਿਆਂ ਨੂੰ ਬਿਨਾਂ ਵਿਆਜ ਦੇ ਸਸਤੇ ਖੇਤੀ ਕਰਜ਼ਿਆਂ ਤੇ ਹੋਰਨਾਂ ਢੰਗਾਂ ਨਾਲ ਸਰਕਾਰੀ ਬੱਜਟਾਂ ਦਾ ਆਸਰਾ ਦੇਣਾ ਚਾਹੀਦਾ ਹੈ। ਤਰਸੇਮ ਸਿੰਘ ਖੁੰਡੇ ਹਲਾਲ ਨੇ ਕਿਹਾ ਕਿ ਇਸ ਲਾਮਬੰਦੀ ਮੁਹਿੰਮ ਦੌਰਾਨ ਤਿੱਖੇ ਜ਼ਮੀਨੀ ਸੁਧਾਰ ਕਰਕੇ ਖੇਤ ਮਜ਼ਦੂਰਾਂ ਤੇ ਬੇਜ਼ਮੀਨੇ ਕਿਸਾਨਾਂ ਨੂੰ ਜ਼ਮੀਨਾਂ ਦੇ ਮਾਲਕ ਬਣਾਉਣ, ਸ਼ਾਹੂਕਾਰਾ ਲੁੱਟ ਦਾ ਖਾਤਮਾ ਕਰਨ ਤੇ ਇਸ ਲੁੱਟ ਨੂੰ ਰੋਕਦਾ ਕਾਨੂੰਨ ਬਣਾਉਣ, ਕਿਸਾਨਾਂ ਖੇਤ ਮਜ਼ਦੂਰਾਂ ਨੂੰ ਸਸਤੇ ਤੇ ਬਿਨਾਂ ਵਿਆਜ ਕਰਜ਼ੇ ਦੇਣ ਦੀ ਨੀਤੀ ਬਣਾਉਣ, ਪੰਚਾਇਤੀ ਜ਼ਮੀਨਾਂ ਸਮੇਤ ਵੱਖ-ਵੱਖ ਤਰ੍ਹਾਂ ਦੀਆਂ ਸਾਂਝੀਆਂ ਜ਼ਮੀਨਾਂ ਖੇਤ ਮਜ਼ਦੂਰਾਂ ਤੇ ਬੇਜ਼ਮੀਨੇ ਕਿਸਾਨਾਂ ਲਈ ਰਾਖਵੀਆਂ ਕਰਨ, ਕਿਸਾਨਾਂ ਦੀਆਂ ਜ਼ਮੀਨਾਂ ਨੂੰ ਜਬਰੀ ਐਕਵਾਇਰ ਕਰਨ ਦੇ ਕਦਮ ਰੋਕਣ, ਸਾਬਕਾ ਤੇ ਮੌਜੂਦਾ ਜਗੀਰਦਾਰਾਂ ਵੱਲੋਂ ਸਾਬਕਾ ਮੁਜਾਰੇ ਕਿਸਾਨਾਂ ਦੀਆਂ ਜਮੀਨਾਂ ਹਥਿਆਉਣ ਦੇ ਕਦਮ ਰੋਕਣ, ਆਬਾਦਕਾਰ ਕਿਸਾਨਾਂ ਨੂੰ ਜ਼ਮੀਨਾਂ ਦੇ ਮਾਲਕੀ ਹੱਕ ਦੇਣ, ਕਰਜ਼ੇ ਬਦਲੇ ਕਿਸਾਨਾਂ ਦੀਆਂ ਜ਼ਮੀਨਾਂ ਕੁਰਕ ਕਰਨੀਆਂ ਬੰਦ ਕਰਨ ਵਰਗੇ ਮੁੱਦਿਆਂ ਲਈ ਲੋਕਾਂ ਨੂੰ ਲਾਮਬੰਦ ਕੀਤਾ ਜਾਵੇਗਾ।

## ਗਣੇਸ਼ ਚਤੁਰਥੀ 'ਤੇ ਕਾਲੀ ਮਾਤਾ ਮੰਦਰ 'ਚ ਧਾਰਮਿਕ ਸਮਾਗਮ



ਜਲਾਲਾਬਾਦ (ਜੀਤ ਕੁਮਾਰ/ਜੰਗੀਰ ਕੌਰ)-ਗਣੇਸ਼ ਚਤੁਰਥੀ ਦੇ ਸ਼ੁੱਭ ਮੌਕੇ ਸਥਾਨਕ ਕਾਲੀ ਮਾਤਾ ਮੰਦਰ ਵਿੱਚ ਭਗਵਾਨ ਗਣੇਸ਼ ਜੀ ਦੀ ਸੁੰਦਰ ਤੇ ਵੱਡੀ ਮੂਰਤੀ ਸਥਾਪਤ ਕੀਤੀ ਗਈ। ਮੰਦਰ ਵਿੱਚ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਸ਼ਿਰਕਤ ਕੀਤੀ ਤੇ ਚਾਰੇ ਪਾਸੇ 'ਗਣਪਤੀ ਬੱਪਾ ਮੋਰੀਆ' ਦੇ ਜੈਕਾਰਿਆਂ ਨਾਲ ਵਾਤਾਵਰਨ ਗੂੰਜ ਉਠਿਆ। ਇਸ ਧਾਰਮਿਕ ਸਮਾਰੋਹ ਵਿੱਚ ਸਮਾਜਸੇਵੀ ਤੇ ਅਕਾਲੀ ਦਲ ਦੇ ਸੂਬਾ ਉੱਪ-ਪ੍ਰਧਾਨ ਅਸ਼ੋਕ ਅਨੇਜਾ ਵਿਸ਼ੇਸ਼ ਮਹਿਮਾਨ ਵਜੋਂ ਪਹੁੰਚੇ। ਉਨ੍ਹਾਂ ਨਾਲ ਕੈਂਡੀ ਨਾਗਪਾਲ ਸਮੇਤ ਕਈ ਪਤਵੰਤੇ ਵਿਅਕਤੀ ਵੀ ਮੌਜੂਦ ਸਨ। ਮਹਿਮਾਨਾਂ ਨੇ ਆਰਤੀ-ਪੂਜਨ ਵਿੱਚ ਭਾਗ ਲੈ ਕੇ ਭਗਵਾਨ ਗਣੇਸ਼ ਜੀ ਦੇ ਚਰਨਾਂ ਵਿੱਚ ਮੱਥਾ ਟੇਕਿਆ ਤੇ ਸ਼ਹਿਰ ਵਾਸੀਆਂ ਦੀ ਸੁਖ-ਸਮ੍ਰਿੱਧੀ ਲਈ ਅਰਦਾਸ ਕੀਤੀ। ਧਾਰਮਿਕ ਪ੍ਰੋਗਰਾਮ ਦੀ ਸ਼ੁਰੂਆਤ ਵਿਧੀਵਤ ਮੰਤ੍ਰੋਚਾਰਣ ਤੇ ਵੇਦ ਪਾਠ ਨਾਲ ਹੋਈ। ਪੰਡਿਤ ਅਭੈ ਸ਼ਾਸਤਰੀ ਨੇ ਪ੍ਰੰਪਰਾਗਤ ਪੁਰਾਣ ਵਿਧੀ ਅਨੁਸਾਰ ਗਣਪਤੀ ਆਰਤੀ ਕਰਵਾਈ, ਜਿਸ ਤੋਂ ਬਾਅਦ ਸ਼ਰਧਾਲੂਆਂ ਵੱਲੋਂ ਭਜਨ ਕੀਰਤਨ ਕੀਤਾ ਗਿਆ। ਇਸ ਮੌਕੇ ਮੰਦਰ ਕਮੇਟੀ ਦੇ ਮੈਂਬਰ ਵਿਜੈ ਮੋਂਗਾ, ਰਜਤ ਮੋਂਗਾ, ਅਵਿਨਾਸ਼ ਸੁਖੀਜਾ, ਵਿਕਾਸ ਠਠਈ, ਮਾਂਘੀ ਰਾਮ, ਆੜ੍ਹਤੀ, ਸਬਜ਼ੀ ਮੰਡੀ ਸਮੇਤ ਅਨੇਕ ਸ਼ਰਧਾਲੂ ਹਾਜ਼ਰ ਸਨ। ਅੰਤ ਵਿੱਚ ਮੰਦਰ ਕਮੇਟੀ ਵੱਲੋਂ ਅਸ਼ੋਕ ਅਨੇਜਾ ਤੇ ਕੈਂਡੀ ਨਾਗਪਾਲ ਨੂੰ ਸਨਮਾਨਤ ਕੀਤਾ ਗਿਆ।

## ਅਧਿਆਪਕ ਰਾਜਿੰਦਰ ਕੁਮਾਰ ਦੀ ਬਦਲੀ ਮਧੇਕੇ ਸਕੂਲ ਦੀ ਹੋਈ



ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)-ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਦੁਆਰਾ ਕੀਤੀਆਂ ਆਮ ਬਦਲੀਆਂ ਦੇ ਪਹਿਲੇ ਗੇੜ 'ਚ ਸ੍ਰੀ ਰਜਿੰਦਰ ਕੁਮਾਰ ਈ.ਟੀ.ਟੀ. ਟੀਚਰ ਦੀ ਬਦਲੀ ਸਰਕਾਰੀ ਪ੍ਰਾਇਮਰੀ ਸਕੂਲ ਮਧੇਕੇ ਵਿਖੇ ਹੋਈ।ਇਨ੍ਹਾਂ ਨੂੰ ਜੁਆਇਨ ਕਰਾਉਣ ਲਈ ਜ਼ਿਲ੍ਹਾ ਪਲਾਨਿੰਗ ਬੋਰਡ ਦੇ ਚੇਅਰਮੈਨ ਸ੍ਰੀ ਬਰਿੰਦਰ ਕੁਮਾਰ ਸ਼ਰਮਾ ਉਚੇਚੇ ਤੌਰ 'ਤੇ ਸਕੂਲ ਪਹੁੰਚੇ।ਸਕੂਲ ਸਟਾਫ਼ ਵੱਲੋਂ ਉਨ੍ਹਾਂ ਦਾ ਸਵਾਗਤ ਕੀਤਾ ਗਿਆ।ਉਨ੍ਹਾਂ ਨਾਲ਼ ਸਕੂਲ ਕਮੇਟੀ ਦੇ ਚੇਅਰਮੈਨ ਸ੍ਰੀ ਜਸਵੰਤ ਸਿੰਘ, ਮੈਂਬਰ ਸਤਪਾਲ ਸਿੰਘ ਮੌੜਾ, ਪੰਚਾਇਤ ਮੈਂਬਰ ਕੁਲਵੰਤ ਸਿੰਘ, ਆਮ ਆਦਮੀ ਪਾਰਟੀ ਦੇ ਜਿਲ੍ਹਾ ਮੀਡੀਆ ਸੈਕਟਰੀ ਅੰਮ੍ਰਿਤਪਾਲ ਸਿੰਘ ਖਾਲਸਾ, ਜਸਵਿੰਦਰ ਸਿੰਘ ਜੱਸਾ, ਜਗਦੀਪ ਸਿੰਘ, ਮਾਸਟਰ ਕਮਲਜੀਤ ਸਿੰਘ ਮੌਕੇ 'ਤੇ ਹਾਜ਼ਰ ਸਨ। ਸ੍ਰੀ ਬਰਿੰਦਰ ਕੁਮਾਰ ਸ਼ਰਮਾ ਪਹਿਲਾਂ ਵੀ ਸਕੂਲ ਦੀ ਤਰੱਕੀ ਲਈ ਕੀਤੇ ਜਾਂਦੇ ਹਰੇਕ ਕੰਮ ਦੀ ਅਗਵਾਈ ਕਰਦੇ ਆ ਰਹੇ ਹਨ ਤੇ ਉਨ੍ਹਾਂ ਨੇ ਹੁਣ ਵੀ ਇਹ ਭਰੋਸਾ ਦਿਵਾਇਆ ਕਿ ਉਹ ਸਕੂਲ ਦੇ ਹਰ ਕੰਮ ਨੂੰ ਪਹਿਲ ਦੇ ਅਧਾਰ 'ਤੇ ਨੇਪਰੇ ਚੜ੍ਹਾਉਣ 'ਚ ਆਪਣਾ ਪੂਰਨ ਸਹਿਯੋਗ ਦੇਣਗੇ।ਉਨ੍ਹਾਂ ਸਕੂਲ ਵਿੱਚ ਸਾਰੀਆਂ ਪੋਸਟਾਂ ਭਰੀਆਂ ਜਾਣ 'ਤੇ ਸਟਾਫ਼ ਨੂੰ ਵਧਾਈ ਦਿੱਤੀ ਤੇ ਆਸ ਜਿਤਾਈ ਸਕੂਲ ਸਟਾਫ਼ ਪਹਿਲਾਂ ਦੀ ਤਰ੍ਹਾਂ ਹੀ ਮਿਹਨਤ ਕਰਦਾ ਰਹੇਗਾ।ਇਸ ਸਮੇਂ ਮੈਡਮ ਮਨਦੀਪ ਕੌਰ, ਮੈਡਮ ਅਮਰਜੀਤ ਕੌਰ ਅਤੇ ਸਕੂਲ ਦਾ ਸਮੁੱਚਾ ਸਟਾਫ਼ ਹਾਜ਼ਰ ਸੀ।ਅਖ਼ੀਰ ਵਿੱਚ ਹੈੱਡ ਟੀਚਰ ਸਤਪਾਲ ਸਿੰਘ ਧਾਲੀਵਾਲ ਨੇ ਸਕੂਲ 'ਚ ਪਹੁੰਚੀਆਂ ਸਨਮਾਨਜਨਕ ਹਸਤੀਆਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਤੇ ਕਿਹਾ ਕਿ ਸਾਨੂੰ ਹਮੇਸ਼ਾ ਅਜਿਹੇ ਇਨਸਾਨਾਂ 'ਤੇ ਮਾਣ ਰਹੇਗਾ, ਜੋ ਸਾਡੇ ਮੋਢੇ ਨਾਲ਼ ਮੋਢਾ ਜੋੜ ਕੇ ਸਕੂਲ ਦੀ ਭਲਾਈ ਲਈ ਹਮੇਸ਼ਾ ਤਤਪਰ ਰਹਿੰਦੇ ਹਨ।

## ਨੁੱਕੜ ਨਾਟਕ ਏਡਜ਼ ਤੋਂ ਬਚਾ ਲਈ ਸਭ ਤੋਂ ਕਾਰਗਰ ਤਰੀਕਾ ਜਾਗਰੂਕਤਾ : ਡਾ. ਪਸੀਨ




ਖੰਨਾ (ਸੁਖਵਿੰਦਰ ਸਿੰਘ ਭਾਦਲਾ)-ਸਿਵਲ ਹਸਪਤਾਲ ਖੰਨਾ 'ਚ ਪੰਜਾਬ ਏਡਜ਼ ਕੰਟਰੋਲ ਸੋਸਾਇਟੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਤੇ ਸਿਵਲ ਸਰਜਨ ਲੁਧਿਆਣਾ ਡਾਕਟਰ ਰਮਨਦੀਪ ਕੌਰ ਤੇ ਐੱਸ.ਐੱਮ.ਓ. ਖੰਨਾ ਡਾਕਟਰ ਮੰਨਿਦਰ ਸਿੰਘ ਪਸੀਨ ਦੀ ਅਗਵਾਈ ਹੇਠ ਏਡਜ਼ ਪ੍ਰਤੀ ਜਾਣਕਾਰੀ ਦੇਣ ਲਈ ਨੁੱਕੜ ਨਾਟਕ ਕਰਵਾਇਆ ਗਿਆ।ਏਡਜ਼ ਵਰਗੀ ਬਿਮਾਰੀ ਤੋਂ ਬਚਾਅ ਲਈ ਸਭ ਤੋਂ ਕਾਰਗਰ ਤਰੀਕਾ ਜਾਗਰੂਕਤਾ ਹੈ।ਇਸ ਦੇ ਤਹਿਤ ਵੱਖ-ਵੱਖ ਵਿੱਦਿਅਕ ਅਦਾਰੀਆਂ ਵਿੱਚ ਇਹ ਨੁੱਕੜ ਨਾਟਕ ਕਰਵਾਏ ਜਾਂ ਰਹੇ ਹਨ।ਇਸ ਮੌਕੇ ਐਸ.ਐਮ.ਓ. ਖੰਨਾ ਡਾਕਟਰ ਮੰਨਿਦਰ ਸਿੰਘ ਪਸੀਨ ਜਾਣਕਾਰੀ ਦਿੰਦਿਆਂ ਦੱਸਿਆ ਏਡਜ਼ ਇੱਕ ਲਾ-ਇਲਾਜ ਤੇ ਭਿਆਨਕ ਬਿਮਾਰੀ ਹੈ, ਇਹ ਬਿਮਾਰੀ ਪੀੜਤ ਵਿਅਕਤੀ ਨਾਲ ਆਹ ਸੁਰੱਖਿਆ ਸਰੀਰਕ ਸਬੰਧ ਬਣਾਉਣ ਨਾਲ, ਦੂਸ਼ਿਤ ਖ਼ੂਨ ਨਾਲ, ਇਨਫੈਕਸ਼ਨ ਵਾਲੀ ਸੂਈ ਜਾਂ ਬਲੇਡ ਦੀ ਵਰਤੋਂ ਨਾਲ ਅਤੇ ਏਡਜ਼ ਪੀੜਤ ਮਾਂ ਤੋਂ ਉਸ ਦੇ ਹੋਣ ਵਾਲੀ ਸੰਤਾਨ ਨੂੰ ਹੋ ਸਕਦੀ ਹੈ।ਇਸ ਬਿਮਾਰੀ ਦੌਰਾਨ ਸਰੀਰ ਵਿੱਚ ਰੋਗਾਂ ਨਾਲ ਲੜਨ ਦੀ ਸ਼ਕਤੀ ਘਟ ਜਾਂਦੀ ਹੈ, ਵਜਨ ਘਟ ਜਾਂਦਾ ਹੈ, ਲਗਾਤਾਰ ਖਾਂਸੀ, ਵਾਰ-ਵਾਰ ਜ਼ੁਕਾਮ, ਬੁਖਾਰ, ਸਿਰਦਰਦ, ਥਕਾਨ, ਹੈਜਾ ਤੇ ਭੁੱਖ ਨਾ ਲੱਗਣੀ ਆਦਿ ਇਸ ਬਿਮਾਰੀ ਦੇ ਲੱਛਣ ਹਨ।ਇਹ ਲੱਛਣ ਨਜ਼ਰ ਆਉਣ 'ਤੇ ਨਜ਼ਦੀਕੀ ਸਿਹਤ ਕੇਂਦਰ ਵਿਖੇ ਏਡਜ਼ ਦੀ ਜਾਂਚ ਕਰਵਾਉਣੀ ਚਾਹੀਦੀ ਹੈ। ਇਸ ਮੌਕੇ ਸ਼ਿਖਾ ਸ਼ਰਮਾ ਐੱਚ. ਆਈ. ਵੀ./ਏਡਜ਼ ਕਾਊਂਸਲਰ ਨੇ ਪੰਜਾਬ ਸਟੇਟ ਏਡਜ਼ ਕੰਟਰੋਲ ਸੋਸਾਇਟੀ ਵੱਲੋਂ ਦਿੱਤੀਆਂ ਜਾਂ ਰਹੀਆਂ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ ਤੇ ਨਾਲ ਹੀ ਇਹ ਵੀ ਦੱਸਿਆ ਕਿ ਇਹ ਬਿਮਾਰੀ ਪੀੜਤ ਵਿਅਕਤੀ ਨਾਲ ਭੋਜਨ ਕਰਨ, ਬਰਤਨ ਸਾਂਝੇ ਕਰਨ, ਹੱਥ ਮਿਲਾਉਣ ਤੇ ਗਲੇ ਲੱਗਣ ਨਾਲ, ਇੱਕ ਪਖਾਨੇ ਦੀ ਵਰਤੋਂ ਨਾਲ, ਮੱਛਰ ਤੇ ਪਸ਼ੂਆਂ ਦੇ ਕੱਟਣ ਨਾਲ ਅਤੇ ਖੰਘਣ ਤੇ ਸਿੱਖਾਂ ਨੂੰ ਨਾਲ ਨਹੀਂ ਫੈਲਦੀ ਹੈ।ਇਸ ਬਿਮਾਰੀ ਤੋਂ ਬਚਣ ਲਈ ਪੀੜਤ ਵਿਅਕਤੀ ਨਾਲ ਅਸੁਰੱਖਿਅਤ ਸਰੀਰਕ ਸੰਬੰਧ ਨਹੀਂ ਬਣਾਉਣੇ ਚਾਹੀਦੇ ਤੇ ਆਪਣੇ ਸਾਥੀ ਨਾਲ ਵਫ਼ਾਦਾਰ ਰਹਿਣਾ ਚਾਹੀਦਾ ਹੈ, ਖ਼ੂਨ ਚੰਗੀ ਤਰ੍ਹਾਂ ਜਾਂਚ ਕਰਕੇ ਹੀ ਚੜ੍ਹਾਉਣਾ ਚਾਹੀਦਾ ਹੈ ਤੇ ਵਰਤੀ ਸੂਈ ਜਾਂ ਬਲੇਡ ਨਹੀਂ ਵਰਤਣਾ ਚਾਹੀਦਾ ਹੈ।ਅੰਤ ਵਿੱਚ ਨੁੱਕੜ ਨਾਟਕ ਟੀਮ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਹਰ ਵਿਅਕਤੀ ਨੂੰ ਸਮੇਂ- ਸਮੇਂ ਸਿਰ ਆਪਣਾ ਐੱਚ. ਆਈ. ਵੀ. ਦਾ ਟੈਸਟ ਜ਼ਰੂਰ ਕਰਵਾਉਣਾ ਚਾਹੀਦਾ ਹੈ, ਤਾਂ ਜੋ ਸਮੇਂ ਸਿਰ ਇਸ ਬਿਮਾਰੀ ਦਾ ਪਤਾ ਚੱਲ ਸਕੇ ਤੇ ਇਸ ਦਾ ਇਲਾਜ ਜਲਦੀ ਸ਼ੁਰੂ ਹੋ ਸਕੇ।

ਇਸ ਮੌਕੇ ਸੰਨਦੀਪ ਕੁਮਾਰ ਲੈਬ ਟੈਕਨੀਸ਼ੀਅਨ, ਹਰਦੀਪ ਸਿੰਘ ਲੈਬ ਟੈਕਨੀਸ਼ੀਅਨ ਆਦਿ ਮੌਜੂਦ ਸਨ।

## ...ਸ.ਫ਼ਾ 1 ਦੇ ਬਾਕੀ

### ਰਾਹਤ ਤੇ ਬਚਾਅ ਕਾਰਜਾਂ...

ਹਨ। ਉਨ੍ਹਾ ਕਿਹਾ ਕਿ ਹੜ੍ਹ ਪ੍ਰਭਾਵਤ ਜ਼ਿਲ੍ਹਿਆਂ ਨੂੰ ਰਾਹਤ ਲਈ ਪਹਿਲਾਂ ਹੀ ਫੰਡ ਜਾਰੀ ਕੀਤੇ ਜਾ ਚੁੱਕੇ ਹਨ।ਇਸ ਨੇਕ ਕਾਰਜ ਲਈ ਸੂਬਾ ਸਰਕਾਰ ਕੋਲ ਫੰਡਾਂ ਦੀ ਕੋਈ ਕਮੀ ਨਹੀਂ ਹੈ, ਕਿਉਂਕਿ ਸੂਬਾ ਸਰਕਾਰ ਲੋਕਾਂ ਨੂੰ ਰਾਹਤ ਪ੍ਰਦਾਨ ਕਰਨ ਲਈ ਪੂਰੇ ਜੋਸ਼ ਨਾਲ ਕੰਮ ਕਰ ਰਹੀ ਹੈ।ਮਾਨ ਨੇ ਕਿਹਾ ਕਿ ਸਿਹਤ ਵਿਭਾਗ ਨੂੰ ਹੜ੍ਹਾਂ ਕਾਰਨ ਗੰਭੀਰ ਸੰਕਟ ਦਾ ਸਾਹਮਣਾ ਕਰ ਰਹੇ ਜ਼ਿਲ੍ਹਿਆਂ ਵਿੱਚ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਦੇ ਫੈਲਾਅ ਨੂੰ ਰੋਕਣ ਲਈ ਦਵਾਈਆਂ ਦਾ ਲੋੜੀਂਦਾ ਸਟਾਕ ਯਕੀਨੀ ਬਣਾਉਣ ਲਈ ਕਿਹਾ ਗਿਆ ਹੈ।ਉਨ੍ਹਾ ਕਿਹਾ ਕਿ ਪਾਣੀ ਦਾ ਪੱਧਰ ਘਟਦੇ ਹੀ ਵਿਸ਼ੇਸ਼ ਗਿਰਦਾਵਰੀ ਕੀਤੀ ਜਾਵੇਗੀ, ਤਾਂ ਜੋ ਪ੍ਰਭਾਵਤ ਲੋਕਾਂ ਲਈ ਢੁਕਵਾਂ ਮੁਆਵਜ਼ਾ ਯਕੀਨੀ ਬਣਾਇਆ ਜਾ ਸਕੇ।ਮਾਨ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਹੜ੍ਹਾਂ ਕਾਰਨ ਹੋਏ ਲੋਕਾਂ ਦੇ ਇੱਕ-ਇੱਕ ਪੈਸੇ ਦੇ ਨੁਕਸਾਨ ਦੀ ਭਰਪਾਈ ਕੀਤੀ ਜਾਵੇਗੀ।

### ਸਰਕਾਰ ਫਸਲਾਂ ਦਾ ਇੱਕ...

ਰੁਪਿੰਦਰ ਕੌਰ ਮਾੜੀਮੇਘਾ ਵੀ ਮੌਜੂਦ ਸਨ। ਇਸ ਤੋਂ ਬਾਅਦ ਜਥੇ ਲਈ ਭਬਿਆਨਾ ਪਿੰਡ ਵਿਖੇ ਰਮਨਦੀਪ ਸਿੰਘ ਸਾਬਕਾ ਸਰਪੰਚ ਦੀ ਪ੍ਰਧਾਨਗੀ ਹੇਠ ਸਮਾਗਮ ਕੀਤਾ ਗਿਆ। ਸਮਾਗਮ ਨੂੰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਸੀ ਪੀ ਆਈ ਦੇ ਸੂਬਾ ਸਕੱਤਰੇਤ ਮੈਂਬਰ ਕਸ਼ਮੀਰ ਸਿੰਘ ਗਦਾਈਆ, ਰੁਪਿੰਦਰ ਕੌਰ ਮਾੜੀਮੇਘਾ, ਜੈਪਾਲ ਫਗਵਾੜਾ, ਰਜਿੰਦਰ ਸਿੰਘ ਰਾਣਾ ਐਡਵੋਕੇਟ, ਮੁਕੰਦ ਸਿੰਘ, ਕੌਸ਼ਲ ਕਪੂਰਥਲਾ, ਰਛਪਾਲ ਸਿੰਘ ਫਜਲਾਬਾਦ ਕਿਰਤੀ ਕਿਸਾਨ ਯੂਨੀਅਨ ਪੰਜਾਬ ਦੇ ਜਨਰਲ ਸਕੱਤਰ ਨੇ ਸੰਬੋਧਨ ਕੀਤਾ। ਅੰਤ 'ਤੇ ਰਮਨਦੀਪ ਸਿੰਘ ਨੇ ਸਭ ਦਾ ਧੰਨਵਾਦ ਕੀਤਾ। ਸਟੇਜ ਸਕੱਤਰ ਦੇ ਫਰਜ਼ ਤਿਰਲੋਕ ਸਿੰਘ ਭਬਿਆਨਾ ਨੇ ਬਾਖੂਬੀ ਨਿਭਾਏ।ਜਥੇ ਦਾ ਸਰਬ ਨੌਜਵਾਨ ਸਭਾ ਦੇ ਦਫ਼ਤਰ ਵਿਖੇ ਵੀ ਸਵਾਗਤ ਕੀਤਾ ਗਿਆ। ਇਸ ਮੌਕੇ ਪੰਜਾਬੀ ਲੇਖਕ ਰਵਿੰਦਰ ਸਿੰਘ ਚੋਟ, ਸੁਖਵਿੰਦਰ ਸਿੰਘ ਪ੍ਰਧਾਨ ਅਤੇ ਪ੍ਰਿੰ: ਗੁਰਮੀਤ ਸਿੰਘ ਪਲਾਹੀ ਵੱਲੋਂ ਸਨਮਾਨ ਕੀਤਾ ਗਿਆ। ਇਸ ਸਮੇਂ ਹੋਰਨਾਂ ਤੋਂ ਬਿਨਾਂ ਮੁਕੰਦ ਸਿੰਘ ਸੂਬਾ ਕੌਂਸਲ ਮੈਂਬਰ, ਸੁਰਜੀਤ ਸਿੰਘ ਠੱਠਾ, ਮਲਕੀਤ ਸਿੰਘ ਮੀਰੇ, ਮਹਿੰਗਾ ਸਿੰਘ, ਸਰਵਣ ਸਿੰਘ ਕਰਮਜੀਤਪੁਰ ਮੌਜੂਦ ਸਨ।

## ਦੇਸ਼ ਭਗਤ ਕਾਲਜ ਵਿਖੇ ਰੁੱਖ ਲਗਾਉ ਮੁਹਿੰਮ ਦੀ ਸ਼ੁਰੂਆਤ



ਮੋਗਾ (ਇਕਬਾਲ ਸਿੰਘ ਖਹਿਰਾ)-ਦੇਸ਼ ਭਗਤ ਫਾਊਂਡੇਸ਼ਨ ਗਰੁੱਪ ਆਫ ਇੰਸਟੀਚਿਊਸ਼ਨਜ਼ ਮੋਗਾ ਦੇ ਸਟਾਫ ਮੈਂਬਰਾਂ ਤੇ ਵਿਦਿਆਰਥੀਆਂ ਵੱਲੋਂ ਰੁੱਖ ਲਗਾ ਕੇ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ।ਇਸ ਮੁਹਿੰਮ ਰਾਹੀ ਸਟਾਫ ਮੈਂਬਰਾਂ ਤੇ ਵਿਦਿਆਰਥੀਆਂ ਦੁਆਰਾ ਪੌਦੇ ਲਗਾ ਕੇ ਵਾਤਾਵਰਨ ਨੂੰ ਸੱਵਛ ਤੇ ਹਰਿਆ ਭਰਿਆ ਬਣਾਉਣ ਲਈ ਉੱਪਰਾਲਾ ਕੀਤਾ ਗਿਆ।ਇਸ ਮੌਕੇ ਡਾਇਰੈਕਟਰ ਗੌਰਵ ਗੁੱਪਤਾ ਨੇ ਦੱਸਿਆ ਕਿ ਕਾਲਜ ਵੱਲੋਂ ਹਰ ਸਾਲ ਵੱਧ ਤੋਂ ਵੱਧ ਪੌਦੇ ਲਗਾ ਕੇ ਵਾਤਾਵਰਨ ਨੂੰ ਸਾਫ ਸੁਥਰਾ ਬਣਾਉਣ ਵਿੱਚ ਹਿੱਸਾ ਪਾਇਆ ਜਾਂਦਾ ਰਹੇਗਾ ਤਾਂ ਜੋ ਇੱਕ ਸ਼ੁੱਧ ਅਤੇ ਹਰੇ ਭਰੇ ਵਾਤਾਵਰਨ ਦਾ ਨਿਰਮਾਣ ਕੀਤਾ ਜਾ ਸਕੇ।ਕਾਲਜ ਦੇ ਪ੍ਰਧਾਨ ਅਸ਼ੋਕ ਗੁਪਤਾ, ਚੇਅਰਮੈਨ ਡਾ. ਜ਼ੋਰਾ ਸਿੰਘ, ਡਾਇਰੈਕਟਰ ਮਿ: ਅਨੁਜ ਗੁਪਤਾ, ਡਾਇਰੈਕਟਰ ਦਵਿੰਦਰਪਾਲ ਸਿੰਘ ਨੇ ਕਿਹਾ ਕਿ ਪੌਦੇ ਲਗਾਉਣਾ ਵਾਤਾਵਰਨ ਲਈ ਬਹੁਤ ਹੀ ਵਧੀਆ ਉਪਰਾਲਾ ਹੈ।

## ਜ਼ਿਲ੍ਹਾ ਪੁਲਸ ਨੇ ਰੇਲਵੇ ਸਟੇਸ਼ਨਾਂ 'ਤੇ ਚਲਾਇਆ ਸਪੈਸ਼ਲ ਸਰਚ ਅਭਿਆਨ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)-ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਅਧੀਨ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਪੁਲਸ ਵੱਲੋਂ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ, ਜਿਸ ਦੇ ਚੱਲਦਿਆਂ ਡਾ. ਅਖਿਲ ਚੌਧਰੀ, ਆਈ.ਪੀ.ਐਸ., ਐਸ.ਐਸ.ਪੀ. ਸ੍ਰੀ ਮੁਕਤਸਰ ਸਾਹਿਬ ਦੀਆਂ ਹਦਾਇਤਾਂ ਹੇਠ ਸਰਚ ਅਭਿਆਨ ਚਲਾਇਆ ਗਿਆ, ਜਿਸ ਦੌਰਾਨ ਜ਼ਿਲ੍ਹੇ ਦੀਆਂ ਚਾਰੇ ਸਬ-ਡਵੀਜ਼ਨਾਂ ਸ੍ਰੀ ਮੁਕਤਸਰ ਸਾਹਿਬ, ਮਲੋਟ, ਗਿੱਦੜਬਾਹਾ ਤੇ ਲੰਬੀ ਵਿੱਚ ਸਥਿਤ ਰੇਲਵੇ ਸਟੇਸ਼ਨਾਂ ਤੇ ਆਲੇ ਦੁਆਲੇ ਦੇ ਇਲਾਕਿਆਂ 'ਚ ਪੁਲਸ ਟੀਮਾਂ ਵੱਲੋਂ ਇੱਕਸਾਰ ਚੈਕਿੰਗ ਕੀਤੀ ਗਈ।ਇਹ ਅਭਿਆਨ ਡਾ. ਅਖਿਲ ਚੌਧਰੀ ਐੱਸ.ਐੱਸ.ਪੀ. ਸ੍ਰੀ ਮੁਕਤਸਰ ਸਾਹਿਬ ਦੀ ਨਿਗਰਾਨੀ ਹੇਠ ਮਨਮੀਤ ਸਿੰਘ ਢਿੱਲੋਂ ਐੱਸ ਪੀ (ਡੀ), ਨਵੀਨ ਕੁਮਾਰ ਡੀ.ਐੱਸ.ਪੀ. (ਸ੍ਰੀ ਮੁਕਤਸਰ ਸਾਹਿਬ), ਇਕਬਾਲ ਸਿੰਘ ਡੀ.ਐੱਸ.ਪੀ. (ਮਲੋਟ), ਅਵਤਾਰ ਸਿੰਘ ਡੀ.ਐੱਸ.ਪੀ. (ਗਿੱਦੜਬਾਹਾ), ਅਮਨਦੀਪ ਸਿੰਘ, ਡੀ.ਐੱਸ.ਪੀ. (ਸ) ਨੇ ਆਪਣੇ ਇਲਾਕਿਆਂ ਵਿੱਚ ਚਲਾਇਆ।ਇਸ ਸਰਚ ਮੁਹਿੰਮ ਵਿੱਚ 220 ਤੋਂ ਵੱਧ ਪੁਲਸ ਕਰਮਚਾਰੀ ਸ਼ਾਮਲ ਰਹੇ, ਜੋ ਕਿ ਵੱਖ-ਵੱਖ ਟੀਮਾਂ ਵਿੱਚ ਵੰਡੇ ਗਏ ਸਨ। ਇਸੇ ਮਕਸਦ ਨੂੰ ਧਿਆਨ ਵਿੱਚ ਰੱਖਦਿਆਂ ਪੁਲਸ ਵੱਲੋਂ ਰੇਲਵੇ ਸਟੇਸ਼ਨ 'ਤੇ ਵਿਸ਼ੇਸ਼ ਸਰਚ ਅਭਿਆਨ ਚਲਾਇਆ ਗਿਆ, ਜਿਸ ਦੌਰਾਨ ਸਾਰੇ ਇਲਾਕੇ ਨੂੰ ਸੀਲ ਕਰਨ ਉਪਰੰਤ ਰੇਲਵੇ ਸਟੇਸ਼ਨ ਤੇ ਆਲੇ-ਦੁਆਲੇ ਸ਼ੱਕੀ ਵਿਅਕਤੀਆਂ ਦੀ ਤਲਾਸ਼ੀ ਕੀਤੀ ਗਈ।ਸਟੇਸ਼ਨ 'ਤੇ ਮੌਜੂਦ ਲੋਕਾਂ ਤੇ ਉਨ੍ਹਾਂ ਦੇ ਸਾਮਾਨ ਦੀ ਵੀ ਜਾਂਚ ਕੀਤੀ ਗਈ।ਐੱਸ.ਐੱਸ.ਪੀ. ਨੇ ਕਿਹਾ ਕਿ ਭਵਿੱਖ ਵਿੱਚ ਹੋਰ ਵੀ ਇਸ ਤਰ੍ਹਾਂ ਦੇ ਓਪਰੇਸ਼ਨ ਕੀਤੇ ਜਾਣਗੇ।

## ਸਵਨਾ ਰਾਸ਼ਨ ਤੇ ਫੀਡ ਲੈ ਕੇ ਪਹੁੰਚੇ ਹੜ੍ਹ ਪ੍ਰਭਾਵਤ ਪਿੰਡਾਂ 'ਚ

ਫ਼ਾਜ਼ਿਲਕਾ (ਨਿਸ਼ਾ ਸ਼ਰਮਾ)-ਭਾਰੀ ਮੀਂਹ ਕਾਰਨ ਪਾਣੀ ਦਾ ਪੱਧਰ ਜ਼ਰੂਰ ਵਧਿਆ ਹੈ, ਪਰ ਵਿਧਾਇਕ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਲਗਾਤਾਰ ਆਪਣੀ ਟੀਮ ਸਮੇਤ ਸਵੇਰ ਨਾਲ ਹੀ ਹੜ੍ਹ ਪ੍ਰਭਾਵਤ ਪਿੰਡਾਂ ਵਿੱਚ ਪਹੁੰਚ ਕੇ ਰਾਸ਼ਨ ਅਤੇ ਫੀਡ ਦੀ ਵੰਡ ਕਰਾ ਰਹੇ ਹਨ।ਪਿੰਡ ਗੁਦੜ ਭੈਣੀ ਵਿਖੇ ਪਹੁੰਚ ਕੇ ਉਨ੍ਹਾਂ ਲੋਕਾਂ ਨੂੰ ਭਰੋਸਾ ਦਿਵਾਉਂਦਿਆਂ ਕਿਹਾ ਕਿ ਇਸ ਮੁਸ਼ਕਲ ਸਥਿਤੀ ਵਿੱਚ ਪੰਜਾਬ ਸਰਕਾਰ ਉਨ੍ਹਾਂ ਦੇ ਨਾਲ ਹੈ ਤੇ ਉਹ ਖੁਦ ਵੀ ਪਿੰਡ ਵਾਸੀਆਂ ਦੇ ਨਾਲ ਖੜ੍ਹੇ ਹਨ।ਵਿਧਾਇਕ ਸ੍ਰੀ ਸਵਨਾ ਨੇ ਕਿਹਾ ਕਿ ਉਹ ਲਗਾਤਾਰ ਹੜ੍ਹ ਪ੍ਰਭਾਵਤ ਪਿੰਡਾਂ ਤੇ ਢਾਣੀਆਂ ਵਿੱਚ ਵਿਚਰ ਰਹੇ ਹਨ ਤੇ ਲੋਕਾਂ ਨੂੰ ਜਿਸ ਵੀ ਚੀਜ਼ ਦੀ ਲੋੜ ਹੈ, ਉਹ ਉਨ੍ਹਾਂ ਨੂੰ ਮੁਹੱਈਆ ਕਰਾ ਰਹੇ ਹਨ।ਉਨ੍ਹਾਂ ਕਿਹਾ ਕਿ ਕੁਦਰਤੀ ਆਫ਼ਤ ਦਾ ਰਲ ਮਿਲ ਕੇ ਸਾਹਮਣਾ ਕਰਨਗੇ।ਉਨ੍ਹਾਂ ਕਿਹਾ ਕਿ ਲੋਕਾਂ ਨੂੰ ਰਾਸ਼ਨ ਤੇ ਪਸ਼ੂਆਂ ਲਈ ਫੀਡ ਦੀ ਕਮੀ ਨਹੀਂ ਆਉਣ ਦੇਣਗੇ, ਜਿਵੇਂ-ਜਿਵੇਂ ਲੋਕਾਂ ਦੀ ਮੰਗ ਹੈ ਉਹ ਉਸ ਅਨੁਸਾਰ ਲਗਾਤਾਰ ਰਾਸ਼ਨ ਤੇ ਫੀਡ ਲੈ ਕੇ ਉਨ੍ਹਾਂ ਕੋਲ ਖੁਦ ਪਹੁੰਚ ਰਹੇ ਹਨ।ਉਨ੍ਹਾਂ ਪਿੰਡ ਘੁਰਕਾ, ਨੂਰਸ਼ਾਹ ਤੇ ਆਦਿ ਹੋਰ ਪਿੰਡਾਂ ਤੇ ਢਾਣੀਆਂ ਵਿੱਚ ਰਾਸ਼ਨ ਕਿੱਟਾਂ ਤੇ ਫੀਡ ਮੁਹੱਈਆ ਕਰਾਈ।ਉਨ੍ਹਾਂ ਕਿਹਾ ਕਿ ਸਰਹੱਦੀ ਪਿੰਡਾਂ ਦੇ ਲੋਕ ਪਹਿਲਾਂ ਹੀ ਕੁਦਰਤੀ ਮਾਰ ਹੇਠ ਆ ਗਏ ਹਨ, ਪਰ ਉਨ੍ਹਾਂ ਨੂੰ ਰਾਸ਼ਨ ਤੇ ਪਸ਼ੂਆਂ ਲਈ ਫੀਡ ਦੀ ਕੋਈ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ, ਉਹ ਨਿਰਵਿਘਨ ਲੋੜ ਮੁਤਾਬਕ ਉਨ੍ਹਾਂ ਤੱਕ ਪੁੱਜਦੀ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਖੁਦ ਲੋਕਾਂ ਤੱਕ ਪਹੁੰਚ ਬਣਾ ਰਹੇ ਹਨ ਤਾਂ ਜੁ ਉਹ ਕਿਸੇ ਵੀ ਤਰ੍ਹਾਂ ਨਾਲ ਘਬਰਾਉਣ ਨਾ, ਪੰਜਾਬ ਸਰਕਾਰ ਤੇ ਪੂਰਾ ਪ੍ਰਸ਼ਾਸਨ ਉਨ੍ਹਾਂ ਦੀ ਮਦਦ ਲਈ ਤਤਪਰ ਹੈ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਦਰਿਆ ਬਿਆਸ 'ਚ ਆਏ ਹੜ੍ਹ ਕਾਰਨ ਫ਼ਸਲਾਂ ਦਾ ਹੋਇਆ ਭਾਰੀ ਨੁਕਸਾਨ

**ਗੁਰਦਾਸਪੁਰ (ਜਨਕ ਮਹਾਜਨ)**- ਪੌਂਗ ਡੈਮ ਤੋਂ ਛੱਡੇ ਜਾ ਰਹੇ ਲਗਾਤਾਰ ਪਾਣੀ ਕਾਰਨ ਦਰਿਆ ਬਿਆਸ 'ਚ ਅੰਦਰ ਪਾਣੀ ਦਾ ਪੱਧਰ ਵਧਦਾ ਜਾ ਰਿਹਾ ਜਿਸ ਨੇ ਲੋਕਾਂ ਦੀਆਂ ਚਿੰਤਾਵਾਂ ਵਿੱਚ ਵਾਧਾ ਕੀਤਾ ਹੋਇਆ ਹੈ। ਹਾਲਾਂਕਿ ਦਰਿਆ ਬਿਆਸ ਵਿਚ ਆਏ ਹੜ੍ਹ ਆਉਣ ਨਾਲ ਗੁਰਦਾਸਪੁਰ ਦੀ ਹੱਦ ਅੰਦਰ ਪੈਂਦੇ ਪਿੰਡਾਂ ਦੇ ਲੋਕਾਂ ਦਾ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਪਰ ਕਾਫੀ ਪੱਧਰ 'ਤੇ ਮਾਲੀ ਨੁਕਸਾਨ ਹੋਇਆ ਹੈ। ਇਸ ਸੰਬੰਧੀ ਗੱਲਬਾਤ ਕਰਦਿਆਂ ਇਲਾਕੇ ਦੇ ਲੋਕਾਂ ਨੇ ਦੱਸਿਆ ਕਿ ਦਰਿਆ ਬਿਆਸ ਵਿਚ ਹੜ੍ਹ ਆਉਣ ਨਾਲ ਉਨ੍ਹਾਂ ਦੀਆਂ ਫਸਲਾਂ ਕਾਫ਼ੀ ਖ਼ਰਾਬ ਹੋਈਆਂ ਹਨ। ਉਨ੍ਹਾਂ ਦੱਸਿਆ ਕਿ ਝੋਨੇ ਦੀ ਫਸਲ, ਕਮਾਦ ਦੀ ਫਸਲ, ਹਰਾ ਚਾਰਾ ਤੋਂ ਇਲਾਵਾ ਕਈ ਰੁੱਖ ਪਾਣੀ ਦੀ ਮਾਰ ਹੇਠ ਆ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਹੜ੍ਹ ਦੇ ਪਾਣੀ ਨਾਲ ਦਰਿਆ ਬਿਆਸ ਕੰਢੇ ਲੱਗਦੀ ਧੁੱਸੀ ਨੂੰ ਇਸ ਵਾਰ ਕੋਈ ਨੁਕਸਾਨ ਨਹੀਂ ਪਹੁੰਚਿਆ ਜਿਸ ਕਰਕੇ ਪਾਣੀ ਉਨ੍ਹਾਂ ਦੇ ਪਿੰਡਾਂ ਵਿੱਚ ਨਹੀਂ ਆ ਸਕਿਆ। ਉਨ੍ਹਾਂ ਕਿਹਾ ਕਿ ਦਰਿਆ ਬਿਆਸ ਕੰਢੇ ਵਸਦੇ ਗੁੱਜਰਾਂ ਦੇ ਡੇਰਿਆਂ ਨੂੰ ਹੜ੍ਹ ਦੇ ਪਾਣੀ ਨਾਲ ਕਾਫੀ ਮੁਸ਼ਕਿਲਾਂ ਪੇਸ਼ ਆ ਰਹੀਆਂ ਨੇ ਕਿਉਂਕਿ ਹੜ੍ਹ ਦਾ ਪਾਣੀ ਖੇਤਾਂ ਵਿਚ ਆਉਣ ਨਾਲ ਪਸ਼ੂਆਂ ਲਈ ਚਾਰਾ ਇਕੱਠਾ ਕਰਨਾ ਔਖਾ ਹੋ ਚੁੱਕਾ ਹੈ। ਉਨ੍ਹਾਂ ਦੱਸਿਆ ਕਿ ਗੁੱਜਰਾਂ ਤੋਂ ਇਲਾਵਾ ਕਈ ਕਿਸਾਨਾਂ ਦੇ ਪਸ਼ੂ ਚਾਰਾ ਨਾ ਮਿਲਣ ਕਾਰਨ ਭੁੱਖੇ ਹਨ। ਲੋਕਾਂ ਨੇ ਦੱਸਿਆ ਕਿ ਫਸਲਾਂ ਵਿਚ ਪਾਣੀ ਆਉਣ ਦਾ ਮੁੱਖ ਕਾਰਨ ਡਰੇਨੇਜ ਵਿਭਾਗ ਵਲੋਂ ਡਰੇਨ ਅਤੇ ਸੇਮ ਨਾਲਿਆਂ ਦੀ ਸਮੇਂ ਸਿਰ ਸਫਾਈ ਨਾ ਕਰਨਾ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਵਲੋਂ ਕਰੋੜਾਂ ਰੁਪਏ ਡਰੇਨਾਂ ਦੀ ਸਫਾਈ ਵਾਸਤੇ ਸੰਬੰਧਿਤ ਵਿਭਾਗ ਨੂੰ ਜਾਰੀ ਕੀਤੇ ਜਾਂਦੇ ਹਨ ਪਰ ਵਿਭਾਗ ਵਲੋਂ ਬਰਸਾਤਾਂ ਦੇ ਮੌਸਮ ਤੋਂ ਪਹਿਲਾਂ ਡਰੇਨਾਂ ਅਤੇ ਨਾਲਿਆਂ ਦੀ ਸਫਾਈ ਨਹੀਂ ਕਰਵਾਈ ਜਾਂਦੀ ਜਿਸ ਕਰਕੇ ਮੀਂਹ ਤੋਂ ਇਲਾਵਾ ਹੋਰ ਪਾਣੀ ਦਾ ਨਿਕਾਸ ਸਹੀ ਢੰਗ ਨਾਲ ਨਹੀਂ ਹੁੰਦਾ ਅਤੇ ਪਾਣੀ ਕਿਸਾਨਾਂ ਦੇ ਖੇਤਾਂ ਵਿੱਚ ਜਾ ਕੇ ਫਸਲ ਨੂੰ ਖਰਾਬ ਕਰਦਾ ਹੈ। ਦਰਿਆ ਬਿਆਸ ਕੰਢੇ ਵਸਦੇ ਪਿੰਡਾਂ ਦੇ ਲੋਕਾਂ ਨੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਦਰਿਆ ਬਿਆਸ ਵਿਚ ਵਧੇ ਪਾਣੀ ਦੇ ਪੱਧਰ ਕਾਰਨ ਲੋਕਾਂ ਨੂੰ ਆ ਰਹੀਆਂ ਮੁਸ਼ਕਲਾਂ ਦੇ ਹੱਲ ਲਈ ਖਾਸ ਯਤਨ ਕੀਤੇ ਜਾਣ।



# ਆਸ਼ਾ ਵਰਕਰਾਂ ਤੇ ਸੁਪਰਵਾਈਜ਼ਰਾਂ ਵੱਲੋਂ ਕਲਮਛੋੜ ਹੜਤਾਲ

**ਪੱਟੀ (ਬਲਦੇਵ ਸਿੰਘ ਸੰਧੂ)**- ਆਸ਼ਾ ਵਰਕਰਾਂ ਤੇ ਸੁਪਰਵਾਈਜ਼ਰਾਂ ਦੇ ਸਾਂਝੇ ਮੋਰਚੇ ਵੱਲੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ 25 ਅਗਸਤ ਤੋਂ 31 ਕਲਮਛੋੜ ਹੜਤਾਲ ਕਰਕੇ ਸਿਵਲ ਹਸਪਤਾਲ ਘਰਿਆਲਾ ਵਿਖੇ ਰੋਸ ਧਰਨਾ ਤੀਸਰੇ ਦਿਨ ਵੀ ਜਾਰੀ ਰਿਹਾ।ਸੂਬਾ ਸਰਕਾਰ ਖ਼ਿਲਾਫ ਜੰਮ ਕੇ ਭੜਾਸ ਕੱਢੀ ਤੇ ਨਾਅਰੇਬਾਜ਼ੀ ਕੀਤੀ ਗਈ।ਜ਼ਿਲ੍ਹਾ ਪ੍ਰਧਾਨ ਮਨਜਿੰਦਰ ਕੌਰ ਨੇ ਦੱਸਿਆ ਕਿ ਉਨ੍ਹਾਂ ਦੇ ਕੱਟੇ ਹੋਏ ਭੱਤੇ ਨੂੰ ਮੁੜ ਤੋਂ ਬਹਾਲ ਕੀਤਾ ਜਾਵੇ। ਫੈਸੀਲਿਟੇਟਰਜ਼ ਨੂੰ ਕੇਂਦਰ ਸਰਕਾਰ ਤੋਂ ਮਿਲਣ ਵਾਲਾ 1 ਹਜ਼ਾਰ ਅਤੇ ਟੂਰ ਮਨੀ ਵਿਚ ਵਾਧਾ ਕੀਤਾ ਜਾਵੇ, 10 ਆਸ਼ਾ ਵਰਕਰਾਂ ਪਿੱਛੇ ਇੱਕ ਫੈਸੀਲਿਟੇਟਰ ਭਰਤੀ ਕਰਦੇ ਹੋਏ ਕੰਮਾਂ ਦੇ ਬੋਝ ਨੂੰ ਘਟਾਇਆ ਜਾਵੇ, ਸੇਵਾ ਮੁਕਤ ਵਰਕਰਾਂ ਨੂੰ ਸਹਾਇਤਾ ਰਾਸ਼ੀ ਘੱਟੋ ਘੱਟ ਪੰਜ ਲੱਖ ਰੁਪਏ ਦੇਣਾ ਯਕੀਨੀ ਬਣਾਇਆ ਜਾਵੇ। ਪੈਨਸ਼ਨ ਦਾ ਪ੍ਰਬੰਧ ਕੀਤਾ ਜਾਵੇ, ਵਿਕਸ ਤੋਂ 10 ਹਜ਼ਾਰ ਕੀਤਾ ਜਾਵੇ। ਮੰਨੀਆਂ ਮੰਗਾਂ ਪ੍ਰਸੂਤੀ ਛੁੱਟੀ, ਟੈਬਲਟ ਤੁਰੰਤ ਮੰਗਾਂ ਦਾ ਨਿਪਟਾਰਾ ਕਰਨ ਲਈ ਮੀਟਿੰਗ ਦਾ ਸਮਾਂ ਮੰਗਿਆ ਗਿਆ ਸੀ। ਪ੍ਰੰਤੂ ਗਰਾਊਂਡ ਤੇ ਸਿਹਤ ਵਿਭਾਗ ਦੇ ਸਾਰੇ ਕੰਮਾਂ ਲਈ ਪੰਜਾਬ ਭਰ ਦੀਆਂ ਸੈਕੜਿਆਂ ਦੀ ਗਿਣਤੀ ਵਿੱਚ ਆਸ਼ਾ ਵਰਕਰਜ਼ ਨੂੰ ਜ਼ਿੰਮੇਵਾਰ ਠਹਿਰਾਇਆ ਜਾ ਰਿਹਾ ਹੈ। ਆਸ਼ਾ ਪ੍ਰਫਾਰਮੇ ਅਨੁਸਾਰ 54/55 ਕੰਮਾਂ ਨੂੰ ਪੱਕੇ ਤੌਰ 'ਤੇ ਆਸ਼ਾ ਦੇ ਤਬੀਅਤ ਦੀ ਤਰ੍ਹਾਂ ਗਲ ਵਿਚ ਮੜ ਦਿੱਤਾ ਗਿਆ ਹੈ। ਕੰਮ ਕਰ ਵੀ ਰਹੀਆਂ ਹਨ ਤੇ ਕਰਨਾ ਵੀ ਪੈਣਾ ਹੈ।ਪ੍ਰਧਾਨ ਮਨਜਿੰਦਰ ਕੌਰ ਨੇ ਆਖਿਆ ਕਿ ਆਸ਼ਾ ਵਰਕਰਾਂ ਅਤੇ ਸੁਪਰਵਾਈਜ਼ਰਾਂ ਦੇ ਮਈ ਮਹੀਨੇ ਦੇ ਵਿਕਸ ਭੱਤੇ ਅਜੇ ਤੱਕ ਨਹੀਂ ਮਿਲੇ। ਸਾਰੀਆਂ ਮੰਗਾਂ ਮੁਸ਼ਕਿਲਾਂ ਦੀ ਸੁਣਵਾਈ ਨਾ ਹੋਣ ਕਾਰਨ ਸਿਵਲ ਸਰਜਨ ਦਫ਼ਤਰਾਂ ਤੇ ਅੱਗੇ 31 ਅਗਸਤ ਤੱਕ ਪੂਰਨ ਤੌਰ 'ਤੇ ਸਿਹਤ ਵਿਭਾਗ ਦੇ ਸਾਰੇ ਕੰਮਾਂ ਦਾ ਬਾਈਕਾਟ ਕੀਤਾ ਜਾ ਰਿਹਾ ਹੈ। ਸਾਰੀਆਂ ਮੰਗਾਂ ਮੁਸ਼ਕਲਾਂ ਲਈ ਜਾਂ ਤਾਂ ਪੰਜਾਬ ਸਰਕਾਰ ਟੇਬਲ-ਟਾਕ ਕਰੇ ਨਹੀਂ ਤਾਂ ਫਿਰ ਆਰ ਪਾਰ ਦੇ ਸੰਘਰਸ਼ ਸ਼ੁਰੂ ਕੀਤੇ ਜਾਣਗੇ। ਇਸ ਮੌਕੇ ਤੇ ਸਰਬਜੀਤ ਕੌਰ ਮੀਤ ਪ੍ਰਧਾਨ, ਅਮਰਦੀਪ ਕੌਰ ਬਲਾਕ ਪ੍ਰਧਾਨ, ਸਰਬਜੀਤ ਕੌਰ ਮਨਦੀਪ ਕੌਰ ਖ਼ਜ਼ਾਨਚੀ ਰਾਜਵਿੰਦਰ ਕੌਰ ਵੀਰਪਾਲ ਕੌਰ ਸੈਕਟਰੀ,ਰਾਜਵਿੰਦਰ ਕੌਰ ਅਨੂਬੀਰ ਕੌਰ ਰਮਨਦੀਪ ਕੌਰ ਜਸਬੀਰ ਕੌਰ ਆਦਿ ਹਾਜ਼ਰ ਸਨ।



# ਸਕੂਲਾਂ 'ਚ ਛੁੱਟੀਆਂ ਕਾਰਨ ਅੱਜ ਤੇ 31 ਨੂੰ ਹੋਣ ਵਾਲੀ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਮੁਲਤਵੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਪੰਜਾਬ ਸਰਕਾਰ ਵੱਲੋਂ ਭਾਰੀ ਬਾਰਿਸ਼ਾਂ ਕਾਰਨ ਪੰਜਾਬ ਦੇ ਸਾਰੇ ਸਰਕਾਰੀ ਅਤੇ ਨਿੱਜੀ ਸਕੂਲਾਂ ਵਿੱਚ 30 ਅਗਸਤ ਤੱਕ ਛੁੱਟੀਆਂ ਕਰਨ ਦੇ ਅਚਾਨਕ ਐਲਾਨ ਕਾਰਨ ਤਰਕਸ਼ੀਲ ਸੁਸਾਇਟੀ ਪੰਜਾਬ ਨੇ 29 ਅਤੇ 31 ਅਗਸਤ ਨੂੰ ਸਮੁੱਚੇ ਪੰਜਾਬ ਵਿੱਚ ਹੋਣ ਵਾਲੀ ਗਦਰੀ ਗੁਲਾਬ ਕੌਰ ਨੂੰ ਸਮਰਪਿਤ ਸੱਤਵੀਂ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਮੁਲਤਵੀ ਕਰਨ ਦਾ ਫੈਸਲਾ ਕੀਤਾ ਹੈ। ਤਰਕਸ਼ੀਲ ਸੁਸਾਇਟੀ ਦੇ ਸੂਬਾਈ ਜੱਥੇਬੰਦਕ ਮੁਖੀ ਮਾਸਟਰ ਰਾਜਿੰਦਰ ਭਦੌੜ, ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਵਿਭਾਗ ਦੇ ਮੁਖੀ ਗੁਰਪ੍ਰੀਤ ਸ਼ਹਿਣਾ ਅਤੇ ਮੀਡੀਆ ਵਿਭਾਗ ਦੇ ਮੁਖੀ ਸੁਮੀਤ ਸਿੰਘ ਨੇ ਇਕ ਪ੍ਰੈਸ ਬਿਆਨ ਰਾਹੀਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਅਚਾਨਕ ਲਏ ਫੈਸਲੇ ਕਾਰਨ 29 ਅਤੇ 31 ਅਗਸਤ ਨੂੰ ਹੋਣ ਵਾਲੀ ਸੱਤਵੀਂ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਮੁਲਤਵੀ ਕਰ ਦਿੱਤੀ ਗਈ ਹੈ ਅਤੇ ਇਸ ਸਬੰਧੀ ਪ੍ਰੀਖਿਆ ਦੀਆਂ ਅਗਲੀਆਂ ਤਰੀਕਾਂ ਦਾ ਫੈਸਲਾ ਸਾਰੇ ਸਕੂਲਾਂ ਦੇ ਪੂਰੀ ਤਰ੍ਹਾਂ ਖੁੱਲ੍ਹਣ ਤੋਂ ਬਾਅਦ ਅਤੇ ਸਕੂਲ ਪ੍ਰੀਖਿਆਵਾਂ ਨੂੰ ਧਿਆਨ ਵਿੱਚ ਰੱਖ ਕੇ ਕੀਤਾ ਜਾਵੇਗਾ। ਇਸ ਸਬੰਧੀ ਸਕੂਲ ਪ੍ਰਬੰਧਕਾਂ ਅਤੇ ਵਿਦਿਆਰਥੀਆਂ ਨੂੰ ਸਮੇਂ ਸਿਰ ਸੂਚਿਤ ਕਰ ਦਿੱਤਾ ਜਾਵੇਗਾ।

## ਹੜ੍ਹਾਂ ਦੀ ਮਾਰ ਹੇਠ ਆਏ ਪਿੰਡਾਂ ਦੀ ਹਰ ਸੰਭਵ ਮਦਦ ਕੀਤੀ ਜਾਵੇ : ਸਿੱਕੀ/ਪੱਖੋਕੇ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਪੰਜਾਬ ਵਿੱਚ ਆਏ ਹੜ੍ਹਾਂ ਕਾਰਨ ਲੋਕਾਂ ਦਾ ਬਹੁਤ ਨੁਕਸਾਨ ਹੋਇਆ ਹੈ। ਜਿੱਥੇ ਲੋਕਾਂ ਦੇ ਘਰ ਢਹਿ ਗਏ ਹਨ ਉਥੇ ਹੀ ਕਿਸਾਨਾਂ ਦੀਆਂ ਫਸਲਾਂ ਵੀ ਬਰਬਾਦ ਹੋ ਗਈਆਂ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਾਂਗਰਸ ਪਾਰਟੀ ਦੇ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਤੇ ਕਾਂਗਰਸ ਪਾਰਟੀ ਦੇ ਮੀਤ ਪ੍ਰਧਾਨ ਰਾਜਬੀਰ ਸਿੰਘ ਪੱਖੋਕੇ ਨੇ ਇੱਕ ਸਾਂਝਾ ਬਿਆਨ ਜਾਰੀ ਕਰਦਿਆਂ ਕੀਤਾ। ਪੰਜਾਬ ਸਰਕਾਰ ਵੱਲੋਂ ਹੜ੍ਹਾਂ ਦੇ ਪ੍ਰਬੰਧ ਨਾਲ ਨਜਿੱਠਣ ਲਈ ਪਹਿਲਾਂ ਤੋਂ ਕੋਈ ਵਿਉਂਤਬੰਦੀ ਨਹੀਂ ਸੀ ਕੀਤੀ ਗਈ, ਜਿਸ ਕਾਰਨ ਕਿਸਾਨਾਂ ਦੀਆਂ ਫਸਲਾਂ, ਪਸ਼ੂਆਂ ਦਾ ਬਹੁਤ ਨੁਕਸਾਨ ਹੋਇਆ।ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵੀ ਕੋਈ ਵੱਡੇ ਪੱਧਰ 'ਤੇ ਸਰਗਰਮ ਨਹੀਂ ਲੱਗਦਾ। ਰਮਨਜੀਤ ਸਿੰਘ ਸਿੱਕੀ ਤੇ ਰਾਜਬੀਰ ਸਿੰਘ ਪੱਖੋਕੇ ਨੇ ਪੰਜਾਬ ਸਰਕਾਰ ਕੋਲੋਂ ਪੁਰਜ਼ੋਰ ਮੰਗ ਕੀਤੀ ਕਿ ਮੁਸੀਬਤ ਵਿੱਚ ਘਿਰੇ ਲੋਕਾਂ ਨੂੰ ਘੱਟੋ-ਘੱਟ 80 ਹਜ਼ਾਰ ਰੁਪਏ ਪ੍ਰਤੀ ਏਕੜ ਫਸਲੀ ਮੁਆਵਜ਼ਾ ਦਿੱਤਾ ਜਾਵੇ।ਪਾਣੀ ਵਿੱਚ ਡੁੱਬ ਕੇ ਮਰਨ ਵਾਲੇ ਪਸ਼ੂਆਂ ਅਤੇ ਗਰੀਬ ਲੋਕਾਂ ਦੇ ਢਹਿ ਚੁੱਕੇ ਮਕਾਨਾਂ ਦਾ ਵੱਧ ਤੋਂ ਵੱਧ ਮੁਆਵਜ਼ਾ ਦਿੱਤਾ ਜਾਵੇ।



# ਸੀਨੀਅਰ ਸਿਟੀਜ਼ਨ ਵੈੱਲਫੇਅਰ ਫੋਰਮ ਬਟਾਲਾ ਵੱਲੋਂ ਮਹੀਨਾਵਾਰ ਇੱਕਤਰਤਾ

**ਬਟਾਲਾ (ਡਾ. ਮਲਵਿੰਦਰ ਸਿੰਘ)**- ਸੀਨੀਅਰ ਸਿਟੀਜ਼ਨ ਵੈੱਲਫੇਅਰ ਫੋਰਮ (ਰਜਿ:) ਬਟਾਲਾ ਦੀ ਮਹੀਨਾਵਾਰ ਮੀਟਿੰਗ ਉੱਪ ਪ੍ਰਧਾਨ ਸਰਦੂਲ ਸਿੰਘ ਸੋਢੀ ਦੀ ਅਗਵਾਈ ਵਿੱਚ ਹੋਈ ਜਿਸ ਦੌਰਾਨ ਵੱਡੀ ਗਿਣਤੀ ਵਿੱਚ ਮੈਂਬਰਾਂ ਵੱਲੋਂ ਸ਼ਿਰਕਤ ਕੀਤੀ ਗਈ।ਇਸ ਮੌਕੇ ਉੱਘੇ ਹਾਸਰਸ ਅਦਾਕਾਰ ਜਸਵਿੰਦਰ ਭੱਲਾ ਦੇ ਅਚਨਚੇਤ ਦਿਹਾਂਤ 'ਤੇ ਦੁੱਖ ਜ਼ਾਹਰ ਕਰਦਿਆਂ ਮੌਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਮੌਕੇ ਸਰਦੂਲ ਸਿੰਘ ਸੋਢੀ ਨੇ ਕਿਹਾ ਕਿ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਪੁਰਬ ਤੇ ਦੇਸ਼ ਵਿਦੇਸ਼ ਤੋਂ ਸੰਗਤਾਂ ਪਹੁੰਚੀਆਂ ਹਨ।ਉਨ੍ਹਾਂ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਸੰਗਤਾਂ ਦੀ ਸੁਰੱਖਿਆ ਤੇ ਸਫ਼ਾਈ ਲਈ ਪੁਖਤਾ ਪ੍ਰਬੰਧ ਕੀਤੇ ਜਾਣ।ਉਨ੍ਹਾਂ ਨੌਜਵਾਨ ਪੀੜ੍ਹੀ ਨੂੰ ਕਿਹਾ ਕਿ ਉਹ ਇਸ ਪਵਿੱਤਰ ਦਿਹਾੜੇ ਤੇ ਹੁੱਲੜਬਾਜ਼ੀ ਨਾ ਕਰਦੇ ਹੋਏ ਸ਼ਰਧਾ ਭਾਵਨਾ ਨਾਲ ਮਨਾਉਣ।ਫੋਰਮ ਵੱਲੋਂ ਫੈਸਲਾ ਕੀਤਾ ਗਿਆ ਕਿ ਪਿਛਲੇ ਸਾਲ ਲਗਾਏ ਗਏ ਪੌਦਿਆਂ ਦੀ ਸਾਂਭ ਸੰਭਾਲ ਕਰਨ ਵਾਲਿਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਜਾਵੇਗਾ।ਬੁੱਧੀਜੀਵੀਆਂ ਵੱਲੋਂ ਆਪਣੇ ਵਿਚਾਰ ਪੇਸ਼ ਕੀਤੇ ਗਏ।ਮੀਟਿੰਗ 'ਚ ਜਨਰਲ ਸੈਕਟਰੀ ਗੁਰਦਰਸ਼ਨ ਸਿੰਘ ਧਾਮੀ, ਸੈਕਟਰੀ ਪ੍ਰਿੰ. ਨਾਨਕ ਸਿੰਘ, ਡਾ. ਸੱਤਪਾਲ ਸਿੰਘ, ਗੁਰਪ੍ਰੀਤ ਸਿੰਘ ਪਰਮਾਰ, ਜਸਵੰਤ ਸਿੰਘ ਜੇ. ਈ., ਅਜਮੇਰਪਾਲ ਸਿੰਘ, ਕੁਲਵੰਤ ਸਿੰਘ ਸਟੇਟ ਐਵਾਰਡੀ, ਡਾ. ਗੁਰਿੰਦਰ ਸਿੰਘ ਰੰਧਾਵਾ, ਡਾ. ਗੁਰਦੇਵ ਸਿੰਘ, ਸੁਰਿੰਦਰ ਸਿੰਘ ਕਾਹਲੋਂ, ਕਸ਼ਮੀਰ ਸਿੰਘ ਛੀਨਾ, ਪ੍ਰਿੰ. ਬਲਵੰਤ ਸਿੰਘ ਮੱਲ੍ਹੀ, ਰਜਿੰਦਰ ਸਿੰਘ, ਸਵਰਨ ਸਿੰਘ ਸਰੂਪਵਾਲੀ ਆਦਿ ਹਾਜ਼ਰ ਸਨ।



# ਵਿਆਹ ਪੁਰਬ ਦੌਰਾਨ ਸ਼ਰਾਰਤੀ ਅਨਸਰਾਂ ਦੀ ਹੁੱਲੜਬਾਜ਼ੀ ਨੂੰ ਰੋਕਣ ਲਈ ਪਾਬੰਦੀ ਦੇ ਹੁਕਮ

**ਗੁਰਦਾਸਪੁਰ /ਬਟਾਲਾ (ਤਰਲੋਕ ਬੱਗਾ)**- ਜ਼ਿਲ੍ਹਾ ਗੁਰਦਾਸਪੁਰ ਦੇ ਸ਼ਹਿਰ ਬਟਾਲਾ ਵਿਖੇ 30 ਅਗਸਤ 2025 ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਵਿਆਹ ਪੁਰਬ ਮਨਾਇਆ ਜਾ ਰਿਹਾ ਹੈ। ਆਮ ਤੌਰ 'ਤੇ ਦੇਖਣ ਵਿੱਚ ਆਇਆ ਹੈ ਕਿ ਇਸ ਮੇਲੇ ਵਿੱਚ ਸ਼ਰਾਰਤੀ ਅਨਸਰ ਟਰੈਕਟਰਾਂ ਅਤੇ ਹੋਰ ਵਾਹਨਾਂ ਉੱਪਰ ਹੁੱਲੜਬਾਜ਼ੀ ਕਰਦੇ ਹਨ, ਉੱਚੀ ਅਵਾਜ਼ ਵਿੱਚ ਸਪੀਕਰ ਲਗਾਉਂਦੇ ਹਨ, ਬੁਲਟ ਮੋਟਰਸਾਈਕਲਾਂ ਦੇ ਪਟਾਕੇ ਮਰਵਾਉਂਦੇ ਹਨ ਜਿਸ ਨਾਲ ਆਮ ਪਬਲਿਕ ਖ਼ਾਸ ਕਰਕੇ ਬਜ਼ੁਰਗਾਂ ਅਤੇ ਛੋਟੇ ਬੱਚਿਆਂ ਨੂੰ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਸਭ ਨੂੰ ਧਿਆਨ ਵਿੱਚ ਰੱਖਦੇ ਹੋਏ ਡਾ. ਹਰਜਿੰਦਰ ਸਿੰਘ ਬੇਦੀ ਵਧੀਕ ਜ਼ਿਲ੍ਹਾ ਮੈਜਿਸਟਰੇਟ, ਗੁਰਦਾਸਪੁਰ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਇਹ ਹੁਕਮ ਜਾਰੀ ਕੀਤੇ ਹਨ ਜ਼ਿਲ੍ਹਾ ਗੁਰਦਾਸਪੁਰ ਵਿੱਚ ਸਬ-ਡਵੀਜ਼ਨ ਬਟਾਲਾ ਵਿਖੇ 31 ਅਗਸਤ ਤੱਕ ਕੋਈ ਵੀ ਵਿਅਕਤੀ ਟਰੈਕਟਰਾਂ ਅਤੇ ਹੋਰ ਵਾਹਨਾਂ 'ਤੇ ਹੁੱਲੜਬਾਜ਼ੀ ਨਹੀਂ ਕਰੇਗਾ, ਉੱਚੀ ਅਵਾਜ਼ ਵਿੱਚ ਸਪੀਕਰ ਅਤੇ ਬੁਲਟ ਮੋਟਰਸਾਈਕਲਾਂ ਦੇ ਪਟਾਕੇ ਨਹੀਂ ਚਲਾਏਗਾ। ਇਹ ਹੁਕਮ ਮੌਜੂਦਾ ਜ਼ਾਬਤਾ ਨੂੰ ਮੁੱਖ ਰੱਖਦੇ ਹੋਏ ਇੱਕਤਰਫ਼ਾ ਪਾਸ ਕੀਤਾ ਗਿਆ ਹੈ।

# ਵਿਆਹ ਪੁਰਬ ਸਮਾਗਮਾਂ 'ਚ ਸੰਗਤ ਦੀ ਸੇਵਾ ਲਈ ਕਈ ਸਮਾਜ ਸੇਵੀ ਸੰਸਥਾਵਾਂ ਅੱਗੇ ਆਈਆਂ

**ਬਟਾਲਾ (ਡਾ. ਮਲਵਿੰਦਰ ਸਿੰਘ)**- ਬਾਬਾ ਜੀ ਵਿਆਹ ਪੁਰਬ ਸਮਾਗਮਾਂ ਦੀਆਂ ਤਿਆਰੀਆਂ ਦੇ ਸਬੰਧ ਵਿੱਚ ਜਿਥੇ ਵੱਖ-ਵੱਖ ਵਿਭਾਗ ਲਗਾਤਾਰ ਫੀਲਡ ਵਿੱਚ ਕੰਮ ਰਹੇ ਹਨ, ਉਸਦੇ ਨਾਲ ਸਮਾਜ ਸੇਵੀ ਸੰਸਥਾਵਾਂ ਵੀ ਸਹਿਯੋਗ ਲਈ ਅੱਗੇ ਆਈਆਂ ਹਨ। ਸ. ਬਲਦੇਵ ਸਿੰਘ ਬਾਜਵਾ ਐੱਸਈ ਮੰਡੀ ਬੋਰਡ, ਮੁੱਖ ਸੇਵਾਦਾਰ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਨੇ ਦੱਸਿਆ ਕਿ ਉਨ੍ਹਾਂ ਦੀ ਪੂਰੀ ਟੀਮ ਹਰ ਸਾਲ ਵਿਆਹ ਪੁਰਬ ਸਮਾਗਮ ਵਿੱਚ ਸਫਾਈ ਰੱਖਣ ਲਈ ਸੇਵਾ ਕਰ ਰਹੀ ਹੈ ਅਤੇ ਇਸ ਸਾਲ ਵੀ 29 ਅਤੇ 30 ਅਗਸਤ ਨੂੰ ਬਟਾਲਾ ਸ਼ਹਿਰ ਨੂੰ ਸਾਫ਼ ਸੁਥਰਾ ਰੱਖਣ ਲਈ ਸੇਵਾ ਕਰਨਗੇ।ਉਨ੍ਹਾਂ ਦੱਸਿਆ ਕਿ ਬਟਾਲਾ ਦੇ ਵਿਧਾਇਕ ਸ਼ੈਰੀ ਕਲਸੀ ਵੱਲੋਂ ਬੀਤੇ ਦਿਨੀਂ ਸ਼ਹਿਰ ਦੀਆਂ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਨਾਲ ਮੀਟਿੰਗ ਕੀਤੀ ਗਈ ਸੀ। ਉਨ੍ਹਾਂ ਅੱਗੇ ਕਿਹਾ ਕਿ ਐਡਵੋਕੇਟ ਸੁਖਬੀਰ ਸਿੰਘ ਪੰਨਵਾਂ, ਗੁਰਮੁੱਖ ਸਿੰਘ ਰੰਗੀਲਪੁਰ, ਹਰਦੀਪ ਸਿੰਘ ਬਾਜਵਾ, ਕੋਚ ਮਨੋਹਰ ਸਿੰਘ ਸਿੱਖ ਪਰਿਵਾਰ ਚੈਰੀਟੇਬਲ ਟਰੱਸਟ, ਸੁਖਮਨਪਾਲ ਸਿੰਘ, ਸਰਬਜੀਤ ਸਿੰਘ ਪ੍ਰਧਾਨ, ਸ਼ਮਸ਼ੇਰ ਸਿੰਘ ਲੇਹਲ, ਲਖਬੀਰ ਸਿੰਘ ਸਰਪੰਚ ਧੁੱਪਸੜੀ, ਅਮਨਬੀਰ ਸਿੰਘ ਗੁਰਾਇਆ, ਮਾਸਟਰ ਜੋਗਿੰਦਰ ਸਿੰਘ ਅਚਲੀਗੇਟ, ਹਰਬਖਸ਼ ਸਿੰਘ, ਤੇਜਿੰਦਰਪਾਲ ਸਿੰਘ ਅਤੇ ਬਾਬਾ ਅਨੂਪ ਸਿੰਘ ਦੀ ਸੰਗਤ ਵੱਲੋਂ ਵਿਆਹ ਪੁਰਬ ਸਮਾਗਮ ਵਿੱਚ ਸੇਵਾ ਭਾਵਨਾ ਨਾਲ ਸੇਵਾ ਕੀਤੀ ਜਾਵੇਗੀ।



# ਸੰਤੁਲਨ ਵਿਗੜਨ ਕਾਰਨ ਟਰਾਲਾ ਪਲਟਿਆ, ਡਰਾਈਵਰ ਜ਼ਖਮੀ

**ਗੁਰਦਾਸਪੁਰ (ਜਨਕ ਮਹਾਜਨ)**- ਗੁਰਦਾਸਪੁਰ-ਮੁਕੇਰੀਆਂ ਮੁੱਖ ਮਾਰਗ 'ਤੇ ਪੈਂਦੇ ਪਿੰਡ ਜਗਤਪੁਰ ਨੇੜੇ ਇਕ ਟਰਾਲੇ ਦਾ ਸਵੇਰੇ 6 ਵਜੇ ਦੇ ਕਰੀਬ ਸੰਤੁਲਨ ਵਿਗੜਨ ਕਾਰਨ ਉਹ ਦਰੱਖਤ ਨਾਲ ਟਕਰਾਉਂਦਾ ਹੋਇਆ ਸੇਮ ਨਾਲੇ ਵਿੱਚ ਜਾ ਡਿੱਗਿਆ ਜਿਸ ਕਾਰਨ ਟਰਾਲੇ ਦਾ ਡਰਾਈਵਰ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਿਆ। ਇਲਾਕੇ ਦੇ ਲੋਕਾਂ ਨੇ ਡਰਾਈਵਰ ਨੂੰ ਮੁਕੇਰੀਆਂ ਦੇ ਸਰਕਾਰੀ ਹਸਪਤਾਲ ਵਿਚ ਦਾਖਲ ਕਰਵਾਇਆ। ਇਸ ਸਬੰਧੀ ਕੰਡਕਟਰ ਸਾਹਿਲ ਪੁੱਤਰ ਈਸ਼ਾਨ ਪ੍ਰਾਂਤ ਯੂ.ਪੀ. ਨੇ ਦੱਸਿਆ ਕਿ ਡਰਾਈਵਰ ਸਹਾਰੂ ਮਹਾਰਾਸ਼ਟਰ ਤੋਂ ਜੰਮੂ ਦੀ ਮਸ਼ੀਨਰੀ ਲੱਦ ਕੇ ਗੁਰਦਾਸਪੁਰ ਵੱਲ ਨੂੰ ਆ ਰਿਹਾ ਸੀ ਕਿ ਸੰਤੁਲਨ ਵਿਗੜ ਗਿਆ ਅਤੇ ਸੜਕ ਕੰਢੇ ਦਰੱਖਤ ਨਾਲ ਟਕਰਾਉਂਦਾ ਹੋਇਆ ਟਰਾਲਾ ਟੇਢਾ ਹੋ ਕੇ ਪਲਟ ਗਿਆ ਅਤੇ ਟਰੱਕ ਦੀ ਇੱਕ ਸਾਈਡ ਪੂਰੀ ਤਰ੍ਹਾਂ ਟੁੱਟ ਭੱਜ ਗਈ। ਉਸ ਨੇ ਕਿਹਾ ਟਰਾਲੇ ਉੱਤੇ ਲੱਦੀ ਹੋਈ ਕੀਮਤੀ ਮਸ਼ੀਨਰੀ ਦਾ ਫਿਲਹਾਲ ਕੋਈ ਨੁਕਸਾਨ ਹੋਣ ਦਾ ਅਨੁਮਾਨ ਨਹੀਂ ਲਗਾਇਆ ਜਾ ਸਕਿਆ। ਉਨ੍ਹਾਂ ਦੱਸਿਆ ਕਿ ਟਰਾਲੇ ਦੇ ਮਾਲਕਾਂ ਅਤੇ ਟਰਾਲੇ ਉੱਪਰ ਲੱਗੇ ਸਮਾਨ ਦੇ ਮਾਲਕਾਂ ਦੇ ਆਉਣ 'ਤੇ ਹੀ ਟਰਾਲਾ ਸਿੱਧਾ ਕਰਵਾਇਆ ਜਾਵੇਗਾ।



# ਖ਼ਾਲਸਾ ਕਾਲਜ ਵਿਖੇ ਪ੍ਰਤੀਯੋਗੀ ਪ੍ਰੀਖਿਆਵਾਂ ਵਿਸ਼ੇ 'ਤੇ ਸੈਮੀਨਾਰ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਖਾਲਸਾ ਕਾਲਜ ਦੇ ਸਮਾਜਿਕ ਵਿਗਿਆਨ ਵਿਭਾਗ ਵੱਲੋਂ ਆਈ. ਬੀ. ਟੀ. ਦੇ ਸਹਿਯੋਗ ਨਾਲ 'ਪ੍ਰਤੀਯੋਗੀ ਪ੍ਰੀਖਿਆਵਾਂ : ਪ੍ਰਤਿਸ਼ਠਾਵਾਨ ਕਰੀਅਰ ਦਾ ਪ੍ਰਵੇਸ਼ ਦੁਆਰ' ਵਿਸ਼ੇ 'ਤੇ ਸੈਮੀਨਾਰ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੇ ਨਿਰਦੇਸ਼ਾਂ 'ਤੇ ਕਰਵਾਏ ਗਏ ਉਕਤ ਸੈਮੀਨਾਰ ਦਾ ਉਦੇਸ਼ ਬੀ. ਏ. ਸੋਸ਼ਲ ਸਾਇੰਸਜ਼ ਅਤੇ ਹੋਰ ਵਿਸ਼ਿਆਂ ਦੇ ਵਿਦਿਆਰਥੀਆਂ ਨੂੰ ਕੇਂਦਰੀ ਪੱਧਰ ਦੇ ਨਾਲ-ਨਾਲ ਰਾਜ ਪੱਧਰ 'ਤੇ ਹੋਣ ਵਾਲੀਆਂ ਪ੍ਰਤੀਯੋਗੀ ਪ੍ਰੀਖਿਆਵਾਂ ਸਬੰਧੀ ਜਾਗਰੂਕ ਕਰਨਾ ਸੀ। ਜਿਸ ਸਬੰਧੀ ਆਈ. ਬੀ. ਟੀ. ਤੋਂ ਜਤਿੰਦਰ ਕੁਮਾਰ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ। ਸੈਮੀਨਾਰ ਦੀ ਸ਼ੁਰੂਆਤ ਵਿਦਿਆਰਥੀਆਂ ਦੁਆਰਾ ਸ਼ਬਦ ਗਾਇਨ ਕਰਨ ਉਪਰੰਤ ਕਰੀਅਰ ਗਾਈਡੈਂਸ ਸੈੱਲ ਦੇ ਡਾਇਰੈਕਟਰ ਅਤੇ ਵਿਭਾਗ ਮੁਖੀ ਡਾ. ਸਾਵੰਤ ਸਿੰਘ ਮੰਟੋ ਨੇ ਪ੍ਰਿੰ: ਡਾ. ਰੰਧਾਵਾ, ਅਕਾਦਮਿਕ ਮਾਮਲੇ ਡੀਨ ਡਾ. ਤਮਿੰਦਰ ਸਿੰਘ ਭਾਟੀਆ, ਫੈਕਲਟੀ ਮੈਂਬਰਾਂ ਅਤੇ ਵਿਦਿਆਰਥੀਆਂ ਦਾ ਸਵਾਗਤ ਕਰਦਿਆਂ ਕੁਮਾਰ ਨਾਲ ਜਾਣ-ਪਛਾਣ ਕਰਵਾਈ। ਇਸ ਮੌਕੇ ਸ੍ਰੀ ਕੁਮਾਰ ਅਤੇ ਉਨ੍ਹਾਂ ਦੀ ਟੀਮ ਨੇ ਪਾਵਰ-ਪੁਆਇੰਟ ਸਲਾਈਡਾਂ ਰਾਹੀਂ ਸਰਕਾਰੀ ਨੌਕਰੀਆਂ ਦੀ ਮਹੱਤਤਾ ਸਬੰਧੀ ਗਿਆਨ ਪ੍ਰਦਾਨ ਕਰਕੇ ਅਤੇ ਆਈ. ਏ. ਐੱਸ. ਅਧਿਕਾਰੀਆਂ ਦੇ ਪ੍ਰੇਰਣਾਦਾਇਕ ਵੀਡੀਓ ਦਿਖਾ ਕੇ ਦਰਸ਼ਕਾਂ ਨਾਲ ਗੱਲਬਾਤ ਕੀਤੀ। ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਡਾ. ਮੰਟੋ ਨਾਲ ਮਿਲ ਕੇ ਸ੍ਰੀ ਕੁਮਾਰ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ। ਸੈਮੀਨਾਰ ਮੌਕੇ ਡਾ. ਸੁਖਬੀਰ ਸਿੰਘ, ਡਾ. ਹਰਮਨਦੀਪ ਕੌਰ, ਪ੍ਰੋ. ਮਾਨਸ ਰਤਨ ਤੋਂ ਇਲਾਵਾ ਹੋਰ ਸਟਾਫ਼ ਮੌਜੂਦ ਸੀ।



# ਪਾਣੀ ਦਾ ਨਿਕਾਸ ਨਾ ਹੋਣ ਕਾਰਨ ਪਿੰਡ ਦੀਆਂ ਗਲੀਆਂ-ਨਾਲੀਆਂ ਤੇ ਸੜਕਾਂ ਪਾਣੀ 'ਚ ਡੁੱਬੀਆਂ

**ਝਬਾਲ (ਮੱਖਣ ਮਨੋਜ, ਹਰਜਿੰਦਰ ਸਿੰਘ ਸੋਨੀ)**- ਪਿੰਡ ਝਬਾਲ ਵਿਖੇ ਬਹੁਤ ਲੰਮੇ ਸਮੇਂ ਤੋਂ ਪਾਣੀ ਦੇ ਨਿਕਾਸ ਦੀ ਵੱਡੀ ਸਮੱਸਿਆ ਰਹੀ ਹੈ। ਥੋੜ੍ਹੀ ਜਿੰਨਾ ਵੀ ਮੀਂਹ ਆ ਜਾਵੇ ਤਾਂ ਪਿੰਡ ਵਿਚ ਪਾਣੀ ਖੜ੍ਹਾ ਹੋ ਜਾਂਦਾ ਹੈ, ਸੜਕਾਂ ਤੇ ਗਲੀਆਂ ਵਿੱਚੋਂ ਦੀ ਲੰਘਣਾ ਮੁਸ਼ਕਲ ਹੋ ਜਾਂਦਾ ਹੈ। ਵੱਖ-ਵੱਖ ਸਮਿਆਂ ਦੀਆਂ ਸਰਕਾਰਾਂ ਨੇ ਇਸ ਦਾ ਕੋਈ ਵੀ ਹੱਲ ਨਹੀਂ ਕੱਢਿਆ। ਪਿਛਲੇ ਕੁਝ ਦਿਨਾਂ ਤੋਂ ਲਗਾਤਾਰ ਮੀਂਹ ਪੈਣ ਕਾਰਨ ਪਿੰਡ ਝਬਾਲ ਦੀਆਂ ਗਲੀਆਂ, ਨਾਲੀਆਂ ਅਤੇ ਸੜਕਾਂ ਪਾਣੀ ਨਾਲ ਨੱਕੋ ਨੱਕ ਭਰ ਕੇ ਡੁੱਬ ਗਈਆਂ ਹਨ। ਝਬਾਲ ਖਾਸ ਤੋਂ ਸੀਨੀਅਰ ਆਗੂ ਵਿਕਰਮ ਸਿੰਘ ਢਿੱਲੋਂ ਅਤੇ ਉਨ੍ਹਾਂ ਦੀ ਪੂਰੀ ਟੀਮ ਜੇ ਸੀ ਬੀ ਮਸ਼ੀਨ ਅਤੇ ਲੇਬਰ ਲਗਾ ਕੇ ਪਾਣੀ ਡਰੇਨ ਤੱਕ ਪਹੁੰਚਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਪੰਜਾਬ ਸਰਕਾਰ ਅਤੇ ਜ਼ਿਲ੍ਹਾ ਤਰਨ ਤਾਰਨ ਦੇ ਪ੍ਰਸ਼ਾਸਨ ਨੂੰ ਬੇਨਤੀ ਹੈ ਕਿ ਜਲਦੀ ਤੋਂ ਜਲਦੀ ਝਬਾਲ ਪਿੰਡ ਦੀ ਨਿਕਾਸੀ ਦਾ ਹੱਲ ਕੀਤਾ ਜਾਵੇ। ਇਸ ਮੌਕੇ ਪਿੰਡ ਦੇ ਪੰਚਾਇਤ ਮੈਂਬਰ ਤੇ ਹੋਰ ਪ੍ਰਮੁੱਖ ਸ਼ਖਸੀਅਤਾਂ ਤੇ ਮੋਹਤਬਰ ਵਿਅਕਤੀ ਹਾਜ਼ਰ ਸਨ।



# ਆਸਟਰੇਲੀਆ ਤੋਂ ਦਾਨੀ ਸੱਜਣ ਨੇ ਲੋੜਵੰਦ ਸੀ ਕੇ ਡੀ ਵਿਦਿਆਰਥਣਾਂ ਨੂੰ ਦਿੱਤੀ ਵਿੱਤੀ ਮਦਦ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਆਸਟਰੇਲੀਆ ਤੋਂ ਦਾਨੀ ਸੱਜਣ ਰਾਜਨ ਚੋਪੜਾ ਵੱਲੋਂ ਦੀਵਾਨ ਅਧੀਨ ਲੁਧਿਆਣਾ ਵਿਖੇ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਦੀਆਂ ਲੋੜਵੰਦ ਲੜਕੀਆਂ ਦੀ ਸਿੱਖਿਆ ਲਈ 1.50 ਲੱਖ ਰੁਪਏ ਦਾ ਚੈਕ ਦਾਨ ਵਜੋਂ ਰਕੇਸ਼ ਜੰਗੀ ਅਤੇ ਉਹਨਾਂ ਦੇ ਸਾਥੀਆਂ ਰਾਹੀਂ ਦੀਵਾਨ ਪ੍ਰਬੰਧਕਾਂ ਨੂੰ ਸੌਂਪਿਆ ਗਿਆ। ਉਹਨਾਂ ਸਿੱਖਿਆ ਪ੍ਰਤੀ ਪਿਆਰ ਅਤੇ ਸੇਵਾ ਭਾਵਨਾ ਤਹਿਤ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਪੂਰਾ ਸਾਲ ਦੀਵਾਨ ਸਕੂਲ ਦੀਆਂ ਆਰਥਿਕ ਤੌਰ ਤੇ ਕਮਜ਼ੋਰ ਪਰਿਵਾਰਾਂ ਦੀਆਂ ਲੜਕੀਆਂ ਦੀਆਂ ਫੀਸਾਂ ਭਰਨ ਦੀ ਜ਼ਿੰਮੇਵਾਰੀ ਲਈ ਅਤੇ ਕਿਹਾ ਕਿ ਅੱਗੋਂ ਵੀ ਇਹਨਾਂ ਲੜਕੀਆਂ ਦੀਆਂ ਫੀਸਾਂ ਭਰਨ ਦੀ ਸੇਵਾ ਨਿਰੰਤਰ ਜਾਰੀ ਰੱਖੀ ਜਾਵੇਗੀ। ਇਸ ਮੌਕੇ ਦੀਵਾਨ ਪ੍ਰਬੰਧਕਾਂ ਨੇ ਦਾਨੀ ਸੱਜਣ ਵੱਲੋਂ ਦਿੱਤੇ ਗਏ ਸਿੱਖਿਆ ਦਾਨ ਦੀ ਭਰਪੂਰ ਸ਼ਲਾਘਾ ਕੀਤੀ । ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਆਨਰੇਰੀ ਸਕੱਤਰ ਰਮਣੀਕ ਸਿੰਘ, ਐਡੀ.ਆਨਰੇਰੀ ਸਕੱਤਰ ਜਸਪਾਲ ਸਿੰਘ ਢਿੱਲੋਂ, ਸ੍ਰ.ਰਜਿੰਦਰ ਸਿੰਘ ਮਰਵਾਹਾ, ਏ.ਪੀ.ਐਸ.ਮਾਨ, ਡਾ. ਆਤਮਜੀਤ ਸਿੰਘ ਬਸਰਾ, ਸਰਜੋਤ ਸਿੰਘ ਸਾਹਨੀ, ਕਮਲਜੀਤ ਸਿੰਘ ਕੋਹਲੀ, ਸ੍ਰ.ਬਲਵਿੰਦਰ ਸਿੰਘ ਬਵੇਜਾ, ਕੁਲਵਿੰਦਰ ਸਿੰਘ ਮਰਵਾਹਾ, ਇੰਜੀ. ਨਵਦੀਪ ਸਿੰਘ, ਰਕੇਸ਼ ਜੰਗੀ, ਅਨੂਪ ਸ਼ਰਮਾ ਚੇਅਰਮੈਨ ਮੈਡੀਸਨ ਮਾਰਕਿਟ, ਕੰਟਰੈਕਟਰ ਪਰਮਜੀਤ ਰਾਮਪਾਲ ਆਦਿ ਹਾਜ਼ਰ ਸਨ।

# ਭਾਰੀ ਮੀਂਹ ਪੈਣ ਨਾਲ ਕੋਟਲਾ ਖੁਰਦ ਦੇ ਨਹਿਰੀ ਪੁਲ ਦੀ ਕੰਧ ਡਿੱਗੀ

**ਵੇਰਕਾ (ਰਾਣਾ)**- ਨਿਰੰਤਰ ਪੈ ਰਹੇ ਭਾਰੀ ਮੀਂਹ ਕਾਰਨ ਲਗਭਗ ਡੇਢ ਦਰਜਨ ਪਿੰਡਾਂ ਨੂੰ ਕੌਮੀ ਮਾਰਗ ਨਾਲ ਜੋੜਨ ਪਿੰਡ ਕੋਟਲਾ ਖੁਰਦ (ਖੁਸ਼ੀਪੁਰ) ਬਲਾਕ ਮਜੀਠਾ ਦਾ ਅੱਪਰਬਾਰੀ ਦੋਆਬ ਨਹਿਰ (ਯੂ.ਬੀ.ਡੀ.ਸੀ) ਉੱਪਰ ਬਣੇ ਪੁਲ ਦੀਆਂ ਕੰਧਾਂ ਡਿੱਗਣ ਦਾ ਸਮਾਚਾਰ ਮਿਲਿਆ ਹੈ। ਇਸ ਸੰਬੰਧੀ ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਨਹਿਰੀ ਵਿਭਾਗ ਵੱਲੋਂ ਲੰਘੇ ਲਗਭਗ 14-15 ਸਾਲਾਂ ਤੋਂ ਹੀ ਬਣੇ ਪੁਲ ਦੀਆਂ ਦੀਵਾਰਾਂ ਢਹਿ ਗਈਆਂ ਹਨ ਅਤੇ ਕੁਝ-ਇੱਕ ਢਹਿਣ ਵਾਲੀਆਂ ਹਨ। ਇਸ ਬਾਬਤ ਉਕਤ ਪਿੰਡ ਦੀ ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਦੇ ਵਸਨੀਕਾਂ ਨੇ ਸਾਸਨ-ਪ੍ਰਸਾਸਨ ਪਾਸੋਂ ਫੌਰੀ ਨਹਿਰੀ ਪੁਲ ਨੂੰ ਬਚਾਏ ਜਾਣ ਅਤੇ ਪੁਲ ਦੀ ਉਸਾਰੀ ਕਰਨ ਮੌਕੇ ਕਥਿਤ ਅਣਗਹਿਲੀ/ ਲਾਪ੍ਰਵਾਹੀ ਵਰਤਣ ਵਾਲੇ ਨਹਿਰੀ ਵਿਭਾਗ ਦੇ ਅਧਿਕਾਰੀਆਂ ਖਿਲਾਫ ਲੋੜੀਂਦੀ ਤੇ ਢੁੱਕਵੀਂ ਕਾਰਵਾਈ ਕਰਨ ਦੀ ਮੁੱਖ ਮੰਤਰੀ ਪੰਜਾਬ, ਕੈਬਨਿਟ ਮੰਤਰੀ ਨਹਿਰੀ ਤੇ ਸਿੰਚਾਈ ਵਿਭਾਗ ਪੰਜਾਬ ਸਰਕਾਰ, ਡੀ.ਜੀ.ਪੀ.ਸਾਹਿਬ ਵਿਜੀਲੈਂਸ ਬਿਊਰੋ ਪੰਜਾਬ ਐਸ.ਏ.ਐਸ ਨਗਰ ਅਤੇ ਸਕੱਤਰ ਸਾਹਿਬ ਨਹਿਰੀ ਤੇ ਸਿੰਚਾਈ ਵਿਭਾਗ ਪੰਜਾਬ ਸਰਕਾਰ ਚੰਡੀਗੜ੍ਹ ਪਾਸੋਂ ਗੁਹਾਰ ਲਗਾਈ ਹੈ। ਇਸ ਬਾਬਤ ਪਿੰਡ ਦੀ ਸਰਪੰਚ ਲਖਵਿੰਦਰ ਕੌਰ ਗ੍ਰਾਮ ਪੰਚਾਇਤ ਕੋਟਲਾ ਖੁਰਦ (ਖੁਸ਼ੀਪੁਰ) ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਮਨਦੀਪ ਸਿੰਘ ਨੇ ਦੱਸਿਆ ਹੈ ਕਿ ਉਕਤ ਸੰਬੰਧੀ ਤੁਰੰਤ ਮਾਮਲਾ ਜ਼ਿਲ੍ਹਾ ਮੈਜਿਸਟ੍ਰੇਟ ਸਾਹਿਬ ਅੰਮ੍ਰਿਤਸਰ ਸ਼ਾਕਸੀ ਸਿਨਹਾ ਦੇ ਧਿਆਨ ਵਿੱਚ ਲਿਆਂਦਾ ਗਿਆ ਹੈ। ਜਿਸ ਉਪਰੰਤ ਉਨ੍ਹਾਂ ਵੱਲੋਂ ਨਹਿਰੀ ਵਿਭਾਗ ਦੇ ਅਧਿਕਾਰੀ ਮੌਕਾ ਵੇਖਣ ਲਈ ਵੀ ਭੇਜੇ ਗਏ ਸਨ। ਉਨ੍ਹਾਂ ਪੁਲ ਦੀ ਹੋਈ ਉਸਾਰੀ ਅਤੇ ਪੁਲ ਦਾ ਨਿਰਮਾਣ ਕਰਨ ਵਾਲੇ ਸੰਬੰਧਤ ਅਧਿਕਾਰੀਆਂ ਵਿਰੁੱਧ ਵੀ ਵਿਜੀਲੈਂਸ ਜਾਂਚ-ਪੜਤਾਲ ਕਰਵਾਏ ਜਾਣ ਦੀ ਪੁਰਜ਼ੋਰ ਮੰਗ ਕੀਤੀ। ਇਸ ਸੰਬੰਧ ਵਿੱਚ ਨਹਿਰ ਵਿਭਾਗ ਦੇ ਐਕਸੀਅਨ ਹੈਪੀ ਕੁਮਾਰ ਨਾਲ ਸੰਪਰਕ ਕਰਨ ਉਪਰੰਤ ਉਨ੍ਹਾਂ ਆਖਿਆ ਕਿ ਮੈਂ ਮੌਕਾ ਦੇਖ ਆਖਿਆ ਹਾਂ ਅਤੇ ਕੰਧਾਂ ਦੇ ਡਿੱਗਣ ਨਾਲ ਪੁਲ ਨੂੰ ਕੋਈ ਨੁਕਸਾਨ ਨਹੀਂ ਹੋਣ ਵਾਲਾ ਹੈ।



# ਖਡੂਰ ਸਹਿਬ ਦੀ ਕਾਨਫਰੰਸ ਦੀ ਤਿਆਰੀ ਲਈ ਮੀਟਿੰਗਾਂ ਦਾ ਸਿਲਸਲਾ ਜਾਰੀ : ਗੁਰਦਿਆਲ ਸਿੰਘ

**ਸ੍ਰੀ ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲ੍ਹੀ)**- ਖਡੂਰ ਸਹਿਬ ਭਾਰਤੀ ਕਮਿਊਨਿਸਟ ਪਾਰਟੀ ਬਲਾਕ ਕਮੇਟੀ ਖਡੂਰ ਸਹਿਬ ਦੇ ਸਕੱਤਰ ਕਾਮਰੇਡ ਗੁਰਦਿਆਲ ਸਿੰਘ ਖਡੂਰ ਸਾਹਿਬ ਤੇ ਮੀਤ ਸਕੱਤਰ ਬਲਦੇਵ ਸਿੰਘ ਧੂੰਦਾ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਸ੍ਰੀ ਗੁਰੂ ਅੰਗਦ ਦੇਵ ਜੀ ਦਾ ਗੁਰਗੱਦੀ ਦਿਵਸ 12 ਸਤੰਬਰ ਨੂੰ ਖਡੂਰ ਸਹਿਬ ਵਿਖੇ ਮਨਾਇਆ ਜਾ ਰਿਹਾ ਹੈ। ਇਸ ਮੌਕੇ ਵਿਸ਼ਾਲ ਕਾਨਫਰੰਸ ਵੀ.ਆਈ. ਪੀ. ਬੈਂਕਿਉਟ ਹਾਲ ਨੇੜੇ ਨਿਰਮਲ ਆਸ਼ਰਮ ਖਡੂਰ ਸਹਿਬ ਕੀਤੀ ਜਾ ਰਹੀ ਹੈ, ਜਿਸ ਸੰਬੋਧਨ ਕਰਨ ਲਈ ਭਾਰਤੀ ਕਮਿਊਨਿਸਟ ਪਾਰਟੀ ਦੇ ਕੌਮੀ ਕੌਂਸਲ ਮੈਂਬਰ ਤੇ ਜਨਰਲ ਸਕੱਤਰ ਦੇਸ ਭਗਤ ਯਾਦਗਾਰ ਕਮੇਟੀ ਜਲੰਧਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਸਰਬ ਭਾਰਤ ਨੌਜਵਾਨ ਸਭਾ ਦੇ ਕੌਮੀ ਜਨਰਲ ਸਕੱਤਰ ਸੁਖਜਿੰਦਰ ਸਿੰਘ ਮਹੇਸ਼ਰੀ, ਭਾਰਤੀ ਕਮਿਊਨਿਸਟ ਪਾਰਟੀ ਸੂਬਾ ਸਕੱਤਰੇਤ ਮੈਂਬਰ ਨਰਿੰਦਰ ਕੌਰ ਸੋਹਲ, ਬਲਕਾਰ ਸਿੰਘ ਵਲਟੋਹਾ, ਸੂਬਾਈ ਪ੍ਰੈੱਸ ਸਕੱਤਰ ਕੁੱਲ ਹਿੰਦ ਕਿਸਾਨ ਸਭਾ ਪੰਜਾਬ ਤੇ ਭਾਰਤੀ ਕਮਿਊਨਿਸਟ ਪਾਰਟੀ ਦੇ ਜਿਲ੍ਹਾ ਸਕੱਤਰ ਦਵਿੰਦਰ ਕੁਮਾਰ ਸੋਹਲ ਆਦਿ ਆਗੂ ਪੁਹੰਚ ਰਹੇ ਹਨ। ਉਹਨਾ ਨਾਲ ਸੀਨੀਅਰ ਕਮਿਊਨਿਸਟ ਆਗੂ ਬਲਜੀਤ ਸਿੰਘ ਫਤਿਆਬਾਦ, ਮੇਜਰ ਸਿੰਘ ਦਾਰਾਪੁਰ, ਜਗੀਰ ਸਿੰਘ ਭਰੋਵਾਲ, ਰਜਿੰਦਰ ਸਿੰਘ ਰਾਜਾ ਬਾਣੀਆ, ਹਰਿੰਦਰ ਸਿੰਘ ਹੀਰੋ, ਬਲਵਿੰਦਰ ਸਿੰਘ ਖਡੂਰ ਸਾਹਿਬ, ਹੁਸਨਪ੍ਰੀਤ ਸਿੰਘ ਆਦਿ ਮੌਜੂਦ ਸਨ।



# ਹੜ੍ਹ ਦੇ ਪਾਣੀ ਦੀ ਮਾਰ ਝੱਲ ਰਹੇ ਹੜ੍ਹ ਪੀੜਤਾਂ ਲਈ ਧਾਲੀਵਾਲ ਮਸੀਹਾ ਬਣ ਕੇ ਉਭਰੇ

**ਅੰਮ੍ਰਿਤਸਰ/ਅਜਨਾਲਾ (ਸੁਖਜਿੰਦਰ ਸਿੰਘ ਰਾਜੂ ਅਜਨਾਲਾ)**- ਹਲਕਾ ਅਜਨਾਲਾ ਤੋਂ ਵਿਧਾਇਕ ਤੇ ਸਾਬਕਾ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਵਲੋਂ ਹੜ੍ਹਾਂ ਦੀ ਭਿਅੰਕਰ ਬਣੀ ਸਥਿਤੀ 'ਚ ਹਲਕਾ ਅਜਨਾਲਾ ਦੇ ਕੌਮਾਂਤਰੀ ਰਾਵੀ ਦਰਿਆ ਕੰਢੇ ਬਣੇ ਧੁੱਸੀ ਬੰਨ੍ਹ ਘੋਨੇਵਾਲਾ ਸਮੇਤ ਹੜ੍ਹ ਦੇ ਪਾਣੀ ਦੀ ਮਾਰ ਹੇਠ ਆਉਣ ਵਾਲੇ ਸੰਵੇਦਨਸ਼ੀਲ ਪਿੰਡਾਂ 'ਚ ਜ਼ਿਲ੍ਹਾ ਡਿਪਟੀ ਕਮਿਸ਼ਨਰ ਸ੍ਰੀਮਤੀ ਸਾਕਸ਼ੀ ਸਾਹਨੀ ਅਤੇ ਪੁਲਸ ਜ਼ਿਲ੍ਹਾ ਅੰਮ੍ਰਿਤਸਰ ਦੇ ਮੁਖੀ ਮਨਿੰਦਰ ਸਿੰਘ ਸਮੇਤ ਪ੍ਰਸ਼ਾਸਨਿਕ ਸਿਵਲ ਤੇ ਪੁਲਸ ਅਧਿਕਾਰੀਆਂ ਦੀ ਸ਼ਮੂਲੀਅਤ ਨਾਲ ਧੁੱਸੀ ਬੰਨ੍ਹ ਦੀਆਂ ਨਾਜ਼ੁਕ ਥਾਵਾਂ ਨੂੰ ਮਜ਼ਬੂਤ ਕਰਨ ਅਤੇ ਰਾਵੀ ਦਰਿਆ ਨਾਲ ਲਗਦੇ ਘੋਨੇਵਾਲਾ ਤੋਂ ਸਾਹੋਵਾਲ ਤੱਕ ਪਿੰਡਾਂ ਨੂੰ ਪਿਛਾਂਹ ਮਾਲ ਡੰਗਰ, ਬੱਚਿਆਂ ਅਤੇ ਔਰਤਾਂ ਸਮੇਤ ਪਿੱਛੇ ਸੁਰੱਖਿਅਤ ਥਾਵਾਂ 'ਤੇ ਪਹੁੰਚਣ ਲਈ ਬਕਾਇਦਾ ਪ੍ਰੇਰਿਤ ਕਰਦੇ ਰਹੇ ਉੱਥੇ ਅੱਜ ਤੜੱਕਸਾਰ ਧੁੱਸੀ ਬੰਨ੍ਹ ਘੋਨੇਵਾਲਾ -ਮਾਛੀਵਾਲਾ, ਸਹਿਜ਼ਾਦਾ 'ਤੇ ਪਾੜ ਪੈਣ ਕਾਰਨ ਬਣੇ ਹੜ੍ਹਾਂ ਦੇ ਮਾਰੂ ਹਲਾਤ ਦਰਮਿਆਨ ਅਜਨਾਲਾ ਸ਼ਹਿਰ 'ਚ ਔਖੀ ਘੜੀ 'ਚ ਖਾਣ ਪੀਣ ਵਾਲੀਆਂ ਵਸਤਾਂ ਨੂੰ ਕੰਟਰੋਲ ਰੇਟ ਤੇ ਹੀ ਵਿਕਰੀ ਕਰਦਿਆਂ ਕਾਲਾਬਜ਼ਾਰੀ ਤੋਂ ਬਚਣ ਦੀ ਪ੍ਰੇਰਨਾ ਕੀਤੀ। ਪ੍ਰੇਰਨਾ ਦੌਰਾਨ ਧਾਲੀਵਾਲ ਨੇ ਇਹ ਵੀ ਸਪੱਸ਼ਟ ਕੀਤਾ ਕਿ ਜਿਹੜਾ ਦੁਕਾਨਦਾਰ ਇਸ ਸੰਕਟ ਦੀ ਘੜੀ 'ਚ ਹੜ੍ਹ ਪ੍ਰਭਾਵਿਤ ਪਿੰਡਾਂ ਤੇ ਕਸਬਿਆਂ ਦੇ ਲੋਕਾਂ ਦੀ ਕਾਲਾਬਜ਼ਾਰੀ ਨਾਲ ਲੁੱਟ ਕਰਦਾ ਫੜਿਆ ਗਿਆ ਜਾਂ ਕਾਲਾਬਜ਼ਾਰੀ ਕਰਨ ਵਾਲੇ ਦੁਕਾਨਦਾਰ ਸੰਬੰਧੀ ਠੋਸ ਸੱਚੀ ਇਤਲਾਹ ਹਾਸਲ ਹੋਈ ਤਾਂ ਉਸ ਦੁਕਾਨਦਾਰ ਦੀ ਦੁਕਾਨ ਨੂੰ ਅਣਮਿਥੇ ਸਮੇਂ ਲਈ ਕਾਨੂੰਨੀ ਕਾਰਵਾਈ ਤਹਿਤ ਸੀਲ ਕਰਨ ਤੋਂ ਇਲਾਵਾ ਉਸ ਨੂੰ ਉਹ ਆਪਣੇ ਨਿੱਜੀ ਕੱਟੜ ਦੁਸ਼ਮਣਾਂ ਦੀ ਸੂਚੀ ਵਿੱਚ ਸ਼ਾਮਲ ਕਰ ਲੈਣਗੇ।ਹਲਕੇ ਤਹਿਤ ਪੈਂਦੇ ਹੋਰਨਾਂ ਪੇਂਡੂ ਤੇ ਕਸਬਿਆਂ ਦੇ ਅੱਡਿਆਂ ਦੇ ਦੁਕਾਨਦਾਰਾਂ ਨੂੰ ਵੀ ਕਾਲਾਬਜ਼ਾਰੀ ਤੋਂ ਤੌਬਾ ਕਰਨ ਦੀ ਸਲਾਹ ਦਿੱਤੀ । ਤਬਾਹੀ ਦੇ ਮੰਜ਼ਰ 'ਚ ਲੋਕਾਂ ਦੇ ਹੋ ਰਹੇ ਆਪਣੇ ਸਾਹਮਣੇ ਮਾਲੀ ਨੁਕਸਾਨ ਨੂੰ ਵੇਖ ਕੇ ਭਾਵਕ ਹੋ ਗਏ ਅਤੇ ਪੱਤਰਕਾਰਾਂ ਨੂੰ ਹਾਲਾਤ ਬਿਆਨ ਕਰਨ ਤੋਂ ਅਸਮਰੱਥ ਨਜ਼ਰ ਆਏ।ਉਪਰੰਤ ਗੱਲਬਾਤ ਦੌਰਾਨ ਵਿਧਾਇਕ ਤੇ ਸਾਬਕਾ ਮੰਤਰੀ ਧਾਲੀਵਾਲ ਨੇ ਕਿਹਾ ਕਿ ਭਾਵੇਂ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵਲੋਂ ਹੜ੍ਹ ਰੋਕੂ ਬਕਾਇਦਾ ਪ੍ਰਬੰਧ ਕੀਤੇ ਹੋਏ ਸਨ ਪਰ ਕੁਦਰਤ ਦੇ ਕਹਿਰ ਅੱਗੇ ਕਿਸੇ ਦਾ ਜ਼ੋਰ ਨਹੀਂ। ਉਨ੍ਹਾਂ ਕਿਹਾ ਕਿ ਜੇਕਰ ਸਾਬਕਾ ਕਾਂਗਰਸ ਤੇ ਅਕਾਲੀ ਭਾਜਪਾ ਸਰਕਾਰਾਂ ਵਲੋਂ ਆਪਣੇ 75 ਸਾਲਾ ਕਾਰਜਕਾਲ ਅਤੇ ਖਾਸ ਕਰਕੇ 1988 ਦੇ ਭਿੰਅਕਰ ਹੜਾਂ ਤੋਂ ਸਬਕ ਲੈਂਦਿਆਂ ਰਾਵੀ , ਸਤਿਲੁਜ, ਬਿਆਸ, ਆਦਿ ਦਰਿਆਵਾਂ ਨਦੀਆਂ, ਨਾਲਿਆਂ ਦੇ ਧੁੱਸੀ ਬੰਨ੍ਹ ਆਦਿ ਕੰਢਿਆਂ ਨੂੰ ਚੌੜਾ ਤੇ ਮਜ਼ਬੂਤ ਕਰਨ ਲਈ ਕੋਈ ਕਦਮ ਚੁੱਕੇ ਹੁੰਦੇ ਤਾਂ ਅੱਜ ਹਲਕਾ ਅਜਨਾਲਾ ਸਮੇਤ ਦਰਿਆਵਾਂ ਕੰਢੇ ਵੱਸਦੇ ਪੰਜਾਬ ਦੇ ਹੋਰਨਾਂ ਹਿੱਸਿਆਂ 'ਚ ਲੋਕਾਂ ਨੂੰ ਹੜਾਂ ਦੀ ਤਰਾਸਦੀ ਨਹੀਂ ਸੀ ਹੰਢਾਉਣੀ ਪੈਣੀ। ਧਾਲੀਵਾਲ ਨੇ ਆਮ ਆਦਮੀ ਪਾਰਟੀ ਸਮੇਤ ਸਮੂਹ ਵਿਰੋਧੀ ਧਿਰਾਂ ਨਾਲ ਜੁੜੇ ਕਾਰਕੁੰਨਾਂ ਤੇ ਲੋਕਾਂ ਨੂੰ ਸੌੜੀ ਰਾਜਨੀਤੀ ਤੋਂ ਉੱਪਰ ਉੱਠ ਕੇ ਹੜ੍ਹ ਪੀੜਤਾਂ ਦੀ ਮਦਦ ਕਰਨ ਲਈ ਬਿਨਾਂ ਦੇਰੀ ਅੱਗੇ ਆਉਣ ਦੀ ਸਨਿਮਰ ਅਪੀਲ ਕੀਤੀ। ਧਾਲੀਵਾਲ ਨੇ ਇਹ ਵੀ ਕਿਹਾ ਕਿ ਹੜ੍ਹ ਮਾਰੂ ਖੇਤਰਾਂ 'ਚੋਂ ਪਾਣੀ ਨਿਕਲ ਜਾਣ ਪਿੱਛੋਂ ਹੋਏ ਜਾਨੀ ਮਾਲੀ ਨੁਕਸਾਨ ਦਾ ਸਰਵੇ ਕਰਵਾ ਕੇ ਉਚਿਤ ਮੁਅਵਜ਼ਾ ਦੇਣ ਲਈ ਮਾਨ ਸਰਕਾਰ ਉਚਿਤ ਕਦਮ ਚੁੱਕੇ ਹੋਏ ਹਨ।



# ਈ ਸ਼੍ਰਮ ਕਾਰਡ ਧਾਰਕ ਮੁਫ਼ਤ ਕਣਕ ਲਈ ਹੋ ਰਹੇ ਪਰੇਸ਼ਾਨ : ਰੰਮੀ

**ਛੇਹਰਟਾ (ਮਨੋਜ ਕੁਮਾਰ)**- ਅੰਮ੍ਰਿਤਸਰ ਸ਼ਹਿਰ ਦੀ ਵਾਰਡ ਨੰਬਰ 80 ਦੇ ਕੌਂਸਲਰ ਰਮਨ ਕੁਮਾਰ ਰੰਮੀ ਨੇ ਕਿਹਾ ਹੈ ਕਿ ਈ ਸ਼੍ਰਮ ਕਾਰਡ ਧਾਰਕ, ਜਿਨ੍ਹਾਂ ਦੇ ਕਰੀਬ ਡੇਢ ਸਾਲ ਪਹਿਲਾਂ ਨੀਲੇ ਕਾਰਡ ਬਣਾਏ ਗਏ ਸਨ, ਨੂੰ ਸਰਕਾਰੀ ਰਾਸ਼ਨ ਡੀਪੂਆਂ ਉਪਰ ਮੁਫ਼ਤ ਕਣਕ ਦੀ ਸੁਵਿਧਾ ਨਹੀਂ ਮਿਲ ਰਹੀ। ਉਨ੍ਹਾਂ ਦੱਸਿਆ ਕਿ ਇਹ 9 ਤੋਂ 10 ਹਜ਼ਾਰ ਨੀਲੇ ਕਾਰਡ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਉਤੇ ਡਿਪਟੀ ਕਮਿਸ਼ਨਰ ਦਫ਼ਤਰ ਤੋਂ ਆਈਆਂ ਹਦਾਇਤਾਂ 'ਤੇ ਫੂਡ ਸਪਲਾਈ ਵਿਭਾਗ ਦੇ ਇੰਸਪੈਕਟਰਾਂ ਨਾਲ ਸੰਪਰਕ ਕਰਕੇ ਬਣਾਏ ਗਏ ਸਨ। ਉਨ੍ਹਾਂ ਕਿਹਾ ਕਿ ਇਹ ਨੀਲੇ ਕਾਰਡ ਆਨਲਾਈਨ ਬੋਲਦੇ ਹੋਣ ਦੇ ਬਾਵਜੂਦ ਈ ਸ਼੍ਰਮ ਕਾਰਡ ਧਾਰਕਾਂ ਨੂੰ ਰਾਸ਼ਨ ਡੀਪੂਆਂ 'ਤੇ ਮੁਫ਼ਤ ਕਣਕ ਨਹੀਂ ਮਿਲ ਰਹੀ। ਉਨ੍ਹਾਂ ਕਿਹਾ ਕਿ ਕਾਰਡ ਧਾਰਕ ਰਾਸ਼ਨ ਡੀਪੂਆਂ, ਫੂਡ ਸਪਲਾਈ ਵਿਭਾਗ ਤੇ ਵਿਧਾਇਕਾਂ ਦੇ ਦਫ਼ਤਰਾਂ ਦੇ ਚੱਕਰ ਕੱਟ ਰਹੇ ਹਨ ਪਰ ਉਨ੍ਹਾਂ ਦੀ ਕੋਈ ਸੁਣਵਾਈ ਨਹੀਂ ਹੋ ਰਹੀ। ਉਨ੍ਹਾਂ ਕਿਹਾ ਕਿ ਜੇਕਰ ਇਨ੍ਹਾਂ ਕਾਰਡ ਧਾਰਕਾਂ ਨੂੰ ਮੁਫ਼ਤ ਕਣਕ ਦੀ ਸੁਵਿਧਾ ਨਾ ਮਿਲੀ ਤਾਂ ਉਹ ਛੇਤੀ ਹੀ ਇਸ ਸਬੰਧੀ ਡੀ.ਸੀ ਅੰਮ੍ਰਿਤਸਰ ਨੂੰ ਮੰਗ ਪੱਤਰ ਦੇਣਗੇ ਤੇ ਡੀ ਐੱਫ.ਐਸ.ਓ ਨਾਲ ਵੀ ਸੰਪਰਕ ਕਰਨਗੇ। ਉਨ੍ਹਾਂ ਕਿਹਾ ਕਿ ਜੇਕਰ ਫਿਰ ਵੀ ਮਸਲਾ ਹੱਲ ਨਾ ਹੋਇਆ ਤਾਂ ਉਕਤ ਈ ਸ਼ਰਮ ਕਾਰਡ ਧਾਰਕਾਂ ਨੂੰ ਨਾਲ ਲੈ ਕੇ ਸੰਘਰਸ਼ ਸ਼ੁਰੂ ਕੀਤਾ ਜਾਵੇਗਾ।



# ਅਸ਼ਵਨੀ ਸ਼ਰਮਾ ਦੇ ਵੱਡੇ ਭਰਾ ਆਰ ਪੀ ਸ਼ਰਮਾ ਦਾ ਦੇਹਾਂਤ



**ਪਠਾਨਕੋਟ (ਦਵਿੰਦਰ ਸਿੰਘ)**- ਬਹੁਤ ਦੁਖੀ ਹਿਰਦੇ ਨਾਲ ਦੱਸਿਆ ਜਾ ਰਿਹਾ ਹੈ ਕਿ ਭਾਰਤੀ ਜਨਤਾ ਪਾਰਟੀ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਪਠਾਨਕੋਟ ਦੇ ਵਿਧਾਇਕ ਅਸ਼ਵਨੀ ਸ਼ਰਮਾ ਦੇ ਵੱਡੇ ਭਰਾ ਆਰ ਪੀ ਸ਼ਰਮਾ ਦਾ ਦੇਹਾਂਤ ਹੋ ਗਿਆ । ਉਹ ਪਿਛਲੇ ਕੁਝ ਸਮੇਂ ਤੋਂ ਬਿਮਾਰ ਸਨ ਅਤੇ ਪੀ ਜੀ ਆਈ ਵਿੱਚ ਜ਼ੇਰੇ ਇਲਾਜ ਸਨ । ਉਹਨਾਂ ਦਾ ਅੰਤਿਮ ਸੰਸਕਾਰ 29 ਅਗਸਤ (ਸ਼ੁੱਕਰਵਾਰ) ਨੂੰ ਪਠਾਨਕੋਟ ਦੇ ਸਿਵਲ ਹਸਪਤਾਲ ਨੇੜੇ ਸ਼ਮਸ਼ਾਨਘਾਟ ਵਿਖੇ ਸਵੇਰੇ 11 ਵਜੇ ਕੀਤਾ ਜਾਵੇਗਾ।

# ਬਲਜੀਤ ਸਿੰਘ ਬੀ ਪੀ ਓ (ਐਲੀ:) ਨੇ ਬਲਾਕ ਚੋਗਾਵਾਂ-1 ਦਾ ਕਾਰਜਭਾਰ ਸੰਭਾਲਿਆ

**ਵੇਰਕਾ (ਰਾਣਾ)**- ਬਲਜੀਤ ਸਿੰਘ ਨੇ ਬਤੌਰ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ (ਐਲੀ:) ਵਜੋਂ ਬਲਾਕ ਚੋਗਾਵਾਂ 1 ਦਾ ਅਹੁਦਾ ਸੰਭਾਲਿਆ। ਇਸ ਮੌਕੇ ਅਧਿਆਪਕਾਂ ਦੀ ਬਲਾਕ ਯੂਨੀਅਨ ਚੋਗਾਵਾਂ -1 ਵੱਲੋਂ ਬੀ.ਪੀ.ਓ ਸਾਹਿਬ ਨੂੰ ਜੀ ਆਇਆ ਆਖਦੇ ਹੋਏ, ਉਨ੍ਹਾਂ ਦਾ ਅਤੇ ਨਾਲ ਆਏ ਬੀ.ਪੀ.ਓ (ਐਲੀ:) ਦਿਲਬਾਗ ਸਿੰਘ ਬਲਾਕ ਅੰਮ੍ਰਿਤਸਰ-4 ਅਤੇ ਬੀ.ਪੀ.ਓ (ਐਲੀ:) ਯਸ਼ਪਾਲ ਬਲਾਕ ਅੰਮ੍ਰਿਤਸਰ-3 ਦਾ ਵੀ ਭਰਪੂਰ ਸਵਾਗਤ ਕੀਤਾ। ਇਸ ਦੌਰਾਨ ਅਧਿਆਪਕ ਯੂਨੀਅਨ ਦੇ ਬਲਾਕ ਯੂਨੀਅਨ ਦੇ ਬਲਾਕ ਪ੍ਰਧਾਨ ਤੇ ਸੀਨੀ: ਆਗੂ ਬਲਜੀਤ ਸਿੰਘ ਭੰਗਵਾਂ, ਅਵਤਾਰ ਸਿੰਘ, ਵਿਜੇ ਕੁਮਾਰ ਲੋਪੋਕੇ ਕਲੋਨੀ, ਅਜੇ ਦੇਵ ਸੀ.ਐਚ.ਟੀ ਲੋਪੋਕੇ, ਰਜੇਸ਼ ਕੁਮਾਰ ਓਡਰ, ਅਮਨਪ੍ਰੀਤ ਸਿੰਘ ਓਡਰ, ਸਰਬਜੀਤ ਸਿੰਘ, ਸੰਜੀਵ ਕੁਮਾਰ ਜੋਏਕੇ, ਪ੍ਰਭਜੀਤ ਸਿੰਘ ਜੋਏਕੇ, ਰਜਿੰਦਰ ਸਿੰਘ ਚੇਲੇਕੇ, ਅਵਤਾਰ ਸਿੰਘ ਚੇਲੇਕੇ, ਮਲਕੀਤ ਸਿੰਘ, ਰਜਨੀਸ਼ ਕੁਮਾਰ ਮਹਿਤਾ, ਰਜੀਵ ਕੁਮਾਰ ਠੁਕਰਾਲ, ਹਰਪ੍ਰੀਤ ਸਿੰਘ ਭਿੰਡੀ ਔਲਖ, ਰਣਜੀਤ ਸਿੰਘ ਪ੍ਰੀਤ ਨਗਰ, ਬਲਜੀਤ ਸਿੰਘ ਟਪਿਆਲਾ, ਰਵਿੰਦਰ ਕਾਹਲੋਂ, ਸਨੋਜ ਕੁਮਾਰ, ਗੁਰਮੇਜ ਸਿੰਘ ਬੁਰਜ ਕਲਾਂ, ਗੁਰਪ੍ਰਤਾਪ ਸਿੰਘ ਸ਼ਹੂਰਾ, ਦਿਲਰਾਜ ਸਿੰਘ ਲੇਲੀਆਂ, ਹਰਜਿੰਦਰ ਸਿੰਘ ਮੰਡਿਆਲਾ, ਹਰਪਾਲ ਸਿੰਘ ਮੋਹਲੇਕੀ, ਸਤਿੰਦਰ ਸਿੰਘ ਕੋਹਾਲਾ, ਧਰਮਿੰਦਰ ਸਿੰਘ, ਸੁਖਪ੍ਰੀਤ ਸਿੰਘ ਸੋੜੀਆਂ, ਗੁਰਸੇਵਕ ਸਿੰਘ ਲੋਧੀ ਗੁੱਜਰ, ਜਗਜੀਤ ਸਿੰਘ ਮੰਝ, ਮਨਦੀਪ ਸਿੰਘ ਕਲਰਕ, ਕਰਨ ਲੇਖਾਕਾਰ, ਮੈਡਮ ਸੁਖਦੀਪ ਕੌਰ, ਮੈਡਮ ਗੌਰਵ, ਮੈਡਮ ਕਰਮਜੀਤ ਕੌਰ, ਅਮਰੀਕ ਸਿੰਘ ਹਾਜ਼ਰ ਸਨ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਦਿਲਬਾਗ ਸਿੰਘ ਬੀਪੀਓ ਅੰਮ੍ਰਿਤਸਰ - 4 , ਯਸ਼ਪਾਲ ਬੀਪੀਓ ਅੰਮ੍ਰਿਤਸਰ - 3, ਸੈਂਟਰ ਹੈੱਡਟੀਚਰ ਗੁਰਿੰਦਰ ਸਿੰਘ ਨੇਸ਼ਟਾ ਅਤੇ ਜਸਬੀਰ ਸਿੰਘ ਸੇਵਾਮੁਕਤ ਮਾਸਟਰ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।



# ਅਜਨਾਲਾ ਹਲਕੇ 'ਚ ਜ਼ਿਲ੍ਹਾ ਪ੍ਰਸ਼ਾਸਨ ਨੇ ਸਥਾਪਤ ਕੀਤੇ ਰਾਹਤ ਕੈਂਪ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਰਾਵੀ ਦਰਿਆ ਵਿੱਚ ਲਗਾਤਾਰ ਪਾਣੀ ਦਾ ਪੱਧਰ ਵਧਣ ਕਰਕੇ ਅਜਨਾਲਾ ਹਲਕੇ ਵਿੱਚ ਕਈ ਪਿੰਡ ਹੜ੍ਹਾਂ ਦੀ ਮਾਰ ਹੇਠ ਆ ਗਏ ਹਨ। ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਦੀ ਅਗਵਾਈ ਹੇਠ ਸਮੁੱਚਾ ਜ਼ਿਲ੍ਹਾ ਪ੍ਰਸ਼ਾਸਨ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਦਿਨ ਰਾਤ ਇਕ ਕਰ ਰਿਹਾ ਹੈ। ਡਿਪਟੀ ਕਮਿਸ਼ਨਰ ਦੀਆਂ ਹਦਾਇਤਾਂ ਉੱਤੇ ਹੜ੍ਹ ਤੋਂ ਪੀੜਤ ਪਰਵਾਰਾਂ ਦੀ ਸਹਾਇਤਾ ਲਈ ਰਾਹਤ ਕੈਂਪ ਸਥਾਪਤ ਕੀਤੇ ਗਏ ਹਨ ਅਤੇ ਇਹਨਾਂ ਦਾ ਨੋਡਲ ਅਧਿਕਾਰੀ ਵਧੀਕ ਡਿਪਟੀ ਕਮਿਸ਼ਨਰ ਅਮਨਦੀਪ ਕੌਰ ਨੂੰ ਬਣਾਇਆ ਗਿਆ ਹੈ। ਵਧੀਕ ਡਿਪਟੀ ਕਮਿਸ਼ਨਰ ਅਮਨਦੀਪ ਕੌਰ ਨੇ ਦੱਸਿਆ ਕਿ ਹੜ੍ਹ ਪੀੜਤ ਪਰਵਾਰਾਂ ਲਈ ਰਾਹਤ ਕੈਂਪ ਦਾਣਾ ਮੰਡੀ ਅਜਨਾਲਾ, ਭਲਾ ਪਿੰਡ ਸ਼ੁਗਰ ਮਿੱਲ ਅਤੇ ਗੁਰਦੁਆਰਾ ਗੁਰੂ ਕਾ ਬਾਗ ਵਿਖੇ ਸਥਾਪਤ ਕੀਤੇ ਗਏ ਹਨ। ਉਹਨਾਂ ਦੱਸਿਆ ਕਿ ਇਸ ਤੋਂ ਇਲਾਵਾ ਪਸ਼ੂਆਂ ਲਈ ਦਾਣਾ ਮੰਡੀ ਅਜਨਾਲਾ ਵਿਖੇ ਵੀ ਇਕ ਵਿਸ਼ੇਸ਼ ਰਾਹਤ ਕੈਂਪ ਸਥਾਪਤ ਕੀਤਾ ਗਿਆ ਹੈ, ਜਿਥੇ ਪਸ਼ੂਆਂ ਦੇ ਚਾਰੇ ਦੇ ਪ੍ਰਬੰਧ ਤੋਂ ਇਲਾਵਾ ਵੈਟਨਰੀ ਡਾਕਟਰਾਂ ਦੀਆਂ ਡਿਊਟੀਆਂ ਵੀ ਲਗਾਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਲੋੜਵੰਦ ਵਿਅਕਤੀ ਰਾਹਤ ਕੰਮ ਦਾਣਾ ਮੰਡੀ ਅਜਨਾਲਾ ਦੇ ਹੈਲਪਲਾਈਨ ਨੰਬਰ 8437453157, ਰਾਹਤ ਕੈਂਪ ਭਲਾ ਪਿੰਡ ਸ਼ੂਗਰ ਮਿੱਲ ਦੇ ਹੈਲਪ ਲਾਈਨ ਨੰਬਰ 7508043152 ਅਤੇ ਰਾਹਤ ਕੈਂਪ ਗੁਰਦੁਆਰਾ ਗੁਰੂ ਕਾ ਬਾਗ ਦੇ ਹੈਲਪ ਲਾਈਨ ਨੰਬਰ 8264265504 'ਤੇ ਕਿਸੇ ਵੀ ਮਦਦ ਲਈ ਸੰਪਰਕ ਸਥਾਪਤ ਕਰ ਸਕਦੇ ਹਨ। ਵਧੀਕ ਡਿਪਟੀ ਕਮਿਸ਼ਨਰ ਨੇ ਹੜ੍ਹ ਪੀੜਤ ਪਰਵਾਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਇਨ੍ਹਾਂ ਰਾਹਤ ਕੈਂਪਾਂ ਵਿੱਚ ਸ਼ਰਨ ਲੈ ਸਕਦੇ ਹਨ ਅਤੇ ਇਨ੍ਹਾਂ ਵਾਸਤੇ ਰੋਟੀ ਪਾਣੀ ਦੀ ਪੂਰੀ ਵਿਵਸਥਾ ਕੀਤੀ ਗਈ ਹੈ। ਇਸ ਤੋਂ ਇਲਾਵਾ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜ਼ਿਲ੍ਹਾ ਪੱਧਰ 'ਤੇ ਹੈਲਪਲਾਈਨ ਨੰਬਰ 0183-2229125 ਅਤੇ ਅਜਨਾਲਾ ਵਿਖੇ ਹੈਲਪਲਾਈਨ ਨੰਬਰ 01858-245510 'ਤੇ ਵੀ ਸੰਪਰਕ ਸਥਾਪਤ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਅਣਸੁਖਾਵੀਂ ਸਥਿਤੀ ਵਿੱਚ ਇਨ੍ਹਾਂ ਹੈਲਪਲਾਈਨ ਨੰਬਰਾਂ 'ਤੇ ਸੰਪਰਕ ਕੀਤਾ ਜਾਵੇ ਤਾਂ ਜੋ ਪ੍ਰਸਾਸ਼ਨ ਉਨ੍ਹਾਂ ਦੀ ਹਰ ਸੰਭਵ ਮਦਦ ਕਰ ਸਕੇ।



# ਮਨਰੇਗਾ ਵਰਕਰਾਂ ਨੇ ਕੇਂਦਰ ਤੇ ਪੰਜਾਬ ਸਰਕਾਰ ਦਾ ਪੁਤਲਾ ਸਾੜਿਆ

**ਝਬਾਲ (ਮੱਖਣ ਮਨੋਜ)**- ਮਨਰੇਗਾ ਵਰਕਰ ਯੂਨੀਅਨ ਪੰਜਾਬ ਵੱਲੋਂ ਮਨਰੇਗਾ ਦਾ ਕੰਮ ਬੰਦ ਕਰਨ ਵਿਰੁੱਧ ਕੇਂਦਰ ਅਤੇ ਪੰਜਾਬ ਸਰਕਾਰ ਦਾ ਪੁਤਲਾ ਗੰਡੀਵਿੰਡ ਬਲਾਕ ਸਾਹਮਣੇ ਸਾੜਿਆ ਗਿਆ। ਜਿਸ ਦੀ ਅਗਵਾਈ ਜਰਨੈਲ ਸਿੰਘ ਰਸੂਲਪੁਰ, ਬਗੀਚਾ ਸਿੰਘ ਗੰਡੀਵਿੰਡ, ਸੁਖਰਾਜ ਸਿੰਘ ਨਛਹਿਰਾ ਢਾਲਾ ਨੇ ਕੀਤੀ। ਇਸ ਮੌਕੇ ਮਨਰੇਗਾ ਵਰਕਰਜ਼ ਯੂਨੀਅਨ ਦੇ ਆਗੂ ਜਰਨੈਲ ਸਿੰਘ ਰਸੂਲਪੁਰ ਨੇ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਮਨਰੇਗਾ ਸਕੀਮ ਨੂੰ ਬੰਦ ਕਰਨ 'ਤੇ ਤੁਲੀ ਹੋਈ ਹੈ।ਮਨਰੇਗਾ ਵਰਕਰਾਂ ਨੂੰ ਕੰਮ ਨਹੀਂ ਦਿੱਤਾ ਜਾ ਰਿਹਾ ਅਤੇ ਨਾ ਹੀ ਸਮੇਂ ਸਿਰ ਮਿਹਨਤਾਨਾ ਦਿੱਤਾ ਜਾ ਰਿਹਾ। ਉਹਨਾਂ ਭਗਵੰਤ ਮਾਨ ਸਰਕਾਰ ਦੀ ਨਿਖੇਧੀ ਕਰਦਿਆਂ ਕਿਹਾ ਕਿ ਮਨਰੇਗਾ ਵਰਕਰਾਂ ਦਾ ਕੰਮ ਬੰਦ ਕੀਤਾ ਹੋਇਆ ਹੈ ਅਤੇ ਮਨਰੇਗਾ ਕੰਮ ਨੂੰ ਪਾਰਦਰਸ਼ੀ ਢੰਗ ਨਾਲ ਨਹੀਂ ਚੱਲਣ ਦਿੱਤਾ ਜਾ ਰਿਹਾ। ਉਹਨਾਂ ਮੰਗ ਕਰਦਿਆਂ ਕਿਹਾ ਕਿ ਜੌਬ ਕਾਰਡ ਬਿਨਾਂ ਭੇਦਭਾਵ ਬਣਾਏ ਜਾਣ, ਸਾਰੇ ਪਰਵਾਰ ਨੂੰ ਸਾਰਾ ਸਾਲ ਕੰਮ ਦਿੱਤਾ ਜਾਵੇ ਅਤੇ ਮਿਹਨਤਾਨਾ ਘੱਟੋ ਘੱਟ 700 ਰੁਪਏ ਪ੍ਰਤੀ ਦਿਨ ਦਿੱਤਾ ਜਾਵੇ।ਕੰਮ ਦੌਰਾਨ ਮੈਡੀਕਲ ਕਿੱਟ ਮੁਹਈਆ ਕੀਤੀ ਜਾਵੇ, ਮਨਰੇਗਾ ਕਾਮਿਆਂ ਦਾ ਫਰੀ ਬੀਮਾ 20 ਲੱਖ ਰੁਪਏ ਦਾ ਕੀਤਾ ਜਾਵੇ ਅਤੇ ਵਰਤੋਂ ਦਾ ਸਾਰਾ ਸਮਾਨ ਮੁਹਈਆ ਕਰਾਇਆ ਜਾਵੇ। ਪੰਡੋਰੀ ਨੇ ਹੜ੍ਹ ਪ੍ਰਭਾਵਿਤ ਲੋਕਾਂ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਿਹਾ ਕਿ ਸਰਕਾਰ ਦੁੱਖ ਦੀ ਘੜੀ ਵਿੱਚ ਉਹਨਾਂ ਦੀ ਸਾਰ ਲਵੇ ਅਤੇ ਕੇਂਦਰ ਸਰਕਾਰ ਹੜ੍ਹ ਪੀੜਤਾਂ ਨੂੰ ਸਪੈਸ਼ਲ ਪੈਕੇਜ ਦੇਣ ਦਾ ਐਲਾਨ ਕਰੇ। ਹੜ੍ਹ ਪ੍ਰਭਾਵਿਤ ਪਿੰਡਾਂ ਦੇ ਲੋਕਾਂ ਲਈ ਡੰਗਰਾਂ ਦੇ ਚਾਰੇ ਦਾ ਪ੍ਰਬੰਧ, ਦਵਾਈਆਂ ਅਤੇ ਹੋਰ ਸਮੱਗਰੀ ਤੁਰੰਤ ਮੁਹਈਆ ਕਰਾਈ ਜਾਵੇ। ਇਸ ਮੌਕੇ ਕਸ਼ਮੀਰ ਸਿੰਘ ਗੰਡੀਵਿੰਡ, ਕਰਮਵੀਰ ਸਿੰਘ ਗੰਡੀਵਿੰਡ, ਬੀਰੋ ਚੀਮਾ ਖੁਰਦ, ਸੁਮਨਪ੍ਰੀਤ ਚੀਮਾ ਖੁਰਦ, ਮਨਪ੍ਰੀਤ ਕੌਰ ਚੀਮਾ, ਰਾਜ ਕੌਰ ਚੀਮਾ, ਤੀਰਥ ਸਿੰਘ ਗੰਦੀਵਿੰਡ, ਸੋਨੂ ਰਸੂਲਪੁਰ, ਕੰਵਲ ਸੋਹਲ, ਬਲਵਿੰਦਰ ਸੋਹਲ ਆਦਿ ਹਾਜ਼ਰ ਸਨ।



ਨਵਾਂ ਜ਼ਮਾਨਾ
ਸ਼ੁੱਕਰਵਾਰ, 29 ਅਗਸਤ 2025

# ਸੰਘ ਦਾ ਦਾਅਵਾ ਤੇ ਹਕੀਕਤ

*ਰਾਸ਼ਟਰੀ ਸੋਇਮ ਸੇਵਕ ਸੰਘ (ਆਰ ਐੱਸ ਐੱਸ) ਦੇ ਮੁਖੀ ਮੋਹਨ ਭਾਗਵਤ ਨੇ 26 ਅਗਸਤ ਨੂੰ ਦਿੱਲੀ ਵਿੱਚ ਇੱਕ ਪ੍ਰੋਗਰਾਮ ਦੌਰਾਨ ਕਿਹਾ ਕਿ ਸੰਘ ਦੀ ਹਿੰਦੂ ਰਾਸ਼ਟਰ ਦੀ ਧਾਰਨਾ ਸਮਾਵੇਸ਼ੀ ਤੇ ਸਮਾਨਤਾਵਾਦੀ ਹੈ। ਸੰਘ ਕਿਸੇ ਨੂੰ ਧਾਰਮਕ ਆਧਾਰ 'ਤੇ ਪਰਾਇਆ ਨਹੀਂ ਮੰਨਦਾ। ਭਾਗਵਤ ਨੇ ਇਹ ਸਫਾਈ ਸੰਘ ਦੀ ਵਿਚਾਰਧਾਰਾ 'ਤੇ ਆਪੋਜ਼ੀਸ਼ਨ ਦੇ ਵਧਦੇ ਹਮਲਿਆਂ ਦਰਮਿਆਨ ਦਿੱਤੀ ਹੈ, ਪਰ ਇਸ ਸਫਾਈ ਨੇ ਵੀ ਕਈ ਸਵਾਲ ਖੜ੍ਹੇ ਕਰ ਦਿੱਤੇ ਹਨ। ਜੇ ਹਿੰਦੂ ਰਾਸ਼ਟਰ ਵਾਸਤਵ ਵਿੱਚ ਸਮਾਵੇਸ਼ੀ ਹੈ ਤਾਂ ਘੱਟ ਗਿਣਤੀਆਂ, ਖਾਸਕਰ ਮੁਸਲਮਾਨਾਂ ਤੇ ਈਸਾਈਆਂ 'ਤੇ ਹੋਣ ਵਾਲੇ ਅੱਤਿਆਚਾਰਾਂ ਖਿਲਾਫ ਸੰਘ ਦੀ ਚੁੱਪੀ ਕਿਉਂ ਬਣੀ ਰਹਿੰਦੀ ਹੈ? ਇੱਕ ਦਹਾਕੇ ਤੋਂ ਲਿੰਚਿੰਗ ਦੀਆਂ ਘਟਨਾਵਾਂ, ਮਸਜਿਦਾਂ 'ਤੇ ਹਮਲੇ ਤੇ ਧਾਰਮਕ ਆਧਾਰ 'ਤੇ ਹਿੰਸਾ ਦੀਆਂ ਤਸਵੀਰਾਂ ਭਾਰਤ ਦੀ ਪਛਾਣ ਬਣਦੀਆਂ ਜਾ ਰਹੀਆਂ ਹਨ, ਕੀ ਸੰਘ ਨੇ ਇਸ ਦਾ ਸਰਗਰਮੀ ਨਾਲ ਵਿਰੋਧ ਕੀਤਾ? 31 ਜੁਲਾਈ ਨੂੰ ਜੈਪੁਰ-ਮੁੰਬਈ ਸੈਂਟਰਲ ਸੁਪਰਫਾਸਟ ਐੱਕਸਪ੍ਰੈੱਸ ਵਿੱਚ ਇੱਕ ਆਰ ਪੀ ਐੱਫ ਜਵਾਨ ਨੇ ਤਿੰਨ ਮੁਸਲਿਮ ਯਾਤਰੀਆਂ ਨੂੰ ਗੋਲੀਆਂ ਮਾਰ ਕੇ ਮਾਰ ਦਿੱਤਾ, ਸਿਰਫ ਇਸ ਲਈ ਕਿ ਉਨ੍ਹਾਂ ਦੇ ਦਾੜ੍ਹੀ ਸੀ। ਸੰਘ ਨੇ ਇਸ ਦੀ ਨਿੰਦਾ ਨਹੀਂ ਕੀਤੀ ਤੇ ਪੀੜਤਾਂ ਨਾਲ ਹਮਦਰਦੀ ਨਹੀਂ ਪ੍ਰਗਟਾਈ। ਜੇ ਹਿੰਦੂ ਰਾਸ਼ਟਰ ਵਿੱਚ ਕੋਈ ਪਰਾਇਆ ਨਹੀਂ ਤਾਂ ਇਨ੍ਹਾਂ ਬੇਗੁਨਾਹਾਂ ਦੇ ਪਰਵਾਰਾਂ ਦੇ ਹੰਝੂ ਪੂੰਝਣ ਲਈ ਸੰਘ ਨੇ ਕੀ ਕੀਤਾ।*

*ਸੰਘ ਦੀ ਸਥਾਪਨਾ 1925 ਵਿੱਚ ਹੋਈ ਸੀ ਤੇ ਸੁਤੰਤਰਤਾ ਸੰਗਰਾਮ ਦੌਰਾਨ ਇਸ ਨੇ ਬਸਤੀਵਾਦ ਵਿਰੁੱਧ ਸੰਘਰਸ਼ ਤੋਂ ਦੂਰੀ ਬਣਾਈ ਰੱਖੀ। ਇਹ ਅੰਗਰੇਜ਼ਾਂ ਦੇ ਖੇਮੇ ਵਿੱਚ ਖੜ੍ਹਾ ਦਿਖਾਈ ਦਿੱਤਾ। ਸੁਤੰਤਰਤਾ ਦੇ ਬਾਅਦ ਇਸ ਨੇ ਸੰਵਿਧਾਨ, ਤਿਰੰਗੇ ਤੇ ਸੰਸਦ ਦਾ ਖੁੱਲ੍ਹ ਕੇ ਵਿਰੋਧ ਕੀਤਾ। ਸੰਵਿਧਾਨ ਸਵੀਕਾਰ ਕੀਤੇ ਜਾਣ ਦੇ ਚਾਰ ਦਿਨ ਬਾਅਦ 30 ਨਵੰਬਰ 1949 ਨੂੰ ਸੰਘ ਦੇ ਮੁੱਖ ਪੱਤਰ 'ਆਰਗੇਨਾਈਜ਼ਰ' ਵਿੱਚ ਲਿਖਿਆ ਗਿਆ ਕਿ ਸੰਵਿਧਾਨ ਵਿੱਚ ਪ੍ਰਾਚੀਨ ਭਾਰਤ ਦੇ ਸੰਵਿਧਾਨਕ ਵਿਕਾਸ, ਖਾਸਕਰ ਮਨੂੰ ਸਿਮਰਤੀ ਦਾ ਕੋਈ ਜ਼ਿਕਰ ਨਹੀਂ। ਮਨੂੰ ਸਿਮਰਤੀ ਨੂੰ ਡਾ. ਬੀ ਆਰ ਅੰਬੇਡਕਰ ਨੇ 1927 ਵਿੱਚ ਸਰਵਜਨਕ ਤੌਰ 'ਤੇ ਸਾੜਿਆ ਸੀ, ਕਿਉਂਕਿ ਇਹ ਸ਼ੂਦਰਾਂ ਤੇ ਮਹਿਲਾਵਾਂ ਦੀ ਗੁਲਾਮੀ ਨੂੰ ਜਾਇਜ਼ ਠਹਿਰਾਉਂਦੀ ਸੀ, ਜਦਕਿ ਸੰਘ ਨੂੰ ਪਿਆਰੀ ਸੀ। ਸੰਘ ਦੇ ਸਾਬਕਾ ਸੋਇਮ ਸੇਵਕ ਨਾਥੂਰਾਮ ਗੌਡਸੇ ਵੱਲੋਂ ਮਹਾਤਮਾ ਗਾਂਧੀ ਦੀ ਹੱਤਿਆ ਤੋਂ ਬਾਅਦ ਸਰਦਾਰ ਪਟੇਲ ਨੇ ਕਿਹਾ ਸੀ ਕਿ ਗਾਂਧੀ ਹੱਤਿਆ ਸੰਘ ਵੱਲੋਂ ਬਣਾਏ ਗਏ ਜ਼ਹਿਰੀਲੇ ਮਾਹੌਲ ਦਾ ਨਤੀਜਾ ਸੀ।*

*ਮੋਹਨ ਭਾਗਵਤ ਸੰਘ ਦੇ ਸਮਾਨਤਾਵਾਦੀ ਹੋਣ ਦੀ ਗੱਲ ਵੀ ਕਹਿ ਰਹੇ ਹਨ, ਪਰ 1950 ਵਿੱਚ ਜਦੋਂ ਅੰਬੇਡਕਰ ਨੇ ਹਿੰਦੂ ਕੋਡ ਬਿੱਲ ਰਾਹੀਂ ਮਹਿਲਾਵਾਂ ਨੂੰ ਤਲਾਕ, ਸੰਪਤੀ ਤੇ ਵਿਆਹ ਦੇ ਮਾਮਲੇ ਵਿੱਚ ਬਰਾਬਰ ਹੱਕ ਦੇਣ ਦੀ ਕੋਸ਼ਿਸ਼ ਕੀਤੀ ਤਾਂ ਸੰਘ ਨੇ ਜ਼ੋਰਦਾਰ ਵਿਰੋਧ ਕੀਤਾ। ਉਸ ਨੇ ਬਿੱਲ ਨੂੰ 'ਹਿੰਦੂ ਸਮਾਜ ਉੱਤੇ ਐਟਮ ਬੰਬ' ਕਰਾਰ ਦਿੱਤਾ। ਇਹ ਵਿਰੋਧ ਉਸ ਮਨੂੰਵਾਦੀ ਸੋਚ ਨੂੰ ਦਰਸਾਉਂਦਾ ਹੈ, ਜਿਹੜੀ ਸਮਾਜੀ ਬਰਾਬਰੀ ਤੇ ਨਿਆਂ ਦੇ ਖਿਲਾਫ ਸੀ। ਡਾ. ਅੰਬੇਡਕਰ ਨੇ ਕਿਹਾ ਸੀ ਕਿ ਜੇ ਹਿੰਦੂ ਰਾਜ ਕਾਇਮ ਹੋ ਜਾਂਦਾ ਹੈ ਤਾਂ ਇਹ ਦੇਸ਼ ਲਈ ਸਭ ਤੋਂ ਮਾੜਾ ਹੋਵੇਗਾ। ਇਸ ਨੂੰ ਹਰ ਕੀਮਤ 'ਤੇ ਰੋਕਿਆ ਜਾਣਾ ਚਾਹੀਦਾ ਹੈ। ਸੰਘ ਦੇ ਹਿੰਦੂ ਰਾਸ਼ਟਰ ਦਾ ਦਾਅਵਾ, ਜੋ ਮਨੂੰਸਿਮਰਤੀ ਤੇ ਸਾਵਰਕਰ ਦੇ ਵਿਚਾਰਾਂ ਤੋਂ ਪ੍ਰੇਰਤ ਹੈ, ਭਾਰਤੀ ਸੰਵਿਧਾਨ ਦੀਆਂ ਸਮਾਵੇਸ਼ੀ ਤੇ ਧਰਮ ਨਿਰਪੱਖ ਕਦਰਾਂ-ਕੀਮਤਾਂ ਨਾਲ ਟਕਰਾਅ ਵਿੱਚ ਦਿਸਦਾ ਹੈ। ਭਾਗਵਤ ਦੇ ਸਮਾਵੇਸ਼ੀ ਬਿਆਨ ਦੇ ਬਾਵਜੂਦ ਸੰਘ ਦਾ ਇਤਿਹਾਸ ਤੇ ਵਰਤਮਾਨ ਕਾਰਜ-ਪ੍ਰਣਾਲੀ ਇਸ ਦਾਅਵੇ ਨੂੰ ਸ਼ੱਕੀ ਬਣਾਉਂਦੀ ਹੈ। ਭਾਰਤ ਦਾ ਭਵਿੱਖ ਤਾਂ ਹੀ ਸੁਰੱਖਿਅਤ ਰਹੇਗਾ, ਜਦੋਂ ਤੱਕ ਸੰਵਿਧਾਨ ਤੇ ਉਸ ਦੀ ਆਤਮਾ— ਸਮਾਨਤਾ, ਨਿਆਂ ਤੇ ਵਿਵਿਧਤਾ ਨੂੰ ਸਲਾਮਤ ਰੱਖਿਆ ਜਾਵੇਗਾ।*

## ਕਾਠ ਦੀ ਲੱਤ ਵਰਗੇ !

ਸਭ ਦੇ ਬਾਹਰ ਤੋਂ ਫਿੱਟ ਸਰੀਰ ਲਗਦੇ,
ਪਰ ਮਨ ਹਨ ਚੋਂਦੀ ਹੋਈ ਛੱਤ ਵਰਗੇ।
ਇੱਕ-ਦੂਜੇ ਨੂੰ ਵੰਡਦੇ ਅਕਲ ਫਿਰਦੇ,
ਰਿਸ਼ਤੇ ਸਾਰੇ ਨੇ ਖਿੜਕ ਗਈ ਮੱਤ ਵਰਗੇ।
ਬੀਜ ਫੁੱਟਦੇ ਸੀ ਕੇਲਿਆਂ ਵਾਂਗ ਜਿੱਥੇ,
ਖੇਤ ਰਹੇ ਨ੍ਹੀਂ ਆਈ ਹੋਈ ਵੱਤ ਵਰਗੇ।
ਢਾਈ ਅੱਖਰੀ ਪ੍ਰੇਮ ਕਫੂਰ ਹੋਇਆ,
ਸੰਗਲ ਟੁੱਟ ਗਏ ਨੇ ਕੁੜਮੱਤ ਵਰਗੇ।
ਆਪੋ ਆਪਣੇ ਤੇਜ਼ ਦਿਮਾਗ 'ਤੇ,
ਪਰਦੇ ਪਾਏ ਨੇ ਭੇਡਾਂ ਦੀ ਜੱਤ ਵਰਗੇ।
ਚੂੰਢੀ ਵੱਢੀ ਦਾ ਕੋਈ ਨ੍ਹੀਂ ਅਸਰ ਹੁੰਦਾ,
ਲੋਕ ਬਣ ਗਏ ਕਾਠ ਦੀ ਲੱਤ ਵਰਗੇ!

-ਹਰਜਿੰਦਰ ਸਿੰਘ ਗੁਲਪੁਰ

# ਸੰਘਰਸ਼ ਤੇ ਮਨੁੱਖ ਦਾ ਜੀਵਨ ਚੱਕਰ



ਗੁਰਚਰਨ ਸਿੰਘ ਨੂਰਪੁਰ

ਯੂਨਾਨ ਦੀਆਂ ਪੌਰਾਣਿਕ ਮਿਥਿਹਾਸਕ ਕਥਾਵਾਂ ਵਿੱਚ ਸਿਸੀਫਸ ਨਾਂਅ ਦੇ ਪਾਤਰ ਦੀ ਇੱਕ ਕਥਾ ਹੈ। ਇਸ ਕਥਾ ਵਿੱਚ ਸਿਸੀਫਸ ਦੀ ਛੱਲ-ਕਪਟ ਕਰਨ ਦੀ ਮਨੋਬਿਰਤੀ ਕਾਰਨ ਦੇਵਤਿਆਂ ਨੇ ਉਸ ਨੂੰ ਦੇਵ-ਲੋਕ ਵਿੱਚੋਂ ਕੱਢ ਦਿੱਤਾ ਅਤੇ ਇਸ ਨੂੰ ਇੱਕ ਬੜੀ ਅਜੀਬ ਸਜ਼ਾ ਦਿੱਤੀ। ਇਸ ਸਜ਼ਾ ਵਿੱਚ ਸਿਸੀਫਸ ਬੜੀ ਮੁਸ਼ੱਕਤ ਨਾਲ ਖੂਨ-ਪਸੀਨਾ ਇੱਕ ਕਰਕੇ ਇੱਕ ਭਾਰੀ ਪੱਥਰ ਨੂੰ ਸਾਰਾ ਦਿਨ ਰੇੜ੍ਹ ਕੇ ਸ਼ਾਮ ਤੱਕ ਇੱਕ ਪਹਾੜੀ ਦੇ ਸਿਖਰ ਤੱਕ ਲੈ ਕੇ ਜਾਂਦਾ ਹੈ, ਜਿਉਂ ਹੀ ਪੱਥਰ ਪਹਾੜੀ ਦੇ ਸਿਖਰ ਤੱਕ ਪਹੁੰਚਦਾ ਤਾਂ ਪੱਥਰ ਬੇਕਾਬੂ ਹੋ ਕੇ ਫਿਰ ਹੇਠ ਰਿੜ੍ਹ ਜਾਂਦਾ। ਹਰ ਦਿਨ, ਹਰ ਵਾਰ ਸਿਸੀਫਸ ਭਾਰੀ ਪੱਥਰ ਨੂੰ ਸਾਰਾ ਤਾਣ ਲਾ ਕੇ ਸਿਖਰ ਤੱਕ ਲੈ ਜਾਣ ਦੀ ਕੋਸ਼ਿਸ਼ ਕਰਦਾ ਹੈ, ਪਰ ਹਰ ਵਾਰ ਪੱਥਰ ਸਿਖਰ 'ਤੇ ਜਾ ਕੇ ਹੇਠਾਂ ਵੱਲ ਖਿਸਕ ਆਉਂਦਾ। ਕਥਾ ਅਨੁਸਾਰ ਉਹਦੀ ਇਸ ਸਜ਼ਾ ਦਾ ਸਿਲਸਿਲਾ ਅਨੰਤਕਾਲ ਸਦੀਆਂ ਤੱਕ ਚਲਦਾ ਹੈ।

ਵਿਦਵਾਨ ਆਖਦੇ ਹਨ ਕਿ ਇਹ ਕਥਾ ਕਿਸੇ ਸਿਸੀਫਸ ਰਾਜੇ ਦੀ ਕਥਾ ਨਹੀਂ, ਹਕੀਕਤ ਵਿੱਚ ਇਹ ਕਹਾਣੀ ਹਰ ਮਨੁੱਖ ਦੀ ਕਹਾਣੀ ਹੈ। ਮਨੁੱਖੀ ਜੀਵਨ ਦੇ ਸੰਘਰਸ਼ ਦੀ ਕਹਾਣੀ ਹੈ। ਸਾਡੀ ਹਰੇਕ ਦੀ ਇਹੋ ਕਹਾਣੀ ਹੈ। ਜੀਵਨ ਭਰ ਮਨੁੱਖ ਆਪਣੀਆਂ ਜ਼ਿੰਮੇਵਾਰੀਆਂ ਤੇ ਫਰਜ਼ਾਂ ਦੇ ਪੱਥਰ ਨੂੰ ਰੇੜ੍ਹਦਾ ਹੈ, ਰਸਤੇ ਵਿੱਚ ਅਨੇਕਾਂ ਚੁਣੌਤੀਆਂ, ਮੁਸ਼ਕਲਾਂ, ਪ੍ਰੇਸ਼ਾਨੀਆਂ ਅਤੇ ਦੁੱਖਾਂ-ਕਸ਼ਟਾਂ ਨਾਲ ਬੰਦੇ ਦਾ ਵਾਹ ਪੈਂਦਾ ਹੈ। ਜਿਉਂ ਹੀ ਮਨੁੱਖ ਆਪਣੇ ਜੀਵਨ ਦੇ ਪੱਥਰ ਨੂੰ ਸਿਖਰ ਵੱਲ ਲੈ ਕੇ ਜਾਣ ਦੀ ਕੋਸ਼ਿਸ਼ ਕਰਦਾ ਹੈ ਤਾਂ ਲੱਗਦਾ ਹੈ ਸਮਾਂ, ਦੌਲਤ, ਸਿਹਤ ਤੇ ਤਜਰਬਾ ਸਭ ਕੁਝ ਹੱਥਾਂ ਵਿੱਚੋਂ ਨਿਕਲ ਗਿਆ।

ਦੁਨੀਆ ਦੇ ਪ੍ਰਸਿੱਧ ਵਿਦਵਾਨ ਫਿਲਾਸਫਰ ਅਲਬਰਟ ਕਾਮੂ ਨੇ ਇਸ ਕਹਾਣੀ 'ਤੇ ਅਧਾਰਿਤ ਆਪਣੀ ਇੱਕ ਕਿਤਾਬ 'ਦਾ ਮਿੱਥ ਆਫ ਸਿਸੀਫਸ' ਲਿਖੀ। ਇਸ ਕਿਤਾਬ ਵਿੱਚ ਉਸ ਨੇ ਮਨੁੱਖ ਨੂੰ ਬੜੇ ਮਹੱਤਵਪੂਰਨ, ਵਿਚਾਰਾਂ, ਸਵਾਲਾਂ ਦੇ ਰੂਬਰੂ ਕੀਤਾ। ਉਹ ਲਿਖਦਾ ਹੈ ਇਸ ਪੌਰਾਣਕ ਕਥਾ ਦੇ ਮੁੱਖ ਪਾਤਰ ਸਿਸੀਫਸ ਦਾ ਸਵੈਮਾਣ ਇਸੇ ਵਿੱਚ ਹੈ ਕਿ ਉਹ ਆਪਣੇ ਜੀਵਨ ਦੀ ਚੁਣੌਤੀ ਨੂੰ ਕਿਵੇਂ ਵੱਡੇ ਜੇਰੇ ਨਾਲ ਸਵੀਕਾਰ ਕਰਦਾ ਹੈ।

ਆਦਿ-ਜੁਗਾਦ ਤੋਂ ਇਸ ਧਰਤੀ 'ਤੇ ਜੀਵਨ ਚੱਕਰ ਚੱਲਦਾ ਆਇਆ ਹੈ ਅਤੇ ਚੱਲ ਰਿਹਾ ਹੈ। ਧਰਤੀ 'ਤੇ ਜੀਵਾਂ ਦੇ ਪੈਦਾ ਹੋਣ ਤੇ ਬਿਨਸ ਜਾਣ ਦੀ ਪਰਿਕਿਰਿਆ ਵਿੱਚ ਅਸੀਂ ਸਾਰੇ ਇਸ ਦੁਨੀਆ ਦੇ ਇਸ ਕਾਫਲੇ ਦਾ ਕੁਝ ਸਮੇਂ ਲਈ ਹਿੱਸਾ ਬਣੇ ਹਾਂ। ਜੀਵਨ ਦੇ ਚੱਲ ਰਹੇ ਵਹਾਅ ਦੇ ਸਾਥੀ ਬਣੇ ਹਾਂ। ਇੱਕ ਨਿਸਚਿਤ ਸਮੇਂ ਮਗਰੋਂ ਅਸੀਂ ਸਭ ਨੇ ਇਸ ਕਾਫਲੇ ਨੂੰ ਸਦਾ ਲਈ ਅਲਵਿਦਾ ਆਖ ਜਾਣੀ ਹੈ। ਜੀਵਨ ਦਾ ਪ੍ਰਵਾਹ ਸਾਡੇ ਜਾਣ ਮਗਰੋਂ ਵੀ ਇਸੇ ਤਰਾਂ ਚਲਦਾ ਰਹੇਗਾ। ਇਹੋ ਹੀ ਦੁਨੀਆ ਦੇ ਸਾਰੇ ਮਨੁੱਖਾਂ ਦੀ ਜ਼ਿੰਦਗੀ ਦਾ ਸੱਚ ਹੈ। ਦੁਨੀਆ ਦੇ ਗ੍ਰੰਥ, ਸ਼ਾਸਤਰ ਵੀ ਇਸੇ ਗੱਲ 'ਤੇ ਜ਼ੋਰ ਦਿੰਦੇ ਹਨ ਕਿ ਸਾਡਾ ਇੱਥੇ ਰਹਿਣਾ ਇੱਕ ਸਮੇਂ ਲਈ ਹੈ ਅਤੇ ਇਸ ਸਮੇਂ ਦੇ ਮਹੱਤਵ ਨੂੰ ਸਾਨੂੰ ਜਾਣਨਾ, ਸਮਝਣਾ ਚਾਹੀਦਾ ਹੈ। ਮਨੁੱਖ ਨੂੰ ਜੀਵਨ ਨੂੰ ਸੋਹਣਾ ਬਣਾਉਣ ਲਈ ਸੰਘਰਸ਼ ਕਰਨਾ ਚਾਹੀਦਾ ਹੈ, ਪਰ ਇਹ ਬੜਾ ਜਰੂਰੀ ਹੈ ਕਿ ਮਨੁੱਖ ਦਾ ਸੰਘਰਸ਼ ਫਾਲਤੂ ਵਸਤਾਂ ਇਕੱਠੀਆਂ ਕਰਨ ਦੇ ਝੱਲ ਲਈ ਨਾ ਹੋਵੇ।

'ਬਨਾਉਟੀ ਸਮਝ' ਅਤੇ 'ਨੈਨੋ ਟੈਕਨੀਕ' ਦੇ ਇਸ ਦੌਰ ਵਿੱਚ ਅੰਧ-ਵਿਸ਼ਵਾਸ ਦਾ ਗਲਬਾ ਮਨੁੱਖੀ ਮਨ 'ਤੇ ਘਟਣ ਦੀ ਬਜਾਏ ਵਧ ਰਿਹਾ ਹੈ। ਰੂੜ੍ਹੀਵਾਦੀ ਪ੍ਰੰਪਰਾਵਾਂ, ਅੰਧਵਿਸ਼ਵਾਸਾਂ ਅਤੇ ਧਰਮ ਕਰਮ ਕਾਰਜਾਂ ਵਿੱਚ ਅੱਜ ਵੀ ਭੀੜਾਂ ਵਧ ਰਹੀਆਂ ਹਨ। ਸਮਾਜ ਦੀ ਬਹੁਗਿਣਤੀ ਗਿਆਨ-ਵਿਗਿਆਨ ਦੇ ਇਸ ਯੁੱਗ ਵਿੱਚ ਵੀ ਪ੍ਰੰਪਰਾਵਾਦੀ ਰਾਹ ਨੂੰ ਆਪਣੀ ਮੁਕਤੀ ਦਾ ਰਾਹ ਸਮਝਦੀ ਹੈ, ਜਦਕਿ ਇਹ ਮਨੁੱਖ ਦੇ ਮਨੁੱਖ ਹੋਣ ਵਿੱਚ ਇੱਕ ਵੱਡੀ ਰੁਕਾਵਟ ਹੈ। ਇਸ ਰਾਹ 'ਤੇ ਚਲਦਿਆਂ ਅਸੀਂ ਦੁਨੀਆ ਨੂੰ ਉਹੋ ਜਿਹੀ ਨਹੀਂ ਬਣਾ ਸਕੇ, ਜਿਸ ਤਰ੍ਹਾਂ ਦੇ ਇਸ ਨੂੰ ਹੋਣਾ ਚਾਹੀਦਾ ਸੀ। ਵੱਖ-ਵੱਖ ਧਰਮਾਂ, ਫਿਰਕਿਆਂ ਵਿੱਚ ਵੰਡੀਆਂ ਭੀੜਾਂ ਨੇ ਆਪਣੇ-ਆਪਣੇ ਧਰਮਾਂ, ਮਜ਼ਹਬਾਂ ਦੇ ਲੇਬਲ ਤਾਂ ਆਪਣੇ ਉੱਤੇ ਲਾ ਲਏ, ਪਰ ਇਹਨਾਂ ਤੋਂ ਉਪਰ ਉੱਠ ਕੇ ਮਨੁੱਖ ਮਨੁੱਖ ਨਹੀਂ ਬਣ ਸਕਿਆ। ਇਸੇ ਮਾਨਸਿਕਤਾ ਕਰਕੇ ਹੀ ਅੱਜ ਧਰਤੀ ਦੇ ਵੱਖ-ਵੱਖ ਖਿੱਤਿਆਂ ਵਿੱਚ ਲੜਾਈਆਂ, ਝਗੜੇ, ਕਤਲੋਗਾਰਤ ਹੋ ਰਹੀ ਹੈ। ਇੱਕ ਖਿੱਤੇ ਦੇ ਲੋਕ ਦੂਜੇ ਖਿੱਤੇ ਦੇ ਲੋਕਾਂ ਨੂੰ ਬੰਬਾਂ, ਮਿਜ਼ਾਇਲਾਂ ਦਾਗ ਕੇ ਭਸਮ ਕਰਨ ਲਈ ਲੜ ਰਹੇ ਹਨ। ਧਰਤੀ ਦੇ ਵੱਖ-ਵੱਖ ਖਿੱਤਿਆਂ ਵਿੱਚ ਘੱਟ ਗਿਣਤੀਆਂ 'ਤੇ ਜ਼ੁਲਮੋ ਤਸ਼ੱਦਦ ਅੱਜ ਦੇ ਦੌਰ ਵਿੱਚ ਵੀ ਮੱਧ ਯੁਗ ਵਾਂਗ ਹੀ ਜਾਰੀ ਹਨ। ਸਦੀਆਂ ਤੋਂ ਮਨੁੱਖ ਧਰਮਾਂ-ਮਜ਼ਹਬਾਂ ਦੇ ਨਾਂਅ 'ਤੇ ਲੜਦਾ ਆਇਆ ਹੈ, ਲੱਖਾਂ ਲੋਕ ਹੁਣ ਤੱਕ ਇਸ ਮਾਨਸਿਕਤਾ ਨਾਲ ਤਬਾਹ ਹੋਏ।

ਇਸ ਦੁਨੀਆ ਨੂੰ ਹੋਰ ਕਿਵੇਂ ਸੋਹਣਾ ਬਣਾਇਆ ਜਾਵੇ? ਸਾਡੇ ਸਭ ਦੇ ਅੰਦਰ ਇਹ ਸਵਾਲ ਪੈਦਾ ਹੋਣਾ ਚਾਹੀਦਾ ਹੈ। ਮਨੁੱਖ ਇਸ ਧਰਤੀ 'ਤੇ ਕਿਉਂ ਆਇਆ, ਉਸ ਦੇ ਜੀਵਨ ਦਾ ਮਕਸਦ ਕੀ ਹੈ? ਇਸ ਲਈ ਸਾਡੇ ਕੋਲ ਬਣੇ-ਬਣਾਏ ਜਵਾਬ ਹਨ, ਜੋ ਕਿ ਸਹੀ ਨਹੀਂ ਹਨ। ਅਸੀਂ ਇਸ ਧਰਤੀ 'ਤੇ ਕਿਸੇ ਅਦਿੱਖ ਸ਼ਕਤੀ ਦਾ ਗੁਣਗਾਣ ਕਰਨ ਲਈ ਨਹੀਂ, ਆਏ ਬਲਕਿ ਅਸੀਂ ਇਸ ਜੀਵਨ ਨੂੰ ਚੰਗਾ ਤੇ ਸੋਹਣਾ ਬਣਾਉਣਾ ਹੈ, ਅਜਿਹਾ ਬਣਾਉਣਾ ਹੈ ਕਿ ਉਮਰ ਦੇ ਆਖਰੀ ਪੜਾਅ 'ਤੇ ਸਾਨੂੰ ਕੋਈ ਹਿਰਖ ਨਾ ਹੋਵੇ ਕਿ ਸਾਨੂੰ ਤਾਂ ਅਜਿਹਾ ਜੀਵਨ ਜਿਊਣਾ ਚਾਹੀਦਾ ਸੀ, ਪਰ ਅਸੀਂ ਬੇਰੰਗ ਜਿਹਾ ਜੀਵਨ ਜੀਅ ਕੇ ਇਸ ਧਰਤੀ ਤੋਂ ਜਾ ਰਹੇ ਹਾਂ।

ਵਿਗਿਆਨਕ ਖੋਜਾਂ ਅਤੇ ਅਜੋਕੀ ਸਿੱਖਿਆ 'ਤੇ ਚਲਦਿਆਂ ਸਾਡਾ ਜੀਵਨ ਪੱਧਰ ਤਾਂ ਸੁਧਰਿਆ, ਜੀਵਨ ਨੂੰ ਨਵੇਂ ਅਰਥ ਮਿਲੇ, ਅਸੀਂ ਬਿਮਾਰੀਆਂ, ਦੁਸ਼ਵਾਰੀਆਂ ਤੋਂ ਕਾਫੀ ਹੱਦ ਤੱਕ ਮੁਕਤੀ ਹਾਸਲ ਕੀਤੀ। ਮਨੁੱਖ ਨੂੰ ਗੁਲਾਮ ਬਣਾ ਕੇ ਰੱਖਣ ਵਾਲੀਆਂ ਰਹੁਰੀਤਾਂ ਤੋਂ ਮਨੁੱਖਤਾ ਮੁਕਤ ਹੋਈ, ਪਰ ਜੀਵਨ ਪ੍ਰਤੀ ਜਿਸ ਤਰ੍ਹਾਂ ਦੀ ਮਨੁੱਖੀ ਸਮਝ ਸਮਾਜ ਦੀ ਬਹੁਗਿਣਤੀ ਅੰਦਰ ਵਿਕਸਤ ਹੋਣੀ ਚਾਹੀਦੀ ਸੀ ਉਹ ਨਹੀਂ ਹੋਈ। ਇਹੋ ਕਾਰਨ ਹੈ ਸਾਡਾ ਜੀਵਨ ਅੱਜ ਬੇਸ਼ੱਕ ਸੁਖਾਲਾ ਹੋ ਗਿਆ ਹੈ, ਪਰ ਅਸੀਂ ਧਰਤੀ 'ਤੇ ਜੀਵਨ ਲਈ ਹਾਲਾਤ ਸੁਖਾਵੇ ਨਹੀਂ ਬਣਾ ਸਕੇ, ਸਗੋਂ ਇਸ ਨੂੰ ਹਰ ਦਿਨ ਅਸੀਂ ਨਰਕ ਬਣਾ ਰਹੇ ਹਾਂ। ਨਿੱਜੀ ਸੁਖਾਂ ਵਿੱਚ ਮਨੁੱਖ ਪੁਰਾਤਨ ਮਨੁੱਖ ਨੂੰ ਕਿਤੇ ਵੱਧ ਪਛਾੜ ਗਿਆ ਹੈ, ਪਰ ਸਮੂਹਕ ਤੌਰ 'ਤੇ ਅਸੀਂ ਧਰਤੀ 'ਤੇ ਆਪਣੇ ਲਈ ਨਰਕ ਦੀ ਸਿਰਜਣਾ ਕੀਤੀ ਹੈ। ਸਾਡਾ ਘਰ ਸਾਫ-ਸੁਥਰਾ ਹੋ ਗਿਆ, ਪਰ ਧਰਤੀ ਦੇ ਉਹ ਸਾਧਨ ਜਿਹਨਾਂ 'ਤੇ ਸਾਡਾ ਮਨੁੱਖਾਂ ਹੀ ਨਹੀਂ ਜੀਵ-ਜਾਤੀਆਂ ਪਸ਼ੂਆਂ, ਪਰਿੰਦਿਆਂ ਦਾ ਹੱਕ ਵੀ ਸੀ, ਉਹਨਾਂ ਨੂੰ ਅਸੀਂ ਬਰਬਾਦ ਕਰ ਦਿੱਤਾ ਤੇ ਹਰ ਦਿਨ ਇਹਨਾਂ ਨੂੰ ਹੋਰ ਬਰਬਾਦ ਕਰ ਰਹੇ ਹਾਂ। ਅਸੀਂ ਇੱਟਾਂ, ਪੱਥਰਾਂ ਦੇ ਅਖੌਤੀ ਰੱਬ ਦੇ ਘਰਾਂ ਦੀ ਉਸਾਰੀ ਕਰ ਰਹੇ ਹਾਂ ਅਤੇ ਸੋਚਦੇ ਹਾਂ ਕਿ ਆਪਣੇ ਹੱਥੀਂ ਬਣਾਏ ਇਹ ਅਖੌਤੀ ਰੱਬ ਦੇ ਘਰ ਸਾਡੇ ਦੁੱਖਾਂ-ਕਸ਼ਟਾਂ ਨੂੰ ਘੱਟ ਕਰ ਦੇਣਗੇ। ਇਹਨਾਂ ਵਿੱਚ ਆਪਣਾ ਸਮਾਂ ਅਤੇ ਧਨ ਖਰਚ ਕਰ ਰਹੇ ਹਾਂ। ਅਸੀਂ ਅਖੌਤੀ ਨਰਕ ਤੋਂ ਮੁਕਤੀ ਅਤੇ ਸਵਰਗ ਦੇ ਲਾਲਚ ਲਈ ਜੀਵਨ ਨੂੰ ਖਰਚ ਕਰ ਰਹੇ ਹਾਂ। ਇਸ ਲਈ ਧਰਮ ਅਸਥਾਨਾਂ 'ਤੇ ਭੀੜਾਂ ਨਿਰੰਤਰ ਵਧ ਰਹੀਆਂ ਹਨ। ਗ੍ਰੰਥਾਂ-ਸ਼ਾਸਤਰਾਂ ਦੇ ਮੰਤਰਾਂ ਦੇ ਰਟਨ ਇੱਕੋ ਤਰ੍ਹਾਂ ਦੇ ਪਾਠਾਂ ਦਾ ਰੱਟਾ ਕਰਨ ਅਤੇ ਕਈ ਤਰ੍ਹਾਂ ਦੇ ਕਰਮ-ਕਾਂਡ ਕਰਕੇ ਜੀਵਨ ਨੂੰ ਸੋਹਣਾ ਬਣਾਉਣ ਦੇ ਯਤਨ ਵਿੱਚ ਹਾਂ ਜਦਕਿ ਵਿਚਾਰਨ ਵਾਲੀ ਗੱਲ ਇਹ ਹੈ ਕਿ ਇਹਨਾਂ ਧਾਰਨਾਵਾਂ 'ਤੇ ਚਲਦਿਆਂ ਸਾਡਾ ਜੀਵਨ ਪੱਧਰ ਸੁਧਰਨ ਦੀ ਬਜਾਏ ਹੋਰ ਮੁਸ਼ਕਲਾਂ, ਮੁਸੀਬਤਾਂ ਦਾ ਸ਼ਿਕਾਰ ਬਣ ਰਿਹਾ ਹੈ। ਮਿਸਾਲ ਵਜੋਂ ਅੱਜ ਅਸੀਂ ਪੰਜਾਬੀ ਆਪਣੇ ਚੰਗੇ ਭਵਿੱਖ ਲਈ ਹੋਰ ਦੇਸ਼ਾਂ, ਹੋਰ ਧਰਤੀ ਵੱਲ ਵੇਖ ਰਹੇ ਹਾਂ। ਇਸ ਦਾ ਭਾਵ ਇਹ ਹੈ ਕਿ ਇਸ ਧਰਤੀ 'ਤੇ ਰਹਿੰਦਿਆਂ ਆਪਣੇ ਰਵਾਇਤੀ ਸਿੱਖਿਆ ਗ੍ਰਹਿਣ ਕਰਕੇ, ਮਜ਼ਹਬੀ ਅਕੀਦਿਆਂ 'ਤੇ ਚਲਦਿਆਂ ਅਸੀਂ ਉਹ ਕੁਝ ਹਾਸਲ ਨਹੀਂ ਕਰ ਸਕੇ, ਜੋ ਸਾਨੂੰ ਕਰਨਾ ਚਾਹੀਦੀ ਸੀ। ਇਹ ਤਰੱਕੀ ਅਤੇ ਵਿਕਾਸ ਤਾਂ ਹੀ ਸੰਭਵ ਹੈ, ਜੇਕਰ ਸਾਡੇ ਆਲੇ-ਦੁਆਲੇ ਸਾਡਾ ਸਮਾਜਿਕ ਤਾਣਾਬਾਣਾ ਅਤੇ ਸਾਡਾ ਵਾਤਾਵਰਣ ਤੰਦਰੁਸਤ ਹੋਵੇਗਾ। ਅੱਜ ਸਾਨੂੰ ਇਹ ਸੋਚਣ ਦੀ ਲੋੜ ਹੈ ਕਿ ਜਿਹੜੀਆਂ ਤਰਜੀਹਾਂ 'ਤੇ ਅਸੀਂ ਚੱਲ ਰਹੇ ਹਾਂ, ਇਹਨਾਂ ਤਰਜੀਹਾਂ 'ਤੇ ਚਲਦਿਆਂ ਸਾਡੀ ਸਮਾਜਿਕ ਸਿਹਤ ਅਤੇ ਸਾਡੀ ਵਾਤਾਵਰਣਿਕ ਸਿਹਤ ਹਰ ਦਿਨ ਬਰਬਾਦੀ ਵੱਲ ਜਾ ਰਹੀ ਹੈ। ਚੰਗੇ ਸਮਾਜਿਕ ਮਾਹੌਲ ਅਤੇ ਸਾਫ-ਸੁਥਰੇ ਵਾਤਾਵਰਨ ਤੋਂ ਬਗੈਰ ਤੰਦਰੁਸਤ ਜੀਵਨ ਦੀ ਕਲਪਨਾ ਕਰਨੀ ਅਸੰਭਵ ਹੈ।

ਯੂਨਾਨ ਦੀ ਪੌਰਾਣਕ ਕਥਾ ਦੇ ਪਾਤਰ ਸਿਸੀਫਸ ਵਾਂਗ ਮਨੁੱਖ ਦੇ ਜੀਵਨ ਦਾ ਸੰਘਰਸ਼ ਹਰ ਪਲ ਚੱਲ ਰਿਹਾ ਹੈ। ਇਸ ਸੰਘਰਸ਼ ਦੇ ਚਲਦਿਆਂ ਸਾਡੇ ਜੀਵਨ ਦੀ ਸਰਗਰਮੀ ਚੰਗੇ ਜੀਵਨ ਲਈ ਅਤੇ ਚੰਗੇ ਮਾਹੌਲ ਦੀ ਸਿਰਜਣਾ ਲਈ ਹੋਣੀ ਚਾਹੀਦੀ ਹੈ। ਇੱਕ ਅਜਿਹਾ ਮਾਹੌਲ, ਜਿਸ ਵਿੱਚ ਮਨੁੱਖ ਦੇ ਡਰ, ਫਿਕਰ, ਤੌਖਲੇ ਘੱਟ ਹੋਣ। ਮਨੁੱਖ ਅੰਦਰ ਉਸ ਦੀਆਂ ਕਲਾਤਮਿਕ ਰੁਚੀਆਂ ਦਾ ਵਿਕਾਸ ਹੋਵੇ। ਮਨੁੱਖ ਹਰ ਤਰ੍ਹਾਂ ਦੇ ਗਲਬਿਆਂ ਤੋਂ ਮੁਕਤ ਹੋਵੇ। ਧਰਤੀ ਦੇ ਕੁਦਰਤੀ ਸਾਧਨ ਕਿਸੇ ਮੁਨਾਫੇ ਦੀ ਹਵਸ ਵਿੱਚ ਲੁੱਟੇ ਨਾ ਜਾਣ, ਬਲਕਿ ਇਹਨਾਂ ਦੀ ਸੁਯੋਗ ਵਰਤੋਂ ਹੋਵੇ ਅਤੇ ਇਹ ਵਰਤੋਂ ਲੋਕ ਹਿੱਤਾਂ ਲਈ ਹੋਵੇ। ਧਰਤੀ 'ਤੇ ਰਹਿਣ ਵਾਲੇ ਹਰ ਮਨੁੱਖ ਲਈ ਢੁੱਕਵੀਆਂ ਜਿਊਣ ਹਾਲਤਾਂ ਦੀ ਸਿਰਜਣਾ ਕਰਨ ਦੀ ਲੋੜ ਹੈ, ਪਰ ਅਫਸੋਸ ਹੋ ਇਸ ਤੋਂ ਉਲਟ ਰਿਹਾ ਹੈ।

ਕਿਸੇ ਵਿਦਵਾਨ ਨੇ ਲਿਖਿਆ ਹੈ, 'ਇਹ ਧਰਤੀ ਤੁਹਾਡੀ ਮਾਲਕੀ ਨਹੀਂ, ਬਲਕਿ ਇਹ ਸਾਡੀਆਂ ਆਉਣ ਵਾਲੀਆਂ ਨਸਲਾਂ ਦੀ ਅਮਾਨਤ ਹੈ। ਸਾਨੂੰ ਚਾਹੀਦਾ ਹੈ ਅਸੀਂ ਜਾਤਾਂ-ਪਾਤਾਂ, ਵਰਗਾਂ, ਨਸਲਾਂ, ਮਜ਼ਹਬਾਂ ਤੋਂ ਉਪਰ ਉੱਠ ਕੇ ਸਰਬੱਤ ਦੇ ਭਲੇ ਲਈ ਯਤਨਸ਼ੀਲ ਹੋਈਏ। ਸਾਡਾ ਸਭ ਦਾ ਭਲਾ ਇਸ ਵਿੱਚ ਹੈ ਕਿ ਅਸੀਂ ਦੂਜਿਆਂ ਦਾ ਭਲਾ ਸੋਚੀਏ ਤੇ ਭਲਾ ਕਰੀਏ।

**# ਸੰਪਰਕ : 98550-51099**

# ਜਦੋਂ ਪਿੰਡ ਵਾਸੀਆਂ ਨੂੰ ਜਿੰਨ ਦੇ ਸਾਏ ਤੋਂ ਮੁਕਤ ਕੀਤਾ

**ਮਾਸਟਰ ਪਰਮ ਵੇਦ**

ਮੈਨੂੰ ਯਾਦ ਹੈ ਕਿ ਕਈ ਸਾਲ ਪਹਿਲਾਂ ਜਦ ਮੈਂ ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਲਹਿਰਾਗਾਗੇ ਵਿਚ ਕੰਮ ਕਰਦਾ ਸੀ, ਇਕਾਈ ਕੋਲ ਹਰਿਆਣੇ ਦੇ ਸ਼ਹਿਰ ਟੋਹਾਣੇ ਨੇੜਲੇ ਇੱਕ ਪਿੰਡ ਖਨੌਰੇ ਦੀ ਪੰਚਾਇਤ ਆਈ ਤੇ ਕਹਿੰਦੀ-ਸਾਡੇ ਪਿੰਡ ਬਹੁਤ ਵੱਡਾ ਜਿੰਨ ਆ ਗਿਆ ਹੈ, ਉਹ ਕਦੇ ਕੁੱਤਾ ਬਣ ਜਾਂਦਾ ਤੇ ਕਦੇ ਬਿੱਲਾ।ਅਸੀਂ ਪਿੰਡ ਵਾਲੇ ਅਸਲੇ ਸਮੇਤ ਕੋਠਿਆਂ 'ਤੇ ਚੜ੍ਹ ਕੇ ਸੌਂਦੇ ਹਾਂ, ਬਹੁਤ ਸਿਆਣਿਆਂ ਨੂੰ ਬੁਲਾਇਆ ਹੈ, ਪਰ ਕੋਈ ਵੀ ਜਿੰਨ ਨੂੰ ਫੜ ਨਹੀਂ ਸਕਿਆ ।ਅਸੀਂ ਪਿੰਡ ਦੇ ਬਹੁਤ ਸਾਰੇ ਕੁੱਤੇ, ਬਿੱਲੇ ਖਤਮ ਕਰ ਦਿੱਤੇ ਹਨ । ਜਿੰਨ ਕਾਬੂ ਨਹੀਂ ਆਉਂਦਾ ।ਅਸੀਂ ਰਾਤ ਨੂੰ ਪਹਿਰਾ ਵੀ ਦਿੰਦੇ ਹਾਂ, ਪਰ ਸਾਡੀ ਸਮਝ ਵਿੱਚ ਨਹੀਂ ਆ ਰਿਹਾ ਹੈ। ਸਾਡੇ ਬਹੁਤ ਸਾਰੇ ਪਰਵਾਰ ਪਿੰਡ ਛੱਡਣ ਦੀ ਤਿਆਰੀ ਵਿੱਚ ਬੈਠੇ ਨੇ । ਇਕ ਅਖ਼ਬਾਰ 'ਚ ਖ਼ਬਰ ਵੀ ਲੱਗ ਚੁੱਕੀ ਸੀ ਕਿ ਪਿੰਡ ਦੇ ਜਿੰਨ ਨੇ ਬਹੁਤ ਸਾਰੀਆਂ ਔਰਤਾਂ ਜ਼ਖਮੀ ਕਰ ਦਿੱਤੀਆਂ ਹਨ ਤੇ ਉਹ ਟੋਹਾਣੇ ਦੇ ਹਸਪਤਾਲ ਵਿੱਚ ਜ਼ੇਰੇ ਇਲਾਜ ਹਨ । ਦੋ ਦਿਨ ਬਾਅਦ ਮੇਰੀ ਅਗਵਾਈ 'ਚ ਦੇਸ ਰਾਜ, ਰਾਣਾ ਸਿੰਘ, ਜਗਦੀਸ਼ ਸਿੰਘ, ਗੁਰਮੇਲ ਸਿੰਘ ਆਧਾਰਤ ਤਰਕਸ਼ੀਲ ਟੀਮ ਤਿੰਨ ਮੋਟਰਸਾਈਕਲ 'ਤੇ ਸੰਬੰਧਤ ਪਿੰਡ ਪਹੁੰਚੀ । ਰਸਤੇ ਵਿੱਚ ਅਸੀਂ ਦੇਸ ਰਾਜ ਦੇ ਜਾਣੂ ਦੇ ਪਿੰਡ ਰੁਕੇ, ਲੱਸੀ ਪੀਤੀ ਤੇ ਜਾਣ ਲੱਗਿਆਂ ਕਿਹਾ-ਆਓ ਖਨੌਰੇ ਦਾ ਜਿੰਨ ਫੜ ਕੇ ਲਿਆਈਏ, ਅਸੀਂ ਖਨੌਰੇ ਦਾ ਜਿੰਨ ਫੜਨ ਆਏ ਹਾਂ । ਉਨ੍ਹਾਂ ਨੇ ਕਿਹਾ-ਜਿੰਨ ਬੜਾ ਖਤਰਨਾਕ ਹੈ, ਬਚ ਕੇ ਰਈਓ। ਤੁਹਾਡੇ ਸਕੂਟਰਾਂ ਦੇ ਪਟਾਕੇ ਪਾ ਸਕਦੈ। ਅਸੀਂ ਕਿਹਾ-ਸਾਡੇ ਨਾਲ ਚੱਲੋ, ਕੁੱਝ ਨਹੀਂ ਹੋਵੇਗਾ।ਆਪਾਂ ਫੜ ਕੇ ਲਿਆਵਾਂਗੇ ।ਉਹ ਸਹਿਮਤ ਨਾ ਹੋਏ।ਅਸੀਂ ਖਨੌਰੇ ਸਰਪੰਚ ਦੇ ਘਰ ਪਹੁੰਚ ਗਏ ।ਅਸੀਂ ਆਪਣੀ ਜਾਣ-ਪਹਿਚਾਣ ਕਰਵਾਈ, ਉਹ ਬੜਾ ਖੁਸ਼ ਹੋਇਆ।ਉਸ ਨੇ ਕਿਹਾ-ਸਾਡੀ ਪਰੇਸ਼ਾਨੀ ਦੂਰ ਕਰੋ, ਸਮੱਸਿਆ ਤੋਂ ਛੁਟਕਾਰਾ ਦਿਵਾਓ, ਅਸੀਂ ਤੁਹਾਡੇ ਬਹੁਤ ਧੰਨਵਾਦੀ ਹੋਵਾਂਗੇ । ਅਸੀਂ ਕਿਹਾ-ਤੁਹਾਡੀ ਸਮੱਸਿਆ ਦੂਰ ਕਰਨ ਆਏ ਹਾਂ, ਦੂਰ ਕਰਕੇ ਹੀ ਜਾਵਾਂਗੇ । ਮੈਂ ਕਿਹਾ-ਜਿੰਨ ਨੇ ਜ਼ਖਮੀ ਕੀਤੀਆਂ ਔਰਤਾਂ ਨਾਲ ਸਾਡੀ ਗੱਲ ਕਰਵਾਓ ।ਜਿਨ੍ਹਾਂ ਜਿੰਨ ਦੇਖਿਆ, ਉਨ੍ਹਾਂ ਨਾਲ ਵੀ ਸਾਨੂੰ ਮਿਲਾਓ ।ਉਸ ਨਾਲ ਵੀ ਗੱਲ ਕਰਵਾਓ, ਜਿਸ ਵਿਅਕਤੀ ਨੇ ਜਿੰਨ ਸਭ ਤੋਂ ਪਹਿਲਾਂ ਦੇਖਿਆ।

ਪਿੰਡ ਵਾਲਿਆਂ ਨੂੰ ਕੋਈ ਵੀ ਜ਼ਖ਼ਮੀ ਔਰਤ ਨਾ ਮਿਲੀ, ਜਿੰਨ ਸੰਬੰਧੀ ਪਰਚਾਰੀ ਗੱਲ ਦੇ ਡਰ ਤੋਂ ਭੈਅ-ਭੀਤ ਔਰਤਾਂ ਜ਼ਰੂਰ ਮਿਲੀਆਂ ।ਪਿੰਡ ਵਿੱਚ ਗੱਲ ਉੱਡੀ ਹੋਈ ਸੀ ਕਿ ਜਿੰਨ ਸਿਰਫ ਔਰਤਾਂ ਨੂੰ ਦਿਖਦਾ ਹੈ।ਫਿਰ ਅਸੀਂ ਉਸ ਔਰਤ ਦੇ ਘਰ ਗਏ, ਜਿਸ ਨੇ ਸਭ ਤੋਂ ਪਹਿਲਾਂ ਜਿੰਨ ਦੇਖਿਆ ਸੀ ਤੇ ਜਿੰਨ ਦਾ ਖੌਫ ਫੈਲਾਇਆ ਸੀ ।ਜਿੰਨ ਦਾ ਡਰ ਫੈਲਾਉਣ ਵਾਲੀ ਕੁੜੀ ਦੀ ਮਾਂ ਨੇ ਕਿਹਾ, ਇਸ ਵਿੱਚ ਅਸਰ ਆਉਂਦਾ ਹੈ, ਮਾਤਾ ਆਉਂਦੀ ਹੈ, ਅਸਰ ਦੌਰਾਨ ਇਸ ਨੂੰ ਸਭ ਕੁਝ ਪਤਾ ਲੱਗ ਜਾਂਦਾ ਹੈ ।ਇਹ ਤਾਂ ਇਹ ਵੀ ਦੱਸ ਸਕਦੀ ਹੈ ਕਿ ਤੁਸੀਂ ਕੀ ਖਾ ਕੇ ਆਏ ਹੋ । ਅਸੀਂ ਕਿਹਾ-ਜੇ ਇਹ ਸਾਡੇ ਨਾਂਅ-ਪਤਾ ਦੱਸ ਦੇਵੇ ਤਾਂ ਅਸੀਂ ਤਰਕਸ਼ੀਲ ਸੁਸਾਇਟੀ ਵੱਲੋਂ ਰੱਖਿਆ ਨਗਦ ਇਨਾਮ ਦੇਵਾਂਗੇ ।ਮਾਂ ਕਹਿੰਦੀ-ਇਸ ਵਿਚ ਸ਼ਨੀਵਾਰ ਨੂੰ ਅਸਰ ਆਉਂਦਾ ਹੈ, ਫਿਰ ਇਹ ਪੁੱਛਾਂ ਵੀ ਦਿੰਦੀ ਹੈ ।ਸਹੀ 11ਵਜੇ ਚੌਂਕੀ ਲਾਉਂਦੀ ਹੈ ।ਅਸੀਂ ਕਿਹਾ ਅੱਜ ਸ਼ਨੀਵਾਰ ਹੀ ਹੈ, ਅਸੀਂ 11 ਵਜੇ ਆਵਾਂਗੇ ਤੇ ਇਸ ਦੀ ਸ਼ਕਤੀ /ਕਰਾਮਾਤ ਦੀ ਪਰਖ ਕਰਾਂਗੇ ।ਫਿਰ ਅਸੀਂ ਜਿੰਨ ਦੇ ਡਰ ਤੋਂ ਪੀੜਤ ਪਰਵਾਰਾਂ ਦਾ ਹਾਲ ਪੁੱਛਣ ਪਿੰਡ ਦਾ ਚੱਕਰ ਲਾਇਆ । ਸਿਰਫ਼ ਇਕ ਹੀ ਪਰਵਾਰ ਦੀ ਔਰਤ ਨੇ ਕਿਹਾ-ਇੱਕ ਰਾਤ ਜਿੰਨ ਸਾਡੇ ਘਰ ਆ ਗਿਆ ਸੀ । ਜਦੋਂ ਅਸੀਂ ਲਾਈਟ ਲਾਈ ਜਿੰਨ ਭੱਜ ਗਿਆ। ਸਾਨੂੰ ਬੜਾ ਡਰ ਲੱਗਦਾ ਹੈ, ਨੀਂਦ ਨਹੀਂ ਆਉਂਦੀ ।

ਇਕ ਔਰਤ ਕਹਿੰਦੀ-ਰਾਤ ਜਿੰਨ ਸਾਡੇ ਜੱਗ ਵਿੱਚੋਂ ਦੁੱਧ ਪੀ ਗਿਆ । ਅਸੀਂ ਕਿਹਾ-ਸਾਡੀ ਸਮਝ ਮੁਤਾਬਿਕ ਦੁੱਧ ਬਿੱਲੀ ਨੇ ਪੀਤਾ ਹੈ।ਮੇਰੇ ਇਹ ਕਹਿੰਦਿਆਂ-ਕਹਿੰਦਿਆਂ ਬਿੱਲੀ ਨੇ ਦਰਸ਼ਨ ਦੇ ਦਿੱਤੇ ।ਏਨੇ ਨੂੰ ਗਿਆਰਾਂ ਵੱਜ ਚੁੱਕੇ ਸਨ, ਅਸੀਂ ਅਸਰ ਆਉਣ ਵਾਲੀ ਤੇ ਸਭ ਤੋਂ ਪਹਿਲਾਂ ਜਿੰਨ ਦਾ ਭੈਅ ਪੈਦਾ ਕਰਨ ਵਾਲੀ ਔਰਤ ਦੇ ਘਰ ਪਹੁੰਚੇ।ਅਸੀਂ ਕਿਹਾ-ਚਲੋ ਸਮਾਂ ਹੋ ਗਿਆ ਹੈ,ਆਪਣੀ ਚੌਂਕੀ ਲਾਓ ਤੇ ਸਾਡੇ ਨਾਂਅ ਦੱਸੋ । ਪਿੰਡ ਦੇ ਲੋਕ ਸਾਡੇ ਨਾਲ ਸਨ ।ਥੋੜ੍ਹੇ ਸਮੇਂ ਬਾਅਦ ਜਵਾਬ ਆਇਆ -ਅੱਜ ਚੌਂਕੀ ਨਹੀਂ ਲੱਗਦੀ, ਅੱਜ ਅਸਰ ਨਹੀਂ ਆ ਰਿਹਾ, ਇਹ ਤਾਂ ਡਰ ਰਹੀ ਹੈ। ਅਸੀਂ ਕਿਹਾ ਆਪਣੇ ਪੀਰ ਜਾਂ ਦੇਵੀ ਨੂੰ ਪਰਗਟ ਕਰਕੇ ਸਾਡੇ ਨਾਂਅ ਦੱਸੋ । ਸਾਡੇ ਵਾਰ-ਵਾਰ ਕਹਿਣ 'ਤੇ ਵੀ ਉਨ੍ਹਾਂ ਸਾਡੀ ਗੱਲ ਦਾ ਕੋਈ ਜਵਾਬ ਨਹੀਂ ਦਿੱਤਾ।ਉਥੇ ਖੜੇ ਇਕ ਵਿਅਕਤੀ ਨੇ ਉੱਚੀ ਤੇ ਜਾਨਦਾਰ ਆਵਾਜ਼ ਵਿਚ ਕਿਹਾ, ਪਹਿਲਾਂ ਭਕਾਈ ਕਿਉਂ ਮਾਰੀ ਸੀ ।

ਇਸ ਸਮੇਂ ਬਹੁਤ ਸਾਰੇ ਲੋਕ ਇਕੱਠੇ ਹੋ ਚੁੱਕੇ ਸਨ।ਵਿੱਚੋਂ ਇਕ ਕੱਟਿਆਂ ਦੇ ਵਪਾਰੀ ਵਿਅਕਤੀ ਨੇ ਕਿਹਾ-ਉਸ ਦਿਨ ਮੈਂ ਕੋਠੇ 'ਤੇ ਪਿਆ ਸੀ ਤੇ ਜਿੰਨ ਰਿੱਛ ਬਣਿਆ ਮੈਂ ਆਪ ਦੇਖਿਆ, ਜਦ ਮੈਂ ਉਸ ਨੂੰ ਫੜਨ ਦੀ ਕੋਸਿਸ਼ ਕੀਤੀ ਤਾਂ ਉਹ ਮੇਰਾ ਗੁੱਟ ਜ਼ਖਮੀ ਕਰ ਗਿਆ। ਅਸੀਂ ਉਨ੍ਹਾਂ ਦੀਆਂ ਥੋਥੀਆਂ ਤੇ ਬਿਨ ਪੈਰ-ਸਿਰ ਵਾਲੀਆਂ ਝੂਠੀਆਂ ਗੱਲਾਂ ਸੁਣੀਆਂ।ਅਸੀਂ ਲੋਕਾਂ ਨੂੰ ਕਿਹਾ-ਅਸੀਂ ਸਾਰੀਆਂ ਗੱਲਾਂ ਦੀ ਵਿਗਿਆਨਕ ਵਿਆਖਿਆ ਕਰਾਂਗੇ।ਸਾਨੂੰ ਪਤਾ ਹੈ ਕਿ ਇਸ ਦੁਨੀਆ ਵਿੱਚ ਕਿਤੇ ਵੀ ਜਿੰਨ-ਭੂਤ ਪਰੇਤ ਨਹੀਂ।ਕਹੀਆਂ ਸੁਣੀਆਂ ਗੱਲਾਂ ਦਾ ਅਸਰ ਜ਼ਰੂਰ ਹੈ ।ਸੁਣ-ਸੁਣ ਕੇ ਤੁਸੀਂ ਡਰੀ ਜਾਂਦੇ ਹਾਂ, ਡਰਾਉਣ ਵਾਲੇ ਡਰਾਈ ਜਾਂਦੇ ਹਨ । ਕੱਟਿਆਂ ਦੇ ਵਪਾਰੀ ਨੂੰ ਮੈਂ ਕਿਹਾ-ਰਿੱਛ ਬਣਿਆ ਜਿੰਨ ਤੇਰਾ ਗੁਟ ਜ਼ਖਮੀ ਕਰ ਗਿਆ, ਤੁਸੀਂ ਆਪਣੇ ਗੁੱਟ ਤੇ ਜਿਸ ਡਾਕਟਰ ਤੋਂ ਪੱਟੀਆਂ ਕਰਾਈਆਂ, ਉਸ ਦਾ ਪਤਾ ਦੱਸੋ ।

ਉਸ ਦੇ ਗੁੱਟ 'ਤੇ ਜਖਮ ਦੇ ਨਿਸ਼ਾਨ ਨਹੀਂ ਸਨ, ਉਸ ਦਾ ਝੂਠ ਸਪੱਸ਼ਟ ਸੀ। ਫਿਰ ਅਸੀਂ ਜਿੰਨ ਦੀ ਅਫਵਾਹ ਫੈਲਾ ਕੇ ਉਸ ਦਾ ਡਰ ਪੈਦਾ ਕਰਨ ਵਾਲੀ ਔਰਤ ਦੀ ਮਾਂ ਤੋਂ ਪੁੱਛਿਆ-ਤੁਸੀਂ ਕਹਿੰਦੇ ਹੋ ਜਦੋਂ ਤੁਸੀਂ ਕੁੜੀ ਕੋਲ ਗਏ ਜਿੰਨ ਭੱਜ ਗਿਆ ਤੇ ਜਾਂਦੇ ਸਮੇਂ ਨਲਕੇ ਦੀ ਹੱਥੀ ਦੂਹਰੀ ਕਰ ਗਿਆ ।ਸਾਨੂੰ ਉਹ ਨਲਕੇ ਦੀ ਹੱਥੀ ਦਿਖਾਓ। ਉਹ ਡੌਰ-ਭੌਰ ਹੋ ਗਈ, ਪੂਰੀ ਘਬਰਾ ਗਈ, ਨਲਕੇ ਦੀ ਦੂਹਰੀ ਹੋਈ ਹੱਥੀ ਲਿਆ ਕੇ ਨਹੀਂ ਦਿਖਾ ਸਕੀ।ਉਸ ਦਾ ਝੂਠ ਵੀ ਨੰਗੇ ਚਿੱਟੇ ਦਿਨ ਦੀ ਤਰ੍ਹਾਂ ਸਪੱਸ਼ਟ ਸੀ।

ਮੈਂ ਫਿਰ ਪਿੰਡ ਪੰਚਾਇਤ ਸਮੇਤ ਇਕੱਠੇ ਹੋਏ ਲੋਕਾਂ ਨੂੰ ਕਿਹਾ ਕਿ ਭੂਤ-ਪਰੇਤ ਨਾਂਅ ਦੀ ਕੋਈ ਚੀਜ਼ ਇਸ ਦੁਨੀਆਂ ਵਿਚ ਨਹੀਂ।ਸਭ ਕਲਪਿਤ ਹਨ।ਇਹ ਅਖੌਤੀ ਸਿਆਣੇ ਆਪਣੇ ਮਤਲਬ ਲਈ ਤੁਹਾਡੇ ਅੰਦਰ ਇਨ੍ਹਾਂ ਦਾ ਡਰ ਪੈਦਾ ਕਰਕੇ ਤੁਹਾਡੀ ਆਰਥਿਕ, ਮਾਨਸਿਕ ਅਤੇ ਸਰੀਰਕ ਲੁੱਟ ਕਰਦੇ ਨੇ। ਉਹ ਡਰਾਈ ਜਾਂਦੇ ਹਨ, ਤੁਸੀਂ ਡਰੀ ਜਾਦੇ ਹੋ, ਉਹ ਲੁੱਟੀ ਜਾਂਦੇ ਹਨ, ਤੁਸੀਂ ਲੁੱਟ ਕਰਾਈ ਜਾਂਦੇ ਹੋ ।ਨਾ ਔਰਤ ਵਿੱਚ ਕੋਈ ਪੀਰ, ਦੇਵੀ ਵਗੈਰਾ ਪਰਗਟ ਹੋਈ।ਤੁਹਾਡੇ ਸਾਹਮਣੇ ਸਾਰੀਆਂ ਗੱਲਾਂ ਝੂਠੀਆਂ ਸਾਬਤ ਹੋਈਆਂ, ਕਿਸੇ ਵੀ ਪਰਚਾਰੀ ਚੀਜ਼ ਦਾ ਸਬੂਤ ਨਹੀਂ ਮਿਲਿਆ, ਅਸੀਂ ਸੁਣੀ-ਸੁਣਾਈ ਗੱਲ ਦੀ ਪਰਖ ਕਰਦੇ ਹਾਂ, ਅੱਖਾਂ ਬੰਦ ਕਰਕੇ ਨਹੀ ਮੰਨਦੇ, ਪਰਖ ਕਰਨਾ ਹੀ ਤਰਕਸ਼ੀਲਤਾ ਹੈ। ਤੁਸੀਂ ਵੀ ਪਾਰਖੂ ਬਣੋ। ਲਾਈਲੱਗਤਾ, ਅੰਧ-ਵਿਸ਼ਵਾਸ ਤਿਆਗੋ ਆਪਣੀ ਸੋਚ ਨੂੰ ਵਿਗਿਆਨਕ ਬਣਾਓ।

**# ਸੰਪਰਕ : 94174-22349**

# ਕਿਉਂ ਨਹੀਂ ਰੁਕ ਰਹੇ ਰੇਲ ਹਾਦਸੇ ?

**ਅਮਰਬੀਰ ਸਿੰਘ ਚੀਮਾ**

ਇਸ ਸਮੇਂ ਭਾਰਤੀ ਰੇਲਵੇ ਦੁਨੀਆ ਦਾ ਚੌਥਾ ਸਭ ਤੋਂ ਵੱਡਾ ਰੇਲਵੇ ਨੈੱਟਵਰਕ ਚਲਾ ਰਹੀ ਹੈ। 20 ਜੂਨ 2024 ਨੂੰ ਅੱਠ ਡੱਬਿਆਂ ਵਾਲੀ ਰੇਲ ਗੱਡੀ ਦੇ ਟਰਾਇਲ ਰਾਹੀਂ ਰਾਮਬਨ ਦੇ ਸੰਗਲਦਾਨ ਤੋਂ ਚੱਲ ਕੇ ਰਿਆਸੀ ਜ਼ਿਲ੍ਹੇ 'ਚ ਚਨਾਬ ਨਦੀ 'ਤੇ ਬਣੇ ਦੁਨੀਆ ਦੇ ਸਭ ਤੋਂ ਉੱਚੇ ਰੇਲਵੇ ਦੇ ਆਰਕ ਪੁਲ ਤੋਂ ਲੰਘਦੀ ਹੋਈ ਪਹਿਲੀ ਵਾਰ ਰਿਆਸੀ ਸਟੇਸ਼ਨ ਪਹੁੰਚੀ। ਇਹ ਪੁਲ ਚਨਾਬ ਨਦੀ ਦੇ ਤੱਟ ਤੋਂ 359 ਮੀਟਰ ਉੱਚਾ ਤੇ 1.3 ਕਿਲੋਮੀਟਰ ਲੰਮਾ ਹੈ। ਭਾਰਤ ਸਰਕਾਰ ਤੇ ਰੇਲਵੇ ਮੰਤਰਾਲੇ ਨੇ ਇਸ ਸਾਲ ਦੇ ਅੰਤ ਤੱਕ ਕਸ਼ਮੀਰ ਨੂੰ ਰੇਲ ਮਾਰਗ ਰਾਹੀਂ ਦੇਸ਼ ਨਾਲ ਜੋੜਨ ਦਾ ਟੀਚਾ ਮਿੱਥਿਆ ਹੈ।

ਇਹ ਵੱਖਰੀ ਗੱਲ ਹੈ ਕਿ ਇਸ ਤੋਂ ਸਿਰਫ ਤਿੰਨ ਦਿਨ ਪਹਿਲਾਂ 17 ਜੂਨ ਨੂੰ ਪੱਛਮੀ ਬੰਗਾਲ ਦੇ ਦਾਰਜੀਲਿੰਗ ਜ਼ਿਲ੍ਹੇ ਵਿੱਚ ਰੰਗਾਪਾਣੀ ਰੇਲਵੇ ਸਟੇਸ਼ਨ ਨੇੜੇ ਸਿਆਲਦਾ-ਅਗਰਤਲਾ ਕੰਚਨਜੰਗਾ ਐੱਕਸਪ੍ਰੈੱਸ ਨਾਲ ਇੱਕ ਮਾਲ ਗੱਡੀ ਟਕਰਾ ਗਈ, ਜਿਸ ਵਿੱਚ 15 ਲੋਕਾਂ ਦੀ ਮੌਤ ਹੋ ਗਈ ਤੇ 80 ਦੇ ਕਰੀਬ ਜ਼ਖਮੀ ਹੋਏ ਹਨ। ਇਹ ਰੇਲ ਗੱਡੀ ਤ੍ਰਿਪੁਰਾ ਦੇ ਅਗਰਤਲਾ ਤੋਂ ਚੱਲ ਕੇ ਪੱਛਮੀ ਬੰਗਾਲ ਦੇ ਸਿਆਲਦਾ ਨੂੰ ਜਾ ਰਹੀ ਸੀ ਅਤੇ ਰੰਗਾਪਾਣੀ ਸਟੇਸ਼ਨ ਲੰਘਣ ਉਪਰੰਤ ਕੁਝ ਦੂਰੀ 'ਤੇ ਜਾ ਕੇ ਰੁਕੀ ਹੋਈ ਸੀ। ਇਸੇ ਦੌਰਾਨ ਸਵੇਰੇ 8:42 'ਤੇ ਉਸੇ ਰੇਲਵੇ ਲਾਈਨ 'ਤੇ ਪਿੱਛੋਂ ਇੱਕ ਮਾਲ ਗੱਡੀ ਆ ਰਹੀ ਸੀ, ਜੋ ਕਿ ਖੜੀ ਰੇਲ ਗੱਡੀ ਵਿੱਚ ਵੱਜਣ ਕਾਰਨ ਹਾਦਸਾ ਹੋ ਗਿਆ। ਰੇਲਵੇ ਬੋਰਡ ਦੇ ਚੇਅਰਮੈਨ ਅਨੁਸਾਰ ਮਾਲ ਗੱਡੀ ਨੇ ਕਈ ਸਿਗਨਲ ਤੋੜੇ, ਜਦ ਕਿ ਰੇਲਵੇ ਸੂਤਰਾਂ ਅਨੁਸਾਰ ਆਟੋਮੈਟਿਕ ਸਿਗਨਲਾਂ ਵਿੱਚ ਕੁਝ ਤਕਨੀਕੀ ਖਰਾਬੀ ਵੀ ਹਾਦਸੇ ਦਾ ਕਾਰਨ ਹੋ ਸਕਦੀ ਹੈ। ਇਹਨਾਂ ਦੋਵੇਂ ਗੱਡੀਆਂ ਵਿੱਚ ਐਂਟੀ ਕੁਲੀਜਨ ਸਿਸਟਮ ਨਹੀਂ ਲੱਗਾ ਹੋਇਆ ਸੀ।

ਐਂਟੀ ਕੁਲੀਜਨ ਡਿਵਾਈਸ - ਮਾਰਚ 2020 ਵਿੱਚ ਸੁਰੱਖਿਆ ਕਵਚ ਪ੍ਰਣਾਲੀ (ਐਂਟੀ ਕੁਲੀਜਨ ਡਿਵਾਈਸ) ਲਾਂਚ ਕੀਤੀ ਗਈ ਸੀ। ਇਸ ਅਨੁਸਾਰ ਦੋ ਗੱਡੀਆਂ ਦੇ ਇੱਕੋ ਲਾਈਨ 'ਤੇ ਆ ਜਾਣ ਉੱਤੇ ਇੱਕ ਮਿੱਥੀ ਨਿਰਧਾਰਿਤ ਦੂਰੀ 'ਤੇ ਰੇਲ ਗੱਡੀਆਂ ਆਪਣੇ ਆਪ ਰੁਕ ਜਾਣਗੀਆਂ। ਉਸ ਵਕਤ ਕਿਹਾ ਗਿਆ ਸੀ ਕਿ ਰੇਲ ਹਾਦਸੇ ਹੁਣ ਬੀਤੇ ਦੀ ਗੱਲ ਹੋ ਗਈ ਹੈ ਮਾਹਰਾਂ ਅਨੁਸਾਰ ਆਹਮੋ-ਸਾਹਮਣੇ ਆ ਗਈਆਂ ਟ੍ਰੇਨਾਂ ਦੀ ਟੱਕਰ ਨੂੰ ਇਸ ਪ੍ਰਣਾਲੀ ਰਾਹੀਂ ਹੀ ਰੋਕਿਆ ਜਾ ਸਕਦਾ ਹੈ। ਇਹ ਆਟੋਮੈਟਿਡ ਟਰੇਨ ਪ੍ਰੋਟੈਕਸ਼ਨ ਸਿਸਟਮ ਹੈ, ਜਿਸ ਨੂੰ ਰਿਸਰਚ ਡਿਜ਼ਾਇਨ ਐਂਡ ਸਟੈਂਡਰਡ ਆਰਗਨਾਈਜ਼ੇਸ਼ਨ ਨੇ ਵਿਕਸਤ ਕੀਤਾ ਹੈ, ਜੋ ਕਿ ਇੱਕ ਸੈਂਸਰ ਅਧਾਰਤ ਸਵੈ-ਸਰਗਰਮ ਵਿਵਸਥਾ ਹੈ। ਇਹ ਪ੍ਰਣਾਲੀ ਕਿਸੇ ਇੱਕ ਟਰੇਨ 'ਚ ਨਾ ਹੋਣ ਕਾਰਨ ਇਹ ਕੰਮ ਨਹੀਂ ਕਰਦੀ, ਇਸ ਲਈ ਇੱਕੋ ਰੇਲਵੇ ਲਾਈਨ 'ਤੇ ਆਉਣ ਵਾਲੀਆਂ ਦੋਵੇਂ ਗੱਡੀਆਂ 'ਚ ਇਹ ਸਿਸਟਮ ਦਾ ਹੋਣਾ ਜ਼ਰੂਰੀ ਹੈ। ਇਹ ਸਿਸਟਮ ਤਦ ਹੀ ਐਕਟਿਵ ਹੁੰਦਾ ਹੈ ਤੇ ਹਾਦਸਾ ਰੋਕਿਆ ਜਾ ਸਕਦਾ ਹੈ। ਮਾਰਚ 2022 ਵਿੱਚ ਕਵਚ ਨਾਲ ਜੁੜੇ ਦੋ ਲੋਕੋਆਂ ਨੂੰ ਇੱਕੋ ਲਾਈਨ 'ਤੇ ਚਲਾ ਕੇ ਇਸ ਦਾ ਪਰੀਖਣ ਕੀਤਾ ਸੀ, ਜੋ ਕਿ ਇੱਕ-ਦੂਜੇ ਤੋਂ 290 ਮੀਟਰ ਦੀ ਦੂਰੀ 'ਤੇ ਦੋਨੋਂ ਲੋਕੋ ਖੁਦ ਹੀ ਰੁਕ ਗਏ ਸਨ।

ਇਸ ਤੋਂ ਪਹਿਲਾਂ 25 ਫਰਵਰੀ 2024 ਐਤਵਾਰ ਨੂੰ ਜੰਮੂ ਦੇ ਕਠੂਆ ਤੋਂ 53 ਡੱਬਿਆਂ ਵਾਲੀ ਇੱਕ ਮਾਲ ਗੱਡੀ 90 ਕਿਲੋਮੀਟਰ ਪ੍ਰਤੀ ਘੰਟਾ ਦੀ ਰਫਤਾਰ ਨਾਲ 80 ਕਿਲੋਮੀਟਰ ਦੇ ਕਰੀਬ ਬਿਨਾਂ ਡਰਾਈਵਰ ਤੋਂ ਰੇਲਵੇ ਲਾਈਨ 'ਤੇ ਦੌੜਦੀ ਹੋਈ ਪੰਜਾਬ ਦੇ ਹੁਸ਼ਿਆਰਪੁਰ ਦੇ ਉੱਚੀ ਬੱਸੀ ਸਟੇਸ਼ਨ 'ਤੇ ਜਾ ਕੇ ਰੁਕੀ। ਇਸ ਮਾਲ ਗੱਡੀ ਦਾ ਡਰਾਈਵਰ ਕਠੂਆ ਸਟੇਸ਼ਨ 'ਤੇ ਗੱਡੀ ਦਾ ਇੰਜਨ ਸਟਾਰਟ ਛੱਡ ਕੇ ਹੀ ਚਾਹ ਪੀਣ ਲਈ ਉਤਰਿਆ ਤੇ ਗੱਡੀ ਆਪਣੇ-ਆਪ ਚੱਲ ਪਈ। ਇਸ ਘਟਨਾ ਦੀ ਵੀਡੀਓ ਵਾਇਰਲ ਹੋਣ ਤੋਂ ਬਾਅਦ ਰੇਲਵੇ ਵਿਭਾਗ ਨੂੰ ਹੱਥਾਂ-ਪੈਰਾਂ ਦੀ ਪੈ ਗਈ ਸੀ ਤੇ ਸੋਸ਼ਲ ਮੀਡੀਆ 'ਤੇ ਵੀ ਬਹੁਤ ਕਿਰਕਰੀ ਹੋਈ ਸੀ। ਘੰਟਾ-ਡੇਢ ਘੰਟਾ ਬਿਨਾਂ ਡਰਾਈਵਰ ਤੋਂ ਰੇਲਵੇ ਟਰੈਕ 'ਤੇ ਦੌੜਨ ਦੇ ਬਾਵਜੂਦ ਚੰਗੀ ਕਿਸਮਤ ਨੂੰ ਕਿਸੇ ਤਰ੍ਹਾਂ ਦਾ ਜਾਨੀ-ਮਾਲੀ ਨੁਕਸਾਨ ਹੋਣ ਤੋਂ ਬਚਾ ਰਿਹਾ।

ਹੁਣ ਗੱਲ ਕਰਦੇ ਹਾਂ ਉੜੀਸਾ ਦੇ ਬਾਲੇਸ਼ਵਰ ਵਿੱਚ ਤਿੰਨ ਰੇਲ ਗੱਡੀਆਂ ਵਿਚਕਾਰ ਹੋਏ ਹਾਦਸੇ ਦੀ। 2 ਜੂਨ 2023 ਨੂੰ ਬਾਲੇਸ਼ਵਰ ਦੇ ਬਾਹਾਨਾਗਾ ਰੇਲਵੇ ਸਟੇਸ਼ਨ ਨੇੜੇ ਇੱਕ ਮਾਲ ਗੱਡੀ ਦੂਜੀ ਕੋਰੋਮੰਡਲ ਐੱਕਸਪ੍ਰੈੱਸ ਤੇ ਤੀਜੀ ਹਾਵੜਾ ਬੈਂਗਲੂਰੂ ਸੁਪਰ ਫਾਸਟ ਐਕਸਪ੍ਰੈਸ ਦੀ ਆਪਸ ਵਿੱਚ ਭਿਆਨਕ ਟੱਕਰ ਹੋਈ ਸੀ, ਜਿਸ ਵਿੱਚ 296 ਦੇ ਕਰੀਬ ਮੌਤਾਂ ਤੇ 1200 ਤੋਂ ਵਧੇਰੇ ਯਾਤਰੀ ਜ਼ਖਮੀ ਹੋਏ ਸਨ। ਮੁੱਢਲੀ ਜਾਂਚ ਅਨੁਸਾਰ ਇਹ ਹਾਦਸਾ ਇਲੈਕਟਰਾਨਿਕ ਇੰਟਰਲਾਕਿੰਗ ਤੇ ਪੁਆਇੰਟ ਮਸ਼ੀਨ ਦੇ ਬਦਲਾਅ ਕਾਰਨ ਹੋਇਆ। ਇਹ ਪ੍ਰਣਾਲੀ ਆਰਟੀਫਿਸ਼ੀਅਲ ਇੰਟੈਲੀਜੈਂਸ ਆਧਾਰਤ ਕੰਮ ਕਰਦੀ ਹੈ। 128 ਕਿਲੋਮੀਟਰ ਪ੍ਰਤੀ ਘੰਟਾ ਦੀ ਰਫਤਾਰ ਨਾਲ ਚੱਲ ਰਹੀ ਇਸ ਰੇਲ ਗੱਡੀ ਨੇ ਉਕਤ ਸਟੇਸ਼ਨ ਉੱਤੇ ਰੁਕਣਾ ਨਹੀਂ ਸੀ। ਸਿਗਨਲ ਗਰੀਨ ਸੀ, ਪਰ ਯਕਦਮ ਕਿਸੇ ਤਕਨੀਕੀ ਕਾਰਨ ਕਰਕੇ ਸਿਗਨਲ ਬਦਲ ਜਾਣ ਕਾਰਨ ਕੋਰੋਮੰਡਲ ਐੱਕਸਪ੍ਰੈੱਸ ਮੇਨ ਲਾਈਨ ਤੋਂ ਹਟ ਕੇ ਲੂਪ ਲਾਈਨ 'ਤੇ ਚੜ੍ਹ ਗਈ, ਜਿੱਥੇ ਪਹਿਲਾਂ ਹੀ ਇੱਕ ਮਾਲ ਗੱਡੀ ਖੜ੍ਹੀ ਸੀ, ਸੋ ਇਹ ਗੱਡੀ ਪਿੱਛੋਂ ਦੀ ਮਾਲ ਗੱਡੀ ਨਾਲ ਟਕਰਾ ਗਈ। ਰੇਲ ਗੱਡੀ ਦੀ ਜ਼ਿਆਦਾ ਰਫਤਾਰ ਕਾਰਨ ਗੱਡੀ ਦੇ 21 ਡੱਬੇ ਪਟੜੀ ਤੋਂ ਉਤਰ ਗਏ ਤੇ ਤਿੰਨ ਡੱਬੇ ਮੇਨ ਲਾਈਨ ਤੀਕਰ ਪਲਟ ਗਏ। ਇਸ ਉਪਰੰਤ ਉਥੋਂ ਚਨੇਈ ਵੱਲ ਜਾ ਰਹੀ ਯਸਵੰਤਪੁਰ (ਬੈਂਗਲੂਰੂ ਹਾਵੜਾ ਸੁਪਰ ਫਾਸਟ) ਐੱਕਸਪ੍ਰੈੱਸ ਗੱਡੀ ਵੀ ਹਾਦਸੇ ਦੀ ਲਪੇਟ ਵਿੱਚ ਆ ਗਈ। ਇਸ ਟਰੈਕ 'ਤੇ ਵੀ ਸੁਰੱਖਿਆ ਕਵਚ ਪ੍ਰਣਾਲੀ ਦੀ ਅਣਹੋਂਦ ਹਾਦਸੇ ਦਾ ਕਾਰਨ ਬਣੀ। ਇਹ ਰੇਲ ਹਾਦਸਾ ਪਿਛਲੇ ਤਿੰਨ ਦਹਾਕਿਆਂ ਵਿੱਚ ਦੇਸ਼ ਦਾ ਤੀਜਾ ਸਭ ਤੋਂ ਵੱਡਾ ਰੇਲ ਹਾਦਸਾ ਸੀ। ਇਹਨਾਂ ਦੋਵੇਂ ਰੇਲ ਗੱਡੀਆਂ ਵਿੱਚ 2000 ਦੇ ਕਰੀਬ ਯਾਤਰੀ ਸਵਾਰ ਸਨ।

26 ਨਵੰਬਰ, 1998 ਨੂੰ ਖੰਨਾ ਨੇੜੇ ਕੌੜੀ ਪਿੰਡ ਵਿਖੇ ਵੀ ਸੁਵੱਖਤੇ 3.15 'ਤੇ ਵੱਡਾ ਰੇਲ ਹਾਦਸਾ ਵਾਪਰਿਆ, ਜਦੋਂ ਅੰਮ੍ਰਿਤਸਰ ਤੋਂ ਦਿੱਲੀ ਵੱਲ ਜਾ ਰਹੀ ਫਰੰਟੀਅਰ ਮੇਲ ਦੇ ਛੇ ਡੱਬੇ ਪਟੜੀ ਤੋਂ ਲੱਥ ਕੇ ਦੂਜੀ ਰੇਲਵੇ ਲਾਈਨ 'ਤੇ ਜਾ ਕੇ ਪਲਟ ਗਏ ਸਨ। ਇਸ ਦੌਰਾਨ ਕਲਕੱਤੇ ਤੋਂ ਆ ਰਹੀ ਜੰਮੂ ਤਵੀ-ਸਿਆਲਦਾ ਐੱਕਸਪ੍ਰੈੱਸ ਫਰੰਟੀਅਰ ਮੇਲ ਦੇ ਲੀਹੋਂ ਲੱਥੇ ਡੱਬਿਆਂ ਨਾਲ ਜਾ ਟਕਰਾਈ ਤੇ ਭਿਆਨਕ ਹਾਦਸਾ ਵਾਪਰ ਗਿਆ। ਇਹਨਾਂ ਰੇਲਾਂ ਵਿੱਚ 2500 ਮੁਸਾਫਰ ਸਫਰ ਕਰ ਰਹੇ ਸਨ, ਜਦਕਿ ਹਾਦਸੇ ਵਿੱਚ 212 ਦੇ ਕਰੀਬ ਲੋਕਾਂ ਦੀ ਮੌਤ ਹੋਈ ਸੀ।

ਇਹਨਾਂ ਦਿਨਾਂ ਵਿੱਚ ਹੀ ਮੈਂ ਵੀ ਬਿਦਰ ਤੋਂ ਪੇਪਰ ਦੇਣ ਉਪਰੰਤ ਵਾਪਸ ਸਰਹਿੰਦ ਆਉਣਾ ਸੀ। ਅਸੀਂ ਬਿਦਰ ਤੋਂ ਬੰਗਲੌਰ ਘੁੰਮਣ ਚਲੇ ਗਏ ਤੇ ਘਰ ਦੇ ਸਾਨੂੰ ਇੱਥੇ ਉਡੀਕਦੇ ਰਹੇ। ਭਾਵੇਂ ਮੈਂ ਖੰਨੇ ਤੋਂ ਪਹਿਲਾਂ ਸਰਹਿੰਦ ਰੇਲਵੇ ਸਟੇਸ਼ਨ ਉਤੇ ਉੱਤਰ ਹੀ ਜਾਣਾ ਸੀ, ਪਰ ਘਰਦਿਆਂ ਦੇ ਮਨਾਂ ਵਿੱਚ ਮਾੜੇ ਖਿਆਲ ਆਈ ਜਾਣ ਕਿ ਕਿਤੇ ਰੇਲ ਗੱਡੀ 'ਚ ਸੁੱਤਾ ਪਿਆ ਹੀ ਅੱਗੇ ਨਾ ਲੰਘ ਗਿਆ ਹੋਵਾਂ। ਉਸ ਵਕਤ ਮੇਰੇ ਘਰ ਦੇ ਕੌੜੀ ਰੇਲਵੇ ਸਟੇਸਨ 'ਤੇ ਮੈਨੂੰ ਲੱਭਣ ਵੀ ਗਏ ਸਨ। ਉਹ ਤਾਂ ਉਸ ਤੋਂ ਇੱਕ-ਦੋ ਦਿਨਾਂ ਬਾਅਦ ਜਦੋਂ ਮੈਂ ਸਹੀ-ਸਲਾਮਤ ਘਰ ਪਹੁੰਚਿਆ ਤਾਂ ਘਰਦਿਆਂ ਦੀ ਜਾਨ 'ਚ ਜਾਨ ਆਈ। ਆਪਣੀ ਉਮਰ ਦੇ ਪੌਣੇ ਪੰਜ ਦਹਾਕਿਆਂ ਵਿੱਚੋਂ ਛੇ ਮਹੀਨੇ ਦੇ ਕਰੀਬ ਰੇਲ ਗੱਡੀਆਂ 'ਚ ਬਿਤਾਏ ਹਨ, ਕਿਉਂਕਿ ਕਰਨਾਟਕਾ ਦੇ ਬਿਦਰ ਜ਼ਿਲ੍ਹੇ ਵਿੱਚ ਪੜ੍ਹਾਈ ਮੌਕੇ ਸਾਲ 'ਚ ਦੋ-ਤਿੰਨ ਵਾਰੀ ਦੋ ਜਾਂ ਤਿੰਨ ਦਿਨ ਦਾ ਸਫਰ ਪੈਂਦਾ ਸੀ ਪੰਜਾਬ ਤੋਂ ਕਰਨਾਟਕਾ ਦਾ।

ਰੇਲ ਨੂੰ ਸਸਤਾ, ਆਰਾਮਦਾਇਕ ਤੇ ਸੁਰੱਖਿਅਤ ਸਫਰ ਮੰਨਿਆ ਜਾਂਦਾ ਹੈ, ਫਿਰ ਕਿਉਂ ਸਾਡੇ ਦੇਸ਼ ਵਿੱਚ ਬਾਰ-ਬਾਰ ਰੇਲ ਹਾਦਸੇ ਹੋ ਰਹੇ ਹਨ। ਅਸੀਂ ਹਰ ਵਾਰ ਜਾਂਚ ਕਮੇਟੀਆਂ ਬਣਾ ਕੇ ਕਿਉਂ ਆਪਣੇ ਫਰਜ਼ਾਂ ਜਾਂ ਜ਼ਿੰਮੇਵਾਰੀਆਂ ਤੋਂ ਪੱਲਾ ਝਾੜ ਲੈਂਦੇ ਹਾਂ। ਬੁਲਟ ਟਰੇਟ ਚਲਾਉਣ ਦੇ ਦਾਅਵੇ ਕਰਨ ਵਾਲੀ ਭਾਰਤ ਸਰਕਾਰ ਨੂੰ ਬੁਲੇਟ ਟ੍ਰੇਨ ਚਲਾਉਣ ਤੋਂ ਪਹਿਲਾਂ ਚੱਲ ਰਹੀਆਂ ਰੇਲ ਗੱਡੀਆਂ ਦੀ ਸੁਰੱਖਿਆ ਵੱਲ ਧਿਆਨ ਦੇਣ ਦੀ ਲੋੜ ਹੈ, ਤਾਂ ਜੋ ਭਵਿੱਖ ਵਿੱਚ ਹੋਰ ਹਾਦਸੇ ਨਾ ਵਾਪਰਨ।

**# ਸੰਪਰਕ : 98889-40211**

29-AUG-PAGE-5.qxd 8/28/2025 9:32 PM Page 1



# ਕੰਸਟਰਕਸ਼ਨ ਵਰਕਰਜ਼ ਐਂਡ ਲੇਬਰ ਯੂਨੀਅਨ ਏਟਕ ਵੱਲੋਂ ਵਿਸ਼ਾਲ ਰੈਲੀ ਤੇ ਮਾਰਚ

## ਉਸਾਰੀ ਕਿਰਤੀ ਲਾਭਪਾਤਰੀਆਂ ਦੇ ਬਣਦੇ ਹੱਕ ਦਿਵਾਉਣ ਤੱਕ ਸੰਘਰਸ਼ ਜਾਰੀ ਰਹੇਗਾ : ਸੁਖਦੇਵ ਸ਼ਰਮਾ, ਢਾਬਾਂ

**ਫਾਜ਼ਿਲਕਾ (ਰਣਬੀਰ ਕੌਰ ਢਾਬਾਂ)**



ਕੰਸਟਰਕਸ਼ਨ ਵਰਕਰਜ਼ ਐਂਡ ਲੇਬਰ ਯੂਨੀਅਨ ਏਟਕ ਪੰਜਾਬ (ਰਜਿ:) ਜ਼ਿਲ੍ਹਾ ਫਾਜ਼ਿਲਕਾ ਵੱਲੋਂ ਕਿਰਤੀਆਂ ਦੇ ਬਣਦੇ ਸਾਰੇ ਹੱਕ ਦਿਵਾਉਣ ਲਈ ਡੀ ਸੀ ਦਫਤਰ ਸਾਹਮਣੇ ਇੱਕ ਵਿਸ਼ਾਲ ਰੈਲੀ ਕੀਤੀ ਗਈ ਤੇ ਉਪਰੰਤ ਮਾਰਚ ਕੱਢਿਆ ਗਿਆ।ਇਸ ਵਿਸ਼ਾਲ ਰੈਲੀ ਤੇ ਮਾਰਚ ਦੀ ਅਗਵਾਈ ਯੂਨੀਅਨ ਦੇ ਫਾਜ਼ਿਲਕਾ ਦੇ ਪ੍ਰਧਾਨ ਜੰਮੂ ਰਾਮ ਬਣਵਾਲਾ, ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਨਰਿੰਦਰ ਢਾਬਾਂ, ਸੋਨਾ ਧੁਨਕੀਆਂ, ਅਸ਼ੋਕ ਢਾਬਾਂ, ਜਗਸੀਰ ਜੱਗਾ ਟਾਹਲੀਵਾਲਾ, ਬਲਵਿੰਦਰ ਘੁਬਾਇਆ ਤੇ ਬਲਵੀਰ ਕਾਠਗੜ੍ਹ ਨੇ ਕੀਤੀ।ਇਸ ਧਰਨੇ 'ਚ ਵਿਸ਼ੇਸ਼ ਤੌਰ 'ਤੇ ਪੁੱਜੇ ਯੂਨੀਅਨ ਦੇ ਜਨਰਲ ਸਕੱਤਰ ਸਾਥੀ ਸੁਖਦੇਵ ਸ਼ਰਮਾ ਤੇ ਸੂਬਾ ਸਹਾਇਕ ਸਕੱਤਰ ਐਡਵੋਕੇਟ ਪਰਮਜੀਤ ਢਾਬਾਂ ਨੇ ਸੈਂਕੜਿਆਂ ਦੀ ਗਿਣਤੀ 'ਚ ਇਕੱਤਰ ਉਸਾਰੀ ਕਿਰਤੀ ਲਾਭਪਾਤਰੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਸਾਰੀ ਕਿਰਤੀ ਲਾਭਪਾਤਰੀਆਂ ਨੂੰ ਬੋਰਡ ਵੱਲੋਂ 18 ਦੇ ਕਰੀਬ ਸਕੀਮਾਂ ਰਾਹੀਂ ਲਾਭ ਦਿੱਤਾ ਜਾਂਦਾ ਹੈ।ਇਹ ਲਾਭ ਬੀਓਸੀ ਡਬਲਿਊ ਕਾਨੂੰਨ 1996 ਦੇ ਤਹਿਤ ਦਿੱਤਾ ਜਾਂਦਾ ਹੈ, ਇਸ ਕਾਨੂੰਨ ਨੂੰ ਪਾਸ ਕਰਾਉਣ ਵਿੱਚ ਕਮਿਊਨਿਸਟ ਆਗੂਆਂ ਦਾ ਅਹਿਮ ਯੋਗਦਾਨ ਹੈ।ਆਗੂਆਂ ਨੇ ਜ਼ੋਰ ਦੇ ਕੇ ਕਿਹਾ ਕਿ ਜਿੰਨੇ ਵੀ ਹੁਣ ਤੱਕ ਲੋਕ ਹਿੱਤਾਂ ਲਈ ਕਾਨੂੰਨ ਬਣੇ ਹਨ, ਉਹ ਕਮਿਊਨਿਸਟਾਂ ਵੱਲੋਂ ਪਾਸ ਕਰਵਾਏ ਗਏ ਹਨ।ਸਾਥੀ ਸ਼ਰਮਾ ਤੇ ਢਾਬਾਂ ਨੇ ਕਿਰਤ ਵਿਭਾਗ ਦੇ ਰਿਸ਼ਤਖੋਰ ਅਫਸਰਾਂ ਤੇ ਮੁਲਾਜ਼ਮਾਂ 'ਤੇ ਦੋਸ਼ ਲਾਉਂਦਿਆਂ ਕਿਹਾ ਕਿ ਫਾਜ਼ਿਲਕਾ ਜ਼ਿਲ੍ਹੇ ਅੰਦਰ ਯੋਗ ਉਸਾਰੀ ਕਿਰਤੀ ਲਾਭਪਾਤਰੀਆਂ ਨੂੰ ਉਨ੍ਹਾਂ ਦੇ ਬਣਦੇ ਹੱਕ ਨਹੀਂ ਦਿੱਤੇ ਜਾ ਰਹੇ ਤੇ ਉਨ੍ਹਾਂ ਦੇ ਵਿਦਿਆਰਥੀ ਬੱਚਿਆਂ ਦੇ ਵਜ਼ੀਫ਼ੇ ਬੇਲੋੜੇ ਇਤਰਾਜ਼ ਲਗਾ ਕੇ ਰੋਕੇ ਜਾ ਰਹੇ ਹਨ।ਇਸੇ ਤਹਿਤ ਲਾਭਪਾਤਰੀ ਉਸਾਰੀ ਕਿਰਤੀਆਂ ਦੇ ਬੱਚਿਆਂ ਦੇ ਵਜ਼ੀਫੇ ਕਾਫੀ ਲੰਬੇ ਸਮੇਂ ਤੋਂ ਲਬਿੰਤ ਪਏ ਹਨ ਅਤੇ ਉਸਾਰੀ ਕਿਰਤੀਆਂ ਦੇ ਖ਼ਾਤੇ ਵਿੱਚ ਲੋਕ ਭਲਾਈ ਸਕੀਮ ਤਹਿਤ ਬਣਦੀ ਵਜ਼ੀਫ਼ਾ ਰਾਸ਼ੀ ਨਹੀਂ ਪਾਈ ਜਾ ਰਹੀ।ਏਟਕ ਦੇ ਆਗੂਆਂ ਨੇ ਦੱਸਿਆ ਕਿ ਉਸਾਰੀ ਕਿਰਤੀਆਂ ਵੱਲੋਂ ਕੰਸਟਰਕਸ਼ਨ ਵਰਕਰਜ਼ ਐਂਡ ਲੇਬਰ ਯੂਨੀਅਨ ਏਟਕ ਪੰਜਾਬ (ਰਜਿ:) ਦੇ ਧਿਆਨ ਵਿੱਚ ਲਿਆਂਦਾ ਗਿਆ ਹੈ ਕਿ ਉਸਾਰੀ ਕਿਰਤੀ ਲਾਭਪਾਤਰੀਆਂ ਦੇ ਬੱਚਿਆਂ ਵੱਲੋਂ ਭਰੇ ਗਏ ਵਜ਼ੀਫ਼ਾ ਫਾਰਮਾਂ 'ਤੇ ਬੇਲੋੜੇ ਤੇ ਗ਼ੈਰ-ਵਾਜਿਬ ਇਤਰਾਜ਼ ਲਗਾਏ ਜਾਂਦੇ ਹਨ।ਇਨ੍ਹਾਂ ਇਤਰਾਜ਼ਾਂ ਰਾਹੀਂ ਕਿਰਤ ਵਿਭਾਗ ਵੱਲੋਂ ਦੱਸੀਆਂ ਗਈਆਂ ਕਮੀਆਂ ਨੂੰ ਉਸਾਰੀ ਕਿਰਤੀ ਲਾਭਪਾਤਰੀਆਂ ਵੱਲੋਂ ਦੂਰ ਕਰਨ ਦੇ ਬਾਵਜੂਦ ਉਨ੍ਹਾਂ ਦੇ ਵਜ਼ੀਫਿਆਂ ਦੇ ਫਾਰਮ ਪਾਸ ਕਰਕੇ ਰਾਸ਼ੀ ਜਾਰੀ ਨਹੀਂ ਕੀਤੀ ਜਾ ਰਹੀ।ਆਗੂਆਂ ਨੇ ਕੰਸਟਰੱਕਸ਼ਨ ਵਰਕਰਜ਼ ਐਂਡ ਲੇਬਰ ਯੂਨੀਅਨ ਏਟਕ ਰਾਹੀਂ ਮੰਗ ਕਰਦੇ ਹੋਏ ਕਿਹਾ ਕਿ ਉਸਾਰੀ ਕਿਰਤੀਆਂ ਨੂੰ ਦਿੱਤੀਆਂ ਜਾਣ ਵਾਲੀਆਂ ਲੋਕ ਭਲਾਈ ਸਕੀਮਾਂ ਨੂੰ ਪਾਰਦਰਸ਼ੀ ਢੰਗ ਰਾਹੀਂ ਲਾਗੂ ਕਰਵਾਇਆ ਜਾਵੇ। ਇਸ ਤੋਂ ਇਲਾਵਾ ਹੋਰ ਮੰਗਾਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਮੰਗ ਕੀਤੀ ਕਿ ਉਸਾਰੀ ਕਿਰਤੀ ਨੂੰ ਜਾਰੀ ਕੀਤੀ ਜਾਣ ਵਾਲੀ ਲਾਭਪਾਤਰੀ ਤਿੰਨ ਸਾਲਾਂ ਲਈ ਜਾਰੀ ਕੀਤੀ ਜਾਵੇ, ਪਿਛਲੇ ਲੰਬੇ ਸਮੇਂ ਤੋਂ ਪੈਂਡਿੰਗ ਪਈਆਂ ਨਵੀਆਂ ਬਣਨ ਵਾਲੀਆਂ ਤੇ ਰੀਨਿਊ ਹੋਣ ਵਾਲੀਆਂ ਲਾਭਪਾਤਰੀ ਕਾਪੀਆਂ ਨੂੰ ਤੁਰੰਤ ਜਾਰੀ ਕੀਤਾ ਜਾਵੇ, ਉਸਾਰੀ ਕਿਰਤੀ ਲਾਭਪਾਤਰੀਆਂ ਦੇ ਬੱਚਿਆਂ ਦੇ ਪਿਛਲੇ ਲੰਬੇ ਸਮੇਂ ਤੋਂ ਪੈਂਡਿੰਗ ਪਏ ਵਜ਼ੀਫਿਆਂ ਦੀ ਰਾਸ਼ੀ ਤੁਰੰਤ ਜਾਰੀ ਕੀਤੀ ਜਾਵੇ, ਸੇਵਾ ਕੇਂਦਰਾਂ ਤੇ ਕਿਰਤ ਵਿਭਾਗ ਦੇ ਦਫਤਰਾਂ ਵਿੱਚ ਉਸਾਰੀ ਕਿਰਤੀਆਂ ਦੀ ਹੁੰਦੀ ਖੱਜਲ ਖੁਆਰੀ ਨੂੰ ਬੰਦ ਕੀਤਾ ਜਾਵੇ, ਦਲਾਲਾਂ ਨਾਲ ਮਿਲੀਭੁਗਤ ਕਰਕੇ ਰਿਸ਼ਵਤ ਲੈ ਕੇ ਕੰਮ ਕਰਨ ਵਾਲੇ ਮੁਲਾਜ਼ਮਾਂ ਤੇ ਅਫਸਰਾਂ ਖਿਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾਵੇ ਅਤੇ ਕਿਰਤੀ ਵਿਭਾਗ ਵਿੱਚ ਕਰਮਚਾਰੀਆਂ ਦੀ ਹੋਰ ਭਰਤੀ ਕੀਤੀ ਜਾਵੇ।ਇਸ ਮੌਕੇ ਸੰਬੋਧਨ ਕਰਦਿਆਂ ਸੀਪੀਆਈ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਹੰਸ ਰਾਜ ਗੋਲਡਨ ਤੇ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਸੁਰਿੰਦਰ ਢੰਡੀਆਂ ਨੇ ਕਿਹਾ ਕਿ ਕਿਰਤੀਆਂ ਦੇ ਹੱਕਾਂ ਦੀ ਰਾਖੀ ਲਈ ਉਨ੍ਹਾਂ ਦੀ ਪਾਰਟੀ ਹਮੇਸ਼ਾ ਵਚਨਬੱਧ ਹੈ ਅਤੇ ਉਹ ਕੰਸਟਰਕਸ਼ਨ ਵਰਕਰ ਐਂਡ ਲੇਬਰ ਯੂਨੀਅਨ ਦਾ ਡੱਟ ਕੇ ਸਾਥ ਦੇਣਗੇ।

ਇਸ ਮੌਕੇ ਉਸਾਰੀ ਕਿਰਤੀ ਲਾਭਪਾਤਰੀਆਂ ਨੂੰ ਸੱਦਾ ਦਿੰਦਿਆਂ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸਾਥੀ ਨਰਿੰਦਰ ਢਾਬਾਂ ਨੇ ਕਿਹਾ ਕਿ ਕੇਂਦਰ ਸਰਕਾਰ ਪੰਜਾਬ ਸਰਕਾਰ ਦੀਆਂ ਮਾੜੀਆਂ ਨੀਤਾਂ ਕਾਰਨ ਮਨਰੇਗਾ ਕਾਨੂੰਨ ਨੂੰ ਬੰਦ ਕਰਨਾ ਚਾਹੁੰਦੀ ਹੈ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਉਨ੍ਹਾਂ ਸਮੂਹ ਨਰੇਗਾ ਜੌਬ ਕਾਰਡਧਾਰਕਾਂ ਨੂੰ ਸੱਦਾ ਦਿੰਦਿਆਂ ਕਿਹਾ ਕਿ ਇਸ ਲੜਾਈ ਨੂੰ ਹੋਰ ਮਜ਼ਬੂਤ ਕਰਨ ਲਈ ਉਹ ਜਥੇਬੰਦੀ ਦੇ ਝੰਡੇ ਹੇਠ ਲਾਮਬੰਦ ਹੋਣ।

ਅਖੀਰ ਵਿੱਚ ਲੇਬਰ ਕਮਿਸ਼ਨਰ-ਕਮ-ਸਕੱਤਰ ਬੀਓਸੀ ਵਰਕਰਜ਼ ਵੈੱਲਫ਼ੇਅਰ ਬੋਰਡ ਮੋਹਾਲੀ (ਪੰਜਾਬ) ਨੂੰ ਏ ਐੱਲ ਸੀ ਫਾਜ਼ਿਲਕਾ ਰਾਹੀਂ ਉਸਾਰੀ ਕਿਰਤੀਆਂ ਦੀਆਂ ਮੰਗਾਂ ਸਬੰਧੀ ਮੰਗ ਪੱਤਰ ਦਿੱਤਾ ਗਿਆ।ਇਸ ਮੰਗ ਪੱਤਰ ਨੂੰ ਲੈਣ ਲਈ ਲੇਬਰ ਇੰਸਪੈਕਟਰ ਰਾਜਪ੍ਰੀਤ ਸਿੰਘ ਲੈਣ ਪਹੁੰਚੇ ਅਤੇ ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਦੇ ਮੰਗ ਪੱਤਰ ਨੂੰ ਸੂਬਾ ਹੈੱਡ ਕੁਆਰਟਰ ਭੇਜ ਦਿੱਤਾ ਜਾਵੇਗਾ ਅਤੇ ਆਉਣ ਵਾਲੇ ਦਿਨਾਂ ਵਿੱਚ ਕਿਸੇ ਵੀ ਉਸਾਰੀ ਕਿਰਤੀ ਨੂੰ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾਈ ਸੀਨੀਅਰ ਮੀਤ ਪ੍ਰਧਾਨ ਹਰਭਜਨ ਛੱਪੜੀਵਾਲਾ, ਜ਼ਿਲ੍ਹਾ ਪ੍ਰਧਾਨ ਸ਼ੁਬੇਗ ਝੰਗੜਭੈਣੀ, ਧਰਮਿੰਦਰ ਮੁਰਕਵਾਲਾ, ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਰਮਨ ਧਰਮੂਵਾਲਾ ਜ਼ਿਲ੍ਹਾ ਸਕੱਤਰ ਸਟਾਲਿਨ ਲਮੋਚੜ, ਕੀਰਤੀ, ਸੁਰਿੰਦਰ ਬਾਹਮਣੀ ਵਾਲਾ, ਕਰਨੈਲ ਬੱਗੇ ਕੇ, ਮਲਕੀਤ ਮਾਹੂਆਣਾ, ਅਰਵੀਨ ਢਾਬਾਂ, ਚਾਨਣ ਰਾਮ ਘੱਲੂ, ਮਹਿੰਦਰ ਢੰਡੀਆਂ, ਹਰਚਰਨ ਪਾਲੀਵਾਲਾ, ਬਲਵਿੰਦਰ ਮਹਾਲਮ ਤੇ ਬਲਵਿੰਦਰ ਘੂਰੀ ਆਦਿ ਹਾਜ਼ਰ ਸਨ।

# 'ਖੇਡਾਂ ਵਤਨ ਪੰਜਾਬ ਦੀਆਂ' ਸੀਜ਼ਨ-4 ਦੀ ਮਸ਼ਾਲ ਦਾ ਮੋਗਾ ਪਹੁੰਚਣ 'ਤੇ ਸ਼ਾਨਦਾਰ ਸਵਾਗਤ


## ਪੰਜਾਬ ਸਰਕਾਰ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਕਰ ਰਹੀ ਹਰ ਯੋਗ ਉਪਰਾਲੇ : ਲਾਡੀ ਢੋਸ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਨੂੰ ਖੇਡਾਂ ਵਿੱਚ ਦੇਸ਼ ਦਾ ਮੋਹਰੀ ਸੂਬਾ ਬਣਾਉਣ ਤੇ ਖੇਡ ਸੱਭਿਆਚਾਰ ਪੈਦਾ ਕਰਨ ਲਈ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਸ਼ੁਰੂ ਕੀਤੀਆਂ ਗਈਆਂ 'ਖੇਡਾਂ ਵਤਨ ਪੰਜਾਬ ਦੀਆਂ' ਦੇ ਤਿੰਨ ਸਾਲ ਦੀ ਸਫਲਤਾ ਤੋਂ ਬਾਅਦ ਸੀਜ਼ਨ-4 ਖੇਡਾਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਇਸ ਵਾਰ ਵੀ ਮਸ਼ਾਲ ਮਾਰਚ ਸ਼ੁਰੂ ਕੀਤਾ ਗਿਆ ਹੈ।ਇਹ ਮਸ਼ਾਲ ਅੱਜ ਜ਼ਿਲ੍ਹਾ ਮੋਗਾ ਵਿੱਚ ਪ੍ਰਵੇਸ਼ ਕੀਤੀ, ਜਿਸ ਦਾ ਧਰਮਕੋਟ ਵਿਖੇ ਹਲਕਾ ਵਿਧਾਇਕ ਸ. ਦਵਿੰਦਰਜੀਤ ਸਿੰਘ ਲਾਡੀ ਢੋਸ ਦੀ ਅਗਵਾਈ ਵਿੱਚ ਸ਼ਾਨਦਾਰ ਸਵਾਗਤ ਕੀਤਾ ਗਿਆ।ਇਸ ਮੌਕੇ ਜ਼ਿਲ੍ਹਾ ਖੇਡ ਅਫ਼ਸਰ ਮੋਗਾ ਨਾਲ ਵੱਡੀ ਗਿਣਤੀ ਵਿੱਚ ਖੇਡ ਪ੍ਰੇਮੀ ਤੇ ਖਿਡਾਰੀ ਹਾਜ਼ਰ ਸਨ।ਵਿਧਾਇਕ ਦਵਿੰਦਰ ਜੀਤ ਸਿੰਘ ਢੋਸ ਨੇ ਦੱਸਿਆ ਕਿ ਖੇਡਾਂ ਦੀ ਰਵਾਇਤ ਮੁਤਾਬਕ ਖੇਡਾਂ ਵਤਨ ਪੰਜਾਬ ਦੀਆਂ ਦੇ ਸੀਜ਼ਨ-4 ਦੇ ਉਦਘਾਟਨੀ ਸਮਾਰੋਹ ਮੌਕੇ ਜਲਾਈ ਜਾਣ ਵਾਲੀ ਮਸ਼ਾਲ ਦਾ ਅੱਜ ਪੰਜਾਬ ਵਿੱਚ ਹਰ ਜ਼ਿਲ੍ਹਾ ਹੈੱਡਕੁਆਰਟਰ ਵਿੱਚ ਸਿਲਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਇਹ ਖੇਡਾਂ ਤਹਿਤ ਬਲਾਕ ਪੱਧਰੀ ਖੇਡਾਂ 8 ਸਤੰਬਰ ਤੋਂ 15 ਸਤੰਬਰ ਤੱਕ, ਜ਼ਿਲ੍ਹਾ ਪੱਧਰੀ ਖੇਡਾਂ 25 ਸਤੰਬਰ ਤੋਂ 5 ਅਕਤੂਬਰ ਤੱਕ ਤੇ ਰਾਜ ਪੱਧਰੀ ਖੇਡਾਂ ਤਿੰਨ ਗੇੜਾਂ ਵਿੱਚ ਹੋਣਗੀਆਂ, ਜਿਨ੍ਹਾਂ ਦੀ ਤਰੀਕ ਬਾਅਦ ਵਿੱਚ ਘੋਸ਼ਿਤ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਮੋਗਾ ਵਿਖੇ 3 ਸਤੰਬਰ ਤੋਂ ਫੁੱਟਬਾਲ, ਐਥਲੈਟਿਕ, ਖੋ ਖੋ, ਵਾਲੀਬਾਲ, ਸ਼ੂਟਿੰਗ, ਸਮੈਸ਼ਿੰਗ ਤੇ ਕਬੱਡੀ ਦੇ ਮੁਕਾਬਲੇ ਕਰਵਾਏ ਜਾਣਗੇ।ਉਨ੍ਹਾਂ ਦੱਸਿਆ ਕਿ 'ਖੇਡਾਂ ਵਤਨ ਪੰਜਾਬ ਦੀਆਂ' ਦੀ ਇਹ ਮਸ਼ਾਲ ਪੂਰੇ ਪੰਜਾਬ ਵਿੱਚ ਮਾਰਚ ਕਰਨ ਤੋਂ ਬਾਅਦ ਹੁਸ਼ਿਆਰਪੁਰ ਵਿਖੇ 3 ਸਤੰਬਰ ਨੂੰ ਪਹੁੰਚੇਗੀ, ਜਿੱਥੇ ਖੇਡਾਂ ਦੇ ਚੌਥੇ ਸੀਜ਼ਨ ਦਾ ਉਦਘਾਟਨ ਹੋਵੇਗਾ।ਹਰ ਜ਼ਿਲ੍ਹਾ ਹੈੱਡਕੁਆਰਟਰ ਉੱਤੇ ਮਸ਼ਾਲ ਮਾਰਚ ਵਿੱਚ ਸਥਾਨਕ ਉੱਘੇ ਖਿਡਾਰੀ, ਖੇਡ ਵਿਭਾਗ ਦੇ ਕਰਮਚਾਰੀ, ਸਥਾਨਕ ਨੁਮਾਇੰਦੇ ਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀ ਸ਼ਾਮਲ ਹੋਣਗੇ।ਇਹ ਮਸ਼ਾਲ ਪਿੰਡ ਕਾਲੇਕੇ, ਧਰਮਕੋਟ ਤੋਂ ਹੁੰਦੀ ਹੋਈ ਬੱਸ ਸਟੈਂਡ ਮੋਗਾ ਤੇ ਗੋਧੇਵਾਲਾ ਵਿਖੇ ਪਹੁੰਚੀ, ਜਿੱਥੇ ਡਿਪਟੀ ਕਮਿਸ਼ਨਰ ਮੋਗਾ ਸਾਗਰ ਸੇਤੀਆ ਦੀ ਅਗਵਾਈ ਵਿੱਚ ਮਸ਼ਾਲ ਦਾ ਭਰਵਾਂ ਸਵਾਗਤ ਕੀਤਾ ਗਿਆ।ਇਸ ਮੌਕੇ ਉਨ੍ਹਾਂ ਨਾਲ ਮੇਅਰ ਨਿਗਰ ਨਿਗਮ ਬਲਜੀਤ ਸਿੰਘ ਚਾਨੀ, ਵਧੀਕ ਡਿਪਟੀ ਕਮਿਸ਼ਨਰ (ਜ) ਚਾਰੂਮਿਤਾ ਤੇ ਹੋਰ ਅਧਿਕਾਰੀ ਹਾਜ਼ਰ ਸਨ।ਡਿਪਟੀ ਕਮਿਸ਼ਨਰ ਸਾਗਰ ਸੇਤੀਆ ਨੇ ਖਿਡਾਰੀਆਂ ਨੂੰ ਪੂਰੇ ਜੋਸ਼ ਦੀ ਭਾਵਨਾ ਨਾਲ ਇਨ੍ਹਾਂ ਖੇਡਾਂ ਦਾ ਹਿੱਸਾ ਬਣਨ ਲਈ ਪ੍ਰੇਰਿਆ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਮੋਗਾ ਵੱਲੋਂ ਇਨ੍ਹਾਂ ਖੇਡਾਂ ਨੂੰ ਪੂਰੇ ਪ੍ਰਭਾਵਸ਼ਾਲੀ ਤਰੀਕੇ ਨਾਲ ਕਰਵਾਉਣ ਲਈ ਹਰੇਕ ਪੁਖ਼ਤਾ ਪ੍ਰਬੰਧ ਕੀਤੇ ਜਾਣਗੇ ਤਾਂ ਕਿ ਕਿਸੇ ਵੀ ਖਿਡਾਰੀ ਨੂੰ ਇਨ੍ਹਾਂ ਖੇਡਾਂ ਦਰਮਿਆਨ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।ਉਨ੍ਹਾਂ ਦੱਸਿਆ ਕਿ 29 ਅਗਸਤ ਨੂੰ ਇੱਥੋਂ ਹੀ ਮਸ਼ਾਲ ਨੂੰ ਜ਼ਿਲ੍ਹਾ ਲੁਧਿਆਣਾ ਲਈ ਰਵਾਨਾ ਕੀਤਾ ਜਾਵੇਗਾ।ਉਨ੍ਹਾਂ ਉਮੀਦ ਜਤਾਈ ਕਿ ਜ਼ਿਲ੍ਹਾ ਮੋਗਾ ਦੇ ਖਿਡਾਰੀ ਪਿਛਲੀ ਵਾਰ ਦੀ ਤਰ੍ਹਾਂ ਇਸ ਵਾਰ ਵੀ ਇਨ੍ਹਾਂ ਖੇਡਾਂ ਵਿੱਚ ਬਹੁਤ ਵਧੀਆ ਪ੍ਰਦਰਸ਼ਨ ਕਰਨਗੇ ਤੇ ਜ਼ਿਲ੍ਹਾ ਮੋਗਾ ਦਾ ਨਾਮ ਰੌਸ਼ਨ ਕਰਨਗੇ।ਡਿਪਟੀ ਕਮਿਸ਼ਨਰ ਵੱਲੋਂ ਇਸ ਮੌਕੇ ਖਿਡਾਰੀਆਂ ਨੂੰ ਖੇਡਾਂ ਦਾ ਸਾਮਾਨ ਵੰਡ ਕੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਵੀ ਕੀਤੀ।

## ਕਾਤਰਾਂ

### ਕਾਮਰੇਡ ਗੁਰਸੇਵਕ ਧੀਮਾਨ ਨੂੰ ਸ਼ਰਧਾਂਜਲੀ ਭੇਟ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਭਾਰਤੀ ਕਮਿਊਨਿਸਟ ਪਾਰਟੀ ਤਹਿਸੀਲ ਸੁਨਾਮ ਊਧਮ ਸਿੰਘ ਵਾਲਾ ਵੱਲੋਂ ਕਾਮਰੇਡ ਗੁਰਸੇਵਕ ਦਾਸ ਧੀਮਾਨ ਦੇ 20 ਅਗਸਤ ਨੂੰ ਸਦੀਵੀ ਵਿਛੋੜੇ ਦੇ ਸਬੰਧ ਵਿੱਚ ਸ਼ੋਕ ਸਭਾ ਕੀਤੀ ਗਈ।ਸ਼ੋਕ ਸਭਾ ਵਿੱਚ ਹਾਜ਼ਰ ਸਾਥੀ ਸੰਪੂਰਨ ਸਿੰਘ ਐਡਵੋਕੇਟ, ਹਰਦੇਵ ਸਿੰਘ ਬਖਸ਼ੀਵਾਲਾ, ਦਲਬਾਰ ਸਿੰਘ, ਰਾਕੇਸ਼ ਕੁਮਾਰ, ਹਰਦੇਵ ਸਿੰਘ ਬਾਹੀਆ, ਜੀਤ ਸਿੰਘ ਬੰਗਾ, ਗਮਦੂਰ ਸਿੰਘ, ਜਗਦੀਸ਼ ਸਿੰਘ, ਬਿਰਜ ਲਾਲ, ਕਰਮ ਚੰਦ ਮਾਰਕੰਡਾ, ਜਸਵੰਤ ਅਸਮਾਨੀ ਆਦਿ ਸਾਥੀਆਂ ਨੇ ਕਾਮਰੇਡ ਗੁਰਸੇਵਕ ਦਾਸ ਧੀਮਾਨ ਨੂੰ ਸ਼ਰਧਾਂਜਲੀ ਭੇਟ ਕੀਤੀ।ਕਾਮਰੇਡ ਵੱਲੋਂ ਕਮਿਊਨਿਸਟ ਪਾਰਟੀ ਪ੍ਰਤੀ ਸਮਰਪਤ ਹੋ ਕੇ ਕੀਤੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ ਗਈ ਅਤੇ ਕੀਤੀਆਂ ਸੇਵਾਵਾਂ ਨੂੰ ਯਾਦ ਰੱਖਿਆ ਜਾਵੇਗਾ।ਕਾਮਰੇਡ ਗੁਰਸੇਵਕ ਦਾਸ ਧੀਮਾਨ ਨਮਿੱਤ ਗਰੁੜ ਪੁਰਾਣ ਜੀ ਦਾ ਭੋਗ 31 ਅਗਸਤ ਨੂੰ ਦੁਪਹਿਰ 1 ਵਜੇ ਤੋਂ 2 ਵਜੇ ਤੱਕ ਸ਼ਹੀਦ ਊਧਮ ਸਿੰਘ ਕੰਪਲੈਕਸ ਨੇੜੇ ਗੁਰਦੁਆਰਾ ਨਿਆਈਂ ਸਾਹਿਬ ਵਿਖੇ ਪਵੇਗਾ।

### ਹੈਰੋਇਨ ਬਰਾਮਦ ਹੋਣ 'ਤੇ ਔਰਤ ਵਿਰੁੱਧ ਕੇਸ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਵੈਰੋਕੇ ਦੀ ਪੁਲਸ ਵੱਲੋਂ 6 ਗ੍ਰਾਮ ਹੈਰੋਇਨ ਬਰਾਮਦ ਹੋਣ 'ਤੇ ਇੱਕ ਔਰਤ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਵੈਰੋਕੇ ਦੇ ਐਸ.ਐਚ.ਓ. ਪਰਮਜੀਤ ਸਿੰਘ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਨਾਲ ਸਰਕਾਰੀ ਗੱਡੀ 'ਤੇ ਸਵਾਰ ਹੋ ਕੇ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਨ ਦੇ ਸਬੰਧ ਵਿੱਚ ਗਸ਼ਤ ਕਰਦੇ ਹੋਏ ਥਾਣਾ ਇਲਾਕੇ ਵਿੱਚ ਚੰਦਭਾਨ ਡਰੇਨ ਦੇ ਪੁਲ ਕੋਲ ਪੁੱਜੇ ਤਾਂ ਇਕ ਔਰ ਦੀ ਸ਼ੱਕੀ ਹਾਲਤ ਵਿੱਚ ਰੋਕ ਕੇ ਤਲਾਸ਼ੀ ਲਈ ਗਈ ਤਾਂ ਉਸ ਕੋਲੋ 6 ਗ੍ਰਾਮ ਹੈਰੋਇਨ ਬਰਾਮਦ ਹੋਈ। ਇਸ ਔਰਤ ਗੁਰਮੀਤ ਕੌਰ ਉਰਫ ਗੁਰਮੀਤੋ ਪਤਨੀ ਕਾਲਾ ਸਿੰਘ ਵਾਸੀ ਕਾਠਗੜ੍ਹ ਵਜੋਂ ਪਹਿਚਾਣ ਹੋਈ ਹੈ, ਜਿਸ ਦੇ ਖਿਲਾਫ ਥਾਣਾ ਵੈਰੋਕੇ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

### ਹੜ੍ਹ ਪੀੜਤ ਸੰਘਰਸ਼ ਕਮੇਟੀ ਨੇ ਚੰਡੀਗੜ੍ਹ ਕੀਤੀ ਮੀਟਿੰਗ

**ਮੋਗਾ (ਇਕਬਾਲ ਸਿੰਘ ਖਹਿਰਾ)**-ਹੜ੍ਹ ਪੀੜਤ ਸੰਘਰਸ਼ ਕਮੇਟੀ ਵੱਲੋਂ ਚੰਡੀਗੜ੍ਹ ਦੇ ਸੈਕਟਰ 28 ਵਿਖੇ ਕੇਂਦਰੀ ਸਿੰਘ ਸਭਾ ਦੇ ਕਾਨਫਰੰਸ ਹਾਲ ਵਿਖੇ ਪੰਜਾਬ ਵਿੱਚ ਹੜ੍ਹਾਂ ਕਾਰਨ ਬਣੀ ਸਥਿਤੀ ਦਾ ਜਾਇਜ਼ਾ ਲੈਣ ਤੇ ਉਸ ਦੇ ਸਥਿਰ ਹੱਲ ਕੱਢਣ ਲਈ ਵਿਚਾਰ ਵਟਾਂਦਰਾ ਕੀਤਾ ਗਿਆ।ਇਸ ਵਿੱਚ ਪੰਜਾਬ ਦੇ ਪਾਣੀਆਂ 'ਤੇ ਕੰਮ ਕਰਨ ਵਾਲੇ ਕਾਰਕੁਨ ਤੇ ਬੁੱਧੀਜੀਵੀਆਂ ਨੇ ਵੀ ਹਿੱਸਾ ਲਿਆ।ਆਉਣ ਵਾਲੇ ਦਿਨਾਂ ਵਿੱਚ ਪੰਜਾਬ ਦੇ ਲੋਕਾਂ ਨੂੰ ਇਨ੍ਹਾਂ ਹੜ੍ਹਾਂ ਦੀ ਮਾਰ ਤੋਂ ਬਚਾਉਣ ਲਈ ਕੀ ਉਪਰਾਲੇ ਕੀਤੇ ਜਾਣ, ਬਾਰੇ ਸੰਘਰਸ਼ ਨੂੰ ਲਾਮਬੰਦ ਕੀਤਾ ਜਾਵੇਗਾ।ਇਸ ਮੀਟਿੰਗ ਵਿੱਚ ਜਸਬੀਰ ਸਿੰਘ ਆਹਲੂਵਾਲੀਆ ਪ੍ਰਧਾਨ ਹੜ੍ਹ ਪੀੜਤ ਸੰਘਰਸ਼ ਕਮੇਟੀ, ਕੁਲਦੀਪ ਸਿੰਘ ਸਾਂਗਰਾ, ਗੁਰਪ੍ਰੀਤ ਸਿੰਘ ਮੁੱਠਿਆਂ ਵਾਲੀ, ਰੋਮਨ ਬਰਾੜ ਜ਼ੀਰਾ ਸਾਂਝਾ ਮੋਰਚਾ, ਅਮਿਤੋਜ ਮਾਨ, ਅਜੇਪਾਲ ਸਿੰਘ ਬਰਾੜ ਮਿਸਲ ਸਤਲੁਜ, ਖੁਸ਼ਹਾਲ ਸਿੰਘ ਕੇਂਦਰੀ ਸ੍ਰੀ ਗੁਰੂ ਸਿੰਘ ਸਭਾ, ਜਸਕੀਰਤ ਸਿੰਘ, ਸ੍. ਜਸਪਾਲ ਸਿੰਘ ਸਿੱਧੂ, ਹਮੀਰ ਸਿੰਘ, ਸ੍. ਸਰਬਜੀਤ ਸਿੰਘ ਧਾਲੀਵਾਲ, ਗੁਰਸ਼ਮਸ਼ੀਰ ਸਿੰਘ, ਪ੍ਰਭਜੀਤ ਸਿੰਘ, ਐਡਵੋਕੇਟ ਗੁਰਵਿੰਦਰ ਸਿੱਧੂ ਤੇ ਹੋਰ ਸ਼ਾਮਲ ਹੋਏ।

# ਬਲਾਕ ਬਚਾਓ ਸੰਘਰਸ਼ ਕਮੇਟੀ ਵੱਲੋਂ ਅੱਜ ਦਾ ਧਰਨਾ ਮੁਲਤਵੀ



**ਭੀਖੀ (ਗੁਰਿੰਦਰ ਸਿੰਘ ਔਲਖ)**-ਭੀਖੀ ਬੀਡੀਪੀਓ ਬਲਾਕ ਦਫਤਰ ਨੂੰ ਤੋੜਨ ਖਿਲਾਫ ਬਲਾਕ ਬਚਾਓ ਸੰਘਰਸ਼ ਕਮੇਟੀ ਦੀ ਅਗਵਾਈ ਵਿੱਚ ਇਲਾਕੇ ਦੀਆਂ ਸਮੂਹ ਜਥੇਬੰਦੀਆਂ ਦੀ ਮੀਟਿੰਗ ਹੋਈ।ਮੀਟਿੰਗ ਵਿੱਚ ਤੈਅ ਕੀਤਾ ਗਿਆ ਕਿ 29 ਅਗਸਤ ਨੂੰ ਪੰਜਾਬ ਸਰਕਾਰ ਖਿਲਾਫ ਧਰਨਾ ਤੇ ਅਰਥੀ ਫੂਕ ਮੁਜ਼ਾਹਰਾ ਕਰਨ ਦਾ, ਜੋ ਪ੍ਰੋਗਰਾਮ ਉਲੀਕਿਆ ਸੀ, ਉਸ ਨੂੰ ਮੌਸਮ ਦੀ ਖਰਾਬੀ ਦੇ ਚਲਦਿਆਂ ਤੇ ਭੀਖੀ ਬਲਾਕ ਦੇ ਕਾਫੀ ਪਿੰਡਾਂ 'ਚ ਪਾਣੀ ਭਰਨ ਕਰਕੇ ਫਿਲਹਾਲ ਮੁਲਤਵੀ ਕੀਤਾ ਜਾ ਰਿਹਾ ਹੈ।

ਐਕਸ਼ਨ ਕਮੇਟੀ ਨੇ ਤੈਅ ਕੀਤਾ ਕਿ ਅਗਲੇ ਦਿਨਾਂ ਵਿੱਚ ਜਲਦੀ ਮੀਟਿੰਗ ਕਰਕੇ ਨਵਾਂ ਪ੍ਰੋਗਰਾਮ ਤੈਅ ਕੀਤਾ ਜਾਵੇਗਾ।ਫਿਲਹਾਲ ਸੰਕਟ ਵਿੱਚ ਫਸੇ ਲੋਕਾਂ ਨਾਲ ਮੋਢੇ ਨਾਲ ਮੋਢਾ ਲਾ ਕੇ ਖੜਿਆ ਜਾਵੇ ਤੇ ਪਾਣੀ ਦੇ ਸੰਕਟ ਨਾਲ ਨਿਪਟਿਆ ਜਾਵੇ।ਮੀਟਿੰਗ ਵਿੱਚ ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਰੂਪ ਸਿੰਘ ਢਿੱਲੋਂ ਪੰਜਾਬ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਆਗੂ ਭੋਲਾ ਸਿੰਘ ਸਮਾਓਂ, ਪੰਜਾਬ ਕਾਂਗਰਸ ਕਿਸਾਨ ਸੈੱਲ ਦੇ ਆਗੂ ਬਲਜੀਤ ਸ਼ਰਮਾ ਖੀਵਾ, ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਦੇ ਗੁਲਾਬ ਸਿੰਘ, ਮਜ਼ਦੂਰ ਮੁਕਤੀ ਮੋਰਚਾ ਲਬਰੇਸ਼ਨ ਦੇ ਆਗੂ ਦਿਨੇਸ਼ ਸੋਨੀ, ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਦੇ ਆਗੂ ਡਾਕਟਰ ਸਤਵੰਤ ਸਿੰਘ, ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਦੇ ਆਗੂ ਸਤਵਿੰਦਰ ਸਿੰਘ, ਮਜ਼ਦੂਰ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਆਗੂ ਨਿਰਭੈ ਸਿੰਘ, ਸਾਬਕਾ ਸਰਪੰਚ ਮੈਂਬਰ ਬਲਮ ਸਿੰਘ ਢੈਪਈ, ਅਮੋਲਕ ਸਿੰਘ ਖੀਵਾ, ਰਘਵੀਰ ਭੀਖੀ ਆਦਿ ਵੱਡੀ ਗਿਣਤੀ 'ਚ ਹਾਜ਼ਰ ਸਨ।

# ਨਗਰ ਸੁਧਾਰ ਸਭਾ ਵੱਲੋਂ ਸਮੱਸਿਆਵਾਂ ਨੂੰ ਲੈ ਕੇ ਏ ਡੀ ਸੀ ਤੇ ਈ ਓ ਨਾਲ ਮੀਟਿੰਗ

**ਜਗਰਾਉਂ (ਸੰਜੀਵ ਅਰੋੜਾ)**-ਐੱਸ. ਡੀ. ਐੱਮ. ਦਫਤਰ ਵਿਖੇ ਏ. ਡੀ. ਸੀ. ਸ਼ਹਿਰੀ ਵਿਕਾਸ ਰੁਪਿੰਦਰਪਾਲ ਸਿੰਘ ਤੇ ਕਾਰਜ ਸਾਧਕ ਅਫ਼ਸਰ ਸੁਖਦੇਵ ਸਿੰਘ ਰੰਧਾਵਾ ਨੇ ਨਗਰ ਸੁਧਾਰ ਸਭਾ ਦੇ ਅਹੁਦੇਦਾਰਾਂ ਨਾਲ ਸ਼ਹਿਰ ਦੀਆ ਭੱਖਦੀਆਂ ਮੰਗਾਂ ਮਸਲਿਆਂ ਬਾਰੇ ਖੁੱਲ੍ਹ ਕੇ ਵਿਚਾਰ ਚਰਚਾ ਕੀਤੀ। ਨਗਰ ਸੁਧਾਰ ਸਭਾ ਵੱਲੋਂ ਪ੍ਰਧਾਨ ਅਵਤਾਰ ਸਿੰਘ, ਕੰਵਲਜੀਤ ਖੰਨਾ ਸੱਕਤਰ, ਕਾ. ਗੁਰਮੇਲ ਸਿੰਘ ਰੂਮੀ, ਪ੍ਰਿਤਪਾਲ ਸਿੰਘ ਤੇ ਜਗਜੀਤ ਸਿੰਘ ਕਲੇਰ ਆਦਿ ਸ਼ਾਮਲ ਹੋਏ। ਮੀਟਿੰਗ 'ਚ ਹਾਜ਼ਰ ਅਧਿਕਾਰੀਆਂ ਨੇ ਦੱਸਿਆ ਕਿ ਸ਼ਹਿਰ ਦੀ ਸਭ ਤੋਂ ਵੱਡੀ ਤੇ ਗੰਭੀਰ ਸਮੱਸਿਆ ਦੇ ਹੱਲ ਲਈ ਨਗਰ ਕੌਂਸਲ ਵੱਲੋਂ ਸ਼ਹਿਰ ਤੋਂ ਦੂਰ ਲਾਗਲੇ ਪਿੰਡ ਦੀ ਇੱਕ ਏਕੜ ਜਮੀਨ ਕਿਰਾਏ 'ਤੇ ਹਾਸਲ ਕਰਕੇ ਕੂੜਾ ਚੁੱਕਣ ਦਾ ਠੇਕਾ ਦੇ ਦਿੱਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਸਮੁੱਚੇ ਸ਼ਹਿਰ 'ਚ ਪਿਆ ਸਾਰਾ ਕੂੜਾ ਪੰਦਰਾਂ ਦਿਨ ਦੇ ਅੰਦਰ ਅੰਦਰ ਨਿਪਟਾ ਲਿਆ ਜਾਵੇਗਾ। ਉਸ ਥਾਂ ਤੱਕ ਕੂੜਾ ਪੂਰੀ ਤਰ੍ਹਾਂ ਢੱਕ ਕੇ ਲਿਜਾਇਆ ਜਾਵੇਗਾ ਤੇ ਉਥੇ ਹੀ ਅੱਡ ਅੱਡ ਕਰਕੇ ਮਿੱਟੀ 'ਚ ਦਫਨਾ ਦਿੱਤਾ ਜਾਵੇਗਾ। ਸ਼ਹਿਰ ਦੇ ਪਾਣੀ ਦੇ ਨਿਕਾਸ ਬਾਰੇ ਅਧਿਕਾਰੀਆਂ ਨੇ ਕਿਹਾ ਕਿ ਕਮਲ ਚੌਕ ਤੇ ਪੁਰਾਣੀ ਮੰਡੀ ਇਲਾਕੇ 'ਚੋਂ ਪਾਣੀ ਦੇ ਨਿਕਾਸ ਲਈ ਸਰਕਾਰੀ ਸਟਾਰਮ ਪ੍ਰੋਜੈਕਟ ਮਨਜ਼ੂਰੀ ਦੀ ਅੰਤਿਮ ਸਟੇਜ 'ਤੇ ਹੈ ਅਤੇ ਸਿਰਫ ਛੇ ਮਹੀਨੇ ਦੇ ਸਮੇਂ 'ਚ ਇਹ ਸਮੱਸਿਆ ਨਿਸ਼ਚਿਤ ਰੂਪ 'ਚ ਹੱਲ ਕਰ ਦਿੱਤੀ ਜਾਵੇਗੀ। ਰਾਏਕੋਟ ਰੋਡ ਤੋਂ ਵਾਟਰ ਐਂਡ ਸੀਵਰੇਜ ਬੋਰਡ ਵੱਲੋਂ ਪੁੱਟੀਆਂ ਟਾਇਲਾਂ ਲਗਾਉਣ ਦਾ ਕੰਮ ਕੀੜੀ ਚਾਲੇ ਚਲਦਾ ਤਾਂ ਛੇ ਮਹੀਨੇ ਲਗਾਵੇਗਾ। ਇਸ ਸਬੰਧੀ ਵਾਟਰ ਐਂਡ ਸੀਵਰੇਜ ਬੋਰਡ ਦੇ ਅਧਿਕਾਰੀ ਨਾਲ ਏ. ਡੀ. ਸੀ. ਨੇ ਫੋਨ 'ਤੇ ਗੱਲ ਕਰਨ 'ਤੇ ਕਿਹਾ ਕਿ ਰੇਤੇ ਦੀ ਸਪਲਾਈ ਮਿਲਦੇ ਸਾਰ ਹੀ ਇੱਕ ਮਹੀਨੇ ਦੇ ਅੰਦਰ ਅੰਦਰ ਇਹ ਕੰਮ ਪੂਰੀ ਤੇਜੀ ਨਾਲ ਹੋਰ ਲੇਬਰ ਲਗਾ ਕੇ ਨਿਪਟਾ ਦਿੱਤਾ ਜਾਵੇਗਾ। ਕੱਚਾ ਮਲਕ ਰੋਡ ਦੀ ਮੁੜ ਉਸਾਰੀ ਦੇ ਕੰਮ ਦੀ ਮਨਜ਼ੂਰੀ ਮਿਲ ਚੁੱਕੀ ਹੈ ਤੇ ਟੈਂਡਰ ਪ੍ਰਕ੍ਰਿਆ ਪੂਰੀ ਹੁੰਦੇ ਸਾਰ ਹੀ ਇਸ ਸੜਕ ਦਾ ਕੰਮ ਪੂਰਾ ਕਰਵਾ ਦਿੱਤਾ ਜਾਵੇਗਾ। ਸਭਾ ਵੱਲੋਂ ਮੰਗ ਕਰਨ ਤੇ ਕਾਰਜ ਸਾਧਕ ਅਫਸਰ ਨੇ ਭਰੋਸਾ ਦਿਵਾਇਆ ਕਿ ਸੜਕ ਬਨਣ ਤੋਂ ਪਹਿਲਾਂ ਪਹਿਲਾਂ ਇਸ ਸੜਕ 'ਤੇ ਬਾਰਿਸ਼ ਦੇ ਪਾਣੀ ਦੇ ਨਿਕਾਸ ਲਈ ਪਾਈਪ ਤੇ ਚੈਂਬਰ ਨਗਰ ਕੌਂਸਲ ਵੱਲੋਂ ਬਣਵਾਏ ਜਾਣਗੇ। ਸਭਾ ਵੱਲੋਂ ਮੰਗ ਕਰਨ 'ਤੇ ਭਰੋਸਾ ਦਿਵਾਇਆ ਗਿਆ ਕਿ ਮਲਕ ਰੋਡ ਤੇ ਸ਼ੇਰਪੁਰਾ ਰੋਡ ਦੇ ਦੋਹੇਂ ਪਾਸੇ ਖੜਾ ਜੰਗਲ ਇੱਕ ਮਹੀਨੇ ਦੇ ਅੰਦਰ ਅੰਦਰ ਸਾਫ ਕਰਵਾ ਦਿੱਤਾ ਜਾਵੇਗਾ। ਨਗਰ ਕੌਂਸਲ ਵੱਲੋਂ ਮਲਕ ਰੋਡ ਤੇ ਸੂਆ ਰੋਡ ਦੀ ਮੁਰੰਮਤ ਤੋਂ ਬਾਅਦ ਇਹ ਦੋਨੋਂ ਸੜਕਾਂ ਮੰਡੀ ਕਰਨ ਬੋਰਡ ਤੋਂ ਲੈ ਕੇ ਨਗਰ ਕੌਂਸਲ ਨੂੰ ਸੌਂਪਣ ਦੀ ਪ੍ਰਕ੍ਰਿਆ ਸ਼ੁਰੂ ਕਰ ਦਿੱਤੀ ਜਾਵੇਗੀ। ਸਭਾ ਵੱਲੋਂ ਮੰਗ ਕੀਤੀ ਗਈ ਕਿ ਸ਼ਹਿਰ ਦੇ ਬਜ਼ਾਰਾਂ 'ਚ ਦੁਕਾਨਾਂ ਅੱਗੇ ਕਬਜ਼ੇ ਤੁਰੰਤ ਸਾਫ ਕੀਤੇ ਜਾਣ। ਇੱਕ ਵਾਰ ਸਮੂਹ ਦੁਕਾਨਦਾਰਾਂ ਨੂੰ ਪ੍ਰੇਰਿਤ ਕਰਨ ਤੋਂ ਬਾਅਦ ਸਮੁੱਚੀ ਆਵਾਜਾਈ ਦੇ ਸੁਧਾਰ ਲਈ ਸਖਤ ਕਦਮ ਬਿਨਾਂ ਕਿਸੇ ਪੱਖਪਾਤ ਤੋਂ ਚੁੱਕੇ ਜਾਣ। ਸਭਾ ਵੱਲੋਂ ਮੰਗ ਕਰਨ 'ਤੇ ਦੱਸਿਆ ਗਿਆ ਕਿ ਦੱਸ ਕਰੋੜ ਰੁਪਏ ਦੇ ਨਵੇ ਕੰਮਾਂ ਦੇ ਟੈਂਡਰ ਤਕਨੀਕੀ ਨੁਕਸ ਦੂਰ ਕਰਕੇ ਪਾ ਦਿੱਤੇ ਗਏ ਹਨ, ਜਿਸ ਵਿੱਚ ਤਹਿਸੀਲ ਰੋਡ ਦੀ ਨਵਉਸਾਰੀ ਦਾ ਕੰਮ ਵੀ ਸ਼ਾਮਲ ਹੈ। ਨਵੇ ਕੰਮਾਂ ਦੀ ਸੂਚੀ ਕਾਰਜ ਸਾਧਕ ਅਫਸਰ ਵੱਲੋਂ ਉਪਲਬਧ ਕਰਵਾਉਣ ਦਾ ਭਰੋਸਾ ਦਿੱਤਾ ਗਿਆ। ਇਸ ਸਮੇਂ ਨਗਰ ਸੁਧਾਰ ਸਭਾ ਨੇ ਕਿਹਾ ਕਿ ਨਿਸ਼ਚਿਤ ਸਮੇਂ 'ਚ ਮੰਗਾਂ ਪੂਰੀਆਂ ਨਾ ਹੋਣ ਦੀ ਸੂਰਤ 'ਚ ਸੰਘਰਸ਼ ਨੂੰ ਹੋਰ ਤਿੱਖਾ ਰੂਪ ਦਿੱਤਾ ਜਾਵੇਗਾ।



# ਸੜਕ ਹਾਦਸੇ 'ਚ ਮੋਟਰਸਾਈਕਲ ਸਵਾਰ ਪਤੀ ਦੀ ਮੌਤ, ਪਤਨੀ ਜ਼ਖ਼ਮੀ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**



ਅੰਬਾਲਾ-ਲੁਧਿਆਣਾ ਜੀ.ਟੀ. ਰੋਡ 'ਤੇ ਸਰਹਿੰਦ ਨਜ਼ਦੀਕ ਵਾਪਰੇ ਇੱਕ ਸੜਕ ਹਾਦਸੇ 'ਚ ਮੋਟਰਸਾਈਕਲ ਸਵਾਰ ਪਤੀ ਦੀ ਮੌਤ ਹੋ ਜਾਣ ਅਤੇ ਉਸ ਦੀ ਪਤਨੀ ਦੇ ਜ਼ਖਮੀ ਹੋ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ 4 ਤੇ 7 ਸਾਲ ਦੇ ਦੋ ਛੋਟੇ ਬੱਚਿਆਂ ਦਾ ਪਿਤਾ ਸੁਖਵਿੰਦਰ ਸਿੰਘ (32) ਵਾਸੀ ਪਿੰਡ ਰਬਾਸ ਬ੍ਰਾਹਮਣਾ (ਪਟਿਆਲਾ) ਗਲੈਮਰ ਮੋਟਰਸਾਈਕਲ 'ਤੇ ਆਪਣੀ ਪਤਨੀ ਗੀਤਾ ਦੇਵੀ ਨਾਲ ਸਹੁਰੇ ਘਰ ਸਾਹਨੇਵਾਲ ਵਿਖੇ ਮਿਲਣ ਜਾ ਰਿਹਾ ਸੀ।ਸਰਹਿੰਦ ਲੰਘਣ ਤੋਂ ਬਾਅਦ ਦੁਪਹਿਰ ਕਰੀਬ 12.15 ਵਜੇ ਉਹ ਜਦੋਂ ਪਿੰਡ ਖਾਨਪੁਰ ਕੋਲ ਪਹੁੰਚੇ ਤਾਂ ਜੀ. ਟੀ. ਰੋਡ 'ਤੇ ਉਨ੍ਹਾਂ ਦੇ ਅੱਗੇ ਜਾ ਰਹੇ ਟਰੱਕ ਨੰਬਰ ਪੀ.ਬੀ.11.ਬੀ.ਵਾਈ-2601 ਦੇ ਡਰਾਇਵਰ ਨੇ ਅਚਾਨਕ ਬਰੇਕ ਲਗਾ ਦਿੱਤੇ, ਜਿਸ ਕਾਰਨ ਉਨ੍ਹਾਂ ਦਾ ਮੋਟਰਸਾਈਕਲ ਉਕਤ ਟਰੱਕ ਪਿੱਛੇ ਜਾ ਟਕਰਾਇਆ ਤੇ ਦੋਵੇਂ ਪਤੀ-ਪਤਨੀ ਮੋਟਰਸਾਈਕਲ ਸਮੇਤ ਸੜਕ 'ਤੇ ਡਿੱਗ ਕੇ ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਰਾਹਗੀਰਾਂ ਵੱਲੋਂ ਚੁੱਕ ਕੇ ਐਂਬੂਲੈਂਸ ਰਾਹੀਂ ਸਿਵਲ ਹਸਪਤਾਲ ਫ਼ਤਹਿਗੜ੍ਹ ਸਾਹਿਬ ਵਿਖੇ ਦਾਖਲ ਕਰਵਾਇਆ ਗਿਆ, ਜਿੱਥੇ ਜ਼ਖਮਾਂ ਦੀ ਤਾਬ ਨਾ ਸਹਾਰਦੇ ਹੋਏ ਸੁਖਵਿੰਦਰ ਸਿੰਘ ਦੀ ਮੌਤ ਹੋ ਗਈ, ਜਦੋਂ ਕਿ ਗੀਤਾ ਦੇਵੀ ਹਸਪਤਾਲ 'ਚ ਜ਼ੇਰੇ ਇਲਾਜ ਹੈ।ਗੀਤਾ ਦੇਵੀ ਦੇ ਬਿਆਨਾਂ 'ਤੇ ਟਰੱਕ ਦੇ ਕਥਿਤ ਡਰਾਇਵਰ ਗਿਰੀਰਾਜ ਸਿੰਘ ਵਾਸੀ ਮੇਰਠ (ਯੂ.ਪੀ.) ਵਿਰੁੱਧ ਮੁਕੱਦਮਾ ਦਰਜ ਕਰਕੇ ਥਾਣਾ ਸਰਹਿੰਦ ਦੀ ਪੁਲਸ ਨੇ ਮਾਮਲੇ ਦੀ ਤਫਤੀਸ਼ ਸ਼ੁਰੂ ਕਰ ਦਿੱਤੀ ਹੈ।

# ਘੱਗਰ ਦੀ ਸਥਿਤੀ ਕਾਬੂ ਹੇਠ, ਘਬਰਾਉਣ ਦੀ ਕੋਈ ਲੋੜ ਨਹੀਂ : ਚੀਮਾ



**ਸੰਗਰੂਰ (ਪ੍ਰਵੀਨ ਸਿੰਘ)**-ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਭਾਰੀ ਬਾਰਿਸ਼ ਕਾਰਨ ਪੈਦਾ ਹੋਈ ਸਥਿਤੀ ਦੇ ਮੱਦੇਨਜ਼ਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਨ ਤੋਂ ਬਾਅਦ ਮੀਡੀਆ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜ਼ਿਲ੍ਹੇ ਵਿੱਚ ਘੱਗਰ ਦਰਿਆ ਸਬੰਧੀ ਸਥਿਤੀ ਪੂਰੀ ਤਰ੍ਹਾਂ ਕਾਬੂ ਹੇਠ ਹੈ।ਇਸ ਵੇਲੇ ਘੱਗਰ ਵਿੱਚ ਪਾਣੀ ਦਾ ਪੱਧਰ 744.3 ਫੁੱਟ ਹੈ, ਜਦੋਂਕਿ ਖ਼ਤਰੇ ਦਾ ਨਿਸ਼ਾਨ 748 ਫੁੱਟ ਹੈ।ਭਰੋਸਾ ਦੇਣ ਵਾਲੀ ਗੱਲ ਇਹ ਹੈ ਕਿ ਘੱਗਰ ਵਿੱਚ ਪਾਣੀ ਦਾ ਵਹਾਅ ਪਹਿਲਾਂ ਹੀ ਘਟ ਗਿਆ ਹੈ, ਤੇ ਅਗਲੇ 20 ਘੰਟਿਆਂ ਵਿੱਚ ਪੱਧਰ ਹੋਰ ਡਿੱਗਣ ਦੀ ਉਮੀਦ ਹੈ। ਇਸ ਲਈ ਲੋਕਾਂ ਨੂੰ ਘਬਰਾਉਣ ਦੀ ਕੋਈ ਲੋੜ ਨਹੀਂ ਹੈ।

ਸ੍ਰੀ ਚੀਮਾ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਭਾਰੀ ਬਾਰਿਸ਼ ਨਾਲ ਪ੍ਰਭਾਵਤ ਪਿੰਡਾਂ ਸਤੌਜ, ਹਰਿਆਉ, ਡਸਕਾ ਤੇ ਸੰਗਤਪੁਰਾ ਵਿੱਚ ਸਰਗਰਮੀ ਨਾਲ ਕੰਮ ਕਰ ਰਹੀਆਂ ਹਨ।ਉਨ੍ਹਾਂ ਭਰੋਸਾ ਦਿੱਤਾ ਕਿ ਪ੍ਰਭਾਵਤ ਲੋਕਾਂ ਨੂੰ ਵਿਸ਼ੇਸ਼ ਗਿਰਦਾਵਰੀ ਦੇ ਆਧਾਰ 'ਤੇ ਮੁਆਵਜ਼ਾ ਦਿੱਤਾ ਜਾਵੇਗਾ।ਇਸ ਸਬੰਧੀ ਪ੍ਰਕਿਰਿਆ ਡਿਪਟੀ ਕਮਿਸ਼ਨਰ ਦੀ ਨਿਗਰਾਨੀ ਹੇਠ ਕੀਤੀ ਜਾ ਰਹੀ ਹੈ।ਉਨ੍ਹਾਂ ਅੱਗੇ ਕਿਹਾ ਕਿ ਇਸ ਕੁਦਰਤੀ ਆਫ਼ਤ ਕਾਰਨ ਡਰੇਨਾਂ ਅਤੇ ਨਾਲਿਆਂ ਵਿੱਚ ਪਏ 18 ਪਾੜਾਂ ਵਿੱਚੋਂ 12 ਪਹਿਲਾਂ ਹੀ ਭਰ ਦਿੱਤੇ ਗਏ ਹਨ ਤੇ ਬਾਕੀਆਂ 'ਤੇ ਕੰਮ ਜੰਗੀ ਪੱਧਰ 'ਤੇ ਜਾਰੀ ਹੈ। ਪੰਜਾਬ ਸਰਕਾਰ ਨੇ ਡਰੇਨੇਜ ਸਿਸਟਮ ਦੀ ਸਫਾਈ ਲਈ ਲਗਭਗ 3.73 ਕਰੋੜ ਰੁਪਏ ਜਾਰੀ ਕੀਤੇ ਸਨ ਤੇ ਗਾਰ ਕੱਢਣ ਦਾ ਕੰਮ ਜੂਨ ਤੱਕ ਪੂਰਾ ਹੋ ਗਿਆ ਸੀ।ਹਾਲਾਂਕਿ, ਪਹਾੜੀ ਰਾਜਾਂ ਵਿੱਚ ਬਹੁਤ ਜ਼ਿਆਦਾ ਬਾਰਿਸ਼ ਤੇ ਭਾਰੀ ਬਾਰਿਸ਼ ਕਾਰਨ, ਮੈਦਾਨੀ ਇਲਾਕਿਆਂ ਦੇ ਡਰੇਨੇਜ ਚੈਨਲਾਂ ਵਿੱਚ ਨਦੀਨ ਅਤੇ ਗਾਰ ਜਮ੍ਹਾਂ ਹੋ ਗਈ, ਜਿਸ ਨਾਲ ਮੁਸ਼ਕਲਾਂ ਪੈਦਾ ਹੋ ਰਹੀਆਂ ਹਨ। ਇਸ ਨੂੰ ਹੱਲ ਕਰਨ ਲਈ, ਮਸ਼ੀਨਾਂ ਲਗਾਤਾਰ ਕੰਮ ਕਰ ਰਹੀਆਂ ਹਨ, ਅਤੇ ਸਫਾਈ ਦਾ ਕੰਮ ਜੰਗੀ ਪੱਧਰ ਤੇ ਕੀਤਾ ਜਾ ਰਿਹਾ ਹੈ।ਇਸ ਤੋਂ ਪਹਿਲਾਂ, ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਸ੍ਰੀ ਚੀਮਾ ਨੇ ਮੌਜੂਦਾ ਸਥਿਤੀ ਦਾ ਜਾਇਜ਼ਾ ਲਿਆ ਤੇ ਨਿਰਦੇਸ਼ ਦਿੱਤੇ ਕਿ ਜਲ ਸਰੋਤਾਂ ਤੇ ਡਰੇਨੇਜ ਪ੍ਰਣਾਲੀਆਂ ਦੀ ਮਜ਼ਬੂਤੀ ਅਤੇ ਸਫਾਈ ਵਿੱਚ ਲਾਪ੍ਰਵਾਹੀ ਦਿਖਾਉਣ ਵਾਲੇ ਅਧਿਕਾਰੀਆਂ ਵਿਰੁੱਧ ਨਿਯਮਾਂ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇ।ਉਨ੍ਹਾਂ ਸਾਰੇ ਅਧਿਕਾਰੀਆਂ ਨੂੰ ਨਿਯਮਿਤ ਤੌਰ 'ਤੇ ਫੀਲਡ ਦਾ ਦੌਰਾ ਕਰਨ ਅਤੇ ਸਥਿਤੀ ਦੀ ਨੇੜਿਓਂ ਨਿਗਰਾਨੀ ਕਰਨ ਦੇ ਨਿਰਦੇਸ਼ ਦਿੱਤੇ।

# ਦਸ ਹਜ਼ਾਰ ਰੁਪਏ ਰਿਸ਼ਵਤ ਲੈਣ ਵਾਲਾ ਨਾਭਾ ਜੇਲ੍ਹ ਦਾ ਸੁਪਰਡੈਂਟ ਗ੍ਰਿਫ਼ਤਾਰ

**ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਆਪਣੀ ਮੁਹਿੰਮ ਦੌਰਾਨ ਅਤਿ-ਸੁਰੱਖਿਆ ਜੇਲ੍ਹ, ਨਾਭਾ ਜ਼ਿਲ੍ਹਾ ਪਟਿਆਲਾ ਦੇ ਸਹਾਇਕ ਜੇਲ੍ਹ ਸੁਪਰਡੈਂਟ ਭਿਵਮਤੇਜ ਸਿੰਗਲਾ ਨੂੰ 10,000 ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ।ਇੱਥੇ ਇਹ ਖੁਲਾਸਾ ਕਰਦਿਆਂ ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਕਿਹਾ ਕਿ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਵਿਖੇ ਦਰਜ ਸ਼ਿਕਾਇਤ ਦੀ ਜਾਂਚ ਤੋਂ ਬਾਅਦ ਉਕਤ ਸਹਾਇਕ ਜੇਲ੍ਹ ਸੁਪਰਡੈਂਟ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪਟਿਆਲਾ ਦੇ ਪਾਤੜਾਂ ਕਸਬੇ ਦੀ ਇੱਕ ਸ਼ਿਕਾਇਤਕਰਤਾ ਨੇ ਆਪਣੀ ਸ਼ਿਕਾਇਤ ਵਿੱਚ ਦੋਸ਼ ਲਗਾਇਆ ਹੈ ਕਿ ਉਕਤ ਮੁਲਜ਼ਮ ਕੇਂਦਰੀ ਜੇਲ੍ਹ, ਨਾਭਾ ਵਿਖੇ ਬੰਦ ਉਸ ਦੇ ਪਤੀ ਨੂੰ ਤੰਗ ਪ੍ਰੇਸ਼ਾਨ ਕਰ ਰਿਹਾ ਸੀ ਤੇ 20,000 ਰੁਪਏ ਰਿਸ਼ਵਤ ਵਜੋਂ ਮੰਗ ਰਿਹਾ ਸੀ।ਬਾਅਦ ਵਿੱਚ, ਸ਼ਿਕਾਇਤਕਰਤਾ ਨੇ ਗੂਗਲ ਪੇਅ ਰਾਹੀਂ 10000 ਰੁਪਏ ਰਿਸ਼ਵਤ ਵਜੋਂ ਵਿੱਚ ਤਬਦੀਲ ਕਰ ਦਿੱਤੇ।ਬੁਲਾਰੇ ਨੇ ਦੱਸਿਆ ਕਿ ਜਾਂਚ ਤੋਂ ਬਾਅਦ ਸ਼ਿਕਾਇਤ ਵਿੱਚ ਲਗਾਏ ਗਏ ਦੋਸ਼ ਸੱਚੇ ਪਾਏ ਗਏ ਤੇ ਉਕਤ ਸਹਾਇਕ ਜੇਲ੍ਹ ਸੁਪਰਡੈਂਟ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਪਟਿਆਲਾ ਵਿਖੇ ਭ੍ਰਿਸ਼ਟਾਚਾਰ ਦਾ ਮੁਕੱਦਮਾ ਦਰਜ ਕੀਤਾ ਗਿਆ।ਇਸ ਪਿੱਛੋਂ ਦੋਸ਼ੀ ਫਰਾਰ ਚੱਲ ਰਿਹਾ ਸੀ ਤੇ ਹੁਣ ਉਸ ਦੀ ਜ਼ਮਾਨਤ ਅਰਜ਼ੀ ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਖਾਰਜ ਕਰ ਦਿੱਤੀ ਸੀ।ਅਦਾਲਤ ਵਿੱਚ ਉਸ ਵੱਲੋਂ ਆਤਮ ਸਮਰਪਣ ਕਰਨ ਤੋਂ ਬਾਅਦ ਵਿਜੀਲੈਂਸ ਬਿਊਰੋ ਨੇ ਉਸ ਨੂੰ ਇੱਕ ਦਿਨ ਦੇ ਪੁਲਸ ਰਿਮਾਂਡ 'ਤੇ ਲੈ ਲਿਆ ਹੈ।ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਹੋਰ ਜਾਂਚ ਜਾਰੀ ਹੈ।

# ਸ਼ਾਰਟ ਸਰਕਟ ਕਾਰਨ ਟਾਇਰਾਂ ਦੇ ਗੋਦਾਮ 'ਚ ਲੱਗੀ ਅੱਗ, ਲੱਖਾਂ ਦਾ ਨੁਕਸਾਨ

## ਗੁਦਾਮ 'ਚ ਪਏ ਸਨ ਟਰੈਕਟਰਾਂ, ਕੰਬਾਇਨਾਂ ਤੇ ਹੋਰ ਵਾਹਨਾਂ ਦੇ ਟਾਇਰ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਦੇ ਕਬਾੜੀ ਬਾਜ਼ਾਰ ਸਥਿਤ ਬਿੱਟੂ ਟਾਇਰਾਂ ਸਰਵਿਸ ਦੀ ਦੁਕਾਨ ਦੇ ਗੋਦਾਮ ਵਿੱਚ ਬਿਜਲੀ ਦੇ ਸ਼ਾਰਟ ਸਰਕਟ ਕਾਰਨ ਅੱਗ ਲੱਗ ਗਈ।ਅੱਗ ਦੀਆਂ ਲਪਟਾਂ ਤੇ ਧੂੰਆਂ ਨੇ ਏਨਾ ਭਿਆਨਕ ਰੂਪ ਧਾਰਨ ਕਰ ਲਿਆ ਕਿ ਨਾਲ ਲੱਗਦੀਆਂ ਦੁਕਾਨਾਂ ਦੇ ਮਾਲਕਾਂ ਨੂੰ ਵੀ ਭਾਜੜਾਂ ਪੈ ਗਈਆਂ।ਇਸੇ ਦੌਰਾਨ ਉੱਥੋਂ ਲੰਘ ਰਹੇ ਦੁਕਾਨਦਾਰ ਅਸ਼ੋਕ ਧਮੀਜਾ ਤੇ ਟ੍ਰੈਫਿਕ ਕਰਮਚਾਰੀ ਸੁਖਮੰਦਰ ਸਿੰਘ ਨੇ ਧੂੰਆਂ ਦੇਖਿਆ ਹੀ ਫਾਇਰ ਬ੍ਰਿਗੇਡ ਦੇ ਕਰਮਚਾਰੀਆਂ ਨੂੰ ਸੂਚਿਤ ਕੀਤਾ।ਸੂਚਨਾ ਮਿਲਦਿਆਂ ਹੀ ਫਾਇਰ ਬ੍ਰਿਗੇਡ ਦੇ ਅਮਲੇ ਵੱਲੋਂ ਤੁਰੰਤ ਮੌਕੇ ਤੇ ਪੁੱਜ ਕੇ ਅੱਗ ਤੇ ਕਾਬੂ ਪਾਉਣ ਲਈ ਜੱਦੋ ਜਹਿਦ ਸ਼ੁਰੂ ਕਰ ਦਿੱਤੀ। ਲੰਬੀ ਮੁਸ਼ੱਕਤ ਤੋਂ ਬਾਅਦ ਬੜੀ ਮੁਸ਼ਕਲ ਨਾਲ ਅੱਗ 'ਤੇ ਕਾਬੂ ਪਾਇਆ ਗਿਆ।ਇਸ ਮੌਕੇ ਮੌਕੇ ਪੁੱਜੇ ਨਗਰ ਨਿਗਮ ਮੋਗਾ ਦੇ ਮੇਅਰ ਬਲਜੀਤ ਸਿੰਘ ਚਾਨੀ ਨੇ ਦੱਸਿਆ ਕਿ ਇਸ ਅੱਗ 'ਤੇ ਕਾਬੂ ਪਾਉਣ ਲਈ ਫਾਇਰ ਬ੍ਰਿਗੇਡ ਦੀਆਂ ਪੰਜ-ਛੇ ਗੱਡੀਆਂ ਮੌਕੇ 'ਤੇ ਪਹੁੰਚੀਆਂ, ਜਿਨ੍ਹਾਂ ਦੇ ਕਰਮਚਾਰੀਆਂ ਨੇ ਅੱਗ ਦੀ ਤਪਸ਼ ਤੇ ਧੂਏਂ ਦੇ ਗੁਬਾਰ ਦੀ ਪ੍ਰਵਾਹ ਨਾ ਕਰਦੇ ਹੋਏ ਲੰਬੇ ਸੰਘਰਸ਼ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ। ਖੁਸ਼ਕਿਸਮਤੀ ਇਹ ਰਹੀ ਕਿ ਜਾਨੀ ਨੁਕਸਾਨ ਤੋਂ ਬਚਾ ਰਿਹਾ।ਦੁਕਾਨ ਦੇ ਮਾਲਕ ਬਿੱਟੂ ਨੇ ਦੱਸਿਆ ਕਿ ਮੇਰੀ ਬੀ.ਕੇ.ਟੀ. ਟਾਇਰਾਂ ਦੀ ਏਜੰਸੀ ਹੈ ਤੇ ਗੋਦਾਮ ਵਿੱਚ ਹਮੇਸ਼ਾ 40 ਤੋਂ 45 ਲੱਖ ਦਾ ਸਟਾਕ ਹੁੰਦਾ ਹੈ। ਮੈਂ ਘਰ ਸੀ ਤੇ ਮੇਰੇ ਕਰਮਚਾਰੀ ਨੇ ਮੈਨੂੰ ਦੱਸਿਆ ਕਿ ਗੋਦਾਮ ਵਿੱਚ ਅੱਗ ਲੱਗ ਗਈ ਅਤੇ ਇਹ ਇੱਕ ਵੱਡਾ ਹਾਦਸਾ ਸੀ, ਜਿਸ ਵਿੱਚ ਮੇਰਾ ਲਗਭਗ 35 ਤੋਂ 40 ਲੱਖ ਦਾ ਨੁਕਸਾਨ ਹੋਇਆ ਹੈ।


# ਭਾਰੀ ਬਾਰਸ਼ ਦੇ ਮੱਦੇਨਜ਼ਰ ਚੇਤਨਾ ਪਰਖ ਪ੍ਰੀਖਿਆ ਮੁਲਤਵੀ : ਤਰਕਸ਼ੀਲ ਸੁਸਾਇਟੀ

**ਮਾਨਸਾ (ਆਤਮਾ ਸਿੰਘ ਪਮਾਰ)**-ਸੂਬੇ ਭਰ 'ਚ 29 ਤੇ 31 ਅਗਸਤ ਨੂੰ ਗਦਰੀ ਨਾਇਕਾ ਗੁਲਾਬ ਕੌਰ ਨੂੰ ਸਮਰਪਤ 'ਸੱਤਵੀਂ ਚੇਤਨਾ ਪਰਖ ਪ੍ਰੀਖਿਆ' ਪੰਜਾਬ 'ਚ ਹੋ ਰਹੀ ਭਾਰੀ ਬਾਰਸ਼ ਕਾਰਨ ਫਿਲਹਾਲ ਮੁਲਤਵੀ ਕਰ ਦਿੱਤੀ ਗਈ ਹੈ।

ਪ੍ਰੈੱਸ ਦੇ ਨਾਂ ਬਿਆਨ ਜਾਰੀ ਕਰਦਿਆਂ ਜ਼ੋਨ ਮੁਖੀ ਅੰਮ੍ਰਿਤ ਰਿਸ਼ੀ, ਤਰਕਸ਼ੀਲ ਆਗੂ ਮਾ. ਲੱਖਾ ਸਿੰਘ ਸਹਾਰਨਾ ਤੇ ਨਰਿੰਦਰ ਕੌਰ ਬੁਰਜ ਹਮੀਰਾ ਨੇ ਸਾਂਝਾ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਪੰਜਾਬ ਭਰ ਵਿੱਚ ਪ੍ਰਾਈਵੇਟ ਤੇ ਸਰਕਾਰੀ ਸਕੂਲਾਂ ਵਿੱਚ ਸਰਕਾਰੀ ਹਦਾਇਤਾਂ ਅਨੁਸਾਰ ਬਾਰਸ਼ ਕਾਰਨ ਛੁੱਟੀਆਂ ਹੋਣ ਕਾਰਨ ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਕਰਵਾਈ ਜਾਣ ਵਾਲੀ ਪ੍ਰੀਖਿਆ ਰੱਦ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਪ੍ਰੀਖਿਆ ਦੀ ਅਗਲੀ ਤਾਰੀਖ਼ ਸਕੂਲ ਖੁੱਲਣ ਉਪਰੰਤ ਤੇ ਸਕੂਲੀ ਪ੍ਰੀਖਿਆ ਨੂੰ ਧਿਆਨ ਵਿੱਚ ਰੱਖਦਿਆਂ ਤਹਿ ਕੀਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਜ਼ੋਨ ਮੁਖੀਆਂ ਤੇ ਇਕਾਈ ਮੁਖੀਆਂ ਵੱਲੋਂ ਇਸ ਸੰਬੰਧੀ ਪ੍ਰੀਖਿਆ 'ਚ ਭਾਗ ਲੈਣ ਵਾਲੇ ਵਿਦਿਆਰਥੀਆਂ, ਸੰਬੰਧਤ ਸਕੂਲ ਅਧਿਆਪਕਾਂ ਨੂੰ ਫੋਨ ਕਾਲ, ਵਟਸ ਐਪ ਮੈਸਜ਼ ਰਾਹੀਂ ਵੀ ਸੂਚਿਤ ਕਰ ਦਿੱਤਾ ਗਿਆ ਹੈ ਅਤੇ ਅਖਬਾਰਾਂ ਰਾਹੀਂ ਵੀ ਇਹ ਸੂਚਨਾ ਸੂਬੇ ਭਰ 'ਚ ਪਹੁੰਚਦੀ ਕੀਤੀ ਜਾ ਰਹੀ ਹੈ।

# ਵਿਧਾਇਕ ਤੇ ਐੱਸ ਡੀ ਐੱਮ ਨੇ ਹੜ੍ਹ ਪੀੜਤਾਂ ਦੀ ਲਈ ਸਾਰ



**ਜਲਾਲਾਬਾਦ (ਜੰਗੀਰ ਕੌਰ/ਜੀਤ ਕੁਮਾਰ)**

ਜਲਾਲਾਬਾਦ ਦੇ ਵਿਧਾਇਕ ਸ੍ਰੀ ਜਗਦੀਪ ਕੰਬੋਜ ਗੋਲਡੀ ਤੇ ਐੱਸ.ਡੀ.ਐੱਮ. ਸ੍ਰੀ ਕੰਵਰਜੀਤ ਸਿੰਘ ਮਾਨ ਨੇ ਜਲਾਲਾਬਾਦ ਅਧੀਨ ਪੈਂਦੇ ਹੜ੍ਹ ਪ੍ਰਭਾਵਿਤ ਖੇਤਰਾਂ ਚੱਕ ਖੀਵਾ, ਢਾਣੀ ਬਚਨ ਸਿੰਘ, ਅਤੂ ਵਾਲਾ (ਪ੍ਰਭਾਤ ਸਿੰਘ ਵਾਲਾ ਹਿਠਾੜ), ਢਾਣੀ ਫੂਲਾ ਸਿੰਘ, ਢਾਣੀ ਨੱਥਾ ਸਿੰਘ ਤੇ ਸੰਤੋਖ ਸਿੰਘ ਵਾਲਾ ਵਿਖੇ ਪਹੁੰਚ ਕੇ ਜਿੱਥੇ ਲੋਕਾਂ ਦੀ ਸਾਰ ਲਈ, ਉਥੇ ਉਨ੍ਹਾਂ ਨੂੰ ਰਾਹਤ ਸਮੱਗਰੀ ਵੀ ਪੁੱਜਦੀ ਕੀਤੀ।

ਵਿਧਾਇਕ ਜਲਾਲਾਬਾਦ ਸ੍ਰੀ ਜਗਦੀਪ ਕੰਬੋਜ ਗੋਲਡੀ ਨੇ ਕਿਹਾ ਕਿ ਪਾਣੀ ਦੀ ਮਾਰ ਕਰਕੇ ਸੜਕੀ ਸੰਪਰਕ ਪ੍ਰਭਾਵਿਤ ਜ਼ਰੂਰ ਹੋਇਆ ਹੈ, ਪਰ ਉਹ ਹਮੇਸ਼ਾ ਲੋਕਾਂ ਦੇ ਨਾਲ ਮੋਢੇ ਦੇ ਨਾਲ ਮੋਢਾ ਲਾ ਕੇ ਖੜੇ ਹਨ ਤੇ ਲੋਕਾਂ ਨੂੰ ਕੋਈ ਪ੍ਰੇਸ਼ਾਨੀ ਨਹੀਂ ਆਉਣ ਦੇਣਗੇ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਹੜ੍ਹਾਂ ਦੀ ਕੁਦਰਤੀ ਕਰੋਪੀ ਤੋਂ ਬਾਹਰ ਕੱਢਣ ਲਈ ਪੰਜਾਬ ਸਰਕਾਰ ਕਾਰਜਸ਼ੀਲ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਖੇਤਰਾਂ ਵਿੱਚ ਉਹ ਖੁਦ ਜਾ ਰਹੇ ਹਨ ਤੇ ਲੋਕਾਂ ਤੱਕ ਰਾਹਤ ਸਮੱਗਰੀ ਪਹੁੰਚਾ ਰਹੇ ਹਨ, ਚਾਹੇ ਉਹ ਰਾਸ਼ਨ ਹੋਵੇ ਜਾਂ ਪਸ਼ੂਆਂ ਲਈ ਫੀਡ।

ਵਿਧਾਇਕ ਸ੍ਰੀ ਗੋਲਡੀ ਨੇ ਕਿਹਾ ਕਿ ਉਹ ਲਗਾਤਾਰ ਇਨ੍ਹਾਂ ਪਿੰਡਾਂ ਵਿੱਚ ਨਜ਼ਰਸਾਨੀ ਬਣਾ ਕੇ ਰੱਖ ਰਹੇ ਹਨ ਤਾਂ ਜੋ ਲੋਕ ਕਿਸੇ ਵੀ ਘਬਰਾਹਟ ਵਿੱਚ ਨਾ ਆਉਣ। ਉਨ੍ਹਾਂ ਕਿਹਾ ਕਿ 24 ਘੰਟੇ ਦਿਨ ਰਾਤ ਪ੍ਰਸ਼ਾਸਨਕ ਅਮਲਾ ਵੀ ਆਪਣੀ ਡਿਊਟੀ ਨਿਭਾਅ ਰਿਹਾ ਹੈ ਤੇ ਲੋੜਵੰਦਾਂ ਨੂੰ ਰਾਸ਼ਨ ਕਿੱਟਾਂ ਤੇ ਪਸ਼ੂਆਂ ਲਈ ਫੀਡ ਮੁਹੱਈਆ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਔਖੇ ਸਮੇਂ ਵਿੱਚ ਉਹ ਲੋਕਾਂ ਦੇ ਹਨ ਤੇ ਹਰ ਸਮੇਂ ਲੋਕਾਂ ਲਈ ਉਪਲਬਧ ਹਨ।

ਐੱਸ.ਡੀ.ਐੱਮ. ਕੰਵਰਜੀਤ ਸਿੰਘ ਮਾਨ ਨੇ ਕਿਹਾ ਕਿ ਸਥਿਤੀ ਅਜੇ ਪੂਰੀ ਤਰ੍ਹਾਂ ਕਾਬੂ ਵਿੱਚ ਹੈ ਤੇ ਲੋਕਾਂ ਨੂੰ ਪਿੰਡਾਂ ਤੋਂ ਬਾਹਰ ਕੱਢਣ ਦੀ ਜ਼ਰੂਰਤ ਨਹੀਂ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਅੰਦਰ ਪਾਣੀ ਦਾਖਲ ਨਹੀਂ ਹੋਇਆ ਹੈ। ਉਨ੍ਹਾਂ ਕਿਹਾ ਕਿ ਵਿਭਾਗੀ ਅਧਿਕਾਰੀ ਲਗਾਤਾਰ ਪਿੰਡਾਂ ਵਿੱਚ ਮੌਜੂਦ ਹਨ ਤੇ ਲੋਕਾਂ ਨਾਲ ਰਾਬਤਾ ਕਾਇਮ ਹੈ। ਉਨ੍ਹਾਂ ਕਿਹਾ ਕਿ ਹੈਲਪਲਾਈਨ ਨੰਬਰ ਵੀ ਜਾਰੀ ਕੀਤਾ ਗਿਆ ਹੈ ਤਾਂ ਜੋ ਲੋੜ ਪੈਣ 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਸਰਕਾਰ ਨੇ ਪੰਚਾਇਤੀ ਤੇ ਸ਼ਾਮਲਾਟ ਜ਼ਮੀਨਾਂ ਵੇਚਣ ਦੀ ਕੀਤੀ ਤਿਆਰੀ!

## ਸਰਪੰਚਾਂ ਨੂੰ ਮਤਾ ਪਾਉਣ ਦੇ ਹੁਕਮ ਕੀਤੇ ਜਾਰੀ

**ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**-ਵਿੱਤੀ ਸੰਕਟ ਨਾਲ ਜੂਝ ਰਹੀ ਪੰਜਾਬ ਸਰਕਾਰ ਨੇ ਖ਼ਜ਼ਾਨਾ ਭਰਨ ਲਈ ਪੰਚਾਇਤੀ ਤੇ ਸ਼ਾਮਲਾਟ ਜ਼ਮੀਨਾਂ ਵੇਚਣ ਦੀ ਤਿਆਰੀ ਖਿੱਚੀ ਹੈ।ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਉੱਚ ਅਧਿਕਾਰੀਆਂ ਨੇ ਸਰਪੰਚਾਂ ਨੂੰ ਪੰਚਾਇਤੀ ਜ਼ਮੀਨ ਵੇਚਣ ਬਾਰੇ ਮਤਾ ਪਾਉਣ ਦੇ ਹੁਕਮ ਜਾਰੀ ਕੀਤੇ ਹਨ।ਕਈ ਸਰਪੰਚਾਂ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਮਤੇ ਨਾ ਪਾਉਣ 'ਤੇ ਵਿਭਾਗੀ ਕਾਰਵਾਈ ਕੀਤੇ ਜਾਣ ਦੀ ਧਮਕੀ ਵੀ ਦਿੱਤੀ ਜਾ ਰਹੀ ਹੈ, ਜਿਸ ਕਰਕੇ ਸਰਪੰਚਾਂ, ਪੰਚਾਇਤ ਨੁਮਾਇੰਦਿਆਂ ਵਿੱਚ ਡਰ ਵਾਲਾ ਮਾਹੌਲ ਹੈ।ਸਰਪੰਚਾਂ ਦਾ ਕਹਿਣਾ ਹੈ ਕਿ ਜੇਕਰ ਉਹ ਅਜਿਹਾ ਕਰਦੇ ਹਨ ਤਾਂ ਸਾਰੀ ਉਮਰ ਲਈ ਉਹ ਪਿੰਡ ਵਾਸੀਆਂ ਦਾ ਵਿਰੋਧ ਸਹੇੜ ਲੈਣਗੇ।

ਇੱਥੇ ਦੱਸਿਆ ਜਾਂਦਾ ਹੈ ਕਿ ਬੀਤੇ ਦਿਨ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਦੀ ਅਗਵਾਈ ਹੇਠ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਦੀ ਹੋਈ ਮੀਟਿੰਗ ਵਿੱਚ ਅਧਿਕਾਰੀਆਂ ਨੂੰ ਖਾਲੀ ਪਈਆਂ ਜ਼ਮੀਨਾਂ ਦੀ ਨਿਸ਼ਾਨਦੇਹੀ ਕਰਨ ਲਈ ਕਿਹਾ ਗਿਆ ਸੀ ਤਾਂ ਜੋ ਇਨ੍ਹਾਂ ਜ਼ਮੀਨਾਂ ਨੂੰ ਕਾਰਜਸ਼ੀਲ ਕੀਤਾ ਜਾ ਸਕੇ। ਪੰਚਾਇਤ ਵਿਭਾਗ ਤੋਂ ਬਿਨਾਂ ਸਥਾਨਕ ਸਰਕਾਰਾਂ ਵਿਭਾਗ ਤੇ ਕਈ ਹੋਰ ਵਿਭਾਗਾਂ ਦੀ ਜ਼ਮੀਨ ਵੀ ਨਿਸ਼ਾਨ ਦੇਹੀ ਕੀਤੀ ਗਈ ਹੈ।

ਦੱਸਿਆ ਜਾਂਦਾ ਹੈ ਕਿ ਸਰਕਾਰ ਦੀ ਨਜ਼ਰ ਵੱਡੇ ਸ਼ਹਿਰਾਂ ਦੇ ਨੇੜੇ ਸਥਿਤ ਪਿੰਡਾਂ ਦੀਆਂ ਜ਼ਮੀਨਾਂ 'ਤੇ ਹੈ ਤਾਂ ਜੋ ਇਨ੍ਹਾਂ ਜ਼ਮੀਨਾਂ ਨੂੰ ਵੇਚ ਕੇ ਖ਼ਜ਼ਾਨਾ ਭਰਿਆ ਜਾ ਸਕੇ।ਸਭ ਤੋਂ ਵੱਡੀ ਗੱਲ ਹੈ ਕਿ ਸਰਕਾਰ ਲੋਕਾਂ ਦੇ ਜ਼ਬਰਦਸਤ ਵਿਰੋਧ ਤੋਂ ਬਾਅਦ ਲੈਂਡ ਪੂਲਿੰਗ ਸਕੀਮ ਵਾਪਸ ਲੈ ਚੁੱਕੀ ਹੈ, ਪਰ ਹੁਣ ਪੰਚਾਇਤੀ, ਸਥਾਨਕ ਸਰਕਾਰਾਂ ਵਿਭਾਗ ਦੀ ਜ਼ਮੀਨ ਵੇਚਣ ਦੀ ਤਿਆਰੀ ਹੈ, ਜਦਕਿ ਸ਼ਹਿਰੀ ਵਿਕਾਸ ਵਿਭਾਗ ਦੀ ਜ਼ਮੀਨ ਨੂੰ ਖੁੱਲ੍ਹੀ ਬੋਲੀ ਰਾਹੀਂ ਵੇਚਣ ਸਬੰਧੀ ਪਿਛਲੇ ਦਿਨ ਇਸ਼ਤਿਹਾਰ ਵੀ ਜਾਰੀ ਕੀਤਾ ਗਿਆ ਸੀ।ਜਾਣਕਾਰੀ ਅਨੁਸਾਰ ਇਕੱਲੇ ਮੋਹਾਲੀ ਜ਼ਿਲ੍ਹੇ ਦੇ ਡੇਢ ਦਰਜਨ ਪਿੰਡਾਂ ਜਿਨ੍ਹਾਂ ਵਿੱਚ ਭਾਗੋਮਾਜਰਾ, ਨਾਨੂੰਮਾਜਰਾ, ਗਿੱਦੜਪੁਰ, ਰਾਏਪੁਰ ਖੁਰਦ, ਚੱਪੜਚਿੜੀ, ਤੰਗੋਰੀ, ਬੜੀ, ਰੁੜਕਾ, ਰਾਏਪੁਰ ਕਲਾਂ, ਸਫੀਪੁਰ, ਸੁਖਗੜ੍ਹ, ਦਾਊਂ, ਮਾਣਕਪੁਰ, ਕੰਬਾਲੀ, ਬਹਿਰਾਮਪੁਰ, ਕੱਲਰ, ਕੰਡਾਲਾ ਤੇ ਹੋਰ ਸ਼ਾਮਲ ਹਨ। ਇਹ ਸਾਰੇ ਪਿੰਡ ਮੋਹਾਲੀ ਤੇ ਖਰੜ ਸ਼ਹਿਰ ਦੇ ਨੇੜੇ ਵਸੇ ਹੋਏ ਹਨ।ਇੱਕ ਉੱਚ ਅਧਿਕਾਰੀ ਨੇ ਪੰਚਾਇਤੀ ਜ਼ਮੀਨਾਂ ਦੀ ਨਿਸ਼ਾਨਦੇਹੀ ਕੀਤੇ ਜਾਣ ਦੀ ਪੁਸ਼ਟੀ ਕੀਤੀ ਹੈ।ਉਨ੍ਹਾਂ ਦੱਸਿਆ ਕਿ ਜਿਹੜੇ ਪਿੰਡਾਂ ਦੀ ਜ਼ਮੀਨਾਂ ਰੀਅਲ ਅਸਟੇਟ ਪ੍ਰੋਜੈਕਟ ਵਿੱਚ ਆਉਂਦੀਆਂ ਹਨ, ਉਨ੍ਹਾਂ ਨੂੰ ਵੇਚੇ ਜਾਣ ਦਾ ਪ੍ਰਸਤਾਵ ਹੈ।ਉਨ੍ਹਾਂ ਖਦਸ਼ਾ ਪ੍ਰਗਟ ਕੀਤਾ ਕਿ ਜੇਕਰ ਇਹ ਜ਼ਮੀਨਾ ਗਮਾਡਾ, ਗਲਾਡਾ, ਪੁੱਡਾ ਵੱਲੋਂ ਐਕਵਾਇਰ ਕਰ ਲਈਆਂ ਤਾਂ ਪੰਚਾਇਤ ਨੂੰ ਬਹੁਤ ਘੱਟ ਰਾਸ਼ੀ ਪ੍ਰਾਪਤ ਹੋਵੇਗੀ।ਇਸ ਲਈ ਇਹ ਖੁੱਲ੍ਹੀ ਬੋਲੀ ਰਾਹੀਂ ਵੇਚਣ ਦਾ ਪ੍ਰਸਤਾਵ ਹੈ।ਸੂਤਰ ਦੱਸਦੇ ਹਨ ਕਿ ਸੂਬਾ ਸਰਕਾਰ ਸਰਕਾਰੀ ਜ਼ਮੀਨਾਂ ਨੂੰ ਵੇਚਣ ਜਾਂ ਗਿਰਵੀ ਰੱਖ ਕੇ ਕਰਜ਼ਾ ਲੈਣ 'ਤੇ ਵਿਚਾਰ ਕਰ ਰਹੀ ਹੈ।ਭਾਵੇਂ ਮੁੱਖ ਮੰਤਰੀ ਸਮੇਤ ਸਰਕਾਰ ਦੇ ਮੰਤਰੀ ਖ਼ਜ਼ਾਨਾ ਖਾਲੀ ਨਾ ਹੋਣ ਦਾ ਦਾਅਵਾ ਕਰ ਰਹੇ ਹਨ, ਪਰ ਵਿੱਤ ਵਿਭਾਗ ਦੇ ਸੂਤਰਾਂ ਅਨੁਸਾਰ ਖ਼ਜ਼ਾਨੇ ਦੀ ਹਾਲਤ ਬਹੁਤੀ ਚੰਗੀ ਨਹੀਂ ਹੈ।ਪਿਛਲੀ ਛਿਮਾਹੀ ਦੌਰਾਨ ਤਿੰਨ-ਚਾਰ ਵਾਰ ਖਜ਼ਾਨਾ ਓਵਰ ਡਰਾਫਟ ਹੋ ਚੁੱਕਾ ਹੈ।ਪੰਚਾਇਤ ਯੂਨੀਅਨ ਪੰਜਾਬ ਦੇ ਪ੍ਰਧਾਨ ਤਰਸੇਮ ਸਿੰਘ ਗੰਧੋ ਨੇ ਸੂਬਾ ਸਰਕਾਰ ਦੇ ਪੰਚਾਇਤਾਂ ਦੀ ਸ਼ਾਮਲਾਟ ਜ਼ਮੀਨਾਂ ਵੇਚਣ ਦੇ ਫੈਸਲੇ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ।ਗੰਧੋ ਨੇ ਕਿਹਾ ਕਿ ਸ਼ਾਮਲਾਟ ਜ਼ਮੀਨ, ਪਿੰਡ ਵਾਸੀਆਂ ਦੀ ਭਲਾਈ, ਪਸ਼ੂਆਂ ਲਈ ਚਰਾਂਦ ਤੇ ਲੋਕਾਂ ਦੇ ਸਰਬ ਸਾਂਝੇ ਕਾਰਜਾਂ ਲਈ ਸੁਰੱਖਿਅਤ ਹੁੰਦੀ ਹੈ।ਪੰਚਾਇਤੀ ਜ਼ਮੀਨ ਪਿੰਡਾਂ ਦੀ ਆਮਦਨ ਦਾ ਇੱਕੋ ਇੱਕ ਸਾਧਨ ਹੈ, ਪਰ ਸਰਕਾਰ ਲੈਂਡ ਪੂਲਿੰਗ ਪਾਲਸੀ 'ਚ ਬੁਰੀ ਤਰ੍ਹਾਂ ਫੇਲ੍ਹ ਹੋਣ ਬਾਅਦ ਕਾਰਪੋਰੇਟ ਘਰਾਣਿਆਂ ਤੇ ਬਿਲਡਰਾਂ ਨੂੰ ਖੁਸ਼ ਕਰਨ ਲੁਕਵੇਂ ਢੰਗ ਨਾਲ ਜ਼ਮੀਨ ਦੇਣਾ ਚਾਹੁੰਦੀ ਹੈ।ਗੰਧੋ ਨੇ ਪੰਚਾਇਤਾਂ ਨੂੰ ਪੰਚਾਇਤੀ ਜ਼ਮੀਨ ਨਾ ਦੇਣ ਬਾਰੇ ਮਤਾ ਪਾਸ ਕਰਨ ਦੀ ਅਪੀਲ ਕੀਤੀ ਹੈ।ਉਨ੍ਹਾਂ ਸਮੂਹ ਪਿੰਡਾਂ ਦੇ ਲੋਕਾਂ ਨੂੰ ਗ੍ਰਾਮ ਸਭਾ ਬੁਲਾ ਕੇ ਪੰਚਾਇਤੀ ਜ਼ਮੀਨਾਂ ਨਾ ਵੇਚਣ ਸਬੰਧੀ ਮਤਾ ਪਾਸ ਕਰਨ ਦੀ ਵੀ ਸਲਾਹ ਦਿੱਤੀ ਹੈ ਤਾਂ ਜੋ ਪੰਚਾਇਤੀ ਜ਼ਮੀਨਾਂ ਨੂੰ ਬਚਾਇਆ ਜਾ ਸਕੇ।ਉਨ੍ਹਾਂ ਕਿਹਾ ਕਿ ਸਰਕਾਰ ਦੇ ਇਸ ਫੈਸਲੇ ਖਿਲਾਫ਼ ਰੋਸ ਪ੍ਰਦਰਸ਼ਨ ਵੀ ਕੀਤਾ ਜਾਵੇਗਾ ਅਤੇ ਪੰਜਾਬ ਤੇ ਹਰਿਆਣਾ ਹਾਈਕੋਰਟ ਵਿੱਚ ਪਟੀਸ਼ਨ ਵੀ ਦਾਇਰ ਕੀਤੀ ਜਾਵੇਗੀ।

# ਬਾਬਾ ਫ਼ਰੀਦ ਆਗਮਨ ਪੁਰਬ ਨੂੰ ਲੈ ਕੇ ਸੇਖੋਂ ਵੱਲੋਂ ਪ੍ਰਸ਼ਾਸਨ ਨੂੰ ਗੁਜ਼ਾਰਿਸ਼



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਬਾਬਾ ਫਰੀਦ ਜੀ ਦੀ ਚਰਨ ਛੋਹ ਪ੍ਰਾਪਤ ਪਵਿੱਤਰ ਨਗਰੀ ਫਰੀਦਕੋਟ ਵਿਖੇ ਬਾਬਾ ਸ਼ੇਖ ਫ਼ਰੀਦ ਜੀ ਨੂੰ ਸਮਰਪਤ ਹਰ ਵਾਰ ਦੀ ਤਰ੍ਹਾਂ ਇਸ ਵਾਰ ਵੀ 19 ਸਤੰਬਰ ਤੋਂ 23 ਸਤੰਬਰ ਤੱਕ ਮਨਾਏ ਜਾ ਰਹੇ ਬਾਬਾ ਫਰੀਦ ਆਗਮਨ ਪੁਰਬ ਦੌਰਾਨ ਧਾਰਮਿਕ ਪ੍ਰੋਗਰਾਮਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ।ਇਸ ਸੰਬਧੀ ਬਾਬਾ ਫ਼ਰੀਦ ਧਾਰਮਿਕ ਤੇ ਵਿੱਦਿਅਕ ਸੰਸਥਾਵਾਂ ਦੇ ਪ੍ਰਧਾਨ ਸ. ਸਿਮਰਜੀਤ ਸਿੰਘ ਸੇਖੋਂ ਵੱਲੋਂ ਪ੍ਰੈੱਸ ਕਾਨਫਰੰਸ ਦਾ ਆਯੋਜਨ ਕੀਤਾ ਗਿਆ।ਇਸ ਦੌਰਾਨ ਸੇਖੋਂ ਸਾਹਿਬ ਨੇ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਮੇਲਾ ਇਸ ਸਾਲ ਵੀ ਧੂਮ-ਧਾਮ ਨਾਲ ਮਨਾਇਆ ਜਾਵੇਗਾ।ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਮੇਲੇ ਦੌਰਾਨ ਸਫ਼ਾਈ ਦਾ ਖ਼ਾਸ ਤੌਰ 'ਤੇ ਧਿਆਨ ਰੱਖਣ ਤੇ ਪਲਾਸਟਿਕ ਦਾ ਪ੍ਰਯੋਗ ਨਾ ਕਰਨ ਤੇ ਨਾ ਹੀ ਲਿਫ਼ਾਫ਼ੇ ਅਤੇ ਹੋਰ ਗੰਦਗੀ ਸੜਕਾਂ 'ਤੇ ਸੁੱਟਣ।ਉਨ੍ਹਾਂ ਕਿਹਾ ਕਿ ਨਗਰ ਕੀਰਤਨ ਦੌਰਾਨ ਸ਼ਰਧਾਲੂਆਂ ਨੂੰ ਟ੍ਰੈਫਿਕ ਦਾ ਵੀ ਸਾਹਮਣਾ ਕਰਨਾ ਪੈਂਦਾ ਹੈ, ਇਸ ਲਈ ਉਨ੍ਹਾਂ ਸਰਕਾਰ ਨੂੰ ਵੀ ਪੁਖਤਾ ਪ੍ਰਬੰਧਾਂ ਲਈ ਗੁਜ਼ਾਰਿਸ਼ ਕੀਤੀ ਤੇ ਕਿਹਾ ਕਿ ਐਂਬੂਲੈਂਸ ਲਈ ਵੀ ਖ਼ਾਸ ਰੂਟ ਬਣਾਏ ਜਾਣ ਤਾਂ ਜੋ ਕਿਸੇ ਨੂੰ ਵੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।ਉਨ੍ਹਾਂ ਨੇ ਸੰਗਤਾਂ ਅੱਗੇ ਬੇਨਤੀ ਕੀਤੀ ਕਿ ਮੇਲੇ ਨੂੰ ਸਫ਼ਲਤਾ ਪੂਰਵਕ ਨੇਪਰੇ ਚਾੜ੍ਹਨ ਲਈ ਉਹ ਆਪਣਾ ਪੂਰਾ ਸਹਿਯੋਗ ਪਾਉਣ ਤੇ ਨਾਲ ਹੀ ਪ੍ਰਸ਼ਾਸਨ ਸੰਗਤਾਂ ਦੀ ਸੁਰੱਖਿਆ ਲਈ ਪੂਰਾ ਸਹਿਯੋਗ ਦੇਵੇ।ਇਸ ਮੌਕੇ ਗੁਰਿੰਦਰ ਮੋਹਨ ਸਿੰਘ ਨੇ ਦੱਸਿਆ ਕਿ 19 ਸਤੰਬਰ ਤੋਂ 23 ਸਤੰਬਰ ਤੱਕ ਧਾਰਮਿਕ ਪ੍ਰੋਗਰਾਮ ਕਰਵਾਏ ਜਾਣਗੇ, ਜਿਸ ਵਿੱਚ ਕਥਾਵਾਚਕ ਤੇ ਕੀਰਤਨੀਏ ਸਗੰਤਾਂ ਨੂੰ ਆਪਣੇ ਕੀਰਤਨ ਨਾਲ ਨਿਹਾਲ ਕਰਨਗੇ।ਉਨ੍ਹਾਂ ਦੱਸਿਆ ਕਿ 19 ਤੇ 20 ਸਤੰਬਰ ਨੂੰ ਟਿੱਲਾ ਬਾਬਾ ਫਰੀਦ ਵਿਖੇ ਕਥਾ ਤੇ ਕੀਰਤਨ ਦਾ ਆਯੋਜਨ ਕੀਤਾ ਗਿਆ ਹੈ ਅਤੇ 21 ਸਤੰਬਰ ਨੂੰ ਟਿੱਲਾ ਬਾਬਾ ਫਰੀਦ ਵਿਖੇ ਆਖੰਡ ਪਾਠ ਆਰੰਭ ਹੋਣਗੇ ਤੇ 21 ਸਤੰਬਰ ਨੂੰ ਗੁਰਦੁਆਰਾ ਗੋਦੜੀ ਸਾਹਿਬ ਵਿਖੇ ਕਥਾ ਤੇ 21 ਸਤੰਬਰ ਨੂੰ ਕੀਰਤਨ ਦਰਬਾਰ ਸਜਾਏ ਜਾਣਗੇ, 23 ਸਤੰਬਰ ਨੂੰ ਆਖੰਡ ਪਾਠ ਦੇ ਭੋਗ ਉਪਰੰਤ ਟਿੱਲਾ ਬਾਬਾ ਫਰੀਦ ਤੋਂ ਨਗਰ ਕੀਰਤਨ ਸ਼ੁਰੂ ਹੋਣਗੇ ਤੇ ਗੁਰਦੁਆਰਾ ਗੋਦੜੀ ਸਾਹਿਬ ਵਿਖੇ ਸਮਾਪਤੀ ਸਮੇਂ ਧਾਰਮਿਕ ਦੀਵਾਨ ਸਜਾਏ ਜਾਣਗੇ ਅਤੇ ਸੰਗਤਾਂ ਦੀ ਹਾਜ਼ਰੀ ਦੌਰਾਨ ਬਾਬਾ ਫਰੀਦ ਆਵਰਡ ਫਾਰ ਸਰਵਿਸ ਟੂ ਹਿਊਮੈਂਨਿਟੀ ਤੇ ਸ. ਇੰਦਰਜੀਤ ਸਿੰਘ ਖਾਲਸਾ ਯਾਦਗਾਰੀ ਐਵਾਰਡ ਵੀ ਦਿੱਤੇ ਜਾਣਗੇ।ਇਸ ਮੌਕੇ ਬਾਬਾ ਫ਼ਰੀਦ ਧਾਰਮਿਕ ਸੰਸਥਾਵਾਂ ਤੋਂ ਚਰਨਜੀਤ ਸਿੰਘ ਸੇਖੋਂ, ਦੀਪਇੰਦਰ ਸਿੰਘ ਸੇਖੋਂ, ਗੁਰਜਾਪ ਸਿੰਘ ਸੇਖੋਂ, ਸੁਰਿੰਦਰ ਸਿੰਘ ਰੋਮਾਣਾ, ਕੁਲਜੀਤ ਸਿੰਘ ਮੌਂਗੀਆ ਤੇ ਨਰਿੰਦਰ ਪਾਲ ਸਿੰਘ ਬਰਾੜ ਮੈਂਬਰਜ਼ ਸ਼ਾਮਲ ਸਨ।

## ਐੱਨ.ਸੀ.ਸੀ. ਕੈਡਿਟਾਂ ਸ਼ੂਟਿੰਗ ਸਿਖਲਾਈ ਕੈਂਪ 'ਚ ਲਿਆ ਹਿੱਸਾ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਲਾਲਾ ਕਸਤੂਰੀ ਲਾਲ ਸਰਵਹਿੱਤਕਾਰੀ ਸੀਨੀਅਰ ਸੈਕੰਡਰੀ ਵਿੱਦਿਆ ਮੰਦਰ ਰਾਮਪੁਰਾ ਫੂਲ ਦੇ ਐੱਨ.ਸੀ.ਸੀ. ਕੈਡਿਟਾਂ ਨੇ ਐੱਨ.ਸੀ.ਸੀ. 3 ਨਵਲ ਯੂਨਿਟ ਬਠਿੰਡਾ ਅਧੀਨ ਆਯੋਜਿਤ ਸ਼ੂਟਿੰਗ ਸਿਖਲਾਈ ਕੈਂਪ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ।ਇਸ ਤਹਿਤ ਕੈਡਿਟਾਂ ਨੇ 22 ਰਾਈਫਲ ਫਾਇਰਿੰਗ ਦੇ ਸਿਧਾਂਤਕ ਤੇ ਵਿਵਹਾਰਕ ਅਨੁਭਵ ਰਾਹੀਂ ਹਥਿਆਰਾਂ ਦਾ ਗਿਆਨ ਪ੍ਰਾਪਤ ਕੀਤਾ।ਇਸ ਮੌਕੇ ਉਨ੍ਹਾਂ ਨੇ ਸ਼ਾਨਦਾਰ ਅਨੁਸ਼ਾਸਨ, ਸਮਰਪਣ ਤੇ ਦ੍ਰਿੜ੍ਹਤਾ ਦਾ ਪ੍ਰਦਰਸ਼ਨ ਕੀਤਾ।ਸਕੂਲ ਦੇ ਪ੍ਰਿੰਸੀਪਲ ਰਪਿੰਦਰ ਪਟਿਆਲ ਨੇ ਵਿਦਿਆਰਥੀਆਂ ਦੇ ਉਤਸ਼ਾਹ ਅਤੇ ਮਿਹਨਤ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਅਜਿਹੇ ਸਿਖਲਾਈ ਕੈਂਪ ਵਿਦਿਆਰਥੀਆਂ ਵਿੱਚ ਦੇਸ਼ ਭਗਤੀ, ਆਤਮ-ਵਿਸ਼ਵਾਸ ਤੇ ਅਨੁਸ਼ਾਸਨ ਦੀ ਭਾਵਨਾ ਨੂੰ ਹੋਰ ਮਜ਼ਬੂਤ ? ?ਕਰਦੇ ਹਨ।ਇਸ ਮੌਕੇ ਮੌਜੂਦ ਐੱਨ.ਸੀ.ਸੀ. ਸੀ.ਟੀ.ਓ. ਦੀਦੀ ਮੋਹਦੀਪ ਨੇ ਵੀ ਕੈਡਿਟਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਉਸੇ ਉਤਸ਼ਾਹ ਤੇ ਸਮਰਪਣ ਨਾਲ ਅੱਗੇ ਵਧਣ ਦਾ ਸੰਦੇਸ਼ ਦਿੱਤਾ।

## ਪਰਸ ਵਾਪਸ ਕਰਕੇ ਇਨਸਾਨੀਅਤ ਦਿਖਾਈ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਇਨਸਾਨੀਅਤ ਦੀ ਇੱਕ ਵੱਡੀ ਮਿਸਾਲ ਪੇਸ਼ ਕਰਦਿਆਂ ਪਿੰਡ ਸਾਰੋਂ ਦੇ ਰਹਿਣ ਵਾਲੇ ਜਸਪਾਲ ਸਿੰਘ ਭੁੱਲਰ ਨੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਇੰਦਰਪਾਲ ਸਿੰਘ ਕਹੇਰੂ ਦਾ ਪਰਸ ਵਾਪਸ ਕਰਕੇ ਲੋਕਾਂ ਦੇ ਦਿਲ ਜਿੱਤ ਲਏ ਹਨ।ਦਰਅਸਲ ਬੀਤੇ ਦਿਨੀਂ ਇੰਦਰਪਾਲ ਸਿੰਘ ਕਹੇਰੂ ਦੀ ਇੱਕ ਮੀਟਿੰਗ ਦੌਰਾਨ ਉਨ੍ਹਾਂ ਦਾ ਪਰਸ ਗੁੰਮ ਹੋ ਗਿਆ ਸੀ, ਜਿਸ ਵਿੱਚ ਕਈ ਅਹਿਮ ਦਸਤਾਵੇਜ਼ ਤੇ ਨਿੱਜੀ ਕਾਗਜ਼ ਸਨ।ਇਹ ਖ਼ਬਰ ਜਦੋਂ ਸੋਸ਼ਲ ਮੀਡੀਆ 'ਤੇ ਫੈਲੀ ਤਾਂ ਨੇੜਲੇ ਪਿੰਡ ਸਾਰੋਂ ਦੇ ਨਿਵਾਸੀ ਜਸਪਾਲ ਸਿੰਘ ਭੁੱਲਰ ਨੂੰ ਇਹ ਪਰਸ ਮਿਲਿਆ ਤਾਂ ਉਨ੍ਹਾਂ ਨੇ ਇਹ ਪਰਸ ਸਿੱਧਾ ਇੰਦਰਪਾਲ ਸਿੰਘ ਗੋਲਡੀ ਨੂੰ ਸੌਂਪ ਦਿੱਤਾ।ਪਰਸ ਮਿਲਣ 'ਤੇ ਇੰਦਰਪਾਲ ਸਿੰਘ ਕਹੇਰੂ ਨੇ ਰਾਹਤ ਦੀ ਸਾਹ ਲੈਂਦਿਆਂ ਕਿਹਾ ਕਿ ਇਸ ਵਿੱਚ ਮੌਜੂਦ ਕਈ ਮਹੱਤਵਪੂਰਨ ਦਸਤਾਵੇਜ਼ ਦੁਬਾਰਾ ਬਣਾਉਣਾ ਬਹੁਤ ਔਖਾ ਸੀ।ਉਨ੍ਹਾਂ ਨੇ ਜਸਪਾਲ ਸਿੰਘ ਦੀ ਸੱਚਾਈ ਤੇ ਨੇਕਦਿਲੀ ਲਈ ਖ਼ਾਸ ਧੰਨਵਾਦ ਵੀ ਕੀਤਾ।

## ਸ਼ਿਵਾਲਾ ਬ੍ਰਹਮਚਾਰੀ ਮੰਦਰ 'ਚ ਗਣਪਤੀ ਉਤਸਵ ਸ਼ੁਰੂ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਇਤਿਹਾਸਕ ਤੇ ਪੁਰਾਤਨ ਸ੍ਰੀ ਸ਼ਿਵਾਲਾ ਬ੍ਰਹਮਚਾਰੀ ਮੰਦਰ ਵਿਖੇ ਗਣਪਤੀ ਮਹਾਂਉਤਸਵ ਧੂਮਧਾਮ ਨਾਲ ਸ਼ੁਰੂ ਹੋ ਗਿਆ ਹੈ। ਸ਼ਰਧਾਲੂਆਂ ਵੱਲੋਂ ਮੰਦਰ ਵਿੱਚ ਵੱਡੀ ਸ਼ਰਧਾ ਨਾਲ ਗਣਪਤੀ ਜੀ ਦੀ ਮੂਰਤੀ ਸਥਾਪਤ ਕੀਤੀ ਗਈ ਅਤੇ ਪੂਜਾ ਅਰਚਨਾ ਕਰ ਆਰਤੀ ਕੀਤੀ। ਇਹ ਗਣਪਤੀ ਮਹਾਂਉਤਸਵ 5 ਸਤੰਬਰ ਤੱਕ ਜਾਰੀ ਰਹੇਗਾ ਤੇ 6 ਸਤੰਬਰ ਨੂੰ ਮੂਰਤੀ ਵਿਸਰਜਨ ਕੀਤਾ ਜਾਵੇਗਾ। ਪ੍ਰਬੰਧਕਾਂ ਨੇ ਦੱਸਿਆ ਕਿ ਰੋਜ਼ਾਨਾ ਸ਼ਾਮ ਨੂੰ ਭਜਨ ਕੀਰਤਨ ਹੋਵੇਗਾ ਤੇ 8 ਵਜੇ ਆਰਤੀ ਕੀਤੀ ਜਾਵੇਗੀ। ਆਰਤੀ ਉਪਰੰਤ ਸ਼ਰਧਾਲੂਆਂ ਲਈ ਰੋਜ਼ਾਨਾ ਅਤੁੱਟ ਲੰਗਰ ਵੀ ਵਰਤਾਏ ਜਾਣਗੇ। ਪ੍ਰਬੰਧਕਾਂ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਗਣਪਤੀ ਮਹਾਂਉਤਸਵ ਵਿੱਚ ਵਧ ਚੜ੍ਹ ਕੇ ਸ਼ਮੂਲੀਅਤ ਕਰਨ। ਇਸ ਤੋਂ ਇਲਾਵਾ ਲੋਕਾਂ ਨੇ ਆਪਣੇ ਘਰਾਂ ਵਿੱਚ ਵੀ ਗਣਪਤੀ ਜੀ ਦੀ ਮੂਰਤੀ ਸਥਾਪਤ ਕੀਤੀ।

## ਫਾਸ਼ੀਵਾਦ ਵਿਰੋਧੀ ਫਰੰਟ ਵੱਲੋਂ ਸਾਂਝੀ ਕਨਵੈਨਸ਼ਨ ਕਰਨ ਦਾ ਫ਼ੈਸਲਾ



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਦੇਸ਼ ਦੇ ਜਲ, ਜੰਗਲ ਤੇ ਜ਼ਮੀਨ ਦੇ ਬੇਸ਼ਕੀਮਤੀ ਸੋਮੇ ਕਾਰਪੋਰੇਟ ਘਰਾਣਿਆਂ ਨੂੰ ਲੁਟਾਉਣ ਦੇ ਮਕਸਦ ਨਾਲ ਉਥੇ ਰਹਿੰਦੇ ਮੂਲ ਨਿਵਾਸੀਆਂ ਨੂੰ ਨਕਸਲਵਾਦ ਖ਼ਤਮ ਕਰਨ ਦੀ ਆੜ ਹੇਠ ਉਜਾੜਿਆ ਜਾ ਰਿਹਾ ਹੈ।ਇਹ ਸ਼ਬਦ ਸੀਨੀਅਰ ਕਿਸਾਨ ਆਗੂ ਰਾਜਿੰਦਰ ਸਿੰਘ ਦੀਪ ਸਿੰਘ ਵਾਲਾ ਨੇ 'ਫਾਸ਼ੀਵਾਦ ਵਿਰੋਧੀ ਫਰੰਟ' ਜ਼ਿਲ੍ਹਾ ਫਰੀਦਕੋਟ ਦੀ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਕਹੇ, ਜੋ ਸਥਾਨਕ ਸ਼ਹੀਦ ਕਾਮਰੇਡ ਅਮੋਲਕ ਭਵਨ ਵਿਖੇ ਕਾਮਰੇਡ ਗੁਰਤੇਜ ਸਿੰਘ ਹਰੀ ਨੌ, ਜ਼ਿਲ੍ਹਾ ਸੈਕਟਰੀ ਆਰ ਐੱਮ ਪੀ ਆਈ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸੀਪੀਆਈ ਦੇ ਜ਼ਿਲ੍ਹਾ ਸਕੱਤਰ ਅਸ਼ੋਕ ਕੌਸ਼ਲ ਨੇ ਕਿਹਾ ਕਿ ਮੋਦੀ ਸਰਕਾਰ ਦੀ ਮਿਲੀਭੁਗਤ ਨਾਲ ਚੋਣ ਕਮਿਸ਼ਨ ਵੱਲੋਂ ਬਿਹਾਰ ਵਿੱਚ 65 ਲੱਖ ਵੋਟਰਾਂ ਤੋਂ ਵੋਟ ਦਾ ਹੱਕ ਖੋਹ ਲਏ ਜਾਣ ਦੇ ਗੰਭੀਰ ਸ਼ੰਕੇ ਪੈਦਾ ਹੋ ਗਏ ਹਨ, ਜੋ ਬਚੇ-ਖੁਚੇ ਲੋਕਤੰਤਰ ਦਾ ਵੀ ਭੋਗ ਪਾਉਣ ਦੀ ਤਿਆਰੀ ਹੈ।ਮੀਟਿੰਗ ਵਿੱਚ ਪੈਨਸ਼ਨਰ ਆਗੂ ਹਰਪਾਲ ਸਿੰਘ ਮਚਾਕੀ, ਕਾਮਰੇਡ ਮਲਕੀਤ ਸਿੰਘ, ਬਲਕਾਰ ਸਿੰਘ ਔਲਖ, ਕਾਮਰੇਡ ਵੀਰ ਸਿੰਘ ਕੰਮੇਆਣਾ ਤੇ ਕਿਸਾਨ ਆਗੂ ਸੁਖਜਿੰਦਰ ਸਿੰਘ ਤੂੰਬੜਭੰਨ ਨੇ ਆਪਣੇ ਵਿਚਾਰ ਪੇਸ਼ ਕੀਤੇ।ਸਰਬ ਸੰਮਤੀ ਨਾਲ ਪਹਿਲੀ ਸਤੰਬਰ ਨੂੰ 10:30 ਵਜੇ ਫਿਰੋਜ਼ਪੁਰ ਰੋਡ ਸਥਿਤ 'ਵਰਮਾ ਮੈਰਿਜ ਪੈਲੇਸ' ਫਰੀਦਕੋਟ ਵਿਖੇ ਸਾਂਝੀ ਕਨਵੈਨਸ਼ਨ ਕਰਨ ਦਾ ਫ਼ੈਸਲਾ ਕੀਤਾ ਗਿਆ।ਇਸ ਕਨਵੈਨਸ਼ਨ ਨੂੰ ਸ਼ਾਮਲ ਪਾਰਟੀਆਂ ਦੇ ਸੂਬਾਈ ਆਗੂ ਸੰਬੋਧਨ ਕਰਨਗੇ।ਫਰੰਟ ਵੱਲੋਂ ਆਮ ਨਾਗਰਿਕਾਂ ਖਾਸ ਕਰਕੇ ਬੁੱਧੀਜੀਵੀ ਵਰਗ ਨੂੰ ਕਨਵੈਨਸ਼ਨ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ।

## ਡੀ ਸੀ ਵੱਲੋਂ ਸਮੂਹ ਚੋਅ ਤੇ ਡਰੇਨਾਂ 'ਤੇ ਚੌਕਸੀ ਵਧਾਉਣ ਦੀ ਹਦਾਇਤ, ਲੋਕਾਂ ਨੂੰ ਅਫਵਾਹਾਂ ਤੋਂ ਸੁਚੇਤ ਰਹਿਣ ਦੀ ਅਪੀਲ



**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪਿਛਲੇ ਕੁਝ ਦਿਨਾਂ ਤੋਂ ਪਹਾੜੀ ਇਲਾਕਿਆਂ ਵਿੱਚ ਹੋ ਰਹੀ ਭਾਰੀ ਬਾਰਸ਼ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਅਹਿਤਿਆਤੀ ਤੌਰ 'ਤੇ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿੱਚੋਂ ਲੰਘਦੀਆਂ ਚੋਅ ਤੇ ਬਰਸਾਤੀ ਡਰੇਨਾਂ ਉਤੇ ਚੌਕਸੀ ਵਧਾਉਣ ਦੀਆਂ ਹਦਾਇਤਾਂ ਦਿੱਤੀਆਂ ਹਨ।ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿਖੇ ਚੋਅ, ਨਹਿਰਾਂ ਤੇ ਬਰਸਾਤੀ ਡਰੇਨਾਂ ਵਿੱਚ ਪਾਣੀ ਦਾ ਪੱਧਰ ਕਾਫ਼ੀ ਨੀਵਾਂ ਚੱਲ ਰਿਹਾ ਹੈ ਅਤੇ ਕਿਸੇ ਨੂੰ ਵੀ ਘਬਰਾਉਣ ਦੀ ਲੋੜ ਨਹੀਂ ਹੈ।ਉਨ੍ਹਾਂ ਲੋਕਾਂ ਨੂੰ ਪਾਣੀ ਸਬੰਧੀ ਕਿਸੇ ਵੀ ਕਿਸਮ ਦੀਆਂ ਅਫ਼ਵਾਹਾਂ ਤੋਂ ਪੂਰੀ ਤਰ੍ਹਾਂ ਸੁਚੇਤ ਰਹਿਣ ਦੀ ਅਪੀਲ ਕੀਤੀ ਹੈ।ਉਨ੍ਹਾਂ ਇਹ ਵੀ ਦੱਸਿਆ ਕਿ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਪਹਿਲਾਂ ਤੋਂ ਹੀ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿਖੇ ਜ਼ਿਲ੍ਹਾ ਪੱਧਰੀ ਫਲੱਡ ਕੰਟਰੋਲ ਰੂਮ 24 ਘੰਟੇ ਸੇਵਾਵਾਂ ਪ੍ਰਦਾਨ ਕਰ ਰਿਹਾ ਹੈ, ਜਿਸ ਦਾ ਸੰਪਰਕ ਨੰਬਰ 01763232838 ਹੈ।ਇਸੇ ਦੌਰਾਨ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਦੀਆਂ ਹਦਾਇਤਾਂ ਉੱਤੇ ਉਪ ਮੰਡਲ ਮੈਜਿਸਟਰੇਟ ਅਰਵਿੰਦ ਕੁਮਾਰ ਗੁਪਤਾ ਨੇ ਸਰਹਿੰਦ ਚੋਅ ਵਿੱਚ ਪਾਣੀ ਦੇ ਪੱਧਰ ਦਾ ਜਾਇਜ਼ਾ ਲਿਆ।ਉਨ੍ਹਾਂ ਦੱਸਿਆ ਕਿ ਪਾਣੀ ਦਾ ਵਹਾਓ ਠੀਕ ਚੱਲ ਰਿਹਾ ਹੈ ਤੇ ਲੋਕਾਂ ਨੂੰ ਬਿਲਕੁਲ ਵੀ ਚਿੰਤਾ ਕਰਨ ਦੀ ਲੋੜ ਨਹੀਂ ਹੈ। ਇਸੇ ਤਰ੍ਹਾਂ ਮੁੱਖ ਮੰਤਰੀ ਫੀਲਡ ਅਫਸਰ ਸ਼ੰਕਰ ਸ਼ਰਮਾ ਤੇ ਜ਼ਿਲ੍ਹਾ ਮਾਲ ਅਫ਼ਸਰ ਕਰੁਣ ਗੁਪਤਾ ਨੇ ਸਰਹਿੰਦ ਚੋਅ ਤੇ ਪਟਿਆਲਾ ਕੀ ਰਾਓ ਵਿਖੇ ਸਥਿਤੀ ਦਾ ਜਾਇਜ਼ਾ ਲਿਆ ਅਤੇ ਨੇੜੇ ਵਸੇ ਇਲਾਕਿਆਂ ਜਿਵੇਂ ਬਰਾਸ, ਚੌਂਟੀ ਖੇੜੀ, ਪਤਾਰਸੀ ਕਲਾਂ, ਸ਼ੇਖੂਪੁਰਾ, ਫਤਹਿਗੜ੍ਹ ਸਾਹਿਬ ਆਦਿ ਦਾ ਜਾਇਜ਼ਾ ਲਿਆ। ਅਧਿਕਾਰੀਆਂ ਨੇ ਨਿਰੀਖਣ ਮਗਰੋਂ ਦੱਸਿਆ ਕਿ ਹਾਲ ਦੀ ਘੜੀ ਚਿੰਤਾ ਵਾਲੀ ਕੋਈ ਗੱਲ ਨਹੀਂ ਹੈ, ਪਰ ਫਿਰ ਵੀ ਸਾਵਧਾਨੀ ਵਜੋਂ ਹਰ ਡਰੇਨ ਤੇ ਚੋਅ ਦੀ ਸਥਿਤੀ ਉੱਤੇ ਪਲ ਪਲ ਨਜ਼ਰ ਰੱਖੀ ਜਾ ਰਹੀ ਹੈ।

## ਯੂਨੀਵਰਸਿਟੀ ਦੀਆਂ ਪ੍ਰੀਖਿਆਵਾਂ ਜਾਰੀ, ਵਿਦਿਆਰਥੀ ਹੜ੍ਹਾਂ 'ਚ ਫਸੇ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਦੇ ਕਈ ਜ਼ਿਲ੍ਹਿਆਂ 'ਚ ਹੜ੍ਹ ਨੇ ਤਬਾਹੀ ਮਚਾਈ ਹੋਈ ਹੈ। ਲੋਕ ਹੜ੍ਹਾਂ ਵਿੱਚ ਫਸੇ ਹੋਏ ਹਨ।ਲੋਕਾਂ ਨੂੰ ਬਚਾਉਣ ਲਈ ਪੁਲਸ, ਐਨਡੀਆਰਐਫ, ਫੌਜ ਤੇ ਸਮਾਜ ਸੇਵੀ ਸੰਸਥਾਵਾਂ ਲੱਗੀਆਂ ਹੋਈਆਂ ਹਨ।ਦੂਜੇ ਪਾਸੇ ਯੂਨੀਵਰਸਿਟੀਆਂ ਵੱਲੋਂ ਲਈਆਂ ਜਾ ਰਹੀਆਂ ਪ੍ਰੀਖਿਆਵਾਂ ਨੂੰ ਲੈ ਕੇ ਇਨ੍ਹਾਂ ਜ਼ਿਲ੍ਹਿਆਂ ਦੇ ਵਿਦਿਆਰਥੀ ਪ੍ਰੇਸ਼ਾਨ ਹਨ।ਹੜ੍ਹ 'ਚ ਫਸੇ ਵਿਦਿਆਰਥੀਆਂ ਨੇ ਦੱਸਿਆ ਕਿ ਬੀ.ਡੀ.ਐਸ ਦੀ ਪੜ੍ਹਾਈ ਕਰ ਰਹੇ ਹਨ।29 ਅਗਸਤ ਨੂੰ ਉਸਦੀ ਪ੍ਰੀਖਿਆਵਾਂ ਹਨ।ਉਹ ਘਰ ਆਏ ਹੋਏ ਤੇ ਇੱਥੇ ਫਸ ਗਏ।ਹੁਣ ਪ੍ਰੀਖਿਆ ਲਈ ਜਾਣਾ ਮੁਸ਼ਕਲ ਹੈ।ਉਸ ਨੇ ਦੱਸਿਆ ਕਿ ਅਜਿਹੇ ਵੱਡੀ ਗਿਣਤੀ ਵਿਦਿਆਰਥੀ ਹਨ, ਜਿਹੜੇ ਆਪਣੇ ਘਰਾਂ ਵਿੱਚ ਫਸੇ ਹੋਏ ਹਨ, ਪ੍ਰੰਤੂ ਅਜੇ ਤੱਕ ਯੂਨੀਵਰਸਿਟੀ ਨੇ ਪ੍ਰੀਖਿਆਵਾਂ ਸਬੰਧੀ ਕੋਈ ਫ਼ੈਸਲਾ ਨਹੀਂ ਲਿਆ।ਹੜ੍ਹਾਂ 'ਚ ਫਸੇ ਹੋਏ ਵਿਦਿਆਰਥੀਆਂ ਨੇ ਕਿਹਾ ਅਜਿਹੀ ਸਥਿਤੀ 'ਚ ਉਹ ਪ੍ਰੀਖਿਆ ਦੇਣ ਨਹੀਂ ਆ ਸਕਣਗੇ ਤੇ ਨਾ ਹੀ ਮਾਨਸਿਕ ਤੌਰ 'ਤੇ ਪ੍ਰੀਖਿਆਵਾਂ ਦੀ ਤਿਆਰ ਕਰ ਸਕਣਗੇ।ਉਨ੍ਹਾਂ ਸਰਕਾਰ ਨੂੰ ਅਪੀਲ ਕੀਤੀ ਕਿ ਹੜ੍ਹਾਂ ਦੀ ਸਥਿਤੀ ਨੂੰ ਦੇਖਦੇ ਹੋਏ ਪ੍ਰੀਖਿਆਵਾਂ ਅੱਗੇ ਪਾਇਆ ਜਾਵੇ।

# ਝੰਬੋ ਚੋਅ ਤੇ ਕਲਵਾਣੂ ਡਰੇਨ ਕਰਕੇ ਸੈਂਕੜੇ ਏਕੜ ਝੋਨਾ ਡੁੱਬਿਆ

### ਲੋਕ ਪੁਲਾਂ ਹੇਠ ਫਸੀ ਬੂਟੀ ਆਪਣੇ ਤੌਰ 'ਤੇ ਕਢਵਾਉਣ ਲਈ ਮਜਬੂਰ



ਬੰਨ੍ਹ ਨੂੰ ਮਜ਼ਬੂਤ ਕਰਦੇ ਹੋਏ ਕਿਸਾਨ।

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸ਼ਹਿਰ ਦੇ ਨਾਲ ਲੱਗਦੇ ਪਿੰਡ ਖਾਸਪੁਰ ਕੋਲੋਂ ਲੰਘਦੀ ਕਲਵਾਣੂੰ ਡਰੇਨ ਵਿੱਚ ਆਏ ਮੀਂਹ ਦੇ ਭਾਰੀ ਪਾਣੀ ਨੇ ਜਿੱਥੇ ਪਾਤੜਾਂ ਸ਼ਹਿਰ ਦੇ ਨਾਲ ਲੱਗਦੇ ਪਿੰਡਾਂ ਦੇ ਕਿਸਾਨਾਂ ਦੀਆਂ ਫਸਲਾਂ ਡੋਬੀਆਂ ਹਨ, ਉਥੇ ਹੀ ਝੰਬੋ ਵਾਲੀ ਚੋਅ (ਭੁਪਿੰਦਰਾ ਸਾਗਰ ਡਰੇਨ) ਦਾ ਬੰਨ੍ਹ ਟੁੱਟ ਜਾਣ ਨਾਲ ਕਿਸਾਨਾਂ ਦਾ ਸੈਂਕੜੇ ਏਕੜ 'ਚ ਲਾਇਆ ਹੋਇਆ ਝੋਨਾ ਤੇ ਹੋਰ ਫਸਲਾਂ ਹੜ੍ਹ ਦੇ ਪਾਣੀ ਦੀ ਭੇਟ ਚੜ੍ਹ ਗਈਆਂ ਹਨ।

ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਜਗਮੀਤ ਸਿੰਘ ਹਰਿਆਊ ਤੇ ਕਾਂਗਰਸ ਦੇ ਸੂਬਾ ਸਕੱਤਰ ਦਲੇਰ ਸਿੰਘ ਹਰਿਆਊ ਹੜ੍ਹ ਦਾ ਕਾਰਨ ਬਣ ਰਹੀਆਂ ਪੁਲੀਆਂ ਨੂੰ ਬੰਦ ਕਰਵਾਉਣ ਲਈ ਕਿਸਾਨਾਂ ਨਾਲ ਲੈ ਕੇ ਜੁਟੇ ਹੋਏ ਹਨ, ਜਦੋਂਕਿ ਪਿੰਡ ਚੁਨਾਗਰਾ ਨੂੰ ਜਾਂਦੀ ਸੜਕ ਦੇ ਝੰਬੋ ਵਾਲੀ ਚੋਅ ਦੇ ਪੁਲ ਵਿੱਚ ਫਸੀ ਬੂਟੀ ਨੂੰ ਕੱਢਣ ਦਾ ਕੰਮ ਵਿੱਚੇ ਛੱਡ ਜਾਣ ਕਰਕੇ ਪ੍ਰਸ਼ਾਸਨ 'ਤੇ ਰੋਸ ਜ਼ਾਹਰ ਕਰਦੇ ਕਿਸਾਨਾਂ ਵੱਲੋਂ ਆਪਣੇ ਪੈਸਿਆਂ ਨਾਲ ਮਸ਼ੀਨ ਲਿਆ ਕੇ ਫਸੀ ਹੋਈ ਬੂਟੀ ਕੱਢੀ ਜਾ ਰਹੀ ਹੈ।

ਮੌਕੇ 'ਤੇ ਮੌਜੂਦ ਕਿਸਾਨ ਦਰਸ਼ਨ ਸਿੰਘ ਕਾਲੇਕਾ ਤੇ ਸਾਬਕਾ ਸਰਪੰਚ ਗੁਰਦੇਵ ਸਿੰਘ ਨੇ ਦੱਸਿਆ ਪਿੰਡ ਝੰਬੋ ਵਾਲੀ ਚੋਅ ਦਾ ਚੁਨਾਗਰਾ ਰੋਡ 'ਤੇ ਬਣਿਆ ਹੋਇਆ ਪੁਲ ਨੀਵਾਂ ਹੋਣ ਕਾਰਨ ਇਸ ਵਿੱਚ ਪਿੱਛੋਂ ਪਾਣੀ ਨਾਲ ਰੁੜ ਕੇ ਆਈ ਵੇਲ ਬੂਟੀ ਫਸੀ ਹੋਈ ਹੈ, ਜਿਸ ਨਾਲ ਪਾਤੜਾਂ ਪਿੰਡ ਦੇ ਕਿਸਾਨਾਂ ਵੱਲੋਂ ਲਾਇਆ ਹੋਇਆ ਬੰਨ੍ਹ ਟੁੱਟ ਜਾਣ ਦਾ ਖਤਰਾ ਬਣਿਆ ਹੋਇਆ ਹੈ।ਬੀਤੇ ਦਿਨ ਪ੍ਰਸ਼ਾਸਨ ਵੱਲੋਂ ਇਸ ਬੂਟੀ ਨੂੰ ਕਢਵਾਉਣ ਲਈ ਲਿਆਂਦੀ ਗਈ ਜੇਸੀਬੀ ਬੂਟੀ ਨੂੰ ਵਿੱਚੇ ਛੱਡ ਕੇ ਚਲੀ ਗਈ ਹੈ ਅਤੇ ਹੁਣ ਉਨ੍ਹਾਂ ਨੇ ਆਪਣੇ ਕੋਲੋਂ ਪੈਸੇ ਖਰਚ ਕਰਕੇ ਇਹ ਮਸ਼ੀਨ ਲਿਆ ਕੇ ਬੂਟੀ ਪਾਣੀ ਵਿੱਚੋਂ ਕੱਢੀ ਜਾ ਰਹੀ ਹੈ।ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਜਗਮੀਤ ਸਿੰਘ ਹਰਿਆਊ, ਕਾਂਗਰਸ ਪਾਰਟੀ ਦੇ ਸੂਬਾ ਸਕੱਤਰ ਦਲੇਰ ਸਿੰਘ ਹਰਿਆਊ ਨੇ ਦੱਸਿਆ ਕਿ ਬੀਤੀ ਰਾਤ ਝੰਬੋ ਡਰੇਨ ਦਾ ਬੰਨ੍ਹ ਟੁੱਟ ਜਾਣ ਨਾਲ ਪਾਤੜਾਂ ਸ਼ਹਿਰ ਵਾਲੇ ਪਾਸੇ ਇਸ ਦਾ ਪਾਣੀ ਖੇਤਾਂ ਵਿੱਚ ਫੈਲ ਗਿਆ ਹੈ।

ਇਸ ਤੋਂ ਇਲਾਵਾ ਕਲਵਾਣੂੰ ਡਰੇਨ ਦਾ ਪਾਣੀ ਵੀ ਹੜ੍ਹ ਦਾ ਹੋਰ ਵੱਡਾ ਕਾਰਨ ਬਣ ਰਿਹਾ ਹੈ।ਇਸ ਨਾਲ ਪਿੰਡ, ਦਿਉਗੜ੍ਹ, ਹਰਿਆਊ ਖੁਰਦ, ਹਰਿਆਊ ਕਲਾਂ, ਸੇਲਵਾਲਾ ਤੇ ਹਾਮਝੇੜੀ ਸਮੇਤ ਕਰੀਬ 1 ਦਰਜਨ ਪਿੰਡ ਦੇ ਕਿਸਾਨਾਂ ਦਾ ਸੈਂਕੜੇ ਏਕੜ ਝੋਨਾ ਤੇ ਹੋਰ ਫਸਲਾਂ ਪਾਣੀ ਵਿੱਚ ਡੁੱਬ ਗਈਆਂ ਹਨ।ਇਸ ਦੌਰਾਨ ਐੱਸਡੀਐੱਮ ਅਸ਼ੋਕ ਕੁਮਾਰ ਨੇ ਕਿਹਾ ਕਿ ਬਰਸਾਤਾਂ ਦੇ ਮੌਸਮ ਤੋਂ ਪਹਿਲਾਂ ਇਲਾਕੇ ਵਿੱਚ ਡਰੇਨ ਤੇ ਸਹਾਇਕ ਨਾਲਿਆਂ ਦੀ ਇੱਕ ਵਾਰ ਸਫਾਈ ਕੀਤੀ ਗਈ ਸੀ, ਪਰ ਦੁਬਾਰਾ ਪਾਣੀ ਨਾਲ ਇਹ ਵੇਲ ਬੂਟੀ ਰੁੜ੍ਹ ਕੇ ਪੁਲ ਹੇਠ ਫਸ ਰਹੀ ਹੈ, ਜਿਸ ਨੂੰ ਲੋਕਾਂ ਦੇ ਸਹਿਯੋਗ ਨਾਲ ਕੱਢਿਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਲਾਕੇ ਵਿੱਚ ਹੋਏ ਨੁਕਸਾਨ ਸਬੰਧੀ ਸਰਕਾਰ ਵੱਲੋਂ ਹੁਕਮ ਕੀਤੇ ਜਾਣ 'ਤੇ ਮੁਆਵਜ਼ੇ ਲਈ ਗਿਰਦਾਵਰੀ ਕਰਵਾ ਦਿੱਤੀ ਜਾਵੇਗੀ।

## ਕਾਕਾ ਕੰਬੋਜ ਨੇ ਹੜ੍ਹ ਪ੍ਰਭਾਵਤ ਲੋਕਾਂ ਨੂੰ ਤਰਪਾਲਾਂ ਵੰਡੀਆਂ





**ਮੰਡੀ ਘੁਬਾਇਆ (ਬਲਵਿੰਦਰ ਸਿੰਘ)**-ਰਾਹਤ ਕਾਰਜ ਨੂੰ ਅੱਗੇ ਵਧਾਉਂਦੇ ਹੋਏ ਬੀਜੇਪੀ ਜ਼ਿਲ੍ਹਾ ਫਾਜ਼ਿਲਕਾ ਪ੍ਰਧਾਨ ਸੁਖਵਿੰਦਰ ਸਿੰਘ ਕਾਕਾ ਕੰਬੋਜ ਤੀਸਰੇ ਦਿਨ ਵੀ ਰਾਹਤ ਕਾਰਜਾਂ ਵਿੱਚ ਲੱਗੇ ਰਹੇ। ਲਗਾਤਾਰ ਪਸ਼ੂਆਂ ਵਾਸਤੇ ਹਰਾ ਚਾਰਾ ਮੁਹੱਈਆ ਕਰਾਉਣ ਤੋਂ ਬਾਅਦ ਹੜ੍ਹ ਪੀੜਤਾਂ ਦੀ ਜ਼ਰੂਰਤ ਨੂੰ ਵੇਖਦੇ ਹੋਏ ਅੱਜ ਤਰਪਾਲਾਂ ਤੇ ਹੋਰ ਸਾਮਾਨ ਜ਼ਿਲ੍ਹਾ ਪ੍ਰਧਾਨ ਵੱਲੋਂ ਹਲਕੇ ਦੇ ਵੱਖ-ਵੱਖ ਪਿੰਡਾਂ 'ਚ ਵੰਡਿਆ ਗਿਆ।ਇਸ ਸਬੰਧੀ ਹੋਰ ਪ੍ਰਾਪਤ ਜਾਣਕਾਰੀ ਅਨੁਸਾਰ ਬੀ.ਜੇ.ਪੀ. ਦੇ ਫਾਜ਼ਿਲਕਾ ਤੋਂ ਜ਼ਿਲ੍ਹਾ ਪ੍ਰਧਾਨ ਸੁਖਵਿੰਦਰ ਸਿੰਘ ਕਾਕਾ ਕੰਬੋਜ ਹੜ੍ਹ ਪ੍ਰਭਾਵਿਤ ਸਰਹੱਦੀ ਪਿੰਡ ਆਤੂ ਵਾਲਾ ਵਿਖੇ ਪਹੁੰਚੇ, ਜਿੱਥੇ ਉਨ੍ਹਾਂ ਵੱਲੋਂ ਹੜ੍ਹ ਪੀੜਤ ਲੋਕਾਂ ਨੂੰ ਤਰਪਾਲਾਂ ਮੁਹੱਈਆ ਕਰਵਾਈਆਂ ਗਈਆਂ।ਇਥੇ ਦੱਸ ਦਈਏ ਕਿ ਹਲਕਾ ਜਲਾਲਾਬਾਦ ਦੇ ਨਾਲ ਸਤਲੁਜ ਦੇ ਲੱਗਦੇ ਕਈ ਸਰਹੱਦੀ ਪਿੰਡਾਂ ਵਿੱਚ ਪਾਣੀ ਦਾ ਪੱਧਰ ਵਧਣ ਕਾਰਨ ਢਾਣੀਆਂ ਤੇ ਰਿਹਾਇਸ਼ੀ ਇਲਾਕਿਆਂ ਵਿੱਚ ਪਾਣੀ ਭਰਿਆ ਹੋਇਆ ਹੈ, ਜਿਸ ਨੂੰ ਦੇਖ ਲੋਕਾਂ ਵੱਲੋਂ ਮੀਡੀਆ ਰਾਹੀਂ ਸਰਕਾਰ ਤੇ ਪ੍ਰਸ਼ਾਸਨ ਪਾਸੋਂ ਤਰਪਾਲਾਂ ਦੀ ਮੰਗ ਕੀਤੀ ਗਈ ਸੀ।

ਲੋਕਾਂ ਨੇ ਕਿਹਾ ਕਿ ਘਰਾਂ ਵਿੱਚ ਪਾਣੀ ਹੋਣ ਕਾਰਨ ਕੀਮਤੀ ਸਾਮਾਨ ਘਰਾਂ ਦੀਆਂ ਛੱਤਾਂ ਉੱਪਰ ਲੋਕਾਂ ਨੂੰ ਰੱਖਣਾ ਪੈਂਦਾ ਤੇ ਉੱਪਰੋਂ ਬਾਰਿਸ਼ ਹੋਣ ਕਾਰਨ ਤਰਪਾਲਾਂ ਦੀ ਸਖਤ ਜ਼ਰੂਰਤ ਹੈ।ਹੜ੍ਹ ਪੀੜਤਾਂ ਦੀ ਜ਼ਰੂਰਤ ਨੂੰ ਦੇਖਦੇ ਹੋਏ ਬੀ.ਜੇ.ਪੀ. ਦੇ ਫ਼ਾਜ਼ਿਲਕਾ ਤੋਂ ਜ਼ਿਲ੍ਹਾ ਪ੍ਰਧਾਨ ਸੁਖਵਿੰਦਰ ਸਿੰਘ ਕਾਕਾ ਕੰਬੋਜ ਨੇ ਇਨ੍ਹਾਂ ਲੋਕਾਂ ਦੇ ਨਾਲ ਰਾਬਤਾ ਕੀਤਾ ਅਤੇ ਮੌਕੇ 'ਤੇ ਪਹੁੰਚ ਕੇ ਹੜ੍ਹ ਪੀੜਤ ਲੋਕਾਂ ਨੂੰ ਤਰਪਾਲਾਂ ਮੁਹੱਈਆ ਕਰਵਾਈਆਂ ਅਤੇ ਕਿਹਾ ਕਿ ਜੇਕਰ ਹੋਰ ਵੀ ਕਿਸੇ ਚੀਜ਼ ਦੀ ਜ਼ਰੂਰਤ ਹੋਵੇ ਤਾਂ ਸਾਡੀ ਟੀਮ 24 ਘੰਟੇ ਹੜ੍ਹ ਪ੍ਰਭਾਵਿਤ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹੈ।

ਇਸ ਮੌਕੇ ਲੋਕਾਂ ਵੱਲੋਂ ਕਾਕਾ ਕੰਬੋਜ ਦਾ ਧੰਨਵਾਦ ਕੀਤਾ ਗਿਆ ਕਿ ਅੱਜ ਉਹ ਇਸ ਔਖੀ ਘੜੀ ਵਿੱਚ ਉਨ੍ਹਾਂ ਦੇ ਨਾਲ ਖੜੇ ਹਨ।

## ਅਮਰੀਕਾ ਵੱਲੋਂ ਵਾਧੂ ਟੈਰਿਫ ਲਗਾਉਣ ਨਾਲ ਪੰਜਾਬ 'ਤੇ ਪਏਗਾ ਸਿੱਧਾ ਅਸਰ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਅਮਰੀਕਾ ਨੇ ਅੱਜ ਤੋਂ ਭਾਰਤੀ ਉਤਪਾਦਾਂ ਦੇ ਆਯਾਤ 'ਤੇ 25% ਵਾਧੂ ਟੈਰਿਫ ਲਗਾ ਦਿੱਤਾ ਹੈ।ਹੁਣ ਅਮਰੀਕਾ ਜਾਣ ਵਾਲੇ ਭਾਰਤੀ ਉਤਪਾਦਾਂ 'ਤੇ ਕੁੱਲ 50% ਟੈਰਿਫ ਲਗਾਇਆ ਜਾਵੇਗਾ, ਜੋ ਕਿ ਦੂਜੇ ਮੁਕਾਬਲੇ ਵਾਲੇ ਦੇਸ਼ਾਂ ਨਾਲੋਂ ਬਹੁਤ ਜ਼ਿਆਦਾ ਹੈ। ਨਤੀਜੇ ਵਜੋਂ, ਭਾਰਤੀ ਨਿਰਯਾਤਕ ਅਮਰੀਕੀ ਬਾਜ਼ਾਰ ਤੋਂ ਬਾਹਰ ਹੋ ਜਾਣਗੇ।ਇਸ ਦਾ ਸਿੱਧਾ ਅਸਰ ਪੰਜਾਬ ਦੇ ਤਿਆਰ ਕੱਪੜੇ, ਆਟੋ ਪਾਰਟਸ, ਚਮੜੇ ਦੇ ਸਾਮਾਨ, ਫਾਸਟਨਰ, ਹੈਂਡ ਟੂਲ, ਖੇਡਾਂ ਦੇ ਸਾਮਾਨ ਤੇ ਖੇਤੀਬਾੜੀ ਉਪਕਰਣਾਂ ਦੇ ਨਿਰਯਾਤ 'ਤੇ ਪਵੇਗਾ।7 ਅਗਸਤ ਨੂੰ 25% ਟੈਰਿਫ ਲਗਾਉਣ ਤੋਂ ਬਾਅਦ, ਅਮਰੀਕੀ ਖਰੀਦਦਾਰਾਂ ਨੇ ਨਿਰਯਾਤਕਾਂ ਨੂੰ ਨਵੇਂ ਆਰਡਰ ਦੇਣਾ ਬੰਦ ਕਰ ਦਿੱਤਾ ਸੀ ਤੇ 27 ਅਗਸਤ ਤੋਂ ਉਡੀਕ ਕਰ ਰਹੇ ਸਨ, ਪਰ ਹੁਣ ਨਵੇਂ ਟੈਰਿਫ ਲਗਾਉਣ ਤੋਂ ਬਾਅਦ, ਅਮਰੀਕੀ ਖਰੀਦਦਾਰਾਂ ਨੇ ਦੁਨੀਆ ਦੇ ਹੋਰ ਦੇਸ਼ਾਂ ਵੱਲ ਰੁਖ਼ ਕੀਤਾ ਹੈ।ਫਰਕਡ ਐਂਟਰਪ੍ਰਾਈਜ਼ਿਜ਼ ਫੋਰਮ ਦੇ ਅਨੁਸਾਰ, ਪੰਜਾਬ ਅਮਰੀਕਾ ਨੂੰ ਲਗਭਗ 8,000 ਕਰੋੜ ਰੁਪਏ ਦੇ ਰੈਡੀਮੇਡ ਕੱਪੜੇ ਤੇ ਟੈਕਸਟਾਈਲ ਉਤਪਾਦ, 2,000 ਕਰੋੜ ਰੁਪਏ ਦੇ ਫਾਸਟਨਰ, 5,000 ਕਰੋੜ ਰੁਪਏ ਦੇ ਇਲੈਕਟ੍ਰੀਕਲ ਤੇ ਮਸ਼ੀਨ ਟੂਲ, 4,000 ਕਰੋੜ ਰੁਪਏ ਦੇ ਆਟੋ ਪਾਰਟਸ ਅਤੇ ਹੈਂਡ ਟੂਲ, 500 ਕਰੋੜ ਰੁਪਏ ਦੇ ਚਮੜੇ ਦੇ ਉਤਪਾਦ, 300 ਕਰੋੜ ਰੁਪਏ ਦੇ ਖੇਡਾਂ ਦੇ ਸਾਮਾਨ ਅਤੇ 200 ਕਰੋੜ ਰੁਪਏ ਦੇ ਖੇਤੀਬਾੜੀ ਉਪਕਰਨ ਨਿਰਯਾਤ ਕਰਦਾ ਹੈ।ਉੱਚ ਟੈਰਿਫ ਦਾ ਇਨ੍ਹਾਂ ਨਿਰਯਾਤਾਂ 'ਤੇ ਸਿੱਧਾ ਪ੍ਰਭਾਵ ਪੈਣ ਦੀ ਸੰਭਾਵਨਾ ਹੈ, ਕਿਉਂਕਿ ਮੁਕਾਬਲੇ ਵਾਲੇ ਦੇਸ਼ਾਂ ਕੋਲ ਭਾਰਤ ਨਾਲੋਂ ਬਹੁਤ ਘੱਟ ਟੈਰਿਫ ਹਨ।

## ਦੇਸ਼ ਭਗਤ ਗਲੋਬਲ ਸਕੂਲ 'ਚ ਨੁੱਕੜ ਨਾਟਕ 'ਫੁੱਲਾਂ ਦੇ ਰੰਗ ਕਾਲੇ' ਖੇਡਿਆ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪ੍ਰਯਾ)**-ਦੇਸ਼ ਭਗਤ ਐਂਡ ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾਕਟਰ ਜ਼ੋਰਾ ਸਿੰਘ ਤੇ ਪ੍ਰੋ ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਤੇ ਵਾਈਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਦੀ ਦੇਖ ਰੇਖ ਹੇਠ ਦੇਸ਼ ਭਗਤ ਗਲੋਬਲ ਸਕੂਲ ਵਿੱਚ ਨਸ਼ਿਆਂ ਤੇ ਮੋਬਾਇਲ ਦਾ ਦਿਨੋਂ ਦਿਨ ਵੱਧ ਰਹੇ ਰੁਝਾਨ ਖਿਲਾਫ ਪੰਜਾਬੀ ਨੁੱਕੜ ਨਾਟਕ 'ਫੁੱਲਾਂ ਦੇ ਰੰਗ ਕਾਲੇ' ਖੇਡਿਆ ਗਿਆ।ਇਸ ਨਾਟਕ ਦਾ ਮੁੱਖ ਮਨੋਰਥ ਬੱਚਿਆਂ ਨੂੰ ਨਸ਼ਿਆਂ ਦੇ ਖਿਲਾਫ ਜੰਗ ਲੜਨਾ ਤੇ ਮੋਬਾਇਲ ਦੀ ਵਰਤੋਂ ਘੱਟ ਤੋਂ ਘੱਟ ਕਰਨ ਬਾਰੇ ਦੱਸਣਾ ਸੀ। ਇਸ ਮੌਕੇ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਨਾਟਕ ਦੀ ਸ਼ੁਰੂਆਤ ਬੱਚਿਆਂ ਵੱਲੋਂ ਉੱਚੀ ਆਵਾਜ਼ ਵਿੱਚ ਨਸ਼ਿਆਂ ਤੇ ਮੋਬਾਇਲ ਦੇ ਨੁਕਸਾਨ ਬਾਰੇ ਨਾਅਰੇ ਲਗਾ ਕੇ ਕੀਤੀ ਗਈ।ਨਾਟਕ ਵਿੱਚ ਦਿਖਾਇਆ ਗਿਆ ਕਿ ਕਿਵੇਂ ਨਸ਼ਾ ਨੌਜਵਾਨ ਪੀੜ੍ਹੀ ਨੂੰ ਬਰਬਾਦ ਕਰ ਰਿਹਾ ਹੈ ਤੇ ਕਿਵੇਂ ਮੋਬਾਇਲ ਫੋਨ ਦੀ ਲਤ ਕਾਰਨ ਵਿਦਿਆਰਥੀਆਂ ਦੀ ਪੜ੍ਹਾਈ, ਸਿਹਤ ਤੇ ਪਰਿਵਾਰਕ ਜੀਵਨ ਪ੍ਰਭਾਵਿਤ ਹੋ ਰਹੇ ਹਨ।ਪ੍ਰਿੰਸੀਪਲ ਜਿੰਦਲ ਨੇ ਕਿਹਾ ਕਿ ਨੁੱਕੜ ਨਾਟਕ ਨੇ ਸੰਦੇਸ਼ ਦਿੱਤਾ ਕਿ ਨਸ਼ਾ ਸਾਡੀ ਜ਼ਿੰਦਗੀ ਨੂੰ ਨਿਗਲ ਲੈਂਦਾ ਹੈ ਤੇ ਮੋਬਾਇਲ ਦੀ ਵੱਧ ਵਰਤੋਂ ਸਾਨੂੰ ਅਸਲੀ ਦੁਨੀਆ ਤੋਂ ਦੂਰ ਕਰ ਦਿੰਦੀ ਹੈ।ਇਸ ਨਾਟਕ ਰਾਹੀਂ ਸਭ ਨੂੰ ਇਹ ਸਿੱਖਿਆ ਮਿਲੀ ਕਿ ਸਾਨੂੰ ਨਸ਼ਿਆਂ ਤੋਂ ਦੂਰ ਰਹਿਣਾ ਚਾਹੀਦਾ ਹੈ ਤੇ ਮੋਬਾਇਲ ਫੋਨ ਦਾ ਵਰਤੋਂ ਸਿਰਫ਼ ਪੜ੍ਹਾਈ ਤੇ ਜ਼ਰੂਰੀ ਕੰਮਾਂ ਲਈ ਹੀ ਕਰਨਾ ਚਾਹੀਦਾ ਹੈ।

ਵਾਈਸ ਪ੍ਰਿੰਸੀਪਲ ਪਰਮਪ੍ਰੀਤ ਕੌਰ ਨੇ ਇਸ ਨਾਟਕ ਦੀ ਪ੍ਰਸ਼ੰਸਾ ਕੀਤੀ ਤੇ ਕਿਹਾ ਕਿ ਇਸ ਤਰ੍ਹਾਂ ਦੇ ਨਾਟਕ ਬੱਚਿਆਂ ਤੇ ਸਮਾਜ ਵਿੱਚ ਜਾਗਰੂਕਤਾ ਪੈਦਾ ਕਰਨ ਦਾ ਮਹੱਤਵਪੂਰਨ ਸਾਧਨ ਹਨ।ਉਨ੍ਹਾਂ ਕਿਹਾ ਕਿ ਅਸੀਂ ਅੱਗੇ ਤੋਂ ਵੀ ਬੱਚਿਆਂ ਵਿੱਚ ਜਾਗਰੂਕਤਾ ਪੈਦਾ ਕਰਨ ਲਈ ਅਜਿਹੇ ਨਾਟਕ ਕਰਵਾਉਂਦੇ ਰਹਾਂਗੇ।

## ਪੀਣ ਲਈ ਸਿਰਫ਼ ਸਾਫ਼ ਪਾਣੀ ਦੀ ਹੀ ਵਰਤੋਂ ਕੀਤੀ ਜਾਵੇ : ਡਾ. ਸੰਜੇ ਕਾਮਰਾ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਬਰਸਾਤੀ ਮੌਸਮ ਤੇ ਹੜ੍ਹਾਂ ਕਾਰਨ ਸਿਹਤ ਸਬੰਧੀ ਖ਼ਤਰੇ ਨੂੰ ਵੇਖਦਿਆਂ ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਡਾ. ਹਤਿੰਦਰ ਕੌਰ ਤੇ ਡਿਪਟੀ ਕਮਿਸ਼ਨਰ ਸੰਗਰੂਰ ਰਾਹੁਲ ਚਾਬਾ ਦੇ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਸਿਹਤ ਵਿਭਾਗ ਵੱਲੋਂ ਲੋਕਾਂ ਦੀ ਸਿਹਤ ਸੁਰੱਖਿਆ ਲਈ ਐਡਵਾਈਜ਼ਰੀ ਜਾਰੀ ਕੀਤੀ ਹੈ।ਇਸ ਸਬੰਧੀ ਸਿਵਲ ਸਰਜਨ ਡਾ. ਸੰਜੇ ਕਾਮਰਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹੜ੍ਹ ਦੌਰਾਨ ਪਾਣੀ ਕਾਰਨ ਪੈਦਾ ਹੋਣ ਵਾਲੀਆਂ ਬੀਮਾਰੀਆਂ ਦੇ ਖ਼ਤਰੇ ਤੋਂ ਬਚਾਅ ਲਈ ਸਾਵਧਾਨੀਆਂ ਵਰਤਣਾ ਜ਼ਰੂਰੀ ਹੈ। ਉਨ੍ਹਾਂ ਦੱਸਿਆ ਕਿ ਦੂਸ਼ਿਤ ਪਾਣੀ ਕਾਰਨ ਦਸਤ, ਟਾਈਫਾਈਡ, ਪੀਲੀਆ, ਹੈਜ਼ਾ, ਚਮੜੀ ਦੀਆਂ ਲਾਗ ਵਾਲੀਆਂ ਬੀਮਾਰੀਆਂ ਤੇ ਸੱਪ ਦੇ ਕੱਟਣ ਦੀਆਂ ਘਟਨਾਵਾਂ ਵਾਪਰ ਸਕਦੀਆਂ ਹਨ।ਇਸ ਲਈ ਸਿਹਤ ਵਿਭਾਗ ਦੁਆਰਾ ਦਿੱਤੀ ਗਈ ਸਲਾਹ 'ਤੇ ਅਮਲ ਕਰਦਿਆਂ ਆਪਣਾ ਬਚਾਅ ਕੀਤਾ ਜਾ ਸਕਦਾ ਹੈ। ਇਨ੍ਹਾਂ ਬਿਮਾਰੀਆਂ ਤੋਂ ਬਚਾਅ ਤੇ ਕੰਟਰੋਲ ਕਰਨ ਲਈ ਪੀਣ ਲਈ ਸਿਰਫ਼ ਸਾਫ਼ ਪਾਣੀ ਦੀ ਹੀ ਵਰਤੋਂ ਕੀਤੀ ਜਾਵੇ, ਪੀਣ ਵਾਲੇ ਪਾਣੀ ਨੂੰ ਉਬਾਲ ਕੇ ਠੰਢਾ ਕਰਕੇ ਵਰਤਿਆ ਜਾਵੇ, ਸਮੇਂ ਸਮੇਂ 'ਤੇ ਸਾਬਣ ਤੇ ਪਾਣੀ ਨਾਲ ਹੱਥ ਧੋਤੇ ਜਾਣ ਅਤੇ ਹੜ੍ਹ ਦੇ ਪਾਣੀ ਨਾਲ ਗਿੱਲੇ ਖਾਣੇ ਨੂੰ ਖਾਣ ਤੋਂ ਪਰਹੇਜ਼ ਕੀਤਾ ਜਾਣਾ ਚਾਹੀਦਾ ਹੈ ਅਤੇ ਕੱਟੇ ਹੋਏ ਫ਼ਲ ਤੇ ਸਬਜ਼ੀਆਂ ਨਾ ਖ਼ਰੀਦੀਆਂ ਜਾਣ ਅਤੇ ਨਾ ਹੀ ਵਰਤੀਆਂ ਜਾਣ।ਜੇ ਕਿਸੇ ਨੂੰ ਬੁਖਾਰ ਜਾਂ ਦਸਤ ਦੀ ਸਮੱਸਿਆ ਆਉਂਦੀ ਹੈ ਤਾਂ ਮੈਡੀਕਲ ਕੈਂਪ ਜਾਂ ਸਰਕਾਰੀ ਸਿਹਤ ਸੰਸਥਾ ਵਿੱਚ ਜਾ ਕੇ ਡਾਕਟਰ ਨਾਲ ਸੰਪਰਕ ਕੀਤਾ ਜਾ ਸਕਦਾ ਹੈ।ਜੇਕਰ ਪਾਣੀ ਵਿੱਚ ਜਾਣ 'ਤੇ ਸੱਪ ਕੱਟ ਜਾਂਦਾ ਹੈ ਤਾਂ ਜਲਦੀ ਨਜ਼ਦੀਕੀ ਸਿਹਤ ਸੰਸਥਾ ਵਿੱਚ ਜਾ ਕੇ ਇਲਾਜ ਕਰਵਾਉਣਾ ਚਾਹੀਦਾ ਹੈ।ਸਰਕਾਰੀ ਸਿਹਤ ਸੰਸਥਾਵਾਂ ਵਿੱਚ ਸੱਪ ਦੇ ਕੱਟਣ ਦਾ ਇਲਾਜ ਬਿਲਕੁਲ ਮੁਫ਼ਤ ਹੈ।ਉਨ੍ਹਾਂ ਦੱਸਿਆ ਕਿ ਸਿਹਤ ਸਬੰਧੀ ਕਿਸੇ ਤਰ੍ਹਾਂ ਦੀ ਜਾਣਕਾਰੀ ਲਈ ਮੈਡੀਕਲ ਹੈਲਪਲਾਈਨ ਨੰਬਰ 104 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।

# ਨਗਰ ਕੌਂਸਲ ਦੀ ਮਾਸਿਕ ਮੀਟਿੰਗ ਵਿੱਚ ਕਈ ਮਤੇ ਪ੍ਰਵਾਨ

### ਗੁਰਦੁਆਰਾ ਚਰਨ ਕੰਵਲ ਸਾਹਿਬ ਤੱਕ ਹੋਵੇਗਾ ਇੰਟਰਲਾਕ ਟਾਈਲ ਸੜਕ ਦਾ ਨਿਰਮਾਣ : ਪ੍ਰਧਾਨ ਕੁੰਦਰਾ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਨਗਰ ਕੌਂਸਲ ਮਾਛੀਵਾੜਾ ਦੀ ਮਾਸਿਕ ਮੀਟਿੰਗ ਪ੍ਰਧਾਨ ਮੋਹਿਤ ਕੁੰਦਰਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਕੌਂਸਲਰਾਂ ਨੇ ਭਾਗ ਲਿਆ। ਮੀਟਿੰਗ ਵਿੱਚ ਕਈ ਅਹਿਮ ਮਤੇ ਪ੍ਰਵਾਨ ਕੀਤੇ ਗਏ, ਜਿਸ ਵਿੱਚ ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਨੂੰ ਜਾਂਦੀ ਸੜਕ ਦਾ ਮਤਾ ਵੀ ਪਾਸ ਕੀਤਾ ਗਿਆ। ਕੌਂਸਲਰ ਜਗਮੀਤ ਸਿੰਘ ਮੱਕੜ ਵੱਲੋਂ ਗੁਰੂ ਘਰ ਨੂੰ ਜਾਣ ਵਾਲੀ ਸੜਕ ਦਾ ਮੁੱਦਾ ਉਠਾਇਆ ਸੀ, ਜਿਸ ਨੂੰ ਸਰਬਸੰਮਤੀ ਨਾਲ ਪਾਸ ਕੀਤਾ ਗਿਆ। ਮੀਟਿੰਗ ਵਿੱਚ ਪ੍ਰਧਾਨ ਮੋਹਿਤ ਕੁੰਦਰਾ ਨੇ ਦੱਸਿਆ ਕਿ ਚਰਨ ਕੰਵਲ ਸਾਹਿਬ ਚੌਕ ਤੋਂ ਲੈ ਕੇ ਗੁਰੂ ਘਰ ਤੱਕ ਜਾਣ ਵਾਲੀ ਸੜਕ ਦਾ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਦੇ ਯਤਨਾਂ ਸਦਕਾ ਪਹਿਲ ਦੇ ਅਧਾਰ 'ਤੇ ਨਿਰਮਾਣ ਕਰਵਾਇਆ ਜਾਵੇਗਾ। ਇਸ ਲਈ ਅੱਜ ਬਾਕੀ ਵਿਕਾਸ ਕਾਰਜਾਂ ਦੇ ਮਤੇ ਰੋਕ ਕੇ ਗੁਰੂ ਘਰ ਨੂੰ ਜਾਣ ਵਾਲੀ ਇਸ ਸੜਕ ਦਾ 90 ਲੱਖ ਰੁਪਏ ਦੇ ਤਖਮੀਨੇ ਨੂੰ ਪ੍ਰਵਾਨਗੀ ਦਿੱਤੀ ਗਈ। ਪ੍ਰਧਾਨ ਕੁੰਦਰਾ ਨੇ ਦੱਸਿਆ ਕਿ ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਦੇ ਦਰਸ਼ਨਾਂ ਲਈ ਇਲਾਕੇ ਤੋਂ ਇਲਾਵਾ ਦੇਸ਼ਾਂ, ਵਿਦੇਸ਼ਾਂ ਤੋਂ ਸੰਗਤਾਂ ਨਤਮਸਤਕ ਹੋਣ ਲਈ ਆਉਂਦੀਆਂ ਹਨ, ਪਰ ਇਹ ਸੜਕ ਲੋਕ ਨਿਰਮਾਣ ਵਿਭਾਗ ਅਧੀਨ ਹੋਣ ਕਾਰਨ ਨਗਰ ਕੌਂਸਲ ਇਸ ਦੀ ਮੁਰੰਮਤ ਕਰਵਾਉਣ 'ਚ ਅਸਮਰੱਥ ਸੀ। ਉਨ੍ਹਾਂ ਕਿਹਾ ਕਿ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਕਿਹਾ ਕਿ ਹੁਣ ਨਗਰ ਕੌਂਸਲ ਨੂੰ ਪ੍ਰਵਾਨਗੀ ਲਿਆ ਕੇ ਦਿੱਤੀ ਜਾਵੇਗੀ ਕਿ ਉਹ ਇਹ ਸੜਕ ਨੂੰ ਵਧੀਆ ਢੰਗ ਨਾਲ ਮੁਰੰਮਤ ਕਰਵਾਏ। ਪ੍ਰਧਾਨ ਕੁੰਦਰਾ ਨੇ ਦੱਸਿਆ ਕਿ 90 ਲੱਖ ਦੀ ਲਾਗਤ ਨਾਲ ਇਸ ਸੜਕ 'ਤੇ ਇੰਟਰਲਾਕ ਟਾਈਲ ਲਗਾਈ ਜਾਵੇਗੀ ਤੇ ਗੁਰੂ ਘਰ ਨੂੰ ਜਾਣ ਵਾਲੇ ਰਸਤੇ ਨੂੰ ਸੁੰਦਰ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਇਸ ਮੌਕੇ ਅਸ਼ੋਕ ਸੂਦ, ਜਗਮੀਤ ਸਿੰਘ ਮੱਕੜ, ਨਗਿੰਦਰਪਾਲ ਸਿੰਘ ਮੱਕੜ, ਕੁਲਵਿੰਦਰ ਕੌਰ, ਸੁਰਿੰਦਰ ਛਿੰਦੀ, ਰਸ਼ਮੀ ਜੈਨ, ਹਰਵਿੰਦਰ ਕੌਰ, ਰਵਿੰਦਰਜੀਤ ਕੌਰ, ਪਰਮਜੀਤ ਕੌਰ, ਕਿਸ਼ੋਰ ਕੁਮਾਰ (ਸਾਰੇ ਕੌਂਸਲਰ), ਕਾਰਜ ਸਾਧਕ ਅਫ਼ਸਰ ਅਮਨਦੀਪ ਸਿੰਘ, ਜਸਪਾਲ ਸਿੰਘ ਜੱਜ, ਜਸਵੀਰ ਸਿੰਘ ਭੱਟੀਆਂ ਵਾਲੇ, ਨਿਰਮਲ ਸਿੰਘ ਮੌਜੂਦ ਸਨ।

## ਅਧਿਆਪਕ ਯੂਨੀਅਨ ਦੇ ਆਗੂ ਬਿਨਾਂ ਸ਼ਰਤ ਰਿਹਾਅ ਕਰਨ ਦੀ ਮੰਗ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)** ਪੱਕੇ ਰੁਜ਼ਗਾਰ ਦੀ ਮੰਗ ਸਬੰਧੀ ਸੰਘਰਸ਼ ਕਰ ਰਹੇ ਐਨ ਐਸ ਕਿਊ ਵੋਕੇਸ਼ਨਲ ਸਿੱਖਿਆ ਅਧਿਆਪਕਾ ਤੇ ਪੁਲਸ ਵੱਲੋਂ ਅੰਨ੍ਹਾ ਲਾਠੀਚਾਰਜ ਕਰਕੇ ਢਾਹੇ ਜਬਰ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦੇ ਹੋਏ ਮੰਗ ਕਰਦੇ ਹਾਂ ਕਿ ਜੋ ਬੇਕਸੂਰ ਅਧਿਆਪਕ ਯੂਨੀਅਨ ਦੇ ਗ੍ਰਿਫ਼ਤਾਰ ਕੀਤੇ ਆਗੂਆਂ ਨੂੰ ਜੇਲ੍ਹਾਂ 'ਚ ਡੱਕਿਆ ਹੋਇਆ ਹੈ, ਨੂੰ ਬਿਨਾਂ ਸ਼ਰਤ ਤੁਰੰਤ ਰਿਹਾਅ ਕੀਤਾ ਜਾਵੇ ਅਤੇ ਉਨ੍ਹਾਂ ਦੀਆਂ ਮੰਗਾਂ ਮੰਨ ਕੇ ਮਸਲਾ ਹੱਲ ਕੀਤਾ ਜਾਵੇ।ਸਮੂਹ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਰਾਮਪੁਰਾ ਫੂਲ ਦੇ ਅਹੁਦੇਦਾਰਾਂ, ਜਿਨ੍ਹਾਂ ਵਿੱਚ ਡਾਕਟਰ ਜਗਤਾਰ ਸਿੰਘ ਫੂਲ ਜ਼ਿਲ੍ਹਾ ਪ੍ਰਧਾਨ, ਬਲਾਕ ਪ੍ਰਧਾਨ ਡਾਕਟਰ ਨਿਰਮਲ ਸਿੰਘ ਚਾਉਕੇ, ਡਾਕਟਰ ਚਮਕੌਰ ਸਿੰਘ ਮਹਿਰਾਜ ਚੇਅਰਮੈਨ, ਡਾਕਟਰ ਕੌਰ ਸਿੰਘ ਕੈਸ਼ੀਅਰ, ਡਾਕਟਰ ਰੇਸ਼ਮ ਸਿੰਘ ਫੂਲ, ਡਾਕਟਰ ਮਲਕੀਤ ਸਿੰਘ ਸੀਨੀਅਰ ਮੀਤ ਪ੍ਰਧਾਨ ਸੰਧੂ ਖ਼ੁਰਦ, ਡਾਕਟਰ ਦੇਵਰਾਜ ਕੋਟੜੇ ਕੌੜਿਆਂ ਵਾਲੇ ਬਲਾਕ ਜਨਰਲ ਸਕੱਤਰ, ਡਾਕਟਰ ਗੁਰਸੇਵਕ ਸਿੰਘ ਢੱਡੇ, ਡਾ. ਇਕਬਾਲ ਸਿੰਘ ਬੁਰਜ ਮਾਨਸ਼ਾਹੀਆ, ਪ੍ਰੈਸ ਸਕੱਤਰ ਡਾਕਟਰ ਮਨਜੀਤ ਸਿੰਘ ਫੂਲ, ਡਾ. ਹਰਜਿੰਦਰ ਸਿੰਘ ਮਹਿਰਾਜ ਸ਼ਮਿਲ ਹਨ, ਨੇ ਕਿਹਾ ਅਧਿਆਪਕਾ ਦਾ ਮਸਲਾ ਜਲਦੀ ਹੱਲ ਹੋਣਾ ਚਾਹੀਦਾ ਹੈ।

## ਏਕਤਾ ਡਕੌਂਦਾ ਵੱਲੋਂ ਹੜ੍ਹ ਪੀੜਤਾਂ ਨੂੰ ਤੁਰੰਤ ਸਰਕਾਰੀ ਸਹਾਇਤਾ ਪਹੁੰਚਾਉਣ ਦੀ ਮੰਗ

### *ਹੜ੍ਹ ਕੁਦਰਤ ਦੀ ਨਹੀਂ, ਰਾਜਨੀਤਕ ਪ੍ਰਬੰਧ ਦੀ ਦੇਣ : ਮਨਜੀਤ ਧਨੇਰ*



**ਜਗਰਾਉਂ (ਸੰਜੀਵ ਅਰੋੜਾ, ਅਮਿਤ ਖੰਨਾ)**-ਇੱਥੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜ਼ਿਲ੍ਹਾ ਲੁਧਿਆਣਾ ਦੀ ਮੀਟਿੰਗ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੀ ਕਾਰਵਾਈ ਪ੍ਰੈੱਸ ਨੂੰ ਜਾਰੀ ਕਰਦਿਆਂ ਜ਼ਿਲ੍ਹਾ ਸਕੱਤਰ ਇੰਦਰਜੀਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਮੀਟਿੰਗ ਵਿੱਚ ਭਾਰੀ ਬਾਰਿਸ਼ ਤੇ ਪੰਜਾਬ ਦੇ ਅੱਠ ਜ਼ਿਲ੍ਹਿਆਂ 'ਚ ਹੜ੍ਹ ਦੀ ਮਾਰ ਕਾਰਨ ਕਿਸਾਨਾਂ ਦੀਆਂ ਫ਼ਸਲਾਂ ਦੇ ਹੋਏ ਭਾਰੀ ਨੁਕਸਾਨ ਲਈ ਮੌਜੂਦਾ ਰਾਜਨੀਤਕ ਪ੍ਰਬੰਧ ਨੂੰ ਜ਼ਿੰਮੇਵਾਰ ਠਹਿਰਾਇਆ ਗਿਆ। ਉਨ੍ਹਾਂ ਕਿਹਾ ਕਿ ਹਰ ਵਾਰ ਦਰਿਆਵਾਂ ਦੇ ਬੰਨ੍ਹ ਟੁੱਟਣ ਕਾਰਨ, ਨਹਿਰਾਂ ਤੇ ਕੱਸੀਆਂ ਦੇ ਕੰਢੇ ਬੈਠਣ ਕਾਰਨ ਫ਼ਸਲਾਂ ਦਾ ਭਾਰੀ ਨੁਕਸਾਨ, ਹਰੇ ਚਾਰੇ ਤੇ ਤੂੜੀ ਵਗੈਰਾ ਦਾ ਖਾਤਮਾ ਇਸ ਲਈ ਹੁੰਦਾ ਹੈ ਕਿ ਸਰਕਾਰਾਂ ਨੇ ਇਸ ਕੁਦਰਤੀ ਆਫਤ ਨੂੰ ਨੱਥਣ ਲਈ 78 ਸਾਲ ਬੀਤ ਜਾਣ ਦੇ ਬਾਵਜੂਦ ਕੁਝ ਨਹੀਂ ਕੀਤਾ। ਮੀਟਿੰਗ 'ਚ ਹਾਜ਼ਰ ਸਾਰੇ ਅਹੁਦੇਦਾਰਾਂ ਨੇ ਮੰਗ ਕੀਤੀ ਕਿ ਹੜ੍ਹ ਪੀੜਤ ਕਿਸਾਨਾਂ ਮਜ਼ਦੂਰਾਂ ਦੇ ਸਮੁੱਚੇ ਨੁਕਸਾਨ ਦਾ ਤੁਰੰਤ ਬਣਦਾ ਮੁਆਵਜ਼ਾ ਰਿਲੀਜ਼ ਕੀਤਾ ਜਾਵੇ। ਸਾਰੇ ਕਰਜ਼ੇ ਰਸਦ ਕੀਤੇ ਜਾਣ, ਢਹੇ ਘਰਾਂ, ਪਸ਼ੂਆਂ ਤੇ ਮਸ਼ੀਨਰੀ ਦੇ ਨੁਕਸਾਨ ਦਾ ਮੁਆਵਜ਼ਾ ਵੀ ਜਲਦੀ ਜਾਰੀ ਕੀਤਾ ਜਾਵੇ। ਬਾਰਿਸ਼ ਦੇ ਮੌਸਮ 'ਚ ਨੁਕਸਾਨ ਰੋਕਣ 'ਚ ਹਰ ਵਾਰ ਬੁਰੀ ਤਰ੍ਹਾਂ ਫੇਲ੍ਹ ਹੋਈਆਂ ਸਾਰੀਆਂ ਸਰਕਾਰਾਂ ਨੇ ਹੁਣ ਤੱਕ ਮਗਰਮੱਛ ਦੇ ਹੰਝੂ ਕੇਰੇ ਹਨ। ਭ੍ਰਿਸ਼ਟ ਅਫ਼ਸਰਸ਼ਾਹੀ ਲਗਾਤਾਰ ਖਾਨਾਪੂਰਤੀਆਂ ਕਰਦੀ ਆ ਰਹੀ ਹੈ, ਅਮਲ 'ਚ ਬੁਰੀ ਤਰ੍ਹਾਂ ਨਾਲਾਇਕ ਤੇ ਫੇਲ੍ਹ ਸਾਬਿਤ ਹੋਈਆਂ ਸਰਕਾਰਾਂ ਨੂੰ ਨਾ ਪਹਿਲਾਂ ਤੇ ਨਾ ਹੁਣ ਦੀ ਸਰਕਾਰ ਨੂੰ ਜਨਤਾ ਦਾ ਕੋਈ ਸਰੋਕਾਰ ਹੈ। ਇਸ ਸਮੇਂ ਸੂਬਾ ਮੀਤ ਪ੍ਰਧਾਨ ਅਮਨਦੀਪ ਸਿੰਘ ਲਲਤੋਂ ਤੇ ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਦੇਹੜਕਾ ਨੇ ਜ਼ਿਲ੍ਹੇ ਦੀਆਂ ਸਮੂਹ ਇਕਾਈਆਂ ਨੂੰ ਬੇਨਤੀ ਕੀਤੀ ਕਿ ਹੜ੍ਹ ਪੀੜਤ ਇਲਾਕਿਆਂ 'ਚ ਵੱਧ ਤੋਂ ਵੱਧ ਰਾਸ਼ਨ, ਹਰਾ ਚਾਰਾ, ਮੱਕੀ ਦਾ ਆਚਾਰ, ਤੂੜੀ ਵਗੈਰਾ ਭੇਜਣ ਲਈ ਪਹਿਲ ਦੇ ਆਧਾਰ 'ਤੇ ਉਪਰਾਲੇ ਜੁਟਾਏ ਜਾਣ। ਇਸ ਲਈ ਬਕਾਇਦਾ ਯੋਜਨਾਬੰਦੀ ਕੀਤੀ ਗਈ। ਇਸ ਮੀਟਿੰਗ ਵਿੱਚ ਸੁਖਵਿੰਦਰ ਸਿੰਘ ਹੰਬੜਾਂ, ਰਣਵੀਰ ਸਿੰਘ ਰੁੜਕਾ, ਜਗਦੇਵ ਸਿੰਘ ਬੀਰਮੀ, ਹਰਬੰਸ ਸਿੰਘ ਬੀਰਮੀ, ਅਜੀਤ ਸਿੰਘ ਧਾਂਦਰਾ, ਇੰਦਰਜੀਤ ਸਿੰਘ ਗੋਰਸੀਆਂ, ਗੁਰਤੇਜ ਸਿੰਘ ਅਖਾੜਾ ਤੇ ਜਗਦੇਵ ਸਿੰਘ ਅਖਾੜਾ ਆਦਿ ਹਾਜ਼ਰ ਸਨ।

# ਸਾਬਕਾ ਓ ਐੱਸ ਡੀ ਵੱਲੋਂ ਧੂਰੀ ਹਲਕੇ 'ਚ 'ਭਲਵਾਨੀ ਗੇੜੀਆਂ'



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਪੰਜਾਬ ਦੀ ਰਾਜਨੀਤੀ ਵਿੱਚ ਹਰ ਵੇਲੇ ਨਵੇਂ ਪੇਚ ਤੇ ਮੋੜ ਆਉਂਦੇ ਰਹਿੰਦੇ ਹਨ।ਅਜਿਹਾ ਹੀ ਇੱਕ ਮੋੜ ਤਦ ਸਾਹਮਣੇ ਆਇਆ, ਜਦੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਨਜ਼ਦੀਕੀ ਸਮਝੇ ਜਾਂਦੇ ਪ੍ਰੋਫੈਸਰ ਉਂਕਾਰ ਸਿੰਘ ਸਿੱਧੂ ਨੂੰ ਅਚਾਨਕ ਓ.ਐੱਸ.ਡੀ. ਦੇ ਅਹੁਦੇ ਤੋਂ ਹਟਾ ਦਿੱਤਾ ਗਿਆ।ਇਹ ਕਦਮ ਸਿਆਸੀ ਪੰਡਤਾਂ ਲਈ ਵੀ ਚਰਚਾ ਦਾ ਵਿਸ਼ਾ ਬਣਿਆ, ਪਰ ਪ੍ਰੋਫੈਸਰ ਸਿੱਧੂ ਨੇ ਆਪਣੀ ਰਾਜਨੀਤਕ ਯਾਤਰਾ ਨੂੰ ਰੋਕਣ ਦੀ ਬਜਾਏ ਨਵੇਂ ਅੰਦਾਜ਼ ਵਿੱਚ ਲੋਕਾਂ ਨਾਲ ਜੁੜਨ ਦਾ ਫੈਸਲਾ ਕੀਤਾ। ਇਸੇ ਤਹਿਤ ਉਨ੍ਹਾਂ ਧੂਰੀ ਹਲਕੇ ਵਿੱਚ 'ਭਲਵਾਨੀ ਗੇੜੀਆਂ' ਸ਼ੁਰੂ ਕੀਤੀਆਂ ਹਨ।

ਇਨ੍ਹਾਂ ਗੇੜੀਆਂ ਦੇ ਮਾਧਿਅਮ ਨਾਲ ਉਹ ਪਿੰਡਾਂ ਵਿੱਚ ਲੋਕਾਂ ਨਾਲ ਸਿੱਧਾ ਸੰਪਰਕ ਕਰ ਰਹੇ ਹਨ। ਸੁੱਖ-ਗ਼ਮੀ ਦੇ ਮੌਕੇ 'ਤੇ ਪਹੁੰਚ ਕੇ ਲੋਕਾਂ ਦਾ ਹੌਸਲਾ ਵਧਾ ਰਹੇ ਹਨ ਤੇ ਸ਼ਹਿਰੀ ਇਲਾਕਿਆਂ ਵਿੱਚ ਵੀ ਆਪਣੇ ਸਹਿਯੋਗੀਆਂ ਨਾਲ ਲਗਾਤਾਰ ਰਾਬਤਾ ਬਣਾਈ ਬੈਠੇ ਹਨ।ਇਸ ਕਰਕੇ ਧੂਰੀ ਹਲਕੇ ਦੀ ਸਿਆਸਤ ਵਿੱਚ ਇੱਕ ਨਵੀਂ ਚਰਚਾ ਜਨਮ ਲੈ ਰਹੀ ਹੈ ਕਿ ਪ੍ਰੋਫੈਸਰ ਸਿੱਧੂ ਭਵਿੱਖ ਵਿੱਚ ਸਰਗਰਮ ਰਾਜਨੀਤੀ ਦਾ ਨਵਾਂ ਸਫ਼ਰ ਸ਼ੁਰੂ ਕਰ ਸਕਦੇ ਹਨ।ਲੋਕਾਂ ਵਿੱਚ ਇਹ ਗੱਲ ਵੀ ਜ਼ੋਰਾਂ 'ਤੇ ਹੈ ਕਿ ਉਨ੍ਹਾਂ ਦੇ 'ਭਲਵਾਨੀ ਦੌਰੇ' ਸਿਰਫ਼ ਸਮਾਜਿਕ ਸੰਪਰਕ ਲਈ ਹੀ ਨਹੀਂ, ਸਗੋਂ ਆਉਣ ਵਾਲੀਆਂ ਸਿਆਸੀ ਤਿਆਰੀਆਂ ਦਾ ਹਿੱਸਾ ਹਨ।ਪਿੰਡਾਂ ਵਿੱਚ ਕਈ ਜਗ੍ਹਾ ਉਨ੍ਹਾਂ ਨੂੰ ਲੋਕਾਂ ਵੱਲੋਂ ਖ਼ਾਸ ਸਤਿਕਾਰ ਮਿਲ ਰਿਹਾ ਹੈ।ਵੱਡੀ ਗਿਣਤੀ ਵਿੱਚ ਨੌਜਵਾਨ ਵੀ ਇਕੱਠੇ ਹੋ ਰਹੇ ਹਨ, ਜਿਸ ਨਾਲ ਇਹ ਅੰਦਾਜ਼ਾ ਲਗਾਇਆ ਜਾ ਰਿਹਾ ਹੈ ਕਿ ਉਹ ਆਉਣ ਵਾਲੇ ਸਮੇਂ ਵਿੱਚ ਧੂਰੀ ਹਲਕੇ ਤੋਂ ਚੋਣ ਅਖਾੜੇ ਵਿੱਚ ਉੱਤਰ ਸਕਦੇ ਹਨ।ਯਾਦ ਰਹੇ ਕਿ ਪ੍ਰੋਫੈਸਰ ਉਂਕਾਰ ਸਿੰਘ ਸਿੱਧੂ ਨੇ ਪੰਜਾਬ ਸਰਕਾਰ ਦੀ ਲੈਂਡ ਪੂਲਿੰਗ ਨੀਤੀ ਬਾਰੇ ਖੁੱਲ੍ਹ ਕੇ ਆਪਣਾ ਵਿਰੋਧ ਦਰਸਾਇਆ ਸੀ।ਉਨ੍ਹਾਂ ਨੇ ਇਸ ਨੀਤੀ ਨੂੰ ਦਿੱਲੀ ਦੀ ਲੀਡਰਸ਼ਿਪ ਦੀ ਲਾਗੂ ਕੀਤੀ ਯੋਜਨਾ ਕਰਾਰ ਦਿੰਦਿਆਂ ਇਸ ਨੂੰ ਪੰਜਾਬੀ ਕਿਸਾਨਾਂ ਦੇ ਹਿੱਤਾਂ ਵਿਰੁੱਧ ਦੱਸਿਆ ਸੀ।ਉਨ੍ਹਾਂ ਦੇ ਇਸ ਬਿਆਨ ਨੇ ਉਸ ਸਮੇਂ ਕਾਫ਼ੀ ਚਰਚਾ ਪ੍ਰਾਪਤ ਕੀਤੀ ਸੀ ਤੇ ਕਈ ਲੋਕਾਂ ਨੇ ਉਨ੍ਹਾਂ ਦੀ ਹਿੰਮਤ ਦੀ ਖੁੱਲ੍ਹ ਕੇ ਪ੍ਰਸ਼ੰਸਾ ਵੀ ਕੀਤੀ ਸੀ।ਉਨ੍ਹਾਂ ਦੀਆਂ 'ਭਲਵਾਨੀ ਗੇੜੀਆਂ' ਧੂਰੀ ਹਲਕੇ ਦੀ ਸਿਆਸਤ ਵਿੱਚ ਇੱਕ ਨਵੀਂ ਚਹਿਲ-ਪਹਿਲ ਲਿਆ ਰਹੀਆਂ ਹਨ ਤੇ ਅਗਲੇ ਮਹੀਨਿਆਂ ਵਿੱਚ ਇਹ ਗੇੜੀਆਂ ਕਿਹੜਾ ਰੂਪ ਧਾਰਨ ਕਰਦੀਆਂ ਹਨ, ਇਸ ਉੱਤੇ ਸਭ ਦੀ ਨਿਗਾਹ ਟਿਕੀ ਹੋਈ ਹੈ।

## ਗੁਰਦੁਆਰਾ ਚਰਨ ਕੰਵਲ ਸਾਹਿਬ ਵਿਖੇ ਗੁਰਮਤਿ ਸਮਾਗਮ ਅੱਜ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਅਤੇ ਸੰਪੂਰਨਤਾ ਦਿਵਸ ਨੂੰ ਸਮਰਪਿਤ ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਗੁਰਮਤਿ ਸਮਾਗਮ ਅੱਜ 29 ਅਗਸਤ ਦਿਨ ਸ਼ੁੱਕਰਵਾਰ ਨੂੰ ਸ਼ਾਮ 7.30 ਵਜੇ ਤੋਂ 9 ਵਜੇ ਤੱਕ ਕਰਵਾਇਆ ਜਾ ਰਿਹਾ ਹੈ।

ਇਸ ਸੰਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸਾਹਿਬ ਦੇ ਮੈਨੇਜਰ ਜਸਵੀਰ ਸਿੰਘ ਮੰਗਲੀ ਨੇ ਦੱਸਿਆ ਕਿ ਗੁਰਮਤਿ ਸਮਾਗਮ ਦੌਰਾਨ ਭਾਈ ਰਾਜਪਾਲ ਸਿੰਘ, ਕਥਾਵਾਚਕ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ (ਸ੍ਰੀ ਆਨੰਦਪੁਰ ਸਾਹਿਬ ਵਾਲੇ) ਸੰਗਤਾਂ ਨੂੰ ਕਥਾ ਵਿਚਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਆਈਆਂ ਸੰਗਤਾਂ ਲਈ ਅਤੁੱਟ ਲੰਗਰ ਵਰਤਾਇਆ ਜਾਵੇਗਾ।

## 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਾਟਕ ਪੇਸ਼ ਕੀਤਾ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਾਤਾ ਸੁੰਦਰੀ ਗਰੁੱਪ ਆਫ਼ ਇੰਸਟੀਚਿਊਸ਼ਨ ਢੱਡੇ ਵਿਖੇ ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਤੇ ਡਿਪਟੀ ਕਮਿਸ਼ਨਰ ਬਠਿੰਡਾ ਦੇ ਹੁਕਮਾਂ ਅਨੁਸਾਰ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ ਬਠਿੰਡਾ, ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ ਪੰਜਾਬ ਤੇ ਕੋਆਰਡੀਨੇਟਰ ਐਨ.ਐਸ.ਐਸ. ਵਿਭਾਗ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਸਹਿਯੋਗ ਸਦਕਾ ਸੰਸਥਾ ਵਿਖੇ ਯੁੱਧ ਨਸ਼ਿਆਂ ਵਿਰੁੱਧ ਨੁੱਕੜ ਨਾਟਕ ਸੋਨੀ ਢਿੱਲੋਂ ਦੇ ਮਸਤਾਨੇ ਥੀਏਟਰ ਗਰੁੱਪ ਵੱਲੋਂ ਪੇਸ਼ ਕੀਤਾ ਗਿਆ।

ਨਾਟਕ ਦੌਰਾਨ ਪ੍ਰਭਾਵਸ਼ਾਲੀ ਤਰੀਕੇ ਨਾਲ ਪੰਜਾਬ 'ਚ ਵਧ ਰਹੇ ਨਸ਼ਿਆਂ ਦੀ ਮੂੰਹੋਂ ਬੋਲਦੀ ਤਸਵੀਰ ਪੇਸ਼ ਕਰਦੇ ਹੋਏ ਨਸ਼ਿਆਂ ਦੇ ਮਾੜੇ ਪ੍ਰਭਾਵ, ਸਮਾਜ ਦੀ ਹੋ ਰਹੀ ਦੁਰਦਸ਼ਾ ਤੇ ਨਸ਼ਿਆਂ ਕਾਰਨ ਲਗਾਤਾਰ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦਾ ਸੁਨੇਹਾ ਦਿੱਤਾ ਤੇ ਆਓ ਰਲਕੇ ਪੰਜਾਬ ਬਚਾਈਏ।ਨਾਟਕ ਦੀ ਪੇਸ਼ਕਾਰੀ ਨੂੰ ਵੇਖ ਕੇ ਵਿਦਿਆਰਥੀ ਅਤੇ ਸਮੁੱਚੇ ਸਟਾਫ਼ ਦੀ ਅੱਖਾਂ ਨਮ ਹੋ ਗਈਆਂ।ਨਾਟਕ ਦੇਖਣ ਤੋਂ ਬਾਅਦ ਸੰਸਥਾ ਦੇ ਚੇਅਰਮੈਨ ਕੁਲਵੰਤ ਸਿੰਘ ਸਿੱਧੂ ਤੇ ਗੁਰਬਿੰਦਰ ਸਿੰਘ ਬੱਲੀ ਨੇ ਕਿਹਾ ਕਿ ਨਸ਼ੇ ਸਾਡੇ ਸਮਾਜ ਲਈ ਅਤੇ ਸਾਡੀ ਯੁਵਾਂ ਪੀੜ੍ਹੀ ਲਈ ਬਹੁਤ ਘਾਤਕ ਹਨ।ਸੰਸਥਾ ਦੇ ਡਾਇਰੈਕਟਰ ਐਡਮਨਿਸ਼ਟ੍ਰੇਸ਼ਨ ਪਰਮਿੰਦਰ ਸਿੰਘ ਸਿੱਧੂ ਕਿਹਾ ਕਿ ਅਜਿਹੇ ਨਾਟਕ ਅੱਜ ਦੇ ਸਮੇਂ ਦੀ ਲੋੜ ਨੂੰ ਮੁੱਖ ਰੱਖਦੇ ਹੋਏ ਆਮ ਲੋਕਾਂ ਵਿੱਚ ਜਾ ਕੇ ਨਸ਼ਿਆਂ ਦੇ ਖਿਲਾਫ਼ ਇੱਕ ਵੱਡੇ ਯੁੱਧ ਦਾ ਆਗਾਜ ਹੈ ਤਾਂ ਜੁ ਲੋਕ ਨਸ਼ਿਆਂ ਦੇ ਇਸ ਦੈਂਤ ਨੂੰ ਅੱਗੇ ਵਧਣ ਤੋਂ ਰੋਕ ਸਕਣ।ਸੰਸਥਾ ਦੇ ਪ੍ਰਿੰਸੀਪਲ ਰਾਜ ਸਿੰਘ ਬਾਘਾ ਨੇ ਪੰਜਾਬ ਸਰਕਾਰ, ਡਿਪਟੀ ਕਮਿਸ਼ਨਰ, ਐਨ.ਐਸ.ਐਸ. ਵਿਭਾਗ ਪੰਜਾਬੀ ਯੂਨੀਵਰਸਿਟੀ ਪਟਿਆਲਾ ਤੇ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ ਬਠਿੰਡਾ ਤੇ ਨਾਟਕੀ ਟੀਮ ਦਾ ਧੰਨਵਾਦ ਕਰਦੇ ਹੋਏ ਕਿਹਾਂ ਕਿ ਯੁੱਧ ਨਸ਼ਿਆਂ ਵਿਰੁੱਧ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਲਾਮਬੰਧ ਕਰਨ ਦਾ ਬਹੁਤ ਵੱਡਾ ਉਪਰਾਲਾ ਹੈ, ਕਿਉਂਕਿ ਇਨ੍ਹਾਂ ਨਸ਼ਿਆਂ ਦਾ ਪ੍ਰਭਾਵ ਸਭ ਤੋਂ ਵੱਧ ਆਪਣੇ ਨੌਜਵਾਨਾਂ/ਵਿਦਿਆਰਥੀਆਂ ਉੱਪਰ ਹੀ ਪੈ ਰਿਹਾ ਹੈ, ਇਸ ਲਈ ਸਕੂਲਾਂ ਤੇ ਕਾਲਜਾਂ ਵਿੱਚ ਅਜਿਹੇ ਨੁੱਕੜ ਨਾਟਕ ਕਰਾਉਣਾ ਬੇਹੱਦ ਜ਼ਰੂਰੀ ਹੈ।ਪ੍ਰੋਗਰਾਮ ਦੇ ਅੰਤ 'ਚ ਪ੍ਰਸਿੱਧ ਗ਼ਜ਼ਲ ਗਾਇਕ ਸ੍ਰੀ ਲਛਮਨ ਦਾਸ ਮੁਸਾਫ਼ਰ ਨੇ ਧੀਆਂ ਦੇ ਨਾਂਅ ਉੱਪਰ ਬਹੁਤ ਹੀ ਇੱਕ ਚੰਗਾ ਸਮਾਜਿਕ ਸੁਨੇਹਾ ਦਿੰਦੀ ਹੋਈ ਖ਼ੂਬਸੂਰਤ ਗਜ਼ਲ ਪੇਸ਼ ਕੀਤੀ ਤੇ ਨਾਲ ਹੀ ਪੰਜਾਬੀ ਲੋਕ ਬੋਲੀਆਂ ਦੇ ਨਾਲ ਸ੍ਰੀ ਰਘਵੀਰ ਸਿੰਘ ਕੱਟੂ ਨੇ ਵਿਦਿਆਰਥੀਆਂ ਦਾ ਖ਼ੂਬ ਮਨੋਰੰਜਨ ਕੀਤਾ।ਇਸ ਮੌਕੇ ਡਾਇਰੈਕਟਰ ਮੈਡਮ ਸਿੰਬਲਜੀਤ ਕੌਰ ਤੇ ਖ਼ਜ਼ਾਨਚੀ ਮੈਡਮ ਪ੍ਰਸ਼ੋਤਮ ਕੌਰ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਅਜਿਹੇ ਨਾਟਕਾਂ ਤੋ ਸਾਨੂੰ ਚੰਗੀ ਸਿੱਖਿਆ ਮਿਲਦੀ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਲੇਖਕ ਮਨਜੀਤ ਸਿੰਘ ਘੜੈਲੀ ਨੇ ਵੀ ਭਰਵੀ ਹਾਜ਼ਰੀ ਭਰੀ।ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਾਲਿਆਂਵਾਲੀ ਦੇ ਪ੍ਰਿੰਸੀਪਲ ਸੁਖਜੀਤ ਸਿੰਘ ਤੇ ਮੈਡਮ ਮਨਿੰਦਰ ਕੌਰ ਵੀ ਹਾਜ਼ਰ ਸਨ।


**Capital Small Finance Bank Ltd.**
HO:- MIDAS Corporate Park, 3rd Floor, 37, G.T. Road, Jalandhar-144001, Punjab, India

(ਅਚੱਲ ਜਾਇਦਾਦ ਵਾਸਤੇ) ਕਬਜ਼ਾ ਨੋਟਿਸ
[ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 8 (1) ਅਧੀਨ]

ਜਦੋਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜ਼ੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ, 2002 ਅਧੀਨ ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ [illegible]

ਅਚੱਲ ਜਾਇਦਾਦ ਦਾ ਵੇਰਵਾ

[illegible]

ਮਿਤੀ : 28-08-2025, ਸਥਾਨ : ਲੁਧਿਆਣਾ (ਅਧਿਕਾਰਤ ਅਫ਼ਸਰ)

ਪਬਲਿਕ ਨੋਟਿਸ

**ICICI Bank** Registered Office: ICICI Bank Tower, Near Chakli Circle, Old Padra Road, Vadodara- 390007 Corporate Office: ICICI Bank Towers, Bandra-Kurla Complex Mumbai 400051

ਸੋਨਾ ਈ-ਨਿਲਾਮੀ ਕਮ ਸੱਦਾ ਨੋਟਿਸ

ਹੇਠਾਂ ਲਿਖੇ ਕਰਜ਼ਦਾਰਾਂ ਨੂੰ ਸੋਨੇ ਦੇ ਗਹਿਣਿਆਂ ਬਦਲੇ ਆਈ ਸੀ ਆਈ ਸੀ ਆਈ [illegible] ਲਈ ਨੋਟਿਸ ਜਾਰੀ ਕੀਤਾ ਗਿਆ ਹੈ। ਕਿਉਂਕਿ ਇਹ ਬਕਾਇਆ ਰਕਮ ਦਾ [illegible] ਨਿਲਾਮੀ ਕਰਨ ਦੇ ਪਾਬੰਦ ਹਾਂ। ਆਈ ਸੀ ਆਈ ਸੀ ਆਈ ਬੈਂਕ ਨੂੰ ਬਿਨਾਂ [illegible] 3.30 ਵਜੇ ਸ਼ਾਮ ਤੱਕ https://jewel-auction.procuretiger.com [illegible] 'ਤੇ ਲਾਗ ਕਰੋ। ਮ੍ਰਿਤਕ ਕਰਜ਼ਦਾਰਾਂ ਦੇ ਮਾਮਲੇ 'ਚ ਸਾਰੀਆਂ ਸ਼ਰਤਾਂ [illegible]

| ਕਰਜ਼ਾ ਖਾਤਾ ਨੰਬਰ | ਗ੍ਰਾਹਕ ਦਾ ਨਾਂਅ | ਕਰਜ਼ਾ ਖਾਤਾ ਨੰਬਰ | ਗ੍ਰਾਹਕ ਦਾ ਨਾਂਅ | ਕਰਜ਼ਾ ਖਾਤਾ ਨੰਬਰ | ਗ੍ਰਾਹਕ ਦਾ ਨਾਂਅ |
|---|---|---|---|---|---|
| ਬ੍ਰਾਂਚ ਦਾ ਨਾਂਅ :- ਦੀਨਾਨਗਰ, ਪੰਜਾਬ | | | | | |
| 355905002797 | ਅਜਵਿੰਦਰ ਸਿੰਘ | 096605001393 | [illegible] | 249662002799 | [illegible] |
| ਬ੍ਰਾਂਚ ਦਾ ਨਾਂਅ :- ਗਿੱਦੜਬਾਹਾ | | | | | |
| 199962003289 | ਸਤਿਨਾਮ ਸਿੰਘ | | | 397905001340 | [illegible] |
| ਬ੍ਰਾਂਚ ਦਾ ਨਾਂਅ :- ਕਪੂਰਥਲਾ | | | | | |
| 044962003225 | ਸੁਰਿੰਦਰ ਕੌਰ | 001705013585 | [illegible] | 283162002567 | [illegible] |
| ਬ੍ਰਾਂਚ ਦਾ ਨਾਂਅ :- ਕੁਰਾਲੀ | | | | | |
| 152462003405 | ਸੁੱਖਪ੍ਰੀਤ ਸਿੰਘ | 167405000510 | [illegible] | 538662000075 | [illegible] |

ਮਿਤੀ : 29.08.2025
ਸਥਾਨ : ਲੁਧਿਆਣਾ, ਮਾਲੇਰਕੋਟਲਾ, ਪਟਿਆਲਾ, ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਜਲੰਧਰ, ਕਪੂਰਥਲਾ, ਮੁਕਤਸਰ, ਗੁਰਦਾਸਪੁਰ, ਅੰਮ੍ਰਿਤਸਰ [illegible]
ਸਹੀ/- ਅਧਿਕਾਰਤ ਅਫ਼ਸਰ ਵਾਸਤੇ ਆਈ ਸੀ ਆਈ ਸੀ ਆਈ ਬੈਂਕ ਲਿਮਟਿਡ




## Change of Name

I, Ramnik Singh S/O S. Paramjit Singh,12, Raddison Enclave Extension, Near Friends Colony, opp. DAV College, Jalandhar-144008 have changed my name Ramnik Singh to Ramnik Singh Sasan. All concerned note please.

I Rajan S/o Ramesh Aggarwal R/O 39-40-A Green City Akash Avenue FGC Road Amritsar Have Changed My Name From Rajan to Rajan Aggarwal . All concerned may please note.

I Satish Chander S/o Krishan Lal Bhatia R/O 839 Ashiana Estate Fatehgarh Churian Road Nangli Amritsar Have change my name from Satish Chander to Satish Kumar Bhatia. All Concerned may please note

I, Surjit Singh S/o Sh. Naginder Singh R/o Village Nihaluwal Tehsil Shahkot Distt. Jalandhar, Punajb, India-144701 do hereby solemnly affirm and declare. That my son actual name is Aahanjeet Singh and my Name Surjit Singh but due to mistake at the time of admission of my son in the school admission from I entered my name spelling Surjeet Singh. That I am giving the affidavit for the correction of my spelling Surjeet Singh to Surjit Singh in his School record. That my child namely Aahanjeet Singh class 10 was Studying in ST. Jude's Convent School, Shahkot. Concerned May Note.

I, Jatinder Singh S/O Pritam Singh R/O 162, Gali No.4, Green Field Avenue, Majitha Road, Amritsar, Punjab have changed my name from Jatinder Singh to Jatinder Singh Nahar.Concerned note.

I, Renu W/O Kamal Kishore Taneja R/O H.No 5-A, Co-operative Colony, Majitha Road, Amritsar, Punjab have changed my name from Renu to Renu Arora. Concerned note

I Krish Mehta S/O Tarun Mehta R/o House No. 292 Gali Makhania Katra Mit Singh Amritsar Have change my name from Krish Mehta to Kunwar Veer Mehta . All Concerned may please note.

I Shinda S/o Dharm Singh R/o Mahalla Hussain Pura, Attari Amritsar Have changed my name from Shinda to Shinda Singh. All concerned may please note.

I Demanti Devi w/o late Amresh Singh R/o near Bassi Dhaba Alawalpur road Adampur Punjab 144102 District Jalandhar have changed my name from Demanti Devi to Devmanti Devi.

I Raj Kumar S/o Sh. Vijay Kumar, residing at House No. 94, Lane No. 10, Friends Colony, Near DAV College Jalandhar, do hereby declare that I have changed my, me from Raj Kumar to Raj Kumar Seth and henceforth shall be known as Raj Kumar Seth for all purposes.

I, Jatin S/o Tarsem Lal R/o 4860/18, 4, Dam Ganj, Amritsar, Punjab-143001 have changed my name from Jatin to Jatin Chawla.

I, Jeevan Singh S/o Tara Singh R/o A-49, Khalsa Ashiana, New Ranjitpura, Street No-03, (Green Valley) B/S Govt Sen Sec School, Chheharta, Amritsar have changed my name from Jeevan Singh to Jiwan Singh. Please All Concerned Note.

I, JASVIR KAUR W/o BALVIR, Residing at Village Hasan Munda, Kartarpur (Rural), Kartarpur, Distt Jalandhar, Punjab-144801, have changed the name of my minor Son SAHIL, aged 15 years and he shall hereafter be known as SAHIL SAROYA.

I, Balal Ahmad D/o Manjur Ahmad R/o VPO. Udhanwal, Tehsil Batala, District Gurdaspur, Punjab have changed my name from Blal Ahmad to Balal Ahmad. Concerned Note.

I, Nitin Dimri S/O Naresh Kumar Dimri, R/o House No 31 Block A2, Savitry Enclave, V.I.P Road, VTC:Zirakpur, Dist; Sas Nagar(Mohali), Punjab- 140603. Declare that Name of My Mother has been wrongly written as Usha Dimri in my 12th class certificate. The actual name of My Mother is Usha Devi, which may be amended accordingly.

I, Janshu S/O Satvinder Pal, R/o #8928 A, Sunny Enclave, Sector 125, Kharar, Sas Nagar(Mohali), Punjab-140301, have changed my name and shall hereafter be Known as Janshu Bhatti.

I, Rolly Jain Alias Surbhi Jain W/o Rajiv Jain R/o H.No.121-A, Lane No. 9 Opp. Dav College, Friends Colony, Jalandhar have changed my name to Surbhi Jain. All concerned please note.

I, Som Paul S/o Shri Kanshi Ram R/o House No. 99, Harbans Nagar, Jalandhar, Punjab have changed my name from Som Paul to Som Pal. All concerned please note.

I Amarjeet Kaur W/o Ramanjit Singh R/o Ranjit House, Opp Kalyan Soap Mill, Batala Road, Amritsar have changed my name from Amarjeet Kaur to Amarjit Kaur.

I, Karnail Singh S/o Milkha Singh R/o Village Mahanian Koharan, Tehsil and District Amritsar have changed my name from Karnial Singh to Karnail Singh

I Kawaljit W/o Manjit Singh Resident of 157, Golden Avenue, Amritsar-I, Amritsar. I have changed my name from Kawaljit to Kawaljit Kaur. All concerned please note.

I Manju W/o Rakesh Kumar R/o H.No.5, Raghunath Pura, Majitha Road, Amritsar have changed my name from Manju To Manju Rani. All Please Note.

I, Sulakshan Kumar Bhalla S/o Ramji Dass Bhalla R/o 95-A, Joshi Colony, Amritsar have changed my name from Sulakshan Kumar Bhalla to Sulakshan Bhalla.

I, Simerjeet Kaur wife of Partap Singh resident of Village Kaler, PO Ram Tirath, Amritsar, Punjab, declared that I have changed my name from Simerjeet Kaur to Simarjit Kaur

I, Parminder Singh S/o Hardeep Singh R/o Near Bus Stand, Pind Mohla, PO Mohla, District Sri Muktsar Sahib have changed my name from Parminder Singh to Parminder Singh Uppal

I Rakhi w/o Rajan Soni R/o Flat No.3, Mahan Singh Gate, Jagat Jyoti School, Amritsar. I have changed my name after marriage from Rakhi to Rakhi Soni all concerned please note.

## Change of Name

I, Kuldeep Kumar s/o Piara Lal, resident of Samrai Colony, VPO Samrai, Distt. Jalandhar (Pb.) -144032 , have changed my name and hereafter I shall be known as Kuldip Kumar.All concerned note please.

I, Kulwinder Singh Alias Jaswinder Singh S/o Sodhi Singh R/o Village Mojo Majara, PO. Thakarwal, Distt. Hoshiarpur have changed my name from Kulwinder Singh Alias Jaswinder Singh to Kulwinder Singh. All concerned please.

I, Ashok Kumar S/o Ramesh Chander R/o H.No. B-7/230, Civil Line, Near Satluj Club, Ward No. 12, Phillaur, Distt. Jalandhar have changed my minor Daughter Name from Gauri to Gurnoor. All concerned please Note.

I, Narinder Kaur w/o Kamaljit Singh r/o Vill. Kaire, Po. Safdarpur, Tehsil Dasuya, Distt.Hoshiarpur, Punjab have changed my name to Given name as Narinder & Surname as Kaur. All Please Note.

I, Kamaljeet Kaur W/o Sarabjit Singh R/o Village Boparai Khurd, PO. Goraya, Distt. Jalandhar have changed my minor son name from Gagandeep to Gagandeep Singh. All concerned please note.

I, Deepak s/o Ram Krishan r/o Talhan, PO: Talhan, Distt. Jalandhar, Punjab-144101 have changed my name as Deepak Chahal. All Please Note.

I, Megha Luthra d/o Rakesh Luthra w/o Chiranjeev Arora r/o 127-C Savitri Nagar, Opposite Primary School, Savitri Nagar, VTC: New Delhi, District: South Delhi, Delhi-110017 have changed my name as Megha Arora. All Please Note.

I, Faqir Chand s/o Dev Raj r/o Swami Lal Ji Nagar Bootan Pind, P.O. Model Town, Jalandhar, Punjab have changed my name from Faqir Chand to Fakir Chand. All Please Note.

I, Amandeep Kaur w/o Sandeep Kumar r/o Mohalla Chandan Nagar, Kartarpur, Jalandhar have changed my name from Amandeep Kaur to Given name as Amandeep & Surname as Kaur. All Please Note.

I, hitherto known as Nanjo W/o Balvir Ram R/o VPO. Pabwan, Tehsil Phillaur, Distt. Jalandhar, Punjab 144034 have changed my name and shall hereafter be known as Naranjan Kaur.

I, Rohit Singh S/o Barinder Singh R/o VPO. Salala, Tehsil & Distt. Jalandhar, Punjab have changed my name to Given name as Rohit & Surname as Singh. All Please Note.

I, Nikhil S/o Rajinder Kumar R/o Village Bahtiwal, Po. Garhdiwala, Distt. Hoshiarpur have changed my name from Nikhil to Nikhil Bawa (Surname as Bawa) All Please Note.

I, Rup Lal S/o Megh Singh R/o Back Side Food Villa, Kala Sanghia Fatak, New Sabji Mandi, Kapurthala have changed my name from Rup Lal to Roop Lal. All Please Note.

I, Kuldeep Kaur W/o Manjit Singh R/o Dhudianwala, Kapurthala have changed my name from Kuldeep Kaur to Kuldip Kaur. All Please Note.

I Kishan Chand S/o Pritam Chand R/o Mahaladi Bapara Nurmahal Distt Jalandhar 144001 Punjab, India have changed my name from Kishan Chand To Kishan Chand Rahelu . Kishan Chand is a given name and Rahelu is a surname.

I Sodhi S/o Panna Lal R/o Mahashia Mohalla, Ward 06, Urmar Tanda, Teh. Tanda (Hoshiarpur) Punjab have changed my name to Sodhi Singh. All concerned please note.

## PUBLIC NOTICE

I, Sunita W/o Sukhdev R/o H.No. NA-246, Kishanpura, Jalandhar, Punjab declare that my son Suraj is out of my control. I disinherit him from my moveable and immovable properties. I and my family shall not be held responsible for any of his acts, deeds and things. All please note.

## ਆਮ ਸੂਚਨਾ

ਮੈਂ, ਸੁਖਵਿੰਦਰ ਕੌਰ ਪਤਨੀ ਸ. ਪਰਮਿੰਦਰ ਸਿੰਘ ਵਾਸੀ ਮਕਾਨ ਨੰ: 231, ਨੇੜੇ ਰੇਲਵੇ ਫਾਟਕ, ਬਸ਼ੀਰਪੁਰਾ, ਜਲੰਧਰ ਸੂਚਿਤ ਕਰਦੀ ਹਾਂ ਕਿ ਮੈਂ ਇਕ ਮੁਖਤਾਰ ਆਮ ਨੰ: 2023-24/186/4/2092 ਮਿਤੀ 12-10-2023 ਐਸ.ਆਰ. ਜਲੰਧਰ-1 ਆਪਣੀ ਮਨਕੂਲਾ ਵਾ ਗੈਰ ਮਨਕੂਲਾ ਜਾਇਦਾਦ ਦੀ ਬਾਬਤ ਜੋ ਕਿ ਮੇਰੀ ਜਾਇਦਾਦ ਜ਼ਮੀਨ, ਮਕਾਨ, ਤੌੜ, ਦੁਕਾਨਾਤ [illegible]

## ਜ਼ਮੀਨ ਵਿਕਾਊ ਹੈ

ਜਲੰਧਰ ਜੰਡੂ ਸਿੰਘਾ ਮੇਨ ਰੋਡ, ਸਾਢੇ ਤਿੰਨ ਕਨਾਲਾਂ ਜ਼ਮੀਨ ਵਿਕਾਊ ਹੈ , ਜੋ ਕਿ ਜੰਡੂ ਸਿੰਘੇ ਤੋਂ 7 ਕਿਲੋਮੀਟਰ ਹੈ। ਸੰਪਰਕ : 90418-73740.

## ਆਮ ਸੂਚਨਾ

ਮੋਟਰ ਕੁਨੈਕਸ਼ਨ ਖਾਤਾ ਨੰਬਰ ਐਮ.ਆਰ.ਏ.ਪੀ 10 ਜੋ ਕਿ ਹਰਨੇਕ ਸਿੰਘ ਉਰਫ ਨੇਕ ਸਿੰਘ ਪੁੱਤਰ ਮੀਹਾਂ ਸਿੰਘ ਵਾਸੀ ਮੰਡੇਰ ਦੇ ਨਾਮ ਤੇ ਚਲਦਾ ਹੈ। ਇਸ ਕੁਨੈਕਸ਼ਨ ਨੂੰ ਹੁਣ ਬਲਜਿੰਦਰ ਸਿੰਘ ਪੁੱਤਰ ਹਰਨੇਕ ਸਿੰਘ ਉਰਫ ਨੇਕ ਸਿੰਘ ਵਾਸੀ ਮੰਡੇਰ ਆਪਣੇ ਨਾਮ ਕਰਵਾਉਣਾ ਚਾਹੁੰਦਾ ਹੈ ਇਸ ਸੰਬਧੀ ਜੇਕਰ ਕਿਸੇ ਵਿਅਕਤੀ ਨੂੰ ਇਤਰਾਜ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ-ਅੰਦਰ ਪੀ.ਐਸ.ਪੀ.ਸੀ.ਐਲ. ਦਫਤਰ ਬਰੇਟਾ ਵਿਖੇ ਸੰਪਰਕ ਕਰ ਸਕਦਾ ਹੈ।

ਮੋਟਰ ਕੁਨੈਕਸ਼ਨ ਖਾਤਾ ਨੰਬਰ ਵੀ.ਏ.ਪੀ 354 ਜੋ ਕਿ ਬਲਦੇਵ ਸਿੰਘ ਪੁੱਤਰ ਮੰਗਲ ਸਿੰਘ ਵਾਸੀ ਬਰੇਟਾ ਦੇ ਨਾਮ ਤੇ ਚਲਦਾ ਹੈ। ਇਸ ਕੁਨੈਕਸ਼ਨ ਨੂੰ ਹੁਣ ਦਰਸ਼ਨ ਸਿੰਘ ਪੁੱਤਰ ਰਾਮ ਸਰੂਪ ਸਿੰਘ ਵਾਸੀ ਬਰੇਟਾ ਆਪਣੇ ਨਾਮ ਕਰਵਾਉਣਾ ਚਾਹੁੰਦਾ ਹੈ ਇਸ ਸੰਬਧੀ ਜੇਕਰ ਕਿਸੇ ਵਿਅਕਤੀ ਨੂੰ ਇਤਰਾਜ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ-ਅੰਦਰ ਪੀ.ਐਸ.ਪੀ.ਸੀ.ਐਲ. ਦਫਤਰ ਬਰੇਟਾ ਵਿਖੇ ਸੰਪਰਕ ਕਰ ਸਕਦਾ ਹੈ।

ਮੋਟਰ ਕੁਨੈਕਸ਼ਨ ਖਾਤਾ ਨੰਬਰ ਐਮ.ਆਰ.ਏ.ਪੀ 92 ਜੋ ਕਿ ਹਰਨੇਕ ਸਿੰਘ ਉਰਫ ਨੇਕ ਸਿੰਘ ਪੁੱਤਰ ਮੀਹਾਂ ਸਿੰਘ ਵਾਸੀ ਮੰਡੇਰ ਦੇ ਨਾਮ ਤੇ ਚਲਦਾ ਹੈ। ਇਸ ਕੁਨੈਕਸ਼ਨ ਨੂੰ ਹੁਣ ਸੁਖਜਿੰਦਰ ਸਿੰਘ ਪੁੱਤਰ ਹਰਨੇਕ ਸਿੰਘ ਉਰਫ ਨੇਕ ਸਿੰਘ ਵਾਸੀ ਮੰਡੇਰ ਆਪਣੇ ਨਾਮ ਕਰਵਾਉਣਾ ਚਾਹੁੰਦਾ ਹੈ ਇਸ ਸੰਬਧੀ ਜੇਕਰ ਕਿਸੇ ਵਿਅਕਤੀ ਨੂੰ ਇਤਰਾਜ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ-ਅੰਦਰ ਪੀ.ਐਸ.ਪੀ.ਸੀ.ਐਲ. ਦਫਤਰ ਬਰੇਟਾ ਵਿਖੇ ਸੰਪਰਕ ਕਰ ਸਕਦਾ ਹੈ।

ਮੋਟਰ ਕੁਨੈਕਸ਼ਨ 20 ਬੀ.ਐਚ.ਪੀ. ਖਾਤਾ ਨੰ. ਏ.ਪੀ.04/0025 ਜੋ ਕਿ ਬੰਤ ਸਿੰਘ ਪੁੱਤਰ ਬਾਬੂ ਸਿੰਘ ਦੇ ਨਾਮ ਪਿੰਡ ਬਟੜਿਆਣਾ ਵਿਖੇ ਚਲਦਾ ਹੈ। ਹੁਣ ਇਹ ਕੁਨੈਕਸ਼ਨ ਸੁਖਵਿੰਦਰ ਕੌਰ ਪਤਨੀ ਲੇਟ ਸ੍ਰੀ ਪਰਗਟ ਸਿੰਘ ਵਾਸੀ ਬਟੜਿਆਣਾ ਖੇਵਟਦਾਰ ਬਟੜਿਆਣਾ ਆਪਣੇ ਨਾਮ ਟਰਾਂਸਫਰ ਕਰਵਾਉਣਾ ਚਾਹੁੰਦੀ ਹੈ ਅਤੇ ਇਸ ਦਫਤਰ ਦਸਤਾਵੇਜ ਪੇਸ਼ ਕੀਤੇ ਹਨ। ਜੇਕਰ ਕਿਸੇ ਨੂੰ ਕੋਈ ਇਤਰਾਜ ਹੋਵੇ ਤਾਂ 30 ਦਿਨਾਂ ਦੇ ਅੰਦਰ-ਅੰਦਰ ਸੂਚਿਤ ਕੀਤਾ ਜਾਵੇ ਨਹੀਂ ਤਾਂ ਇਹ ਮੋਟਰ ਕੁਨੈਕਸ਼ਨ ਨਾਮ ਬਦਲੀ ਕਰ ਦਿੱਤਾ ਜਾਵੇਗਾ ਬਾਅਦ ਵਿੱਚ ਕੋਈ ਇਤਰਾਜ ਮੰਨਣਯੋਗ ਨਹੀਂ ਹੋਵੇਗਾ। ਸਹਾਇਕ ਇੰਜ. ਪੀ.ਐਸ.ਪੀ.ਸੀ.ਐਲ. ਉਪ ਮੰਡਲ ਘਰਾਚੋ।

ਸ੍ਰੀ ਮੇਜਰ ਸਿੰਘ ਪੁੱਤਰ ਸ੍ਰੀ ਰਾਮ ਰੱਖਾ ਸਿੰਘ ਵਾਸੀ ਕੋਟਕਪੂਰਾ ਰੋਡ ਜ਼ਿਲ੍ਹਾ ਮੋਗਾ ਦੇ ਨਾਮ ਤੇ ਇੱਕ ਟਿਊਬਵੈਲ ਕੁਨੈਕਸ਼ਨ ਖਾਤਾ ਨੰ 3003108139 (AP 99/114) ਬੀ ਐਚ ਪੀ 17.5ਵਾਕਿਆ ਪਿੰਡ ਰਕਬਾ ਮੱਲਣ ਸ਼ਾਹ ਰੋਡ ਮੋਗਾ ਵਿੱਚ ਚੱਲ ਰਿਹਾ ਹੈ। ਹੁਣ ਇਸ ਕੁਨੈਕਸ਼ਨ ਦੀ ਨਾਮ ਦੀ ਬਦਲੀ ਰਣਜੀਤ ਸਿੰਘ ਪਤਨੀ ਮੇਜਰ ਸਿੰਘ ਵਾਸੀ ਕੋਟਕਪੂਰਾ ਰੋਡ ਮੋਗਾ ਵੱਲੋਂ ਆਪਣੇ ਨਾਮ ਤੇ ਕਰਵਾਉਣ ਲਈ ਦਰਖਾਸਤ ਦਿੱਤੀ ਹੈ। ਜੇਕਰ ਇਸ ਸੰਬਧੀ ਕਿਸੇ ਨੂੰ ਕੋਈ ਵੀ ਇਤਰਾਜ਼ ਹੋਵੇ ਤਾਂ 15 ਦਿਨਾਂ ਦੇ ਅੰਦਰ-ਅੰਦਰ ਪੀ ਐਸ ਪੀ ਸੀ ਐਲ ਉਪ ਮੰਡਲ ਅਫਸਰ ਸਬ ਅਰਬਨ ਮੋਗਾ ਨੂੰ ਪੇਸ਼ ਕਰ ਸਕਦਾ ਹੈ ਨਾ ਇਤਰਾਜ ਹੋਣ ਤੇ ਪੰਦਰਾਂ ਦਿਨਾਂ ਬਾਅਦ ਕੁਨੈਕਸ਼ਨ ਉਸ ਨਾਮ ਉਪਰ ਤਬਦੀਲ ਕਰ ਦਿੱਤਾ ਜਾਵੇਗਾ ਅਤੇ ਬਾਅਦ ਵਿੱਚ ਕੋਈ ਇਤਰਾਜ਼ ਨਹੀਂ ਸੁਣਿਆ ਜਾਵੇਗਾ।

ਤਸਦੀਕ ਕੀਤਾ ਜਾਂਦਾ ਹੈ ਕਿ ਉਪ ਮੰਡਲ ਦਫ਼ਤਰ ਅਜਨਾਲਾ ਵਿਚ ਚਲਦੇ ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ 3009176177 ਜੋ ਕਿ ਸ੍ਰੀ ਕੁੰਦਨ ਸਿੰਘ ਪੁੱਤਰ ਬਚਨ ਸਿੰਘ, ਵਾਸੀ ਪਿੰਡ ਸੈਂਸਰਾ ਦੇ ਨਾਂਅ 'ਤੇ ਚੱਲਦਾ ਹੈ, ਨੂੰ ਸ੍ਰੀ ਸੁਖਦੇਵ ਸਿੰਘ ਪੁੱਤਰ ਕੁੰਦਨ ਸਿੰਘ ਪਿੰਡ ਸੈਂਸਰਾ ਦੇ ਨਾਂਅ 'ਤੇ ਬਦਲੀ ਕਰਾਉਣ ਲਈ ਬੇਨਤੀ ਪੱਤਰ ਦਿੱਤਾ ਹੈ, ਜਿਸ ਕਿਸੇ ਨੂੰ ਇਸ ਸੰਬੰਧੀ ਇਤਰਾਜ਼ ਹੋਵੇ ਤਾਂ 15 ਦਿਨਾਂ ਦੇ ਅੰਦਰ-ਅੰਦਰ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਦਫ਼ਤਰ ਅਜਨਾਲਾ ਵਿਖੇ ਉਪ ਮੰਡਲ ਅਫਸਰ ਨੂੰ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ।

ਅਮਰਜੀਤ ਸਿੰਘ ਪੁੱਤਰ ਪ੍ਰੇਮ ਸਿੰਘ ਵਾਸੀ ਗਾਜੀਆਣਾ, ਜ਼ਿਲ੍ਹਾ ਮੋਗਾ ਦੇ ਨਾਂਅ ਚੱਲਦਾ ਮੋਟਰ ਕੁਨੈਕਸ਼ਨ ਨੰਬਰ ਏ ਪੀ 07/072 ਐਨ, ਜੋ ਕਿ ਸਰੋਜ ਰਾਣੀ ਪਤਨੀ ਇੰਦਰਜੀਤ ਗਰਗ ਵਾਸੀ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਦੇ ਨਾਂਅ ਕਰਨਾ ਹੈ। ਕਿਸੇ ਨੂੰ ਇਤਰਾਜ਼ ਹੋਵੇ ਤਾਂ ਉਹ 7 ਦਿਨਾਂ ਅੰਦਰ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ ਪੱਤੋ ਹੀਰਾ ਸਿੰਘ ਵਿਖੇ ਦੱਸੇ।

ਤਸਦੀਕ ਕੀਤਾ ਜਾਂਦਾ ਹੈ ਕਿ ਉਪ ਮੰਡਲ ਦਫ਼ਤਰ ਅਜਨਾਲਾ ਵਿਚ ਚਲਦੇ ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ ਆਰ-331 (3003372256), ਜੋ ਕਿ ਸ੍ਰੀ ਰਘਬੀਰ ਸਿੰਘ ਪੁੱਤਰ ਮਹਿਤਾਬ ਸਿੰਘ, ਵਾਸੀ ਪਿੰਡ ਭੱਖਾ ਹਰੀ ਸਿੰਘ ਦੇ ਨਾਂਅ 'ਤੇ ਹੈ, ਪਿੰਡ ਭੱਖਾ ਹਰੀ ਸਿੰਘ ਵਿਖੇ ਚੱਲਦਾ ਹੈ, ਨੂੰ ਸ੍ਰੀ ਕੰਵਰਪਾਲ ਸਿੰਘ ਪੁੱਤਰ ਸਾਹਿਬਜੀਤ ਸਿੰਘ ਪਿੰਡ ਭੱਖਾ ਹਰੀ ਸਿੰਘ ਦੇ ਨਾਂਅ 'ਤੇ ਬਦਲੀ ਕਰਾਉਣ ਲਈ ਬੇਨਤੀ ਪੱਤਰ ਦਿੱਤਾ ਹੈ, ਜਿਸ ਕਿਸੇ ਨੂੰ ਇਸ ਸੰਬੰਧੀ ਇਤਰਾਜ਼ ਹੋਵੇ ਤਾਂ 15 ਦਿਨਾਂ ਦੇ ਅੰਦਰ-ਅੰਦਰ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਦਫ਼ਤਰ ਅਜਨਾਲਾ ਵਿਖੇ ਉਪ ਮੰਡਲ ਅਫਸਰ ਨੂੰ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ।

ਟਿਊਬਵੈੱਲ ਕੁਨੈਕਸ਼ਨ ਖਾਤਾ ਨੰ. A1 49, 7.5 ਹਾਰਸ ਪਾਵਰ ਜੋ ਕਿ ਸ੍ਰੀ ਰਾਜਵਿੰਦਰ ਸਿੰਘ ਪੁੱਤਰ ਸ. [illegible]

## ਨਾਂਅ ਦੀ ਬਦਲੀ

[illegible]

## ਬੇਦਖ਼ਲੀ ਨੋਟਿਸ

ਮੈਂ ਅਨੂਪ ਸਿੰਘ ਪੁੱਤਰ ਦਲੀਪ ਸਿੰਘ ਵਾਸੀ ਮਕਾਨ ਨੰ.786,ਗੁਮਟਾਲਾ,ਬਾਈਪਾਸ,ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੰਦੀਪ ਸਿੰਘ ਜੋ ਕਿ ਮੇਰੇ ਕਹਿਣੇ, ਸੁਨਣੇ ਤੋਂ ਬਾਹਰ ਹੈ,ਲੜਾਈ ਝਗੜਾ ਕਰਦਾ ਰਹਿੰਦਾ ਹੈ ਅਤੇ ਬਹੁਤ ਤੰਗ ਪਰੇਸ਼ਾਨ ਕਰਦਾ ਹੈ। ਮੈਂ ਉਸਨੂੰ ਆਪਣੀ ਹਰ ਕਿਸਮ ਦੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦਾ ਮੈਂ ਜਿੰਮੇਵਾਰ ਨਹੀਂ ਹੋਵਾਂਗਾ ਉਹ ਖੁਦ ਜਿੰਮੇਵਾਰ ਹੋਵੇਗਾ। ਮੇਰਾ ਅਤੇ ਮੇਰੇ ਪਰਿਵਾਰ ਦਾ ਉਸ ਨਾਲ ਕੋਈ ਤਲਕਵਾਸਤਾ ਨਹੀਂ।

ਮੈਂ ਮੀਨਾਕਸ਼ੀ ਮਾਗੋ ਪਤਨੀ ਲੇਟ ਅਸ਼ਵਨੀ ਮਾਗੋ ਵਾਸੀ 422, ਗ੍ਰੀਨ ਫੀਲਡ, ਮਜੀਠਾ ਰੋਡ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਅਸ਼ਵਨੀ ਮਾਗੋ ਅਤੇ ਉਸਦੀ ਪਤਨੀ ਪਲਕ ਮਾਗੋ ਜੋ ਕਿ ਮੇਰੇ ਕਹਿਣੇ,ਸੁਨਣੇ ਤੋਂ ਬਾਹਰ ਹਨ, ਆਪਣੀ ਮਨ ਮਰਜੀ ਕਰਦੇ ਹਨ ਅਤੇ ਬਹੁਤ ਤੰਗ ਪਰੇਸ਼ਾਨ ਕਰਦੇ ਹਨ। ਮੈਂ ਉਨ੍ਹਾਂ ਦੋਵਾਂ ਨੂੰ ਆਪਣੀ ਹਰ ਕਿਸਮ ਦੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੀ ਮੈਂ ਜਿੰਮੇਵਾਰ ਨਹੀਂ ਹੋਵਾਂਗੀ ਉਹ ਖੁਦ ਜਿੰਮੇਵਾਰ ਹੋਣਗੇ। ਮੇਰਾ ਅਤੇ ਮੇਰੇ ਪਰਿਵਾਰ ਦਾ ਉਨ੍ਹਾਂ ਨਾਲ ਕੋਈ ਤਲਕਵਾਸਤਾ ਨਹੀਂ।

ਮੈਂ, ਪਰਮਜੀਤ ਕੌਰ ਪਤਨੀ ਸਵਰਨ ਸਿੰਘ ਵਾਸੀ ਮਕਾਨ ਨੰ: ਬੀ-9 595, ਸੰਤੋਖਪੁਰਾ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਪੁੱਤਰ ਨਰਿੰਦਰ ਸਿੰਘ ਵਾ ਉਸਦੀ ਪਤਨੀ ਰਣਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਮੈਂ, ਆਸ਼ਾ ਪਤਨੀ ਸ਼੍ਰੀ ਸੁਖ ਰਾਮ ਵਾਸੀ ਮਕਾਨ ਨੰ: ਈ.ਐਨ. 78, ਰਸਤਾ ਮੁਹੱਲਾ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਪੁੱਤਰ ਨਵੀਨ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਮੈਂ, ਜਗਦੇਵ ਸਿੰਘ ਪੁੱਤਰ ਰਾਮ ਅਵਤਾਰ ਵਾਸੀ ਵਾਰਡ ਨੰ: 5, ਗੜ੍ਹਸ਼ੰਕਰ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਸਤਨਾਮ ਸਿੰਘ ਅਤੇ ਮੇਰੀ ਨੂੰਹ ਗੀਤਾ ਪਤਨੀ ਸਤਨਾਮ ਸਿੰਘ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਜਾਂ ਮੇਰੇ ਪਰਿਵਾਰ ਦਾ ਇਨ੍ਹਾਂ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸਬੰਧਿਤ ਨੋਟ ਕਰਨ।

ਮੈਂ ਬਲਵੀਰ ਸਿੰਘ ਪੁੱਤਰ ਸਰਦੂਲ ਸਿੰਘ ਵਾਸੀ ਤੁਤ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦਾ ਰਹਿਣ ਵਾਲਾ ਹਾਂ। ਮੇਰਾ ਲੜਕਾ ਧਰਮਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਆਪਣੇ ਪੁੱਤਰ ਨੂੰ ਆਪਣੀ ਚੱਲ ਤੇ ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਪ੍ਰਦੀਪ ਕੁਮਾਰ ਪੁੱਤਰ ਸ੍ਰੀ ਓਮ ਪ੍ਰਕਾਸ਼ ਵਾਸੀ ਮੁਹੱਲਾ ਮਹਾਂਵੀਰ, ਧਰਮਕੋਟ, ਮੋਗਾ, ਪੰਜਾਬ-142042 ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰਜਿਤ ਧਵਨ ਅਤੇ ਉਸ ਦੀ ਪਤਨੀ ਸ਼ਵੇਤਾ ਅਰੋੜਾ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਲੜਾਈ-ਝਗੜਾ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ ਰਾਜਪਾਲ ਸਿੰਘ ਪੁੱਤਰ ਗੁਰਬਚਨ ਸਿੰਘ ਵਾਸੀ ਰੌਂਤਾ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜੋਗਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ ਰਾਜ ਕੁਮਾਰ ਪੁੱਤਰ ਗਿਆਨ ਚੰਦ, ਵਾਸੀ ਮਕਾਨ ਨੰ: 16, ਗਲੀ ਨੰ: 2, ਨਿਊ ਗੁਰੂ ਨਾਨਕ ਨਗਰ, ਨੇੜੇ ਨਾਗਰਾ ਫਾਟਕ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰਵੀ ਕੁਮਾਰ ਸ਼ਰਮਾ ਅਤੇ ਉਸ ਦੀ ਪਤਨੀ ਅਮਨਦੀਪ ਗਿੱਲ ਅਤੇ ਛੋਟਾ ਲੜਕਾ ਸੰਜੀਵ ਕੁਮਾਰ ਸ਼ਰਮਾ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਲੜਾਈ-ਝਗੜਾ ਅਤੇ ਤੰਗ-ਪ੍ਰੇਸ਼ਾਨ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਤੇ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਅਸੀਂ, ਰਛਪਾਲ ਸਿੰਘ ਪੁੱਤਰ ਗੁਰਮੁੱਖ ਸਿੰਘ ਅਤੇ ਜਸਵਿੰਦਰ ਕੌਰ ਪਤਨੀ ਰਛਪਾਲ ਸਿੰਘ ਵਾਸੀਆਨ ਮਕਾਨ ਨੰ: 225, ਵਾਰਡ ਨੰ: 27, ਮੁਹੱਲਾ ਲਾਹੌਰੀਆਂ ਦਾ, ਮੋਗਾ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਰਾਜਿੰਦਰ ਸਿੰਘ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਬੂਟਾ ਸਿੰਘ ਪੁੱਤਰ ਬਤਨਾ ਰਾਮ, ਵਾਸੀ ਪਿੰਡ [illegible]

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ / ਕਲਾਸੀਫਾਈਡ) [illegible]

## ਗੁੰਮਸ਼ੁਦਗੀ



ਜਲੰਧਰ : ਇੱਥੋਂ 10 ਕਿੱਲੋਮੀਟਰ ਦੂਰ ਪਿੰਡ ਪਤਾਰਾ ਦਾ ਨੌਜਵਾਨ ਗੁਰਪ੍ਰੀਤ ਸਿੰਘ (ਗੋਪੀ), ਜੋ ਕਿ ਬੀਤੀ 26 ਅਗਸਤ ਨੂੰ ਆਪਣੇ ਘਰੋਂ ਮਾਤਾ ਦੀ ਸਕੈਨਿੰਗ ਦੀ ਰਿਪੋਰਟ ਰਾਮਾ ਮੰਡੀ ਤੋਂ ਲੈਣ ਗਿਆ, ਅੱਜ ਤਿੰਨ ਦਿਨ ਬੀਤ ਜਾਣ ਦੇ ਬਾਵਜੂਦ ਉਹ ਘਰ ਵਾਪਸ ਨਹੀਂ ਆਇਆ। ਇਸ ਸੰਬੰਧੀ ਪੁਲਸ ਨੂੰ ਸੂਚਿਤ ਕੀਤਾ ਗਿਆ ਹੈ, ਪਰ ਅਜੇ ਤੱਕ ਕੋਈ ਵੀ ਖਬਰ ਨਹੀਂ ਮਿਲੀ। ਉਸ ਕੋਲ ਕਾਲੇ ਰੰਗ ਦੀ ਐਕਟਿਵਾ, ਜਿਸ ਦਾ ਨੰਬਰ ਪੀ ਬੀ 08 ਈ ਆਰ 3792 ਹੈ। ਗੁਰਪ੍ਰੀਤ ਸਿੰਘ ਉਰਫ (ਗੋਪੀ) ਨੇ ਸਿਰ 'ਤੇ ਕਾਲੇ ਰੰਗ ਦਾ ਪਰਨਾ ਅਤੇ ਧਾਰੀਆਂ ਵਾਲੀ ਕਮੀਜ਼ ਪਾਈ ਹੋਈ ਹੈ। ਉਸ ਦਾ ਰੰਗ ਸਾਂਵਲਾ ਤੇ ਕੱਦ 5 ਫੁੱਟ 9 ਇੰਚ ਹੈ। ਜੇ ਕਿਸੇ ਨੂੰ ਉਸ ਬਾਰੇ ਕੋਈ ਜਾਣਕਾਰੀ ਮਿਲੇ ਤਾਂ ਉਹ ਮੋਬਾਇਲ ਨੰ. 82107-00087 ਅਤੇ 82839-47809 'ਤੇ ਸੰਪਰਕ ਕਰ ਸਕਦਾ ਹੈ। ਉਸ ਬਾਰੇ ਦੱਸਣ ਵਾਲੇ ਨੂੰ ਯੋਗ ਇਨਾਮ ਦਿੱਤਾ ਜਾਵੇਗਾ।

# ਨਰੇਗਾ ਮੇਟਾਂ ਨੂੰ ਸਕਿਲਡ ਕਾਮਿਆਂ ਵਾਲਾ ਦਿਹਾੜੀ ਰੇਟ ਦਿੱਤਾ ਜਾਵੇ : ਖੋਸਾ, ਦੌਲਤਪੁਰਾ



ਮੋਗਾ, (ਇਕਬਾਲ ਸਿੰਘ ਖਹਿਰਾ)- ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ (ਰਜਿ:) ਵੱਲੋਂ ਬਲਾਕ ਮੋਗਾ-2 ਤੇ ਬਾਘਾ ਪੁਰਾਣਾ ਦੇ ਮੇਟਾਂ ਦੀ ਮੀਟਿੰਗ ਸਥਾਨਕ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਜਬਰਜੰਗ ਸਿੰਘ ਮਹੇਸ਼ਰੀ ਤੇ ਜਸਪ੍ਰੀਤ ਕੌਰ ਭਲੂਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਨਰੇਗਾ ਮਜ਼ਦੂਰਾਂ ਤੇ ਨਰੇਗਾ ਮੇਟਾਂ ਨੂੰ ਆ ਰਹੀਆਂ ਸਮੱਸਿਆ ਬਾਰੇ ਵਿਚਾਰ ਚਰਚਾ ਕੀਤੀ ਗਈ।ਮੀਟਿੰਗ ਦੌਰਾਨ ਯੂਨੀਅਨ ਦੇ ਸੂਬਾ ਸਕੱਤਰ ਜਗਸੀਰ ਖੋਸਾ ਤੇ ਜ਼ਿਲ੍ਹਾ ਪ੍ਰਧਾਨ ਸ਼ੇਰ ਸਿੰਘ ਦੌਲਤਪੁਰਾ ਨੇ ਕਿਹਾ ਹੈ ਕਿ 29 ਜੁਲਾਈ ਨੂੰ ਡਿਪਟੀ ਕਮਿਸ਼ਨਰ ਨਾਲ ਹੋਈ ਮੀਟਿੰਗ ਵਿੱਚ ਹੋਰਨਾਂ ਦੇ ਨਾਲ ਇਹ ਵੀ ਫੈਸਲਾ ਕੀਤਾ ਗਿਆ ਸੀ ਕਿ ਅੱਗੇ ਤੋਂ ਨਰੇਗਾ ਮੇਟਾਂ ਨੂੰ ਦਿਹਾੜੀ ਰੇਟ ਸਕਿਲਡ ਵਾਲਾ ਦਿੱਤਾ ਜਾਏਗਾ। ਨਰੇਗਾ ਮੇਟਾਂ ਨੂੰ ਇਹ ਦਿਹਾੜੀ, ਨਰੇਗਾ ਫੰਡ ਦੇ ਮਟੀਰੀਅਲ ਕੋਟੇ ਵਿੱਚੋਂ ਦੇਣੀ ਹੈ।ਉਨ੍ਹਾਂ ਕਿਹਾ ਕਿ ਨਰੇਗਾ ਪ੍ਰਸ਼ਾਸਨ ਦੀ ਦਾ ਨਰੇਗਾ ਮੇਟਾਂ ਪ੍ਰਤੀ ਬੇਰੁਖੀ ਦੇ ਵਤੀਰੇ ਦਾ ਇਥੋਂ ਪਤਾ ਚਲਦਾ ਹੈ ਕਿ ਤਕਰੀਬਨ ਇੱਕ ਮਹੀਨਾ ਬੀਤ ਜਾਣ ਦੇ ਬਾਵਜੂਦ ਕਿਸੇ ਬਲਾਕ ਨੇ ਕਿਸੇ ਵੀ ਪਿੰਡ ਦੇ ਨਰੇਗਾ ਮੇਟ ਦੀ ਦਿਹਾੜੀ ਸਕਿਲਡ ਵਾਲੀ ਪਾਉਣੀ ਸ਼ੁਰੂ ਨਹੀਂ ਕੀਤੀ।ਉਨ੍ਹਾਂ ਕਿਹਾ ਕਿ ਸਰਕਾਰਾਂ ਤੇ ਪ੍ਰਸ਼ਾਸਨ ਦੇ ਰੱਵਈਏ ਤੋਂ ਲੱਗਦਾ ਹੈ ਕਿ ਉਹ ਪੰਜਾਬ ਵਿੱਚ ਨਰੇਗਾ ਨੂੰ ਲੰਬਾ ਸਮਾਂ ਨਹੀਂ ਚਲਾਉਣਾ ਚਾਹੁੰਦੇ।ਸਰਕਾਰ ਦੇ ਇਸ ਰਵੱਈਏ ਵਿਰੁੱਧ ਨਰੇਗਾ ਮਜ਼ਦੂਰਾਂ ਕੋਲ ਸੰਘਰਸ਼ ਤੋਂ ਇਲਾਵਾ ਹੋਰ ਕੋਈ ਰਾਸਤਾ ਨਹੀਂ।ਮੀਟਿੰਗ ਵਿੱਚ ਉਨ੍ਹਾਂ ਅੱਗੇ ਕਿਹਾ ਕਿ ਨਰੇਗਾ ਮੈਟਾਂ ਨੂੰ ਆਪਣੀ ਡਿਊਟੀ ਪੂਰੀ ਇਮਾਨਦਾਰੀ ਨਾਲ ਨਿਭਾਉਣੀ ਚਾਹੀਦੀ ਹੈ।ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਨਰੇਗਾ ਮੇਟਾਂ ਨੂੰ ਆ ਰਹੀਆਂ ਮੁਸ਼ਕਲਾਂ ਬਾਰੇ ਆਉਣ ਵਾਲੇ ਸਮੇਂ ਵਿੱਚ ਜ਼ਿਲ੍ਹੇ ਦੇ ਨਰੇਗਾ ਮੇਟਾਂ ਦਾ ਇੱਕ ਵਫ਼ਦ ਐਡੀਸ਼ਨਲ ਡਿਪਟੀ ਕਮਿਸ਼ਨਰ (ਵਿਕਾਸ) ਮੋਗਾ ਨੂੰ ਮਿਲ ਕੇ ਜਾਣੂ ਕਰਵਾਏਗਾ। ਮੀਟਿੰਗ ਨੂੰ ਹੋਰਨਾਂ ਤੋਂ ਇਲਾਵਾ ਰਵਿੰਦਰ ਕੌਰ ਮਹੇਸ਼ਰੀ, ਅਮਰੀਕ ਸਿੰਘ ਖੁਖਰਾਣਾ, ਸੁਖਵਿੰਦਰ ਸਿੰਘ ਭਲੂਰ, ਬਲਜੀਤ ਕੌਰ, ਇਕਬਾਲ ਸਿੰਘ ਗੱਜਣ ਵਾਲਾ, ਰੇਨੂੰ ਬਾਲਾ, ਗੁਰਚਰਨ ਸਿੰਘ ਸਮਾਧ ਭਾਈ, ਰਵਿੰਦਰ ਕੌਰ ਬੰਬੀਹਾ ਭਾਈ, ਸੁਨੀਤਾ ਰਾਣੀ ਵਾਂਦਰ, ਰਮਨਦੀਪ ਕੌਰ, ਸੰਦੀਪ ਕੌਰ ਡਰੋਲੀ, ਵੀਰਪਾਲ ਕੌਰ ਠੱਠੀ ਭਾਈ ਨੇ ਵੀ ਸੰਬੋਧਨ ਕੀਤਾ।

## PUBLIC NOTICE

Under the instructions of Axis Bank Ltd. I Rohit Prabhakar S/o Rakesh Kumar R/o Chheharta, Asr through GPA holder Jagmohan S/o Darshan Lal R/o Chheharta Asr, Sole Owner of vide Vasika No. 538 dt. 29.07.2025, lost Original Sale Deed Doc No. 6612 dt. 5.11.1969 favouring Shanti Devi W/o Kulwant Singh & will executed by Shanti Devi vide Doc No 939 dt. 2.9.2011, having Plot No. 7, Khasra No. 35 Abadi situated at Wadali Guru Urban, Asr. If these documents are misused by anyone, I shall be responsible for the same. If anybody have objection kindly contact:
Adv. Amit Puri, Mb. 98157-32669

## Lost and Found

It is Notified for the information that my 1). Allotment Letter:- Name Vijay Kumar W/O Prem Nath Sharm A Village - Keshopur Gurdaspur Plot No.489. 191.36 Sq Yds Urban Estate Gurdaspur Allotment Number 5692 Date 10/08/2011, 2). Re Allotment Letter:- Gurnam Singh S/O Wasan Singh Village Gurdaspur Plot No. 489 Re Allotment No Puda/Asr/2012/269 Date 03/06/2012, 3). Registry Sale Deed:- Gurnam Singh S/o Wasan Singh Village Gurdaspur Plot No. 489 Sale Deed/Vasika Number 2021-22/147/1/2310 Date 24/08/2021 Actually Lost at Near Bus Stand Gurdaspur, Lost Date 17-07-2025, Report Date 28-08-2025 Psoc City Gurdaspur. Lr No: 622998/2025, If anybody found below Address Neha Sarna W/O Parush Sarna R/O H.No.137 Lane No.3 Old Site Jail Road Opp Park Gurdaspur Mobile No. 9888648792.

## COURT NOTICE

(U/o 5 Rule 20 CPC)
In The Court of Gurkirat Singh
Civil Judge (Junior Division), Amritsar
Cs Recovery
CNR No. Pbas02-005274-2023
Next Date :- 08-09-2025

Punjab National Bank, Having its Head office at Plot No. 4, Sector-10, Dwarka, New Delhi and Inter-alias Branch office at Khasa, Distt. Amritsar through its Principal Officer Sh. Sandeep Gupta, Authorized Officer

Vs.

(1) Gursahib Singh @ Sahib Singh S/o Gajan Singh R/o H.No. 57, Village Kolowal, PO. Brar, Tehsil Ajnala Distt. Amritsar Etc.

Publication Issued To:
Lr No. 4) Parminder Singh of Defendent No. 1) Gursahib Singh R/o H.No. 57, Village Kolowal, PO. Brar, Tehsil Ajnala Distt. Amritsar

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 08-09-2025 at 10:00 a.m.

For details logon to https://highcourtchd.gov.in/?trs=district_notice&district=Amritsar

Civil Judge (Junior Division) Amritsar
Dated, this day of 27-08-2025

## COURT NOTICE

(U/o 5 Rule 20 CPC)
In The Court of
Sh. Navbir Singh
Civil Judge Junior Division-4, Faridkot
CNR No. PBFD02-001417-2023
Next Date:- 16-09-2025

State Bank of India
Vs.
M/S Farid Pet Care

The plaintiff prays for recovery of amount of Rs.-------from Defendant No.---- Along With Interest With Effect From

Publication Issued To:
Def. No. 1. M/S Farid Pet Care
Near Goge Di Hatti, Mukatsar Road, Kotkapura, Tehsil Kotkapura, District Faridkot Through its Prop Sat Pal Def. No. 2. Sat Pal son of Shri Ram son of Chedi Ram resident of Manchanda Colony Moga Road Kotkapura Tehsil Kotkapura District Faridkot

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 16-09-2025 at 10:00 a.m.

For details logon to https://highcourtchd.gov.in/?mod=district_notice&district=mogacourt

Civil Judge Junior Division-4 Faridkot
Dated, this day of 27-08-2025

# ਨੁਕਸਾਨ ਦਾ ਜਾਇਜ਼ਾ ਲੈਣ ਲਈ ਕਰਵਾਈ ਜਾਵੇਗੀ ਵਿਸ਼ੇਸ਼ ਗਿਰਦਾਵਰੀ : ਚੀਮਾ



ਚੰਡੀਗੜ੍ਹ : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਜੰਗੀ ਪੱਧਰ 'ਤੇ ਰਾਹਤ ਕਾਰਜ ਚਲਾਏ ਜਾ ਰਹੇ ਹਨ। ਪੰਜਾਬ ਦੇ ਕੈਬਨਿਟ ਮੰਤਰੀਆਂ ਅਤੇ ਸਥਾਨਕ ਵਿਧਾਇਕਾਂ ਵੱਲੋਂ ਨਿੱਜੀ ਤੌਰ ਉਤੇ ਗਰਾਊਂਡ ਜ਼ੀਰੋ ਉੱਤੇ ਡਟ ਕੇ ਖੁਦ ਰਾਹਤ ਕਾਰਜਾਂ ਦਾ ਜਾਇਜ਼ਾ ਲਿਆ। ਪੰਜਾਬ ਸਰਕਾਰ ਦੇ ਯਤਨਾਂ ਨਾਲ 5290 ਲੋਕਾਂ ਨੂੰ ਹੜ੍ਹ ਪ੍ਰਭਾਵਿਤ ਖੇਤਰ 'ਚੋਂ ਬਾਹਰ ਕੱਢਿਆ ਗਿਆ, ਜਿਸ ਵਿੱਚ ਗੁਰਦਾਸਪੁਰ 'ਚ 2000, ਅੰਮ੍ਰਿਤਸਰ 'ਚ 710, ਫਿਰੋਜ਼ਪੁਰ 'ਚ 2000, ਕਪੂਰਥਲਾ ਵਿੱਚ 480, ਜਦਕਿ ਫਾਜ਼ਿਲਕਾ 'ਚ 100 ਲੋਕਾਂ ਨੂੰ ਰੈਸਕਿਊ ਕੀਤਾ ਗਿਆ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਵੀਰਵਾਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਸੰਗਰੂਰ ਵਿਖੇ ਹੜ੍ਹ ਰਾਹਤ ਕਾਰਜਾਂ ਦਾ ਜਾਇਜ਼ਾ ਲਿਆ ਗਿਆ। ਉਹਨਾ ਕਿਹਾ ਕਿ ਹੜ੍ਹ ਨਾਲ ਹੋਏ ਖਰਾਬੇ ਸੰਬੰਧੀ ਵਿਸ਼ੇਸ਼ ਗਿਰਦਾਵਰੀ ਕਰਵਾ ਕੇ ਪੀੜਤਾਂ ਨੂੰ ਮੁਆਵਜ਼ਾ ਦਿੱਤਾ ਜਾਵੇਗਾ।ਜਲ ਸਰੋਤ ਮੰਤਰੀ ਬਰਿੰਦਰ ਗੋਇਲ ਨੇ ਸਰਕਾਰੀ ਸਕੂਲ ਬਾਰੀਕੇ ਵਿਖੇ ਬਣਾਏ ਗਏ ਰਾਹਤ ਕੈਂਪ ਦਾ ਦੌਰਾ ਕੀਤਾ ਗਿਆ। ਇਸੇ ਤਰ੍ਹਾਂ ਕਪੂਰਥਲਾ ਜ਼ਿਲ੍ਹੇ ਵਿੱਚ ਹੁਣ ਤੱਕ ਕੁੱਲ 480 ਪਰਿਵਾਰਾਂ ਨੂੰ ਰੈਸੇਕਿਊ ਕੀਤਾ ਗਿਆ ਜਿਨ੍ਹਾਂ ਵਿੱਚ ਸੁਲਤਾਨਪੁਰ ਲੋਧੀ ਵਿੱਚ 200 ਪਰਿਵਾਰ ਭੁਲੱਥ ਵਿੱਚ 180 ਪਰਿਵਾਰ ਅਤੇ ਕਪੂਰਥਲਾ ਵਿੱਚ 100 ਪਰਿਵਾਰ ਸ਼ਾਮਲ ਹਨ।ਇਸੇ ਤਰ੍ਹਾਂ ਪੰਜਾਬ ਦੇ ਮਾਲ ਤੇ ਮੁੜ ਵਸੇਬਾ ਮੰਤਰੀ ਸ. ਹਰਦੀਪ ਸਿੰਘ ਮੁੰਡੀਆਂ ਵੱਲੋਂ ਲੁਧਿਆਣਾ ਜ਼ਿਲ੍ਹੇ ਦੇ ਸਸਰਾਲੀ ਕਲੋਨੀ ਵਿਖੇ ਹੜ੍ਹ ਰਾਹਤ ਕਾਰਜਾਂ ਦਾ ਜਾਇਜਾ ਲਿਆ ਗਿਆ। ਪੰਜਾਬ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ ਵੱਲੋਂ ਬਿਆਸ ਇਲਾਕੇ ਵਿੱਚ ਹੜ੍ਹ ਰਾਹਤ ਕਾਰਜਾਂ ਦਾ ਜਾਇਜਾ ਲਿਆ ਗਿਆ।

ਕੈਬਨਿਟ ਮੰਤਰੀ ਸ੍ਰੀ ਮੋਹਿੰਦਰ ਭਗਤ ਵੱਲੋਂ ਅੱਜ ਸੁਲਤਾਨਪੁਰ ਲੋਧੀ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਬਾਊਪੁਰ ਤੇ ਹੋਰਨਾਂ ਨੇੜਲੇ ਪਿੰਡਾਂ ਦਾ ਦੌਰਾ ਕਰਕੇ ਰਾਹਤ ਕਾਰਜਾਂ ਦੀ ਸਮੀਖਿਆ ਕੀਤੀ। ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਵੱਲੋਂ ਡੇਰਾ ਬਾਬਾ ਨਾਨਕ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚੋਂ ਡਰੋਨ ਦੀ ਮਦਦ ਨਾਲ ਰਾਹਤ ਸਮੱਗਰੀ ਪਹੁੰਚਾਈ ਗਈ।

ਕੈਬਨਿਟ ਮੰਤਰੀ ਸ. ਲਾਲਜੀਤ ਸਿੰਘ ਭੁੱਲਰ ਨੇ ਜ਼ਿਲ੍ਹਾ ਤਰਨਤਾਰਨ ਦੇ ਪੱਟੀ ਖੇਤਰ ਨਾਲ ਸਬੰਧਤ ਪਿੰਡ ਘੜੁੰਮ, ਕੁੱਤੀਵਾਲਾ, ਸਭਰਾਂ, ਜੱਲੋਕੇ, ਕੋਟਬੁੱਢਾ, ਭਾਉਵਾਲ, ਰਾਧਲਕੇ ਅਤੇ ਮੁੱਠਿਆਂਵਾਲਾ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਦੌਰਾ ਕੀਤਾ। ਉਨ੍ਹਾਂ ਨੇ ਮੋਟਰ ਬੋਟ ਨਾਲ ਜ਼ਰੂਰਤਮੰਦ ਲੋਕਾਂ ਨੂੰ ਰਾਸ਼ਨ, ਪਸ਼ੂਆਂ ਲਈ ਚਾਰਾ ਅਤੇ ਪਾਣੀ 'ਚ ਫਸੇ ਲੋਕਾਂ ਦਾ ਰੈਸਕਿਊ ਕਰਨ ਦੀ ਅਗਵਾਈ ਕੀਤੀ।

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਜ਼ਿਲ੍ਹਾ ਮਾਲ ਅਫਸਰ-ਕਮ-ਸਹਾਇਕ ਕੁਲੈਕਟਰ-ਦਰਜਾ ਪਹਿਲਾ, ਫਾਸਟ ਟਰੈਕ ਕੋਰਟ, ਸ਼ਹੀਦ ਭਗਤ ਸਿੰਘ ਨਗਰ
ਨੰਬਰ :- 182 ਐਫ.ਟੀ.ਸੀ. ਦਾਇਰ :- 25/08/2025
ਰਕਬਾ : ਬਰਨਾਲਾ ਖੁਰਦ ਕੇਸ :- ਤਕਸੀਮ
ਅਗਲੀ ਪੇਸ਼ੀ : 29/09/2025

1. ਜਿੰਦਰਪਾਲ ਕੌਰ ਵਿਧਵਾ ਕੁਲਵਿੰਦਰ ਸਿੰਘ ਪੁੱਤਰ ਤਾਰਾ ਸਿੰਘ, ਵਾਸੀ ਪਿੰਡ ਮੋਰਾਂਵਾਲੀ, ਤਹਿ. ਗੜ੍ਹਸ਼ੰਕਰ ਜ਼ਿਲ੍ਹਾ ਹੁਸ਼ਿਆਰਪੁਰ ਹਾਲ ਵਾਸੀ ਇੰਗਲੈਂਡ ਰਾਹੀਂ ਅਟਾਰਨੀ ਬਲਦੇਵ ਸਿੰਘ ਪੁੱਤਰ ਦਰਸ਼ਨ ਸਿੰਘ, ਪਿੰਡ ਮੋਰਾਂਵਾਲੀ, ਤਹਿ. ਗੜ੍ਹਸ਼ੰਕਰ। ਜ਼ਿਲ੍ਹਾ ਹੁਸ਼ਿਆਰਪੁਰ। (ਧਿਰ ਅੱਵਲ)

ਬਨਾਮ

ਕੇਸਰ ਸਿੰਘ ਪੁੱਤਰ ਤਾਰਾ ਸਿੰਘ ਵਾਸੀ ਪਿੰਡ ਹੇੜੀਆਂ, ਤਹਿ. ਨਵਾਂਸ਼ਹਿਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ 2. ਜਸਕਰਨ ਸਿੰਘ 3. ਯਾਦਵਿੰਦਰ ਸਿੰਘ 4. ਰਣਵੀਰ ਸਿੰਘ ਪੁੱਤਰ ਗੁਰਬਖਸ਼ ਸਿੰਘ 5. ਮਨਜੀਤ ਸਿੰਘ ਪੁੱਤਰ ਕਿਰਪਾਲ ਸਿੰਘ 6. ਕੇਸਰ ਸਿੰਘ ਪੁੱਤਰ ਤਾਰਾ ਸਿੰਘ 7. ਗੁਰਮਿੰਦਰ ਸਿੰਘ ਪੁੱਤਰ ਕੇਸਰ ਸਿੰਘ ਵਾਸੀ ਪਿੰਡ ਬਰਨਾਲਾ ਖੁਰਦ, ਤਹਿ. ਨਵਾਂਸ਼ਹਿਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ।

ਉਕਤ ਮੁਕੱਦਮੇ ਵਿੱਚ ਅਦਾਲਤ ਨੂੰ ਇਹ ਪੂਰਾ ਯਕੀਨ ਹੋ ਚੁੱਕਾ ਹੈ ਕਿ ਮੁਦਾਇਲਾ ਦੀ ਮਾਮੂਲੀ ਤਰੀਕੇ ਨਾਲ ਸੰਮਨ 'ਤੇ ਤਾਮੀਲ ਹੋਣੀ ਮੁਸ਼ਕਿਲ ਹੈ, ਇਸ ਲਈ ਮਿਤੀ 29/09/2025 ਦੀ ਤਾਰੀਖ ਪੇਸ਼ੀ ਨਿਸ਼ਚਿਤ ਕਰਕੇ ਇਸ ਇਸ਼ਤਿਹਾਰ ਰਾਹੀਂ ਉੱਤਰਵਦੀ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਤਾਰੀਖ ਪੇਸ਼ੀ 'ਤੇ ਅਸਾਲਤਨ ਜਾਂ ਵਕਾਲਤਨ ਹਾਜ਼ਰ ਅਦਾਲਤ ਆਉਣ। ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਯੁਕਤਰਵਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਅੱਜ ਮਿਤੀ 25/08/2025 ਨੂੰ ਮੇਰੇ ਦਸਤਖਤਾਂ ਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਜਾਂਦਾ ਹੈ।

ਸਹੀ/-ਜ਼ਿਲ੍ਹਾ ਮਾਲ ਅਫ਼ਸਰ-ਕਮ- ਏ.ਸੀ. ਫਸਟ ਗ੍ਰੇਡ,
ਸ਼ਹੀਦ ਭਗਤ ਸਿੰਘ ਨਗਰ।
ਨੰਬਰ: 1939/ਰੀਡਰ/ਡੀ.ਆਰ.ਓ. ਮਿਤੀ : 27/08/2025

## COURT NOTICE

In The Court of
Ms. Tejinder Preet Kaur
Judicial Magistrate Ist Class
Malerkotla
CNR No.:- PBSGC1-001438-2022
Next Date:-23-09-2025

Jai Jai Shankar Finance Company, Qila Rehmatgarh, Distt. Malerkotla a Proprietorship concern through its sole proprietor Shubh Kumar Saini S/o Sham Lal Saini, R/o E-3/0532 Backside Children Park, Janta Nagar, Malerkotla, Distt. Malerkotla

Vs.

Harpreet Singh S/o Mejor Singh, R/o Vill. Mehdudpur Urf Dugni, Tehsil. Dhuri, Distt. Sangrur

Detail Of Offence:-
Notice To: Harpreet Singh
Father : Mejar Singh
Village Mehdudpur Urf Dugni, Teh. Dhuri, Distt. Sangrur.

In above titled case, the accused could not be served. It is ordered that accused should appear in person or through counsel on 23-09-2025 at 10.00 a.m.

For details logon to https://highcourtchd.gov.in/?mod=district_notice&district=Sangrur

Judicial Magistrate Ist Class Malerkotla
Dated, this day of 23-08-2025

## COURT NOTICE

(U/o 5 Rule 20 CPC)
In The Court of
Sh. Deepak Kumar Choudhary
Principal Judge (FC), Barnala
CNR No. PBBR01-003297-2025
Next Date:- 09-09-2025

Harpreet Kaur
Vs.
General Public

Publication Issued To:
General Public
:- Barnala

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 09-09-2025 at 10:00 a.m.

For details logon to https://highcourtchd.gov.in/?mod=district_notice&district=barnala

Principal Judge (FC) Barnala
Dated, this day of 27-08-2025

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਮਨਦੀਪ ਸਿੰਘ ਮਾਨ, ਜ਼ਿਲ੍ਹਾ ਮਾਲ ਅਫ਼ਸਰ-ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ, ਫਾਸਟ ਟਰੈਕ ਕੋਰਟ, ਸ਼ਹੀਦ ਭਗਤ ਸਿੰਘ ਨਗਰ

ਮਿਸਲ ਨੰਬਰ :- 34,35 ਐੱਫ.ਟੀ.ਸੀ. ਪਿੰਡ/ਰਕਬਾ : ਬੈਂਸ ਕੇਸ ਕਿਸਮ :- ਤਕਸੀਮ
ਦਾਇਰ ਤਰੀਕ : 10.09.2024 ਅਗਲੀ ਪੇਸ਼ੀ ਮਿਤੀ : 26.9.2025

1. ਦੁੰਮਣ ਸਿੰਘ ਪੁੱਤਰ ਮਲਕੀਤ ਸਿੰਘ ਪੁੱਤਰ ਕਿਰਪਾ, ਵਾਸੀ ਪਿੰਡ ਬੈਂਸ ਤਹਿ. ਨਵਾਂਸ਼ਹਿਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ 2. ਗੁਰਚੇਤ ਸਿੰਘ ਪੁੱਤਰ ਮਲਕੀਤ ਸਿੰਘ ਪੁੱਤਰ ਕਿਰਪਾ 3. ਸੋਹਣ ਸਿੰਘ ਪੁੱਤਰ ਅਜੀਤ ਸਿੰਘ ਪੁੱਤਰ ਕਿਰਪਾ 4. ਜਸਵਿੰਦਰ ਸਿੰਘ ਪੁੱਤਰ ਅਜੀਤ ਸਿੰਘ ਪੁੱਤਰ ਕਿਰਪਾ 5. ਰੇਸ਼ਮ ਕੌਰ ਵਿਧਵਾ ਸਰਦਾਰਾ ਸਿੰਘ ਪੁੱਤਰ ਮਲਕੀਤ ਸਿੰਘ, ਵਾਸੀ ਪਿੰਡ ਬੈਂਸ ਤਹਿ. ਨਵਾਂਸ਼ਹਿਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ (ਧਿਰ ਅੱਵਲ)

ਬਨਾਮ

1. ਗੁਰਚਰਨ ਸਿੰਘ ਪੁੱਤਰ ਮਲਕੀਤ ਸਿੰਘ ਪੁੱਤਰ ਮੇਹਰ ਸਿੰਘ 2. ਬਲਵੀਰ ਸਿੰਘ ਪੁੱਤਰ ਮਲਕੀਤ ਸਿੰਘ ਪੁੱਤਰ ਕਿਰਪਾ ਸਿੰਘ 3. ਸਰਦਾਰਾ [illegible]

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਸ੍ਰੀ ਅਸ਼ੋਕ ਕੁਮਾਰ ਸਹਾਇਕ ਕੁਲੈਕਟਰ ਦਰਜਾ ਅੱਵਲ ਨਕੋਦਰ।
ਮਿਸਲ ਨੰ. Other case 21 ਤੋਂ 23 /ਐਨ.ਟੀ./2025 ਵਾਕਿਆ ਰਕਬਾ - ਪਿੰਡ ਸੀਉਵਾਲ

1. ਸ੍ਰੀ ਕਰਮਜੀਤ ਸਿੰਘ ਪੁੱਤਰ ਨੰਤਾ ਸਿੰਘ ਉਰਫ ਸਵਰਨ ਸਿੰਘ ਪੁੱਤਰ ਹਜਾਰਾ ਸਿੰਘ, ਵਾਸੀ ਪਿੰਡ ਸੀਉਵਾਲ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ। ਫਰੀਕ ਅੱਵਲ

ਬਨਾਮ

1. ਸ੍ਰੀ ਧਰਮ ਸਿੰਘ ਪੁੱਤਰ ਨੰਤਾ ਸਿੰਘ ਉਰਫ ਸਵਰਨ ਸਿੰਘ ਪੁੱਤਰ ਹਜਾਰਾ ਸਿੰਘ 2. ਨੰਤਾ ਸਿੰਘ ਉਰਫ ਸਵਰਨ ਸਿੰਘ ਪੁੱਤਰ ਹਜਾਰਾ ਸਿੰਘ ਪੁੱਤਰ ਮਾਘੀ ਰਾਹੀਂ Lrs ਕਰਮਜੀਤ ਸਿੰਘ, ਧਰਮ ਸਿੰਘ ਪੁਤਰਾਨ ਨੰਤਾ ਸਿੰਘ ਉਰਫ ਸਵਰਨ ਸਿੰਘ 3. [illegible]

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਜ਼ਿਲ੍ਹਾ ਮਾਲ ਅਫ਼ਸਰ-ਕਮ-ਸਹਾਇਕ ਕੁਲੈਕਟਰ-ਦਰਜਾ ਪਹਿਲਾ, ਫਾਸਟ ਟਰੈਕ ਕੋਰਟ, ਸ਼ਹੀਦ ਭਗਤ ਸਿੰਘ ਨਗਰ [illegible]

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਸ੍ਰੀ ਅਸ਼ੋਕ ਕੁਮਾਰ ਸਹਾਇਕ ਕੁਲੈਕਟਰ ਦਰਜਾ ਅੱਵਲ ਨਕੋਦਰ। [illegible]

28 Aug Page 8.qxd 8/28/2025 10:45 PM Page 1



# ਸੀ ਪੀ ਆਈ ਦੇ ਸੰਮੇਲਨ ਲਈ ਪ੍ਰਚਾਰ ਦਾ ਜਥਾ ਅੱਜ ਖਟਕੜ ਕਲਾਂ ਵਿਖੇ ਪਹੁੰਚੇਗਾ

**ਬੰਗਾ (ਅਵਤਾਰ ਕਲੇਰ)**- ਭਾਰਤੀ ਕਮਿਊਨਿਸਟ ਪਾਰਟੀ (ਸੀ ਪੀ ਆਈ) ਆਪਣੇ ਸਥਾਪਨਾ ਦੇ 100ਵੇਂ ਵਰ੍ਹੇ ਵਿੱਚ ਪਾਰਟੀ ਦਾ 25ਵਾਂ ਕੌਮੀ ਮਹਾਂ ਸੰਮੇਲਨ 21 ਤੋਂ 25 ਸਤੰਬਰ 2025 ਨੂੰ ਚੰਡੀਗੜ੍ਹ ਵਿਖੇ ਕਰਵਾਇਆ ਜਾ ਰਿਹਾ ਹੈ।ਇਸ ਸੰਮੇਲਨ ਦੇ ਪ੍ਰਚਾਰ ਲਈ ਜਗਰ





ਪਾਰਟੀ ਦੇ ਬਾਨੀ ਪ੍ਰਧਾਨ ਬਾਬਾ ਸੋਹਣ ਸਿੰਘ ਭਕਨਾ, ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਸ਼ਹੀਦੀ ਸਥਾਨ ਹੁਸੈਨੀਵਾਲਾ ਅਤੇ ਸ਼ਹੀਦ ਊਧਮ ਸਿੰਘ ਦੇ ਜਨਮ ਅਸਥਾਨ ਸੁਨਾਮ ਤੋਂ ਜਥੇ ਚੱਲ ਰਹੇ ਹਨ। ਬਾਬਾ ਸੋਹਣ ਸਿੰਘ ਭਕਨਾ ਦੀ ਯਾਦਗਾਰ ਤੋਂ ਰਵਾਨਾ ਹੋਇਆ ਜਥਾ ਅੱਜ ਸ਼ਹੀਦ ਏ ਆਜ਼ਮ ਸਰਦਾਰ ਭਗਤ ਸਿੰਘ ਦੇ ਜੱਦੀ ਪਿੰਡ ਖਟਕੜ ਕਲਾਂ ਵਿਖੇ ਪਹੁੰਚੇਗਾ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਨਰੰਜਣ ਦਾਸ ਮੇਹਲੀ, ਜਸਵਿੰਦਰ ਸਿੰਘ ਭੰਗਲ, ਪਰਮਿੰਦਰ ਮੇਨਕਾ ਬਲਾਚੌਰ ਨੇ ਦੱਸਿਆ ਕਿ ਇਹ ਜਥਾ ਸਵੇਰੇ 10 ਵਜੇ ਪਿੰਡ ਮੇਹਲੀ ਪਹੁੰਚੇਗਾ। ਸ਼ਹੀਦ ਕਾਮਰੇਡ ਮਲਕੀਤ ਚੰਦ ਮੇਹਲੀ ਦੀ ਯਾਦਗਾਰ ਤੇ ਨਤਮਸਤਕ ਹੋਣ ਉਪਰੰਤ ਬੰਗਾ ਹਲਕੇ ਦੇ ਵੱਖ ਵੱਖ ਪਿੰਡਾਂ ਵਿੱਚੋਂ ਹੁੰਦਾ ਹੋਇਆ ਸ਼ਹੀਦਾਂ ਦੇ ਸਿਰਤਾਜ ਸ਼ਹੀਦੇ ਆਜ਼ਮ ਸਰਦਾਰ ਭਗਤ ਸਿੰਘ ਦੇ ਜੱਦੀ ਪਿੰਡ ਖਟਕੜ ਕਲਾਂ ਪਹੁੰਚੇਗਾ। ਖਟਕੜ ਕਲਾਂ ਵਿਖੇ ਭਾਰਤੀ ਕਮਿਊਨਿਸਟ ਪਾਰਟੀ ਦੇ ਸੂਬਾ ਸਕੱਤਰ ਕਾਮਰੇਡ ਬੰਤ ਸਿੰਘ ਬਰਾੜ, ਕਾਮਰੇਡ ਪਿਰਥੀ ਪਾਲ ਸਿੰਘ ਮਾੜੀਮੇਘਾ, ਕਾਮਰੇਡ ਅਮਰਜੀਤ ਆਸਲ, ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ, ਕਾਮਰੇਡ ਕਸ਼ਮੀਰ ਸਿੰਘ ਗਦਾਈਆਂ, ਕਾਮਰੇਡ ਰੁਪਿੰਦਰ ਕੌਰ ਮਾੜੀਮੇਘਾ ਸੰਬੋਧਨ ਕਰਨਗੇ। ਜਥੇ ਨੂੰ ਜੀ ਆਇਆਂ ਕਹਿਣ ਲਈ ਅਤੇ ਇਲਾਕੇ ਵਿੱਚ ਮਾਰਚ ਕਰਨ ਲਈ ਤਿਆਰ ਹੋ ਰਹੀਆਂ ਹਨ।

# ਐੱਲ ਪੀ ਯੂ ਨੇ ਰਾਸ਼ਟਰੀ ਪੁਲਾੜ ਦਿਵਸ ਮਨਾਇਆ

**ਜਲੰਧਰ (ਸ਼ੈਲੀ ਐਲਬਰਟ)**- ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲਪੀਯੂ) ਵਿੱਚ ਪੁਲਾੜ ਖੋਜ ਦੀ ਭਾਵਨਾ ਉਸ ਸਮੇਂ ਜੀਵਤ ਹੋਈ ਜਦੋਂ ਇਸਰੋ ਦੇ ਸਪੇਸ ਐਪਲੀਕੇਸ਼ਨ ਸੈਂਟਰ (ਐਸ ਏ ਸੀ), ਅਹਿਮਦਾਬਾਦ ਦੇ ਸਹਿਯੋਗ ਨਾਲ ਰਾਸ਼ਟਰੀ ਪੁਲਾੜ ਦਿਵਸ 2025 ਮਨਾਇਆ ਗਿਆ। 'ਆਰੀਆਭੱਟ ਤੋਂ ਗਗਨਯਾਨ-ਪ੍ਰਾਚੀਨ ਗਿਆਨ ਤੋਂ ਅਨੰਤ ਸੰਭਾਵਨਾਵਾਂ ਤੱਕ' ਥੀਮ ਵਾਲੇ ਇਸ ਪ੍ਰੋਗਰਾਮ ਨੇ ਭਾਰਤ ਦੀ ਖਗੋਲੀ ਵਿਰਾਸਤ ਦਾ ਸਨਮਾਨ ਕੀਤਾ ਤੇ ਨਾਲ ਹੀ ਵਿਦਿਆਰਥੀਆਂ ਨੂੰ ਦੇਸ਼ ਦੀਆਂ ਵਧਦੀਆਂ ਪੁਲਾੜ ਇੱਛਾਵਾਂ ਵਿੱਚ ਆਪਣੇ ਯੋਗਦਾਨ ਦੀ ਕਲਪਨਾ ਕਰਨ ਲਈ ਪ੍ਰੇਰਿਤ ਕੀਤਾ। ਐਲ ਪੀ ਯੂ ਦੀ ਪ੍ਰੋ-ਚਾਂਸਲਰ ਕਰਨਲ ਡਾ. ਰਸ਼ਮੀ ਮਿੱਤਲ ਅਤੇ ਐਲ ਪੀ ਯੂ ਦੇ ਵਾਈਸ-ਚਾਂਸਲਰ ਡਾ. ਜਸਪਾਲ ਸਿੰਘ ਸੰਧੂ ਨੇ ਮੁੱਖ ਮਹਿਮਾਨ, ਅਸ਼ੋਕ ਦੇਸਾਈ, ਸੰਸਥਾਪਕ ਅਤੇ ਚੇਅਰਮੈਨ, ਮਾਸਟੇਕ ਲਿਮਿਟਡ ਅਤੇ ਸਹਿ-ਸੰਸਥਾਪਕ, ਮੁੱਖ ਮਹਿਮਾਨ ਜੇ ਜੀ. ਸਿੰਗਲਾ, ਵਿਗਿਆਨੀ/ਇੰਜੀਨੀਅਰ, ਇਸਰੋ ਦੇ ਸਪੇਸ ਐਪਲੀਕੇਸ਼ਨ ਸੈਂਟਰ, ਬੰਗਲੁਰੂ ਦਾ ਸਵਾਗਤ ਕੀਤਾ। ਸਮਾਗਮ ਨੂੰ ਸੰਬੋਧਨ ਕਰਦੇ ਹੋਏ, ਅਸ਼ੋਕ ਦੇਸਾਈ ਨੇ ਤਕਨੀਕੀ ਯੁੱਗ ਵਿੱਚ ਉੱਦਮਤਾ ਅਤੇ ਨਵੀਨਤਾ 'ਤੇ ਗੱਲ ਕੀਤੀ। ਜੇ.ਜੀ. ਸਿੰਗਲਾ ਨੇ ਪੁਲਾੜ ਖੋਜ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ (ਏਆਈ) ਅਤੇ ਰਿਮੋਟ ਸੈਂਸਿੰਗ ਦੀ ਭੂਮਿਕਾ 'ਤੇ ਜ਼ੋਰ ਦਿੱਤਾ। ਕਰਨਲ ਡਾ. ਰਸ਼ਮੀ ਮਿੱਤਲ ਨੇ ਵਿਦਿਆਰਥੀਆਂ ਨੂੰ ਆਪਣੇ ਆਪ ਨੂੰ ਸਿਰਫ਼ ਸਿਖਿਆਰਥੀਆਂ ਵਜੋਂ ਹੀ ਨਹੀਂ, ਸਗੋਂ ਭਾਰਤ ਦੀਆਂ ਪੁਲਾੜ ਇੱਛਾਵਾਂ ਦੇ ਮੋਢੀ ਵਜੋਂ ਵੀ ਦੇਖਣ ਲਈ ਉਤਸ਼ਾਹਿਤ ਕੀਤਾ। ਇਸ ਪ੍ਰੋਗਰਾਮ ਦਾ ਸਭ ਤੋਂ ਦਿਲਚਸਪ ਹਿੱਸਾ ਐਲ ਪੀ ਯੂ ਦੇ ਵਿਦਿਆਰਥੀਆਂ ਦੁਆਰਾ ਸੀ ਏ ਡੀ ਟੂਲਸ ਅਤੇ ਐਡਿਟਿਵ ਨਿਰਮਾਣ ਦੀ ਵਰਤੋਂ ਕਰਦੇ ਹੋਏ ਵਿਕਸਤ ਕੀਤੇ ਗਏ 3ਡੀ-ਪ੍ਰਿੰਟਡ ਰਾਕੇਟ ਨੋਜ਼ਲਜ਼ ਦਾ ਤਕਨੀਕੀ ਪ੍ਰਦਰਸ਼ਨ ਸੀ।



# ਡਾ. ਇਸ਼ਾਂਕ ਕੁਮਾਰ ਨੇ ਪੱਟੀ 'ਚ 10 ਲੱਖ ਰੁਪਏ ਦੀ ਲਾਗਤ ਨਾਲ ਬਣੀ ਨਵੀਂ ਇੰਟਰਲਾਕ ਸੜਕ ਦਾ ਕੀਤਾ ਉਦਘਾਟਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਚੱਬੇਵਾਲ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਆਪਣੇ ਹਲਕੇ ਵਿੱਚ ਵਿਕਾਸ ਕਾਰਜਾਂ ਲਈ ਪੂਰੀ ਤਰ੍ਹਾਂ ਸਰਗਰਮ ਰਹਿੰਦੇ ਹੀ ਵਿੱਚ ਉਨ੍ਹਾਂ ਨੇ ਪਿੰਡ ਪੱਟੀ ਵਿੱਚ 10 ਲੱਖ ਰੁਪਏ ਦੀ ਲਾਗਤ ਨਾਲ ਬਣੀ ਇੰਟਰਲਾਕ ਸੜਕ ਦਾ ਉਦਘਾਟਨ ਕੀਤਾ। ਇਹ ਸੜਕ ਪੱਟੀ ਦੇ ਵਸਨੀਕ ਕਪਿਲ ਦੇਵ ਦੇ ਘਰ ਤੋਂ ਸ੍ਰੀ ਗੁਰੂ ਰਵਿਦਾਸ ਚੌਕ ਤੱਕ ਬਣਾਈ ਗਈ ਹੈ, ਜਿਸ ਨੂੰ ਇੰਟਰਲਾਕ ਨਾਲ ਬਣਾਉਣ ਦੀ ਪਿੰਡ ਵਾਸੀਆਂ ਦੀ ਵਿਸ਼ੇਸ਼ ਮੰਗ ਸੀ।ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਡਾ. ਇਸ਼ਾਂਕ ਨੇ ਕਿਹਾ ਕਿ ਉਹ ਆਪਣੇ ਹਲਕੇ ਦੇ ਹਰ ਪਿੰਡ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਬਣਾਉਣ ਲਈ ਲਗਾਤਾਰ ਕੰਮ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਚੱਬੇਵਾਲ ਇਲਾਕੇ ਦੇ ਹਰ ਪਿੰਡ ਵਿੱਚ ਪੱਕੀਆਂ ਸੜਕਾਂ, ਨਾਲੀਆਂ, ਸਟਰੀਟ ਲਾਈਟਾਂ ਅਤੇ ਸਾਫ਼ ਪੀਣ ਵਾਲੇ ਪਾਣੀ ਵਰਗੀਆਂ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨਾ ਉਹ ਆਪਣੀ ਜ਼ਿੰਮੇਵਾਰੀ ਸਮਝਦੇ ਹਨ। ਉਨ੍ਹਾਂ ਕਿਹਾ, ਸਾਡਾ ਉਦੇਸ਼ ਸਿਰਫ਼ ਵਿਕਾਸ ਕਾਰਜ ਕਰਨਾ ਹੀ ਨਹੀਂ, ਸਗੋਂ ਆਮ ਲੋਕਾਂ ਦੀ ਜ਼ਿੰਦਗੀ ਨੂੰ ਆਸਾਨ ਬਣਾਉਣਾ ਵੀ ਹੈ। ਵਿਧਾਇਕ ਨੇ ਕਿਹਾ ਕਿ ਉਹ ਜਨਤਾ ਵੱਲੋਂ ਉਨ੍ਹਾਂ ਵਿੱਚ ਦਿਖਾਏ ਗਏ ਵਿਸ਼ਵਾਸ ਨੂੰ ਹਮੇਸ਼ਾ ਕਾਇਮ ਰੱਖਣਗੇ ਅਤੇ ਵਿਕਾਸ ਕਾਰਜਾਂ ਨੂੰ ਇਲਾਕੇ ਦੇ ਹਰ ਕੋਨੇ ਤੱਕ ਲੈ ਜਾਣਗੇ। ਪਿੰਡ ਵਾਸੀਆਂ ਵੱਲੋਂ ਸਰਪੰਚ ਸ਼ਿੰਦਰ ਪਾਲ ਕੌਰ ਨੇ ਡਾ. ਇਸ਼ਾਂਕ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਸੜਕ ਦੇ ਨਿਰਮਾਣ



ਨਾਲ ਪਿੰਡ ਵਾਸੀਆਂ ਦੀ ਮੰਗ ਪੂਰੀ ਹੋਈ ਹੈ।ਇਸ ਮੌਕੇ ਸਰਪੰਚ ਸ਼ਿੰਦਰਪਾਲ ਕੌਰ, ਪੰਚ ਸੋਹਨ ਲਾਲ ਸਹੋਤਾ, ਦਲਜੀਤ ਸਿੰਘ (ਬਲਾਕ ਪ੍ਰਧਾਨ), ਪੰਚ ਬਲਵਿੰਦਰ ਸਿੰਘ, ਪੰਚ ਸੁਰਿੰਦਰ ਕੌਰ, ਹਰਭਜਨ ਸਿੰਘ, ਗੁਰਦੀਪ ਸਿੰਘ, ਜਸਵਿੰਦਰ ਸਿੰਘ, ਕਮਲੇਸ਼ ਕੁਮਾਰ (ਸਾਬਕਾ ਪੰਚ), ਨੀਲਮ ਰਾਣੀ, ਸਲਮਾ ਸਮੇਤ ਕਈ ਪਤਵੰਤੇ ਮੌਜੂਦ ਸਨ।

# ਐਮ ਏ (ਮਿਊਜ਼ਿਕ ਵੋਕਲ) ਚੌਥਾ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ



**ਜਲੰਧਰ (ਸ਼ੈਲੀ ਐਲਬਰਟ)**- ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਦਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਐਲਾਨੇ ਐਮ.ਏ. (ਮਿਊਜ਼ਿਕ ਵੋਕਲ) ਚੌਥਾ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ। ਵਿਦਿਆਰਥਣ ਖੁਸ਼ੀ ਅਤੇ ਚਰਨਪ੍ਰੀਤ ਕੌਰ ਨੇ 10 ਸੀ ਜੀ ਪੀ ਏ ਵਿਚੋਂ 9.45 ਅੰਕ ਪ੍ਰਾਪਤ ਕਰਕੇ ਯੂਨੀਵਰਸਿਟੀ ਮੈਰਿਟ ਵਿਚੋਂ ਸਾਂਝੇ ਰੂਪ ਵਿਚ ਪਹਿਲਾ ਸਥਾਨ, ਸਿਮਰਨਜੀਤ ਕੌਰ ਨੇ 9.33 ਅੰਕ ਪ੍ਰਾਪਤ ਕਰਕੇ ਤੀਜਾ, ਅਨੁਰਾਧਾ ਨੇ 9.27 ਅੰਕ ਪ੍ਰਾਪਤ ਕਰਕੇ ਚੌਥਾ ਅਤੇ ਮ੍ਰਿਦੁਲ ਤਲਵਾਰ ਨੇ 9.21 ਅੰਕ ਪ੍ਰਾਪਤ ਕਰਕੇ ਪੰਜਵਾਂ ਸਥਾਨ ਹਾਸਲ ਕੀਤਾ। ਇਸ ਮੌਕੇ ਬਲਬੀਰ ਕੌਰ ਪ੍ਰਧਾਨ ਗਵਰਨਿੰਗ ਕੌਂਸਲ ਨੇ ਵਿਸ਼ੇਸ਼ ਤੌਰ ਤੇ ਵਿਦਿਆਰਥੀਆਂ, ਉਨ੍ਹਾਂ ਦੇ ਸਾਥੀਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ। ਪ੍ਰਿੰਸੀਪਲ ਡਾ. ਸੁਮਨ ਚੋਪੜਾ ਨੇ ਵਿਦਿਆਰਥੀਆਂ ਨੂੰ ਭਵਿੱਖ ਵਿਚ ਹੋਰ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਆ। ਇਸ ਮੌਕੇ ਪ੍ਰੋ. ਸੁਖਦੇਵ ਸਿੰਘ ਮੁਖੀ ਸੰਗੀਤ ਵਿਭਾਗ, ਪ੍ਰੋ. ਕਿਰਨ ਅਮਰ ਅਤੇ ਪ੍ਰੋ.ਮਯੂਰੀ ਮੁਸਕਾਨ ਵੀ ਹਾਜ਼ਰ ਸਨ।

# ਡੇਰਾ ਬਾਬਾ ਸੈਣ ਭਗਤ ਪ੍ਰਤਾਬਪੁਰਾ ਵਿਖੇ ਸ਼ੁਕਰਾਨੇ ਵਜੋਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ

**ਫਿਲੌਰ (ਨਿਰਮਲ)**- ਡੇਰਾ ਸੈਣ ਸਮਾਜ ਵੈਲਫੇਅਰ ਬੋਰਡ ਪੰਜਾਬ ਦੇ ਅਹੁਦੇਦਾਰਾਂ ਦੀ ਚੋਣ ਹੋਈ ਜਿਸ ਵਿਚ ਮੱਖਣ ਪੱਲ੍ਹਣ ਨੂੰ ਚੇਅਰਮੈਨ ਅਤੇ ਜਸਵੰਤ ਸਿੰਘ, ਚਰਨਜੀਤ ਸਿੰਘ ਲਾਡੀ, ਮਿੰਟੂ ਸਿੰਘ, ਸੁਖਵਿੰਦਰ ਪਾਲ ਸਿੰਘ ਨੂੰ ਮੈਂਬਰ ਨਿਯੁਕਤ ਕੀਤਾ ਗਿਆ। ਇਨ੍ਹਾਂ ਨਿਯੁਕਤੀਆਂ ਦੀ ਖੁਸ਼ੀ ਵਿਚ ਗੁਰੂ ਮਹਾਰਾਜ ਦਾ ਸ਼ੁਕਰਾਨਾ ਕਰਨ ਲਈ ਦੇਹਰਾ ਬਾਬਾ ਸੈਣ ਭਗਤ ਪ੍ਰਤਾਬਪੁਰਾ ਵਿਖੇ ਸੈਣ ਸਮਾਜ ਵੈਲਫੇਅਰ ਬੋਰਡ ਪੰਜਾਬ ਅਤੇ ਦੇਹਰਾ ਬਾਬਾ ਸੈਣ ਭਗਤ ਦੀ ਪ੍ਰਬੰਧਕ ਕਮੇਟੀ ਵਲੋਂ ਇਕ ਧਾਰਮਿਕ ਸਮਾਗਮ ਕਰਵਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਉਣ ਉਪਰੰਤ ਕੀਰਤਨੀ ਜਥੇ ਨੇ ਸੰਗਤਾਂ ਨੂੰ ਰਸਭਿੰਨੀ ਗੁਰਬਾਣੀ ਨਾਲ ਨਿਹਾਲ ਕੀਤਾ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਚੇਅਰਮੈਨ ਮੱਖਣ ਪੱਲ੍ਹਣ ਅਤੇ ਉਨ੍ਹਾਂ ਦੇ ਸਾਥੀਆਂ ਨੇ ਜਸਵੰਤ ਸਿੰਘ, ਚਰਨਜੀਤ ਸਿੰਘ ਲਾਡੀ, ਮਿੰਟੂ ਸਿੰਘ, ਸੁਖਵਿੰਦਰ ਪਾਲ ਮੈਂਬਰਾਂ ਦਾ ਮਾਝਾ, ਮਾਲਵਾ ਅਤੇ ਦੁਆਬਾ ਤੋਂ ਇਲਾਵਾ ਦੂਸਰੀਆਂ ਜਥੇਬੰਦੀਆਂ ਦਾ ਸਿਰੋਪਾਓ ਭੇਂਟ ਕਰਕੇ ਸਨਮਾਨ ਕੀਤਾ ਗਿਆ। ਉਚੇਚੇ ਤੌਰ 'ਤੇ ਪੁੱਜੇ ਬੀਬੀ ਰਾਜਵਿੰਦਰ ਕੌਰ ਥਿਆੜਾ, ਐਗਰੋ ਵਿਭਾਗ ਦੇ ਚੇਅਰਮੈਨ ਮੰਗਲ ਸਿੰਘ ਬਾਸੀ ਨੇ ਪ੍ਰਬੰਧਕਾਂ ਅਤੇ ਸੰਗਤਾਂ ਨੂੰ ਵਧਾਈ ਦਿੱਤੀ। ਅਖੀਰ 'ਚ ਪ੍ਰਬੰਧਕਾਂ ਨੇ ਸ਼ਲਾਘਾਯੋਗ ਸੇਵਾਵਾਂ ਬਦਲੇ ਸਿਵਲ ਹਸਪਤਾਲ ਫਿਲੌਰ ਦੇ ਦੰਦਾਂ ਦੇ ਮਾਹਿਰ ਡਾ. ਕੁਲਦੀਪ ਰਾਏ ਨੂੰ ਸਨਮਾਨਿਤ ਕੀਤਾ। ਬੀਬੀ ਥਿਆੜਾ ਅਤੇ ਮੰਗਲ ਸਿੰਘ ਬਾਸੀ ਨੂੰ ਯਾਦਗਾਰੀ



ਚਿੰਨ੍ਹ ਦੇ ਕੇ ਸਨਮਾਨ ਕੀਤਾ ਗਿਆ। ਇਸ ਮੌਕੇ ਪ੍ਰਬੰਧਕ ਕਮੇਟੀ ਦੇ ਜਰਨਲ ਸਕੱਤਰ ਚਰਨਜੀਤ ਸਿੰਘ ਦੁੱਗਰੀ, ਚੇਅਰਮੈਨ ਇਲੈਕਸ਼ਨ ਬੋਰਡ ਰਾਮ ਮਿੱਤਰ ਕੋਹਲੀ, ਮਾਸਟਰ ਜਸਵਿੰਦਰ ਸਿੰਘ ਖਜਾਨਚੀ, ਸਕੱਤਰ ਸਰਵਣ ਸਿੰਘ ਮੁੱਲਾਂਪੁਰ, ਜਥੇਬੰਧਕ ਸਕੱਤਰ ਡਾ. ਗੁਰਤੇਜ ਸਿੰਘ, ਉਪ ਖਜਾਨਚੀ ਗੁਰਜੀਤ ਸਿੰਘ ਤੋਂ ਇਲਾਵਾ ਪੰਚਾਇਤ ਮੈਂਬਰ ਅਤੇ ਹੋਰ ਹਾਜ਼ਰ ਸਨ।

# ਨਸ਼ੀਲੀਆਂ ਗੋਲੀਆਂ ਸਮੇਤ ਕਾਬੂ

**ਬਲਾਚੌਰ (ਜਸਵਿੰਦਰ ਬੈਂਸ)** ਯੁੱਧ ਨਸ਼ਿਆਂ ਵਿਰੁੱਧ ਚਲਾਈ ਗਈ ਮੁਹਿੰਮ ਤਹਿਤ ਸ਼ਹੀਦ ਭਗਤ ਸਿੰਘ ਨਗਰ ਦੇ ਐਸ ਐਸ ਪੀ ਡਾਕਟਰ ਮਹਿਤਾਬ ਸਿੰਘ ਆਈ ਪੀ ਐਸ ਦੇ ਦਿਸ਼ਾ ਨਿਰਦੇਸ਼ਾਂ ਹੇਠ ਸ਼੍ਰੀ ਸੁੰਦਰ ਸ਼ਰਮਾ ਉਪ ਕਪਤਾਨ ਪੁਲਸ ਬਲਾਚੌਰ ਦੀ ਅਗਵਾਈ ਹੇਠ ਪਾਲਣਾ ਕਰਦੇ ਹੋਏ ਐਸ ਆਈ ਸਤਨਾਮ ਸਿੰਘ ਮੁੱਖ ਅਫਸਰ ਥਾਣਾ ਸਿਟੀ ਬਲਾਚੌਰ ਵੱਲੋਂ ਸਮੇਤ ਪੁਲਸ ਪਾਰਟੀ ਇੱਕ ਵਿਅਕਤੀ ਨੂੰ 40 ਨਸ਼ੀਲੀਆਂ ਗੋਲੀਆਂ ਸਮੇਤ ਕਾਬੂ ਕਰਨ ਵਿੱਚ ਸਫਲਤਾ ਪ੍ਰਾਪਤ ਕੀਤੀ ਗਈ ਹੈ।ਐਸ ਐਚ ਓ ਸਤਨਾਮ ਸਿੰਘ ਨੇ ਜਾਣਕਾਰੀ ਦਿੰਦਿਆਂ ਹੋਇਆਂ ਦੱਸਿਆ ਕਿ ਹਿਤੇਸ਼ ਪੁੱਤਰ ਯਸ਼ਪਾਲ ਵਾਸੀ ਸੁੰਦਰਵਾਲ ਰੋਡ ਨੇੜੇ ਖ਼ਾਲਸਾ ਫਾਰਮ ਬਲਾਚੌਰ ਨੂੰ ਗ੍ਰਿਫਤਾਰ ਕਰਕੇ ਉਸ ਪਾਸੋਂ 40ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਗਈਆਂ ਹਨ। ਕਥਿਤ ਦੋਸ਼ੀ ਖਿਲਾਫ ਮੁਕਦਮਾ ਨੰਬਰ 120 ਮਿਤੀ 26 - 8 - 2025 ਅ/ਧ 22 ਐਨ ਡੀ ਪੀ ਐਸ ਐਕਟ ਥਾਣਾ ਸਿਟੀ ਬਲਾਚੌਰ ਵਿਖੇ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਦੋਸ਼ੀ ਨੂੰ ਅਦਾਲਤ ਵਿੱਚ ਪੇਸ਼ ਕਰਕੇ 14 ਦਿਨ ਦੇ ਜ਼ੁਡੀਸ਼ੀਅਲ ਰਿਮਾਂਡ ਤੇ ਕੇਂਦਰੀ ਜੇਲ ਲੁਧਿਆਣਾ ਨੂੰ ਭੇਜਿਆ ਜਾ ਰਿਹਾ ਹੈ।

# ਐੱਸ ਐੱਸ ਜੀ ਆਈ ਨੇ ਗਣੇਸ਼ ਚਤੁਰਥੀ ਮਨਾਈ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਸ੍ਰੀ ਸੁਖਮਨੀ ਗਰੁੱਪ ਆਫ ਇੰਸਟੀਚਿਊਸ਼ਨਜ਼ (ਐਸ ਐਸ ਜੀ ਆਈ) ਨੇ ਆਪਣੇ ਡੇਰਾਬੱਸੀ ਕੈਂਪਸ ਵਿੱਚ 'ਭਗਤੀ ਅਤੇ ਬੰਧਨ' ਸਿਰਲੇਖ ਵਾਲੇ ਇੱਕ ਜੀਵੰਤ ਸੱਭਿਆਚਾਰਕ ਪ੍ਰੋਗਰਾਮ ਨਾਲ ਗਣੇਸ਼ ਚਤੁਰਥੀ ਦਾ ਤਿਉਹਾਰ ਮਨਾਇਆ। ਇਸ ਸਮਾਗਮ ਵਿੱਚ ਵਿਦਿਆਰਥੀਆਂ ਨੇ ਰੰਗੋਲੀ ਬਣਾਉਣਾ, ਮਿੱਟੀ ਮਾਡਲਿੰਗ, ਥੁੱਕੀ ਦੀ ਸਜਾਵਟ, ਗਾਇਕੀ ਅਤੇ ਨ੍ਰਿਤ ਸਮੇਤ ਕਈ ਮੁਕਾਬਲਿਆਂ ਵਿੱਚ ਉਤਸ਼ਾਹ ਨਾਲ ਭਾਗ ਲਿਆ। ਵਿਦਿਆਰਥੀਆਂ ਨੇ ਮਨਮੋਹਕ ਨਾਚ ਪ੍ਰਦਰਸ਼ਨ, ਰੂਹਾਨੀ ਭਜਨ ਗਾਇਨ, ਅਤੇ ਕਲਾਤਮਕ ਮਿੱਟੀ ਦੇ ਮਾਡਲਾਂ ਅਤੇ ਰੰਗੀਲੀ ਡਿਜ਼ਾਈਨਾਂ ਰਾਹੀਂ ਆਪਣੀ ਸਿਰਜਣਾਤਮਕਤਾ ਤੇ ਸ਼ਰਧਾ ਦਾ ਪ੍ਰਦਰਸ਼ਨ ਕੀਤਾ। ਸਮਾਗਮ ਦੀ ਮੁੱਖ ਗੱਲ ਜੇਤੂਆਂ ਦੀ ਘੋਸ਼ਣਾ ਸੀ, ਮਿੱਟੀ ਮਾਡਲਿੰਗ ਵਿੱਚ ਦੇਵਰਾਜ ਤੇ ਸਨੇਹਾ ਤੇ ਰੰਗੋਲੀ ਮੇਕਿੰਗ ਵਿੱਚ ਸ਼੍ਰੁਤੀ, ਸ਼ਿਵਾਲੀ, ਨਵਿਆ ਅਤੇ ਵੰਦਨਾ। ਜੇਤੂਆਂ ਨੂੰ ਸਨਮਾਨ ਪੱਤਰ ਅਤੇ ਟਰਾਫੀਆਂ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬੋਲਦਿਆਂ, ਡਾ. ਦਮਨਜੀਤ ਸਿੰਘ, ਡਾਇਰੈਕਟਰ ਐਸ ਐਸ ਜੀ ਆਈ ਨੇ ਕਿਹਾ, 'ਐਸ ਐਸ ਜੀ ਆਈ ਵਿਖੇ, ਅਸੀਂ ਹਮੇਸ਼ਾ ਅਜਿਹੇ ਮੌਕੇ ਪ੍ਰਦਾਨ ਕਰਨ ਦੀ ਕੋਸ਼ਿਸ਼ ਕਰਦੇ ਹਾਂ ਜੋ ਸਾਡੇ ਵਿਦਿਆਰਥੀਆਂ ਦੇ ਸਮੁੱਚੇ ਵਿਕਾਸ ਨੂੰ ਵਧਾਉਂਦੇ ਹਨ। ਇਹ ਜਸ਼ਨ ਨਾ ਸਿਰਫ਼ ਸਾਡੇ ਸੱਭਿਆਚਾਰਕ ਮੁੱਲਾਂ ਨੂੰ ਦਰਸਾਉਂਦਾ ਹੈ ਬਲਕਿ ਸਿਖਿਆਰਥੀਆਂ ਵਿੱਚ ਰਚਨਾਤਮਕਤਾ, ਵਿਸ਼ਵਾਸ ਅਤੇ ਭਾਈਚਾਰਕ ਭਾਵਨਾ ਨੂੰ ਵੀ ਪਾਲਦਾ ਹੈ।'



# ਲੋਕ ਇਨਸਾਫ਼ ਮੰਚ ਦੀ ਟੀਮ ਵੱਲੋਂ ਸਤਲੁੱਜ ਦਰਿਆ ਦੇ ਬੰਨ੍ਹ ਦਾ ਦੌਰਾ



**ਫਿਲੌਰ (ਨਿਰਮਲ)**- ਲੋਕ ਇਨਸਾਫ਼ ਮੰਚ ਦੀ ਟੀਮ ਵੱਲੋਂ ਸਤਲੁੱਜ ਦਰਿਆ ਦੇ ਬੰਨ੍ਹ ਪਿੰਡ ਝੰਡੀ ਪੀਰ ਕੜਿਆਣਾ ਦਾ ਦੌਰਾ ਕੀਤਾ ਤੇ ਇਲਾਕੇ ਦੇ ਲੋਕਾਂ ਨਾਲ ਮੁਲਾਕਾਤ ਕੀਤੀ।ਆਗੂਆਂ ਨੇ ਆਖਿਆ ਕਿ ਰੇਤ ਦੀ ਗ਼ੈਰ ਕਾਨੂੰਨੀ ਨਿਕਾਸੀ ਕਾਰਨ ਦਰਿਆ ਦੇ ਬੰਨ ਕਾਫ਼ੀ ਖ਼ਸਤਾ ਹਾਲਤ ਵਿੱਚ ਹਨ ਤੇ ਸਰਕਾਰ ਵਲੋਂ ਬੰਨ੍ਹਾਂ ਦੀ ਮੁਰੰਮਤ ਵੀ ਨਹੀ ਕਰਵਾਈ ਗਈ। ਉਹਨਾਂ ਆਖਿਆ ਕਿ ਅਗਰ ਪਾਣੀ ਦਾ ਪੱਧਰ ਵਧਿਆ ਤਾਂ ਇਲਾਕੇ ਵਿਚ ਕਿਸਾਨਾਂ ਦੀਆਂ ਫਸਲਾਂ ਤੇ ਹੋਰ ਮਾਲੀ ਨੁਕਸਾਨ ਹੋਣ ਦਾ ਖ਼ਤਰਾ ਹੈ । ਸਥਾਨਿਕ ਪ੍ਰਸ਼ਾਸਨ ਨੂੰ ਦਰਿਆ ਦੇ ਬੰਨ੍ਹ ਮਜ਼ਬੂਤ ਕਰਨ ਵੱਲ ਧਿਆਨ ਦੇਣਾ ਚਾਹੀਦਾ ਹੈ ਅਤੇ ਲੋਕਾਂ ਦੀ ਜਾਨ ਮਾਲ ਦੀ ਸੁਰੱਖਿਆ ਲਈ ਅਗਾਊ ਪੁਖ਼ਤਾ ਪ੍ਰਬੰਧ ਕਰਨੇ ਚਾਹੀਦੇ ਹਨ। ਇਸ ਮੌਕੇ ਲੋਕ ਇਨਸਾਫ਼ ਮੰਚ ਦੇ ਪ੍ਰਧਾਨ ਜਰਨੈਲ ਫਿਲੌਰ, ਪ੍ਰਸ਼ੋਤਮ ਫਿਲੌਰ, ਮਾਸਟਰ ਹੰਸ ਰਾਜ, ਤਰਸੇਮ ਸਿੰਘ ਕਿਡਆਣਾ,ਸਰਬਜੀਤ ਸਾਬੀ ਸਾਬਕਾ ਸਰਪੰਚ ਰਾਮਗੜ੍ਹ ,ਡਾਕਟਰ ਸੰਦੀਪ ਕੁਮਾਰ, ਅਮਰਜੀਤ ਲਾਡੀ ਮਹਿਸਮਪੁਰ ਆਦਿ ਹਾਜ਼ਰ ਸਨ।

# ਸਰਕਾਰ ਖਿਡਾਰੀਆਂ ਨੂੰ ਇਨਾਮ ਤੇ ਨੌਕਰੀਆਂ ਦੇਣ 'ਚ ਨਹੀਂ ਕਰ ਰਹੀ ਭੇਦਭਾਵ : ਖੇਡ ਮੰਤਰੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਖੇਡ ਰਾਜ ਮੰਤਰੀ ਸ੍ਰੀ ਗੌਰਵ ਗੌਤਮ ਨੇ ਕਿਹਾ ਕਿ ਹਰਿਆਣਾ ਰਾਜ ਦੇ ਓਲੰਪਿਕ ਪੈਰਾਲੰਪਿਕ, ਏਸ਼ਿਯਨ/ਪੈਰਾ ਏਸ਼ਿਯਨ ਗੇਮਸ ਅਤੇ ਕਈ ਹੋਰ ਚੈਂਪਿਅਨਸ਼ਿਪ ਅਤੇ ਗੇਮਸ ਵਿੱਚ ਤਮਗੇ ਜਿੱਤ ਕੇ ਸੂਬੇ ਅਤੇ ਦੇਸ਼ ਦਾ ਨਾਂਅ ਰੋਸ਼ਨ ਕਰਨ ਵਾਲੇ ਖਿਡਾਰੀਆਂ ਨੂੰ ਨਗਦ ਇਨਾਮ ਤੇ ਸਰਕਾਰੀ ਨੌਕਰੀਆਂ ਦੇਣ ਵਿੱਚ ਸਰਕਾਰ ਵੱਲੋਂ ਕੋਈ ਵੀ ਭੇਦਭਾਵ ਅਤੇ ਵਾਅਦਾ ਖਿਲਾਫ਼ੀ ਨਹੀਂ ਕੀਤੀ ਜਾ ਰਹੀ ਹੈ।ਉਨ੍ਹਾਂ ਨੇ ਕਿਹਾ ਕਿ ਹਰਿਆਣਾ ਸਰਕਾਰ ਹਮੇਸ਼ਾ ਤੋਂ ਹੀ ਖਿਡਾਰੀਆਂ ਦੀ ਹਿਤੈਸ਼ੀ ਰਹੀ ਹੈ। ਹਰਿਆਣਾ ਸਰਕਾਰ ਵੱਲੋਂ ਰਾਜ ਦੇ ਓਲੰਪਿਕ ਪੈਰਾਲੰਪਿਕ, ਏਸ਼ਿਯਨ/ਪੈਰਾ ਏਸ਼ਿਯਨ ਗੇਮਸ ਅਤੇ ਕਈ ਹੋਰ ਚੈਂਪਿਅਨਸ਼ਿਪ ਅਤੇ ਗੇਮਸ ਵਿੱਚ ਤਮਗੇ ਜਿੱਤ ਕੇ ਸੂਬੇ ਅਤੇ ਦੇਸ਼ ਦਾ ਨਾਮ ਰੋਸ਼ ਕਰਨ ਵਾਲੇ ਖਿਡਾਰੀਆਂ ਨੂੰ ਸਮੇ-ਸਮੇ ਜਾਰੀ ਨਗਦ ਇਨਾਮ ਨੀਤੀਆਂ ਅਨੁਸਾਰ ਪ੍ਰਦਾਨ ਕੀਤੇ ਜਾ ਰਹੇ ਹਨ।ਖੇਡ ਮੰਤਰੀ ਵਿਧਾਨ ਸਭਾ ਸੈਸ਼ਨ ਦੌਰਾਨ ਸਦਨ ਵਿੱਚ ਕੁੱਝ ਮੈਂਬਰਾਂ ਵੱਲੋਂ ਲਿਆਏ ਗਏ ਧਿਆਨਕਰਸ਼ਣ ਪ੍ਰਸਤਾਵ ਦਾ ਜਵਾਬ ਦੇ ਰਹੇ ਸਨ।

# ਕੈਬਨਿਟ ਮੰਤਰੀ ਮੋਹਿੰਦਰ ਭਗਤ ਵੱਲੋਂ ਸਿਵਲ ਹਸਪਤਾਲ ਦਾ ਦੌਰਾ

- ਸਿਹਤ ਵਿਭਾਗ ਨੂੰ ਸੁਚਾਰੂ ਢੰਗ ਨਾਲ ਸਿਹਤ ਸਹੂਲਤਾਂ ਯਕੀਨੀ ਬਣਾਉਣ ਦੀ ਕੀਤੀ ਹਦਾਇਤ



**ਜਲੰਧਰ (ਸੁਰਿੰਦਰ ਕੁਮਾਰ)**- ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਸਿਵਲ ਹਸਪਤਾਲ ਜਲੰਧਰ ਦਾ ਦੌਰਾ ਕਰਦਿਆਂ ਡਾਇਰੀਆ ਤੋਂ ਪੀੜਤ ਮਰੀਜ਼ਾਂ ਦਾ ਹਾਲ-ਚਾਲ ਜਾਣਿਆ। ਇਸ ਮੌਕੇ ਉਨ੍ਹਾਂ ਸਿਹਤ ਵਿਭਾਗ ਨੂੰ ਹਦਾਇਤ ਕਰਦਿਆਂ ਕਿਹਾ ਕਿ ਮਰੀਜਾਂ ਦਾ ਸੁਚਾਰੂ ਢੰਗ ਨਾਲ ਇਲਾਜ ਯਕੀਨੀ ਬਣਾਇਆ ਜਾਵੇ ਅਤੇ ਕਿਸੇ ਕਿਸਮ ਦੀ ਅਣਗਹਿਲੀ ਨਾ ਵਰਤੀ ਜਾਵੇ। ਉਨ੍ਹਾਂ ਨਾਲ ਹੀ ਮਰੀਜ਼ਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮੁੱਖ ਮੰਤਰੀ, ਪੰਜਾਬ ਸ.ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵਲੋਂ ਸਰਕਾਰੀ ਹਸਪਤਾਲਾਂ ਵਿੱਚ ਸੁਚਾਰੂ ਢੰਗ ਨਾਲ ਸਿਹਤ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਕੈਬਨਿਟ ਮੰਤਰੀ ਨੇ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਵੀ ਹਦਾਇਤ ਕੀਤੀ ਕਿ ਸ਼ਹਿਰ ਵਾਸੀਆਂ ਲਈ ਸਾਫ਼-ਸੁਥਰੇ ਪੀਣ ਯੋਗ ਪਾਣੀ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਸ਼ਹਿਰ ਵਿੱਚ ਪਾਣੀ ਸਪਲਾਈ ਦੀਆਂ ਪਾਈਪਾਂ ਦਾ ਚੰਗੀ ਤਰ੍ਹਾਂ ਨਿਰੀਖਣ ਕੀਤਾ ਜਾਵੇ ਅਤੇ ਜੇ ਊਣਤਾਈ ਸਾਹਮਣੇ ਆ ਰਹੀ ਹੈ, ਤਾਂ ਉਸ ਨੂੰ ਤੁਰੰਤ ਠੀਕ ਕਰਵਾਉਣ ਨੂੰ ਯਕੀਨੀ ਬਣਾਇਆ ਜਾਵੇ।ਇਸ ਮੌਕੇ ਸਿਵਲ ਸਰਜਨ ਡਾ. ਗੁਰਮੀਤ ਲਾਲ ਤੋਂ ਇਲਾਵਾ ਹੋਰ ਵੀ ਡਾਕਟਰ ਹਾਜ਼ਰ ਸਨ।

# ਵਿਧਾਇਕ ਜਿੰਪਾ ਨੇ ਹੜ੍ਹ ਪ੍ਰਭਾਵਤ ਇਲਾਕਿਆਂ ਦਾ ਕੀਤਾ ਦੌਰਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਭਾਰੀ ਬਾਰਿਸ਼ ਕਾਰਨ ਹੁਸ਼ਿਆਰਪੁਰ ਹਲਕੇ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਜਾਇਜ਼ਾ ਲੈਣ ਲਈ ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਵੱਖ-ਵੱਖ ਥਾਵਾਂ ਦਾ ਦੌਰਾ ਕੀਤਾ। ਇਸ ਦੌਰਾਨ ਉਨ੍ਹਾਂ ਨੇ ਸ਼ਿਮਲਾ ਪਹਾੜੀ ਨੇੜੇ ਇਕ ਘਰ ਅਤੇ ਪਿੰਡ ਬਜਵਾੜਾ ਵਿਚ ਦੋ ਨੁਕਸਾਨੇ ਗਏ ਘਰਾਂ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਉਨ੍ਹਾਂ ਪਰਵਾਰਾਂ ਨਾਲ ਮੁਲਾਕਾਤ ਕੀਤੀ ਜਿਨ੍ਹਾਂ ਦੇ ਘਰ ਮੀਂਹ ਅਤੇ ਪਾਣੀ ਭਰਨ ਕਾਰਨ ਨੁਕਸਾਨੇ ਗਏ ਸਨ ਅਤੇ ਇਸ ਘਟਨਾ ਵਿਚ ਜ਼ਖਮੀ ਵਿਅਕਤੀਆਂ ਦਾ ਹਾਲਚਾਲ ਪੁੱਛਿਆ। ਉਨ੍ਹਾਂ ਕਿਹਾ ਕਿ ਇਸ ਸੰਕਟ ਦੀ ਘੜੀ ਵਿਚ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਪੀੜਤਾਂ ਦੇ ਨਾਲ ਖੜ੍ਹਾ ਹੈ ਅਤੇ ਉਨ੍ਹਾਂ ਨੂੰ ਹਰ ਸੰਭਵ ਮਦਦ ਮੁਹੱਈਆ ਕਰਵਾਈ ਜਾਵੇਗੀ। ਵਿਧਾਇਕ ਜਿੰਪਾ ਨੇ ਮੌਕੇ 'ਤੇ ਮੌਜੂਦ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਸਥਿਤੀ ਦਾ ਜਾਇਜ਼ਾ ਲਿਆ ਅਤੇ ਸਪੱਸ਼ਟ ਨਿਰਦੇਸ਼ ਦਿੱਤੇ ਕਿ ਪ੍ਰਭਾਵਿਤ ਪਰਵਾਰਾਂ ਨੂੰ ਤੁਰੰਤ ਰਾਹਤ ਪ੍ਰਦਾਨ ਕੀਤੀ ਜਾਵੇ। ਉਨ੍ਹਾਂ ਅਧਿਕਾਰੀਆਂ ਨੂੰ ਤੁਰੰਤ ਨੁਕਸਾਨ ਦਾ ਮੁਲਾਂਕਣ ਕਰਨ ਅਤੇ ਯੋਗ ਲੋਕਾਂ ਨੂੰ ਮੁਆਵਜ਼ਾ ਦੇਣ ਦੀ ਪ੍ਰਕਿਰਿਆ ਤੇਜ਼ ਕਰਨ ਦੇ ਹੁਕਮ ਦਿੱਤੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਹਮੇਸ਼ਾ ਲੋਕਾਂ ਦੇ ਨਾਲ ਖੜ੍ਹੀ ਹੈ ਅਤੇ ਔਖੇ ਸਮੇਂ ਵਿਚ ਕਿਸੇ ਨੂੰ ਵੀ ਇਕੱਲਾ ਨਹੀਂ ਛੱਡਿਆ ਜਾਵੇਗਾ। ਇਸ ਮੌਕੇ ਨਾਇਬ ਤਹਿਸੀਲਦਾਰ ਹਿਰਦੇਵੀਰ ਸਿੰਘ, ਕੌਂਸਲਰ ਰਾਜੇਸ਼ਵਰ ਦਿਆਲ ਬੱਬੀ, ਬਿੰਦੂ ਸ਼ਰਮਾ, ਵਿਕਾਸ ਸੈਣੀ ਤੇ ਹੋਰ ਮੌਜੂਦ ਸਨ।



# 15 ਕੈਡਿਟਾਂ ਨੇ ਐੱਨ ਡੀ ਏ ਤੇ ਟੀ ਈ ਐੱਸ ਕੋਰਸਾਂ ਲਈ ਇੰਟਰਵਿਊ ਕੀਤੀ ਪਾਸ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ, ਮੋਹਾਲੀ ਦੇ 15 ਕੈਡਿਟਾਂ ਨੇ ਦਸੰਬਰ 2025 ਵਿੱਚ ਸ਼ੁਰੂ ਹੋਣ ਵਾਲੇ ਨੈਸ਼ਨਲ ਡਿਫੈਂਸ ਅਕੈਡਮੀ (ਐਨ.ਡੀ.ਏ.)-155 ਅਤੇ ਟੈਕਨੀਕਲ ਐਂਟਰੀ ਸਕੀਮ (ਟੀ.ਈ.ਐਸ.)-54 ਕੋਰਸਾਂ ਲਈ ਸਰਵਿਸਿਜ਼ ਸਿਲੈਕਸ਼ਨ ਬੋਰਡ (ਐਸ.ਐਸ.ਬੀ.) ਇੰਟਰਵਿਊ ਪਾਸ ਕਰ ਲਈ ਹੈ।



ਪਹਿਲੀ ਵਾਰ ਇਸ ਸੰਸਥਾ ਦੇ 15 ਕੈਡਿਟਾਂ ਨੇ ਇੱਕੋ ਵਾਰ ਐੱਸ ਐੱਸ ਬੀ ਕਲੀਅਰ ਕੀਤੀ ਹੈ। ਮੌਜੂਦਾ ਸਮੇਂ ਇਹਨਾਂ ਉਮੀਦਵਾਰਾਂ ਦਾ ਮੈਡੀਕਲ ਟੈਸਟ ਚੱਲ ਰਿਹਾ ਹੈ ਤੇ ਉਹ ਮੈਰਿਟ ਸੂਚੀ ਦੀ ਉਡੀਕ ਕਰ ਰਹੇ ਹਨ।ਅਜੇ ਵੀ ਕੁਝ ਕੈਡਿਟਾਂ ਨੇ ਟੀ ਈ ਐੱਸ-54 ਲਈ ਐੱਸ ਐੱਸ ਬੀ ਦੇਣੀ ਹੈ। ਐੱਸ ਐੱਸ ਬੀ ਪਾਸ ਕਰਨ ਵਾਲੇ ਕੈਡਿਟਾਂ ਅਤੇ ਟ੍ਰੇਨੀਜ਼ ਵਿੱਚ ਗੁਰਕੀਰਤ ਸਿੰਘ, ਪਰਮਦੀਪ ਸਿੰਘ, ਅਪਾਰਦੀਪ ਸਿੰਘ ਸਾਹਨੀ, ਅਭੈ ਪ੍ਰਤਾਪ ਸਿੰਘ ਢਿੱਲੋਂ, ਵਿਸ਼ਵਰੂਪ ਸਿੰਘ ਗਰੇਵਾਲ, ਅਗਮਜੀਤ ਸਿੰਘ ਵਿਰਕ, ਰੇਹਾਨ ਯਾਦਵ, ਹੇਮੰਤ ਸ਼ਰਮਾ, ਭਾਸਕਰ ਜੈਨ, ਸੁਖਪ੍ਰੀਤ ਸਿੰਘ, ਨਿਮਿਤ ਅਮਰ, ਸ਼ੌਰਿਆ ਵਰਧਨ ਤੇ ਆਕਾਸ਼ ਸਿੰਘ ਕੁਸ਼ਵਾਹਾ ਸ਼ਾਮਲ ਹਨ। ਕੈਡਿਟ ਗੁਰਨੂਰ ਸਿੰਘ ਨੇ ਟੀ ਈ ਐਸ. ਕੋਰਸ ਲਈ ਐੱਸ ਐੱਸ ਬੀ ਪਾਸ ਕੀਤੀ ਹੈ, ਜਦੋਂ ਕਿ ਪ੍ਰਿੰਸ ਦੂਬੇ ਨੇ ਐੱਨ ਡੀ ਏ ਤੇ ਟੀ ਈ ਐੱਸ ਦੋਵਾਂ ਕੋਰਸਾਂ ਲਈ ਇੰਟਰਵਿਊ ਪਾਸ ਕੀਤੀ ਹੈ।

# ਪੰਜਾਬ ਨੇ ਲੇਬਰ ਸੈੱਸ ਰਾਹੀਂ 310 ਕਰੋੜ ਰੁਪਏ ਕੀਤੇ ਇਕੱਠੇ : ਸੌਂਦ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਨੇ ਵਿੱਤੀ ਸਾਲ 2024-25 ਵਿੱਚ ਰਿਕਾਰਡ 310 ਕਰੋੜ ਰੁਪਏ ਦਾ ਲੇਬਰ ਸੈੱਸ ਇਕੱਠਾ ਕੀਤਾ ਹੈ, ਜੋ ਕਿ ਪਿਛਲੇ ਚਾਰ ਸਾਲਾਂ ਵਿੱਚ ਸਭ ਤੋਂ ਵੱਧ ਹੈ। ਲੇਬਰ ਸੈੱਸ 2021-22 ਵਿੱਚ 203.94 ਕਰੋੜ ਰੁਪਏ, 2022-23 ਵਿੱਚ 208.92 ਕਰੋੜ ਰੁਪਏ ਅਤੇ 2023-24 ਵਿੱਚ 180 ਕਰੋੜ ਰੁਪਏ ਸੀ। ਪੰਜਾਬ ਦੇ ਕਿਰਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਕਿ ਸਰਕਾਰ ਵੱਲੋਂ ਇਕੱਠੇ ਕੀਤੇ ਫੰਡਾਂ ਦੀ ਵਰਤੋਂ ਉਸਾਰੀ ਕਾਮਿਆਂ ਦੀ ਭਲਾਈ ਲਈ ਕੀਤੀ ਜਾਂਦੀ ਹੈ, ਜਿਸ ਵਿੱਚ ਸਿਹਤ ਸੰਭਾਲ, ਸਿੱਖਿਆ, ਹੁਨਰ ਵਿਕਾਸ ਅਤੇ ਸਮਾਜਿਕ ਸੁਰੱਖਿਆ ਸਕੀਮਾਂ ਸ਼ਾਮਲ ਹਨ।



# 'ਆਪ' ਹੜ੍ਹ ਪੀੜਤਾਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ : ਡਾ. ਅਮਨਦੀਪ ਕੌਰ

**ਜਲੰਧਰ (ਸ਼ੈਲੀ ਐਲਬਰਟ)**- ਹੜ ਕਾਰਨ ਪ੍ਰਭਾਵਿਤ ਪਰਿਵਾਰਾਂ ਦੀ ਸਹਾਇਤਾ ਲਈ ਅੱਜ ਜਲੰਧਰ ਸਰਕਟ ਹਾਊਸ ਤੋਂ ਰਾਹਤ ਸਮੱਗਰੀ ਨਾਲ ਭਰੀਆਂ ਗੱਡੀਆਂ ਰਵਾਨਾ ਕੀਤੀਆਂ ਗਈਆਂ। ਇਸ ਰਾਹਤ ਸਮੱਗਰੀ ਵਿੱਚ ਖਾਣ-ਪੀਣ ਦੀਆਂ ਚੀਜ਼ਾਂ ਅਤੇ ਘਰੇਲੂ ਜ਼ਰੂਰੀ ਵਸਤਾਂ ਸ਼ਾਮਲ ਹਨ, ਜੋ ਪ੍ਰਭਾਵਿਤ ਇਲਾਕਿਆਂ ਦੇ ਲੋਕਾਂ ਤੱਕ ਪਹੁੰਚਾਈਆਂ ਜਾਣਗੀਆਂ।ਇਸ ਮੌਕੇ ਮੋਗਾ ਤੋਂ ਵਿਧਾਇਕ ਡਾ. ਅਮਨਦੀਪ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਸਮੇਂ ਲੋਕਾਂ ਦੇ ਨਾਲ ਖੜ੍ਹੀ ਹੈ। ਉਨ੍ਹਾਂ ਕਿਹਾ ਕਿ ਹੜ ਪੀੜਤਾਂ ਦੀ ਸਹਾਇਤਾ ਲਈ ਆਮ ਆਦਮੀ ਪਾਰਟੀ ਦਾ ਹਰ ਮੰਤਰੀ, ਹਰ ਐਮ.ਐਲ.ਏ ਅਤੇ ਹਰ ਵਰਕਰ ਇਸ ਦੁੱਖ ਦੀ ਘੜੀ ਵਿੱਚ ਮੋਢੇ ਨਾਲ ਮੋਢਾ ਜੋੜ ਕੇ ਖੜਾ ਹੈ।ਡਾ. ਅਮਨਦੀਪ ਕੌਰ ਨੇ ਕਿਹਾ ਕਿ ਹੜ ਨਾਲ ਪ੍ਰਭਾਵਿਤ ਲੋਕਾਂ ਲਈ ਤੁਰੰਤ ਰਾਹਤ ਉਪਲਬਧ ਕਰਵਾਉਣ ਦੇ ਨਾਲ ਨਾਲ ਸਰਕਾਰ ਵੱਲੋਂ ਉਨ੍ਹਾਂ ਦੇ ਮੁੜ ਵਸੇਬੇ ਅਤੇ ਲੰਬੇ ਸਮੇਂ ਲਈ ਪੁਨਰਵਾਸ ਲਈ ਵੀ ਪੱਕੀਆਂ ਯੋਜਨਾਵਾਂ ਬਣਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਪ੍ਰਾਥਮਿਕਤਾ ਹੈ ਕਿ ਕੋਈ ਵੀ ਪਰਿਵਾਰ ਹੜ ਕਾਰਨ ਬੇਸਹਾਰਾ ਨਾ ਰਹੇ।ਰਾਹਤ ਸਮੱਗਰੀ ਰਵਾਨਾ ਕਰਨ ਦੇ ਸਮੇਂ ਵੱਡੀ ਗਿਣਤੀ ਵਿੱਚ ਮਹਿਲਾਵਾਂ ਅਤੇ ਸਥਾਨਕ ਵਾਸੀ ਵੀ ਮੌਜੂਦ ਸਨ, ਜਿਨ੍ਹਾਂ ਨੇ ਇਸ ਮਨੁੱਖੀ ਭਲਾਈ ਦੇ ਕਦਮ ਦੀ ਪ੍ਰਸ਼ੰਸਾ ਕੀਤੀ।

# ਇੰਨੋਸੈਂਟ ਹਾਰਟਸ ਦੇ ਯੰਗ ਇਨੋਵੇਟਰਾਂ ਨੇ ਟੇਕਮੰਥਨ 3.0 'ਚ ਆਪਣੀ ਛਾਪ ਛੱਡੀ

**ਜਲੰਧਰ (ਸ਼ੈਲੀ ਐਲਬਰਟ)**- ਇੰਨੋਸੈਂਟ ਹਾਰਟਸ ਸਕੂਲ, ਗ੍ਰੀਨ ਮਾਡਲ ਟਾਊਨ ਨੇ ਟੇਕਮੰਥਨ 3.0 ਵਿੱਚ ਹਿੱਸਾ ਲੈ ਕੇ ਆਪਣੀ ਇੱਕ ਹੋਰ ਉਪਲਬਧੀ ਪ੍ਰਾਪਤ ਕੀਤੀ, ਜੋ ਕਿ ਬੀ ਸੀ ਐਮ ਆਰੀਆ ਮਾਡਲ ਸੀਨੀਅਰ ਸੈਕੰਡਰੀ ਸਕੂਲ, ਲੁਧਿਆਣਾ ਦੁਆਰਾ ਆਯੋਜਿਤ ਇੱਕ ਅੰਤਰ-ਸਕੂਲ ਮੁਕਾਬਲਾ ਸੀ। ਇਸ ਪ੍ਰੋਗਰਾਮ ਵਿੱਚ ਕਾਠਮੰਡੂ, ਅਬੂ ਧਾਬੀ, ਦੁਬਈ, ਨਾਈਜੀਰੀਆ ਆਦਿ ਵੱਖ-ਵੱਖ ਸ਼ਹਿਰਾਂ, ਦੇਸ਼ਾਂ ਦੇ 50 ਨਾਮਵਰ ਸਕੂਲਾਂ ਨੇ ਉਤਸ਼ਾਹ ਨਾਲ ਭਾਗੀਦਾਰੀ ਕੀਤੀ ਜਿਸਦਾ ਉਦੇਸ਼ ਵਿਦਿਆਰਥੀਆਂ ਵਿੱਚ ਨਵੀਨਤਾ, ਰਚਨਾਤਮਕਤਾ ਅਤੇ ਤਕਨੀਕੀ ਹੁਨਰ ਨੂੰ ਉਤਸ਼ਾਹਿਤ ਕਰਨਾ ਸੀ। 'ਰੀਲ ਗ੍ਰੀਨ ਰੈਵੋਲਿਊਸ਼ਨ' ਪ੍ਰੋਗਰਾਮ ਵਿੱਚ, ਅੱਠਵੀਂ ਜਮਾਤ ਦੇ ਵਿਦਿਆਰਥੀਆਂ, ਚਿਰਾਗ ਅਰੋੜਾ, ਰਸਿਕਾ ਖੰਨਾ, ਅਨੰਨਿਆ, ਕੋਹਾਨਾ ਅਤੇ ਆਕ੍ਰਿਤੀ ਦੀ ਟੀਮ ਨੇ ਤੀਜਾ ਇਨਾਮ ਜਿੱਤਿਆ। ਉਨ੍ਹਾਂ ਦੀ ਪੇਸ਼ਕਾਰੀ ਨੇ ਵਾਤਾਵਰਨ-ਅਨੁਕੂਲ ਅਭਿਆਸਾਂ ਨੂੰ ਅਪਣਾਉਣ ਅਤੇ ਕੁਦਰਤ ਨਾਲ ਇਕਸੁਰਤਾ ਵਿੱਚ ਰਹਿਣ ਦੀ ਤੁਰੰਤ ਲੋੜ ਨੂੰ ਉਜਾਗਰ ਕੀਤਾ, ਜਿਸ ਨਾਲ ਦਰਸ਼ਕਾਂ ਅਤੇ ਜੱਜਾਂ ਦੋਵਾਂ ਤੇ ਇੱਕ ਵਧੀਆ ਪ੍ਰਭਾਵ ਪਿਆ। 'ਸਟਾਪ ਮੋਸ਼ਨ' ਸ਼੍ਰੇਣੀ ਵਿੱਚ, ਦਸਵੀਂ ਜਮਾਤ ਦੇ ਭਾਗੀਦਾਰਾਂ, ਲਵਿਸ਼ ਮਿੱਤਲ, ਕੁਸ਼ਾਦ ਮਲਹੋਤਰਾ ਅਤੇ ਹਿਰਦੇ ਚੋਪੜਾ ਨੇ ਸ਼ਾਨਦਾਰ ਰਚਨਾਤਮਕਤਾ ਅਤੇ ਤਕਨੀਕੀ ਮੁਹਾਰਤ ਦਾ ਪ੍ਰਦਰਸ਼ਨ ਕੀਤਾ।ਵਿਦਿਆਰਥੀਆਂ ਨੇ ਸ਼੍ਰੀਮਤੀ



ਨਵਿਤਾ ਐਚ ਓ ਡੀ ਆਈ ਟੀ ਦੇ ਨਵੀਨਤਾਕਾਰੀ ਦ੍ਰਿਸ਼ਟੀਕੋਣ ਅਧੀਨ ਤਿਆਰੀ ਕੀਤੀ।ਇੰਨੋਸੈਂਟ ਹਾਰਟਸ ਦੇ ਚੇਅਰਮੈਨ ਡਾ. ਅਨੂਪ ਬੌਰੀ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦੇ ਭਵਿੱਖ ਲਈ ਚੰਗੇ ਭਵਿੱਖ ਦੀ ਕਾਮਨਾ ਕੀਤੀ।

# ਪੀਣ ਲਈ ਸਿਰਫ਼ ਸਾਫ਼ ਪਾਣੀ ਦੀ ਵਰਤੋਂ ਕੀਤੀ ਜਾਵੇ : ਸਿਵਲ ਸਰਜਨ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**- ਬਰਸਾਤੀ ਮੌਸਮ ਅਤੇ ਹੜ੍ਹਾਂ ਕਾਰਨ ਸਿਹਤ ਸਬੰਧੀ ਖ਼ਤਰੇ ਨੂੰ ਵੇਖਦਿਆਂ ਜ਼ਿਲ੍ਹਾ ਸਿਹਤ ਵਿਭਾਗ ਨੇ ਲੋਕਾਂ ਦੀ ਸੁਰੱਖਿਆ ਲਈ ਐਡਵਾਇਜ਼ਰੀ ਜਾਰੀ ਕੀਤੀ ਹੈ। ਇਸ ਸਬੰਧ 'ਚ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਕਿਹਾ ਕਿ ਹੜ੍ਹ ਦੌਰਾਨ ਪਾਣੀ ਕਾਰਨ ਪੈਦਾ ਹੋਣ ਵਾਲੀਆਂ ਬੀਮਾਰੀਆਂ ਦਾ ਖ਼ਤਰਾ ਬਣਿਆ ਰਹਿੰਦਾ ਹੈ, ਜਿਨ੍ਹਾਂ ਤੋਂ ਬਚਾਅ ਲਈ ਸਾਵਧਾਨੀਆਂ ਵਰਤਣਾ ਜ਼ਰੂਰੀ ਹੈ। ਉਨ੍ਹਾਂ ਦਸਿਆ ਕਿ ਦੂਸ਼ਿਤ ਪਾਣੀ ਕਾਰਨ ਦਸਤ, ਟਾਇਫਾਈਡ, ਪੀਲੀਆ, ਹੈਜ਼ਾ, ਚਮੜੀ ਦੀਆਂ ਲਾਗਾਂ ਜਿਹੀਆਂ ਬੀਮਾਰੀਆਂ ਅਤੇ ਸੱਪ ਦੇ ਕੱਟਣ ਜਿਹੀਆਂ ਘਟਨਾਵਾਂ ਵਾਪਰ ਸਕਦੀਆਂ ਹਨ।ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਸਿਹਤ ਵਿਭਾਗ ਦੁਆਰਾ ਦਿਤੀ ਗਈ ਸਲਾਹ 'ਤੇ ਅਮਲ ਕਰਦਿਆਂ ਉਹ ਆਪਣਾ ਬਚਾਅ ਕਰ ਸਕਦੇ ਹਨ। ਉਨ੍ਹਾਂ ਦਸਿਆ ਕਿ ਇਨਫੈਕਸ਼ਨ ਵਾਲੀਆਂ ਬੀਮਾਰੀਆਂ ਤੋਂ ਬਚਾਅ ਅਤੇ ਕੰਟਰੋਲ ਕਰਨ ਲਈ ਪੀਣ ਲਈ ਸਿਰਫ਼ ਸਾਫ਼ ਪਾਣੀ ਦੀ ਹੀ ਵਰਤੋਂ ਕੀਤੀ ਜਾਵੇ।

# ਖੇਡਾਂ ਵਤਨ ਪੰਜਾਬ ਦੀਆਂ 2025 ਮਸ਼ਾਲ ਦਾ ਜਲੰਧਰ ਪੁੱਜਣ 'ਤੇ ਸਵਾਗਤ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਿਤ ਕਰਨ ਲਈ ਸ਼ੁਰੂ ਕੀਤੀਆਂ 'ਖੇਡਾਂ ਵਤਨ ਪੰਜਾਬ ਦੀਆਂ' ਦੇ ਸੀਜ਼ਨ-4 ਤਹਿਤ ਮਸ਼ਾਲ (ਟਾਰਚ ਰਿਲੇਅ) ਜਲੰਧਰ ਪਹੁੰਚੀ। ਕਪੂਰਥਲਾ ਤੋਂ ਆਈ ਇਸ ਮਸ਼ਾਲ ਨੂੰ ਸਵੇਰੇ 8:30 ਵਜੇ ਦੇ ਕਰੀਬ ਪਿੰਡ ਮੰਡ ਪਹੁੰਚਣ 'ਤੇ ਨੈਸ਼ਨਲ ਮੈਡਲਿਸਟ ਖਿਡਾਰੀਆਂ ਵੱਲੋਂ ਰਿਸੀਵ ਕੀਤਾ ਗਿਆ। ਉਪਰੰਤ ਸਥਾਨਕ ਸਰਕਟ ਹਾਊਸ ਵਿਖੇ ਪਹੁੰਚਣ 'ਤੇ ਚੇਅਰਮੈਨ ਪੰਜਾਬ ਐਗਰੀ ਐਕਸਪੋਰਟ ਕਾਰਪੋਰੇਸ਼ਨ ਲਿਮਟਡ ਮੰਗਲ ਸਿੰਘ ਬੱਸੀ, ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਜਸਬੀਰ ਸਿੰਘ, 'ਆਪ' ਆਗੂ ਰਾਜਵਿੰਦਰ ਕੌਰ ਥਿਆੜਾ ਤੇ ਹੋਰਨਾਂ ਵੱਲੋਂ ਮਸ਼ਾਲ ਦਾ ਸਵਾਗਤ ਕੀਤਾ ਗਿਆ। ਜ਼ਿਕਰਯੋਗ ਹੈ ਕਿ 'ਖੇਡਾਂ ਵਤਨ ਪੰਜਾਬ ਦੀਆਂ-2025' ਨੂੰ ਸਮਰਪਿਤ ਇਹ ਮਸ਼ਾਲ 20 ਅਗਸਤ ਨੂੰ ਜ਼ਿਲ੍ਹਾ ਸੰਗਰੂਰ ਤੋਂ ਰਵਾਨਾ ਹੋਈ ਸੀ, ਜੋ ਵੱਖ-ਵੱਖ ਜ਼ਿਲ੍ਹਿਆਂ ਵਿੱਚੋਂ ਹੁੰਦੀ ਹੋਈ ਵੀਰਵਾਰ ਨੂੰ ਜਲੰਧਰ ਪਹੁੰਚੀ। ਇਸ ਤੋਂ ਬਾਅਦ ਮਸ਼ਾਲ ਨੂੰ ਅਗਲੇ ਪੜਾਅ ਮੋਗਾ ਲਈ ਰਵਾਨਾ ਕਰ ਦਿੱਤਾ ਗਿਆ।



# ਨਰੋਈ ਸਿਹਤ ਵਾਲੇ ਵਿਅਕਤੀਆਂ ਨੂੰ ਠੀਕਰੀ ਪਹਿਰਾ ਦੇਣ ਦੇ ਹੁਕਮ ਜਾਰੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਜ਼ਿਲ੍ਹਾ ਮੈਜਿਸਟਰੇਟ ਆਸ਼ਿਕਾ ਜੈਨ ਨੇ ਹੁਸ਼ਿਆਰਪੁਰ ਦੇ ਪਿੰਡਾਂ ਅਤੇ ਛੋਟੇ ਸ਼ਹਿਰਾਂ ਦੀ ਗਸ਼ਤ ਐਕਟ 1918 ਦੀ ਧਾਰਾ 3 (1) ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਸਾਰੇ ਪਿੰਡਾਂ ਦੇ



ਨਰੋਈ ਸਿਹਤ ਵਾਲੇ ਬਾਲਗ ਵਿਅਕਤੀਆਂ (ਪੁਰਸ਼ਾਂ) ਲਈ ਨਹਿਰਾਂ ਦੇ ਕੰਢੇ, ਚੋਆਂ ਦੇ ਬੰਨ੍ਹ, ਦਰਿਆ ਬਿਆਸ ਦੇ ਕੰਢੇ ਬਣੇ ਧੁੱਸੀ ਬੰਨ੍ਹ ਦੇ ਖ਼ਤਰਨਾਕ ਪੁਆਇੰਟਾਂ 'ਤੇ ਹੜ੍ਹਾਂ ਨਾਲ ਬੰਨ੍ਹ ਨੂੰ ਟੁੱਟਣ ਤੋਂ ਬਚਾਉਣ ਲਈ 24 ਘੰਟੇ ਠੀਕਰੀ ਪਹਿਰਾ ਤੇ ਰਾਖੀ ਕਰਨ ਦੀ ਡਿਊਟੀ ਨਿਭਾਉਣ ਦਾ ਹੁਕਮ ਜਾਰੀ ਕੀਤਾ ਹੈ। ਉਨ੍ਹਾਂ ਇਹ ਹੁਕਮ ਵੀ ਦਿੱਤਾ ਕਿ ਹਰੇਕ ਪਿੰਡ ਦੀ ਪੰਚਾਇਤ ਉਕਤ ਐਕਟ ਅਧੀਨ ਧਾਰਾ ਦੀ ਪੂਰੀ ਤਰਜ਼ਮਾਨੀ ਕਰਦਿਆਂ ਆਪਣੇ ਕਾਰਜ ਖੇਤਰ ਵਿਚ ਉਕਤ ਡਿਊਟੀ ਅਦਾ ਕਰਵਾਏਗੀ। ਜ਼ਿਲ੍ਹਾ ਮੈਜਿਸਟਰੇਟ ਨੇ ਕਿਹਾ ਕਿ ਦਰਿਆ, ਚੋਆਂ ਅਤੇ ਨਹਿਰਾਂ ਤੇ ਜ਼ਿਲ੍ਹਾ ਹੁਸ਼ਿਆਰਪੁਰ ਵਿਚ ਬਰਸਾਤ ਵਿਚ ਵਿਸ਼ੇਸ਼ ਸੁਰੱਖਿਆ ਪ੍ਰਬੰਧ ਕੀਤੇ ਜਾਣੇ ਅਤਿ ਜ਼ਰੂਰੀ ਹਨ, ਕਿਉਂਕਿ ਬਰਸਾਤ ਦੌਰਾਨ ਜ਼ਿਲ੍ਹੇ ਵਿਚ ਚੋਆਂ ਦੇ ਕੰਢੇ, ਨਹਿਰਾਂ ਦੇ ਕੰਢੇ, ਦਰਿਆ ਬਿਆਸ ਦੇ ਕੰਢੇ ਬਣੇ ਧੁੱਸੀ ਬੰਨ੍ਹ ਦੇ ਖ਼ਤਰਨਾਕ ਪੁਆਇੰਟਾਂ 'ਤੇ ਸੰਭਾਵਿਤ ਬੰਨ੍ਹ ਟੁੱਟਣ ਦਾ ਖ਼ਤਰਾ ਵੱਧ ਜਾਂਦਾ ਹੈ। ਲਿਹਾਜ਼ਾ ਪਿੰਡਾਂ ਦੇ ਵਲੰਟੀਅਰਾਂ ਵੱਲੋਂ ਵਿਸ਼ੇਸ਼ ਥਾਵਾਂ 'ਤੇ ਠੀਕਰੀ ਪਹਿਰਾ ਆਦਿ ਦੇ ਚੋਖੇ ਪ੍ਰਬੰਧ ਕੀਤੇ ਜਾਣੇ ਜ਼ਰੂਰੀ ਹਨ।

# ਵਿਧਾਇਕ ਕਟਾਰੀਆ ਨੇ ਧੁੱਸੀ ਬੰਨ੍ਹ ਦਾ ਜਾਇਜ਼ਾ ਲੈਣ ਲਈ ਜਾਰੀ ਕੀਤੇ ਦਿਸ਼ਾ ਨਿਰਦੇਸ਼

**ਬਲਾਚੌਰ (ਜਸਵਿੰਦਰ ਬੈਂਸ)**- ਹਲਕਾ ਵਿਧਾਇਕ ਸੰਤੋਸ਼ ਕਟਾਰੀਆ ਨੇ ਅਪਣੀ ਪੂਰੀ ਟੀਮ ਦੀ ਡਿਊਟੀ ਲਗਾਈ ਹੋਈ ਹੈ ਤੇ ਪ੍ਰਸ਼ਾਸਨ ਤੋਂ ਵੀ ਸਤਲੁਜ ਦਰਿਆ ਦੇ ਬੰਨ੍ਹ ਦੀ ਪਲ ਪਲ



ਦੀ ਜਾਣਕਾਰੀ ਲਈ ਜਾ ਰਹੀ ਹੈ। ਸੰਤੋਸ਼ ਕਟਾਰੀਆ ਨੇ ਹਲਕੇ ਦੇ ਸਮੂਹ ਵਾਸੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਹੜ੍ਹਾਂ ਦੇ ਦੌਰਾਨ ਕਿਸੇ ਵੀ ਤਰ੍ਹਾਂ ਦੀ ਸਹਾਇਤਾ ਜਾਂ ਮਦਦ ਲਈ ਲੋਕ ਸਿੱਧਾ ਉਨ੍ਹਾਂ ਨਾਲ ਸੰਪਰਕ ਕਰਨ। ਉਨ੍ਹਾਂ ਨੇ ਕਿਹਾ ਕਿ ਕੁਦਰਤੀ ਆਪਦਾਵਾਂ ਦੇ ਸਮੇਂ ਇਕ-ਦੂਜੇ ਦਾ ਹੌਂਸਲਾ ਬਣਨਾ ਤੇ ਮਿਲਜੁਲ ਕੇ ਸਹਿਯੋਗ ਦੇਣਾ ਬਹੁਤ ਜ਼ਰੂਰੀ ਹੈ। ਹਲਕਾ ਪੱਧਰ ਤੇ ਕੰਟਰੋਲ ਰੂਮ ਬਣਾਏ ਗਏ ਹਨ ਜੋ ਕਿ 24 ਘੰਟੇ ਲੋਕ ਸੇਵਾ ਲਈ ਸਮਰਪਿਤ ਹਨ। ਬਲਾਚੌਰ ਕੰਟਰੋਲ ਰੂਮ ਦਾ ਨੰਬਰ 01885220075 ਹੈ।

# ਕੈਬਨਿਟ ਮੰਤਰੀ ਕਟਾਰੂਚੱਕ ਨੇ ਭੋਆ ਦੇ ਵੱਖ-ਵੱਖ ਹੜ੍ਹ ਪ੍ਰਭਾਵਤ ਪਿੰਡਾਂ ਦਾ ਕੀਤਾ ਦੌਰਾ

**ਪਠਾਨਕੋਟ (ਦਵਿੰਦਰ ਸਿੰਘ)**- ਵਿਧਾਨ ਸਭਾ ਹਲਕਾ ਭੋਆ ਦੇ ਬਮਿਆਲ ਅਤੇ ਨਰੋਟ ਜੈਮਲ ਸਿੰਘ ਖੇਤਰ ਅੰਦਰ ਜਲਾਲੀਆਂ, ਉਜ ਅਤੇ ਰਾਵੀ ਪੂਰੇ ਓਫਾਨ ਤੇ ਰਹੇ ਜਿਸ ਦੇ ਚਲਦਿਆਂ ਲੋਕਾਂ ਦਾ ਭਾਰੀ ਨੁਕਸਾਨ ਹੋਇਆ, ਸਾਡਾ ਪਹਿਲਾ ਕੰਮ ਜੋ ਲੋਕ ਪਾਣੀ ਵਿੱਚ ਫਸੇ ਸਨ ਉਨ੍ਹਾਂ ਨੂੰ ਸੁਰੱਖਿਅਤ ਬਾਹਰ ਕੱਢਣਾਂ ਸੀ ਜਿਸ ਵਿੱਚ ਐਨ.ਡੀ.ਆਰ.ਐਫ. ਦੀਆਂ ਟੀਮਾਂ, ਆਰਮੀ, ਜਿਲ੍ਹਾ ਪ੍ਰਸਾਸਨ ਅਤੇ ਆਮ ਆਦਮੀ ਪਾਰਟੀ ਦੇ ਕਾਰਜਕਰਤਾਵਾਂ ਵੱਲੋਂ ਵੀ ਪੂਰਾ ਸਹਿਯੋਗ ਦਿੱਤਾ। ਇਹ ਪ੍ਰਗਟਾਵਾ ਸ੍ਰੀ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਵਿਧਾਨ ਸਭਾ ਹਲਕਾ ਭੋਆ ਦੇ ਹੜ੍ਹ ਪ੍ਰਭਾਵਿੱਤ ਖੇਤਰਾਂ ਦਾ ਦੋਰਾ ਕਰਨ ਮਗਰੋਂ ਕੀਤਾ। ਕੈਬਨਿਟ ਮੰਤਰੀ ਪੰਜਾਬ ਸ੍ਰੀ ਲਾਲ ਚੰਦ ਕਟਾਰੂਚੱਕ ਸਭ ਤੋਂ ਪਹਿਲਾ ਰਾਵੀ ਪੁਲ ਕਥਲੋਰ ਵਿਖੇ ਪਹੁੰਚੇ ਅਤੇ ਰਾਵੀ ਅੰਦਰ ਮੋਜੂਦਾ ਜਲ ਪੱਧਰ ਦਾ ਜਾਇਜ਼ਾ ਲਿਆ। ਇਸ ਤੋਂ ਬਾਅਦ ਕੋਹਲੀਆਂ ਅੱਡੇ ਵਿੱਚ ਪ੍ਰਭਾਵਿੱਤ ਖੇਤਰ ਦਾ ਦੋਰਾ ਕੀਤਾ ਇੱਥੇ ਉਨ੍ਹਾਂ ਕੁਝ ਪਰਿਵਾਰਾਂ ਦੀ ਵਿੱਤੀ ਤੌਰ 'ਤੇ ਵੀ ਸਹਾਇਤਾ ਕੀਤੀ ਅਤੇ



ਭਰੋਸਾ ਦਿੱਤਾ ਕਿ ਸਰਕਾਰ ਵੱਲੋਂ ਉਨ੍ਹਾਂ ਨੂੰ ਹਰ ਸੰਭਵ ਸਹਾਇਤਾ ਦਿੱਤੀ ਜਾਵੇਗੀ। ਇਸ ਮੋਕੇ ਤੇ ਜਾਣਕਾਰੀ ਦਿੰਦਿਆਂ ਸ੍ਰੀ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਕਿਹਾ ਕਿ ਕੁਦਰਤ ਦੇ ਅਪਣੇ ਰੰਗ ਹਨ ਪਿਛਲੇ ਦਿਨ੍ਹਾਂ ਦੋਰਾਨ ਤੇਜ ਬਾਰਿਸ ਹੋਣ ਦੇ ਕਾਰਨ ਜੋ ਰਾਵੀ ਦਰਿਆ, ਉਜ ਅਤੇ ਜਲਾਲੀਆ ਪੂਰੇ ਓਫਾਨ ਤੇ ਰਹੇ ਹਨ ਅਤੇ ਇਨ੍ਹਾਂ ਵਿੱਚ ਪਾਣੀ ਦੀ ਸਥਿਤੀ ਨੇ ਲੋਕਾਂ ਦਾ ਕਾਫੀ ਜਨ ਜੀਵਨ ਪ੍ਰਭਾਵਿੱਤ ਕੀਤਾ ਹੈ ਅੱਜ ਅਸੀਂ ਵੱਖ ਵੱਖ ਪਿੰਡਾਂ ਦਾ ਦੋਰਾ ਕਰਨ ਮਗਰੋਂ ਪਹਾੜੀਪੁਰ ਪਿੰਡ ਵਿਖੇ ਪਹੁੰਚੇ ਹਾਂ। ਉਨ੍ਹਾਂ ਦੱਸਿਆ ਕਿ ਸਾਡੇ ਹੀ ਭਾਰਤ ਦੇ 7 ਪਿੰਡ ਜੋ ਕਿ ਉਜ ਦਰਿਆ ਦੇ ਪਾਰ ਹਨ ਅਤੇ ਉਨ੍ਹਾਂ ਦਾ ਜਨਜੀਵਨ ਵੀ ਕਾਫੀ ਪ੍ਰਭਾਵਿੱਤ ਹੋਇਆ ਹੈ, ਉਨ੍ਹਾਂ ਤੱਕ ਵੀ ਰਾਹਤ ਸਮੱਗਰੀ ਪਹੁੰਚਾਈ ਜਾ ਰਹੀ ਹੈ ।

# ਪੰਚਾਇਤ ਸੰਮਤੀ ਚੋਣਾਂ ਸੰਬੰਧੀ ਪੋਲਿੰਗ ਸਟਾਫ ਦੇ ਡਾਟਾ ਐਂਟਰੀ ਦੀ ਦਿੱਤੀ ਟ੍ਰੇਨਿੰਗ

**ਸ਼ਹੀਦ ਭਗਤ ਸਿੰਘ ਨਗਰ (ਮਨੋਜ ਲਾਡੀ)**- ਰਾਜ ਚੋਣ ਕਮਿਸ਼ਨ ਪੰਜਾਬ ਵੱਲੋਂ ਜਾਰੀ ਹਦਾਇਤਾਂ ਅਤੇ ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਦੇ ਆਦੇਸ਼ਾਂ ਅਨੁਸਾਰ ਆਉਣ ਵਾਲੀਆਂ ਪੰਚਾਇਤ ਸੰਮਤੀ



ਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ 2025 ਸਬੰਧੀ ਤਿਆਰੀਆਂ ਦੇ ਤਹਿਤ ਚੋਣਾਂ ਨਾਲ ਸਬੰਧਿਤ ਸਾਫਟਵੇਅਰ ਰਾਂਹੀਂ ਪੋਲਿੰਗ ਸਟਾਫ ਦੇ ਡਾਟਾ ਐਂਟਰੀ ਦੇ ਕੰਮ ਨੂੰ ਸ਼ੁਰੂ ਕਰਨ ਲਈ ਸਮੂਹ ਵਿਭਾਗਾਂ ਦੀ ਜ਼ਿਲ੍ਹਾ ਪੱਧਰੀ ਅਧਿਕਾਰੀਆਂ ਅਤੇ ਸਬੰਧਿਤ ਕਰਮਚਾਰੀਆਂ ਦੀ ਇੱਕ ਟ੍ਰੇਨਿੰਗ ਡਿਪਟੀ ਕਮਿਸ਼ਨਰ ਦਫ਼ਤਰ ਸ਼ਹੀਦ ਭਗਤ ਸਿੰਘ ਨਗਰ ਵਿਖੇ ਦਿੱਤੀ ਗਈ, ਇਸ ਟ੍ਰੇਨਿੰਗ ਵਿੱਚ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਚੋਣਾਂ ਨਾਲ ਸਬੰਧਤ ਸਾਫਟਵੇਅਰ ਦੀ ਪ੍ਰਕਿਰਿਆ ਨੂੰ ਵਿਸਥਾਰ ਨਾਲ ਦੱਸਿਆ ਗਿਆ ਤਾਂ ਜੋ ਸਮੇਂ ਸਿਰ ਚੋਣਾਂ ਨਾਲ ਸਬੰਧਿਤ ਸਟਾਫ ਦੀ ਤਾਇਨਾਤੀ ਦਾ ਕੰਮ ਪਾਰਦਰਸ਼ੀ ਤਰੀਕੇ ਨਾਲ ਪੂਰਾ ਹੋ ਸਕੇ।ਇਹ ਟ੍ਰੇਨਿੰਗ ਜ਼ਿਲ੍ਹਾ ਸੂਚਨਾ ਵਿਗਿਆਨ ਅਫ਼ਸਰ ਵਿਸ਼ਾਲ ਸ਼ਰਮਾ, ਰਾਸ਼ਟਰੀ ਸੂਚਨਾ ਵਿਗਿਆਨ ਕੇਂਦਰ ਵਲੋਂ ਦਿੱਤੀ ਗਈ।

# ਸੀਚੇਵਾਲ ਵੱਲੋਂ ਪੰਜ ਪਿੰਡਾਂ ਨੂੰ ਮੋਟਰ ਬੋਟਾਂ ਦੇਣ ਦਾ ਐਲਾਨ

### • ਲੋੜਵੰਦਾਂ ਨੂੰ ਰਾਸ਼ਨ, ਤਰਪਾਲਾਂ ਤੇ ਬਰਸਾਤੀਆਂ ਵੰਡੀਆਂ



**ਸ਼ਾਹਕੋਟ (ਗਿਆਨ ਸੈਦਪੁਰੀ)**- ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਵੱਲੋਂ ਹੜ੍ਹ ਪ੍ਰਭਾਵਿਤ ਪੰਜ ਪਿੰਡਾਂ ਨੂੰ 5 ਮੋਟਰ ਬੋਟਾਂ ਦੇਣ ਦਾ ਐਲਾਨ ਕੀਤਾ। ਉਹਨਾਂ ਮਾਲ ਮੰਤਰੀ ਹਰਦੀਪ ਸਿੰਘ ਮੁੰਡੀਆਂ ਨਾਲ ਪਿੰਡ ਆਹਲੀ ਕਲਾਂ ਤੇ ਖੁਰਦ ਦੇ ਕੀਤੇ ਦੌਰੇ ਦੌਰਾਨ ਕਿਹਾ ਕਿ ਉਹ ਆਪਣੇ ਅਖਤਿਆਰੀ ਫੰਡ ਵਿੱਚੋਂ 5 ਮੋਟਰ ਬੋਟਾਂ ਪੰਚਾਇਤਾਂ ਨੂੰ ਲੈ ਕੇ ਦੇਣਗੇ ਜਿਹਨਾਂ ਦੀ ਕੀਮਤ ਅੰਦਾਜ਼ਨ 25 ਤੋਂ 30 ਲੱਖ ਹੋਵੇਗੀ। ਸੰਤ ਸੀਚੇਵਾਲ ਨੇ ਆਹਲੀ ਕਲਾਂ, ਆਹਲੀ ਖੁਰਦ, ਬਾਊਪੁਰ, ਸਾਂਗਰਾ ਤੇ ਲੱਖਵਰਿਆਂ ਪਿੰਡਾਂ ਦੇ ਸਰਪੰਚਾਂ ਨੂੰ ਕਿਹਾ ਕਿ ਉਹ ਜਲਦ ਤੋਂ ਜਲਦ ਪੰਚਾਇਤ ਦਾ ਮਤਾ ਪਾ ਕੇ ਦੇਣ ਤਾਂ ਜੋ ਮੋਟਰ ਬੋਟ ਦੇਣ ਦੀ ਪ੍ਰਕਿਰਿਆ ਸ਼ੁਰੂ ਕੀਤੀ ਜਾ ਸਕੇ। ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਤੇ ਰਾਜ ਸਭਾ ਮੈਂਬਰ ਤੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ 3 ਕਿਸ਼ਤੀਆਂ ਰਾਹੀ ਹੜ੍ਹਾਂ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕੀਤਾ। ਉਹਨਾਂ ਬਾਊਪੁਰ ਕਦੀਮ, ਬਾਊਪੁਰ ਜ਼ਦੀਦ, ਸਾਂਗਰਾ ਤੇ ਲੱਖਵਰ੍ਹਿਆਂ ਪਿੰਡਾਂ ਵਿੱਚ ਜਾ ਕੇ ਪੀੜਤ ਲੋਕਾਂ ਨੂੰ ਰਾਸ਼ਨ, ਤਰਪਾਲਾਂ ਤੇ ਬਰਸਾਤੀਆਂ ਵੰਡੀਆਂ। ਦੋਹਾਂ ਆਗੂਆਂ ਨੇ ਲੋਕਾਂ ਨੂੰ ਅਪੀਲ ਕੀਤੀ ਲਗਾਤਾਰ ਵਧਦੇ ਪਾਣੀ ਨੂੰ ਦੇਖਦਿਆ ਹੋਇਆ ਆਪਣੇ ਘਰਾਂ ਤੋਂ ਕਿਸੇ ਸੁਰੱਖਿਅਤ ਥਾਵਾਂ ਤੇ ਆ ਜਾਣ। ਇਸਤੋਂ ਪਹਿਲਾਂ ਕੈਬਿਨਟ ਮੰਤਰੀ ਮੁੰਡੀਆਂ ਤੇ ਰਾਜ ਸਭਾ ਮੈਂਬਰ ਸੰਤ ਸੀਚੇਵਾਲ ਨੇ ਆਹਲੀਆਂ ਕਲਾਂ ਤੇ ਆਹਲੀ ਖੁਰਦ ਦੇ ਪਿੰਡਾ ਦਾ ਵੀ ਦੌਰਾ ਕੀਤਾ। ਇਹਨਾਂ ਪਿੰਡਾਂ ਦੇ ਲੋਕਾਂ ਨੇ ਆਪਣੀਆਂ ਸਮੱਸਿਆਵਾਂ ਦੱਸਦਿਆ ਕਿਹਾ ਕਿ ਜਦੋਂ ਐਡਵਾਂਸ ਟੁੱਟ ਜਾਂਦਾ ਹੈ ਤਾਂ ਧੁੱਸੀ ਬੰਨ੍ਹ ਦੇ ਦੂਜੇ ਪਾਸੇ ਸੇਮ ਪੈ ਜਾਂਦੀ ਹੈ। ਹੜ੍ਹ ਆਉਣ ਦੀ ਸੂਰਤ ਵਿੱਚ ਬਿਜਲੀ ਦੀ ਸਪਲਾਈ ਠੱਪ ਹੋ ਜਾਂਦੀ ਹੈ। ਪਿੰਡਾਂ ਦੇ ਲੋਕਾਂ ਨੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਤੇ ਮਾਲ ਮੰਤਰੀ ਹਰਦੀਪ ਸਿੰਘ ਮੁੰਡੀਆਂ ਤੋਂ ਮੰਗ ਕੀਤੀ ਕਿ ਬਿਜਲੀ ਦਾ ਇੱਕ ਟਰਾਂਸਫਾਰਮਰ ਧੁੱਸੀ ਬੰਨ੍ਹ ਦੇ ਦੂਜੇ ਪਾਸੇ ਲਾਇਆ ਜਾਵੇ ਤਾਂ ਕਿ ਹੜ੍ਹ ਆਉਣ ਦੀ ਸੂਰਤ ਵਿੱਚ ਬਿਜਲੀ ਦੀ ਸਪਲਾਈ ਚਲਦੀ ਰਹੀ ਹੈ।

### 100 ਵਿਅਕਤੀਆਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਇਆ

ਮੋਹਲੇਧਾਰ ਮੀਂਹ ਵਿੱਚ ਵੀ ਪ੍ਰਸ਼ਾਸਨ ਦੀਆਂ ਟੀਮਾਂ ਅਤੇ ਸੰਤ ਸੀਚੇਵਾਲ ਦੀ ਟੀਮ ਵੱਲੋਂ ਸਭ ਤੋਂ ਵੱਧ ਪ੍ਰਭਾਵਿਤ ਪਿੰਡਾਂ ਵਿੱਚੋਂ ਔਰਤਾਂ ਅਤੇ ਬੱਚਿਆਂ ਸਮੇਤ 100 ਪੀੜਤ ਲੋਕਾਂ ਨੂੰ ਸੁਰੱਖਿਅਤ ਥਾਵਾਂ ਤੇ ਪਹੁੰਚਾਇਆ ਗਿਆ। ਪਿਛਲੇ ਚਾਰ ਦਿਨਾਂ ਤੋਂ ਲਗਾਤਾਰ ਹੋ ਰਹੀ ਬਾਰਿਸ਼ ਨੇ ਕਪੂਰਥਲਾ, ਸੁਲਤਾਨਪੁਰ ਲੋਧੀ ਅਤੇ ਭੁਲੱਥ ਵਿੱਚ ਹੜ੍ਹਾਂ ਦੀ ਸਥਿਤੀ ਨੂੰ ਹੋਰ ਵੀ ਵਿਗਾੜ ਦਿੱਤਾ ਹੈ।

# ਰੈੱਡ ਕਰਾਸ ਸੁਸਾਇਟੀ ਨੇ ਹੜ੍ਹ ਪ੍ਰਭਾਵਤ ਇਲਾਕਿਆਂ 'ਚ ਰਾਹਤ ਸਮੱਗਰੀ ਭੇਜੀ




**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਡਿਪਟੀ ਕਮਿਸ਼ਨਰ ਅਤੇ ਪ੍ਰਧਾਨ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਆਸ਼ਿਕਾ ਜੈਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਰੈੱਡ ਕਰਾਸ ਸੁਸਾਇਟੀ ਹੁਸ਼ਿਆਰਪੁਰ ਨੇ ਟਾਂਡਾ, ਮੁਕੇਰੀਆਂ ਤੇ ਤਲਵਾੜਾ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿਚ ਰਾਹਤ ਕਾਰਜ ਤੇਜ਼ ਕਰ ਦਿੱਤੇ ਹਨ। ਇਸ ਸੰਬੰਧ ਵਿਚ ਸਹਾਇਕ ਕਮਿਸ਼ਨਰ (ਜ) ਓਇਸ਼ੀ ਮੰਡਲ ਨੇ ਰਾਹਤ ਸਮੱਗਰੀ ਨੂੰ ਰਵਾਨਾ ਕੀਤਾ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜ਼ਿਲ੍ਹੇ ਦੀਆਂ ਉਦਯੋਗਿਕ ਇਕਾਈਆਂ, ਫੈਕਟਰੀਆਂ, ਦਾਨੀਆਂ ਅਤੇ ਆਮ ਨਾਗਰਿਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਕੁਦਰਤੀ ਆਫ਼ਤ ਦੀ ਇਸ ਘੜੀ ਵਿਚ ਅੱਗੇ ਆਉਣ। ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੇ ਸਕੱਤਰ ਮੰਗੇਸ਼ ਸੂਦ ਨੇ ਦੱਸਿਆ ਕਿ ਬੁੱਧਵਾਰ ਨੂੰ ਰੈੱਡ ਕਰਾਸ ਅਤੇ ਸਿਵਲ ਹਸਪਤਾਲ ਦੀਆਂ ਐਂਬੂਲੈਂਸ ਵੈਨਾਂ ਰਾਹੀਂ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕੀਤਾ ਗਿਆ ਅਤੇ ਲੋੜਵੰਦ ਪਰਿਵਾਰਾਂ ਤੱਕ ਰਾਹਤ ਸਮੱਗਰੀ ਪਹੁੰਚਾਈ ਗਈ। ਇਕ ਐਂਬੂਲੈਂਸ ਵੈਨ ਟਾਂਡਾ ਬਲਾਕ ਅਤੇ ਦੂਜੀ ਵੈਨ ਮੁਕੇਰੀਆਂ ਅਤੇ ਤਲਵਾੜਾ ਬਲਾਕਾਂ ਵਿਚ ਭੇਜੀ ਗਈ। ਉਨ੍ਹਾਂ ਦੱਸਿਆ ਕਿ ਟਾਂਡਾ ਦੇ ਰਾਹਤ ਕੈਂਪ ਸਰਕਾਰੀ ਹਾਈ ਸਕੂਲ ਮਿਆਣੀ ਵਿਚ ਪਿੰਡ ਅਬਦੁੱਲਾਪੁਰ, ਤਲਵਾੜਾ ਦੇ ਰਾਹਤ ਕੈਂਪ ਭਾਨ ਮੰਦਰ ਵਿਚ ਪਿੰਡ ਚੰਗਰਾਵਾ ਅਤੇ ਮੁਕੇਰੀਆ ਦੇ ਹੜ ਪ੍ਰਭਾਵਿਤ ਪਿੰਡਾਂ ਵਿਚ 1000 ਦੇ ਕਰੀਬ ਰਾਹਤ ਕਿੱਟਾ ਦੀ ਵੰਡ ਕੀਤੀ ਗਈ।

# ਗਿਲਜੀਆਂ ਦੀ ਟੀਮ ਵੱਲੋਂ ਹੜ੍ਹ ਪੀੜਤਾਂ ਦੀ ਮਦਦ ਲਈ ਸਮੱਗਰੀ ਭੇਟ



**ਅੱਡਾ ਸਰਾਂ/ ਟਾਂਡਾ ਉੜਮੁੜ (ਜਸਵੀਰ ਕਾਜਲ, ਓਂਕਾਰ ਸਿੰਘ)**- ਟਾਂਡਾ ਦੇ ਮੰਡ ਇਲਾਕੇ ਵਿਚ ਬਿਆਸ ਦਰਿਆ ਵਿੱਚ ਆਏ ਹੜ੍ਹ ਕਾਰਨ ਪੀੜਤ ਲੋਕਾਂ ਦੀ ਮਦਦ ਲਈ ਸਾਬਕਾ ਕੈਬਨਿਟ ਮੰਤਰੀ ਸੰਗਤ ਸਿੰਘ ਗਿਲਜੀਆਂ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਉਨ੍ਹਾਂ ਦੀ ਟੀਮ ਵੱਲੋਂ ਮਦਦ ਸਮੱਗਰੀ ਭੇਟ ਕੀਤੀ ਗਈ ਹੈ। ਨਗਰ ਕੌਂਸਲ ਟਾਂਡਾ ਦੇ ਪ੍ਰਧਾਨ ਗੁਰਸੇਵਕ ਮਾਰਸ਼ਲ, ਸੁੱਖਾਂ ਗੜ੍ਹਾ ਅਤੇ ਹਰਜਿੰਦਰਪਾਲ ਸਿੰਘ ਜੇ ਪੀ ਨੰਗਲੀ ਦੀ ਅਗਵਾਈ ਵਿਚ ਟੀਮ ਵਿਚ ਸ਼ਾਮਲ ਕੌਂਸਲਰਾਂ ਅਤੇ ਵਰਕਰਾਂ ਨੇ ਪਾਣੀ ਵਿਚ ਘਿਰੇ ਪਿੰਡ ਵੱਡਾ ਕੁੱਲਾ ਅਤੇ ਗੜ੍ਹਾ ਮੰਡ ਪਹੁੰਚ ਕੇ ਪੀਣ ਵਾਲਾ ਪਾਣੀ, ਤਰਪਾਲਾਂ, ਓ ਆਰ ਐੱਸ ਦੇ ਪੈਕਟ ਅਤੇ ਹੋਰ ਜ਼ਰੂਰੀ ਉਪਯੋਗੀ ਵਸਤਾਂ ਭੇਟ ਕੀਤੀਆਂ। ਇਸ ਦੌਰਾਨ ਪ੍ਰਧਾਨ ਮਾਰਸ਼ਲ ਨੇ ਦੱਸਿਆ ਕਿ ਮਦਦ ਸਮੱਗਰੀ ਭੇਟ ਕਰਨ ਦੇ ਨਾਲ ਨਾਲ ਉਨ੍ਹਾਂ ਵੱਲੋਂ ਹੜ੍ਹ ਪ੍ਰਭਾਵਿਤ ਲੋਕਾਂ ਤੋਂ ਉਨ੍ਹਾਂ ਦੀਆਂ ਲੋੜਾਂ ਬਾਰੇ ਜਾਣਕਾਰੀ ਹਾਸਲ ਕੀਤੀ ਹੈ ਅਤੇ ਹਾਸਲ ਜਾਣਕਾਰੀ ਮੁਤਾਬਿਕ ਅਗਲੇ ਦਿਨਾਂ ਵਿਚ ਉਹ ਸਮੱਗਰੀ ਲੋਕਾਂ ਤੱਕ ਪਹੁੰਚਾਈ ਜਾਵੇਗੀ। ਇਸ ਮੌਕੇ ਨੰਬਰਦਾਰ ਜਗਜੀਵਨ ਜੱਗੀ, ਮਾਨ ਸਿੰਘ, ਬਲਜੀਤ ਸਿੰਘ ਗੜ੍ਹਾ, ਗੁਰਮੇਲ ਸਿੰਘ ਗੜ੍ਹਾ, ਜਸਵੰਤ ਸਿੰਘ, ਗੁਰਮੁੱਖ ਸਿੰਘ ਨਾਮਧਾਰੀ, ਮਨੀ ਸਹਿਬਾਜ਼ਪੁਰ, ਵਿਨੋਦ ਖੋਸਲਾ ਸੁੰਦਰੀ, ਪਰਵਿੰਦਰ ਸਿੰਘ ਸਹਿਬਾਜ਼ਪੁਰ, ਡਾ.ਬਲਦੇਵ ਰਾਜ, ਰਾਜੇਸ਼ ਲਾਡੀ, ਐੱਮ ਸੀ ਕ੍ਰਿਸ਼ਨ ਬਿੱਟੂ ਆਦਿ ਮੌਜੂਦ ਸਨ।

# ਸ਼ਾਨਦਾਰ ਕਾਰਗੁਜ਼ਾਰੀ ਲਈ 18 ਪੁਲਸ ਅਧਿਕਾਰੀ ਸਨਮਾਨਤ

**ਜਲੰਧਰ (ਸੁਰਿੰਦਰ ਕੁਮਾਰ)**- ਸਥਾਨਕ ਪੁਲਸ ਲਾਈਨਜ਼ ਵਿਖੇ ਹੋਏ ਇੱਕ ਸਨਮਾਨ ਸਮਾਰੋਹ ਦੌਰਾਨ, ਪੁਲਸ ਕਮਿਸ਼ਨਰ ਸ੍ਰੀਮਤੀ ਧਨਪ੍ਰੀਤ ਕੌਰ ਨੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਵਿੱਚ ਸ਼ਾਨਦਾਰ ਕਾਰਗੁਜ਼ਾਰੀ ਲਈ 18 ਪੁਲਸ ਅਧਿਕਾਰੀਆਂ ਨੂੰ ਕਲਾਸ-9 (33-1) ਅਤੇ ਕੁੱਲ 1,46,000 ਰੁਪਏ ਦੇ ਨਕਦ ਇਨਾਮ ਨਾਲ ਸਨਮਾਨਤ ਕੀਤਾ। ਇਹ ਇਨਾਮ ਪ੍ਰਾਪਤ ਕਰਨ ਵਾਲਿਆਂ ਵਿੱਚ 2 ਸਬ-ਇੰਸਪੈਕਟਰ ਅਤੇ 16 ਅਸਿਸਟੈਂਟ ਸਬ-ਇੰਸਪੈਕਟਰ ਸ਼ਾਮਿਲ ਹਨ।ਇਸ ਮੌਕੇ ਪੁਲਿਸ ਕਮਿਸ਼ਨਰ ਸ੍ਰੀਮਤੀ ਧਨਪ੍ਰੀਤ ਕੌਰ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਜੰਗ ਵਿੱਚ ਇਨ੍ਹਾਂ ਅਧਿਕਾਰੀਆਂ ਦੀ ਮਿਹਨਤ ਬਹੁਤ ਹੀ ਮਹੱਤਵਪੂਰਣ ਰਹੀ ਹੈ। ਇਸ ਸਮਾਗਮ ਵਿੱਚ ਡੀ.ਸੀ.ਪੀ (ਇਨਵੈਸਟੀਗੇਸ਼ਨ) ਮਨਪ੍ਰੀਤ ਸਿੰਘ ਢਿੱਲੋਂ ਅਤੇ ਏ ਡੀ ਸੀਪੀ ਹੈੱਡਕੁਆਰਟਰਜ਼ ਸੁਖਵਿੰਦਰ ਸਿੰਘ ਵੀ ਹਾਜ਼ਰ ਸਨ।



# ਇੰਡੀਅਨ ਏਅਰ ਫੋਰਸ ਦੀ ਓਪਨ ਭਰਤੀ ਰੈਲੀ ਸ਼ੁਰੂ

**ਜਲੰਧਰ (ਸੁਰਿੰਦਰ ਕੁਮਾਰ)**- ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਇੰਡੀਅਨ ਏਅਰ ਫੋਰਸ ਵੱਲੋਂ ਸਥਾਨਕ ਸਰਕਾਰੀ ਆਰਟਸ ਤੇ ਸਪੋਰਟਸ ਕਾਲਜ ਵਿਖੇ ਓਪਨ ਭਰਤੀ ਰੈਲੀ ਦੀ ਸ਼ੁਰੂਆਤ ਕੀਤੀ ਗਈ, ਜਿਸ ਵਿੱਚ ਮੀਂਹ ਦੇ ਬਾਵਜੂਦ ਪਹਿਲੇ ਦਿਨ ਲਗਭਗ 6000 ਉਮੀਦਵਾਰਾਂ ਨੇ ਉਤਸ਼ਾਹ ਨਾਲ ਭਾਗ ਲਿਆ। ਐੱਸ ਡੀ ਐੱਮ ਆਦਮਪੁਰ ਵਿਵੇਕ ਕੁਮਾਰ ਮੋਦੀ (ਵਾਧੂ ਚਾਰਜ ਵਧੀਕ ਡਿਪਟੀ ਕਮਿਸ਼ਨਰ ਦਿਹਾਤੀ ਵਿਕਾਸ) ਨੇ ਦੱਸਿਆ ਕਿ ਇੰਡੀਅਨ ਏਅਰ ਫੋਰਸ ਓਪਨ ਭਰਤੀ ਰੈਲੀ ਦੀ ਸ਼ੁਰੂਆਤ ਬਾਰਿਸ਼ ਦੇ ਵਿੱਚ ਹੀ ਸਵੇਰੇ 4:30 ਵਜੇ ਕੀਤੀ ਗਈ, ਜਿਸ ਵਿੱਚ ਹਿਮਾਚਲ ਪ੍ਰਦੇਸ਼, ਜੰਮੂ ਤੇ ਕਸ਼ਮੀਰ ਅਤੇ ਲੱਦਾਖ ਤੋਂ ਆਏ ਕਰੀਬ 6000 ਉਮੀਦਵਾਰਾਂ ਨੇ ਭਾਗ ਲਿਆ। ਰੈਲੀ ਦੌਰਾਨ ਪਹਿਲੇ ਰਾਊਂਡ ਵਿੱਚ ਉਮੀਦਵਾਰਾਂ ਨੇ 1600 ਮੀਟਰ ਦੀ ਦੌੜ 7 ਮਿੰਟ ਵਿੱਚ ਪੂਰੀ ਕੀਤੀ। ਇਸ ਤੋਂ ਬਾਅਦ ਕੁੱਝ ਹੋਰ ਸਰੀਰਕ ਮਾਪਦੰਡ ਲਈ ਡੰਢ-ਬੈਠਕ ਆਦਿ ਕਰਵਾਏ ਗਏ। ਫ਼ਿਜ਼ੀਕਲ ਟੈਸਟ ਤੋਂ ਬਾਅਦ ਬਿਨੈਕਾਰਾਂ ਦਾ ਲਿਖ਼ਤੀ ਟੈਸਟ ਵੀ ਕਰਵਾਇਆ ਗਿਆ। ਉਨ੍ਹਾਂ ਦੱਸਿਆ ਕਿ ਜਿਹੜੇ ਉਮੀਦਵਾਰ ਇਸ ਲਿਖ਼ਤੀ ਟੈਸਟ ਵਿੱਚ ਪਾਸ ਹੋਣਗੇ, ਉਨ੍ਹਾਂ ਨੂੰ ਅੱਜ ਗਰੁੱਪ ਡਿਸਕਸ਼ਨ ਅਤੇ ਹੋਰ ਮਨੋਵਿਗਿਆਨਿਕ ਪ੍ਰੀਖਿਆਵਾਂ ਲਈ ਦੁਬਾਰਾ ਬੁਲਾਇਆ ਜਾਵੇਗਾ।ਡਿਪਟੀ ਡਾਇਰੈਕਟਰ, ਜ਼ਿਲ੍ਹਾ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਤੇ ਸਿਖ਼ਲਾਈ ਬਿਊਰੋ ਨੀਲਮ ਮਹੇ ਨੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਰਾਜ ਅਤੇ ਚੰਡੀਗੜ੍ਹ ਦੇ ਲੜਕਿਆਂ ਲਈ ਭਰਤੀ ਰੈਲੀ 30 ਅਗਸਤ ਨੂੰ ਹੋਵੇਗੀ ਅਤੇ 2 ਸਤੰਬਰ ਨੂੰ ਲੜਕੀਆਂ ਦੀ ਭਰਤੀ ਰੈਲੀ ਹੋਵੇਗੀ।



# ਪੌਂਗ ਡੈਮ 'ਚ ਪਾਣੀ ਦਾ ਪੱਧਰ ਨੇ 1393 ਫੁੱਟ ਪਾਰ ਕੀਤਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਸਥਾਨਕ ਪੌਂਗ ਡੈਮ ਨੱਕੋ ਨੱਕ ਭਰ ਗਿਆ ਹੈ, ਡੈਮ 'ਚ ਪਾਣੀ ਦਾ ਪੱਧਰ 1393 ਫੁੱਟ ਨੂੰ ਪਾਰ ਕਰ ਗਿਆ ਹੈ। ਜੋ ਕਿ ਖਤਰੇ ਦੇ ਨਿਸ਼ਾਨ ਤੋਂ ਤਿੰਨ ਫੁੱਟ ਵਧ ਹੈ। ਬੀ ਬੀ ਐਮ ਬੀ ਵੱਲੋਂ 94 ਹਜ਼ਾਰ ਕਿਊਸਿਕ ਤੋਂ ਵਧ ਪਾਣੀ ਸ਼ਾਹ ਨਹਿਰ ਬੈਰਾਜ 'ਚ ਛੱਡਿਆ ਜਾ ਰਿਹਾ ਹੈ।ਮਹਾਰਾਣਾ ਪ੍ਰਤਾਪ ਸਾਗਰ ਝੀਲ 'ਚ ਪਾਣੀ ਦੀ ਆਮਦ ਇੱਕ ਲੱਖ ਕਿਊਸਿਕ ਤੋਂ ਵਧ ਹੈ। ਬਿਆਸ ਦਰਿਆ 'ਚ 83 ਹਜ਼ਾਰ ਕਿਊਸਿਕ ਤੋਂ ਵਧ ਪਾਣੀ ਛੱਡਿਆ ਜਾ ਰਿਹਾ ਹੈ। ਦਰਿਆ ਕੰਢੇ ਪੰਜਾਬ ਅਤੇ ਹਿਮਾਚਲ ਪ੍ਰਦੇਸ਼ ਦੇ ਵਸੇ ਪਿੰਡਾਂ ਦੇ ਲੋਕਾਂ ਦੀਆਂ ਮੁਸੀਬਤਾਂ ਵਧ ਗਈਆਂ ਹਨ। ਹੇਠਲੇ ਇਲਾਕਿਆਂ 'ਚ ਹੜ੍ਹ ਦਾ ਪਾਣੀ ਲੋਕਾਂ ਦੇ ਘਰਾਂ ਅੰਦਰ ਦਾਖ਼ਲ ਹੋ ਗਿਆ ਹੈ।ਬੀ ਬੀ ਐਮ ਬੀ ਅਧਿਕਾਰੀਆਂ ਨੇ ਜਾਣਕਾਰੀ ਦਿੰਦੇ ਹੋਇਆਂ ਦੱਸਿਆ ਕਿ ਸ਼ਾਮ ਚਾਰ ਵਜੇ ਡੈਮ 'ਚ ਪਾਣੀ ਦਾ ਪੱਧਰ 1393.67 ਫੁੱਟ ਨੋਟ ਕੀਤਾ ਗਿਆ। ਡੈਮ 'ਚ ਪਾਣੀ ਦੀ ਆਮਦ 102377 ਕਿਊਸਕ ਹੈ। ਡੈਮ ਤੋਂ 94845 ਕਿਊਸਕ ਪਾਣੀ ਫਲੱਡ ਗੇਟਾਂ ਅਤੇ ਪਾਵਰ ਹਾਊਸ ਰਾਹੀਂ ਸ਼ਾਹ ਨਹਿਰ ਬੈਰਾਜ (52 ਗੇਟਾਂ) ਵਿੱਚ ਛੱਡਿਆ ਜਾ ਰਿਹਾ ਹੈ। ਸ਼ਾਹ ਨਹਿਰ ਪ੍ਰਸ਼ਾਸਨ ਤੋਂ ਪ੍ਰਾਪਤ ਜਾਣਕਾਰੀ ਤਹਿਤ ਮੁਕੇਰੀਆਂ ਹਾਈਡਲ ਨਹਿਰ 'ਚ 11500 ਕਿਊਸਕ ਅਤੇ ਬੈਰਾਜ ਰਾਹੀਂ ਬਿਆਸ ਦਰਿਆ 'ਚ 83120 ਕਿਊਸਕ ਪਾਣੀ ਛੱਡਿਆ ਜਾ ਰਿਹਾ ਹੈ। ਬੀਬੀਐਮਬੀ ਦੇ ਵਧੀਕ ਨਿਗਰਾਨ ਇੰਜੀਨੀਅਰ, ਵਾਟਰ ਰੈਗੂਲੇਸ਼ਨ ਵਿੰਗ ਨੇ ਦਸਿਆ ਹੈ ਕਿ ਡੈਮ ਦੀ ਸੁਰੱਖਿਆ ਦੇ ਮੱਦੇਨਜ਼ਰ ਪਾਣੀ ਛੱਡਣ ਦਾ ਫੈਸਲਾ ਕੀਤਾ ਹੈ। ਜਿਸ ਤਹਿਤ ਡੈਮ 'ਚ ਪਾਣੀ ਦਾ ਪੱਧਰ 1390 ਫੁੱਟ ਤੋਂ ਪਾਰ ਹੋਣ 'ਤੇ ਹਰ ਇੱਕ ਫੁੱਟ ਪਾਣੀ ਦੇ ਵਾਧੇ 'ਤੇ ਪੰਜ ਹਜ਼ਾਰ ਕਿਊਸਕ ਪਾਣੀ ਡੈਮ 'ਚੋਂ ਵਧੇਰੇ ਛੱਡਿਆ ਜਾ ਰਿਹਾ ਹੈ। ਜਦੋਂ ਡੈਮ 'ਚ ਪਾਣੀ ਦਾ ਪੱਧਰ 1397 ਫੁੱਟ ਪੁੱਜ ਗਿਆ ਤਾਂ ਜਿੰਨ੍ਹਾਂ ਪਾਣੀ ਪਹੁੰਚ ਰਿਹਾ ਹੈ, ਓਨਾ ਹੀ ਪਾਣੀ ਹੇਠਾਂ ਛੱਡ ਦਿੱਤਾ ਜਾਵੇਗਾ। ਬੀਡੀਪੀਓ ਹਾਜੀਪੁਰ ਸੁਖਪ੍ਰੀਤ ਸਿੰਘ ਨੇ ਦੱਸਿਆ ਕਿ ਬਲਾਕ ਦੇ ਬਿਆਸ ਦਰਿਆ ਕੰਢੇ ਵਸੇ ਪਿੰਡਾਂ 'ਚ ਅਜੇ ਤੱਕ ਹਲਾਤ ਠੀਕ ਹਨ। ਪੱਤੀ ਨਵੇਂ ਘਰ ਦਾ ਸੜਕੀ ਸੰਪਰਕ ਟੁੱਟ ਜਾਣ ਕਰਕੇ ਇਹਤਿਆਤ ਵਜੋਂ ਪਿੰਡ ਖਾਲੀ ਕਰਵਾ ਲਿਆ ਹੈ। ਢਾਡੇ ਕਟਵਾਲ, ਚੰਗੜਵਾਂ, ਚੱਕਮੀਰ ਪੁਰ, ਪੱਤੀ ਨਾਮ ਨਗਰ, ਬੇਲਾ ਸਰਿਆਨਾ, ਪੂਰੋ ਚੱਕ, ਝੰਗ, ਜਮਾਲਪੁਰ ਆਦਿ ਪਿੰਡਾਂ 'ਚ ਸਾਲ 2023 ਵਿੱਚ ਆਏ ਹੜ੍ਹਾਂ ਨੇ ਭਾਰੀ ਤਬਾਹੀ ਕੀਤੀ ਸੀ, ਪਰ ਐਂਤਕੀ ਬਚਾਅ ਹੈ।



# ਗੁਰੂ ਗ੍ਰੰਥ ਸਾਹਿਬ ਦੇ ਪਹਿਲੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ 1 ਨੂੰ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਮੁੱਖਲਿਆਣਾ ਵਿਖੇ ਗੁਰਦੁਆਰਾ ਅੰਗੀਠਾ ਸਾਹਿਬ, ਬ੍ਰਹਮ ਗਿਆਨੀ 108 ਸੰਤ ਬਾਬਾ ਉਦੈ ਸਿੰਘ ਦੇ ਅਸਥਾਨ 'ਤੇ ਸਮੂਹ ਨਗਰ ਅਤੇ ਇਲਾਕੇ ਦੇ ਸਹਿਯੋਗ ਨਾਲ ਪ੍ਰਬੰਧਕ ਕਮੇਟੀ ਵੱਲੋਂ ਜਗਤ ਗੁਰੂ ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਦੇ ਪਹਿਲੇ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਮਹਾਨ ਗੁਰਮਤਿ ਸਮਾਗਮ 01 ਸਤੰਬਰ ਨੂੰ ਸ਼ਰਧਾ ਭਾਵਨਾ ਨਾਲ ਕਰਵਾਏ ਜਾ ਰਹੇ ਹਨ।ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਜਸਵੰਤ ਸਿੰਘ ਮੁੱਖਲਿਆਣਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ 1 ਸਤੰਬਰ ਨੂੰ ਸਾਲਾਨਾ ਸਮਾਗਮ ਦੌਰਾਨ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ।ਉਪਰੰਤ ਦੀਵਾਨ ਹਾਲ ਵਿੱਚ ਸੰਤ ਬਾਬਾ ਮਲਕੀਅਤ ਸਿੰਘ ਖ਼ਾਨਪੁਰ ਥਿਆੜਾ, ਭਾਈ ਜੁਗਰਾਜ ਸਿੰਘ ਮੁੱਖ ਗ੍ਰੰਥੀ ਮੁੱਖਲਿਆਣਾ ਆਦਿ ਜੱਥੇ ਗੁਰਬਾਣੀ ਗੁਰਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।ਇਸ ਮੌਕੇ ਸਮਾਗਮ ਦੌਰਾਨ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਜਾਣਗੇ।

# ਪੰਜਾਬ ਸਰਕਾਰ ਵੱਲੋਂ ਕਿਸੇ ਦੇ ਹਿੱਸੇ ਦਾ ਰਾਸ਼ਨ ਖੋਹਣ ਨਹੀਂ ਦਿੱਤਾ ਜਾਵੇਗਾ : ਬਿੱਟੂ

**ਮਹਿਤਪੁਰ (ਰਾਜਾ)**- ਪਿੰਡ ਧੁੱਗੜ ਵਿੱਚ ਬਲਾਕ ਪ੍ਰਧਾਨ ਕੇਵਲ ਕ੍ਰਿਸ਼ਨ ਬਿੱਟੂ ਦੀ ਅਗਵਾਈ ਵਿੱਚ ਮੀਟਿੰਗ ਦਾ ਆਯੋਜਨ ਕੀਤਾ ਗਿਆ। ਆਪਣੇ ਸੰਬੋਧਨ ਵਿੱਚ ਬਲਾਕ ਪ੍ਰਧਾਨ ਬਿੱਟੂ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਤਕਰੀਬਨ ਗਰੀਬ ਪਰਿਵਾਰਾਂ ਦਾ 8 ਲੱਖ ਦੋ ਹਜਾਰ 500 ਰਾਸ਼ਨ ਕਾਰਡ ਕਰੀਬ 32 ਲੱਖ ਲੋਕ ਕੱਟਣ ਲਈ ਕਿਹਾ ਗਿਆ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਕਿਸੇ ਦੇ ਵੀ ਹਿੱਸੇ ਦਾ ਰਾਸ਼ਨ ਖੋਹਣ ਨਹੀਂ ਦਿੱਤਾ ਜਾਵੇਗਾ। ਪਿੰਡ ਧੁੱਗੜ ਵਿਖੇ ਹਾਜ਼ਰ ਮੀਟਿੰਗ ਵਿੱਚ ਪਿੰਡ ਵਾਸੀਆਂ ਨੇ ਬਲਾਕ ਪ੍ਰਧਾਨ ਕੇਵਲ ਕ੍ਰਿਸ਼ਨ ਬਿੱਟੂ ਨੂੰ ਵਿਸ਼ਵਾਸ ਦਿਵਾਉਂਦਿਆਂ ਇੱਕ ਸੁਰ ਹੁੰਦਿਆਂ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਦਾ ਅਸੀਂ ਡੱਟ ਕੇ ਵਿਰੋਧ ਕਰਾਂਗੇ। ਇਸ ਮੌਕੇ ਸਰਪੰਚ ਹਰਜੀਤ ਕੌਰ ਧੁੱਗੜ, ਮੈਂਬਰ ਗੁਰਦੇਵ ਸਿੰਘ, ਮੈਂਬਰ ਅਮਨਦੀਪ ਕੌਰ, ਬਲਵਿੰਦਰ ਸਿੰਘ, ਰਸਪਾਲ ਸਿੰਘ, ਸੰਤੋਖ ਸਿੰਘ, ਸੁਖਦੇਵ ਸਿੰਘ, ਗੁਰਭੇਜ ਸਿੰਘ, ਮੁਖਤਿਆਰ ਸਿੰਘ ਭੁੱਲਰ ਤੇ ਹੋਰ ਪਿੰਡ ਦੇ ਮੋਹਤਵਰ ਵਿਅਕਤੀ ਹਾਜ਼ਰ ਸਨ ।



# ਸ੍ਰੀ ਗੁਰੂ ਗੋਬਿੰਦ ਸਿੰਘ ਯਾਤਰੀ ਨਿਵਾਸ ਪੰਜਵੀਂ ਮੰਜ਼ਲ ਦਾ ਪਾਇਆ ਲੈਂਟਰ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਖਾਲਸੇ ਦੀ ਜਨਮ ਭੂਮੀ ਵਜੋਂ ਜਾਣੇ ਜਾਂਦੇ ਪਵਿੱਤਰ ਅਸਥਾਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਦੇਸ਼-ਵਿਦੇਸ਼ਾਂ ਤੋਂ ਆਉਣ ਵਾਲੀਆਂ ਸੰਗਤਾਂ ਨੂੰ ਸਹੂਲਤਾਂ ਨਾਲ ਭਰਪੂਰ ਰਿਹਾਇਸ਼ ਮੁਹੱਈਆ ਕਰਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅਤਿ ਆਧੁਨਿਕ ਸਹੂਲਤਾਂ ਵਾਲੇ ਸ੍ਰੀ ਗੁਰੂ ਗੋਬਿੰਦ ਸਿੰਘ ਯਾਤਰੀ ਨਿਵਾਸ ਦੀ ਨਿਰਮਾਣ ਸੇਵਾ ਨੂੰ ਸੰਤ ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਨੂੰ ਸੌਂਪੀ ਗਈ ਹੈ।ਉਸਾਰੀ ਦਾ ਕਾਰਜ ਤੇਜ਼ੀ ਨਾਲ ਚੱਲ ਰਿਹਾ ਹੈ ਅਤੇ ਇਸ ਦੀ ਪੰਜਵੀਂ ਮੰਜਲ ਦਾ ਲੈਂਟਰ ਪਾਇਆ ਗਿਆ। ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ ਨੇ ਅਰਦਾਸ ਕੀਤੀ।ਜੈਕਾਰਿਆਂ ਦੀ ਗੂੰਜ ਵਿੱਚ ਬਾਬਾ ਸੁਖਵਿੰਦਰ ਸਿੰਘ ਭੂਰੀ ਵਾਲੇ, ਤਖਤ ਸਾਹਿਬ ਦੇ ਐਡੀਸ਼ਨਲ ਮੈਨੇਜਰ ਹਰਦੇਵ ਸਿੰਘ ਤੇ ਸੰਦੀਪ ਸਿੰਘ, ਬਾਬਾ ਕਾਲਾ ਸਿੰਘ, ਗਿਆਨੀ ਜੋਗਿੰਦਰ ਸਿੰਘ, ਬਾਬਾ ਰਤਨ ਸਿੰਘ, ਜਰਨੈਲ ਸਿੰਘ ਨਿੱਕੂਵਾਲ ਤੇ ਤਲਵਿੰਦਰ ਸਿੰਘ ਬੁੱਟਰ ਨੇ ਕੰਕਰੀਟ ਦੇ ਵਾਲੇ ਬਾਲਟੇ ਪਾ ਕੇ ਲੈਂਟਰ ਦੀ ਸ਼ੁਰੂਆਤ ਕੀਤੀ।ਇਸ ਮੌਕੇ ਬਾਬਾ ਸੁਖਵਿੰਦਰ ਸਿੰਘ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ 10 ਮੰਜਲਾ ਤਿਆਰ ਹੋਣ ਵਾਲੇ ਇਸ ਨਿਵਾਸ ਵਿੱਚ ਕੁਝ ਕਮਰੇ ਮੁਕੰਮਲ ਕਰਕੇ ਪ੍ਰਬੰਧਕਾਂ ਨੂੰ ਸੌਂਪੇ ਜਾ ਚੁੱਕੇ ਹਨ। ਇਸ ਦੌਰਾਨ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਹਰਦੇਵ ਸਿੰਘ ਨੇ ਕਿਹਾ ਕਿ ਸੰਗਤਾਂ ਦੇ ਅਨੁਭਵ ਨੂੰ ਸੁਖਦ ਅਤੇ ਪ੍ਰਬੰਧ ਨੂੰ ਸੁਚਾਰੂ ਬਣਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹਮੇਸ਼ਾਂ ਵਚਨਬੱਧ ਹੈ। ਇਸ ਮੌਕੇ ਸੰਤ ਭੂਰੀ ਵਾਲਿਆਂ ਦੇ ਮੀਡੀਆ ਸਕੱਤਰ ਸ. ਰਾਮ ਸਿੰਘ ਭਿੰਡਰ, ਇੰਜ. ਇੰਦਰਜੀਤ ਸਿੰਘ ,ਮੈਨੇਜਰ ਤਜਿੰਦਰ ਸਿੰਘ, ਹਰਜਾਪ ਸਿੰਘ, ਪ੍ਰੀਤ ਸਿੰਘ, ਹਸਨ ਸਿੰਘ, ਪਵਨ ਕੁਮਾਰ, ਗਿਆਨੀ ਤਰਲੋਚਨ ਸਿੰਘ, ਪ੍ਰਭਜੋਤ ਸਿੰਘ, ਗੁਰਤੇਜ ਸਿੰਘ, ਕਸ਼ਮੀਰ ਸਿੰਘ ਸਫ਼ਾਈ, ਅੰਮ੍ਰਿਤਪਾਲ ਸਿੰਘ ਅਤੇ ਫਰਿਆਦ ਸਿੰਘ ਸਿੰਘ ਤੋ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਮੌਜੂਦ ਸਨ।

# ਪ੍ਰਿੰਸੀਪਲ ਹਰਭਜਨ ਸਿੰਘ ਯਾਦਗਾਰੀ ਫੁੱਟਬਾਲ ਟੂਰਨਾਮੈਂਟ ਦੀਆਂ ਤਿਆਰੀਆਂ ਸ਼ੁਰੂ

**ਮਾਹਿਲਪੁਰ (ਸ.ਫ਼ਰੀ)** 63ਵੇਂ ਆਲ ਇੰਡੀਆ ਪ੍ਰਿੰਸੀਪਲ ਹਰਭਜਨ ਸਿੰਘ ਫੁੱਟਬਾਲ ਯਾਦਗਾਰੀ ਟੂਰਨਾਮੈਂਟ ਦੀ ਚੈਂਪੀਅਨ ਕਲੱਬ ਨੂੰ 3 ਲੱਖ ਦਾ ਨਗਦ ਇਨਾਮ ਅਤੇ ਟਰਾਫੀ ਦਿੱਤੀ ਜਾਵੇਗੀ।ਇਹ ਜਾਣਕਾਰੀ ਅੱਜ ਪ੍ਰਿੰਸੀਪਲ ਹਰਭਜਨ ਸਿੰਘ ਸਪੋਰਟਿੰਗ ਕਲੱਬ ਦੀ ਮੀਟਿੰਗ ਵਿੱਚ ਕਲੱਬ ਦੇ ਪ੍ਰਧਾਨ ਕੁਲਵੰਤ ਸਿੰਘ ਸੰਘਾ ਵੱਲੋਂ ਦਿੱਤੀ ਗਈ। ਉਹਨਾਂ ਟੂਰਨਾਮੈਂਟ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਇਸ ਵਾਰ ਦੇ ਜੇਤੂ ਕਲੱਬਾਂ ਅਤੇ ਕਾਲਜਾਂ ਦੀ ਰਾਸ਼ੀ ਵਿੱਚ ਵਾਧਾ ਕੀਤਾ ਗਿਆ ਹੈ ਜਿਸ ਵਿੱਚ ਕਲੱਬ ਦੇ ਜੇਤੂ ਨੂੰ 3 ਲੱਖ,ਉਪ ਜੇਤੂ ਨੂੰ 2 ਲੱਖ ,ਕਾਲਜ ਜੇਤੂ ਨੂੰ ਸਵਾ ਲੱਖ, ਇਕ ਲੱਖ ਅਤੇ ਅਕੈਡਮੀਆਂ ਦੇ ਜੇਤੂ ਨੂੰ 75 ਹਜ਼ਾਰ ਅਤੇ 50 ਹਜ਼ਾਰ ਦਾ ਨਗਦ ਇਨਾਮ ਦਿੱਤਾ ਜਾਵੇਗਾ।ਇਸ ਮੌਕੇ ਕਲੱਬ ਵੱਲੋਂ ਅੰਤਰਰਾਸ਼ਟਰੀ ਖਿਡਾਰੀ ਅਤੇ ਕੋਚ ਗਿਆਨ ਸਿੰਘ, ਜੀਤ ਸਿੰਘ ਦੇ ਮਾਤਾ ਦਰਸ਼ਨ ਕੌਰ ਅਤੇ ਕੁਲਵਰਨ ਸਿੰਘ ਦੇ ਸਪੁੱਤਰ ਤਰਨਵੀਰ ਸਿੰਘ ਦੇ ਬੇਵਕਤੀ ਮੌਤ 'ਤੇ ਇੱਕ ਮਿੰਟ ਦਾ ਮੌਨ ਰੱਖਿਆ ਗਿਆ। ਉਹਨਾਂ ਵੱਲੋਂ ਸਮਾਜ ਸੇਵਾ ਅਤੇ ਖੇਡ ਜਗਤ ਵਿੱਚ ਪਾਏ ਯੋਗਦਾਨ ਨੂੰ ਯਾਦ ਕੀਤਾ ਗਿਆ।ਕਲੱਬ ਦੇ ਜਨਰਲ ਸਕੱਤਰ ਡਾਕਟਰ ਪਰਮਪ੍ਰੀਤ ਕੈਂਡੋਵਾਲ ਨੇ ਟੂਰਨਾਮੈਂਟ ਦੀਆਂ ਤਿਆਰੀਆਂ ਸਬੰਧੀ ਜਾਣਕਾਰੀ ਦਿੰਦਿਆ ਕਿਹਾ ਕਿ ਇਸ ਵਾਰੀ 14 ਸਾਲ ਤੋਂ ਘੱਟ ਉਮਰ ਵਰਗ ਦੇ ਬੱਚਿਆਂ ਦੀਆਂ 8 ਟੀਮਾਂ ਦਾ ਮੁਕਾਬਲਾ ਵੀ ਕਰਵਾਇਆ ਜਾਵੇਗਾ। ਇਸ ਮੌਕੇ ਬਖ਼ਸ਼ੀਸ਼ ਸਿੰਘ ਬਾਗਲਾ ਨੂੰ ਐਗਜੈਕਟਿਵ ਮੈਂਬਰਾਂ ਵਿੱਚ ਸ਼ਾਮਿਲ ਕੀਤਾ ਗਿਆ। 13 ਫਰਵਰੀ ਤੋਂ 20 ਫਰਵਰੀ, 2026 ਤੱਕ ਕਰਵਾਏ ਜਾਣ ਵਾਲੇ ਟੂਰਨਾਮੈਂਟ ਵਿੱਚ ਸਭ ਮੈਂਬਰਾਂ ਨੇ ਆਪੋ ਆਪਣਾ ਯੋਗਦਾਨ ਪਾਉਣ ਦਾ ਵਾਅਦਾ ਕੀਤਾ। ਇਸ ਮੌਕੇ ਐਚ ਐਸ ਢਿੱਲੋਂ, ਪ੍ਰਿੰਸੀਪਲ ਪਰਵਿੰਦਰ ਸਿੰਘ, ਅਰਵਿੰਦਰ ਸਿੰਘ ਹਵੇਲੀ, ਠੇਕੇਦਾਰ ਜਗਜੀਤ ਸਿੰਘ, ਮਾਸਟਰ ਬਨਿੰਦਰ ਸਿੰਘ, ਅਮਰੀਕ ਸਿੰਘ, ਅੱਛਾ ਕੁਮਾਰ ਜੋਸ਼ੀ, ਜਗਜੀਤ ਸਿੰਘ ਗਣੇਸ਼ਪੁਰ, ਰੁਪਿੰਦਰ ਜੋਤ ਸਿੰਘ, ਕਪਲ ਕੁਮਾਰ ਸ਼ਰਮਾ ,ਬਲਜਿੰਦਰ ਮਾਨ, ਤਰਲੋਚਨ ਸਿੰਘ ਸੰਧੂ ,ਰਾਜੂ ਚੰਡੀਗੜ੍ਹ, ਗੁਰਨਾਮ ਸਿੰਘ, ਹਰਦੇਵ ਸਿੰਘ, ਸੁਹੇਲ ਗਾਂਧੀ ਸਮੇਤ ਐਗਜੈਕਟਿਵ ਮੈਂਬਰ ਸ਼ਾਮਲ ਹੋਏ।



# 'ਖੇਡਾਂ ਵਤਨ ਪੰਜਾਬ ਦੀਆਂ' ਤਹਿਤ ਪਠਾਨਕੋਟ ਤੋਂ ਕਪੂਰਥਲਾ ਪਹੁੰਚੀ ਮਸ਼ਾਲ ਮਾਰਚ

**ਕਪੂਰਥਲਾ (ਪ੍ਰੀਤ ਸੰਗੋਜਲਾ)** ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਰਾਜ ਪੱਧਰੀ ਖੇਡਾਂ ਵਤਨ ਪੰਜਾਬ ਦੀਆਂ ਮਸ਼ਾਲ ਮਾਰਚ ਗੁਰੂ ਨਾਨਕ ਸਟੇਡੀਅਮ ਕਪੂਰਥਲਾ ਵਿਖੇ ਪਹੁੰਚਣ 'ਤੇ ਹਲਕਾ ਇੰਚਾਰਜ ਐਡਵੋਕੇਟ ਕਰਮਬੀਰ ਸਿੰਘ ਚੰਦੀ, ਵਧੀਕ ਡਿਪਟੀ ਕਮਿਸ਼ਨਰ ਵਰਿੰਦਰਪਾਲ ਸਿੰਘ ਬਾਜਵਾ (ਵਿਕਾਸ), ਸਹਾਇਕ ਕਮਿਸ਼ਨਰ (ਜ) ਵਿਸ਼ਾਲ ਵਟਸ ਵੱਲੋਂ ਮਸ਼ਾਲ ਮਾਰਚ ਦਾ ਨਿੱਘਾ ਸਵਾਗਤ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ, ਖੇਡਾਂ ਤੇ ਯੁਵਕ ਸੇਵਾਵਾਂ ਵਿਭਾਗ ਵੱਲੋਂ "ਖੇਡਾਂ ਵਤਨ ਪੰਜਾਬ ਦੀਆਂ" 2025 ਨੂੰ ਸਮਰਪਤ ਮਸ਼ਾਲ ਮਾਰਚ ਪ੍ਰੋਗਰਾਮ 20 ਅਗਸਤ ਤੋਂ 3 ਸਤੰਬਰ ਤੱਕ ਕਰਵਾਏ ਜਾ ਰਿਹਾ ਹੈ।ਇਸ ਪ੍ਰੋਗਰਾਮ ਤਹਿਤ ਸਵੇਰੇ 10:00 ਵਜੇ ਜ਼ਿਲ੍ਹਾ ਪਠਾਨੋਕਟ ਵਲੋਂ ਚੌਲਾਂਗ ਟੋਲ ਪਲਾਜਾ, ਨੈਸ਼ਨਲ ਹਾਈਵੇਅ 'ਤੇ ਜ਼ਿਲ੍ਹਾ ਕਪੂਰਥਲਾ ਦੀ ਜ਼ਿਲ੍ਹਾ ਪੱਧਰੀ ਟੀਮ ਵੱਲੋਂ ਮਸ਼ਾਲ ਪ੍ਰਾਪਤ ਕੀਤੀ ਗਈ ਅਤੇ ਗੁਰੂ ਨਾਨਕ ਸਟੇਡੀਅਮ, ਕਪੂਰਥਲਾ ਵਿਖੇ ਲਿਆਂਦੀ ਗਈ। ਇਸ ਮੌਕੇ ਐਡਵੋਕੇਟ ਹਲਕਾ ਇੰਚਾਰਜ ਕਰਮਵੀਰ ਸਿੰਘ ਚੰਦੀ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਨੌਜਵਾਨਾਂ ਅਤੇ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨਾ ਸਮੇਂ ਦੀ ਲੋੜ ਹੈ। ਮਸ਼ਾਲ ਮਾਰਚ ਨੂੰ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿਚੋਂ ਲੰਘਾਉਣ ਤੋਂ ਬਾਅਦ ਗੁਰੂ ਨਾਨਕ ਸਟੇਡੀਅਮ ਪਹੁੰਚਾਇਆ ਗਿਆ, ਜਿੱਥੇ ਖਿਡਾਰੀਆਂ ਅਤੇ ਵਿਦਿਆਰਥੀਆਂ ਨੂੰ ਰਿਫਰੈਸ਼ਮੈਂਟ ਵੀ ਪ੍ਰਦਾਨ ਕੀਤੀ ਗਈ।

# ਲੁਟੇਰੇ ਮੋਬਾਇਲ ਤੇ 800 ਰੁਪਏ ਖੋਹਕੇ ਫਰਾਰ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਪਿੰਡ ਜੰਡਿਆਲਾ ਤੋ ਪਿੰਡ ਸੁੰਨੜ ਕਲਾਂ ਨੂੰ ਆਉਂਦੇ ਇੱਕ ਵਿਦਿਆਰਥੀ ਪਾਸੋਂ 2 ਮੋਟਰਸਾਈਕਲ ਸਵਾਰ ਅਣਪਛਾਤੇ ਲੁਟੇਰਿਆਂ ਨੇ ਜਿਨ੍ਹਾਂ ਦੇ ਮੂੰਹ ਬੰਨੇਂ ਹੋਏ ਸਨ, ਨੇ ਦਾਤਰ ਮਾਰ ਕੇ ਇੱਕ ਮੋਬਾਇਲ ਅਤੇ 800 ਰੁਪਏ ਖੋ ਕੇ ਫ਼ਰਾਰ ਹੋ ਗਏ। ਲੁੱਟਾਂ ਖੋਹਾਂ ਕਰਨ ਵਾਲੇ ਲੁਟੇਰੇ ਤੇ ਚੋਰ ਕਦੇ ਗੈਸ ਸਿਲੰਡਰ ਚੋਰੀ ਕਰਕੇ ਲੈ ਜਾਂਦੇ ਹਨ ਅਤੇ ਕਦੇ ਦਾਣਿਆਂ ਦੇ ਬੋਰੀ ਚੋਰੀ ਕਰਦੇ ਦੇਖੇ ਜਾ ਸਕਦੇ ਹਨ। ਇੱਥੋਂ ਤੱਕ ਕਿ ਨੂਰਮਹਿਲ ਦੇ ਬੱਸ ਅੱਡੇ ਦੇ ਸਾਹਮਣੇ ਦੁਕਾਨਦਾਰ ਦਾ ਸਾਈਕਲ ਚੋਰੀ ਕਰਕੇ ਲੈ ਗਏ ਹਨ। ਇਨ੍ਹਾਂ ਸਾਰੀਆਂ ਲੁੱਟਾਂ ਖੋਹਾਂ ਤੇ ਚੋਰੀਆਂ ਕਰਨ ਵਾਲਿਆਂ ਦੀਆਂ ਸ਼ਿਕਾਇਤਾ ਥਾਣਾ ਨੂਰਮਹਿਲ ਪੁਲਸ ਦਿੱਤੀਆਂ ਗਈਆਂ ਹਨ। ਪਰ ਪੱਤਰਕਾਰ ਦੇ ਪੁੱਛਣ ਤੇ ਪੁਲਸ ਦਾ ਇੱਕੋ ਹੀ ਜਵਾਬ ਹੁੰਦਾ ਹੈ ਕਿ ਪੁਲਸ ਤਫਤੀਸ਼ ਕਰ ਰਹੀ ਹੈ। ਨੂਰਮਹਿਲ ਦੇ ਇਲਾਕੇ ਦੇ ਲੋਕਾਂ ਵਿੱਚ ਇਨ੍ਹਾਂ ਲੁਟੇਰਿਆਂ ਦਾ ਹਰ ਦਮ ਡਰ ਬਣਿਆ ਰਹਿੰਦਾ ਹੈ। ਸ਼ਹਿਰ ਦੇ ਇਲਾਕੇ ਦੇ ਲੋਕਾਂ ਨੇ ਐਸ ਐਸ ਪੀ ਜਲੰਧਰ ਪਾਸੋਂ ਮੰਗ ਕੀਤੀ ਹੈ ਕਿ ਇਨ੍ਹਾਂ ਲੁਟੇਰਿਆ ਨਾਲ ਸੱਖਤੀ ਨਾਲ ਨਜਿੱਠਿਆ ਜਾਵੇ।



# ਵਿੱਤ ਮੰਤਰੀ ਨੇ ਕਰਮਚਾਰੀ ਯੂਨੀਅਨਾਂ ਦੇ ਮੁੱਦੇ ਹੱਲ ਕਰਨ ਲਈ ਕੀਤੀਆਂ ਮੀਟਿੰਗਾਂ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੇ ਵਿੱਤ ਮੰਤਰੀ ਅਤੇ ਕਰਮਚਾਰੀਆਂ ਦੇ ਮਸਲਿਆਂ ਦੇ ਹੱਲ ਲਈ ਗਠਿਤ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਵੱਖ-ਵੱਖ ਆਰਟ ਐਂਡ ਕਰਾਫਟ ਟੀਚਰਜ਼ ਯੂਨੀਅਨਾਂ, ਈ.ਟੀ.ਟੀ. ਟੀ.ਈ.ਟੀ. ਪਾਸ ਅਧਿਆਪਕ ਐਸੋਸੀਏਸ਼ਨ (ਜੈ ਸਿੰਘ ਵਾਲਾ), ਏ.ਆਈ.ਈ. ਕੱਚੇ ਅਧਿਆਪਕ ਯੂਨੀਅਨ, ਐਸੋਸੀਏਟ ਪ੍ਰੀ ਪ੍ਰਾਇਮਰੀ ਅਧਿਆਪਕ ਯੂਨੀਅਨ, ਆਲ ਪੰਜਾਬ ਡੀ. ਐਸ. ਟੀ. / ਸੀ.ਟੀ.ਐਸ. ਕੰਟਰੈਕਟ ਇੰਸਟ੍ਰਕਟਰ ਯੂਨੀਅਨ ਅਤੇ ਬੇਰੁਜ਼ਗਰ ਮਲਟੀਪਰਪਜ਼ ਹੈਲਥ ਵਰਕਰ ਯੂਨੀਅਨ ਦੇ ਵਫ਼ਦਾਂ ਨਾਲ ਮੁਲਾਕਾਤ ਕੀਤੀ। ਪੰਜਾਬ ਸਿਵਲ ਸਕੱਤਰੇਤ ਸਥਿਤ ਵਿੱਤ ਮੰਤਰੀ ਦੇ ਦਫ਼ਤਰ ਵਿਖੇ ਹੋਈਆਂ ਇਨ੍ਹਾਂ ਮੀਟਿੰਗਾਂ ਦੌਰਾਨ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਯੂਨੀਅਨ ਆਗੂਆਂ ਵੱਲੋਂ ਉਠਾਏ ਗਏ ਮੁੱਦਿਆਂ ਅਤੇ ਮੰਗਾਂ ਨੂੰ ਹਮਦਰਦੀ ਨਾਲ ਸੁਣਿਆ ਅਤੇ ਇਹਨਾਂ ਦਾ ਹੱਲ ਲੱਭਣ ਲਈ ਸਬੰਧਤ ਵਿਭਾਗਾਂ ਦੇ ਸੀਨੀਅਰ ਅਧਿਕਾਰੀਆਂ ਨਾਲ ਵਿਚਾਰ-ਵਟਾਂਦਰਾ ਕੀਤਾ।



# ਰੋਟਰੀ ਆਈ ਬੈਂਕ ਤੇ ਜੀ ਜੀ ਡੀ ਐਸ ਡੀ ਕਾਲਜ ਨੇਤਰ ਦਾਨ ਸੰਬੰਧੀ ਮਿਲ ਕੇ ਕਰਨਗੇ ਕੰਮ : ਸੰਜੀਵ ਅਰੋੜਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਰੋਟਰੀ ਆਈ ਬੈਂਕ ਅਤੇ ਕੌਰਨੀਅਲ ਟ੍ਰਾਂਸਪਲਾਂਟੇਸ਼ਨ ਸੁਸਾਇਟੀ ਦੇ ਪ੍ਰਧਾਨ ਅਤੇ ਪ੍ਰਮੁੱਖ ਸਮਾਜ ਸੇਵੀ ਸੰਜੀਵ ਅਰੋੜਾ ਅਤੇ ਜੀ ਜੀ ਡੀ ਐਸ ਡੀ ਕਾਲਜ ਹਰਿਆਣਾ, ਜ਼ਿਲ੍ਹਾ ਹੁਸ਼ਿਆਰਪੁਰ ਦੇ ਪ੍ਰਿੰਸਿਪਲ ਡਾ. ਰਾਜੀਵ ਕੁਮਾਰ ਦੀ ਅਗਵਾਈ ਵਿੱਚ ਰੋਟਰੀ ਆਈ ਬੈਂਕ ਦੇ ਦਫ਼ਤਰ ਵਿੱਚ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਅੱਖਾਂ ਦਾਨ ਪ੍ਰਤੀ ਜਾਗਰੂਕਤਾ ਫੈਲਾਉਣ ਸੰਬੰਧੀ ਸਮਝੌਤਾ ਪੱਤਰ (ਐਮ.ਓ.ਯੂ.) 'ਤੇ ਹਸਤਾਖਰ ਕੀਤੇ ਗਏ।ਇਸ ਮੌਕੇ ਪ੍ਰਧਾਨ ਸੰਜੀਵ ਅਰੋੜਾ ਨੇ ਦੱਸਿਆ ਕਿ ਇਸ ਸਮਝੌਤੇ ਦਾ ਮਕਸਦ ਦੋਵੇਂ ਪੱਖਾਂ ਵੱਲੋਂ ਲੋਕਾਂ ਨੂੰ ਨੇਤਰ ਦਾਨ ਪ੍ਰਤੀ ਜਾਗਰੂਕ ਕਰਨਾ ਹੈ ਅਤੇ ਸਮੇਂ-ਸਮੇਂ ਤੇ ਕਾਲਜ ਵਿੱਚ ਸੈਮੀਨਾਰਾਂ ਦਾ ਆਯੋਜਨ ਕਰਕੇ ਲੋਕਾਂ ਨੂੰ ਨੇਤਰ ਦਾਨ ਦੇ ਮਹੱਤਵ ਬਾਰੇ ਜਾਣੂ ਕਰਨਾ ਹੈ।ਕਿਉਂਕਿ ਦੇਸ਼ ਵਿੱਚ ਕੌਰਨੀਅਲ ਅੰਧੇਪਨ ਨਾਲ ਪੀੜਤ ਮਰੀਜ਼ਾਂ ਦੀ ਗਿਣਤੀ ਬਹੁਤ ਵੱਧ ਹੈ ਪਰ ਕੌਰਨੀਆ ਦੀ ਕਲੈਕਸ਼ਨ ਘੱਟ ਹੈ।ਇਸ ਲਈ ਜਾਗਰੂਕਤਾ ਬਹੁਤ ਜ਼ਰੂਰੀ ਹੈ। ਅਰੋੜਾ ਜੀ ਨੇ ਕਿਹਾ ਕਿ ਦੋਵੇਂ ਪੱਖ ਅੱਖਾਂ ਦੀਆਂ ਬਿਮਾਰੀਆਂ ਅਤੇ ਉਨ੍ਹਾਂ ਦੇ ਇਲਾਜ ਸੰਬੰਧੀ ਖੋਜ ਦੇ ਕੰਮ ਨੂੰ ਉਤਸ਼ਾਹਿਤ ਕਰਨਗੇ ਅਤੇ ਅੱਖ ਦਾਨ ਦੇ ਕੰਮ ਨਾਲ ਜੁੜੀਆਂ ਆਈ ਬੈਂਕਾਂ ਅਤੇ ਸਮਾਜਿਕ ਸੰਸਥਾਵਾਂ ਨੂੰ ਪੂਰਾ ਸਹਿਯੋਗ ਦੇਣ ਲਈ ਹਮੇਸ਼ਾ ਯਤਨਸ਼ੀਲ ਰਹਿਣਗੇ। ਮੀਟਿੰਗ ਦੌਰਾਨ ਪ੍ਰਿੰਸੀਪਲ ਡਾ. ਰਾਜੀਵ ਕੁਮਾਰ ਨੇ ਕਿਹਾ ਕਿ ਕਾਲਜ ਦੇ ਪ੍ਰਾਂਗਣ ਵਿੱਚ ਅੱਖ ਦਾਨ ਸੰਬੰਧੀ ਜੋ ਵੀ ਪ੍ਰੋਗਰਾਮ ਕੀਤਾ ਜਾਵੇਗਾ, ਉਸ ਵਿੱਚ ਰੋਟਰੀ ਆਈ ਬੈਂਕ ਦਾ ਪੂਰਾ ਸਹਿਯੋਗ ਰਹੇਗਾ। ਜਲਦ ਹੀ ਕਾਲਜ ਵਿੱਚ ਨੇਤਰ ਦਾਨ ਦੇ ਵਿਸ਼ੇ 'ਤੇ ਵਿਦਿਆਰਥੀਆਂ ਨੂੰ ਜਾਗਰੂਕ ਕਰਨ ਲਈ ਨਾਟਕ ਦੇ ਰੂਪ ਵਿੱਚ ਪ੍ਰੋਗਰਾਮ ਕਰਵਾਏ ਜਾਣਗੇ ਅਤੇ ਕਾਲਜ ਪ੍ਰਾਂਗਣ ਵਿੱਚ ਫ਼ਲੈਕਸ ਬੋਰਡ ਲਗਾ ਕੇ ਵੀ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ ਜਾਵੇਗਾ। ਇਸ ਮੌਕੇ ਸੁਸਾਇਟੀ ਦੇ ਚੇਅਰਮੈਨ ਜੇ ਬੀ ਬਹਲ ਨੇ ਅੱਖ ਦਾਨ ਸੰਬੰਧੀ ਵਿਸਤਾਰ ਨਾਲ ਜਾਣਕਾਰੀ ਦਿੱਤੀ। ਇਸ ਮੌਕੇ ਡਾ. ਸ਼ੁਚੀ ਸ਼ਰਮਾ, ਪ੍ਰੋ. ਨਿਤਿਨ ਨੈਯਰ, ਪ੍ਰੋ. ਮੇਜਰ ਮੁਹੰਮਦ ਅਤੇ ਸੋਸਾਇਟੀ ਵੱਲੋਂ ਮਦਨ ਲਾਲ ਮਹਾਜਨ, ਸ਼ਾਖਾ ਬੱਗਾ, ਕ੍ਰਿਸ਼ਨ ਕਿਸ਼ੋਰ ਵੀ ਹਾਜ਼ਰ ਸਨ।




# ਅਧਿਆਪਕ ਦਿਵਸ 'ਤੇ ਐੱਨ ਪੀ ਐੱਸ ਕਰਮਚਾਰੀ ਕਰਨਗੇ ਭੁੱਖ ਹੜਤਾਲ

**ਜਲੰਧਰ (ਰਾਜੇਸ਼ ਥਾਪਾ)** ਨੈਸ਼ਨਲ ਮੂਵਮੈਂਟ ਫਾਰ ਓਲਡ ਪੈਨਸ਼ਨ ਸਕੀਮ ਦੇ ਸੱਦੇ 'ਤੇ ਪੰਜ ਸਤੰਬਰ ਨੂੰ ਅਧਿਆਪਕ ਦਿਵਸ 'ਤੇ ਪੁਰਾਣੀ ਪੈਨਸ਼ਨ ਬਹਾਲ ਸੰਘਰਸ਼ ਕਮੇਟੀ ਤੇ ਸੀ ਪੀ ਐਫ ਕਰਮਚਾਰੀ ਯੂਨੀਅਨ ਸਾਂਝੇ ਤੌਰ 'ਤੇ ਜ਼ਿਲ੍ਹਾ ਹੈੱਡਕੁਆਰਟਰਾਂ ਤੇ ਪੁਰਾਣੀ ਪੈਨਸ਼ਨ ਦੀ ਮੰਗ ਨੂੰ ਲੈ ਕੇ ਇੱਕ ਰੋਜ਼ਾ ਭੁੱਖ ਹੜਤਾਲ 5 ਸਤੰਬਰ ਨੂੰ ਅਧਿਆਪਕ ਤੇ ਕਰਮਚਾਰੀ ਬੈਠਣਗੇ। ਉਨ੍ਹਾ ਕਿਹਾ ਜੇਕਰ ਸਾਡੀ ਮੰਗ ਨੂੰ ਅਣਗੌਲਿਆ ਤਾਂ 25 ਨਵੰਬਰ ਨੂੰ ਕੀਤਾ ਜਾਵੇਗਾ ਦਿੱਲੀ ਕੂਚ।ਇਸ ਬਾਰੇ ਜਾਣਕਾਰੀ ਦਿੰਦਿਆਂ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਜ਼ਿਲ੍ਹਾ ਕਨਵੀਨਰ ਵੇਦ ਰਾਜ ਅਤੇ ਕੋ ਕਨਵੀਨਰ ਦਿਲਬਾਗ ਸਿੰਘ ਨੇ ਦੱਸਿਆ ਕਿ ਕੇਂਦਰ ਅਤੇ ਰਾਜ ਸਰਕਾਰਾਂ ਅਧਿਆਪਕ ਦਿਵਸ ਤੇ ਅਧਿਆਪਕਾਂ ਦੇ ਮਾਨ ਸਨਮਾਨ ਦੇ ਫੋਕੇ ਦਾਅਵੇ ਕਰਦੇ ਹਨ ਪਰ ਅਧਿਆਪਕਾਂ ਦਾ ਮਾਨ ਸਨਮਾਨ ਸਮਾਜਿਕ ਸੁਰੱਖਿਆ ਵਿੱਚ ਹੈ ਜੋ ਕਿ ਰਾਜ ਅਤੇ ਕੇਂਦਰ ਸਰਕਾਰ ਦੋਵੇਂ ਦੇਣ ਤੋਂ ਮੁਨਕਰ ਹਨ।ਜਿੱਥੇ ਰਾਜ ਸਰਕਾਰ ਆਪਣਾ ਤਿੰਨ ਸਾਲ ਪਹਿਲਾਂ ਕੀਤਾ ਪੁਰਾਣੀ ਪੈਨਸ਼ਨ ਬਹਾਲੀ ਦਾ ਨੋਟੀਫਿਕੇਸ਼ਨ ਲਾਗੂ ਕਰਨਾ ਭੁੱਲ ਕੇ ਚੋਣਾਂ ਸਮੇਂ ਪੁਰਾਣੀ ਪੈਨਸ਼ਨ ਬਹਾਲੀ ਦੀ ਦਿੱਤੀ ਗਰੰਟੀ ਤੇ ਕੀਤੇ ਵਾਅਦੇ ਤੋਂ ਮੂੰਹ ਫੇਰ ਲਿਆ ਹੈ ਉੱਥੇ ਦੂਜੇ ਪਾਸੇ ਕੇਂਦਰ ਦੀ ਮੋਦੀ ਸਰਕਾਰ ਕਰਮਚਾਰੀਆਂ ਤੇ ਯੂਪੀਐਸ ਥੋਪ ਕੇ ਉਨ੍ਹਾਂ ਦੀ ਜਮ੍ਹਾਂ ਪੂੰਜੀ ਹੀ ਪੈਨਸ਼ਨ ਦੇ ਰੂਪ ਵਿੱਚ ਪਰੋਸ ਕੇ ਕਾਰਪੋਰੇਟ ਦੀ ਸੇਵਾ ਕਰ ਰਹੀ ਹੈ ।ਜ਼ਿਲ੍ਹਾ ਆਗੂ ਕੁਲਦੀਪ ਵਾਲੀਆ ਬਿਲਗਾ ਨੇ ਕਿਹਾ ਕਿ ਅਧਿਆਪਕ ਦਿਵਸ ਤੇ ਪੂਰੇ ਦੇਸ਼ ਵਿੱਚ ਨਵੀਂ ਪੈਨਸ਼ਨ ਸਕੀਮ ਅਧੀਨ ਆਉਂਦੇ ਅਧਿਆਪਕ ਅਤੇ ਕਰਮਚਾਰੀ ਭੁੱਖ ਹੜਤਾਲ ਤੇ ਬੈਠ ਕੇ ਰਾਜ ਅਤੇ ਕੇਂਦਰ ਸਰਕਾਰ ਨੂੰ ਸਪਸ਼ਟ ਸੰਦੇਸ਼ ਦੇਣਗੇ। ਇਸ ਹੜਤਾਲ ਦੇ ਵਿੱਚ ਪੰਜਾਬ ਦੇ ਸਮੂਹ ਐਨਪੀਐਸ ਕਰਮਚਾਰੀ ਭਾਗ ਲੈਣਗੇ ਤੇ 25 ਨਵੰਬਰ ਨੂੰ ਮੁਲਾਜ਼ਮਾਂ ਵੱਲੋਂ ਦਿੱਲੀ ਕੂਚ ਕੀਤਾ ਜਾਵੇਗਾ।ਇਸ ਮੌਕੇ ਪ੍ਰੇਮ ਖਲਵਾੜਾ, ਕਰਨੈਲ ਫਿਲੌਰ, ਅਮਰਜੀਤ ਭਗਤ, ਸੰਦੀਪ ਰਾਜੋਵਾਲ,ਅਨਿਲ ਸ਼ਰਮਾ, ਕੁਲਵੀਰ ਕੁਮਾਰ,ਬਲਵੀਰ ਸਿੰਘ, ਰਤਨ ਸਿੰਘ , ਰਮਨ ਕੁਮਾਰ, ਰਵਿੰਦਰ ਕੁਮਾਰ, ਪ੍ਰਦੀਪ ਕੁਮਾਰ, ਰਾਕੇਸ਼ ਠਾਕੁਰ, ਮਨਦੀਪ, ਸੁਸ਼ੀਲ ਕੁਮਾਰ, ਰਾਜੇਸ਼ ਭੱਟੀ, ਕਸਤੂਰੀ ਲਾਲ ਆਦਿ ਹਾਜ਼ਰ ਸਨ।




# ਵਧੀਆ ਸੇਵਾਵਾਂ ਲਈ ਹਰੀਸ਼ ਕੁਮਾਰ ਅਰੋੜਾ ਸਨਮਾਨਤ

**ਸ਼ਾਹਕੋਟ (ਗਿਆਨ ਸੈਦਪੁਰੀ)** 79ਵੇਂ ਸੁਤੰਤਰਤਾ ਦਿਵਸ ਸਬੰਧੀ ਕਰਵਾਏ ਗਏ ਸਬ ਡਿਵੀਜ਼ਨ ਪੱਧਰੀ ਸਮਾਗਮ ਦੌਰਾਨ ਐਸ ਡੀ ਐਮ ਸ਼ਾਹਕੋਟ, ਸ਼੍ਰੀਮਤੀ ਸ਼ੁਭੀ ਆਂਗਰਾ ਨੇ ਹਰੀਸ਼ ਕੁਮਾਰ ਅਰੋੜਾ ਸੀ ਐਚ ਟੀ, ਪੰਡੋਰੀ ਖਾਸ ਨੂੰ ਸਿੱਖਿਆ ਦੇ ਖੇਤਰ ਵਿੱਚ ਦਿੱਤੇ ਵਡਮੁੱਲੇ ਯੋਗਦਾਨ ਅਤੇ ਵਧੀਆ ਸੇਵਾਵਾਂ ਲਈ ਪ੍ਰਸ਼ੰਸ਼ਾ ਪੱਤਰ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਹਰੀਸ਼ ਕੁਮਾਰ ਅਰੋੜਾ ਦੇ ਘਰ ਰਮਨ ਗੁਪਤਾ ਪ੍ਰਧਾਨ ਰੈਡ ਰਿਬਨ ਕਲੱਬ ਸ਼ਾਹਕੋਟ, ਪ੍ਰਵੀਨ ਗਰੋਵਰ ਐਮ ਸੀ ਵਾਰਡ ਨੰਬਰ 6, ਮਨਜੀਤ ਸਿੰਘ ਸੱਤਾ ਟਰਾਂਸਪੋਟਰ, ਸੁਰਿੰਦਰ ਵਿੱਗ ਸੀ ਐਚ ਟੀ ਸ਼ਾਹਕੋਟ (ਮੁੰਡੇ), ਵਿਨੀਤ ਕੁਮਾਰ ਬੀ ਪੀ ਈ ਓ ਨਕੋਦਰ - 01, ਰਮੇਸ਼ਵਰ ਚੰਦਰ ਬੀ ਪੀ ਈ ਓ ਲੋਹੀਆਂ ਖਾਸ, ਸਚਿਨ ਕੁਮਾਰ ਨਕੋਦਰ, ਰਜੇਸ਼ ਸ਼ਰਮਾ ਨਕੋਦਰ, ਮੋਹਨ ਲਾਲ ਨਕੋਦਰ, ਸ਼ਿਵਮ ਕੱਕੜ ਵਿਸ਼ੇਸ਼ ਤੌਰ 'ਤੇ ਵਧਾਈ ਦੇਣ ਪਹੁੰਚੇ।



# ਹੜ੍ਹ ਪ੍ਰਭਾਵਤ ਖੇਤਰਾਂ 'ਚ ਕਿਸਾਨਾਂ ਨੂੰ ਪਹਿਲ ਦੇ ਆਧਾਰ 'ਤੇ ਮਿਲਣਗੇ ਬੀਜ ਤੇ ਖਾਦਾਂ : ਖੁੱਡੀਆਂ

**ਕਪੂਰਥਲਾ (ਪ੍ਰੀਤ ਸੰਗੋਜਲਾ)** ਪੰਜਾਬ ਦੇ ਖੇਤੀਬਾੜੀ ਤੇ ਪਸ਼ੂ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਹੈ ਕਿ ਖੇਤੀ ਵਿਭਾਗ ਵੱਲੋਂ ਪੰਜਾਬ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਅੰਦਰ ਅਗਲੀ ਫ਼ਸਲ ਲਈ ਪਹਿਲ ਦੇ ਆਧਾਰ ਉਪਰ ਬੀਜ ਤੇ ਖਾਦਾਂ ਮੁਹੱਈਆ ਕਰਵਾਈਆਂ ਜਾਣਗੀਆਂ ਤਾਂ ਜੋ ਕਿਸਾਨ ਅਗਲੀ ਫਸਲ ਸਮੇਂ ਸਿਰ ਬਿਨਾਂ ਕਿਸੇ ਮੁਸ਼ਕਲ ਦੇ ਬਿਜਾਈ ਕਰ ਸਕਣ । ਇੱਥੇ ਮਾਲ ਮੰਤਰੀ ਹਰਦੀਪ ਸਿੰਘ ਮੁੰਡੀਆਂ ਦੇ ਨਾਲ ਕਪੂਰਥਲਾ ਜ਼ਿਲ੍ਹੇ ਦੇ ਹੜ੍ਹ ਤੋਂ ਪ੍ਰਭਾਵਿਤ ਪਿੰਡਾਂ ਕੰਮੇਵਾਲ ਤੇ ਬਾਗੂਵਾਲ ਦਾ ਦੌਰਾ ਕਰਨ ਮੌਕੇ ਲੋਕਾਂ ਨਾਲ ਗੱਲਬਾਤ ਕਰਦਿਆਂ ਦੋਹਾਂ ਕੈਬਨਿਟ ਮੰਤਰੀਆਂ ਨੇ ਪੰਜਾਬ ਸਰਕਾਰ ਇਸ ਬਿਪਤਾ ਵਿੱਚ ਲੋਕਾਂ ਦੇ ਨਾਲ ਖੜ੍ਹੀ ਹੈ। ਪਸ਼ੂ ਧਨ ਦੀ ਸਿਹਤ ਸੰਭਾਲ ਨੂੰ ਅਹਿਮ ਦੱਸਦਿਆਂ ਸ੍ਰੀ ਖੁੱਡੀਆਂ ਨੇ ਵੈਟਰਨਰੀ ਵਿਭਾਗ ਦੇ ਡਿਪਟੀ ਡਾਇਰੈਕਟਰ ਨੂੰ ਨਿਰਦੇਸ਼ ਦਿੱਤੇ ਕਿ ਹੜ੍ਹ ਪ੍ਰਭਾਵਿਤ ਖੇਤਰਾਂ ਅੰਦਰ ਪਸ਼ੂ ਧਨ ਦੀ ਲਗਾਤਾਰ ਸਿਹਤ ਜਾਂਚ ਯਕੀਨੀ ਬਣਾਈ ਜਾਵੇ । ਉਨ੍ਹਾਂ ਕਿਹਾ ਕਿ ਪੰਜਾਬ ਭਰ ਵਿੱਚ ਵੈਟਰਨਰੀ ਡਾਕਟਰਾਂ ਨੂੰ ਕਿਸ਼ਤੀਆਂ ਰਾਹੀਂ ਪ੍ਰਭਾਵਿਤ ਖੇਤਰਾਂ ਅੰਦਰ ਜਾ ਕੇ ਪਸ਼ੂਆਂ ਦੀ ਸਿਹਤ ਜਾਂਚ ਕਰਨ ਤੇ ਲੋੜ ਅਨੁਸਾਰ ਟੀਕਾਕਰਣ ਕਰਨ ਲਈ ਕਿਹਾ ਗਿਆ ਹੈ । ਦੋਹਾਂ ਮੰਤਰੀਆਂ ਨੇ ਲੋਕਾਂ ਵੱਲੋਂ ਪਿੰਡਾਂ ਨੂੰ ਹੜ੍ਹ ਤੋਂ ਬਚਾਉਣ ਲਈ ਰਿੰਗ ਬੰਨ੍ਹ ਬਣਾਉਣ ਦੀ ਮੰਗ ਕੇ ਤੁਰੰਤ ਡਿਪਟੀ ਕਮਿਸ਼ਨਰ ਕਪੂਰਥਲਾ ਤੇ ਡਰੇਨਜ ਵਿਭਾਗ ਦੇ ਅਧਿਕਾਰੀਆਂ ਨੂੰ ਡਿਟੇਲ ਪ੍ਰਾਜੈਕਟ ਰਿਪੋਰਟ ਸੌਂਪਣ ਲਈ ਕਿਹਾ ਗਿਆ । ਇਸ ਮੌਕੇ ਹਲਕਾ ਇੰਚਾਰਜ ਕਪੂਰਥਲਾ ਐਡਵੋਕੇਟ ਕਰਮਬੀਰ ਸਿੰਘ ਚੰਦੀ, ਜਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸਰਬਜੀਤ ਸਿੰਘ ਲੁਬਾਣਾ , ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਤੇ ਸੁਲਤਾਨਪੁਰ ਲੋਧੀ ਦੇ ਹਲਕਾ ਇੰਚਾਰਜ ਸੱਜਣ ਸਿੰਘ ਚੀਮਾ , ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ, ਐਸ ਐਸ ਪੀ ਗੌਰਵ ਤੂਰਾ , ਵਧੀਕ ਡਿਪਟੀ ਕਮਿਸ਼ਨਰ ਨਵਨੀਤ ਕੌਰ ਬੱਲ, ਮੁੱਖ ਖੇਤੀਬਾੜੀ ਅਫ਼ਸਰ ਡਾ ਐਚ ਪੀ ਐਸ ਭਰੋਤ , ਡਿਪਟੀ ਡਾਇਰੈਕਟਰ ਡਾ ਆਰ ਪੀ ਸਿੰਘ ਤੇ ਹੋਰ ਹਾਜ਼ਰ ਸਨ ।

# ਨੀਲੋਂ ਮਾਰਗ 'ਚ ਪਏ ਟੋਇਆਂ ਕਾਰਨ ਵਾਪਰ ਰਹੇ ਹਾਦਸੇ

**ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੌਬੀ)** ਪਿਛਲੇ ਕੁੱਝ ਸਮੇਂ ਦੌਰਾਨ ਬਣੇ ਚਮਕੌਰ ਸਾਹਿਬ-ਰੂਪਨਗਰ ਸੜਕ ਦੀ ਹਾਲਤ ਬਦ ਤੋਂ ਬਦਤਰ ਹੋਣ ਕਾਰਨ ਹਾਦਸਿਆਂ ਦਾ ਡਰ ਬਣ ਗਿਆ ਹੈ।ਇਸ ਦੇ ਨਾਲ ਹੀ ਚਮਕੌਰ ਸਾਹਿਬ ਤੋਂ ਨੀਲੋਂ ਮਾਰਗ ਦੀ ਹਾਲਤ ਵੀ ਬਹੁਤ ਮਾੜੀ ਹੋਣ ਕਰਕੇ ਕਈ ਹਾਦਸੇ ਵਾਪਰ ਚੁੱਕੇ ਹਨ, ਪਰ ਸਬੰਧਤ ਵਿਭਾਗ ਕੁੰਭਕਰਨੀ ਨੀਂਦ ਸੁੱਤਾ ਪਿਆ ਹੈ।ਚਮਕੌਰ ਸਿੰਘ-ਰੂਪਨਗਰ ਸੜਕ 'ਤੇ ਬੰਦ ਪਏ ਟੋਲ ਪਲਾਜੇ ਕੋਲ ਵੱਡਾ ਟੋਆ ਪੈ ਚੁੱਕਾ ਹੈ ਅਤੇ ਇਸ ਸੜਕ 'ਤੇ ਥੀਮ ਪਾਰਕ ਨੇੜੇ ਵੀ ਵੱਡੇ ਟੋਏ ਪੈ ਚੁੱਕੇ ਹਨ। ਜ਼ਿਕਰਯੋਗ ਹੈ ਕਿ ਉਕਤ 12 ਕਿਲੋਮੀਟਰ ਸੜਕ 'ਤੇ ਬਹੁਤਾਤ ਟੋਟੇ ਪੈਣ ਕਾਰਨ ਜਿੱਥੇ ਰਾਹਗੀਰ ਪ੍ਰੇਸ਼ਾਨ ਹੁੰਦੇ ਹਨ, ਉੱਥੇ ਸੜਕ ਨਿਰਮਾਣ ਕੰਪਨੀ ਅਤੇ ਸਬੰਧਤ ਵਿਭਾਗ ਤੇ ਸਵਾਲੀਆ ਚਿੰਨ੍ਹ ਲੱਗ ਰਹੇ ਹਨ।ਇਹ ਸੜਕ ਕੁੱਝ ਸਮਾਂ ਪਹਿਲਾ ਹੀ ਬਣੀ ਸੀ, ਜੋ ਕਿ ਥੋੜੀ ਦੇਰ ਬਾਅਦ ਹੀ ਟੁੱਟਣੀ ਸ਼ੁਰੂ ਹੋ ਗਈ। ਉਸ ਤੋਂ ਬਾਅਦ ਵਿਭਾਗ ਵੱਲੋਂ ਸੜਕ ਤੇ ਪੈਚ ਵਰਕ ਲਗਾ ਕੇ ਬੁੱਤਾ ਸਾਰ ਦਿੱਤਾ ਗਿਆ। ਹੁਣ ਇਸ ਸੜਕ ਤੇ ਪਏ ਡੂੰਘੇ ਟੋਏ ਕਿਸੇ ਸਮੇਂ ਵੀ ਵੱਡੇ ਹਾਦਸੇ ਦਾ ਕਾਰਨ ਬਣ ਸਕਦੇ ਹਨ। ਬਰਸਾਤ ਹੋਣ ਕਾਰਨ ਸੜਕ ਤੇ ਇਨ੍ਹਾਂ ਖੱਡਿਆਂ ਵਿੱਚ ਪਾਣੀ ਭਰ ਜਾਣ ਤੇ ਸੜਕ ਦਾ ਪਤਾ ਨਾ ਲੱਗਣ ਕਾਰਨ ਕਈ ਦੋ ਪਹੀਆ ਵਾਹਨ ਹਾਦਸੇ ਦਾ ਸ਼ਿਕਾਰ ਵੀ ਹੋ ਚੁੱਕੇ ਹਨ। ਇੱਥੇ ਹੀ ਬਸ ਨਹੀ ਨੀਲੋਂ ਸੜਕ ਦਾ ਵੀ ਇਹੋ ਹਾਲ ਹੈ ਜੋ ਕਿ ਦੋ ਸਾਲਾਂ ਤੋਂ ਮੰਦੀ ਹਾਲਤ ਕਾਰਨ ਸਬੰਧਤ ਵਿਭਾਗ ਨੂੰ ਕੋਸ ਰਹੀ ਹੈ। ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਅਮਨਦੀਪ ਸਿੰਘ ਮਾਂਗਟ, ਕਿਸਾਨ ਆਗੂ ਭਾਈ ਪਰਮਿੰਦਰ ਸਿੰਘ ਸੇਖੋਂ, ਅਕਾਲੀ ਆਗੂ ਬਲਦੇਵ ਸਿੰਘ ਹਾਫਿਜ਼ਾਬਾਦ ਸਾਬਕਾ ਚੇਅਰਮੈਨ ਪਰਮਜੀਤ ਸਿੰਘ ਖੇੜੀ ਅਤੇ ਜਤਿੰਦਰਪਾਲ ਸਿੰਘ ਜਿੰਦੂ ਨੇ ਦੱਸਿਆ ਕਿ ਉਕਤ ਸੜਕ ਤੋਂ ਇਲਾਵਾ ਚਮਕੌਰ ਸਾਹਿਬ ਤੋਂ ਪਿੰਡ ਸੰਧੂਆਂ, ਪਿੰਡ ਭੂਰੜੇ, ਲੁਠੇੜੀ ਤੋਂ ਪਿੰਡ ਕਾਲੇਮਾਜਰਾ ਅਤੇ ਕਸਬਾ ਬੇਲਾ ਵਿਖੇ ਮੇਨ ਗੇਟ ਕੋਲ ਸਮੇਤ ਹਲਕੇ ਦੇ ਪਿੰਡਾਂ ਦੀਆਂ ਬਹੁਤਾਤ ਲਿੰਕ ਸੜਕਾਂ ਦਾ ਬਹੁਤ ਬੁਰਾ ਹਾਲ ਹੈ ਜੋ ਕਿ ਥਾਂ - ਥਾਂ ਤੋਂ ਟੁੱਟਣ ਕਾਰਨ ਸਾਇਕਲ ਸਵਾਰ ਵੀ ਨਹੀ ਲੰਘ ਸਕਦਾ। ਉਨ੍ਹਾਂ ਦੱਸਿਆ ਕਿ ਹਲਕੇ ਦੇ ਪਿੰਡਾਂ ਵਿਚਲੀਆਂ ਸੜਕਾਂ ਦੀ ਮੁਰੰਮਤ ਮੌਜੂਦਾ ਸਰਕਾਰ ਵੱਲੋਂ ਹਾਲੇ ਤੱਕ ਕਰਵਾਈ ਹੀ ਨਹੀ ਗਈ, ਜਿਸ ਕਾਰਨ ਲੋਕ ਪ੍ਰੇਸ਼ਾਨ ਹੋ ਰਹੇ ਹਨ। ਉਕਤ ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਚਮਕੌਰ ਸਾਹਿਬ - ਨੀਲੋਂ - ਰੂਪਨਗਰ ਸੜਕ ਸਮੇਤ ਹਲਕੇ ਦੇ ਪਿੰਡਾਂ ਵਿਚਲੀਆਂ ਸੜਕਾਂ ਨੂੰ ਤੁਰੰਤ ਬਣਾਉਣ ਲਈ ਸਬੰਧਤ ਵਿਭਾਗ ਨੂੰ ਹਦਾਇਤਾਂ ਜਾਰੀ ਕੀਤੀਆਂ ਜਾਣ ਤਾਂ ਜੋ ਕਿ ਕੋਈ ਹਾਦਸਾ ਵਾਪਰ ਨਾ ਸਕੇ।




# 'ਖੇਡਾਂ ਵਤਨ ਪੰਜਾਬ ਦੀਆਂ' ਦੇ ਪ੍ਰਬੰਧਾਂ ਦੀ ਏ ਡੀ ਸੀ ਨੇ ਕੀਤੀ ਸਮੀਖਿਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਵਧੀਕ ਡਿਪਟੀ ਕਮਿਸ਼ਨਰ (ਜ) ਨਿਕਾਸ ਕੁਮਾਰ ਨੇ ਪੰਜਾਬ ਸਰਕਾਰ ਵੱਲੋਂ ਖੇਡਾਂ ਅਤੇ ਨੌਜਵਾਨਾਂ ਨੂੰ ਉਤਸ਼ਾਹਿਤ ਕਰਨ ਲਈ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ 'ਖੇਡਾਂ ਵਤਨ ਪੰਜਾਬ ਦੀਆਂ' ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਇਸ ਨਾਲ ਸਬੰਧਤ ਸਮਾਗਮ 3 ਸਤੰਬਰ ਨੂੰ ਲਾਜਵੰਤੀ ਮਲਟੀਪਰਪਜ਼ ਆਊਟਡੋਰ ਸਟੇਡੀਅਮ, ਹੁਸ਼ਿਆਰਪੁਰ ਵਿਖੇ ਬਹੁਤ ਉਤਸ਼ਾਹ ਅਤੇ ਜੋਸ਼ ਨਾਲ ਕਰਵਾਇਆ ਜਾਵੇਗਾ। ਵਧੀਕ ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਢੁੱਕਵੇਂ ਪ੍ਰਬੰਧ ਯਕੀਨੀ ਬਣਾਏ ਜਾਣ ਅਤੇ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਤੋਂ ਬਚਿਆ ਜਾਵੇ। ਮੀਟਿੰਗ ਦੌਰਾਨ ਵੱਖ-ਵੱਖ ਕਾਰਜਾਂ ਨੂੰ ਸੁਚਾਰੂ ਢੰਗ ਨਾਲ ਪੂਰਾ ਕਰਨ ਲਈ ਵੱਖ-ਵੱਖ ਕਮੇਟੀਆਂ ਦਾ ਗਠਨ ਕੀਤਾ ਗਿਆ। ਹਰੇਕ ਕਮੇਟੀ ਨੂੰ ਇੱਕ ਖਾਸ ਜ਼ਿੰਮੇਵਾਰੀ ਸੌਂਪੀ ਗਈ ਹੈ, ਜਿਸ ਵਿਚ ਖੇਡ ਮੁਕਾਬਲਿਆਂ ਦੇ ਪ੍ਰਬੰਧ, ਸੱਭਿਆਚਾਰਕ ਪ੍ਰੋਗਰਾਮ ਕਰਵਾਉਣਾ, ਮਹਿਮਾਨਾਂ ਦਾ ਸਵਾਗਤ ਕਰਨਾ, ਸੁਰੱਖਿਆ ਪ੍ਰਬੰਧ, ਟ੍ਰੈਫਿਕ ਕੰਟਰੋਲ, ਡਾਕਟਰੀ ਸਹੂਲਤਾਂ, ਪੀਣ ਵਾਲੇ ਪਾਣੀ ਅਤੇ ਸਫਾਈ ਨਾਲ ਸਬੰਧਤ ਪ੍ਰਬੰਧ ਸ਼ਾਮਲ ਹਨ। ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਾਰੇ ਅਧਿਕਾਰੀ ਆਪਣੀ ਡਿਊਟੀ ਇਮਾਨਦਾਰੀ ਅਤੇ ਲਗਨ ਨਾਲ ਨਿਭਾਉਣ।



29-AUG-PAGE-10.qxd 8/28/2025 9:28 PM Page 1



## ਐੱਨ ਡੀ ਆਰ ਐੱਫ ਨੇ ਡਾਕਟਰਾਂ ਨੂੰ ਆਫਤ ਪ੍ਰਬੰਧਨ ਦੀ ਦਿੱਤੀ ਸਿਖਲਾਈ



**ਮਾਲੇਰਕੋਟਲਾ (ਅਸਗਰ ਪਰਹਾਰ)**-ਪੰਜਾਬ ਸਰਕਾਰ ਦੀਆਂ ਹਦਾਇਤਾਂ 'ਤੇ ਹੜ੍ਹ ਅਤੇ ਜ਼ਿਆਦਾ ਬਰਸਾਤ ਕਾਰਨ ਪੈਦਾ ਹੋਣ ਵਾਲੇ ਅਣਸੁਖਾਵੇਂ ਹਾਲਾਤਾਂ ਨਾਲ ਨਜਿੱਠਣ ਲਈ ਰਾਸ਼ਟਰੀ ਆਫ਼ਤ ਪ੍ਰਤੀਕਿਰਿਆ ਬਲ ਤੋਂ ਨੀਰਜ ਕੁਮਾਰ ਯਾਦਵ ਵੱਲੋਂ ਸਰਕਾਰੀ ਹਸਪਤਾਲ ਵਿਖੇ ਡਾਕਟਰਾਂ ਨੂੰ ਆਫ਼ਤ ਪ੍ਰਬੰਧਨ ਦੀ ਵਿਸ਼ੇਸ਼ ਸਿਖਲਾਈ ਦਿੱਤੀ ਗਈ।ਸਿਵਲ ਸਰਜਨ ਡਾ. ਸੰਜੇ ਗੋਇਲ ਦੀ ਅਗਵਾਈ ਵਿੱਚ ਹੋਈ ਟ੍ਰੇਨਿੰਗ ਦਾ ਮੁੱਖ ਉਦੇਸ਼ ਡਾਕਟਰਾਂ ਨੂੰ ਹੜ੍ਹ ਵਰਗੀਆਂ ਸਥਿਤੀਆਂ ਵਿੱਚ ਤੁਰੰਤ ਅਤੇ ਪ੍ਰਭਾਵਸ਼ਾਲੀ ਮੈਡੀਕਲ ਸਹਾਇਤਾ ਪ੍ਰਦਾਨ ਕਰਨ ਲਈ ਤਿਆਰ ਕਰਨਾ ਹੈ।ਟ੍ਰੇਨਿੰਗ ਦੌਰਾਨ ਐੱਨ.ਡੀ.ਆਰ.ਐੱਫ. ਮਾਹਰਾਂ ਨੇ ਹੜ੍ਹ ਪ੍ਰਭਾਵਤ ਖੇਤਰਾਂ ਵਿੱਚ ਫੈਲਣ ਵਾਲੀਆਂ ਬਿਮਾਰੀਆਂ ਜਿਵੇਂ ਹੈਜ਼ਾ, ਟਾਈਫਾਈਡ ਤੇ ਮਲੇਰੀਆ ਦੀ ਰੋਕਥਾਮ ਅਤੇ ਇਲਾਜ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ।ਉਨ੍ਹਾਂ ਦੱਸਿਆ ਕਿ ਇਹ ਸਿਖਲਾਈ ਸਿਹਤ ਵਿਭਾਗ ਤੇ ਐੱਨ.ਡੀ.ਆਰ.ਐੱਫ. ਵਿਚਕਾਰ ਬਿਹਤਰ ਤਾਲਮੇਲ ਸਥਾਪਤ ਕਰਨ ਵਿੱਚ ਮਹੱਤਵਪੂਰਨ ਸਾਬਤ ਹੋਵੇਗਾ।ਟ੍ਰੇਨਿੰਗ ਦੌਰਾਨ ਡਾਕਟਰਾਂ, ਜ਼ਖ਼ਮੀਆਂ ਦੀਆਂ ਸੱਟਾਂ ਅਤੇ ਸੱਟਾਂ ਦੇ ਇਲਾਜ ਦੇ ਤਰੀਕਿਆਂ ਬਾਰੇ ਵੀ ਦੱਸਿਆ ਗਿਆ।ਇਸ ਸਿਖਲਾਈ ਦੌਰਾਨ ਪਾਣੀ ਵਿੱਚ ਡੁੱਬਣ ਤੋਂ ਬਾਅਦ ਮਰੀਜ਼ ਨੂੰ ਸਥਿਰ ਕਰਨ ਤੇ ਮੁੱਢਲੀ ਡਾਕਟਰੀ ਸਹਾਇਤਾ ਦੇਣ ਦੇ ਤਰੀਕਿਆਂ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ।ਐੱਨ.ਡੀ.ਆਰ.ਐੱਫ. ਦੇ ਅਧਿਕਾਰੀਆਂ ਨੇ ਦੱਸਿਆ ਕਿ ਇਸ ਟ੍ਰੇਨਿੰਗ ਦਾ ਮਕਸਦ ਸਿਹਤ ਸੇਵਾਵਾਂ ਨੂੰ ਆਫਤ ਦੀ ਸਥਿਤੀ ਵਿੱਚ ਵਧੇਰੇ ਸੁਚਾਰੂ ਬਣਾਉਣਾ ਹੈ ਤਾਂ ਜੁ ਮਨੁੱਖੀ ਜਾਨਾਂ ਨੂੰ ਬਚਾਇਆ ਜਾ ਸਕੇ।ਇਹ ਪਹਿਲਕਦਮੀ ਆਫ਼ਤਾਂ ਦੌਰਾਨ ਜਾਨ-ਮਾਲ ਦੀ ਰਾਖੀ ਲਈ ਇੱਕ ਮਿਸਾਲੀ ਕਦਮ ਹੈ।

# ਕਿਸਾਨਾਂ ਨੇ ਖੁਦ ਖੋਲ੍ਹਿਆ ਮੋਮੀਆਂ ਡਰੇਨ ਦਾ ਖਰਾਬ ਗੇਟ

### ਅਧਿਕਾਰੀਆਂ ਦੇ ਭਲਵਾਨੀ ਗੇੜੇ ਤੋਂ ਲੋਕ ਔਖੇ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਹਲਕਾ ਸ਼ੁਤਰਾਣਾ ਵਿੱਚ ਪਿਛਲੇ ਦਿਨਾਂ ਵਿੱਚ ਪਏ ਦੋ ਭਾਰੀ ਮੀਂਹਾਂ ਮਗਰੋਂ ਕਈ ਪਿੰਡਾਂ ਵਿੱਚ ਨੀਵੀਆਂ ਥਾਵਾਂ ਉੱਤੇ ਪਾਣੀ ਭਰ ਜਾਣ ਕਰਕੇ ਲੋਕਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਜਿਸ ਦੇ ਚਲਦਿਆਂ ਇਲਾਕੇ ਦੇ ਲੋਕਾਂ ਨੂੰ ਹੜ੍ਹਾਂ ਤੋਂ ਨਿਜਾਤ ਦੇਣ ਲਈ ਬਣਾਈ ਗਈ ਮੋਮੀਆ ਡਰੇਨ ਦਾ ਪਾਣੀ ਘੱਗਰ ਦਰਿਆ ਵਿੱਚ ਸੁੱਟਣ ਲਈ ਲਗਾਏ ਗਏ ਗੇਟ ਨੂੰ ਲੋਕਾਂ ਨੇ ਖੁਦ ਖੋਲ੍ਹ ਦਿੱਤਾ।ਖਰਾਬ ਪਏ ਇਸ ਗੇਟ ਨੂੰ ਕਿਸਾਨਾਂ ਨੂੰ ਚੇਨ ਕੁੱਪੀਆਂ ਟੁੱਟਣ ਮਗਰੋਂ ਵੱਡੀ ਹੈਡਰੇ ਮਸ਼ੀਨ ਮੰਗਵਾ ਕੇ ਖੋਲ੍ਹਣਾ ਪਿਆ, ਜਦਕਿ ਡ੍ਰੇਨੇਜ ਵਿਭਾਗ ਦੇ ਅਧਿਕਾਰੀ ਭਲਵਾਨੀ ਗੇੜਾ ਮਾਰਨ ਉਪਰੰਤ ਤੁਰਦੇ ਬਣੇ।ਇਸ ਤੋਂ ਪਹਿਲਾਂ ਐੱਸ ਡੀ ਐੱਮ ਪਾਤੜਾਂ ਅਸ਼ੋਕ ਕੁਮਾਰ ਤੇ ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਖਰਾਬ ਹੋਏ ਗੇਟਾਂ ਨੂੰ ਖੁੱਲ੍ਹਵਾਉਣ ਦਾ ਭਰੋਸਾ ਦਿੱਤਾ ਸੀ, ਪਰ ਗੇਟ ਨਾ ਖੁੱਲ੍ਹਣ ਕਾਰਨ ਗੁੱਸੇ ਵਿੱਚ ਆਏ ਲੋਕਾਂ ਨੇ ਖੁਦ ਮਸ਼ੀਨ ਮੰਗਾ ਕੇ ਗੇਟ ਖੋਲ੍ਹ ਦਿੱਤੇ।

ਪ੍ਰਭਾਵਿਤ ਪਿੰਡਾਂ ਦੇ ਕਿਸਾਨਾਂ ਸਤਪਾਲ ਸਿੰਘ, ਅਜੈਬ ਸਿੰਘ, ਸੰਤੋਖ ਸਿੰਘ, ਯੁਵਰਾਜ ਸਿੰਘ ਬਾਠ, ਤਰਲੋਕ ਸਿੰਘ ਆਦਿ ਕਿਸਾਨਾਂ ਨੇ ਦੱਸਿਆ ਕਿ ਪਿਛਲੇ ਤਿੰਨ ਦਿਨਾਂ ਤੋਂ ਨੱਕੋ ਨੱਕ ਭਰ ਕੇ ਚੱਲ ਰਹੀ ਮੋਮੀਆਂ ਡਰੇਨ ਦਾ ਖਰਾਬ ਗੇਟ ਖੋਲ੍ਹਣ ਲਈ ਡ੍ਰੇਨੇਜ ਵਿਭਾਗ ਦੇ ਅਧਿਕਾਰੀਆਂ ਦੇ ਤਰਲੇ ਮਾਰੇ ਗਏ, ਪਰ ਅਧਿਕਾਰੀਆਂ ਦੇ ਫੋਕੇ ਲਾਰਿਆਂ ਤੋਂ ਸਿਵਾਏ ਪੱਲੇ ਕੱਖ ਨਹੀਂ ਪਿਆ।ਕਿਸਾਨਾਂ ਨੇ ਦੱਸਿਆ ਕਿ ਦੂਸਰੇ ਪਾਸੇ ਘੱਗਰ ਦਰਿਆ ਦਾ ਪਾਣੀ ਲਗਾਤਾਰ ਵਧ ਰਿਹਾ ਹੈ, ਜਿਸ ਕਰਕੇ ਡਰ ਹੈ ਕਿ ਜੇਕਰ ਦਰਿਆ ਵਿੱਚ ਪਾਣੀ ਦਾ ਪੱਧਰ ਵਧਿਆ ਤਾਂ ਡਰੇਨ ਉਛਲਣ ਮਗਰੋਂ ਬਾਹਰ ਪਾਣੀ ਕੱਢੇਗੀ, ਜਿਸ ਨਾਲ ਕਈ ਪਿੰਡਾਂ ਦਾ ਝੋਨਾ ਡੁੱਬ ਸਕਦਾ ਹੈ।ਇਸ ਲਈ ਹੁਣ ਕਿਸਾਨਾਂ ਵੱਲੋਂ ਆਪਣੇ ਤੌਰ 'ਤੇ ਪਹਿਲਾਂ ਚੇਨ ਕੁਪੀਆਂ ਨਾਲ ਗੇਟ ਖੋਲ੍ਹਣ ਦੀ ਕੋਸ਼ਿਸ਼ ਕੀਤੀ, ਪਰ ਸਫ਼ਲ ਨਹੀਂ ਹੋਏ। ਉਪਰੰਤ ਖਨੌਰੀ ਤੋਂ ਦਸ ਹਜ਼ਾਰ ਰੁਪਏ ਕਿਰਾਇਆ ਦੇ ਕੇ ਹਾਇਡਰਾ ਮਸ਼ੀਨ ਲਿਆ ਕੇ ਗੇਟ ਖੋਲ੍ਹੇ ਜਾ ਰਹੇ ਹਨ।ਡਰੇਨ ਅਧਿਕਾਰੀਆਂ ਦੇ ਆਉਣ ਸਬੰਧੀ ਉਨ੍ਹਾਂ ਕਿਹਾ ਕਿ ਅਧਿਕਾਰੀਆਂ ਵੱਲੋਂ ਗੇੜਾ ਮਾਰ ਕੇ ਮਹਿਜ ਖ਼ਾਨਾਪੂਰਤੀ ਕੀਤੀ ਗਈ ਹੈ, ਸਾਨੂੰ ਅਧਿਕਾਰੀਆਂ ਦੇ ਅਜਿਹੇ ਗੇੜੇ ਦਾ ਕੀ ਲਾਭ, ਜਦੋਂ ਸਾਨੂੰ ਡਰੇਨ ਦਾ ਗੇਟ ਖੋਲ੍ਹਣ ਵਾਲੀ ਮਸ਼ੀਨ ਦਾ ਕਿਰਾਇਆ ਪੱਲਿਉਂ ਦੇਣਾ ਪੈਣਾ ਹੈ। ਡਰੇਨ ਖੋਲ੍ਹਣ ਵੇਲੇ ਹਰਦੀਪ ਸਿੰਘ, ਅਵਤਾਰ ਸਿੰਘ, ਪੰਕਜ ਕੁਮਾਰ, ਰਜਿੰਦਰ ਸਿੰਘ, ਭਗਵਾਨ ਸਿੰਘ, ਚਮਕੌਰ ਸਿੰਘ, ਸੁਖਪਾਲ ਸਿੰਘ, ਜਸਮਤ ਰਾਮ, ਨਿਰਮਲ ਸਿੰਘ, ਅਬਲ ਰਾਮ, ਅਮਰੀਕਾ ਸਿੰਘ, ਨਿਰਭੈ ਸਿੰਘ, ਰਾਜ ਸਿੰਘ, ਮਨਜੀਤ ਸਿੰਘ ਆਦਿ ਮੌਜੂਦ ਸਨ।ਇਸ ਦੌਰਾਨ ਐੱਸਡੀਓ ਡ੍ਰੇਨੇਜ ਗੁਲਸ਼ਨ ਕੁਮਾਰ ਨਾਲ ਫੋਨ ਰਾਹੀਂ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ, ਪਰ ਉਨ੍ਹਾਂ ਨੇ ਗੱਲਬਾਤ ਨਹੀਂ ਕੀਤੀ।



ਹੈਡਰੇ ਮਸ਼ੀਨ ਨਾਲ ਮੋਮੀਆ ਡਰੇਨ ਦੇ ਖਰਾਬ ਪਏ ਗੇਟ ਨੂੰ ਖੋਲ੍ਹਦੇ ਹੋਏ ਲੋਕ।

## ਮਾਤਾ ਗੁਜਰੀ ਸਕੂਲ ਗੁਥਮੜਾ ਨੇ ਕਿੱਕ ਬਾਕਸਿੰਗ 'ਚ 9 ਮੈਡਲ ਜਿੱਤੇ



**ਦੇਵੀਗੜ੍ਹ (ਰਾਜਿੰਦਰ ਸਿੰਘ ਥਿੰਦ)**-ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਗੁਥਮੜਾ ਦੀਆਂ ਵਿਦਿਆਰਥਣਾਂ ਨੇ ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਆਯੋਜਿਤ 69ਵੀਆਂ ਗਰਮ ਰੁੱਤ ਜ਼ੋਨਲ ਸਕੂਲ ਪੱਧਰੀ ਖੇਡਾਂ (ਕਿੱਕ ਬਾਕਸਿੰਗ) ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਕਈ ਮੈਡਲ ਆਪਣੇ ਨਾਮ ਕਰ ਲਏ।ਇਹ ਮੁਕਾਬਲੇ ਡਾ. ਬੀ. ਐੱਸ. ਸੰਧੂ ਮੈਮੋਰੀਅਲ ਸਕੂਲ ਜੁਲਾਹਖੇੜੀ ਵਿਖੇ ਕਰਵਾਏ ਗਏ ਸਨ।ਸਕੂਲ ਦੀ ਲੜਕੀਆਂ ਦੀ ਟੀਮ ਨੇ ਅੰਡਰ-14 ਵਿੱਚ 7 ਗੋਲਡ, 2 ਸਿਲਵਰ ਮੈਡਲ (ਕੁੱਲ 9 ਮੈਡਲ) ਜਿੱਤ ਕੇ ਆਪਣੇ ਸਕੂਲ ਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ। ਵਿਦਿਆਰਥੀਆਂ ਦੀ ਇਸ ਉਪਲਬਧੀ 'ਤੇ ਸਕੂਲ ਦੇ ਪ੍ਰੈਜ਼ੀਡੈਂਟ ਮੈਡਮ ਰਵਿੰਦਰ ਕੌਰ, ਡਾਇਰੈਕਟਰ ਭੁਪਿੰਦਰ ਸਿੰਘ, ਪ੍ਰਿੰਸੀਪਲ ਮੈਡਮ ਮਮਤਾ ਮੱਕੜ ਤੇ ਕੋਚ ਹਰਦੀਪ ਕੁਮਾਰ ਨੇ ਸਮੂਹ ਖਿਡਾਰਨਾਂ ਨੂੰ ਮੁਬਾਰਕਬਾਦ ਦਿੰਦਿਆਂ ਉਨ੍ਹਾਂ ਦੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।ਉਨ੍ਹਾਂ ਕਿਹਾ ਕਿ ਇਹ ਜਿੱਤ ਨਾ ਸਿਰਫ਼ ਸਕੂਲ ਦੇ ਨਾਂ ਨੂੰ ਉੱਚਾ ਕਰਦੀ ਹੈ, ਸਗੋਂ ਇਲਾਕੇ ਦੇ ਹੋਰ ਵਿਦਿਆਰਥੀਆਂ ਨੂੰ ਵੀ ਖੇਡਾਂ ਵੱਲ ਉਤਸ਼ਾਹਤ ਕਰੇਗੀ।ਕੋਚ ਹਰਦੀਪ ਕੁਮਾਰ ਨੇ ਦੱਸਿਆ ਕਿ ਟੀਮ ਹੁਣ ਰਾਜ ਪੱਧਰੀ ਮੁਕਾਬਲਿਆਂ ਲਈ ਤਿਆਰੀ ਕਰ ਰਹੀ ਹੈ, ਜਿੱਥੇ ਵੀ ਉਹ ਹੋਰ ਉਚਾਈਆਂ ਹਾਸਲ ਕਰਨ ਲਈ ਉਤਸ਼ਾਹਤ ਹਨ।

## ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਨੇ ਲੋੜਵੰਦ ਮਰੀਜ਼ਾਂ ਨੂੰ ਦਿੱਤੀ ਵਿੱਤੀ ਸਹਾਇਤਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਡਾ. ਐੱਸ ਪੀ ਸਿੰਘ ਓਬਰਾਏ ਦੀ ਯੋਗ ਅਗਵਾਈ ਹੇਠ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੀ ਇਹ ਪਵਿੱਤਰ ਭਾਵਨਾ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਸਿਧਾਂਤਾਂ ਨਾਲ ਸੰਜੋਈ ਪਈ ਹੈ ਤੇ 'ਨਾਨਕ ਨਾਮ ਚੜ੍ਹਦੀ ਕਲਾ ਤੇਰੇ ਭਾਣੇ ਸਰਬੱਤ ਦਾ ਭਲਾ' ਮਹਾਂਵਾਕ ਨਿਰੰਤਰ ਸਾਡੀ ਅਗਵਾਈ ਕਰ ਰਿਹਾ ਹੈ।ਮਨੁੱਖਤਾ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਲੜੀ ਤਹਿਤ ਐੱਸ ਪੀ ਸਿੰਘ ਕੌਮੀ ਪ੍ਰਧਾਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸ੍ਰੀ ਮੁਕਤਸਰ ਸਾਹਿਬ ਵਿਖੇ 18 ਲੋੜਵੰਦ ਮਰੀਜ਼ਾਂ ਨੂੰ ਦਵਾਈਆਂ ਖਰੀਦਣ ਲਈ 20500 ਦੀ ਸਹਾਇਤਾ ਰਾਸ਼ੀ ਦਿੱਤੀ ਗਈ।ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਇਹ ਲੋੜਵੰਦ ਮਰੀਜ਼ ਵੱਖ-ਵੱਖ ਬਿਮਾਰੀਆਂ ਤੋਂ ਪੀੜ੍ਹਤ ਹਨ, ਕੰਮ ਕਰਨ ਤੋਂ ਵੀ ਅਸਮਰਥ ਹਨ, ਘਰੇਲੂ ਮਜਬੂਰੀਆਂ ਕਾਰਨ ਡਾਕਟਰ ਵੱਲੋਂ ਲਿਖੀ ਦਵਾਈ ਖਰੀਦਣ ਤੋਂ ਅਸਮਰਥ ਹਨ।ਇਨ੍ਹਾਂ ਦੀਆਂ ਪਰਚੀਆਂ ਡਾ. ਐੱਸ ਪੀ ਸਿੰਘ ਓਬਰਾਏ ਦੇ ਧਿਆਨ ਵਿੱਚ ਲਿਆਂਦੀਆਂ ਤਾਂ ਉਨ੍ਹਾਂ ਤਰੁੰਤ ਲੋੜੀਂਦੀ ਰਾਸ਼ੀ ਜਾਰੀ ਕੀਤੀ ਤੇ ਸ੍ਰੀ ਮੁਕਤਸਰ ਸਾਹਿਬ ਟੀਮ ਵੱਲੋਂ ਮਰੀਜ਼ਾਂ ਨੂੰ ਦਿੱਤੀ ਗਈ।ਸਹਾਇਤਾ ਰਾਸ਼ੀ ਲੈਣ ਉਪਰੰਤ ਲੋੜਵੰਦਾਂ ਵੱਲੋਂ ਡਾ. ਓਬਰਾਏ ਦਾ ਧੰਨਵਾਦ ਕੀਤਾ ਗਿਆ ਅਤੇ ਕਿਹਾ ਕਿ ਪੈਸੇ ਮਿਲਣ ਉਪਰੰਤ ਦਵਾਈਆਂ ਲੈ ਕੇ ਅਸੀਂ ਆਉਣ ਵਾਲੇ ਸਮੇਂ ਵਿੱਚ ਤੰਦਰੁਸਤ ਹੋਵਾਂਗੇ।

## ਹੋਲੀ ਹਾਰਟ ਸਕੂਲ ਵਿਖੇ ਪੇਂਟਿੰਗ ਮੁਕਾਬਲੇ ਕਰਵਾਏ



**ਅਜੀਤਵਾਲ (ਨਛੱਤਰ ਸੰਧੂ)**-ਇਲਾਕੇ ਦੀ ਪ੍ਰਸਿੱਧ ਵਿਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਵਿਦਿਆਰਥੀਆਂ ਲਈ ਪੇਂਟਿੰਗ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਛੋਟੇ ਤੋਂ ਵੱਡੀਆਂ ਕਲਾਸਾਂ ਤੱਕ ਦੇ ਬੱਚਿਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ।ਮੁਕਾਬਲੇ ਵਿੱਚ ਦਿੱਤੇ ਗਏ ਵਿਸ਼ੇ ਵਾਤਾਵਰਨ, ਦੇਸ਼ ਪ੍ਰੇਮ, ਕੁਦਰਤ ਦੀ ਸੁੰਦਰਤਾ ਤੇ ਸਮਾਜਿਕ ਮੁੱਦਿਆਂ ਨਾਲ ਸੰਬੰਧਤ ਸਨ, ਜਿਸ ਨੂੰ ਬੱਚਿਆਂ ਨੇ ਆਪਣੇ ਵਿਚਾਰਾਂ ਨੂੰ ਰੰਗਾਂ ਰਾਹੀਂ ਕਨਵੈਂਸ ਦੇ ਬੜੇ ਹੀ ਸੁੰਦਰ ਢੰਗ ਨਾਲ ਪ੍ਰਗਟ ਕੀਤਾ। ਸਕੂਲ ਅਧਿਆਪਕਾਂ ਤੇ ਪ੍ਰਬੰਧਕਾਂ ਨੇ ਬੱਚਿਆਂ ਦੇ ਜਜ਼ਬੇ ਦੀ ਪ੍ਰਸੰਸਾ ਕੀਤੀ।ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਮੁਕਾਬਲੇ ਬੱਚਿਆਂ ਵਿੱਚ ਕਲਾ ਪ੍ਰਤੀ ਪਿਆਰ ਪੈਦਾ ਕਰਦੇ ਹਨ ਤੇ ਉਨ੍ਹਾਂ ਅੰਦਰ ਛੁਪੀ ਪ੍ਰਤਿਭਾ ਨੂੰ ਉਭਾਰਦੇ ਹਨ।ਜੇਤੂ ਵਿਦਿਆਰਥੀਆਂ ਨੂੰ ਸਨਮਾਨਤ ਕਰਦੇ ਹੋਏ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਵੀ ਕੀਤੀ ਗਈ।ਇਸ ਮੌਕੇ ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ੍ਰੇਆ ਪਲਤਾ ਤੇ ਸਕੂਲ ਪ੍ਰਿੰਸੀਪਲ ਸਾਕਸ਼ੀ ਗੁਲੇਰੀਆ ਨੇ ਦੱਸਿਆ ਕਿ ਅਜਿਹੇ ਕਾਰਜਕ੍ਰਮ ਬੱਚਿਆਂ ਦੇ ਬਹੁਤ ਪੱਖੀ ਵਿਕਾਸ ਲਈ ਅਤਿਅੰਤ ਜ਼ਰੂਰੀ ਹਨ।ਸਮਾਗਮ ਦੌਰਾਨ ਸਕੂਲ ਦਾ ਮਾਹੌਲ ਰੰਗ ਬਰੰਗੇ ਰੰਗਾਂ ਨਾਲ ਖਿੜਿਆ ਰਿਹਾ ਤੇ ਸਭ ਦੇ ਚਿਹਰਿਆਂ 'ਤੇ ਖੁਸ਼ੀ ਦਿਖਾਈ ਦਿੱਤੀ।

# ਗੁਰਬਚਨ ਸਿੰਘ ਕਾਂਗਰਸ ਪਾਰਟੀ ਦੇ ਬਲਾਕ ਪ੍ਰਧਾਨ ਨਿਯੁਕਤ

### ਪਹਿਲਾਂ ਵੀ ਵੱਖ-ਵੱਖ ਅਹੁਦਿਆਂ 'ਤੇ ਨਿਭਾਅ ਚੁੱਕੇ ਹਨ ਸੇਵਾਵਾਂ

**ਮਮਦੋਟ (ਜਸਬੀਰ ਸਿੰਘ ਕੰਬੋਜ)**-ਕਾਂਗਰਸ ਪਾਰਟੀ ਦੇ ਅਣਥੱਕ, ਨਿਧੜਕ, ਜੁਝਾਰੂ ਟਕਸਾਲੀ ਆਗੂ ਤੇ ਸਾਬਕਾ ਚੇਅਰਮੈਨ ਗੁਰਬਚਨ ਸਿੰਘ ਖਾਰਾ (ਕਾਲਾ ਟਿੱਬਾ) ਨੂੰ ਕਾਂਗਰਸ ਦਾ ਬਲਾਕ ਮਮਦੋਟ ਦਾ ਪ੍ਰਧਾਨ ਬਣਾਏ ਜਾਣ 'ਤੇ ਕਾਂਗਰਸੀ ਖੇਮੇ 'ਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਇਸ ਹੋਈ ਨਿਯੁਕਤੀ ਨਾਲ ਪੂਰੇ ਬਲਾਕ 'ਚ ਕਾਂਗਰਸ ਨੂੰ ਵਧੇਰੇ ਬਲ ਮਿਲੇਗਾ, ਜ਼ਿਲ੍ਹੇ ਭਰ ਦੇ ਵਰਕਰਾਂ ਤੇ ਆਗੂਆਂ ਨੇ ਕਾਂਗਰਸ ਪਾਰਟੀ ਦੇ ਪੰਜਾਬ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਜ਼ਿਲ੍ਹਾ ਪ੍ਰਧਾਨ ਕੁਲਬੀਰ ਸਿੰਘ ਜ਼ੀਰਾ, ਹਲਕਾ ਇੰਚਾਰਜ ਅਮਰਦੀਪ ਸਿੰਘ ਆਸ਼ੂ ਬੰਗੜ ਤੇ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕੀਤਾ ਹੈ।

ਗੁਰਬਚਨ ਸਿੰਘ ਖਾਰਾ (ਕਾਲਾ ਟਿੱਬਾ) ਨੂੰ ਪ੍ਰਧਾਨ ਬਣਾਏ ਜਾਣ 'ਤੇ ਉਨ੍ਹਾਂ ਦੇ ਘਰ ਪਿੰਡ ਕਾਲਾ ਟਿੱਬਾ ਵਿਖੇ ਕਾਂਗਰਸੀ ਵਰਕਰਾਂ ਵੱਲੋਂ ਵਧਾਈ ਦੇਣ ਵਾਲਿਆਂ ਦਾ ਤਾਂਤਾ ਲੱਗਾ ਹੋਇਆ ਹੈ।ਇਨ੍ਹਾਂ ਵਧਾਈ ਦੇਣ ਵਾਲਿਆਂ 'ਚ ਬਲਜੀਤ ਕੌਰ ਬੰਗੜ ਜ਼ਿਲ੍ਹਾ ਮੀਤ ਪ੍ਰਧਾਨ ਫਿਰੋਜ਼ਪੁਰ, ਗੁਰਭੇਜ ਸਿੰਘ ਟਿੱਬੀ, ਡਾਕਟਰ ਕੁਲਦੀਪ ਸਿੰਘ ਧੀਰਾ ਪੱਤਰਾਂ, ਸੀਨੀਅਰ ਵਾਇਸ ਚੇਅਰਮੈਨ ਕਾਂਗਰਸ ਐੱਸ ਸੀ ਡਿਪਾਰਟਮੈਂਟ ਫਿਰੋਜ਼ਪੁਰ, ਸੀਨੀਅਰ ਆਗੂ ਸੁਖਵਿੰਦਰ ਸਿੰਘ ਸ਼ੀਸ਼ਾ ਸੰਧੂ, ਮਨੀਸ਼ ਮਲਹੋਤਰਾ, ਸਾਬਕਾ ਸਰਪੰਚ ਮਲਕੀਤ ਸਿੰਘ ਜਥੇਦਾਰ, ਜਗਸੀਰ ਸਿੰਘ ਖੋਸਾ, ਗੋਪੀ ਔਲਖ, ਬਾਜ਼ ਸਿੰਘ ਐੱਮ ਸੀ ਜ਼ਿਲ੍ਹਾ ਵਾਇਸ ਚੇਅਰਮੈਨ ਐੱਸ ਸੀ ਡਿਪਾਰਟਮੈਂਟ ਫਿਰੋਜ਼ਪੁਰ, ਬਲਾਕ ਪ੍ਰਧਾਨ ਕੰਵਲਪ੍ਰੀਤ ਸਿੰਘ ਗਿੱਲ, ਮਨਪ੍ਰੀਤ ਸਿੰਘ ਭੁੱਲਰ, ਹਰਮਨ ਸਿੰਘ ਸੰਧੂ ਸਾਈਆਂ ਵਾਲਾ, ਇਕਬਾਲ ਸਿੰਘ ਜ਼ਿਲ੍ਹਾ ਵਾਇਸ ਚੇਅਰਮੈਨ ਐਸ ਸੀ ਡਿਪਾਰਟਮੈਂਟ ਫਿਰੋਜ਼ਪੁਰ, ਮਹਿੰਦਰ ਪਾਲ ਗਿੱਲ ਜ਼ਿਲ੍ਹਾ ਜਰਨਲ ਸਕੱਤਰ ਫਿਰੋਜ਼ਪੁਰ, ਜੋਬਨ ਜੀਤ ਧਾਲੀਵਾਲ ਜ਼ਿਲ੍ਹਾ ਸੈਕਟਰੀ, ਚਮਕੌਰ ਸਿੰਘ ਢੀਂਡਸਾ, ਅਮਰਿੰਦਰ ਸਿੰਘ ਟਿੱਕਾ, ਪੁਸ਼ਪਿੰਦਰ ਸਿੰਘ ਸੰਧੂ ਜ਼ਿਲ੍ਹਾ ਜਰਨਲ ਸਕੱਤਰ, ਖੰਡਾ ਸਿੰਘ ਰਾਉ ਕੇ, ਮੁਖਤਿਆਰ ਸਿੰਘ ਮੁੱਖ, ਹੈਰੀ ਜੋਸ਼ਨ, ਬਲਜਿੰਦਰ ਸਿੰਘ ਢਿੱਲੋਂ, ਗੁਰਪ੍ਰੀਤ ਸੋਨੀ ਜ਼ਿਲ੍ਹਾ ਜਰਨਲ ਸਕੱਤਰ ਐੱਸ ਸੀ ਡਿਪਾਰਟਮੈਂਟ ਫਿਰੋਜ਼ਪੁਰ, ਹਰਪਾਲ ਸਿੰਘ ਸਿੱਧੀ, ਕਿੱਕਰ ਸਿੰਘ, ਪਿੱਪਲ ਸਿੰਘ, ਦਾਰਾ ਸਿੰਘ ਸਰਪੰਚ, ਸ਼ਰਮਾ ਸਿੰਘ, ਬਲਕਾਰ ਸਿੰਘ ਬਲਾਕ ਸੰਮਤੀ ਮੈਂਬਰ, ਦਵਿੰਦਰ ਸਿੰਘ ਸੰਧੂ, ਮਨਪ੍ਰੀਤ ਸਿੰਘ ਸਿੱਧੀ, ਗੁਰਮੀਤ ਸਿੰਘ ਛਾਂਗਾ ਖੁਰਦ, ਬਲਜਿੰਦਰ ਸਿੰਘ ਮੱਲੋ ਕੇ, ਵੀਰ ਸਰਪੰਚ, ਕਰਨ ਮਨਚੰਦਾ, ਅਮਿਤਾਬ ਸਿੰਘ ਸੰਧੂ, ਕੁਲਵੰਤ ਸਿੰਘ, ਮੁਖਤਿਆਰ ਸਿੰਘ ਸਰਪੰਚ, ਨਰਿੰਦਰ ਸਿੰਘ ਹਜ਼ਾਰਾਂ ਸਿੰਘ ਵਾਲਾ, ਦਲਜੀਤ ਸਿੰਘ ਬਿੱਟੂ ਵਾਘੇ ਵਾਲਾ, ਦਰਸ਼ਨ ਸਿੰਘ ਸਾਬਕਾ ਸਰਪੰਚ, ਗੁਰਸੇਵਕ ਸਿੰਘ ਭੂਰੇ ਕਲਾਂ, ਸਾਬਕਾ ਜਗਦੀਸ਼ ਸਿੰਘ ਦੀਸ਼ਾ, ਸਾਬਕਾ ਸਰਪੰਚ ਬੱਬਲ ਜੀਤ ਸਿੰਘ, ਦੇਸ ਰਾਜ ਅਹੂਜਾ, ਕਮਲ ਅਗਰਵਾਲ, ਸਾਬਕਾ ਸਰਪੰਚ ਭਗਵੰਤ ਸਿੰਘ ਭੰਗਾਲੀ, ਸਾਬਕਾ ਜਸਵੀਰ ਸਿੰਘ ਕੋਟਲਾ, ਸਾਰਜ ਸਿੰਘ ਸਰਪੰਚ, ਹੈਪੀ ਜਨੇਰ ਤੋਂ ਇਲਾਵਾ ਪੀ ਏ ਤਰਨ ਬੁੱਟਰ ਆਦਿ ਹਾਜ਼ਰ ਸਨ।



## ਨਸ਼ਾ ਤਸਕਰੀ ਦੇ ਦੋਸ਼ਾਂ 'ਚ ਪਰਚਾ ਦਰਜ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸੀਨੀਅਰ ਕਪਤਾਨ ਪੁਲਸ ਬਠਿੰਡਾ, ਕਪਤਾਨ ਪੁਲਸ (ਡੀ) ਬਠਿੰਡਾ ਤੇ ਉਪ ਕਪਤਾਨ ਪੁਲਸ ਸ:ਡ: ਫੂਲ ਦੇ ਦਿਸ਼ਾ ਨਿਰਦੇਸ਼ ਹੇਠ ਥਾਣਾ ਸਿਟੀ ਰਾਮਪੁਰਾ ਦੇ ਐੱਸ.ਆਈ ਬੂਟਾ ਸਿੰਘ ਮੁੱਖ ਅਫਸਰ ਥਾਣਾ ਸਿਟੀ ਰਾਮਪੁਰਾ ਦੀ ਟੀਮ ਨੇ ਨਸ਼ਾ ਤਸਕਰ ਖਿਲਾਫ ਮੁੱਕਦਮਾ ਦਰਜ ਕਰਕੇ ਸਫਲਤਾ ਹਾਸਲ ਕੀਤੀ ਹੈ।ਐੱਸ ਆਈ ਬੂਟਾ ਸਿੰਘ ਮੁੱਖ ਅਫਸਰ ਥਾਣਾ ਸਿਟੀ ਰਾਮਪੁਰਾ ਦੀ ਹਦਾਇਤਾਂ ਪਰ ਮਿਤੀ 26.08.2025 ਨੂੰ ਸ.ਥ ਵਿਜੈ ਕੁਮਾਰ ਸਮੇਤ ਪੁਲਸ ਪਾਰਟੀ ਦੇ ਸ਼ੱਕੀ ਲੋਕਾਂ ਦੇ ਸਬੰਧ ਗਸ਼ਤ ਕਰ ਰਹੇ ਸੀ। ਜਦ ਪੁਲਸ ਪਾਰਟੀ ਨੇੜੇ ਸਪੋਰਟਸ ਕੰਪਲੈਕਸ, ਗਾਂਧੀ ਨਗਰ, ਮੰਡੀ ਰਾਮਪੁਰਾ ਪਾਸ ਪੁੱਜੇ ਤਾਂ ਇੱਕ ਗੱਡੀ ਮਾਰਕਾ DATSUN ਨੰਬਰੀ PB10HQ-1909 ਵਿੱਚ ਇੱਕ ਨੌਜਵਾਨ ਡਰਾਇਵਰ ਸੀਟ ਪਰ ਬੈਠਾ ਲਿਫਾਫੀ ਮੋਮੀ ਪਾਰਦਰਸ਼ੀ ਦੀ ਫਰੋਲਾ ਫਰਾਲੀ ਕਰ ਰਿਹਾ ਸੀ, ਜਿਸ ਨੂੰ ਕਾਬੂ ਕਰ ਕੇ ਨਾਂਅ, ਪਤਾ ਪੁੱਛਿਆ ਤਾਂ ਉਸ ਨੇ ਆਪਣਾ ਨਾਂਅ ਜਗਸੀਰ ਸਿੰਘ ਉਰਫ ਗੋਗਾ ਪੁੱਤਰ ਕਾਲਾ ਸਿੰਘ ਵਾਸੀ ਭਾਈ ਰੂਪਾ ਜ਼ਿਲ੍ਹਾ ਬਠਿੰਡਾ ਦੱਸਿਆ, ਜਿਸ ਪਾਸੋਂ 25 ਗ੍ਰਾਮ ਹੈਰੋਇਨ ਬਰਾਮਦ ਹੋਈ ਹੈ, ਜਿਸ 'ਤੇ ਉਕਤ ਦੋਸ਼ੀ ਖਿਲਾਫ ਮੁਕੱਦਮਾ 144 ਮਿਤੀ 26.08.2025 ਬ/ਪ 212/61/85 ਥਾਣਾ ਸਿਟੀ ਰਾਮਪੁਰਾ ਵਿਖੇ ਦਰਜ ਕੀਤਾ ਗਿਆ ਹੈ।

## ਬਰਨਾਲਾ ਜ਼ਿਲ੍ਹਾ ਚੈੱਸ ਐਸੋਸੀਏਸ਼ਨ ਨੇ ਜ਼ਿਲ੍ਹਾ ਪੱਧਰੀ ਟੂਰਨਾਮੈਂਟ ਕਰਵਾਇਆ



**ਬਰਨਾਲਾ (ਰਾਜਿੰਦਰ ਬਰਾੜ)**-ਬਰਨਾਲਾ ਜ਼ਿਲ੍ਹਾ ਚੈੱਸ ਐਸੋਸੀਏਸ਼ਨ ਵੱਲੋਂ ਜ਼ਿਲ੍ਹਾ ਪੱਧਰੀ ਚੈੱਸ ਟੂਰਨਾਮੈਂਟ ਸਥਾਨਕ ਬਰਨਾਲਾ ਕਲੱਬ ਵਿਖੇ ਕਰਵਾਇਆ ਗਿਆ।ਇਸ ਇੱਕ ਰੋਜ਼ਾ ਟੂਰਨਾਮੈਂਟ ਵਿੱਚ ਜ਼ਿਲ੍ਹੇ ਦੇ ਲਗਭਗ 25 ਦੇ ਕਰੀਬ ਸਕੂਲਾਂ/ਕਾਲਜਾਂ ਦੇ 160 ਤੋਂ ਵਧੇਰੇ ਖਿਡਾਰੀਆਂ ਨੇ ਭਾਗ ਲਿਆ।ਇਸ ਸਬੰਧੀ ਚੈੱਸ ਐਸੋਸੀਏਸ਼ਨ ਦੇ ਪ੍ਰਧਾਨ ਨੀਲ ਕੰਠ ਸ਼ਰਮਾ ਤੇ ਜਰਨਲ ਸਕੱਤਰ ਜੁਨਿੰਦਰ ਜੋਸ਼ੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਚੈੱਸ ਐਸੋਸੀਏਸ਼ਨ ਦਾ ਮੁੱਖ ਮਕਸਦ ਜ਼ਿਲ੍ਹੇ ਵਿੱਚ ਚੈੱਸ ਖਿਡਾਰੀਆਂ ਨੂੰ ਖੇਡਾਂ ਦੇ ਵੱਧ ਤੋਂ ਵੱਧ ਮੌਕੇ ਦੇਣਾ ਹੈ।ਇਸ ਟੂਰਨਾਮੈਂਟ ਦਾ ਰਸਮੀ ਉਦਘਾਟਨ ਡਾ. ਜਸਬੀਰ ਪਦਮ ਨੇ ਕੀਤਾ।ਜੁਨਿੰਦਰ ਜੋਸ਼ੀ ਨੇ ਦੱਸਿਆ ਕਿ ਅੰਡਰ-11 ਉਮਰ ਵਰਗ ਵਿੱਚ ਸੈਕਰਟ ਹਾਰਟ ਸਕੂਲ ਦੇ ਹਰਸ਼ ਜਿੰਦਲ ਨੇ ਪਹਿਲਾਂ, ਦੈਵਿਕ ਜਿੰਦਲ ਨੇ ਦੂਜਾ ਤੇ ਸਰਕਾਰੀ ਸਕੂਲ ਹਾਈ ਸੰਘੇੜਾ ਦੀ ਮਹਿਕ ਨੇ ਤੀਜਾ, ਅੰਡਰ-14 ਵਰਗ 'ਚ ਬਰਾਡਵੇਅ ਪਬਲਿਕ ਸਕੂਲ ਮਨਾਲ ਦੇ ਪਰਮਿੰਦਰ ਸਿੰਘ ਨੇ ਪਹਿਲਾ, ਏਅਰ ਫੋਰਸ ਸਕੂਲ ਦੇ ਸਮਿਕ ਸਿਨਹਾ ਨੇ ਦੂਜਾ ਤੇ ਸੈਕਰਟ ਹਾਰਟ ਸਕੂਲ ਦੇ ਯੂਵਿਕ ਗਰਗ ਨੇ ਤੀਜਾ, ਅੰਡਰ-17 'ਚ ਤਨਿਸ਼ ਜਿੰਦਲ ਨੇ ਪਹਿਲਾ, ਬੀ.ਵੀ.ਐੱਮ. ਸਕੂਲ ਦੇ ਅਭਿਨਵ ਗਰਗ ਨੇ ਦੂਜਾ ਤੇ ਬੀ.ਜੀ.ਐੱਸ. ਸਕੂਲ ਦੀ ਹਿਆ ਗਰਗ ਨੇ ਤੀਜਾ, ਅੰਡਰ-19 'ਚ ਐੱਸ. ਡੀ. ਕਾਲਜ ਦੇ ਮਨਵੀਰ ਸਿੰਘ ਦੁਗੱਲ ਨੇ ਪਹਿਲਾ, ਸਿਕਸ਼ਿਤ ਨੇ ਦੂਜਾ ਤੇ ਪਰਨਮ ਨੇ ਤੀਜਾ ਸਥਾਨ ਹਾਸਲ ਕੀਤਾ। ਓਪਨ ਕੈਟਾਗਰੀ ਵਿੱਚ ਡਾਕਟਰ ਲਕਸ ਬਾਂਸਲ ਨੇ ਪਹਿਲਾ, ਜਤਿਨ ਦੂਆ ਨੇ ਦੂਜਾ ਤੇ ਜੇ. ਈ. ਆਸੂਤੋਸ਼ ਕੌਸ਼ਲ ਨੇ ਤੀਜਾ ਸਥਾਨ ਹਾਸਲ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਚੈੱਸ ਐਸੋਸੀਏਸ਼ਨ ਦੇ ਮੈਂਬਰ ਸੌਰਵ ਗੋਇਲ, ਚੀਫ ਆਰਬੀਟਰ ਰਾਕੇਸ਼ ਕੁਮਾਰ, ਸਹਾਇਕ ਚੀਫ ਆਰਬੀਟਰ ਮੋਹਿਤ ਬਾਂਸਲ, ਤਕਨੀਕੀ ਸਹਾਇਕ ਰਾਹੁਲ ਗਰਗ, ਹੈੱਡ ਮਾਸਟਰ ਰੋਬਿਨ ਗੁਪਤਾ, ਜਤਿੰਦਰ ਜੋਸ਼ੀ, ਹਰਪ੍ਰੀਤ ਸਿੰਘ ਤੇ ਖਿਡਾਰੀ ਹਾਜ਼ਰ ਸਨ।

## ਡੀ ਸੀ ਵੱਲੋਂ ਸੰਭਾਵੀ ਹੜ੍ਹਾਂ ਦੇ ਮੱਦੇਨਜ਼ਰ ਅਧਿਕਾਰੀਆਂ ਨਾਲ ਮੀਟਿੰਗ

**ਮਾਨਸਾ (ਆਤਮਾ ਸਿੰਘ ਪਮਾਰ)**-ਸੰਭਾਵੀ ਹੜ੍ਹਾਂ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਸ੍ਰੀਮਤੀ ਨਵਜੋਤ ਕੌਰ ਨੇ ਅਧਿਕਾਰੀਆਂ ਨਾਲ ਇਕ ਵਿਸ਼ੇਸ਼ ਮੀਟਿੰਗ ਕੀਤੀ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਲਗਾਤਾਰ ਹੋ ਰਹੀ ਬਰਸਾਤ ਦੇ ਮੱਦੇਨਜ਼ਰ ਜੇਕਰ ਹੜ੍ਹਾਂ ਦੀ ਸਥਿਤੀ ਪੈਦਾ ਹੁੰਦੀ ਹੈ ਤਾਂ ਉਸ ਦੇ ਲਈ ਬਚਾਅ ਕਾਰਜਾਂ ਦੇ ਸਾਰੇ ਪ੍ਰਬੰਧ ਮੁਕੰਮਲ ਰੱਖੇ ਜਾਣ।ਉਨ੍ਹਾਂ ਕਾਰਜਸਾਧਕ ਅਫ਼ਸਰਾਂ ਨੂੰ ਹਦਾਇਤ ਕੀਤੀ ਕਿ ਪਾਣੀ ਨਾਲ ਪ੍ਰਭਾਵਤ ਖੇਤਰਾਂ ਵਿਚੋਂ ਮਸ਼ੀਨਾਂ ਲਗਾ ਕੇ ਪਾਣੀ ਕਢਾਇਆ ਜਾਵੇ ਤਾਂ ਜੁ ਆਵਾਜਾਈ ਅਤੇ ਲੋਕਾਂ ਦੇ ਕਾਰੋਬਾਰ 'ਚ ਵਿਘਨ ਨਾ ਪਵੇ। ਉਨ੍ਹਾਂ ਕਿਹਾ ਕਿ ਪਸ਼ੂਆਂ ਲਈ ਦਵਾਈਆਂ ਅਤੇ ਚਾਰੇ ਦਾ ਪ੍ਰਬੰਧ ਵੀ ਕੀਤਾ ਜਾਵੇ। ਉਨ੍ਹਾਂ ਤੈਰਾਕਾਂ ਅਤੇ ਗੋਤਾਖੋਰਾਂ ਦੀ ਪਛਾਣ ਕਰਨ ਤੇ ਉਨ੍ਹਾਂ ਦੀ ਸੂਚੀ ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਤਾਂ ਜੁ ਐਮਰਜੈਂਸੀ ਸਥਿਤੀਆਂ ਵਿਚ ਰਾਹਤ ਕਾਰਜਾਂ ਦੌਰਾਨ ਉਨ੍ਹਾਂ ਦੀ ਸਹਾਇਤਾ ਲਈ ਜਾ ਸਕੇ।ਉਨ੍ਹਾਂ ਹੜ੍ਹ ਪ੍ਰਬੰਧਨ ਦੀਆਂ ਤਿਆਰੀਆਂ ਨੂੰ ਤਰਜ਼ੀਹ ਦੇਣ ਤੇ ਆਫ਼ਤ ਪ੍ਰਬੰਧਨ ਦੌਰਾਨ ਰਾਹਤ ਅਤੇ ਬਚਾਅ ਕਾਰਜਾਂ ਵਿਚ ਸਹਾਇਤਾ ਕਰਨ ਦੇ ਨਿਰਦੇਸ਼ ਦਿੱਤੇ, ਜਦੋਂ ਕਿ ਬੀ.ਡੀ.ਪੀ.ਓਜ਼ ਨੂੰ ਪੇਂਡੂ ਖੇਤਰਾਂ ਵਿਚ ਰਾਹਤ ਕਾਰਜਾਂ ਨੂੰ ਚਲਾਉਣ ਵਿਚ ਸਰਗਰਮ ਭੂਮਿਕਾ ਨਿਭਾਉਣ ਲਈ ਕਿਹਾ।ਡਿਪਟੀ ਕਮਿਸ਼ਨਰ ਨੇ ਸਾਰੇ ਵਿਭਾਗਾਂ ਨੂੰ ਇਕ-ਦੂਜੇ ਨਾਲ ਤਾਲਮੇਲ ਕਰਕੇ ਕੰਮ ਕਰਨ ਅਤੇ ਕਿਸੇ ਵੀ ਸੰਭਾਵੀ ਐਮਰਜੈਂਸੀ ਸਥਿਤੀ ਨਾਲ ਸਮੇਂ ਸਿਰ ਤੇ ਪ੍ਰਭਾਵਸ਼ਾਲੀ ਢੰਗ ਨਾਲ ਨਜਿੱਠਣ ਲਈ ਤਿਆਰ ਬਰ ਤਿਆਰ ਰਹਿਣ ਲਈ ਕਿਹਾ।

# ਬਹਾਲ ਕੀਤੀਆਂ ਗਈਆਂ ਰੇਲ ਗੱਡੀਆਂ ਦੀ ਸੂਚੀ ਜਾਰੀ

### ਜੰਮੂ ਤਵੀ ਤੋਂ ਚੱਲਣ ਵਾਲੀਆਂ ਛੇ ਪ੍ਰਮੁੱਖ ਰੇਲ ਗੱਡੀਆਂ ਪੂਰੀ ਤਰ੍ਹਾਂ ਬਹਾਲ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਭਾਰਤੀ ਰੇਲਵੇ ਨੇ ਯਾਤਰੀਆਂ ਦੀ ਸਹੂਲਤ ਲਈ ਇਕ ਮਹੱਤਵਪੂਰਨ ਐਲਾਨ ਕੀਤਾ ਹੈ। ਉੱਤਰ ਰੇਲਵੇ ਦੇ ਮੁੱਖ ਲੋਕ ਸੰਪਰਕ ਅਫ਼ਸਰ ਹਿਮਾਂਸ਼ੂ ਸ਼ੇਖਰ ਉਪਾਧਿਆਏ ਵੱਲੋਂ ਜਾਰੀ ਕੀਤੀ ਗਈ ਜਾਣਕਾਰੀ ਅਨੁਸਾਰ ਕੁੱਲ ਛੇ ਰੇਲ ਗੱਡੀਆਂ ਦੀਆਂ ਸੇਵਾਵਾਂ ਨੂੰ ਬਹਾਲ ਕਰ ਦਿੱਤਾ ਗਿਆ ਹੈ। ਇਹ ਰੇਲ ਗੱਡੀਆਂ ਵੱਖ-ਵੱਖ ਕਾਰਨਾਂ ਕਰਕੇ ਰੱਦ ਜਾਂ ਅੰਸ਼ਕ ਤੌਰ 'ਤੇ ਰੱਦ ਕੀਤੀਆਂ ਜਾ ਰਹੀਆਂ ਸਨ, ਪਰ ਹੁਣ ਇਹ ਪੂਰੀ ਤਰ੍ਹਾਂ ਬਹਾਲ ਕਰਕੇ ਆਪਣੀ ਨਿਰਧਾਰਤ ਯਾਤਰਾ ਪੂਰੀ ਕਰਨਗੀਆਂ। ਇਹ ਖ਼ਬਰ ਖਾਸ ਕਰਕੇ ਉਨ੍ਹਾਂ ਯਾਤਰੀਆਂ ਲਈ ਵੱਡੀ ਰਾਹਤ ਹੈ, ਜੋ ਜੰਮੂ ਤਵੀ ਤੋਂ ਆਪਣੀ ਯਾਤਰਾ ਸ਼ੁਰੂ ਕਰਦੇ ਹਨ।

ਹੁਣ ਉਹ ਬਿਨਾਂ ਕਿਸੇ ਪ੍ਰੇਸ਼ਾਨੀ ਦੇ ਆਪਣੀ ਮੰਜ਼ਲ ਤੱਕ ਪਹੁੰਚ ਸਕਣਗੇ। ਬਹਾਲ ਕੀਤੀਆਂ ਰੇਲ ਗੱਡੀਆਂ ਦੀ ਪੂਰੀ ਸੂਚੀ ਦਿੱਤੀ ਗਈ ਹੈ, ਜਿਨ੍ਹਾਂ ਦਾ ਸੰਚਾਲਨ 27 ਅਗਸਤ ਤੋਂ ਸ਼ੁਰੂ ਹੋ ਚੁੱਕਾ ਹੈ। ਟਰੇਨ ਨੰਬਰ 15656 ਜੰਮੂ ਤਵੀ ਤੋਂ ਕਮਾਖਿਆ ਤੱਕ ਜਾਣ ਵਾਲੀ ਇਹ ਰੇਲ ਗੱਡੀ, ਜੋ ਪਹਿਲਾਂ ਰੱਦ ਕਰ ਦਿੱਤੀ ਗਈ ਸੀ, ਹੁਣ ਪੂਰੀ ਤਰ੍ਹਾਂ ਬਹਾਲ ਕਰ ਦਿੱਤੀ ਗਈ ਹੈ। ਟਰੇਨ ਨੰਬਰ 18102 ਜੰਮੂਤਵੀ ਤੋਂ ਸੰਬਲਪੁਰ ਜੰਕਸ਼ਨ ਤੱਕ ਜਾਣ ਵਾਲੀ ਇਹ ਟਰੇਨ ਹੁਣ ਜੰਮੂਤਵੀ ਤੋਂ ਹੀ ਚੱਲੇਗੀ। ਪਹਿਲਾਂ ਇਸ ਨੂੰ ਅੰਮ੍ਰਿਤਸਰ ਤੋਂ ਸ਼ੁਰੂ ਕੀਤਾ ਜਾ ਰਿਹਾ ਸੀ, ਜਿਸ ਨਾਲ ਯਾਤਰੀਆਂ ਨੂੰ ਮੁਸ਼ਕਲ ਆ ਰਹੀ ਸੀ। ਟਰੇਨ ਨੰਬਰ 12920 ਜੰਮੂ ਤਵੀ ਤੋਂ ਡਾ. ਅੰਬੇਡਕਰ ਨਗਰ ਤੱਕ ਜਾਣ ਵਾਲੀ ਇਹ ਰੇਲ ਗੱਡੀ ਵੀ ਹੁਣ ਪੂਰੀ ਤਰ੍ਹਾਂ ਬਹਾਲ ਹੋ ਗਈ ਹੈ। ਟਰੇਨ ਨੰਬਰ 12238 ਜੰਮੂਤਵੀ ਤੋਂ ਵਾਰਾਣਸੀ ਜਾਣ ਵਾਲੀ ਇਸ ਟਰੇਨ ਦਾ ਸੰਚਾਲਨ ਹੁਣ ਫਿਰ ਜੰਮੂਤਵੀ ਤੋਂ ਹੋਵੇਗਾ। ਇਸ ਤੋਂ ਪਹਿਲਾਂ ਇਹ ਜਲੰਧਰ ਕੈਂਟ ਤੋਂ ਸ਼ੁਰੂ ਹੁੰਦੀ ਸੀ। ਟਰੇਨ ਨੰਬਰ 12472 ਜੰਮੂਤਵੀ ਤੋਂ ਬਾਂਦਰਾ ਟਰਮਿਨਸ ਤੱਕ ਜਾਣ ਵਾਲੀ ਇਹ ਰੇਲ ਗੱਡੀ, ਜੋ ਪਹਿਲਾਂ ਰੱਦ ਸੀ, ਹੁਣ ਫਿਰ ਤੋਂ ਚੱਲਣੀ ਸ਼ੁਰੂ ਹੋ ਗਈ ਹੈ। ਟਰੇਨ ਨੰਬਰ 05194 ਜੰਮੂਤਵੀ ਤੋਂ ਛਪਰਾ ਤੱਕ ਚੱਲਣ ਵਾਲੀ ਇਹ ਵਿਸ਼ੇਸ਼ ਰੇਲ ਗੱਡੀ ਵੀ ਬਹਾਲ ਕਰ ਦਿੱਤੀ ਗਈ ਹੈ। ਰੇਲਵੇ ਪ੍ਰਸ਼ਾਸਨ ਨੇ ਯਾਤਰੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਲਈ ਰੇਲ ਮਦਦ ਹੈਲਪਲਾਈਨ ਨੰਬਰ 139 'ਤੇ ਸੰਪਰਕ ਕਰ ਸਕਦੇ ਹਨ ਜਾਂ ਐਂਟੀਈਐੱਸ ਐਪ ਦੀ ਵਰਤੋਂ ਕਰ ਸਕਦੇ ਹਨ।

## ਵਿਧਾਇਕ ਕਾਕਾ ਬਰਾੜ ਨੇ ਸੜਕ ਦੇ ਨਵੀਨੀਕਰਨ ਦੀ ਕਰਾਈ ਸ਼ੁਰੂਆਤ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਤਹਿਤ ਸ੍ਰੀ ਮੁਕਤਸਰ ਸਾਹਿਬ ਦੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਸ਼ਹਿਰ ਦੇ ਮੁੱਖ ਬੱਸ ਸਟੈਂਡ (ਲੋਰੀਆਂ ਢਾਬੇ) ਤੋਂ ਲੈ ਕੇ ਬਾਈਪਾਸ ਹੁੰਦੇ ਹੋਏ ਡਾਕਟਰ ਕੇਹਰ ਸਿੰਘ ਮਾਰਗ ਤੱਕ ਸੜਕ ਦੇ ਨਵੀਨੀਕਰਨ ਦੇ ਕੰਮ ਦੀ ਸ਼ੁਰੂਆਤ ਨੇ ਕਰਾਈ।ਵਿਧਾਇਕ ਕਾਕਾ ਬਰਾੜ ਨੇ ਭਗਵੰਤ ਮਾਨ ਦਾ ਧੰਨਵਾਦ ਕਰਦਿਆਂ ਲੋਕਾਂ ਨੂੰ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਨੇ ਸਾਰੇ ਅੜਿੱਕੇ ਦੂਰ ਕਰਕੇ ਅੱਜ ਇਸ ਸੜਕ ਦਾ ਕੰਮ ਸ਼ੁਰੂ ਕਰਾਇਆ ਹੈ ਤੇ 92 ਲੱਖ ਰੁਪਏ ਦੀ ਲਾਗਤ ਨਾਲ ਦਸੰਬਰ ਮਹੀਨੇ ਵਿਚ ਪੂਰਾ ਕਰਕੇ ਇਹ ਸੜਕ ਇਲਾਕੇ ਦੇ ਲੋਕਾਂ ਨੂੰ ਸਮਰਪਤ ਕੀਤੀ ਜਾਵੇਗੀ। ਵਧਾਇਕ ਕਾਕਾ ਬਰਾੜ ਨੇ ਸਮੂਹ ਲੋਕਾਂ ਨੂੰ ਇਸ ਸੜਕ ਦੇ ਨਵੀਨੀਕਰਨ ਦੇ ਸ਼ੁਰੂ ਹੋਣ ਦੀ ਵਧਾਈ ਦਿੱਤੀ।

## ਦੁਕਾਨਾਂ 'ਚ ਚੋਰੀ ਕਰਨ ਵਾਲੇ 2 ਗ੍ਰਿਫ਼ਤਾਰ, ਸਾਮਾਨ ਬਰਾਮਦ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਪੁਲਸ ਵੱਲੋਂ ਦੁਕਾਨਾਂ 'ਚ ਚੋਰੀ ਕਰਨ ਵਾਲੇ ਦੋ ਮੁਲਜ਼ਮਾਂ ਮੇਜਰ ਸਿੰਘ ਵਾਸੀ ਭਮਾ ਕਲਾਂ ਤੇ ਪਰਮਜੀਤ ਸਿੰਘ ਵਾਸੀ ਭਮਾ ਖੁਰਦ ਥਾਣਾ ਕੂੰਮਕਲਾਂ ਨੂੰ ਕਾਬੂ ਕੀਤਾ ਹੈ। ਵਿਜੈ ਯਾਦਵ ਨੇ ਪੁਲਸ ਕੋਲ ਬਿਆਨ ਦਰਜ ਕਰਵਾਉਂਦਿਆਂ ਦੱਸਿਆ ਕਿ ਉਹ ਪਿੰਡ ਇਰਾਕ ਵਿਖੇ ਕਰਿਆਨੇ ਦੀ ਦੁਕਾਨ ਕਰਦਾ ਹੈ ਅਤੇ ਰਾਤ ਨੂੰ ਆਪਣੀ ਦੁਕਾਨ ਬੰਦ ਕਰਕੇ ਘਰ ਚਲਾ ਗਿਆ। ਤੜਕੇ 5 ਵਜੇ ਉਹ ਮਾਛੀਵਾੜਾ ਮੰਡੀ ਵਿੱਚ ਸਬਜ਼ੀ ਖ੍ਰੀਦਣ ਲਈ ਗਿਆ ਤਾਂ ਉਹ ਦੁਕਾਨ ਤੋਂ ਜਦੋਂ ਬੋਰੀਆਂ ਚੁੱਕਣ ਲਈ ਗਿਆ ਤਾਂ ਉੱਥੇ ਦੇਖਿਆ ਕਿ ਉਸ ਦੀ ਦੁਕਾਨ ਦੇ ਤਾਲ਼ੇ ਟੁੱਟੇ ਹੋਏ ਸਨ। ਸ਼ਟਰ ਚੁੱਕ ਕੇ ਉਸ ਨੇ ਦੇਖਿਆ ਕਿ ਉਸ ਦੀ ਦੁਕਾਨ ਦਾ ਸਾਰਾ ਸਾਮਾਨ ਸਿਲੰਡਰ, ਇਨਵਰਟਰ ਚੋਰੀ ਹੋ ਚੁੱਕਾ ਸੀ। ਚੋਰਾਂ ਨੇ ਉਸ ਦੀ ਦੁਕਾਨ ਦਾ ਕੋਈ ਵੀ ਸਾਮਾਨ ਨਾ ਛੱਡਿਆ। ਦੁਕਾਨਦਾਰ ਵਿਜੈ ਯਾਦਵ ਨੇ ਦੱਸਿਆ ਕਿ ਉਸ ਨੇ ਆਸਪਾਸ ਸਾਮਾਨ ਦੀ ਤਲਾਸ਼ ਕੀਤੀ ਤਾਂ ਉਸ ਨੂੰ ਪਤਾ ਲੱਗਾ ਕਿ ਦੁਕਾਨ 'ਚੋਂ ਚੋਰੀ ਮੇਜਰ ਸਿੰਘ ਤੇ ਪਰਮਜੀਤ ਸਿੰਘ ਨੇ ਕੀਤੀ ਹੈ। ਮਾਛੀਵਾੜਾ ਪੁਲਸ ਨੇ ਇਸ ਸਬੰਧੀ ਉਕਤ ਦੋਵੇਂ ਕਥਿਤ ਦੋਸ਼ੀਆਂ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਮੁਖੀ ਇੰਸਪੈਕਟਰ ਹਰਵਿੰਦਰ ਸਿੰਘ ਨੇ ਦੱਸਿਆ ਕਿ ਮਾਮਲੇ ਦੀ ਜਾਂਚ ਸਹਾਇਕ ਥਾਣੇਦਾਰ ਕਰਨੈਲ ਸਿੰਘ ਨੂੰ ਸੌਂਪੀ ਗਈ, ਜਿਸ ਨੇ ਨਾਕਾਬੰਦੀ ਦੌਰਾਨ ਚੋਰੀ ਦਾ ਕੁਝ ਸਾਮਾਨ ਲੈ ਕੇ ਆ ਰਹੇ ਮੇਜਰ ਸਿੰਘ ਤੇ ਪਰਮਜੀਤ ਸਿੰਘ ਨੂੰ ਮੋਟਰਸਾਈਕਲ ਸਮੇਤ ਕਾਬੂ ਕਰ ਲਿਆ। ਪੁੱਛਗਿੱਛ ਦੌਰਾਨ ਇਨ੍ਹਾਂ ਦੋਵਾਂ ਤੋਂ ਹੋਰ ਵੀ ਕਰਿਆਨੇ ਦਾ ਸਾਮਾਨ ਜੋ ਚੋਰੀ ਕੀਤਾ ਸੀ, ਉਹ ਬਰਾਮਦ ਕਰ ਲਿਆ ਗਿਆ। ਉਨ੍ਹਾਂ ਦੱਸਿਆ ਕਿ ਇਨ੍ਹਾਂ ਚੋਰਾਂ ਤੋਂ ਜੋ ਮੋਟਰਸਾਈਕਲ ਬਰਾਮਦ ਹੋਇਆ ਹੈ, ਉਹ ਵੀ ਚੋਰੀ ਦਾ ਹੈ, ਜਿਸ ਦੀ ਜਾਂਚ ਕੀਤੀ ਜਾ ਰਹੀ ਹੈ।

# ਕੇਂਦਰ ਵੱਲੋਂ ਅਮਰੀਕਾ ਨੂੰ ਰੂੰ ਦੀ ਬਰਾਮਦ 'ਤੇ ਟੈਕਸ ਛੋਟ ਕਿਸਾਨੀ ਦੀ ਤਬਾਹੀ : ਕਿਸਾਨ ਆਗੂ

**ਜਗਰਾਓਂ (ਨਛੱਤਰ ਸੰਧੂ)**-ਅਮਰੀਕਾ ਤੇ ਭਾਰਤ ਦੇ ਕਰ ਮੁਕਤ ਵਪਾਰ 'ਤੇ ਸਹਿਮਤੀ ਬਣਾਉਣ ਲਈ ਲੰਮੇ ਸਮੇਂ ਤੋਂ ਚੱਲ ਰਹੀ ਮਸ਼ਕ ਹੁਣ ਅਪਣੇ ਅੰਜਾਮ ਦੇ ਨੇੜੇ ਪੁੰਹਚ ਰਹੀ ਹੈ।ਭਾਰਤ ਸਰਕਾਰ ਵੱਲੋਂ ਅਮਰੀਕਾ ਤੋਂ ਰੂੰ ਮੰਗਾਉਣ 'ਤੇ ਲਗਦੇ 20 ਪ੍ਰਤੀਸ਼ਤ ਟੈਕਸ ਨੂੰ ਘਟਾ ਕੇ 11 ਪ੍ਰਤੀਸ਼ਤ ਕਰ ਦਿੱਤਾ ਗਿਆ ਹੈ, ਸਿੱਟੇ ਵਜੋਂ ਅਮਰੀਕਨ ਰੂੰ ਭਾਰਤੀ ਬਜ਼ਾਰ 'ਚ ਆ ਕੇ ਸਸਤੀ ਵਿਕੇਗੀ ਤੇ ਭਾਰਤ ਦੀ ਪੂਰੀ ਮੰਡੀ 'ਤੇ ਕਬਜ਼ਾ ਜਮਾ ਲਵੇਗੀ।ਇਸ ਤਰ੍ਹਾਂ ਭਾਰਤੀ ਕਪਾਹ ਉਤਪਾਦਕ ਕਿਸਾਨ ਨੂੰ ਕਪਾਹ ਉਤਪਾਦਨ 'ਚੋਂ ਬਾਹਰ ਹੋਣਾ ਪਵੇਗਾ।ਇਸ ਨਾਲ ਕਪਾਹ ਉਤਪਾਦਕ ਕਿਸਾਨ ਤਾਂ ਬਰਬਾਦ ਹੋਵੇਗਾ ਹੀ ਸਰਕਾਰੀ ਖਜ਼ਾਨੇ 'ਤੇ ਵੀ ਕਪਾਹ 'ਤੇ ਟੈਕਸ ਘਟਾਉਣ ਦਾ ਮਾੜਾ ਅਸਰ ਪਵੇਗਾ।ਇਹ ਵਿਚਾਰ ਇੱਥੇ ਚੋਣਵੇਂ ਕਿਸਾਨ ਆਗੂਆਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਦੇਹੜਕਾ ਨੇ ਕਹੇ।ਉਨ੍ਹਾਂ ਕਿਹਾ ਕਿ ਮੋਦੀ ਸਾਹਿਬ ਦਾ ਪਰਮ ਮਿੱਤਰ ਸੰਸਾਰ ਸਾਮਰਾਜ ਦਾ ਸਰਗਨਾ ਅਮਰੀਕਾ ਦਾ ਰਾਸ਼ਟਰਪਤੀ ਡੋਨਾਲਡ ਟਰੰਪ ਕਾਰਪੋਰੇਟ ਜਗਤ ਦੇ ਮੁਨਾਫੇ ਵਧਾਉਣ ਲਈ ਬੇਸ਼ੁਮਾਰ ਲੁੱਟ ਨੂੰ ਜਰਬਾਂ ਦੇਣ ਲਈ ਨਵੀਂ ਟੈਰਿਫ ਨੀਤੀ ਲਾਗੂ ਕਰਕੇ ਬਾਕੀ ਦੇਸ਼ਾਂ ਨੂੰ ਵੀ ਮੁਕਤ ਵਪਾਰ ਸਮਝੌਤੇ ਲਈ ਜਾਂ ਟੈਕਸ ਘਟਾਉਣ ਲਈ ਮਜਬੂਰ ਕਰ ਰਿਹਾ ਹੈ।ਉਨ੍ਹਾਂ ਕਿਹਾ ਕਿ ਅਮਰੀਕਾ ਵੱਲੋਂ ਭਾਰਤੀ ਵਸਤਾਂ ਦੀ ਦਰਾਮਦ 'ਤੇ 50 ਪ੍ਰਤੀਸ਼ਤ ਟੈਕਸ ਠੋਕਣ ਦੀ ਚਿਤਾਵਨੀ ਨੇ ਪੰਜਵੀਂ ਵੱਡੀ ਆਰਥਿਕਤਾ ਦਾ ਖੋਖਲਾਪਣ ਬੁਰੀ ਤਰ੍ਹਾਂ ਉਜਾਗਰ ਕਰ ਦਿੱਤਾ ਹੈ।ਇਸ ਸਮੇਂ ਬੋਲਦਿਆਂ ਜ਼ਿਲ੍ਹਾ ਵਿੱਤ ਸਕੱਤਰ ਤਰਸੇਮ ਸਿੰਘ ਬੱਸੂਵਾਲ ਨੇ ਦੱਸਿਆ ਕਿ ਇਸ ਤੋਂ ਬਾਅਦ ਦੇਸ਼ 'ਚ ਕਣਕ, ਚਾਵਲ, ਸੋਇਆਬੀਨ, ਮੱਕੀ, ਪੋਲਟਰੀ, ਡੇਅਰੀ ਪੈਦਾਵਾਰ ਵੀ ਉਹ ਦੇਸ਼ ਦੇ ਸੌਦਾਗਰਾਂ ਨੂੰ ਕੰਨੋ ਫੜ ਕੇ ਕਰ ਮੁਕਤ ਕਰਵਾ ਕੇ ਭਾਰਤੀ ਮੰਡੀ 'ਚ ਭਿਜਵਾਏਗਾ।ਉਨ੍ਹਾਂ ਦੱਸਿਆ ਕਿ ਸੰਯੁਕਤ ਕਿਸਾਨ ਮੋਰਚੇ ਦੇ 24 ਅਗਸਤ ਦੀ ਸਮਰਾਲਾ ਮਹਾਪੰਚਾਇਤ 'ਚ ਇਸ ਕਰ ਮੁਕਤ ਸਮਝੌਤੇ ਦਾ ਸਖਤ ਨੋਟਿਸ ਲਿਆ ਗਿਆ ਹੈ ਤੇ ਇਸ ਮੁਕਤ ਵਪਾਰ ਸਮਝੌਤੇ ਨੂੰ ਰੱਦ ਕਰਾਉਣ ਲਈ ਫੈਸਲਾਕੁਨ ਸੰਘਰਸ਼ ਸ਼ੁਰੂ ਕਰਨ ਦੀ ਚਿਤਾਵਨੀ ਦਿੱਤੀ ਗਈ ਹੈ।ਉਨ੍ਹਾਂ ਕਿਹਾ ਕਿ ਇਸ ਮੁਕਤ ਵਪਾਰ ਸਮਝੌਤੇ ਦੇ ਲਾਗੂ ਹੋਣ ਨਾਲ ਦੇਸ਼ ਦੀ ਕਿਸਾਨੀ ਦੀ ਬਰਬਾਦੀ ਤੈਅ ਹੈ, ਜਿਸ ਦੀ ਕਦਾਚਿਤ ਇਜਾਜ਼ਤ ਨਹੀਂ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਇਹ ਕਰ ਮੁਕਤ ਸਮਝੌਤਾ ਉਨ੍ਹਾਂ ਕਾਲੇ ਖੇਤੀ ਕਨੂੰਨਾਂ ਦਾ ਹੀ ਬਦਲਵਾਂ ਰੂਪ ਹੈ।ਉਨ੍ਹਾਂ ਕਿਹਾ ਕਿ ਆਉਂਦੇ ਦਿਨਾਂ 'ਚ ਜ਼ਿਲ੍ਹੇ ਦੇ ਸਾਰੇ ਪਿੰਡਾਂ 'ਚ ਇਸ ਮੁਕਤ ਵਪਾਰ ਸਮਝੌਤੇ ਖਿਲਾਫ ਜ਼ੋਰਦਾਰ ਪ੍ਰਚਾਰ ਮੁਹਿੰਮ ਵਿੱਢੀ ਜਾਵੇਗੀ।

## ਖ਼ੂਨਦਾਨ ਕੈਂਪ 21 ਤੋਂ 23 ਸਤੰਬਰ ਤੱਕ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)** ਬਾਬਾ ਫ਼ਰੀਦ ਜੀ ਦੇ ਆਗਮਨ ਪੁਰਬ ਨੂੰ ਸਮਰਪਤ 21, 22 ਤੇ 23 ਸਤੰਬਰ ਨੂੰ ਜਸਵਿੰਦਰ ਸਿੰਘ ਢਿੱਲੋਂ ਮੈਮੋਰੀਅਲ ਵੈਲਫ਼ੇਅਰ ਸੁਸਾਇਟੀ (ਰਜਿ.) ਪੰਜਾਬ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਵਿਸ਼ਾਲ ਖ਼ੂਨਦਾਨ ਕੈਂਪ ਲਾਇਆ ਜਾਵੇਗਾ।ਵਿਸ਼ੇਸ਼ ਮੀਟਿੰਗ ਸ਼ੇਖ ਫ਼ਰੀਦ ਵੋਕੇਸ਼ਨਲ ਸੈਂਟਰ, ਜੁਬਲੀ ਚੌਕ ਵਿਖੇ ਸੁਸਾਇਟੀ ਦੇ ਸੰਸਥਾਪਕ ਅਤੇ ਪ੍ਰਧਾਨ ਗੁਰਜੀਤ ਸਿੰਘ ਹੈਰੀ ਢਿੱਲੋਂ ਦੀ ਪ੍ਰਧਾਨਗੀ ਹੇਠ ਕੀਤੀ ਗਈ।ਉਨ੍ਹਾਂ ਨੇ ਦੱਸਿਆ ਕਿ ਇਸ ਵਿਸ਼ਾਲ ਖ਼ੂਨਦਾਨ ਕੈਂਪ ਪੰਜਾਬ ਸ਼ੋਸ਼ਲ ਸੁਸਾਇਟੀ, ਆਲ ਇੰਡੀਆ ਕਿਸਾਨ ਯੂਨੀਅਨ (ਏਕਤਾ) ਫ਼ਤਿਹ, ਆਰਟਸ ਵੈਲਫ਼ੇਅਰ ਕੌਂਸਲ, ਰੈੱਡ ਕਰਾਸ ਸੁਸਾਇਟੀ, ਸ਼ੇਖ ਫ਼ਰੀਦ ਵੈਲਫ਼ੇਅਰ ਕਲੱਬ ਫ਼ਰੀਦਕੋਟ, ਕਲਮਾਂ ਦੇ ਰੰਗ ਸਾਹਿਤ ਸਭਾ (ਰਜਿ.) ਆਦਿ ਦਾ ਵਿਸ਼ੇਸ਼ ਸਨਮਾਨ ਕੀਤਾ ਜਾਊਗਾ।23 ਸਤੰਬਰ ਨੂੰ ਸਾਰੇ ਪੱਤਰਕਾਰ ਵੀਰਾਂ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ। ਕੈਂਪ ਵਿੱਚ ਸਮਾਜਿਕ, ਧਾਰਮਿਕ, ਸਾਹਿਤਕ, ਰਾਜਨੀਤਕ ਆਦਿ ਖੇਤਰ ਦੀਆਂ ਉੱਘੀਆਂ ਸ਼ਖ਼ਸ਼ੀਅਤਾਂ ਵੀ ਸ਼ਿਰਕਤ ਕਰਨਗੀਆਂ।ਇਸ ਖ਼ੂਨਦਾਨ ਕੈਂਪ ਵਿੱਚ ਖ਼ੂਨਦਾਨੀਆਂ ਨੂੰ ਸਰਟੀਫਿਕੇਟ ਤੇ ਸਨਮਾਨ ਚਿੰਨ੍ਹ ਨਾਲ ਸਨਮਾਨਤ ਵੀ ਕੀਤਾ ਜਾਵੇਗਾ।

## ਸਿਮਰਨਜੀਤ ਮਾਨ ਨੇ ਭਾਈ ਲੌਂਗੋਵਾਲ ਨਾਲ ਕੀਤਾ ਦੁੱਖ ਸਾਂਝਾ



**ਲੌਂਗੋਵਾਲ (ਪ੍ਰਦੀਪ ਸੱਪਲ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਤੇ ਸਾਬਕਾ ਮੰਤਰੀ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਨੌਜਵਾਨ ਬੇਟੀ ਦੀ ਬੇਵਕਤੀ ਮੌਤ 'ਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਤੇ ਸਾਬਕਾ ਐੱਮ ਪੀ ਸਿਮਰਨਜੀਤ ਸਿੰਘ ਮਾਨ ਅਫਸੋਸ ਪ੍ਰਗਟ ਕਰਨ ਲਈ ਉਨ੍ਹਾਂ ਦੇ ਗ੍ਰਹਿ ਵਿਖੇ ਪਹੁੰਚੇ।ਇਸ ਮੌਕੇ ਸਿਮਰਨਜੀਤ ਸਿੰਘ ਮਾਨ ਨੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਨਾਲ ਦੁੱਖ ਸਾਂਝਾ ਕਰਦਿਆਂ ਕਿਹਾ ਕਿ ਲੌਂਗੋਵਾਲ ਸਾਹਿਬ ਲਈ ਬੇਟੀ ਦੀ ਮੌਤ ਨਾਲ ਬਹੁਤ ਵੱਡਾ ਧੱਕਾ ਲੱਗਾ ਹੈ, ਕਿਉਂਕਿ ਪਹਿਲਾਂ ਹੀ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਜੇ ਆਪਣੀ ਧਰਮ ਪਤਨੀ ਦੇ ਸਦਮੇ ਨੂੰ ਭੁਲਾ ਨਹੀਂ ਪਾਏ ਸਨ, ਉਤੋਂ ਬੇਟੀ ਦੇ ਵੀ ਇਸ ਦੁਨੀਆ ਤੋਂ ਤੁਰ ਜਾਣ ਨਾਲ ਇੱਕ ਤਰ੍ਹਾਂ ਨਾਲ ਘਰ ਦਾ ਮਾਹੌਲ ਹੀ ਬਦਲ ਗਿਆ ਹੈ। ਇਸ ਮੌਕੇ ਮਾਨ ਨੇ ਕਾਕਾ ਨਵਇੰਦਰ ਸਿੰਘ ਨਾਲ ਵੀ ਦੁੱਖ ਸਾਂਝਾ ਕਰਦੇ ਹੋਏ ਕਿਹਾ ਕਿ ਘਰ ਵਿੱਚ ਭਰਾ ਲਈ ਭੈਣ ਦਾ ਵਿਛੋੜਾ ਵੀ ਬਹੁਤ ਦਰਦਮਈ ਹੈ।ਇਸ ਮੌਕੇ ਲੌਂਗੋਵਾਲ ਸਾਹਿਬ ਦੇ ਪਰਿਵਾਰਕ ਮੈਂਬਰ ਤੇ ਪਾਰਟੀ ਵਰਕਰਾਂ ਤੋਂ ਇਲਾਵਾ ਮਾਨ ਸਾਹਿਬ ਦੇ ਪੀ ਏ ਗੁਰਜੰਟ ਸਿੰਘ ਕੱਟੂ, ਪੀ ਏ ਸੀ ਮੈਂਬਰ ਬਹਾਦਰ ਸਿੰਘ, ਸੀਨੀਅਰ ਆਗੂ ਅਮਰਜੀਤ ਸਿੰਘ ਗਿੱਲ, ਜ਼ਿਲ੍ਹਾ ਯੂਥ ਆਗੂ ਸਤਨਾਮ ਸਿੰਘ, ਰਾਜ ਸਿੰਘ, ਸੁਖਵਿੰਦਰ ਸਿੰਘ, ਪਿਆਰਾ ਸਿੰਘ, ਯੂਥ ਆਗੂ ਗੁਰਪ੍ਰੀਤ ਸਿੰਘ ਦੁੱਗਾਂ, ਕਰਨੈਲ ਸਿੰਘ, ਪੱਪੀ ਆਹਲੂਵਾਲੀਆ ਤੇ ਹੋਰ ਯੂਥ ਨੌਜਵਾਨ ਹਾਜ਼ਰ ਸਨ।

## ਮੈਗਾ ਮੁਫ਼ਤ ਮੈਡੀਕਲ ਚੈੱਕਅਪ ਕੈਂਪ 31 ਨੂੰ

**ਧੂਰੀ (ਮੋਹਿਤ ਗਰਗ, ਬਿੰਨੀ ਗਰਗ, ਮਨੋਹਰ ਸਿੰਘ ਸੱਗ, ਸੁਖਦੇਵ ਧੂਰੀ)**-ਧੂਰੀ ਵਿਕਾਸ ਮੰਚ (ਰਜਿ:) ਵੱਲੋਂ ਸ੍ਰੀ ਸਨਾਤਨ ਧਰਮ ਚੈਰੀਟੇਬਲ ਹਸਪਤਾਲ, ਧੂਰੀ ਪਿੰਡ ਰੋਡ, ਧੂਰੀ ਵਿੱਚ 31 ਅਗਸਤ ਨੂੰ ਸਵੇਰੇ 10:00 ਵਜੇ ਮੈਗਾ ਮੁਫ਼ਤ ਮੈਡੀਕਲ ਚੈੱਕਅਪ ਕੈਂਪ ਲਗਾਇਆ ਜਾ ਰਿਹਾ ਹੈ।ਇਸ ਸੰਬੰਧੀ ਤਿਆਰੀਆਂ ਦੀ ਸਮੀਖਿਆ ਕਰਨ ਲਈ ਚੇਅਰਮੈਨ ਜਗਸੀਰ ਸਿੰਘ ਜੱਗੀ ਢੀਂਡਸਾ ਤੇ ਉਪ ਚੇਅਰਮੈਨ ਰਾਜੇਸ਼ਵਰ ਚੌਧਰੀ ਦੀ ਅਗਵਾਈ ਹੇਠ ਇੱਕ ਮਹੱਤਵਪੂਰਨ ਮੀਟਿੰਗ ਹੋਈ, ਜਿਸ ਵਿੱਚ ਕੈਂਪ ਦੀ ਸਫ਼ਲਤਾ ਲਈ ਵੱਖ-ਵੱਖ ਡਿਊਟੀਆਂ ਸੌਂਪੀਆਂ ਗਈਆਂ। ਸੰਸਥਾ ਦੇ ਪ੍ਰਧਾਨ ਅਮਨ ਗਰਗ ਤੇ ਸਕੱਤਰ ਜਨਰਲ ਹੰਸ ਰਾਜ ਬਜਾਜ ਨੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਕੈਂਪ ਵਿੱਚ ਕਈ ਵਿਸ਼ੇਸ਼ ਡਾਕਟਰਾਂ ਦੀਆਂ ਟੀਮਾਂ ਆਪਣੀਆਂ ਮੁਫ਼ਤ ਸੇਵਾਵਾਂ ਦੇਣਗੀਆਂ। ਇਸ ਕੈਂਪ ਵਿੱਚ ਪੰਜਾਬ ਦੇ ਮੁੱਖ ਮੰਤਰੀ ਦੇ ਓ.ਐੱਸ.ਡੀ. ਸੁਖਵੀਰ ਸਿੰਘ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ।ਕੈਂਪ ਦੀਆਂ ਤਿਆਰੀਆਂ ਵਿੱਚ ਐਡਵੋਕੇਟ ਮਨਿੰਦਰ ਸਿੰਘ ਢੀਂਡਸਾ, ਮੀਡੀਆ ਸਕੱਤਰ ਮਨੋਹਰ ਸਿੰਘ ਸੱਗੂ, ਸੁਰਿੰਦਰਪਾਲ ਸਿੰਘ ਨੀਟਾ, ਸੰਜੀਵ ਗਰਗ, ਮੋਹਿਤ ਜਿੰਦਲ ਆਦਿ ਹਾਜ਼ਰ ਰਹੇ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ 31 ਅਗਸਤ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚ ਕੇ ਇਸ ਮੁਫ਼ਤ ਮੈਡੀਕਲ ਕੈਂਪ ਦਾ ਲਾਭ ਉਠਾਉਣ।

# ਸੀ ਐੱਮ ਈ 'ਚ ਪੰਜਾਬ ਭਰ ਤੋਂ 452 ਤੋਂ ਵੱਧ ਬੀ ਏ ਐੱਮ ਐੱਸ ਡਾਕਟਰਾਂ ਨੇ ਹਿੱਸਾ ਲਿਆ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**

ਨੈਸ਼ਨਲ ਇੰਟੀਗਰੇਟਿਡ ਮੈਡੀਕਲ ਐਸੋਸੀਏਸ਼ਨ ਪੰਜਾਬ ਦੇ ਸਹਿਯੋਗ ਨਾਲ ਨੈਸ਼ਨਲ ਇੰਟੀਗ੍ਰੇਟਿਡ ਮੈਡੀਕਲ ਐਸੋਸੀਏਸ਼ਨ ਫ਼ਿਰੋਜ਼ਪੁਰ ਸ਼ਹਿਰ ਬ੍ਰਾਂਚ ਵੱਲੋਂ 10 ਕਰੈਡਿਟ ਪੁਆਇੰਟ ਸੀਐੱਮਈ ਦਾ ਆਯੋਜਨ ਡੀਸੀ ਮਾਡਲ ਇੰਟਰਨੈਸ਼ਨਲ ਸਕੂਲ ਫਿਰੋਜ਼ਪੁਰ ਸ਼ਹਿਰ ਵਿਖੇ ਕੀਤਾ ਗਿਆ।

ਇਸ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਡਾ. ਸੰਜੀਵ ਗੋਇਲ, ਰਜਿਸਟਰਾਰ ਆਯੁਰਵੈਦਿਕ ਤੇ ਯੂਨਾਨੀ ਸਿਸਟਮ ਆਫ ਮੈਡੀਸਨ ਪੰਜਾਬ, ਰਜਿਸਟਰਾਰ ਗੁਰੂ ਰਵਿਦਾਸ ਆਯੁਰਵੈਦਿਕ ਯੂਨੀਵਰਸਿਟੀ ਹੁਸ਼ਿਆਰਪੁਰ ਸ਼ਾਮਲ ਹੋਏ। ਇਸ ਪ੍ਰੋਗਰਾਮ ਵਿੱਚ ਪੰਜਾਬ ਭਰ ਤੋਂ 452 ਤੋਂ ਵੱਧ ਬੀਏਐੱਮਐੱਸ ਡਾਕਟਰਾਂ ਨੇ ਹਿੱਸਾ ਲਿਆ ਅਤੇ ਮਾਹਿਰ ਡਾਕਟਰਾਂ ਦੇ ਲੈਕਚਰ ਸੁਣ ਕੇ ਆਪਣੇ ਗਿਆਨ ਵਿਚ ਵਾਧਾ ਕੀਤਾ। ਪ੍ਰੋਗਰਾਮ ਦੇ ਸ਼ੁਰੂਆਤ ਵਿੱਚ ਨੈਨਦੀਪ ਕੌਰ ਨੇ ਆਏ ਹੋਏ ਮਹਿਮਾਨਾਂ ਦਾ ਰਸਮੀ ਸਵਾਗਤ ਕੀਤਾ। ਭਗਵਾਨ ਧਨਵੰਤਰੀ ਜੀ ਦੀ ਵੰਦਨਾ ਤੇ ਜੋਤੀ ਪ੍ਰਜਵੱਲਿਤ ਕਰਕੇ ਮੁੱਖ ਮਹਿਮਾਨ ਤੇ ਵਿਸ਼ੇਸ਼ ਮਹਿਮਾਨਾਂ ਨੇ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ। ਇਸ ਤੋਂ ਬਾਅਦ ਡਾਕਟਰ ਮੋਨਿਕਾ ਸ਼੍ਰੇਸ਼ਠਾ ਫਿਰੋਜ਼ਪੁਰ, ਡਾ. ਕੁਲਦੀਪ ਸਿੰਘ ਪਨਵਰ ਜਲੰਧਰ, ਡਾ. ਅਨੁਰਾਗ ਗਿਰਧਰ ਬਠਿੰਡਾ ਨੇ ਆਪਣੇ ਲੈਕਚਰਾਂ ਰਾਹੀਂ ਆਧੁਨਿਕ ਆਯੁਰਵੈਦਿਕ ਅਤੇ ਪੰਚਕਰਮਾ ਬਾਰੇ ਜਾਣਕਾਰੀ ਦਿੱਤੀ। ਡਾ. ਰਾਕੇਸ਼ ਗਰੋਵਰ ਨੇ ਦੱਸਿਆ ਕਿ ਇਸ ਪ੍ਰੋਗਰਾਮ ਵਿੱਚ ਵਿਸ਼ੇਸ ਮਹਿਮਾਨ ਦੇ ਤੌਰ 'ਤੇ ਡਾਕਟਰ ਪਰਵਿੰਦਰ ਬਜਾਜ ਪ੍ਰਧਾਨ (ਐੱਨਆਈਐੱਮਏ) ਪੰਜਾਬ, ਡਾ. ਅਨਿਲ ਨਾਗਰਥ ਸਕੱਤਰ (ਐੱਨਆਈਐੱਮਏ) ਪੰਜਾਬ, ਡਾ. ਰਾਜੀਵ ਮਹਿਤਾ, ਡਾ. ਵਿਸ਼ਾਲ ਭਨੋਟ, ਧਰਮਪਾਲ ਬਾਂਸਲ ਸੀਈਓ ਹਾਰਮਨੀ ਆਯੁਰਵੈਦਿਕ ਮੈਡੀਕਲ ਕਾਲਜ ਤੇ ਹਸਪਤਾਲ, ਯੁਗੇਸ਼ ਬਾਂਸਲ ਡਾਇਰੈਕਟਰ ਹਾਰਮਨੀ ਆਯੁਰਵੈਦਿਕ ਮੈਡੀਕਲ ਕਾਲਜ ਅਤੇ ਹਸਪਤਾਲ, ਡਾ. ਸੁਮਨ ਲਤਾ ਪ੍ਰਿੰਸੀਪਲ ਹਾਰਮਨੀ ਆਯੁਰਵੈਦਿਕ ਮੈਡੀਕਲ ਕਾਲਜ ਅਤੇ ਹਸਪਤਾਲ, ਅਨੁਰਾਧਾ ਚੰਡੇਲ ਪ੍ਰਿੰਸੀਪਲ ਡੀਸੀ ਮਾਡਲ ਇੰਟਰਨੈਸ਼ਨਲ ਸਕੂਲ ਫਿਰੋਜ਼ਪੁਰ ਸ਼ਾਮਲ ਹੋਏ।

## ਸੁਪਰੀਮ ਕੌਨਵੈਂਟ ਸਕੂਲ 'ਚ ਗੁਰੂ ਗ੍ਰੰਥ ਸਾਹਿਬ ਦਾ ਪ੍ਰਕਾਸ਼ ਦਿਵਸ ਮਨਾਇਆ



**ਹਠੂਰ (ਨਛੱਤਰ ਸੰਧੂ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਮੋਗਾ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ ਉਤਸਵ ਨੂੰ ਮੁੱਖ ਰੱਖਦਿਆਂ ਸਪੈਸ਼ਲ ਅਸੈਂਬਲੀ ਆਯੋਜਿਤ ਕੀਤੀ ਗਈ।ਇਸ ਮੌਕੇ ਵਿਦਿਆਰਥੀਆਂ ਨੇ ਸ਼ਬਦ ਕੀਰਤਨ ਰਾਹੀਂ ਗੁਰਬਾਣੀ ਦੇ ਪਵਿੱਤਰ ਸ਼ਬਦਾਂ ਦਾ ਗਾਇਨ ਕੀਤਾ।ਵਿਦਿਆਰਥੀਆਂ ਨੇ ਸਾਖੀਆਂ ਤੇ ਭਾਸ਼ਣਾ ਰਾਹੀਂ ਗੁਰੂ ਗ੍ਰੰਥ ਸਾਹਿਬ ਜੀ ਦੇ ਉਪਦੇਸ਼ਾਂ 'ਤੇ ਚਾਨਣਾ ਪਾਇਆ।ਇਸ ਮੌਕੇ ਮੌਜੂਦ ਸਕੂਲ ਪ੍ਰਧਾਨ ਸ੍ਰ. ਚਰਨ ਸਿੰਘ, ਸਕੂਲ ਚੇਅਰਮੈਨ ਯੋਗਿੰਦਰ ਸ਼ਰਮਾ, ਪ੍ਰਿੰਸੀਪਲ ਕੁੰਜੂਮੋਲ ਜੋਅ ਤੇ ਵਾਈਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਸਮੂਹ ਸਟਾਫ ਤੇ ਵਿਦਿਆਰਥੀਆਂ ਨੂੰ ਗੁਰਬਾਣੀ ਅਨੁਸਾਰ ਜੀਵਨ ਬਤੀਤ ਕਰਨ ਤੇ ਸੱਚ, ਦਇਆ, ਨਿਮਰਤਾ ਤੇ ਭਾਈਚਾਰੇ ਦੇ ਸਿਧਾਂਤਾਂ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ।ਇਸ ਆਤਮਿਕ ਸਮਾਗਮ ਨੇ ਵਿਦਿਆਰਥੀਆਂ ਵਿੱਚ ਸਿੱਖੀ ਪ੍ਰਤੀ ਸ਼ਰਧਾ ਤੇ ਸਤਿਕਾਰ ਨੂੰ ਹੋਰ ਮਜ਼ਬੂਤ ਕੀਤਾ।

## ਪਵਿੱਤਰਤਾ ਹੀ ਅਸਲੀ ਅਧਿਆਤਮਿਕਤਾ ਹੈ : ਸਵਾਮੀ ਓਂਕਾਰਾਨੰਦ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਅੰਤਰਰਾਸ਼ਟਰੀ ਵੇਦਿਕ ਪ੍ਰਵਚਨਕਾਰ ਤੇ ਆਰਿਆ ਸਨਿਆਸੀ ਸਵਾਮੀ ਓਂਕਾਰਾਨੰਦ ਸਰਸਵਤੀ ਬੁੱਧਵਾਰ ਨੂੰ ਸੁਨਾਮ ਦੇ ਬ੍ਰਹਮਾਕੁਮਾਰੀ ਕੇਂਦਰ ਵਿੱਚ ਪਹੁੰਚੇ।ਇਹ ਪ੍ਰੋਗਰਾਮ ਕੇਂਦਰ ਦੀ ਇੰਚਾਰਜ ਰਾਜਯੋਗਿਨੀ ਬੀ. ਕੇ. ਮੀਰਾ ਦੀਦੀ ਦੇ ਸੱਦੇ 'ਤੇ ਆਯੋਜਿਤ ਕੀਤਾ ਗਿਆ।ਮੁਰਲੀ ਕਲਾਸ ਤੋਂ ਬਾਅਦ ਸਵਾਮੀ ਜੀ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਪਵਿੱਤਰਤਾ ਹੀ ਸੱਚੀ ਆਧਿਆਤਮਿਕਤਾ ਹੈ ਤੇ ਰਾਜਯੋਗ ਦਾ ਨਿਤਨਿਮਤ ਅਭਿਆਸ ਮਨ ਨੂੰ ਪਵਿੱਤਰ ਬਣਾਉਂਦਾ ਹੈ।ਸਵਾਮੀ ਨੇ ਕਿਹਾ ਕਿ ਅਸੀਂ ਸਾਰੇ ਇੱਕ ਪ੍ਰਮਾਤਮਾ ਦੀ ਸੰਤਾਨ ਹਾਂ, ਇਸ ਲਈ ਸਾਨੂੰ ਆਪਣੇ ਆਪ ਨੂੰ ਆਤਮਾ ਸਮਝਣਾ ਚਾਹੀਦਾ ਹੈ, ਸਰੀਰ ਨਹੀਂ।ਜਦੋਂ ਮਨੁੱਖ ਆਤਮਿਕ ਅਵਸਥਾ ਵਿੱਚ ਟਿਕ ਕੇ ਪ੍ਰਮਾਤਮਾ ਨੂੰ ਯਾਦ ਕਰਦਾ ਹੈ ਤਾਂ ਉਹ ਸੰਸਾਰਿਕ ਬੰਧਨਾਂ ਤੋਂ ਮੁਕਤ ਹੋ ਕੇ ਪ੍ਰਮਾਤਮਾ ਦੇ ਆਨੰਦ ਵਿੱਚ ਜੀਉਣ ਲੱਗ ਪੈਂਦਾ ਹੈ।ਉਨ੍ਹਾਂ ਕਿਹਾ ਕਿ ਅੱਜ ਦੀ ਮੁਰਲੀ ਕਲਾਸ ਵਿੱਚ ਵੀ ਇਹ ਸੰਦੇਸ਼ ਆਇਆ ਕਿ ਮਾਇਆ ਝੂਠੀ ਹੈ, ਕਾਇਆ ਝੂਠੀ ਹੈ, ਇਹ ਸੰਸਾਰ ਝੂਠਾ ਹੈ, ਸੱਚਾ ਸਿਰਫ਼ ਇਕ ਨਿਰਾਕਾਰ ਸ਼ਿਵ ਪ੍ਰਮਾਤਮਾ ਹੀ ਹੈ।ਸਵਾਮੀ ਜੀ ਨੇ ਕਿਹਾ ਕਿ ਪ੍ਰਮਾਤਮਾ ਨੂੰ ਨਾ ਜਾਣਨ ਦੇ ਕਾਰਨ ਹੀ ਮਨੁੱਖ ਕੰਗਾਲ ਤੇ ਦੁਖੀ ਹੈ। ਪ੍ਰਮਾਤਮਾ ਨੂੰ ਜਾਣ ਕੇ ਹੀ ਆਤਮਾ ਸਾਰੇ ਸੁੱਖਾਂ ਨਾਲ ਮਾਲਾਮਾਲ ਹੋ ਜਾਂਦੀ ਹੈ।ਯਜੁਰਵੇਦ ਵਿੱਚ ਵੀ ਦਰਜ ਹੈ ਕਿ ਉਸ ਇੱਕ ਪ੍ਰਮਾਤਮਾ ਨੂੰ ਜਾਣਨ ਤੋਂ ਬਾਅਦ ਮਨੁੱਖ ਸਾਰੇ ਦੁੱਖਾਂ ਤੋਂ ਮੁਕਤ ਹੋ ਜਾਂਦਾ ਹੈ।ਉਨ੍ਹਾਂ ਕਿਹਾ ਕਿ ਗਿਆਨ ਦੀ ਘਾਟ ਸਾਰੇ ਦੁੱਖਾਂ ਦਾ ਅਸਲੀ ਕਾਰਨ ਹੈ ਅਤੇ ਇਸ ਦਾ ਹੱਲ ਸਿਰਫ਼ ਨਿੱਤ ਸੁਅਧਿਆਇ ਤੇ ਰਾਜਯੋਗ ਦੀ ਸਾਧਨਾ ਨਾਲ ਹੀ ਸੰਭਵ ਹੈ।ਪ੍ਰੋਗਰਾਮ ਦੇ ਅੰਤ ਵਿੱਚ ਕੇਂਦਰ ਦੀ ਇੰਚਾਰਜ ਬੀ. ਕੇ. ਮੀਰਾ ਦੀਦੀ ਨੇ ਸਵਾਮੀ ਓਂਕਾਰਾਨੰਦ ਸਰਸਵਤੀ ਨੂੰ ਬਾਬਾ ਦੇ ਘਰ ਦੀ ਸੌਗਾਤ ਦੇ ਕੇ ਸਨਮਾਨਤ ਕੀਤਾ ਤੇ ਉਨ੍ਹਾਂ ਦੇ ਆਗਮਨ ਲਈ ਧੰਨਵਾਦ ਕੀਤਾ।

29-Aug-page-11-Majha-2025.qxd 8/28/2025 9:25 PM Page 1



# ਰਾਵੀ 'ਚ ਆਏ ਹੜ੍ਹ ਕਾਰਨ ਅੰਮ੍ਰਿਤਸਰ ਜ਼ਿਲ੍ਹੇ ਦੇ 40 ਦੇ ਕਰੀਬ ਪਿੰਡ ਪ੍ਰਭਾਵਿਤ

ਅਜਨਾਲਾ, ਚੇਤਨਪੁਰਾ, ਅੰਮ੍ਰਿਤਸਰ (ਸੁੱਖਤਿੰਦਰ ਸਿੰਘ ਰਾਜੂ, ਸੁਖਵੰਤ ਚੇਤਨਪੁਰੀ, ਨਰਿੰਦਰਜੀਤ ਸਿੰਘ)-ਰਾਵੀ ਦਰਿਆ ਵਿੱਚ ਆਏ ਹੜ੍ਹਾਂ ਕਾਰਨ ਅਜਨਾਲਾ ਤਹਿਸੀਲ ਦੇ ਤਕਰੀਬਨ 40 ਪਿੰਡਾਂ ਵਿੱਚ ਲੋਕ ਪ੍ਰਭਾਵਿਤ ਹੋਏ ਹਨ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਡਿਪਟੀ ਕਮਿਸ਼ਨਰ ਸ੍ਰੀਮਤੀ ਸਾਕਸ਼ੀ ਸਾਹਨੀ ਅਤੇ ਜ਼ਿਲ੍ਹਾ ਪੁਲਸ ਮੁਖੀ ਮਨਿੰਦਰ ਸਿੰਘ ਦੀ ਅਗਵਾਈ ਹੇਠ ਸਵੇਰੇ 4 ਵਜੇ ਤੋਂ ਦੁਬਾਰਾ ਰਾਹਤ ਕਾਰਜ ਸ਼ੁਰੂ ਕੀਤੇ ਗਏ ਹਨ, ਜਿਸ ਵਿੱਚ ਸਿਵਲ ਪ੍ਰਸ਼ਾਸਨ ਤੋਂ ਇਲਾਵਾ ਪੁਲਸ, ਫੌਜ ਅਤੇ ਐਨ ਡੀ ਆਰ ਐਫ ਦੀਆਂ ਟੀਮਾਂ ਲਗਾਤਾਰ ਕੰਮ ਕਰ ਰਹੀਆਂ ਹਨ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਰੋਹਿਤ ਗੁਪਤਾ, ਐਸ ਡੀ ਐਮ ਅੰਮ੍ਰਿਤਸਰ ਗੁਰਸਿਮਰਨ ਸਿੰਘ ਢਿੱਲੋਂ, ਜ਼ਿਲ੍ਹਾ ਮਾਲ ਅਫਸਰ ਨਵਕੀਰਤ ਸਿੰਘ, ਜ਼ਿਲ੍ਹਾ ਪੰਚਾਇਤ ਅਧਿਕਾਰੀ ਸੰਦੀਪ ਮਲਹੋਤਰਾ ਆਪਣੀਆਂ ਟੀਮਾਂ ਨਾਲ ਰਾਹਤ ਕਾਰਜਾਂ ਵਿੱਚ ਡਟੇ ਹੋਏ ਹਨ।ਇਹ ਟੀਮਾਂ ਫੌਜ ਦੇ ਏ ਟੀ ਓ ਆਰ ਵਹੀਕਲਾਂ, ਕਿਸ਼ਤੀਆਂ ਅਤੇ ਟਰੈਕਟਰ ਟਰਾਲੀਆਂ ਦੀ ਮਦਦ ਨਾਲ ਹੜ ਵਿੱਚ ਘਿਰੇ ਹੋਏ ਪਿੰਡਾਂ ਤੇ ਡੇਰਿਆਂ ਤੋਂ ਲੋਕਾਂ ਨੂੰ ਸੁਰੱਖਿਅਤ ਥਾਵਾਂ ਉੱਤੇ ਲਿਆ ਰਹੇ ਹਨ। ਹੜ੍ਹ ਕਾਰਨ 14000 ਦੇ ਕਰੀਬ ਆਬਾਦੀ ਦੇ ਪ੍ਰਭਾਵਿਤ ਹੋਣ ਦਾ ਅੰਦਾਜ਼ਾ ਹੈ । ਦੇਰ ਰਾਤ 11 ਵਜੇ ਤੱਕ ਡਿਪਟੀ ਕਮਿਸ਼ਨਰ ਸਾਕਸ਼ੀ ਸਹਾਨੀ, ਜ਼ਿਲ੍ਹਾ ਪੁਲਸ ਮੁਖੀ ਮਨਿੰਦਰ ਸਿੰਘ, ਵਧੀਕ ਡਿਪਟੀ ਕਮਿਸ਼ਨਰ ਰੋਹਿਤ ਗੁਪਤਾ ਲੋਕਾਂ ਨੂੰ ਪਾਣੀ ਵਿੱਚ ਘਿਰੇ ਘਰਾਂ ਵਿੱਚੋਂ ਕੱਢਣ ਲਈ ਕੰਮ ਕਰਦੇ ਰਹੇ। 28 ਅਗਸਤ ਸਵੇਰੇ 4 ਵਜੇ ਦੁਬਾਰਾ ਫਿਰ ਅੰਮ੍ਰਿਤਸਰ ਤੋਂ ਡਿਪਟੀ ਕਮਿਸ਼ਨਰ ਅਤੇ ਵਧੀਕ ਡਿਊਟੀ ਕਮਿਸ਼ਨਰ ਰੋਹਿਤ ਗੁਪਤਾ ਆਪਣੀਆਂ ਟੀਮਾਂ ਨਾਲ ਰਵਾਨਾ ਹੋ ਗਏ। ਰਮਦਾਸ ਜਿੱਥੋਂ ਕੱਲ ਤੱਕ ਗੱਡੀਆਂ ਦਾ ਕਾਫਲਾ ਅੱਗੇ ਜਾਂਦਾ ਸੀ, ਅੱਜ ਪਾਣੀ ਨੇ ਰਸਤਾ ਰੋਕ ਲਿਆ । ਗੱਡੀਆਂ ਉੱਥੇ ਖੜੀਆਂ ਕਰਕੇ ਟਰੈਕਟਰਾਂ ਰਾਹੀਂ ਅਧਿਕਾਰੀ ਅਤੇ ਕਰਮਚਾਰੀ ਅੱਗੇ ਗਏ ਅਤੇ ਡਿਪਟੀ ਕਮਿਸ਼ਨਰ ਨੇ ਵਧੀਕ ਡਿਪਟੀ ਕਮਿਸ਼ਨਰ ਦੀ ਅਗਵਾਈ ਹੇਠ ਜਵਾਨਾਂ ਨੂੰ ਨਾਲ ਤੋਰਿਆ ਤਾਂ ਜੋ ਲੋਕਾਂ ਨੂੰ ਘਰਾਂ ਵਿੱਚੋਂ ਕੱਢ ਕੇ ਸੁਰੱਖਿਆ ਸਥਾਨਾਂ ਉੱਤੇ ਪਹੁੰਚਾ ਸਕਣ। ਬੀਤੀ ਰਾਤ ਦੀਆਂ ਕੀਤੀਆਂ ਕੋਸ਼ਿਸ਼ਾਂ ਸਦਕਾ ਫੌਜ ਦੇ ਜਵਾਨ ਵੀ ਅੱਜ ਸਵੇਰੇ ਤੜਕੇ ਪਹੁੰਚ ਗਏ। ਇਸ ਤੋਂ ਇਲਾਵਾ ਏ ਟੀ ਓ ਆਰ ਵਹੀਕਲ, ਕਿਸ਼ਤੀਆਂ ਅਤੇ ਵਾਹਨ ਫਸਣ ਦੀ ਸੂਰਤ ਵਿੱਚ ਕਰੇਨਾਂ ਲਗਾਤਾਰ ਕੰਮ ਕਰ ਰਹੀਆਂ ਹਨ।ਫਿਲਹਾਲ ਪਾਣੀ ਵਿੱਚ ਘਿਰੇ ਲੋਕਾਂ ਨੂੰ ਸੁਰੱਖਿਤ ਸਥਾਨਾਂ ਉਤੇ ਲਿਆਉਣ ਦਾ ਕੰਮ ਚੱਲ ਰਿਹਾ ਹੈ ਅਤੇ ਡਿਪਟੀ ਕਮਿਸ਼ਨਰ ਖ਼ੁਦ ਇਸ ਦੀ ਅਗਵਾਈ ਕਰ ਰਹੇ ਹਨ। ਪਿੰਡਾਂ ਵਿੱਚੋਂ ਲਿਆਂਦੇ ਗਏ ਲੋਕਾਂ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਖਾਣੇ ਦਾ ਪ੍ਰਬੰਧ ਵੀ ਕੀਤਾ ਗਿਆ ਹੈ। ਜ਼ਿਲਾ ਪੰਚਾਇਤ ਅਫਸਰ ਸੰਦੀਪ ਮਲਹੋਤਰਾ ਨੇ ਦੱਸਿਆ ਕਿ ਇਸ ਪਾਣੀ ਕਾਰਨ ਘੋਨੇਵਾਲ, ਮਾਛੀਵਾਲ, ਨਿਸੋਕੇ, ਪੰਜਗਰਾਈ ਵਾਲਾ, ਘੁਮਰਾਏ, ਰੁੜੇਵਾਲ, ਦਰਿਆ ਮੂਸਾ, ਮਲਕਪੁਰਾ, ਗਿੱਲਾਂ ਵਾਲੀ, ਬੇਦੀ ਛੰਨਾ, ਚਾਹੜਪੁਰ, ਕਮੀਰਪੁਰਾ, ਬਲ ਲੱਭੇ ਦਰਿਆ, ਸਾਹੋਵਾਲ, ਬਜਵਾ, ਢਾਈ ਸਿੰਗਾਰਪੁਰਾ, ਜਗਦੇਵ ਖੁਰਦ, ਚੱਕਵਾਲਾ, ਭੈਣੀ ਗਿੱਲਾਂ, ਨੰਗਲ ਅੰਬ, ਗਾਲਿਬ, ਭੜਾਲ, ਸਮਰਾਏ, ਸੂਫੀਆਂ, ਦੁਜੋਵਾਲ, ਲੰਗਰਪੁਰਾ, ਮਲਕਪੁਰਾ, ਪੰਡੋਰੀ, ਖਟੜਾ, ਰਮਦਾਸ ਅਤੇ ਮੁਹੰਮਦ ਪਿੰਡ ਪ੍ਰਭਾਵਿਤ ਹੋਏ ਹਨ।



## ਹੁੱਲੜਬਾਜ਼ੀ, ਉੱਚੀ ਆਵਾਜ਼ 'ਚ ਸਪੀਕਰ ਲਾਉਣ ਤੇ ਮੋਟਰਸਾਈਕਲਾਂ ਦੇ ਪਟਾਕੇ ਪਾਉਣ 'ਤੇ ਪਾਬੰਦੀ

ਬਟਾਲਾ, (ਡਾ. ਮਲਵਿੰਦਰ ਸਿੰਘ)-ਡਾ. ਹਰਜਿੰਦਰ ਸਿੰਘ ਬੇਦੀ, ਵਧੀਕ ਜ਼ਿਲ੍ਹਾ ਮੈਜਿਸਟਰੇਟ ਗੁਰਦਾਸਪੁਰ ਵੱਲੋਂ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਗੁਰਦਾਸਪੁਰ ਵਿੱਚ ਸਬ-ਡਵੀਜ਼ਨ ਬਟਾਲਾ ਵਿਖੇ 27 ਅਗਸਤ ਤੋਂ 31 ਅਗਸਤ ਤੱਕ ਕੋਈ ਵੀ ਵਿਅਕਤੀ ਟਰੈਕਟਰਾਂ ਅਤੇ ਹੋਰ ਵਾਹਨਾਂ ਤੇ ਹੁੱਲੜਬਾਜ਼ੀ, ਉੱਚੀ ਆਵਾਜ਼ ਵਿਚ ਸਪੀਕਰ ਅਤੇ ਬੁਲਟ ਮੋਟਰਸਾਈਕਲਾਂ ਦੇ ਪਟਾਕੇ ਪਾਉਣ 'ਤੇ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ। ਹੁਕਮਾਂ ਵਿੱਚ ਅੱਗੇ ਕਿਹਾ ਗਿਆ ਹੈ ਕਿ ਜ਼ਿਲ੍ਹਾ ਗੁਰਦਾਸਪੁਰ ਦੀ ਸਬ ਡਵੀਜ਼ਨ ਬਟਾਲਾ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਵਿਆਹ ਪੁਰਬ 30 ਅਗਸਤ ਨੂੰ ਮਨਾਇਆ ਜਾ ਰਿਹਾ ਹੈ। ਆਮ ਤੌਰ 'ਤੇ ਵੇਖਣ ਵਿੱਚ ਆਉਂਦਾ ਹੈ ਕਿ ਇਸ ਮੇਲੇ ਵਿਚ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਟਰੈਕਟਰਾਂ ਅਤੇ ਹੋਰ ਵਾਹਨਾਂ ਉੱਪਰ ਹੁੱਲੜਬਾਜ਼ੀ ਕਰਦੇ ਹਨ, ਉੱਚੀ ਆਵਾਜ਼ ਵਿਚ ਵੱਡੇ ਸਪੀਕਰ ਲਗਾਉਂਦੇ ਹਨ ਜਿਨ੍ਹਾਂ ਨਾਲ ਪਬਲਿਕ ਨੂੰ ਖਾਸ ਕਰਕੇ ਬਜ਼ੁਰਗਾਂ ਅਤੇ ਛੋਟੇ ਬੱਚਿਆਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨ ਪੈਂਦਾ ਹੈ।ਇਸ ਲਈ ਉਪਰੋਕਤ ਪਾਬੰਦੀ ਲਾਉਣੀ ਜ਼ਰੂਰੀ ਸੀ!



# ਅੰਮ੍ਰਿਤਸਰ 'ਚ ਬਣੀਆਂ ਚੌਕੀਆਂ 'ਚ ਫਸੇ 360 ਬੀ ਐਸ ਐਫ ਜਵਾਨ : ਗੁਰਜੀਤ ਔਜਲਾ

ਚੇਤਨਪੁਰਾ (ਸੁਖਵੰਤ ਚੇਤਨਪੁਰੀ)- ਅਜਨਾਲਾ ਅਤੇ ਰਮਦਾਸ ਹਲਕੇ 'ਚ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰਨ ਪਹੁੰਚੇ ਲੋਕ ਸਭਾ ਹਲਕਾ ਅੰਮ੍ਰਿਤਸਰ ਤੋਂ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਕਿਹਾ ਕਿ ਅੰਮ੍ਰਿਤਸਰ ਦੇ ਅਜਨਾਲਾ ਹਲਕੇ ਵਿੱਚ ਬਣੀਆਂ ਚੌਕੀਆਂ ਵਿੱਚ ਲਗਭਗ 360 ਬੀ ਐਸ ਐਫ ਜਵਾਨ ਫਸੇ ਹੋਏ ਹਨ, ਜਿਹਨਾਂ ਨੂੰ ਤੁਰੰਤ ਬਚਾਇਆ ਜਾਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਪ੍ਰਧਾਨ ਮੰਤਰੀ, ਗ੍ਰਹਿ ਮੰਤਰੀ, ਰੱਖਿਆ ਮੰਤਰੀ ਅਤੇ ਮੁੱਖ ਮੰਤਰੀ ਭਗਵੰਤ ਮਾਨ ਤੋਂ ਤੁਰੰਤ ਦਖ਼ਲ ਦੇਣ ਅਤੇ ਬਚਾਅ ਕਾਰਜ ਨੂੰ ਤੇਜ਼ ਕਰਨ ਦੀ ਲੋੜ ਹੈ। ਇਸ ਦੌਰਾਨ ਉਨ੍ਹਾਂ ਨਾਲ ਸਾਬਕਾ ਵਿਧਾਇਕ ਹਰਪ੍ਰਤਾਪ ਸਿੰਘ ਅਜਨਾਲਾ, ਕਮਾਂਡੈਂਟ ਰਾਜੇਸ਼ ਰਾਣਾ ਮੌਜੂਦ ਸਨ।ਉਹਨਾਂ ਅਜਨਾਲਾ ਹਲਕੇ ਦੇ ਪਿੰਡਾਂ ਭੈਣੀਆਂ, ਮਾਝੀ ਮੀਆਂ, ਗੁਲਗੜ੍ਹ, ਸਾਰੰਗਦੇਵ, ਖਾਨਵਾਲ, ਛੰਨਾ ਸਾਰੰਗਦੇਵ, ਹਾਸ਼ਮਪੁਰਾ, ਅਕਬਰਪੁਰਾ, ਅਵਾਨ ਬਸਾਊ, ਘੋਗਾ, ਬੱਲ ਲੱਬੇ ਦਰਿਆ, ਸਾਹੋਵਾਲ, ਚੱਕ ਬਾਲਾ, ਜਗਦੇਵ ਖੁਰਦ, ਅਲੀਵਾਲ ਕੋਟਲੀ, ਗਾਹਿਲਪੁਰ, ਮੁੰਗੇਪੁਰ, ਮੁਹੱਲੇਪੁਰ, ਸੁਲਤਾਨ ਮਹਿਲ ਕਾਲੋਮਾਹਲ ਪਿੰਡਾਂ ਦਾ ਦੌਰਾ ਕੀਤਾ। ਇਸ ਦੌਰਾਨ ਔਜਲਾ ਨੇ ਲੋਕਾਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਪੀਣ ਵਾਲਾ ਪਾਣੀ, ਰਾਸ਼ਨ ਅਤੇ ਡੀਜ਼ਲ ਮੁਹੱਈਆ ਕਰਵਾਇਆ। ਔਜਲਾ ਨੇ ਚੌਕੀਆਂ ਦਾ ਦੌਰਾ ਕਰਦਿਆਂ ਦੱਸਿਆ ਕਿ ਅੱਜ ਉਹ ਸਭ ਤੋਂ ਪਹਿਲਾਂ ਬੀ.ਐਸ.ਐਫ ਦੇ ਬੀ.ਓ.ਪੀ ਸ਼ਾਹਪੁਰ ਪੁੱਜੇ ਜਿੱਥੇ ਪਾਣੀ ਕੋਟਰਜਾਦਾ ਅਤੇ ਬੇਦੀ ਛੰਨਾ ਤੋਂ ਲੰਘ ਕੇ ਬਾਕੀ ਪਿੰਡਾਂ ਵਿੱਚ ਪਹੁੰਚ ਗਿਆ ਹੈ। ਉਹਨਾਂ ਕਿਹਾ ਕਿ ਬੀ ਓ ਪੀ ਦਰਿਆ ਮਨਸੂਰ ਵਿੱਚ 60 ਬੀ ਐਸ ਐਫ ਜਵਾਨ, ਬਡਾਈ ਚੀਮਾ ਪੋਸਟ ਬੀ ਓ ਪੀ ਵਿੱਚ 50, 32 ਕੋਟ ਰਾਏਜਾਦਾ, ਛੰਨਾ ਬੀ ਓ ਪੀ ਵਿੱਚ 40, 15 ਛੰਨਾ ਪੱਤਣ, 80 ਪੰਚ ਗਰਾਈਆਂ, 80 ਧਰਮਸ਼ਾਲਾ ਨਿਆਲ ਨੰਗਲ ਸੋਢ, 9 ਜਵਾਨ ਛੰਨਾ ਰੋਡ 'ਤੇ ਪੀਰ ਬਾਬਾ ਦੀ ਦਰਗਾਹ 'ਤੇ ਚੜ੍ਹੇ ਹਨ, ਜੋ ਬਚਾਅ ਲਈ ਗਏ ਅਤੇ ਉੱਥੇ ਫਸ ਗਏ। ਦੋ ਵਾਹਨ 407 ਅਤੇ ਇੱਕ ਬੋਲੇਰੋ ਵੀ ਫਸੇ ਹੋਏ ਹਨ। ਇਸ ਤੋਂ ਇਲਾਵਾ ਲਗਭਗ 4 ਤੋਂ 5 ਹਜ਼ਾਰ ਦੇ ਕਰੀਬ ਨਾਗਰਿਕ ਫਸੇ ਹੋਏ ਹਨ ਜੋ ਰਮਦਾਸ, ਘੋਨੇਵਾਲ, ਮਾਛੀਵਾਲ, ਜੱਟਾ, ਨਾਸੋਕੇ, ਸੰਗੋਕੇ, ਪੰਚ ਗਰਾਈਆਂ, ਕੋਟ ਰਾਏਜਾਦਾ, ਗੱਗਰ, ਘੁਮਰਾਏ, ਮਾਣਕਪੁਰ, ਬੇਦੀ ਛੰਨਾ, ਚੰਡੀਗੜ੍ਹ ਆਬਾਦੀ, ਦਰਿਆ ਮੂਸਾ, ਰੁਧੇਵਾਲ, ਮਲਕਪੁਰ, ਦੂਜੋਵਾਲ, ਸੋਪੀਆਂ, ਥੋਬਾ, ਗੱਗੋਮਾਹਲ ਅਤੇ ਨੇੜਲੇ ਪਿੰਡਾਂ ਦੇ ਲੋਕ ਛੱਤਾਂ 'ਤੇ ਖੜ੍ਹੇ ਹਨ ਅਤੇ ਬਚਾਅ ਦੀ ਉਡੀਕ ਕਰ ਰਹੇ ਹਨ। ਉਹਨਾਂ ਕਿਹਾ ਕਿ ਕਿਉਂਕਿ ਪਾਣੀ ਦਾ ਪੱਧਰ ਲਗਾਤਾਰ ਵਧ ਰਿਹਾ ਹੈ। ਬੀ ਐਸ ਐਫ ਦੇ ਜਵਾਨ ਕਹਿੰਦੇ ਹਨ ਕਿ ਜੇਕਰ ਉਨ੍ਹਾਂ ਨੂੰ 2-3 ਮੋਟਰ ਬੋਟਾਂ ਅਤੇ ਪਾਣੀ ਚਲਾਉਣ ਵਾਲੀਆਂ ਮਸ਼ੀਨਾਂ ਦਿੱਤੀਆਂ ਜਾਣ ਤਾਂ ਉਹ ਬਹੁਤ ਸਾਰਾ ਬਚਾਅ ਕੰਮ ਕਰ ਸਕਦੇ ਹਨ। ਉਹਨਾਂ ਕਿਹਾ ਕਿ ਇੱਥੇ ਤੁਰੰਤ ਫੌਜ ਦੀ ਲੋੜ ਹੈ ਕਿਉਂਕਿ ਕਿ ਪਾਣੀ ਦਾ ਪੱਧਰ ਵਧਣ ਦੀ ਸੰਭਾਵਨਾ ਹੈ ਅਤੇ ਛੱਤਾਂ 'ਤੇ ਬੈਠੇ ਲੋਕ ਆਪਣੀਆਂ ਜਾਨਾਂ ਗੁਆ ਸਕਦੇ ਹਨ, ਇਸ ਲਈ ਕੇਂਦਰ ਸਰਕਾਰ ਅਤੇ ਰਾਜ ਸਰਕਾਰ ਨੂੰ ਤੁਰੰਤ ਧਿਆਨ ਦੇਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਰਾਵੀ ਪਾਰ ਵੀ ਲੋਕ ਫਸੇ ਹੋਏ ਹਨ ਅਤੇ ਉਹ ਸਵੇਰ ਤੋਂ ਅਜਨਾਲਾ ਇਲਾਕੇ ਵਿੱਚ ਘੁੰਮ ਰਹੇ ਹਨ ਪਰ ਕੋਈ ਵੀ ਸਰਕਾਰੀ ਨੁਮਾਇੰਦਾ ਜਵਾਬ ਨਹੀਂ ਦੇ ਰਿਹਾ। ਉਨ੍ਹਾਂ ਕਿਹਾ ਕਿ ਟਰੈਕਟਰ ਵੀ ਵਹਿ ਰਹੇ ਹਨ, ਇਸ ਲਈ ਜਾਨਾਂ ਜਾਣ ਦਾ ਖ਼ਤਰਾ ਬਹੁਤ ਜ਼ਿਆਦਾ ਹੈ, ਇਸ ਲਈ ਸਰਕਾਰ ਨੂੰ ਜਲਦੀ ਤੋਂ ਜਲਦੀ ਇਸ ਇਲਾਕੇ ਵੱਲ ਧਿਆਨ ਦੇਣਾ ਚਾਹੀਦਾ ਹੈ।



# ਚੇਅਰਮੈਨ ਰਮਨ ਬਹਿਲ ਨੇ ਹੜ੍ਹ ਪ੍ਰਭਾਵਿਤ ਲੋਕਾਂ ਤੱਕ ਰਾਹਤ ਸਮੱਗਰੀ ਪਹੁੰਚਾਈ

ਗੁਰਦਾਸਪੁਰ, (ਦਿਨੇਸ਼ ਕੁਮਾਰ) – ਰਾਵੀ ਦਰਿਆ ਵਿੱਚ ਪਾਣੀ ਦਾ ਪੱਧਰ ਵੱਧਣ ਕਾਰਨ ਜ਼ਿਲ੍ਹਾ ਗੁਰਦਾਸਪੁਰ ਦੇ ਕਈ ਪਿੰਡ ਹੜ੍ਹ ਦੇ ਪਾਣੀ ਵਿੱਚ ਘਿਰ ਗਏ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਤਹਿਤ ਪੰਜਾਬ ਸਰਕਾਰ ਦੇ ਨੁਮਾਇੰਦੇ ਲਗਾਤਾਰ ਹੜ੍ਹ ਪੀੜਤਾਂ ਦੀ ਮਦਦ ਲਈ ਯਤਨ ਕਰ ਰਹੇ ਹਨ। ਇਨ੍ਹਾਂ ਯਤਨਾਂ ਤਹਿਤ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਵੱਲੋਂ ਅੱਜ ਵਿਧਾਨ ਸਭਾ ਹਲਕਾ ਗੁਰਦਾਸਪੁਰ ਦੇ ਪਾਣੀ ਵਿੱਚ ਘਿਰੇ ਪਿੰਡ ਹਰਦਾਨ ਦੇ ਵਸਨੀਕਾਂ ਤੱਕ ਪੰਜਾਬ ਸਰਕਾਰ ਵੱਲੋਂ ਰਾਹਤ ਪਹੁੰਚਾਉਣ ਲਈ ਪਹੁੰਚ ਕੀਤੀ ਗਈ। ਚੇਅਰਮੈਨ ਰਮਨ ਬਹਿਲ ਆਪਣੇ ਸਾਥੀਆਂ ਨਾਲ ਕਿਸ਼ਤੀ ਵਿੱਚ ਸਵਾਰ ਹੋ ਕੇ ਪਿੰਡ ਹਰਦਾਨ ਪਹੁੰਚੇ ਜਿੱਥੇ ਉਨ੍ਹਾਂ ਵੱਲੋਂ ਹੜ੍ਹ ਪੀੜਤਾਂ ਨੂੰ ਰਾਹਤ ਸਮੱਗਰੀ ਵੰਡੀ ਗਈ। ਇਸ ਮੌਕੇ ਜਦੋਂ ਉਨ੍ਹਾਂ ਨੂੰ ਪਿੰਡ ਦੀ ਇੱਕ ਬਜ਼ੁਰਗ ਔਰਤ ਦੇ ਬਿਮਾਰ ਹੋਣ ਦਾ ਪਤਾ ਲੱਗਾ ਤਾਂ ਉਨ੍ਹਾਂ ਵੱਲੋਂ ਉਸ ਔਰਤ ਨੂੰ ਕਿਸ਼ਤੀ ਰਾਹੀਂ ਬਾਹਰ ਲਿਆ ਕੇ ਐਂਬੂਲੈਂਸ ਰਾਹੀਂ ਜ਼ਿਲ੍ਹਾ ਹਸਪਤਾਲ ਬੱਬਰੀ ਇਲਾਜ ਲਈ ਭੇਜਿਆ। ਇਸ ਤੋਂ ਬਾਅਦ ਚੇਅਰਮੈਨ ਨੇ ਲੋਲੇ ਨੰਗਲ (ਨੰਗਲ ਬ੍ਰਾਹਮਣਾਂ), ਮੁਕੰਦਪੁਰ ਅਤੇ ਨਾਲ ਲੱਗਦੇ ਪਿੰਡਾਂ ਦੇ ਡੇਰਿਆਂ ਤੱਕ ਕਿਸ਼ਤੀ ਰਾਹੀਂ ਪਹੁੰਚ ਕਰਕੇ ਹੜ੍ਹ ਵਿੱਚ ਫਸੇ ਲੋਕਾਂ ਤੱਕ ਰਾਹਤ ਸਮੱਗਰੀ ਪਹੁੰਚਾਈ।ਇਸ ਮੌਕੇ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਹੌਂਸਲਾ ਦਿੰਦਿਆਂ ਚੇਅਰਮੈਨ ਬਹਿਲ ਨੇ ਕਿਹਾ ਕਿ ਇਸ ਸੰਕਟ ਦੀ ਘੜੀ ਵਿੱਚ ਪੰਜਾਬ ਸਰਕਾਰ ਲੋਕਾਂ ਦੇ ਨਾਲ ਖੜ੍ਹੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਮਾਨ ਖੁਦ ਰਾਹਤ ਕਾਰਜਾਂ ਦੀ ਨਿਗਰਾਨੀ ਕਰ ਰਹੇ ਹਨ ਅਤੇ ਬੀਤੇ ਕੱਲ੍ਹ ਉਹ ਬਹਿਰਾਮਪੁਰ ਵਿਖੇ ਜ਼ਮੀਨੀ ਹਕੀਕਤ ਨੂੰ ਦੇਖ ਕੇ ਗਏ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਮਾਨ ਆਪਣਾ ਹੈਲੀਕਾਪਟਰ ਵੀ ਹੜ੍ਹ ਪੀੜ੍ਹਤਾਂ ਦੀ ਸਹਾਇਤਾ ਲਈ ਜ਼ਿਲ੍ਹਾ ਗੁਰਦਾਸਪੁਰ ਵਿਖੇ ਛੱਡ ਗਏ ਹਨ।



# ਜਮਹੂਰੀ ਕਿਸਾਨ ਸਭਾ ਪੰਜਾਬ ਦੀ ਵਿਸ਼ੇਸ਼ ਟੀਮ ਨੇ ਹੜ੍ਹ ਪ੍ਰਭਾਵਿਤ ਪਿੰਡਾਂ ਦੇ ਲੋਕਾਂ ਨਾਲ ਇਕਮੁੱਠਤਾ ਜਤਾਈ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**- ਸੰਯੁਕਤ ਕਿਸਾਨ ਮੋਰਚੇ ਦੀ ਸ਼ਾਮਲ ਜਮਹੂਰੀ ਕਿਸਾਨ ਸਭਾ ਪੰਜਾਬ ਦੀ ਵਿਸ਼ੇਸ਼ ਟੀਮ ਡਾ. ਸਤਨਾਮ ਸਿੰਘ ਅਜਨਾਲਾ ਦੀ ਅਗਵਾਈ 'ਚ ਰਾਵੀ ਦਰਿਆ ਦੇ ਨਾਲ ਅਜਨਾਲਾ ਤੇ ਰਮਦਾਸ ਖੇਤਰਾਂ ਦੇ ਸੈਂਕੜੇ ਹੜ੍ਹ ਪ੍ਰਭਾਵਿਤ ਪਿੰਡਾਂ ਦੇ ਲੋਕਾਂ ਨਾਲ ਇੱਕਮੁੱਠਤਾ ਜਤਾਈ । ਜਦ ਇਹ ਟੀਮ ਰੇਸ਼ਮ ਸਿੰਘ ਭੂਰੇ ਗਿੱਲ, ਬਲਵਿੰਦਰ ਸਿੰਘ ਛਿਆਲ ਭੱਟੀ, ਕੁਲਵਿੰਦਰ ਸਿੰਘ ਜੋਸ਼ ਸਮੇਤ ਸਮਾਜ ਸੇਵਕ ਤੇ ਉੱਘੇ ਗਾਇਕ ਗੁਰਪਾਲ ਗਿੱਲ ਸੋਦਪੁਰ ਜਦ ਹੜ੍ਹ ਨਾਲ ਘਿਰੇ ਪਿੰਡ ਗੱਗੋਮਾਹਲ ਪਹੁੰਚੇ ਉੱਥੇ ਵੱਡੀ ਗਿਣਤੀ ਵਿੱਚ ਹੜ੍ਹ ਪ੍ਰਭਾਵਿਤ ਲੋਕਾਂ ਨੇ ਇਕੱਠੇ ਹੋ ਕੇ ਆਪਣੇ ਦੁੱਖੜੇ ਸੁਣਾਏ ਕਿ ਸਾਡੀਆਂ ਸਾਉਣੀ ਦੀਆਂ ਫ਼ਸਲਾਂ ਮਾਰੀਆਂ ਗਈਆਂ ਅਤੇ ਹੁਣ ਸਾਡੇ ਘਰਾਂ ਵਿੱਚ ਪਾਣੀ ਆਉਣ ਕਰਕੇ ਸਾਡੀ ਆਪਣੇ ਘਰਾਂ ਦੀਆਂ ਛੱਤਾਂ ਉਪਰ ਚੜ੍ਹੇ ਹਾਂ। ਸਾਡੀ ਅਨਾਜ ਮੰਡੀ ਤੇ ਬਾਬਾ ਜੀਵਨ ਸਿੰਘ ਦੀ ਯਾਦ ਵਿੱਚ ਬਣਿਆ ਗੁਰਦੁਆਰਾ ਸਾਹਿਬ ਪਾਣੀ ਵਿੱਚ ਘਿਰ ਗਿਆ ਅਤੇ ਸਾਡੇ ਲੋਕੀਂ - ਕਰੋੜਾਂ ਰੁਪਏ ਨਾਲ ਹੋਏ ਨੁਕਸਾਨ ਨਾਲ ਬਹੁਤ ਵੱਡੇ ਡਿੱਗਣ ਦਾ ਖ਼ਦਸ਼ਾ ਹੈ। ਡਾ. ਅਜਨਾਲਾ ਨੇ ਇੱਥੇ ਜੁੜੇ ਲੋਕਾਂ ਨੂੰ ਦਿਲਾਸਾ ਦਿੰਦਿਆਂ ਕਿਹਾ ਕਿ ਇਹ ਜਿਹੜਾ ਹੜ੍ਹ ਆਇਆ ਹੈ ਇਹ ਕੋਈ ਕੁਦਰਤੀ ਆਫ਼ਤ ਨਹੀਂ, ਇਹ ਪੰਜਾਬ ਦੀ ਮਾਨ ਸਰਕਾਰ ਤੇ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਥੀਨ ਡੈਮ ( ਰਣਜੀਤ ਸਾਗਰ) ਤੋਂ ਯੱਕਲੱਖ ਤਿੰਨ ਲੱਖ ਕਿਊਸਕ ਪਾਣੀ ਛੱਡਣ ਨਾਲ ਹੜ੍ਹ ਆਇਆ ਹੈ। ਉੱਘੇ ਲੋਕ ਸੇਵਕ ਡਾ. ਸਤਨਾਮ ਸਿੰਘ ਅਜਨਾਲਾ ਨੇ ਕਿਹਾ ਕਿ ਪੰਜਾਬ ਵਿੱਚ ਪੱਕੇ ਤੌਰ 'ਤੇ ਹੜ੍ਹਾਂ ਨੂੰ ਰੋਕਣ ਲਈ ਦਰਿਆਵਾਂ ਦਾ ਨਹਿਰੀਕਰਨ ਕੀਤਾ ਜਾਵੇ। ਮਾਧੋਪੁਰ ਤੋਂ ਕੱਕੜ - ਰਾਣੀਆਂ ਤੱਕ ਰਾਵੀ ਦਰਿਆ 164 ਕਿਲੋਮੀਟਰ ਲੰਬਾ ਹੈ, ਇਹਦੇ ਉੱਤੇ ਪੰਜਾਬ ਵਾਲੇ ਬੰਨੇ 24 ਫੁੱਟ ਚੌੜੀ ਤੇ 12 ਫੁੱਟ ਉੱਚੀ ਕੰਕਰੀਟ ਨਾਲ ਧੁੱਸੀ ਬੰਨ੍ਹ ਬਣਾਇਆ ਜਾਵੇ ਜਿਸ ਉੱਪਰ ਅਵਾਜਾਈ ਲਈ 22 ਫੁੱਟ ਚੌੜੀ ਪੱਕੀ ਸੜਕ ਬਣਾਈ ਜਾਵੇ। ਇਸ ਨਾਲ ਇਲਾਕੇ ਦੀ ਆਰਥਿਕ ਹਾਲਤ ਵੀ ਸੁਧਰੇਗੀ ਤੇ ਇਸ ਨਾਲ ਹੜ੍ਹ ਨੂੰ ਪੱਕੇ ਤੌਰ 'ਤੇ ਨੱਥ ਪੈ ਜਾਵੇਗੀ । ਇਸ ਸਮੇਂ ਅੰਮ੍ਰਿਤਸਰ ਦੇ ਪਾਰਲੀਮੈਂਟ ਮੈਂਬਰ ਗੁਰਜੀਤ ਸਿੰਘ ਔਜਲਾ ਅਤੇ ਸਾਬਕਾ ਵਿਧਾਇਕ ਹਰਪ੍ਰਤਾਪ ਸਿੰਘ ਅਜਨਾਲਾ ਵੀ ਅਚਾਨਕ ਪਹੁੰਚੇ। ਡਾ. ਸਤਨਾਮ ਸਿੰਘ ਅਜਨਾਲਾ ਨੇ ਇਹ ਵੀ ਮੰਗ ਕੀਤੀ ਕਿ ਹੜ੍ਹਾਂ ਨਾਲ ਮਾਰੀ ਗਈ ਫਸਲ ਦਾ 70 ਹਜ਼ਾਰ ਰੁਪਏ ਪ੍ਰਤੀ ਏਕੜ ਅਤੇ ਮਜ਼ਦੂਰ ਨੂੰ 7 ਹਜ਼ਾਰ ਰੁਪਏ ਦਾ ਮੁਆਵਜ਼ਾ ਦਿੱਤਾ ਜਾਵੇ। ਇਸ ਤਰ੍ਹਾਂ ਮਾਰੇ ਗਏ ਦੁੱਧਾਰੂ ਪਸ਼ੂਆਂ ਦਾ ਡੇਢ ਲੱਖ ਰੁਪਏ ਅਤੇ ਤਰ੍ਹਾਂ ਨਾਲ ਮਕਾਨਾਂ ਦੇ ਨੁਕਸਾਨ ਦੀ ਪੂਰੀ ਪੂਰੀ ਭਰਪਾਈ ਕੀਤੀ ਜਾਵੇ। ਖ਼ਬਰ ਲਿਖਣ ਸਮੇਂ ਹੜ੍ਹ ਦਾ ਪਾਣੀ ਛਿਆਲ ਭੱਟੀ ਅਤੇ ਆਸਪਾਸ ਦੇ ਪਿੰਡਾਂ ਵਿੱਚ ਪਹੁੰਚ ਗਿਆ ਅਤੇ ਰਮਦਾਸ ਦੇ ਆਲੇ ਦੁਆਲੇ 50 ਪਿੰਡ ਪੂਰੀ ਤਰ੍ਹਾਂ ਡੁੱਬ ਗਏ। ਲੋਕ ਵਾਹੋਦਾਹੀ ਆਪਣੇ ਘਰਾਂ ਦਾ ਸਮਾਨ ਅਤੇ ਪਸ਼ੂਆਂ ਨੂੰ ਟਰੈਕਟਰ ਟਰਾਲੀਆਂ ਤੇ ਪਿੱਛੇ ਸੁਰੱਖਿਅਤ ਥਾਵਾਂ 'ਤੇ ਪਹੁੰਚਾ ਰਹੇ ਹਨ। ਇਸ ਸਮੇਂ ਹੋਰਨਾਂ ਤੋਂ ਇਲਾਵਾ ਪ੍ਰਭਾਵਤ ਪਿੰਡਾਂ ਦੇ ਲੋਕ ਰਣਜੀਤ ਸਿੰਘ, ਅਜਮੇਰ ਸਿੰਘ ਜਗਬੀਰ ਸਿੰਘ, ਮਲਕੀਤ ਸਿੰਘ, ਹਰਵਿੰਦਰ ਸਿੰਘ, ਅੰਗਰੇਜ਼ ਸਿੰਘ, ਬਚਿੱਤਰ ਸਿੰਘ, ਅਜੀਤ ਸਿੰਘ, ਡੋਗਰ ਸਿੰਘ, ਅੰਮ੍ਰਿਪਾਲ ਸਿੰਘ, ਗੁਰਲਾਲ ਸਿੰਘ, ਜੈਦੀਪ ਸਿੰਘ, ਜੁਗਰਾਜ ਸਿੰਘ ਆਦਿ ਹਾਜ਼ਰ ਸਨ। ਇਸ ਸਮੇਂ ਲੋਕਾਂ ਨੇ ਮੰਗ ਕੀਤੀ ਕਿ ਡੈਮ ਤੋਂ ਪਾਣੀ ਨੂੰ ਛੱਡਣਾ ਬੰਦ ਕੀਤਾ ਜਾਵੇ।



# ਕਟਾਰੂਚੱਕ ਦੀ ਨਿਗਰਾਨੀ 'ਚ ਯੂ ਬੀ ਡੀ ਸੀ ਨਹਿਰ 'ਤੇ ਲਗਾਏ ਲੋਹੇ ਦੇ ਗੇਟ

ਪਠਾਨਕੋਟ ( ਦਵਿੰਦਰ ਸਿੰਘ )- ਪਿਛਲੇ ਇੱਕ ਹਫਤੇ ਤੋਂ ਲਗਾਤਾਰ ਜੰਮੂ ਕਸ਼ਮੀਰ ਅਤੇ ਹਿਮਾਚਲ ਵਿੱਚ ਤੇਜ਼ ਬਾਰਿਸ਼ ਕਾਰਨ ਜ਼ਿਲ੍ਹਾ ਪਠਾਨਕੋਟ ਦੇ ਜ਼ਿਆਦਾਤਰ ਖੇਤਰਾਂ ਅੰਦਰ ਹੜ੍ਹ ਦੀ ਸਥਿਤੀ ਬਣ ਗਈ ਸੀ। ਅੱਜ ਮੌਸਮ ਠੀਕ ਹੋਣ ਤੋਂ ਬਾਅਦ ਲੋਕਾਂ ਨੂੰ ਥੋੜ੍ਹੀ ਰਾਹਤ ਮਿਲੀ ਹੈ ਅਤੇ ਇਸ ਦੇ ਨਾਲ ਹੀ ਜ਼ਿਲ੍ਹਾ ਪ੍ਰਸ਼ਾਸਨ ਰਾਹਤ ਕਾਰਜਾਂ ਵਿੱਚ ਜੁਟ ਗਿਆ ਹੈ। ਇਹ ਪ੍ਰਗਟਾਵਾ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਅੱਜ ਪਿੰਡ ਗੁਲਪੁਰ ਸਿੰਬਲੀ ਵਿਖੇ ਯੂ.ਬੀ ਡੀ.ਸੀ. ਨਹਿਰ ਤੇ ਕੀਤੇ ਜਾ ਰਹੇ ਬੈਰੀਕੇਡਿੰਗ ਦੇ ਕਾਰਜਾਂ ਦਾ ਨਿਰੀਖਣ ਕਰਨ ਦੌਰਾਨ ਕੀਤਾ।ਰਣਜੀਤ ਸਾਗਰ ਡੈਮ ਅੰਦਰ ਜ਼ਿਆਦਾ ਪਾਣੀ ਆਉਣ ਕਰਕੇ ਰਾਵੀ ਦਰਿਆ ਵਿੱਚ ਪਾਣੀ ਛੱਡਣਾ ਪੈ ਗਿਆ ਸੀ ਜਿਸ ਦੇ ਚਲਦਿਆਂ ਮਾਧੋਪੁਰ ਵਿਖੇ ਬੈਰੀਕੇਡ ਟੁੱਟਣ ਕਰਕੇ ਪਾਣੀ ਓਵਰਫਲੋ ਹੋ ਕੇ ਯੂ.ਬੀ.ਡੀ.ਸੀ. ਨਹਿਰ ਵਿੱਚ ਚਲਾ ਗਿਆ ਅਤੇ ਕਈ ਸਥਾਨਾਂ ਤੋਂ ਨਹਿਰ ਦਾ ਪਾਣੀ ਰਿਹਾਇਸ਼ੀ ਖੇਤਰਾਂ ਅੰਦਰ ਦਾਖਲ ਹੋ ਗਿਆ। ਅੱਜ ਰਾਹਤ ਮਿਲਣ ਤੇ ਵਿਭਾਗ ਵੱਲੋਂ ਇਸ ਪ੍ਰਭਾਵਿਤ ਖੇਤਰ ਅੰਦਰ ਨਹਿਰ ਤੇ ਬੈਰੀਕੇਡ ਲਗਾ ਕੇ ਪਾਣੀ ਦੇ ਬਹਾਓ ਨੂੰ ਰੋਕਿਆ ਗਿਆ। ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਕਿਹਾ ਕਿ ਮਾਧੋਪੁਰ ਤੋਂ ਪਾਣੀ ਓਵਰਫਲੋ ਹੋ ਕੇ ਨਹਿਰਾਂ ਅੰਦਰ ਚਲਿਆ ਗਿਆ, ਜਿਸ ਦੇ ਚਲਦਿਆਂ ਯੂ.ਬੀ.ਡੀ.ਸੀ. ਨਹਿਰ, ਮਾਧੋਪੁਰ ਬਿਆਸ ਲਿੰਕ ਨਹਿਰ ਅਤੇ ਹੋਰ ਕਈ ਨਹਿਰਾਂ ਅੰਦਰ ਪਾਣੀ ਦੀ ਸਮਰੱਥਾ ਵਧ ਗਈ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਯੂ.ਬੀ.ਡੀ.ਸੀ. ਨਹਿਰ ਤੇ ਗੁਲਪੁਰ ਸਿੰਬਲੀ ਦੇ ਨਜ਼ਦੀਕ ਨਹਿਰ ਤੋਂ ਨਿਕਲਣ ਵਾਲੇ ਮੋਘਿਆਂ ਅਤੇ ਨਿਕਾਸੀ ਨਹਿਰ ਦੇ ਚਲਦਿਆਂ ਯੂ.ਬੀ.ਡੀ.ਸੀ. ਨਹਿਰ ਦਾ ਜ਼ਿਆਦਾਤਰ ਪਾਣੀ ਆਬਾਦੀ ਖੇਤਰ ਅੰਦਰ ਚਲਿਆ ਗਿਆ। ਜਿਸ ਦੌਰਾਨ ਗੁਲਪੁਰ ਸਿੰਬਲੀ, ਬਾਜ਼ੀਗਰ ਭਾਈਚਾਰੇ ਦੇ ਡੇਰੇ, ਸਮਰਾਲਾ, ਸੁਕਾਲਗੜ੍ਹ ਸਾਰੇ ਪਿੰਡ ਪ੍ਰਭਾਵਿਤ ਹੋਏ। ਉਨ੍ਹਾਂ ਦੱਸਿਆ ਕਿ ਪਾਣੀ ਜ਼ਿਆਦਾ ਆਉਣ ਕਰਕੇ ਨਿਕਾਸੀ 'ਤੇ ਗੇਟ ਟੁੱਟ ਗਏ ਸਨ ਅਤੇ ਨਹਿਰ ਦਾ ਪਾਣੀ ਉਪਰੋਕਤ ਪਿੰਡਾਂ ਦੇ ਅੰਦਰ ਚਲਾ ਗਿਆ।ਉਨ੍ਹਾਂ ਦੱਸਿਆ ਕਿ ਅੱਜ ਤਿੰਨ ਗੇਟ ਬਣਾ ਕੇ ਇੱਥੇ ਲਗਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਅੱਜ ਤਿੰਨ ਦਰਿਆ ਨੂੰ ਬੰਦ ਕਰ ਦਿੱਤਾ ਗਿਆ ਹੈ ਅਤੇ ਹੁਣ ਇਨ੍ਹਾਂ ਪਿੰਡਾਂ ਨੂੰ ਪਾਣੀ ਦੀ ਮਾਰ ਨਹੀਂ ਝੱਲਣੀ ਪਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪਵਨ ਕੁਮਾਰ ਫੌਜੀ ਬਲਾਕ ਪ੍ਰਧਾਨ, ਸੰਦੀਪ ਕੁਮਾਰ ਬਲਾਕ ਪ੍ਰਧਾਨ, ਭੁਪਿੰਦਰ ਸਿੰਘ ਕਟਾਰੂਚੱਕ ਅਤੇ ਹੋਰ ਪਾਰਟੀ ਦੇ ਕਾਰਜਕਰਤਾ ਹਾਜ਼ਰ ਸਨ।



# ਸੂਬਾ ਸਰਕਾਰ ਦੇ ਹੈਲੀਕਾਪਟਰ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ 'ਚ ਰਾਹਤ ਕਾਰਜ ਜਾਰੀ

**ਡੇਰਾ ਬਾਬਾ ਨਾਨਕ/ਦੀਨਾ ਨਗਰ (ਰਮੇਸ਼ ਸ਼ਰਮਾ/ਬਲਵਿੰਦਰ ਸਿੰਘ ਬਿੱਲਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਮਾਨਵਤਾ ਪੱਖੀ ਪਹੁੰਚ ਅਪਣਾਉਂਦੇ ਹੋਏ ਸੂਬੇ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਫਸੇ ਪਰਵਾਰਾਂ ਨੂੰ ਰਾਹਤ ਸਮੱਗਰੀ ਪਹੁੰਚਾਉਣ ਅਤੇ ਲੋਕਾਂ ਦੀ ਸਹਾਇਤਾ ਲਈ ਤਾਇਨਾਤ ਕੀਤੇ ਸੂਬਾ ਸਰਕਾਰ ਦੇ ਹੈਲੀਕਾਪਟਰ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਅੱਜ ਦੂਜੇ ਦਿਨ ਵੀ ਲਗਾਤਾਰ ਰਾਹਤ ਕਾਰਜ ਚਲਾਏ ਗਏ। ਜਿੱਥੇ ਬੀਤੇ ਕੱਲ੍ਹ ਸੂਬਾ ਸਰਕਾਰ ਦੇ ਹੈਲੀਕਾਪਟਰ ਵੱਲੋਂ ਦੀਨਾਨਗਰ ਤਹਿਸੀਲ ਦੇ ਮਕੌੜਾ ਪੱਤਣ ਦੇ ਹੜ੍ਹ ਪ੍ਰਭਾਵਿਤ ਇਲਾਕੇ ਵਿੱਚ ਲੋਕਾਂ ਤੱਕ ਰਾਹਤ ਸਮੱਗਰੀ ਪਹੁੰਚਾਈ ਗਈ ਸੀ ਓਥੇ ਅੱਜ ਡੇਰਾ ਬਾਬਾ ਨਾਨਕ, ਕਲਾਨੌਰ ਅਤੇ ਦੀਨਾਨਗਰ ਤਹਿਸੀਲਾਂ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਰਾਹਤ ਸਮੱਗਰੀ ਪਹੁੰਚਾਈ ਗਈ। ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਖੁਦ ਰਾਜ ਸਰਕਾਰ ਦੇ ਹੈਲੀਕਾਪਟਰ ਰਾਹੀਂ ਡੇਰਾ ਬਾਬਾ ਨਾਨਕ ਹਲਕੇ ਦੇ ਹੜ੍ਹ ਦੇ ਪਾਣੀ ਵਿੱਚ ਘਿਰੇ ਪਿੰਡ ਹਰੂਵਾਲ, ਪੱਖੋਕੇ, ਸਾਧਾਂਵਾਲੀ, ਮਾਨ, ਮਛਰਾਲਾ, ਕਾਲ਼ਾਂਵਾਲੀ, ਸਮਰਾਏ, ਖਲੀਲਪੁਰ, ਖੁਸ਼ਹਾਲਪੁਰ, ਜੌੜੀਆਂ ਕਲਾਂ, ਜੌੜੀਆਂ ਖੁਰਦ, ਮੋਹਲ ਨੰਗਲ, ਕੋਠਾ, ਅਬਦਾਲ, ਰੱਤਾ, ਵੈਰੋਕੇ, ਠੇਠਰਕੇ, ਖੋਦੇ ਬੇਟ, ਮੰਗੀਆਂ, ਧਰਮਕੋਟ ਰੰਧਾਵਾ, ਮਾਨਸੂਰ, ਤਲਵੰਡੀ ਹਿੰਦੂਆਂ, ਸਹਿਜ਼ਾਦਾ, ਘਣੀਏ-ਕੇ-ਬੇਟ, ਧਰਮਕੋਟ ਪੱਤਣ, ਗੁਰਚੱਕ, ਡਾਲਾ, ਗੋਲਾ-ਢੋਲਾ, ਰੱਤੜ-ਛੱਤੜ, ਪੰਨਵਾਂ, ਧਰਮਾਬਾਦ, ਸਿੰਘਪੁਰਾ, ਬਹਿਲੋਪੁਰ, ਘੁੰਮਣ, ਚਾਕਾਂਵਾਲੀ, ਤਲਵੰਡੀ ਗੁਰਾਇਆ, ਚੌੜਾ ਅਤੇ ਖੁਸ਼ਹਾਲਪੁਰ ਦੇ ਵਸਨੀਕਾਂ ਤੱਕ ਰਾਹਤ ਸਮੱਗਰੀ ਪਹੁੰਚਾਈ। ਇਸ ਤੋਂ ਬਾਅਦ ਸ਼ਮਸ਼ੇਰ ਸਿੰਘ ਦੀਨਾਨਗਰ ਵੱਲੋਂ ਵਿਧਾਨ ਸਭਾ ਹਲਕਾ ਦੀਨਾਨਗਰ ਦੇ ਹੜ੍ਹ ਵਿੱਚ ਘਿਰੇ ਪਿੰਡ ਮਕੌੜਾ, ਨਵੀਂ ਅਬਾਦੀ ਚੰਡੀਗੜ੍ਹ, ਮਰਾੜਾ, ਝਬਕਰਾ, ਚਿੱਠੀ, ਜੋਗਰ, ਸ਼ਮਸ਼ੇਰਪੁਰ, ਕਾਹਨਾ, ਜੈਨਪੁਰ, ਬਾਹਮਣੀ, ਦਬੁਰਜੀ, ਸ਼ਾਹਪੁਰ ਅਫ਼ਗਾਨਾ, ਦੁਗਰੀ, ਆਦੀ, ਇਸਲਾਮਪੁਰ, ਮਲੂਕ ਚੱਕ, ਠੁੰਡੀ, ਬਾਊਪੁਰ ਅਫ਼ਗਾਨਾ, ਸੰਗੋਰ, ਚਕਰੀ, ਸਲਾਚ, ਠੱਠੀ, ਓਗਰਾ, ਜੱਗੋ ਚੱਕ ਟਾਂਡਾ, ਚੱਕ ਰਾਜਾ, ਗਾਹਲੜੀ, ਸੰਦਲਪੁਰ, ਠਾਕੁਰਪੁਰ, ਜੀਵਨਪੁਰ ਅਤੇ ਕਜਲੇ ਵਿੱਚ ਪੰਜਾਬ ਸਰਕਾਰ ਦੇ ਹੈਲੀਕਾਪਟਰ ਰਾਹੀਂ ਰਾਹਤ ਸਮੱਗਰੀ ਪਹੁੰਚਾਈ ਗਈ। ਇਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਹੈਲੀਕਾਪਟਰ ਰਾਹੀਂ ਉਹ ਹੜ੍ਹਾਂ ਵਿੱਚ ਫਸੇ ਲੋਕਾਂ ਤੱਕ ਰਾਹਤ ਸਮੱਗਰੀ ਪਹੁੰਚਾ ਸਕੇ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਗੁਰਦਾਸਪੁਰ ਦੇ ਕਈ ਪਿੰਡ ਰਾਵੀ ਤੋਂ ਵੀ ਪਾਰ ਹਨ ਜਿਨ੍ਹਾਂ ਦਾ ਸੰਪਰਕ ਪੂਰੀ ਤਰ੍ਹਾਂ ਨਾਲ ਟੁੱਟ ਚੁੱਕਾ ਹੈ ਅਤੇ ਓਥੇ ਤੱਕ ਕੇਵਲ ਹੈਲੀਕਾਪਟਰ ਰਾਹੀਂ ਹੀ ਪਹੁੰਚ ਹੋ ਸਕਦੀ ਸੀ। ਉਨ੍ਹਾਂ ਕਿਹਾ ਕਿ ਕਈ ਘਰ ਖੇਤਾਂ ਵਿੱਚ ਵੀ ਹਨ ਜੋ ਕਿ ਪਾਣੀ ਵਿੱਚ ਡੁੱਬੇ ਹੋਏ ਹਨ ਅਤੇ ਅਜਿਹੇ ਲੋਕਾਂ ਤੱਕ ਰਾਹਤ ਪਹੁੰਚਾਉਣ ਵਿੱਚ ਪੰਜਾਬ ਸਰਕਾਰ ਦਾ ਹੈਲੀਕਾਪਟਰ ਅਹਿਮ ਸਾਬਤ ਹੋਇਆ ਹੈ। ਉਨ੍ਹਾਂ ਇਨਸਾਨੀਅਤ ਪੱਖੀ ਇਸ ਫੈਸਲੇ ਲਈ ਭਗਵੰਤ ਸਿੰਘ ਮਾਨ ਦੀ ਸ਼ਲਾਘਾ ਕੀਤੀ।



## ਨਗਰ ਨਿਗਮ ਦਾ ਸੈਨੇਟਰੀ ਇੰਸਪੈਕਟਰ ਸਸਪੈਂਡ

**ਬਟਾਲਾ (ਡਾਕਟਰ ਮਲਵਿੰਦਰ ਸਿੰਘ)**- ਪੰਜਾਬ ਸਰਕਾਰ ਵਲੋਂ 30 ਅਗਸਤ ਨੂੰ ਬਾਬਾ ਜੀ ਦੇ ਵਿਆਹ ਪੁਰਬ ਸਮਾਗਮ ਲਈ ਸੰਗਤਾਂ ਦੀ ਸਹੂਲਤ ਲਈ ਲਗਾਤਾਰ ਦਿਨ ਰਾਤ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ ਅਤੇ ਇਨਾਂ ਸਮਾਗਮਾਂ ਦੌਰਾਨ ਕਿਸੇ ਵੀ ਵਿਭਾਗ ਵਲੋਂ ਡਿਊਟੀ ਦੌਰਾਨ ਵਰਤੀ ਗਈ ਕੁਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਇਸ ਪ੍ਰਗਟਾਵਾ ਕਰਦਿਆਂ ਵਿਕਰਮਜੀਤ ਸਿੰਘ ਐਸ.ਡੀ.ਐਮ-ਕਮ-ਕਮਿਸ਼ਨਰ ਕਾਰਪੋਰੇਸ਼ਨ ਬਟਾਲਾ ਨੇ ਦੱਸਿਆ ਕਿ ਵਿਆਹ ਪੁਰਹ ਸਮਾਗਮ ਦੀਆਂ ਤਿਆਰੀਆਂ ਸਬੰਧੀ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਅਤੇ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਵਲੋਂ ਲਗਾਤਾਰ ਤਿਆਰੀਆਂ ਦਾ ਜਾਇਜ਼ਾ ਲਿਆ ਜਾ ਰਿਹਾ ਹੈ ਅਤੇ ਉਨ੍ਹਾਂ ਵਲੋਂ ਸਮੂਹ ਵਿਭਾਗਾਂ ਨੂੰ ਦੇਸ਼-ਵਿਦੇਸ਼ ਵਿਚੋਂ ਆ ਰਹੀ ਸੰਗਤ ਦੀ ਸਹੂਲਤ ਲਈ ਸਮੇਂ ਸਿਰ ਕਾਰਜ ਨੇਪਰੇ ਚਾੜ੍ਹਨ ਦੀ ਹਦਾਇਤ ਕੀਤੀ ਗਈ ਹੈ।

ਉਨ੍ਹਾਂ ਅੱਗੇ ਕਿਹਾ ਕਿ ਪਰ ਸ਼ਹਿਰ ਵਿੱਚ ਸਫਾਈ ਵਿਵਸਥਾ ਵਿੱਚ ਲਗਾਤਾਰ ਵਰਤੀ ਜਾ ਰਹੀ ਕੁਤਾਹੀ ਨੂੰ ਲੈ ਕੇ ਸਥਾਨਕ ਸਰਕਾਰਾਂ ਵਿਭਾਗ ਵਲੋਂ ਸਖ਼ਤ ਨੋਟਿਸ ਲੈਂਦਿਆਂ ਵਿਕਾਸ ਵਾਸਦੇਵ, ਸੈਨੇਟਰੀ ਇੰਸਪੈਕਟਰ, ਨਗਰ ਨਿਗਮ ਬਟਾਲਾ ਨੂੰ ਆਪਣੀ ਡਿਊਟੀ ਵਿੱਚ ਕੁਤਾਹੀ ਵਰਤਣ ਅਤੇ ਆਪਣੇ ਉੱਚ ਅਧਿਕਾਰੀਆਂ ਦੇ ਹੁਕਮਾਂ ਦੀ ਪਾਲਣ ਨਾ ਕਰਨ ਕਾਰਨ ਤੁਰੰਤ ਪ੍ਰਭਾਵ ਤੋਂ ਮੁਅੱਤਲ ਕਰ ਦਿੱਤਾ ਗਿਆ ਹੈ।

ਉਨ੍ਹਾਂ ਅੱਗੇ ਕਿਹਾ ਕਿ ਸ਼ਹਿਰ ਵਿੱਚ ਸਾਫ਼-ਸਫਾਈ ਜਾਂ ਕਿਸੇ ਹੋਰ ਵੀ ਸਮੱਸਿਆ ਸਬੰਧੀ ਜੇਕਰ ਕਿਸੇ ਵੀ ਵਿਭਾਗ ਦਾ ਕੋਈ ਅਧਿਕਾਰੀ/ਕਰਮਚਾਰੀ ਆਪਣੀ ਡਿਊਟੀ ਵਿੱਚ ਲਾਪਰਵਾਹੀ ਵਰਤਦਾ ਹੈ ਤਾਂ ਉਸ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨਾਂ ਸਮੂਹ ਵਿਭਾਗਾਂ ਨੂੰ ਮਿਹਨਤ ਅਤੇ ਸੇਵਾ ਭਾਵਨਾ ਨਾਲ ਕੰਮ ਕਰਨ ਦੀ ਅਪੀਲ ਕੀਤੀ।

# ਮਾਧੋਪੁਰ ਹੈੱਡ ਵਰਕਸ ਦੇ ਫਲੱਡ ਗੇਟ ਰੁੜ੍ਹਨ ਦੀ ਉੱਚ ਪੱਧਰੀ ਜਾਂਚ ਹੋਵੇ : ਕੁੱਲ ਹਿੰਦ ਕਿਸਾਨ ਸਭਾ

ਝਬਾਲ (ਹਰਜਿੰਦਰ ਸਿੰਘ ਸੋਨੀ)-ਪੰਜਾਬ ਦੇ ਰਾਵੀ ਦਰਿਆ 'ਤੇ ਮਾਧੋਪੁਰ ਹੈੱਡ ਵਰਕਸ ਦੇ ਤਿੰਨ ਫਲੱਡ ਗੇਟ ਰੁੜ੍ਹ ਜਾਣਾ ਤੇ ਇੱਕ ਚਾਰਜਮੈਨ ਦਾ ਵੀ ਨਾਲ ਹੀ ਰੁੜ੍ਹ ਜਾਣਾ ਜਿੱਥੇ ਬਹੁਤ ਦੁੱਖਦਾਈ ਹੈ, ਉੱਥੇ ਇਹ ਘਟਨਾ ਕਈ ਗੰਭੀਰ ਸਵਾਲ ਵੀ ਖੜ੍ਹੇ ਕਰਦੀ ਹੈ। ਜੋ ਕਿ ਇੱਕ ਉੱਚ ਪੱਧਰੀ ਜਾਂਚ ਦਾ ਵਿਸ਼ਾ ਹੈ। ਪ੍ਰੈਸ ਨੂੰ ਇਹ ਬਿਆਨ ਜਾਰੀ ਕਰਦਿਆਂ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾਈ ਪ੍ਰਧਾਨ ਬਲਦੇਵ ਸਿੰਘ ਨਿਹਾਲਗੜ੍ਹ, ਵਰਕਿੰਗ ਪ੍ਰਧਾਨ ਮਹਾਂਬੀਰ ਸਿੰਘ ਗਿੱਲ, ਜਨਰਲ ਸਕੱਤਰ ਬਲਕਰਨ ਸਿੰਘ ਬਰਾੜ, ਮੀਤ ਸਕੱਤਰ ਲਖਬੀਰ ਸਿੰਘ ਨਿਜ਼ਾਮਪੁਰ, ਪ੍ਰੈਸ ਸਕੱਤਰ ਬਲਕਾਰ ਸਿੰਘ ਵਲਟੋਹਾ, ਸੂਬਾ ਕੌਂਸਲ ਮੈਂਬਰ ਗੁਲਜ਼ਾਰ ਸਿੰਘ ਬਸੰਤਕੋਟ ਤੇ ਅਮਰੀਕ ਸਿੰਘ ਪਠਾਨਕੋਟ ਨੇ ਕਿਹਾ ਕਿ ਹੜ੍ਹਾਂ ਨਾਲ ਦਰਿਆਵਾਂ ਨੇੜਲੇ ਲੋਕਾਂ ਦਾ ਭਾਰੀ ਨੁਕਸਾਨ ਹੋ ਰਿਹਾ ਹੈ। ਸਰਕਾਰੀ ਪ੍ਰਬੰਧਾਂ ਦੀ ਬੁਰੀ ਤਰ੍ਹਾਂ ਫੂਕ ਨਿਕਲੀ ਹੈ। ਮਾਧੋਪੁਰ ਹੈੱਡ ਵਰਕਸ ਦੇ ਫਲੱਡ ਗੇਟ ਰੁੜ੍ਹਨ ਤੋਂ ਇਸ ਤਰ੍ਹਾਂ ਸ਼ੱਕ ਪੈਂਦਾ ਹੈ ਕਿ ਉਹ ਗੇਟ ਲੰਬੇ ਸਮੇਂ ਤੋਂ ਜਾਮ ਹੋਏ ਸਨ, ਜਿਨ੍ਹਾਂ ਨੂੰ ਅਭਿਆਸ ਵਜੋਂ ਕਦੇ ਖੋਲ੍ਹਿਆ ਨਹੀਂ ਗਿਆ। ਅੱਠ ਦਸ ਫੁੱਟ ਗਾਰ ਜੰਮ ਗਈ, ਇਹ ਅਚਾਨਕ ਜੰਮ ਗਈ ਹੋਵੇ, ਇਹ ਸੰਭਵ ਨਹੀਂ ਲੱਗਦਾ। ਇਹ ਸਹਿਜੇ ਸਹਿਜੇ ਜੰਮੀ ਹੋ ਸਕਦੀ ਹੈ। ਅੱਜ ਕੱਲ੍ਹ ਬਹੁਤਾ ਕੁੱਝ ਰਾਮ-ਭਰੋਸੇ ਹੀ ਚੱਲ ਰਿਹਾ ਹੈ।ਇਸ ਕਰਕੇ ਇਹਨਾਂ ਫਲੱਡ ਗੇਟਾਂ ਦਾ ਰੁੜ੍ਹਨਾ ਉੱਚ ਪੱਧਰੀ ਜਾਂਚ ਦਾ ਵਿਸ਼ਾ ਹੈ। ਕੁੱਲ ਹਿੰਦ ਕਿਸਾਨ ਸਭਾ ਮੰਗ ਕਰਦੀ ਹੈ ਕਿ ਇਸ ਦੁਰਘਟਨਾ ਦੀ ਅਦਾਲਤੀ ਜਾਂਚ ਕਰਵਾਈ ਜਾਵੇ ਤਾਂ ਕਿ ਪਤਾ ਲੱਗ ਸਕੇ ਕਿ ਲਾਪ੍ਰਵਾਹੀ ਵਰਤੀ ਗਈ ਹੈ ਜਾਂ ਸੱਚਮੁੱਚ ਅਜਿਹੇ ਐਮਰਜੈਂਸੀ ਹਾਲਾਤ ਬਣ ਗਏ ਸਨ ਕਿ ਗੇਟ ਰੁੜ੍ਹ ਗਏ।ਉਹਨਾਂ ਇਹ ਵੀ ਜ਼ੋਰ ਨਾਲ ਮੰਗ ਕੀਤੀ ਕਿ ਰਾਵੀ,ਬਿਆਸ ਤੇ ਸਤਲੁਜ ਦਰਿਆ 'ਤੇ ਬਣੇ ਡੈਮਾਂ ਦਾ ਸਮੁੱਚਾ ਪ੍ਰਬੰਧ ਪੰਜਾਬ ਸਰਕਾਰ ਦੇ ਹੱਥਾਂ ਵਿੱਚ ਦਿੱਤਾ ਜਾਵੇ ਤਾਂ ਕਿ ਰਾਜ ਦੀ ਹਾਲਤ ਅਨੁਸਾਰ ਰਾਜ ਸਰਕਾਰ ਸਮੇਂ ਸਮੇਂ ਸਿਰ ਧਿਆਨ ਦਿੰਦੀ ਰਹੇ।ਕਿਸਾਨ ਆਗੂਆਂ ਕਿਹਾ ਕਿ ਡੈਮਾਂ ਦੇ ਬਚਾਅ ਪ੍ਰਬੰਧ ਦਾ ਨਿਰੀਖਣ ਅਤੇ ਫਲੱਡ ਗੇਟਾਂ ਦਾ ਅਭਿਆਸ ਸਮੇਂ ਸਮੇਂ ਕਰਨਾ ਯਕੀਨੀ ਬਣਾਇਆ ਜਾਵੇ।ਕਿਸਾਨ ਆਗੂਆਂ ਨਾਲ ਹੀ ਮੰਗ ਕੀਤੀ ਕਿ ਹੜ੍ਹ ਪ੍ਰਭਾਵਿਤ ਲੋਕਾਂ ਲਈ ਰਾਹਤ ਕਾਰਜਾਂ ਸਬੰਧੀ ਪੰਜਾਬ ਸਰਕਾਰ ਧਰਾਤਲ 'ਤੇ ਆਪਣਾ ਕੰਮ ਜੰਗੀ ਪੱਧਰ ਤੇ ਕਰੇ ਤਾਂ ਕਿ ਲੋਕਾਂ ਨੂੰ ਸੱਚਮੁੱਚ ਫੌਰੀ ਰਾਹਤ ਮਿਲ ਸਕੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਡਿਪਟੀ ਜਨਰਲ ਸਕੱਤਰ ਕੁਲਵੰਤ ਸਿੰਘ ਮੌਲਵੀਵਾਲਾ,ਸੂਰਤ ਸਿੰਘ ਧਰਮਕੋਟ, ਸਕੱਤਰ ਸੁਰਿੰਦਰ ਸਿੰਘ ਢੰਡੀਆਂ, ਗੁਰਪ੍ਰੀਤ ਸਿੰਘ ਨੱਢਾ, ਗੁਰਨਾਮ ਸਿੰਘ ਰੋਪੜ, ਗੁਰਜੀਤ ਸਿੰਘ ਫਿਰੋਜ਼ਪੁਰ, ਚਮਕੌਰ ਸਿੰਘ ਬਰਮੀਂ ਸਮੇਤ ਹੋਰ ਆਗੂ ਵੀ ਹਾਜ਼ਰ ਸਨ।



# ਵਿਆਹ ਪੁਰਬ ਸਮਾਗਮ : ਸ਼ਰਧਾਲੂਆਂ ਨੂੰ ਲੰਗਰ ਵਰਤਾਉਣ ਲਈ ਪੱਤਲ ਜਾਂ ਸਟੀਲ ਦੀਆਂ ਪਲੇਟਾਂ ਦੀ ਵਰਤੋਂ ਕਰਨ ਦੀ ਅਪੀਲ

ਬਟਾਲਾ, ( ਡਾਕਟਰ ਮਲਵਿੰਦਰ ਸਿੰਘ ) ਵਿਕਰਮਜੀਤ ਸਿੰਘ ਐੱਸ. ਡੀ. ਐਮ. ਕਮ -ਕਮਿਸ਼ਨਰ ਨਗਰ ਨਿਗਮ ਬਟਾਲਾ ਨੇ ਦੱਸਿਆ ਕਿ ਬਾਬਾ ਜੀ ਦੇ ਵਿਆਹ ਪੁਰਬ ਸਮਾਗਮ ਲਈ ਦਿਨ-ਰਾਤ ਵੱਖ-ਵੱਖ ਵਿਭਾਗਾਂ ਵੱਲੋਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਸੰਗਤਾਂ ਦੀ ਸਹੂਲਤ ਲਈ ਕੋਈ ਕਮੀ ਬਾਕੀ ਨਾ ਰਹੇ।ਉਨ੍ਹਾਂ ਅੱਗੇ ਦੱਸਿਆ ਕਿ ਬਟਾਲਾ ਦੇ ਵਿਧਾਇਕ, ਅਮਨਸ਼ੇਰ ਸਿੰਘ ਸ਼ੈਰੀ ਕਲਸੀ ਅਤੇ ਦਲਵਿੰਦਰਜੀਤ ਸਿੰਘ, ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ 29 ਅਗਸਤ ਨੂੰ ਗੁਰਦੁਆਰਾ ਸ੍ਰੀ ਬੇਰ ਸਾਹਿਬ, ਸੁਲਤਾਨਪੁਰ ਲੋਧੀ ਤੋਂ ਆਉਣ ਵਾਲੇ ਨਗਰ ਕੀਰਤਨ ਦੇ ਰੂਟ ਅਤੇ 30 ਅਗਸਤ ਨੂੰ ਪਾਲਕੀ ਸਾਹਿਬ ਜੀ ਦੇ ਰੂਟ ਸਮੇਤ ਸਮੁੱਚੇ ਬਟਾਲਾ ਸ਼ਹਿਰ ਅੰਦਰ ਵੱਖ-ਵੱਖ ਵਿਕਾਸ ਕਾਰਜ ਕੀਤੇ ਗਏ ਹਨ ਅਤੇ ਰਹਿੰਦੇ ਕਾਰਜਾਂ ਨੂੰ ਅੰਤਿਮ ਛੂਹ ਦਿਤੀ ਜਾ ਰਹੀ ਹੈ ।ਉਨ੍ਹਾਂ ਸ਼ਹਿਰ ਵਾਸੀਆਂ ਅਤੇ ਲੰਗਰ ਲਗਾਉਣ ਵਾਸੀਆਂ ਸੰਗਤਾਂ ਕੋਲੋ ਸਹਿਯੋਗ ਦੀ ਮੰਗ ਕਰਦਿਆਂ ਕਿਹਾ ਕਿ ਉਹ ਇਕ ਵਾਰ ਵਰਤੋਂ ਵਿੱਚ ਆਉਣ ਵਾਲੇ ਪਲਾਸਟਿਕ ਦੀ ਵਰਤੋਂ ਨਾ ਕਰਨ । ਲੰਗਰ ਵਰਤਾਉਣ ਲਈ ਪੱਤਲ ਜਾਂ ਸਟੀਲ ਦੀਆਂ ਪਲੇਟਾਂ ਦੀ ਵਰਤੋ ਕੀਤੀ ਜਾਵੇ ਤਾ ਜੋ ਸਮਾਗਮ ਜ਼ੀਰੋ ਵੇਸਟ ਜਨਰੇਟਿਡ ਮੇਲਾ ਮਨਾਉਣ ਦਾ ਮਿਥਿਆ ਟੀਚਾ ਸਫਲਤਾਪੂਰਵਕ ਸਰ ਕੀਤਾ ਜਾ ਸਕੇ। ਉਨਾਂ ਕਿਹਾ ਕਿ ਲੰਗਰ ਲਗਾਉਣ ਵਾਲੀ ਜਗ੍ਹਾ 'ਤੇ ਸਫਾਈ ਰੱਖੀ ਜਾਵੇ ਤੇ ਵੇਸਟੇਜ ਡਸਟਬਿਨ ਵਿੱਚ ਹੀ ਪਾਈ ਜਾਵੇ।ਉਨ੍ਹਾਂ ਅੱਗੇ ਦੱਸਿਆ ਕਿ ਪ੍ਰਸ਼ਾਸਨ ਸ਼ਰਧਾਲੂਆਂ ਦੀ ਸਹੂਲਤ ਲਈ ਕੋਈ ਕਮੀ ਨਹੀਂ ਰਹਿਣ ਦੇਵੇਗਾ ਅਤੇ ਬਟਾਲਾ ਸ਼ਹਿਰ ਨੂੰ ਸਵਾਗਤੀ ਗੇਟਾਂ ਤੇ ਰੰਗ ਬਰੰਗੀਆਂ ਲੜੀਆਂ ਆਦਿ ਨਾਲ ਸਜਾਇਆ ਜਾਵੇਗਾ।ਉਨਾਂ ਅੱਗੇ ਕਿਹਾ ਕਿ ਜੇਕਰ ਕਿਸੇ ਵੀ ਸ਼ਹਿਰ ਵਾਸੀ ਨੂੰ ਸਫ਼ਾਈ ਆਦਿ ਸਬੰਧੀ ਕੋਈ ਮੁਸ਼ਕਲ ਪੇਸ਼ ਆਉਂਦੀ ਹੈ ਤਾਂ ਹੈਲਪ ਲਾਈਨ ਨੰਬਰ 99153-62910 'ਤੇ ਸੰਪਰਕ ਕੀਤਾ ਜਾਵੇ।



# ਗੁਰਦੁਆਰਾ ਕਰਤਾਰਪੁਰ ਸਾਹਿਬ ਅੰਦਰ ਹੜ੍ਹ ਦਾ ਪਾਣੀ ਦਾਖਲ ਹੋਣ 'ਤੇ ਜਥੇਦਾਰ ਨੇ ਪ੍ਰਗਟਾਈ ਚਿੰਤਾ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਲਹਿੰਦੇ ਪੰਜਾਬ ਪਾਕਿਸਤਾਨ ਵਿੱਚ ਸਥਿਤ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਸ੍ਰੀ ਕਰਤਾਰਪੁਰ ਸਾਹਿਬ ਅੰਦਰ ਰਾਵੀ ਦਰਿਆ ਵਿੱਚ ਆਏ ਹੜ੍ਹ ਦਾ ਪਾਣੀ ਦਾਖਲ ਹੋਣ 'ਤੇ ਗਹਿਰੀ ਚਿੰਤਾ ਦਾ ਪ੍ਰਗਟਾਵਾ ਕਰਦਿਆ ਕਿਹਾ ਕਿ ਸ੍ਰੀ ਕਰਤਾਰਪੁਰ ਸਾਹਿਬ ਦੇ ਮੁੱਖ ਦਰਬਾਰ ਸਮੇਤ ਸਮੁੱਚੇ ਸਮੂਹ ਅੰਦਰ ਕਈ-ਕਈ ਫੁੱਟ ਪਾਣੀ ਨੇ ਮਾਰ ਕੀਤੀ ਹੈ ਜਿਸ ਨਾਲ ਦੇਸ਼-ਵਿਦੇਸ਼ ਵਿੱਚ ਵੱਸਦੀ ਸਿੱਖ ਸੰਗਤ ਦੇ ਮਨਾਂ ਅੰਦਰ ਗਹਿਰੀ ਚਿੰਤਾ ਵਾਲਾ ਮਾਹੌਲ ਬਣਿਆ ਹੋਇਆ ਹੈ ਤੇ ਪਾਕਿਸਤਾਨ ਸਰਕਾਰ ਤੁਰੰਤ ਪਾਣੀ ਦੀ ਨਿਕਾਸੀ ਦਾ ਪ੍ਰਬੰਧ ਕਰੇ। ਜਥੇਦਾਰ ਗੜਗੱਜ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਮੇਤ ਕਈ ਸਿੱਖ ਜਥੇਬੰਦੀਆਂ, ਕਾਰ ਸੇਵਾ ਵਾਲੀਆਂ ਸੰਸਥਾਵਾਂ ਅਤੇ ਹੋਰ ਪੰਜਾਬੀ ਸੰਸਥਾਵਾਂ ਵੱਲੋਂ ਇਸ ਮੁਸੀਬਤ ਦੇ ਸਮੇਂ ਕੀਤੀਆਂ ਜਾ ਰਹੀਆਂ ਸੇਵਾਵਾਂ ਦੀ ਸ਼ਲਾਘਾ ਕਰਦਿਆ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਜਾਰੀ ਕੀਤੀ ਗਈ ਅਪੀਲ ਅਨੁਸਾਰ ਹੜ੍ਹ ਨਾਲ ਜ਼ਿਆਦਾ ਪ੍ਰਭਾਵਿਤ ਹੋਏ ਪਿੰਡ ਵਾਸੀ ਗੁਰੂ ਘਰਾਂ ਵਿੱਚੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਉਣ ਨੂੰ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਭਾਵੇਂ ਇਸ ਸਾਲ ਗੁਰੂ ਘਰ ਦੀ ਹਦੂਦ ਅੰਦਰ ਹੜ੍ਹ ਦਾ ਪਾਣੀ ਵੜ ਗਿਆ ਹੈ ਲੇਕਿਨ ਭਵਿੱਖ ਵਾਸਤੇ ਪਾਕਿਸਤਾਨ ਅਤੇ ਲਹਿੰਦੇ ਪੰਜਾਬ ਦੀਆਂ ਸਰਕਾਰਾਂ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਭਵਿੱਖ ਵਿੱਚ ਅਜਿਹਾ ਨਾ ਹੋਵੇ। ਜਥੇਦਾਰ ਗੜਗੱਜ ਨੇ ਭਾਰਤ ਅਤੇ ਪਾਕਿਸਤਾਨ ਸਰਕਾਰਾਂ ਨੂੰ ਕਿਹਾ ਕਿ ਦੋਵੇਂ ਦੇਸ਼ ਸਾਂਝੇ ਯਤਨਾਂ ਅਤੇ ਆਪਸੀ ਤਾਲਮੇਲ ਨਾਲ ਇਹ ਯਕੀਨੀ ਬਣਾਉਣ ਕਿ ਭਵਿੱਖ ਵਿੱਚ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਸ੍ਰੀ ਕਰਤਾਰਪੁਰ ਸਾਹਿਬ ਵਿੱਚ ਇਸ ਤਰ੍ਹਾਂ ਹੜ੍ਹ ਦਾ ਪਾਣੀ ਨਾ ਆਵੇ, ਇਸ ਲਈ ਦੋਵੇਂ ਪਾਸੇ ਜੋ ਪ੍ਰਬੰਧ ਕਰਨੇ ਲੋੜੀਂਦੇ ਹਨ ਉਹ ਕੀਤੇ ਜਾਣ ਤਾਂ ਜੋ ਸਿੱਖ ਸੰਗਤਾਂ ਨੂੰ ਕਿਸੇ ਕਿਸਮ ਦੀ ਚਿੰਤਾ ਨਾ ਹੋਵੇ।

## ਭਾਰਤੀ ਹਵਾਈ ਫ਼ੌਜ ਲੜਕੇ ਤੇ ਲੜਕੀਆਂ ਲਈ ਅਗਨੀਵੀਰ ਵਾਯੂ ਭਰਤੀ ਜਲੰਧਰ ਵਿਖੇ ਹੋਵੇਗੀ

ਗੁਰਦਾਸਪੁਰ, (ਜਨਕ ਮਹਾਜਨ)- ਭਾਰਤੀ ਹਵਾਈ ਫ਼ੌਜ ਲੜਕੇ ਅਤੇ ਲੜਕੀਆਂ ਲਈ ਅਗਨੀਵੀਰ ਵਾਯੂ ਇੰਟੇਕ 01/2026 ਲਈ ਭਰਤੀ ਰੈਲੀ ਕਰਵਾਈ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਰੋਜ਼ਗਾਰ ਅਫ਼ਸਰ ਪ੍ਰਸ਼ੋਤਮ ਸਿੰਘ ਨੇ ਦੱਸਿਆ ਕਿ ਇਹ ਰੈਲੀ ਲੜਕਿਆਂ ਲਈ 30 ਅਗਸਤ ਅਤੇ ਲੜਕੀਆਂ ਲਈ 3 ਸਤੰਬਰ ਨੂੰ ਸਰਕਾਰੀ ਆਰਟਸ ਐਂਡ ਸਪੋਰਟਸ ਕਾਲਜ ਜਲੰਧਰ ਵਿਖੇ ਆਯੋਜਿਤ ਕੀਤੀ ਜਾਵੇਗੀ। ਅਗਨੀਵੀਰ ਵਾਯੂ ਭਰਤੀ ਲਈ ਅਣਵਿਆਹੇ ਲੜਕੇ ਅਤੇ ਲੜਕੀਆਂ ਉਮੀਦਵਾਰ ਹੀ ਹਿੱਸਾ ਲੈ ਸਕਦੇ ਹਨ। ਉਮਰ ਦੀ ਸੀਮਾ 21 ਸਾਲ ਹੈ ਅਤੇ ਉਮੀਦਵਾਰ ਦਾ ਜਨਮ 01.01.2005 ਤੋਂ 01.07.2008 ਦੇ ਵਿਚਕਾਰ ਹੋਣਾ ਚਾਹੀਦਾ ਹੈ। ਇਸ ਭਰਤੀ ਲਈ ਵਿੱਦਿਅਕ ਯੋਗਤਾ ਕਿਸੇ ਵੀ ਸਟਰੀਮ/ਵਿਸ਼ਿਆਂ ਵਿੱਚ 10+2/ਡਿਪਲੋਮਾ/ਵੋਕੇਸ਼ਨਲ ਕੋਰਸ ਪਾਸ, ਜਿਸ ਵਿਚ ਕੁੱਲ ਮਿਲਾ ਕੇ 50 ਫ਼ੀਸਦੀ ਅੰਕ ਅਤੇ ਅੰਗਰੇਜ਼ੀ ਵਿੱਚ 50 ਫ਼ੀਸਦੀ ਅੰਕ ਹੋਣੇ ਜ਼ਰੂਰੀ ਹਨ ਅਤੇ ਉਮੀਦਵਾਰ ਪੰਜਾਬ ਰਾਜ ਦੇ ਵਸਨੀਕ ਹੋਣੇ ਚਾਹੀਦੇ ਹਨ। ਲੜਕਿਆਂ ਅਤੇ ਲੜਕੀਆਂ ਲਈ ਕੱਦ ਦੀ ਸੀਮਾ 152 ਸੈਂਟੀਮੀਟਰ ਹੈ।

# ਸਿਵਲ ਸਰਜਨ ਵੱਲੋਂ ਕਲਾਨੌਰ, ਡੇਰਾ ਬਾਬਾ ਨਾਨਕ ਖੇਤਰ ਦੇ ਵੱਖ ਵੱਖ ਪਿੰਡਾਂ ਦਾ ਦੌਰਾ

ਗੁਰਦਾਸਪੁਰ (ਜਨਕ ਮਹਾਜਨ, ਦਿਨੇਸ਼ ਕੁਮਾਰ)-ਜ਼ਿਲ੍ਹਾ ਗੁਰਦਾਸਪੁਰ ਵਿੱਚ ਮੌਜੂਦਾ ਸਮੇਂ ਵਿੱਚ ਹੜ੍ਹ ਕਾਰਨ ਬਣੇ ਹਾਲਾਤ ਦੇ ਮੱਦੇਨਜ਼ਰ ਸਿਵਲ ਸਰਜਨ ਗੁਰਦਾਸਪੁਰ ਡਾਕਟਰ ਜਸਵਿੰਦਰ ਸਿੰਘ ਵੱਲੋਂ ਕਲਾਨੌਰ, ਡੇਰਾ ਬਾਬਾ ਨਾਨਕ ਖੇਤਰ ਦੇ ਵੱਖ ਵੱਖ ਪਿੰਡਾਂ ਦਾ ਦੌਰਾ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਸੀ ਐਚ ਸੀ ਕਲਾਨੌਰ ਦਾ ਨਿਰੀਖਣ ਵੀ ਕੀਤਾ। ਸਿਹਤ ਵਿਭਾਗ ਵੱਲੋਂ ਖੇਤਰ ਵਿੱਚ ਕੀਤੇ ਜਾ ਰਹੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ। ਉਨ੍ਹਾਂ ਸੰਭਾਵਤ ਬਿਮਾਰੀਆਂ ਦੀ ਰੋਕਥਾਮ ਕਰਨ ਲਈ ਢੁਕਵੇਂ ਪ੍ਰਬੰਧ ਕਰਨ ਲਈ ਕਿਹਾ। ਮੈਡੀਕਲ ਕੈਂਪ ਲਈ ਮੈਡੀਕਲ ਟੀਮਾਂ ਦੇ ਗਠਨ, ਸਾਫ ਪਾਣੀ ਦੇ ਪ੍ਰਬੰਧਾਂ ਆਦਿ ਸਿਹਤ ਪ੍ਰਬੰਧਾਂ ਬਾਰੇ ਜਾਣਕਾਰੀ ਹਾਸਲ ਕੀਤੀ।ਸਿਵਲ ਸਰਜਨ ਨੇ ਸਿਹਤ ਵਿਭਾਗ ਵਲੋਂ ਮੈਡੀਕਲ ਟੀਮਾਂ ਦੇ ਗਠਨ, ਮੈਡੀਕਲ ਕੈਂਪ, ਸਾਫ ਪਾਣੀ ਦੇ ਪ੍ਰਬੰਧਾਂ ਬਾਰੇ ਚਰਚਾ ਕੀਤੀ। ਮਰੀਜ਼ਾਂ ਦੇ ਇਲਾਜ ਅਤੇ ਸਹੂਲਤ ਲਈ ਕੀਤੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ । ਸਮੂਹ ਸਟਾਫ ਨੂੰ ਬਿਹਤਰ ਢੰਗ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾ ਸਮੂਹ ਸਟਾਫ ਨੂੰ ਹਦਾਇਤ ਕੀਤੀ ਕਿ ਬਰਸਾਤ ਦੇ ਮੌਸਮ ਨੂੰ ਧਿਆਨ ਵਿੱਚ ਰੱਖਦੇ ਹੋਏ ਸਿਹਤ ਸੰਸਥਾਵਾਂ ਵਿੱਚ ਜ਼ਰੂਰੀ ਪ੍ਰਬੰਧ ਕੀਤੇ ਜਾਣ। ਕਿਤੇ ਵੀ ਫਾਲਤੂ ਪਾਣੀ ਜਮ੍ਹਾਂ ਨਾ ਹੋਣ ਦਿੱਤਾ ਜਾਵੇ। ਲੋਕਾਂ ਨੂੰ ਸਾਫ ਸਫਾਈ, ਚੰਗਾ ਖਾਣ ਪਾਣ, ਜ਼ਰੂਰੀ ਸਿਹਤ ਨੁਕਤਿਆਂ ਬਾਰੇ ਦੱਸਿਆ ਜਾਵੇ। ਪਾਣੀ ਦੀ ਕਲੋਰੀਨੇਸ਼ਨ ਕੀਤੀ ਜਾਵੇ। ਲੋਕਾਂ ਨੂੰ ਸਾਫ ਪਾਣੀ ਪੀਣ ਦੀ ਸਲਾਹ ਦਿੱਤੀ ਜਾਵੇ। ਖਾਣ ਦੀਆਂ ਵਸਤਾਂ ਨੂੰ ਢਕ ਕੇ ਰੱਖਿਆ ਜਾਵੇ। ਹਸਪਤਾਲ਼ ਪ੍ਰਬੰਧਕਾਂ ਨੂੰ ਕਿਸੇ ਵੀ ਹਾਲਤ ਨੂੰ ਨਜਿੱਠਣ ਲਈ ਤਿਆਰ ਰਹਿਣ ਲਈ ਕਿਹਾ ਗਿਆ।ਸਿਵਲ ਸਰਜਨ ਨੇ ਕਿਹਾ ਕਿ ਇਨ੍ਹੀਂ ਦਿਨੀਂ ਹੈਜ਼ਾ, ਦਸਤ, ਹੈਪੇਟਾਈਟਿਸ ਏ ਅਤੇ ਟਾਈਫਾਈਡ ਵਰਗੀਆਂ ਬਿਮਾਰੀਆਂ ਤੇਜ਼ੀ ਨਾਲ ਫੈਲ ਸਕਦੀਆਂ ਹਨ । ਬੱਚੇ ਇਨ੍ਹਾਂ ਬਿਮਾਰੀਆਂ ਅਤੇ ਉਨ੍ਹਾਂ ਦੀਆਂ ਗੁੰਝਲਾਂ ਪ੍ਰਤੀ ਖਾਸ ਤੌਰ 'ਤੇ ਸੰਵੇਦਨਸ਼ੀਲ ਹੁੰਦੇ ਹਨ। ਬਿਮਾਰੀਆਂ ਦੀ ਰੋਕਥਾਮ ਲਈ ਸੁਰੱਖਿਅਤ ਪਾਣੀ ਪੀਓ। ਪੀਣ ਵਾਲੇ ਪਾਣੀ ਨੂੰ ਉਬਾਲ ਕੇ ਜਾਂ ਫਿਲਟਰ ਕਰਕੇ ਪੀਓ, ਜਾਂ ਸੀਲਬੰਦ ਬੋਤਲਬੰਦ ਪਾਣੀ ਦੀ ਵਰਤੋਂ ਕਰੋ। ਸਫਾਈ ਬਣਾਈ ਰੱਖੋ। ਖਾਣਾ ਖਾਣ ਤੋਂ ਪਹਿਲਾਂ ਅਤੇ ਪਖਾਨਾ ਜਾਣ ਤੋਂ ਬਾਅਦ ਸਾਬਣ ਅਤੇ ਪਾਣੀ ਨਾਲ ਹੱਥ ਚੰਗੀ ਤਰ੍ਹਾਂ ਧੋਵੋ। ਸਾਫ਼ ਅਤੇ ਸਵੱਛ ਟਾਇਲਟਾਂ ਦੀ ਵਰਤੋਂ ਕਰੋ ਅਤੇ ਕੂੜੇ ਦਾ ਸਹੀ ਨਿਪਟਾਰਾ ਕਰੋ। ਸਿਵਲ ਸਰਜਨ ਨੇ ਕਿਹਾ ਕਿ ਬਰਸਾਤੀ ਮੌਸਮ ਵਿਚ ਦਸਤ, ਉਲਟੀਆਂ, ਪੇਚਸ ਅਤੇ ਪੀਲੀਆ, ਟਾਈਫਾਈਡ ਦਾ ਮੁੱਖ ਕਾਰਨ ਦੂਸ਼ਿਤ ਪਾਣੀ ਅਤੇ ਗਲਤ ਖਾਣ-ਪੀਣ ਦੀਆਂ ਚੀਜ਼ਾਂ ਦਾ ਸੇਵਨ ਕਰਨਾ ਹੈ। ਇਸ ਤੋਂ ਬਚਾਓ ਕੀਤਾ ਜਾਵੇ। ਜੇਕਰ ਆਲੇ-ਦੁਆਲੇ ਗੰਦਗੀ ਦੇ ਢੇਰ ਲੱਗੇ ਹੋਣ ਅਤੇ ਆਲੇ-ਦੁਆਲੇ ਦੀ ਸਾਫ਼ ਸਫ਼ਾਈ ਨਾ ਹੋਵੇ ਤਾ ਗੰਦਗੀ ਨੂੰ ਹਟਾਇਆ ਜਾਵੇ।




# ਚੇਅਰਮੈਨ ਬਹਿਲ ਨੇ ਸਬਜ਼ੀ ਮੰਡੀ 'ਚ 1.05 ਕਰੋੜ ਰੁਪਏ ਦੀ ਲਾਗਤ ਨਾਲ ਸਟੀਲ ਕਵਰ ਸ਼ੈੱਡ ਦਾ ਨੀਂਹ ਪੱਥਰ ਰੱਖਿਆ

ਗੁਰਦਾਸਪੁਰ, (ਜਨਕ ਮਹਾਜਨ)-ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਦੀਆਂ ਕੋਸ਼ਿਸ਼ਾਂ ਸਦਕਾ ਪੰਜਾਬ ਸਰਕਾਰ ਵਲੋਂ ਗੁਰਦਾਸਪੁਰ ਸਬਜੀ ਮੰਡੀ ਨੂੰ ਤੋਹਫ਼ਾ ਦਿੱਤਾ ਗਿਆ ਹੈ। ਸੂਬਾ ਸਰਕਾਰ ਵਲੋਂ 1.05 ਕਰੋੜ ਰੁਪਏ ਦੀ ਲਾਗਤ ਨਾਲ ਸਬਜ਼ੀ ਮੰਡੀ ਗੁਰਦਾਸਪੁਰ ਵਿਚ 15000 ਸੁਕੇਅਰ ਫੁੱਟ ਦਾ ਨਵਾਂ ਸਟੀਲ ਕਵਰ ਸ਼ੈੱਡ ਮਨਜ਼ੂਰ ਕੀਤਾ ਗਿਆ ਹੈ ਜਿਸ ਦਾ ਨੀਂਹ ਪੱਥਰ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਵਲੋਂ ਰੱਖਿਆ ਗਿਆ। 15000 ਸੁਕੇਅਰ ਫੁੱਟ ਦੇ ਸਟੀਲ ਕਵਰ ਸ਼ੈੱਡ ਦਾ ਨੀਂਹ ਪੱਥਰ ਰੱਖਣ ਮੌਕੇ ਸ਼ਹਿਰ ਵਾਸੀਆਂ ਅਤੇ ਸਬਜ਼ੀ ਮੰਡੀ ਨਾਲ ਜੁੜੇ ਆੜ੍ਹਤੀਆਂ, ਲੇਬਰ ਤੇ ਕਿਸਾਨਾਂ ਨੂੰ ਵਧਾਈ ਦਿੰਦਿਆਂ ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਸਬਜ਼ੀ ਮੰਡੀ ਵਿੱਚ ਇਸ ਸ਼ੈੱਡ ਦੀ ਬਹੁਤ ਜ਼ਰੂਰਤ ਸੀ ਅਤੇ ਸਬਜ਼ੀ ਮੰਡੀ ਐਸੋਸੀਏਸ਼ਨ ਵੱਲੋਂ ਇਸ ਦੀ ਮੰਗ ਵੀ ਕੀਤੀ ਜਾ ਰਹੀ ਸੀ। ਬਹਿਲ ਨੇ ਕਿਹਾ ਕਿ ਉਹ ਹਮੇਸ਼ਾਂ ਹੀ ਲੋਕਾਂ ਦੀ ਭਲਾਈ ਅਤੇ ਮਸਲਿਆਂ ਦਾ ਹੱਲ ਕਰਨ ਨੂੰ ਆਪਣਾ ਇਖ਼ਲਾਕੀ ਫ਼ਰਜ਼ ਸਮਝਦੇ ਹਨ ਅਤੇ ਉਨ੍ਹਾਂ ਨੇ ਸਬਜ਼ੀ ਮੰਡੀ ਦੀ ਇਸ ਜਾਇਜ਼ ਮੰਗ ਲਈ ਪੰਜਾਬ ਸਰਕਾਰ ਅਤੇ ਪੰਜਾਬ ਮੰਡੀ ਬੋਰਡ ਤੱਕ ਪਹੁੰਚ ਕੀਤੀ ਸੀ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਗੁਰਦਾਸਪੁਰ ਸਬਜ਼ੀ ਮੰਡੀ ਦੀ ਘਾਟ ਨੂੰ ਪੂਰਾ ਕਰਦੇ ਹੋਏ 1.05 ਕਰੋੜ ਰੁਪਏ ਜਾਰੀ ਕਰਕੇ 15000 ਸੁਕੇਅਰ ਫੁੱਟ ਦਾ ਨਵਾਂ ਸਟੀਲ ਕਵਰ ਸ਼ੈੱਡ ਬਣਾਉਣ ਨੂੰ ਮਨਜ਼ੂਰੀ ਦੇ ਦਿੱਤੀ ਹੈ। ਉਨ੍ਹਾਂ ਕਿਹਾ ਕਿ ਸਬਜ਼ੀ ਮੰਡੀ ਵਿਚ 15000 ਸੁਕੇਅਰ ਫੁੱਟ ਦਾ ਇਹ ਸ਼ੈੱਡ ਬਣਨ ਨਾਲ ਸਬਜ਼ੀ ਵੇਚਣ ਆਉਣ ਵਾਲੇ ਕਿਸਾਨਾਂ, ਆੜ੍ਹਤੀਆਂ, ਲੇਬਰ ਅਤੇ ਖ਼ਰੀਦਦਾਰਾਂ ਨੂੰ ਸਹੂਲਤ ਮਿਲੇਗੀ। ਉਨ੍ਹਾਂ ਕਿਹਾ ਕਿ ਗੁਰਦਾਸਪੁਰ ਹਲਕੇ ਦੇ ਨਿਵਾਸੀ ਉਨ੍ਹਾਂ ਦਾ ਆਪਣਾ ਪਰਿਵਾਰ ਹਨ ਅਤੇ ਉਹ ਹਮੇਸ਼ਾ ਕੋਸ਼ਿਸ਼ ਕਰਦੇ ਹਨ ਕਿ ਆਪਣੇ ਲੋਕਾਂ ਦੀ ਉਹ ਵੱਧ ਤੋਂ ਵੱਧ ਸੇਵਾ ਕਰ ਸਕਣ। ਇਸ ਮੌਕੇ ਚੇਅਰਮੈਨ ਭਾਰਤ ਭੂਸ਼ਨ ਸ਼ਰਮਾ, ਰਵੀ ਮਹਾਜਨ ਪ੍ਰਧਾਨ ਸਬਜ਼ੀ ਮੰਡੀ ਐਸੋਸੀਏਸ਼ਨ ਗੁਰਦਾਸਪੁਰ, ਨਗਰ ਸੁਧਾਰ ਟਰੱਸਟ ਦੇ ਟਰੱਸਟੀ ਰਘੁਬੀਰ ਸਿੰਘ ਖ਼ਾਲਸਾ, ਹਿਤੇਸ਼ ਮਹਾਜਨ ਤੋਂ ਇਲਾਵਾ ਸਬਜ਼ੀ ਮੰਡੀ ਦੇ ਆੜ੍ਹਤੀਏ ਤੇ ਸ਼ਹਿਰ ਦੇ ਹੋਰ ਮੁਹਤਬਰ ਵੀ ਹਾਜ਼ਰ ਸਨ।



# 31 ਨੂੰ ਹੋਣ ਵਾਲੇ ਮਹਾਨ ਗੁਰਮਤਿ ਸੰਤ ਸਮਾਗਮ ਦੀਆਂ ਤਿਆਰੀਆਂ ਜ਼ੋਰਾਂ 'ਤੇ




**ਅੰਮ੍ਰਿਤਸਰ , (ਜਗਦੀਸ਼ ਕਮਲੇਸ਼)**-ਸ੍ਰੀ ਗੁਰੂ ਰਵਿਦਾਸ ਪ੍ਰਕਾਸ਼ ਮੰਦਰ ਹੈਡ ਆਫਿਸ ਭੂਸ਼ਨਪੁਰਾ ਵਿਖੇ 31 ਅਗਸਤ ਨੂੰ ਸਵੇਰੇ 11 ਵਜੇ ਤੋਂ ਲੈ ਕੇ ਗੁਰੂ ਕਿਰਪਾ ਤੱਕ ਮਹਾਨ ਸੰਤ ਸਮਾਗਮ ਦਾ ਆਯੋਜਨ ਪ੍ਰਧਾਨ ਹਕੂਮਤ ਰਾਏ ਟੋਨੀ ਅਤੇ ਜਨਰਲ ਸੈਕਟਰੀ ਅਸ਼ਵਨੀ ਕੁਮਾਰ, ਡਾਕਟਰ ਬੀ ਆਰ ਅੰਬੇਡਕਰ ਮਿਸ਼ਨ ਦੇ ਚੇਅਰਮੈਨ ਸੁਭਾਸ਼ ਅਮਰੋਹੀ ਦੀ ਅਗਵਾਈ ਹੇਠ ਕੀਤਾ ਜਾ ਰਿਹਾ ਹੈ, ਜਿਸ ਦੀਆਂ ਤਿਆਰੀਆਂ ਜ਼ੋਰਾਂ ਸ਼ੋਰਾਂ ਨਾਲ ਚੱਲ ਰਹੀਆਂ ਹਨ। ਇਸ ਦੀ ਜਾਣਕਾਰੀ ਡਾਕਟਰ ਬੀ ਆਰ ਅੰਬੇਡਕਰ ਮਿਸ਼ਨ ਦੇ ਚੇਅਰਮੈਨ ਸੁਭਾਸ਼ ਅਮਰੋਹੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਦਿੱਤੀ। ਸੁਭਾਸ਼ ਅਮਰੋਹੀ ਨੇ ਕਿਹਾ ਕਿ ਇਸ ਮਹਾਨ ਸੰਤ ਸਮਾਗਮ ਵਿੱਚ108 ਸੰਤ ਕ੍ਰਿਸ਼ਨ ਨਾਥ ਮਹਾਰਾਜ ਅਤੇ 108 ਸੰਤ ਸਵਾਮੀ ਗੁਰਦੀਪ ਗਿਰੀ ਮਹਾਰਾਜ ਡੇਰਾ ਸਵਾਮੀ ਜਗਤ ਗਿਰੀ ਜੀ ਪਠਾਨਕੋਟ ਵਾਲੇ ਆਪਣੇ ਰੂਹਾਨੀ ਸਤਸੰਗ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਪਾਵਨ ਅੰਮ੍ਰਿਤਬਾਣੀ ਪਾਠ ਦੇ ਭੋਗ ਪਾਏ ਜਾਣਗੇ।ਇਹ ਮਹਾਨ ਗੁਰਮਤਿ ਸੰਤ ਸਮਾਗਮ ਸ੍ਰੀ ਗੁਰੂ ਰਵਿਦਾਸ ਪ੍ਰਕਾਸ਼ ਮੰਦਰ ਹੈਡ ਆਫਿਸ ਭੂਸ਼ਨਪਰਾ ਅੰਮ੍ਰਿਤਸਰ ਅਤੇ ਸਮੂਹ ਸ੍ਰੀ ਗੁਰੂ ਰਵਿਦਾਸ ਸਭਾਵਾਂ ਅਤੇ ਧਾਰਮਿਕ ਜਥੇਬੰਦੀਆਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ। ਗੁਰੂ ਕਾ ਲੰਗਰ ਅਤੁੱਟ ਵਰਤੇਗਾ।

## ਰਾਜੇਸ਼ ਸ਼ਰਮਾ ਨੂੰ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਦੀ ਸੌਂਪੀ ਜ਼ਿੰਮੇਵਾਰੀ

ਅੰਮ੍ਰਿਤਸਰ, (ਜਗਦੀਸ਼ ਕਮਲੇਸ਼)- ਸਿੱਖਿਆ ਵਿਭਾਗ ਵੱਲੋਂ ਰਾਜੇਸ਼ ਸ਼ਰਮਾ ਨੂੰ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਅੰਮ੍ਰਿਤਸਰ ਦੀ ਜ਼ਿੰਮੇਦਾਰੀ ਸੌਂਪੀ ਗਈ। ਇਸ ਮੌਕੇ ਰਾਜੇਸ਼ ਸ਼ਰਮਾ ਦੀ ਨਿਯੁਕਤੀ ਹੋਣ 'ਤੇ ਰਾਸਾ ਪੰਜਾਬ ਦੇ ਜਨਰਲ ਸਕੱਤਰ ਸੁਜੀਤ ਸ਼ਰਮਾ ਬੱਬਲੂ ਤੇ ਜ਼ਿਲ੍ਹਾ ਅੰਮ੍ਰਿਤਸਰ ਰਾਸਾ ਯੂਨਿਟ ਵੱਲੋਂ ਜ਼ਿਲ੍ਹਾ ਸਿੱਖਿਆ ਅਫਸਰ ਨੂੰ ਵਧਾਈ ਦਿੰਦਿਆਂ ਕਿਹਾ ਕਿ ਸ਼ਰਮਾ ਜੀ ਇਕ ਨੇਕਦਿਲ ਤੇ ਇਮਾਨਦਾਰ ਮਿਲਣਸਾਰ ਸ਼ਖ਼ਸੀਅਤ ਦੇ ਮਾਲਕ ਹਨ।

ਇਸ ਮੌਕੇ ਜਗਜੀਤ ਸਿੰਘ, ਹਰਸ਼ਦੀਪ ਸਿੰਘ ਰੰਧਾਵਾ, ਸੁਸ਼ੀਲ ਅੱਗਰਵਾਲ, ਕਮਲਜੋਤ ਕੋਹਲੀ,ਅਰੁਣ ਮਨਸੋਤਰਾ, ਦਵਿੰਦਰ ਪਿਪਲਾਨੀ, ਸਮੀਰ ਭਾਟੀਆ, ਦਿਨੇਸ਼ ਕਪੂਰ, ਯਾਦਵਿੰਦਰ ਸਿੰਘ, ਮਯੰਕ ਕਪੂਰ, ਪੁਨੀਤ ਗੁਪਤਾ, ਕੁਲਵਿੰਦਰ ਸਿੰਘ, ਸੁਮਿਤ ਪੁਰੀ, ਸੋਹਨ ਸਿੰਘ, ਪ੍ਰੇਮ ਸ਼ਰਮਾ, ਕੁਲਬੀਰ ਸਿੰਘ ਮਾਨ, ਨਰਿੰਦਰਪਾਲ ਸਿੰਘ , ਗੌਰਵ ਅਰੋੜਾ, ਅਮਰਜੀਤ ਕੁਮਾਰ, ਹਰਸਿਮਰਨ ਸਿੰਘ, ਗਗਨਦੀਪ ਸਿੰਘ, ਰਾਜੀਵ ਪੁੰਜ, ਸਲਿਲ ਅਰੋੜਾ, ਸੰਦੀਪ ਸਿੰਘ, ਕੁਨਾਲ ਕਪੂਰ ਨੇ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਅੰਮ੍ਰਿਤਸਰ ਰਾਜੇਸ਼ ਸ਼ਰਮਾ ਨੂੰ ਵਧਾਈ ਦਿੱਤੀ।



# ਹੜ੍ਹਾਂ ਦੀ ਮਾਰ ਕਾਰਨ ਫਤਹਿਗੜ੍ਹ ਚੂੜੀਆਂ, ਅਜਨਾਲਾ, ਰਮਦਾਸ, ਡੇਰਾ ਬਾਬਾ ਨਾਨਕ ਤੇ ਨਾਲ ਲੱਗਦੇ ਪਿੰਡਾਂ ਦੀ ਹਾਲਤ ਬੇਹੱਦ ਚਿੰਤਾਜਨਕ ਬਣੀ

ਫਤਹਿਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ) ਸਰਹੱਦੀ ਕਸਬੇ ਫਤਹਿਗੜ੍ਹ ਚੂੜੀਆਂ ਦੇ ਨਾਲ ਲੱਗਦੇ ਕਸਬਾ ਅਜਨਾਲਾ ਰਮਦਾਸ ਤੇ ਡੇਰਾ ਬਾਬਾ ਨਾਨਕ ਦੇ ਦਰਜਨਾਂ ਪਿੰਡ ਬੁਰੀ ਤਰ੍ਹਾਂ ਹੜ੍ਹਾਂ ਦੀ ਮਾਰ ਹੇਠ ਆ ਗਏ ਹਨ। ਇਸ ਸੰਬੰਧੀ ਸਮਾਜ ਸੇਵਕ ਨਵਜੋਤ ਸਿੰਘ ਕਾਲਾ ਅਫਗਾਨਾ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਹੈ ਕੇ ਉਹ ਤੇ ਉਹਨਾਂ ਦੀ ਟੀਮ ਬੀਤੇ ਕੱਲ੍ਹ ਤੇ ਅੱਜ ਕਸਬਾ ਫਤਹਿਗੜ੍ਹ ਚੂੜੀਆਂ ਦੇ ਨਾਲ ਲੱਗਦੇ ਕਸਬਿਆਂ ਰਮਦਾਸ ਤੇ ਡੇਰਾ ਬਾਬਾ ਨਾਨਕ ਦੇ ਪਿੰਡਾਂ ਸ਼ਾਹਪੁਰ ਜਾਜਨ, ਪੱਬਾਂਰਾਲੀ, ਟਾਹਲੀ, ਨਿਕੋਸਰਾਂ, ਮੌਲਵੀਕੋਟ, ਰਵਾਲ, ਸ਼ਹਿਜਾਦਾ, ਰੱਤੜ ਛੱਤੜ, ਦਾ ਦੌਰਾ ਕਰਕੇ ਜ਼ਮੀਨੀ ਹਾਲਾਤ ਜਾਨਣ ਦੀ ਕੋਸ਼ਿਸ਼ ਕਰ ਰਹੇ ਹਨ। ਉਹਨਾਂ ਕਿਹਾ ਕੇ ਹੜ੍ਹਾਂ ਦੀ ਮਾਰ ਹੇਠ ਆਏ ਪਿੰਡਾਂ ਦੀ ਹਾਲਤ ਬੜੀ ਨਾਜ਼ੁਕ ਬਣੀ ਹੋਈ ਹੈ। ਦਰਜਨਾਂ ਪਿੰਡ ਚਾਰ ਫੁੱਟ ਤੋਂ ਲੈ ਕੇ ਦਸ ਫੁੱਟ ਡੂੰਘੇ ਪਾਣੀ ਵਿੱਚ ਡੁੱਬੇ ਪਏ ਹਨ। ਬਹੁਤ ਸਾਰੇ ਪਰਿਵਾਰ ਛੱਤਾਂ 'ਤੇ ਖੜ੍ਹੇ ਸਹਾਇਤਾ ਦੀ ਉਡੀਕ ਕਰ ਰਹੇ ਹਨ ਕੇ ਉਹਨਾਂ ਨੂੰ ਇਥੋਂ ਸੁਰੱਖਿਅਤ ਲੈ ਜਾਇਆ ਜਾਵੇ। ਗੌਰਤਲਬ ਹੈ ਕੇ ਲਗਭਗ ਹਜ਼ਾਰਾਂ ਏਕੜ ਦੀ ਫਸਲ ਪਾਣੀ ਦੀ ਮਾਰ ਹੇਠ ਆ ਜਾਣ ਕਰਕੇ ਤਬਾਹ ਹੋ ਗਈ ਹੈ। ਇਸਦੇ ਨਾਲ ਹੀ ਅਚਾਨਕ ਆਏ ਹੜ੍ਹਾਂ ਦੇ ਪਾਣੀ ਕਾਰਨ ਕਿਸਾਨ ਵੱਡੀ ਗਿਣਤੀ ਵਿੱਚ ਆਪਣੇ ਪਸ਼ੂ ਮੱਝਾਂ ਗਾਵਾਂ ਸੁਰੱਖਿਅਤ ਥਾਵਾਂ 'ਤੇ ਲਿਜਾ ਨਹੀਂ ਸਕੇ ਹਨ। ਅਗਰ ਆਉਣ ਵਾਲੇ ਦਿਨਾਂ ਵਿੱਚ ਪਾਣੀ ਨਾ ਘਟਿਆ ਤਾਂ ਵੱਡੇ ਪੱਧਰ ਤੇ ਪਸ਼ੂ ਧੰਨ ਦੇ ਨੁਕਸਾਨੇ ਜਾਣ ਦੀ ਸ਼ੰਕਾ ਹੈ। ਉਹਨਾਂ ਸਰਕਾਰ ਪਾਸੋਂ ਮੰਗ ਕੀਤੀ ਹੈ ਕੇ ਇਹਨਾਂ ਹਾਲਾਤਾਂ ਦੇ ਮੱਦੇਨਜ਼ਰ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਘਰਾਂ, ਫਸਲਾਂ, ਪਸ਼ੂ ਧੰਨ ਤੇ ਪੋਲਟਰੀ ਫਾਰਮ ਤੇ ਹੋਰਨਾਂ ਸਹਾਇਕ ਧੰਦਿਆਂ ਦੀ ਗੰਭੀਰ ਗਿਰਦਾਵਰੀ ਕਰਵਾਈ ਜਾਵੇ ਤਾਂ ਜੋ ਲੋੜਵੰਦ ਪੀੜਤ ਕਿਸਾਨਾਂ ਤੇ ਹੋਰਨਾਂ ਲੋਕਾਂ ਨੂੰ ਮੁਆਵਜ਼ਾ ਮਿਲ ਸਕੇ।



# ਚਰਚ ਆਫ਼ ਨੌਰਥ ਇੰਡੀਆ ਦੀ ਰਾਹਤ ਟੀਮ ਨੇ ਹੜ੍ਹ ਪ੍ਰਭਾਵਤ ਖੇਤਰਾਂ ਦਾ ਕੀਤਾ ਦੌਰਾ

**ਅੰਮ੍ਰਿਤਸਰ** : ਅੰਮ੍ਰਿਤਸਰ ਦੇ ਸਰਹੱਦੀ ਖੇਤਰਾਂ ਵਿੱਚ ਹੜ੍ਹਾਂ ਕਾਰਨ ਹੋਈ ਤਬਾਹੀ 'ਤੇ ਚਿੰਤਾ ਪ੍ਰਗਟ ਕਰਦੇ ਹੋਏ, ਡਾਇਓਸਿਸ ਆਫ ਅੰਮ੍ਰਿਤਸਰ, ਚਰਚ ਆਫ ਨੌਰਥ ਇੰਡੀਆ, ਦੀ ਇੱਕ ਰਾਹਤ ਟੀਮ ਨੇ ਸਥਿਤੀ ਦਾ ਜਾਇਜ਼ਾ ਲੈਣ ਅਤੇ ਰਾਹਤ ਪ੍ਰਦਾਨ ਕਰਨ ਲਈ ਪਿੰਡ ਵਾਸੀਆਂ ਤੱਕ ਪਹੁੰਚ ਕੀਤੀ ਹੈ। ਡਾਇਓਸਿਸ ਦੀ ਇੱਕ ਰਾਹਤ ਟੀਮ ਜਿਸ ਵਿੱਚ ਡਾਇਓਸਿਸ ਦੇ ਪ੍ਰਸ਼ਾਸਕ ਰੈਵਰੈਂਡ ਅਜ਼ਹਰ ਡੈਨੀਅਲ, ਸਕੱਤਰ, ਅੰਮ੍ਰਿਤਸਰ ਡਾਇਓਸਿਸਨ ਟਰੱਸਟ ਐਸੋਸੀਏਸ਼ਨ, ਡੈਨੀਅਲ ਬੀ ਦਾਸ, ਵਿੱਤ ਅਧਿਕਾਰੀ ਓਮ ਪ੍ਰਕਾਸ਼, ਬਿਸ਼ਪ ਦੇ ਚੈਪਲੇਨ ਰੈਵਰੈਂਡ ਮਾਰਕਸ ਮਸੀਹ, ਸ਼ੋਸ਼ਿਓ ਇਕਨੌਮਿਕ ਡਿਵੈਲਪਮੈਂਟ ਪ੍ਰੋਗਰਾਮ (ਐਸ ਈ ਡੀ ਪੀ) ਕੋਆਰਡੀਨੇਟਰ ਮਹੇਸ਼ਵਰ ਸਵਾਈਂ, ਸੰਚਾਰ ਵਿਭਾਗ ਦੇ ਸ਼ਕਤੀ ਮਲ ਤੇ ਡਾਇਓਸਿਸ ਸਿੱਖਿਆ ਪ੍ਰੋਜੈਕਟ ਦੇ ਪ੍ਰੋਜੈਕਟ ਅਫਸਰ ਸੈਮਸਨ ਰਾਮ ਸ਼ਾਮਲ ਹਨ, ਨੇ ਅਜਨਾਲਾ ਖੇਤਰ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਦਾ ਦੌਰਾ ਕੀਤਾ। "ਸਾਡਾ ਉਦੇਸ਼ ਮੌਜੂਦਾ ਸਥਿਤੀ ਦਾ ਮੁਲਾਂਕਣ ਕਰਨਾ ਅਤੇ ਲੋਕਾਂ ਨੂੰ ਉਨ੍ਹਾਂ ਦੀ ਜ਼ਰੂਰਤ ਅਨੁਸਾਰ ਰਾਹਤ ਪ੍ਰਦਾਨ ਕਰਨਾ ਹੈ," ਡੈਨੀਅਲ ਬੀ ਦਾਸ ਨੇ ਕਿਹਾ। ਰੈਵਰੈਂਡ ਅਜ਼ਹਰ ਡੈਨੀਅਲ ਨੇ ਕਿਹਾ, "ਸਥਿਤੀ ਗੰਭੀਰ ਹੈ, ਅਤੇ ਅਸੀਂ ਚਾਹੁੰਦੇ ਹਾਂ ਕਿ ਲੋਕ ਜਾਣ ਲੈਣ ਕਿ ਡਾਇਓਸਿਸ ਉਨ੍ਹਾਂ ਦੀ ਜ਼ਰੂਰਤ ਦੀ ਘੜੀ ਵਿੱਚ ਉਨ੍ਹਾਂ ਦੇ ਨਾਲ ਹੈ।" ਸ੍ਰੀ ਓਮ ਪ੍ਰਕਾਸ਼ ਨੇ ਕਿਹਾ, "ਲੋਕਾਂ ਨੂੰ ਉਨ੍ਹਾਂ ਦੀ ਜ਼ਰੂਰਤ ਅਨੁਸਾਰ ਰਾਹਤ ਪ੍ਰਦਾਨ ਕੀਤੀ ਜਾਵੇਗੀ।" ਡਾਇਓਸਿਸ ਆਫ ਅੰਮ੍ਰਿਤਸਰ, ਚਰਚ ਆਫ ਨੌਰਥ ਇੰਡੀਆ, ਦੇ ਬਿਸ਼ਪ, ਦ ਰਾਈਟ ਰੈਵਰੈਂਡ ਮਨੋਜ ਚਰਨ ਨੇ ਲੋਕਾਂ ਨੂੰ ਇਸ ਚੁਣੌਤੀਪੂਰਨ ਸਮੇਂ ਵਿੱਚ ਇੱਕ ਦੂਜੇ ਦਾ ਸਮਰਥਨ ਕਰਨ ਦੀ ਅਪੀਲ ਕੀਤੀ।





# ਜ਼ਿਲ੍ਹਾ ਪੱਧਰੀ ਮੁਕਾਬਲੇ 'ਚ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਨੇ ਕੀਤਾ ਸ਼ਾਨਦਾਰ ਪ੍ਰਦਰਸ਼ਨ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਡੇਰਾਬੱਸੀ ਨੇ ਮੋਹਾਲੀ ਵਿਖੇ ਆਯੋਜਿਤ 69ਵੇਂ ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ ਵਿੱਚ ਮਾਣ ਨਾਲ ਆਪਣੀ ਮੌਜੂਦਗੀ ਦਰਜ ਕਰਵਾਈ, ਜਿੱਥੇ ਸਕੂਲ ਦੇ ਹੋਣਹਾਰ ਖਿਡਾਰੀਆਂ ਨੇ ਅਸਾਧਾਰਨ ਹੁਨਰ ਅਤੇ ਦ੍ਰਿੜਤਾ ਦਾ ਪ੍ਰਦਰਸ਼ਨ ਕੀਤਾ। ਉਨ੍ਹਾਂ ਦੇ ਸ਼ਲਾਘਾਯੋਗ ਪ੍ਰਦਰਸ਼ਨ ਨੇ ਕਈ ਤਗਮੇ ਜਿੱਤੇ ਅਤੇ ਸਕੂਲ ਨੂੰ ਬਹੁਤ ਮਾਣ ਦਿਵਾਇਆ। ਕਬੱਡੀ (ਅੰਡਰ-14 ਕੁੜੀਆਂ)-ਚਾਂਦੀ ਦਾ ਤਗਮਾ,ਕਬੱਡੀ (ਅੰਡਰ-14 ਮੁੰਡੇ) - ਕਾਂਸੀ ਦਾ ਤਗਮਾ,ਟੱਗ ਆਫ਼ ਵਾਰ (ਅੰਡਰ-14 ਕੁੜੀਆਂ)-ਕਾਂਸੀ ਦਾ ਤਗਮਾ,ਟੱਗ ਆਫ਼ ਵਾਰ (ਅੰਡਰ-17 ਕੁੜੀਆਂ)-ਚਾਂਦੀ ਦਾ ਤਗਮਾ,ਟੱਗ ਆਫ਼ ਵਾਰ (ਅੰਡਰ-14 ਮੁੰਡੇ)-ਚਾਂਦੀ ਦਾ ਤਗਮਾ। ਕਈ ਵਿਦਿਆਰਥੀਆਂ ਨੂੰ ਰਾਜ ਪੱਧਰੀ ਟੂਰਨਾਮੈਂਟਾਂ ਵਿੱਚ ਪ੍ਰਤੀਨਿਧਤਾ ਕਰਨ ਲਈ ਚੁਣਿਆ ਗਿਆ। ਕਬੱਡੀ (ਲੜਕੀਆਂ)-5 ਖਿਡਾਰੀ ਚੁਣੇ ਗਏ ਟੱਗ ਆਫ਼ ਵਾਰ (ਲੜਕੀਆਂ)-4 ਖਿਡਾਰੀ ਚੁਣੇ ਗਏ,ਕਬੱਡੀ (ਲੜਕੀਆਂ)-2 ਖਿਡਾਰੀ ਚੁਣੇ ਗਏ,ਟੱਗ ਆਫ਼ ਵਾਰ (ਲੜਕੀਆਂ)-2 ਖਿਡਾਰੀ ਚੁਣੇ ਗਏ। ਪ੍ਰਿੰਸੀਪਲ ਕਵਿਤਾ ਅਤਰੀ ਅਤੇ ਉਪ ਪ੍ਰਧਾਨ ਅੰਮ੍ਰਿਤਪਾਲ ਸਿੰਘ ਨੇ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ 'ਤੇ ਬਹੁਤ ਖੁਸ਼ੀ ਤੇ ਮਾਣ ਪ੍ਰਗਟ ਕੀਤਾ।

# ਭਾਰੀ ਵਾਹਨਾਂ 'ਤੇ ਪਾਬੰਦੀ ਦੇ ਹੁਕਮ ਜਾਰੀ

**ਭਲਾਣ (ਹਰਭਜਨ ਦਿੱਲੋਂ)**- ਵਧੀਕ ਜ਼ਿਲ੍ਹਾ ਮੈਜਿਸਟਰੇਟ ਰੂਪਨਗਰ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਸ੍ਰੀ ਅਨੰਦਪੁਰ ਸਾਹਿਬ-ਗੜ੍ਹਸ਼ੰਕਰ ਰੋਡ ਉਪਰ ਪਿੰਡ ਕਾਹਨਪੁਰ ਖੂਹੀ ਚੌਂਕ ਤੋਂ ਪਿੰਡ ਬਾਬਭੌਰ ਸਾਹਿਬ ਹਿਮਾਚਲ ਪ੍ਰਦੇਸ਼ ਤੱਕ ਰੋਡ ਤੇ ਹਿਮਾਚਲ ਪ੍ਰਦੇਸ਼ ਤੋਂ ਆਉਣ ਵਾਲੇ ਭਾਰੀ ਵਾਹਨਾਂ ਦੀ ਆਵਾਜਾਈ ਤੇ ਪੂਰਨ ਤੌਰ ਤੇ ਪਾਬੰਦੀ ਲਗਾਈ ਹੈ। ਇਹ ਭਾਰੀ ਵਾਹਨ ਵਾਇਆ ਨੰਗਲ, ਸ੍ਰੀ ਅਨੰਦਪੁਰ ਸਾਹਿਬ, ਰੂਪਨਗਰ ਤੋਂ ਡਾਇਵਰਟ ਕੀਤਾ ਗਿਆ ਹੈ। ਇਸ ਤੋਂ ਇਲਾਵਾ ਰਾਤ 10 ਵਜੇ ਤੋਂ ਸਵੇਰੇ 6 ਵਜੇ ਤੱਕ ਸ੍ਰੀ ਅਨੰਦਪੁਰ ਸਾਹਿਬ-ਗੜ੍ਹਸ਼ੰਕਰ (ਪਿੰਡ ਕਾਹਨਪੁਰ ਖੂਹੀ ਚੌਕ ਤੋਂ ਪਿੰਡ ਬਾਬਭੌਰ ਤੱਕ, ਸੜਕ ਭਾਰੀ ਵਾਹਨਾਂ ਲਈ ਵਰਤ ਸਕਦੇ ਹਨ। ਇਸ ਲਈ ਉਪ ਮੰਡਲ ਮੈਜਿਸਟਰੇਟ ਸ੍ਰੀ ਅਨੰਦਪੁਰ ਸਾਹਿਬ ਅਤੇ ਨੰਗਲ ਵੱਲੋਂ ਰਿਪੋਰਟ ਪ੍ਰਾਪਤ ਹੋਈ ਹੈ ਕਿ ਇਸ ਸੜਕ ਤੋਂ ਰੇਤਾ ਆਦਿ ਵੱਲ ਜਾਣ ਵਾਲੇ ਟਰੈਫਿਕ ਨੂੰ ਵਾਇਆ ਨੰਗਲ-ਅਨੰਦਪੁਰ ਸਾਹਿਬ-ਰੂਪਨਗਰ ਵੱਲੋਂ ਡਾਈਵਰਟ ਕੀਤਾ ਜਾਵੇ। ਇਸ ਲਈ ਲੋਕ ਹਿਤ ਵਿਚ ਇਸ ਰੂਟ ਤੇ ਵਾਹਨਾਂ ਦੇ ਚੱਲਣ ਤੇ ਪੂਰਨ ਪਾਬੰਦੀ ਲਗਾਉਣੀ ਜ਼ਰੂਰੀ ਸਮਝੀ ਜਾਂਦੀ ਹੈ। ਵਧੀਕ ਜ਼ਿਲ੍ਹਾਂ ਮੈਜਿਸਟ੍ਰੇਟ ਵੱਲੋਂ ਇਹ ਹੁਕਮ ਇੱਕ ਤਰਫਾ ਪਾਸ ਕਰਕੇ ਆਮ ਜਨਤਾ ਦੇ ਨਾਮ ਜਾਰੀ ਕੀਤੇ ਗਏ ਹਨ ਜੋ 26 ਅਗਸਤ ਤੋਂ 27 ਅਕਤੂਬਰ 2025 ਤੱਕ ਲਾਗੂ ਰਹਿਣਗੇ।

# ਮੋਹਿੰਦਰ ਭਗਤ ਨੇ ਹੜ੍ਹ ਪ੍ਰਭਾਵਤ ਖੇਤਰ 'ਚ ਰਾਹਤ ਕਾਰਜਾਂ ਦਾ ਲਿਆ ਜਾਇਜ਼ਾ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਕੈਬਨਿਟ ਮੰਤਰੀ ਮਹਿੰਦਰ ਭਗਤ ਵੱਲੋਂ ਸੁਲਤਾਨਪੁਰ ਲੋਧੀ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਬਾਊਪੁਰ ਤੇ ਹੋਰਨਾਂ ਨੇੜਲੇ ਪਿੰਡਾਂ ਦਾ ਦੌਰਾ ਕਰਕੇ ਰਾਹਤ ਕਾਰਜਾਂ ਦੀ ਸਮੀਖਿਆ ਕੀਤੀ। ਉਨ੍ਹਾਂ ਟ੍ਰੈਕਟਰ ਰਾਹੀਂ ਜਾ ਕੇ ਰਾਜ ਸਭਾ ਮੈਂਬਰ ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲ ਨਾਲ ਪੰਜਾਬ ਸਰਕਾਰ ਵੱਲੋਂ ਹੜ੍ਹਾਂ ਦੌਰਾਨ ਕੀਤੇ ਜਾ ਰਹੇ ਰਾਹਤ ਕੰਮਾਂ ਦੀ ਸਮੀਖਿਆ ਕੀਤੀ। ਕੈਬਨਿਟ ਮੰਤਰੀ ਨੇ ਅਧਿਕਾਰੀਆਂ ਨੂੰ ਕਿਹਾ ਕਿ ਬਿਆਸ ਦਰਿਆ ਵਿਚ ਪਾਣੀ ਦਾ ਪੱਧਰ ਵਧਣ ਕਰਕੇ ਪ੍ਰਭਾਵਿਤ ਖੇਤਰਾਂ ਵਿਚੋਂ ਲੋਕਾਂ ਨੂੰ ਸੁਰੱਖਿਅਤ ਥਾਵਾਂ ਤੇ ਪਹੁੰਚਾਉਣ ਦੇ ਕੰਮ ਵਿਚ ਹੋਰ ਤੇਜ਼ੀ ਲਿਆਂਦੀ ਜਾਵੇ । ਸ੍ਰੀ ਭਗਤ ਨੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਰਾਹਤ ਕੈਂਪਾਂ ਲੱਖ ਵਰਿਆਂਹ ਤੇ ਮੰਡ ਕੂਕਾ ਦੇ ਗੁਰਦੁਆਰਾ ਸਾਹਿਬ ਵਿਖੇ ਲੋਕਾਂ ਲਈ ਰਿਹਾਇਸ਼ , ਦਵਾਈਆਂ, ਰਾਸ਼ਨ ਦੇ ਪ੍ਰਬੰਧਾਂ ਨੂੰ ਹੋਰ ਪੁਖ਼ਤਾ ਕਰਨ । ਉਨ੍ਹਾਂ ਕਿਹਾ ਕਿ ਔਰਤਾਂ , ਬਜ਼ੁਰਗਾਂ ਤੇ ਬੱਚਿਆਂ ਦੀ ਸਿਹਤ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇ । ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਅਮਿਤ ਕੁਮਾਰ ਪੰਚਾਲ ਨੇ ਕੈਬਨਿਟ ਮੰਤਰੀ ਨੂੰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੇ ਜਾ ਰਹੇ ਰਾਹਤ ਕਾਰਜਾਂ ਬਾਰੇ ਜਾਣੂੰ ਕਰਵਾਇਆ ।



# ਰੈੱਡ ਕਰਾਸ ਸੁਸਾਇਟੀ ਨੇ ਹੜ੍ਹ ਪ੍ਰਭਾਵਤ ਇਲਾਕਿਆਂ 'ਚ ਰਾਹਤ ਸਮੱਗਰੀ ਕੀਤੀ ਰਵਾਨਾ

**ਹੁਸ਼ਿਆਰਪੁਰ (ਓ ਪੀ ਰਾਣਾ)**- ਡਿਪਟੀ ਕਮਿਸ਼ਨਰ ਅਤੇ ਪ੍ਰਧਾਨ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਆਸ਼ਿਕਾ ਜੈਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਰੈੱਡ ਕਰਾਸ ਸੁਸਾਇਟੀ ਹੁਸ਼ਿਆਰਪੁਰ ਨੇ ਟਾਂਡਾ, ਮੁਕੇਰੀਆਂ ਅਤੇ ਤਲਵਾੜਾ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿਚ ਰਾਹਤ ਕਾਰਜ ਤੇਜ਼ ਕਰ ਦਿੱਤੇ ਹਨ। ਇਸ ਸਬੰਧ ਵਿਚ ਸਹਾਇਕ ਕਮਿਸ਼ਨਰ (ਜ) ਓਇਸ਼ੀ ਮੰਡਲ ਨੇ ਰਾਹਤ ਸਮੱਗਰੀ ਨੂੰ ਰਵਾਨਾ ਕੀਤਾ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜ਼ਿਲ੍ਹੇ ਦੀਆਂ ਉਦਯੋਗਿਕ ਇਕਾਈਆਂ, ਫੈਕਟਰੀਆਂ, ਦਾਨੀਆਂ ਅਤੇ ਆਮ ਨਾਗਰਿਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਕੁਦਰਤੀ ਆਫ਼ਤ ਦੀ ਇਸ ਘੜੀ ਵਿਚ ਅੱਗੇ ਆਉਣ ਅਤੇ ਜਿੰਨਾ ਹੋ ਸਕੇ ਵਿੱਤੀ ਜਾਂ ਕਿਸੇ ਹੋਰ ਰੂਪ ਵਿਚ ਯੋਗਦਾਨ ਪਾਉਣ, ਤਾਂ ਜੋ ਹੜ੍ਹ ਪੀੜਤਾਂ ਨੂੰ ਸਮੇਂ ਸਿਰ ਰਾਹਤ ਪ੍ਰਦਾਨ ਕੀਤੀ ਜਾ ਸਕੇ। ਦਿਲਚਸਪੀ ਰੱਖਣ ਵਾਲੇ ਵਿਅਕਤੀ ਸੋਮਵਾਰ ਤੋਂ ਸ਼ੁੱਕਰਵਾਰ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਰੈੱਡ ਕਰਾਸ ਦਫ਼ਤਰ, ਜੋਧਾ ਮੱਲ ਰੋਡ, ਹੁਸ਼ਿਆਰਪੁਰ ਨਾਲ ਸੰਪਰਕ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਟਾਂਡਾ ਦੇ ਰਾਹਤ ਕੈਂਪ ਸਰਕਾਰੀ ਹਾਈ ਸਕੂਲ ਮਿਆਣੀ ਵਿਚ ਪਿੰਡ ਅਬਦੁੱਲਾਪੁਰ, ਤਲਵਾੜਾ ਦੇ ਰਾਹਤ ਕੈਂਪ ਭਾਨ ਮੰਦਰ ਵਿਚ ਪਿੰਡ ਚੰਗਰਾਵਾ ਅਤੇ ਮੁਕੇਰੀਆ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਵਿਚ 1000 ਦੇ ਕਰੀਬ ਰਾਹਤ ਕਿੱਟਾ ਦੀ ਵੰਡ ਕੀਤੀ ਗਈ।



# ਡੀ ਸੀ ਵੱਲੋਂ ਮੰਡ ਖੇਤਰ ਦੇ ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਜਾਣ ਦੀ ਅਪੀਲ

**ਕਪੂਰਥਲਾ (ਬਲਵੀਰ ਸ਼ਾਲ੍ਹਪੁਰੀ)**- ਡਿਪਟੀ ਕਮਿਸ਼ਨਰ ਕਪੂਰਥਲਾ ਅਮਿਤ ਕੁਮਾਰ ਪੰਚਾਲ ਨੇ ਬਿਆਸ ਦਰਿਆ ਵਿੱਚ ਪਾਣੀ ਦਾ ਪੱਧਰ ਵਧਣ ਦੇ ਮੱਦੇਨਜ਼ਰ ਪ੍ਰਭਾਵਿਤ ਮੰਡ ਖੇਤਰਾਂ ਦੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਸੁਰੱਖਿਅਤ ਥਾਵਾਂ ਤੇ ਪੁੱਜਣ। ਉਨ੍ਹਾਂ ਕਿਹਾ ਕਿ ਲੋਕਾਂ ਦੀ ਜਾਨ ਦੀ ਰਾਖੀ ਪ੍ਰਸ਼ਾਸਨ ਦੀ ਪਹਿਲ ਹੈ ਜਿਸ ਲਈ ਜੋ ਲੋਕ ਅਜੇ ਵੀ ਪ੍ਰਭਾਵਿਤ ਖੇਤਰਾਂ ਵਿੱਚ ਘਰਾਂ ਵਿਚ ਹਨ, ਉਹ ਤੁਰੰਤ ਸੁਰੱਖਿਅਤ ਥਾਵਾਂ ਤੇ ਪਹੁੰਚਣ। ਉਨ੍ਹਾਂ ਦੱਸਿਆ ਕਿ ਲੋਕਾਂ ਨੂੰ ਸੁਰੱਖਿਅਤ ਬਾਹਰ ਕੱਢਣ ਲਈ ਐਸ ਡੀ ਆਰ ਐਫ ਦੀਆਂ ਟੀਮਾਂ ਲਗਾਤਾਰ ਲੱਗੀਆਂ ਹਨ, ਜਿਸ ਲਈ ਲੋਕ ਉਨ੍ਹਾਂ ਟੀਮਾਂ ਦੀ ਸਹਾਇਤਾ ਲੈਣ। ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਇਹ ਵੀ ਅਪੀਲ ਕੀਤੀ ਕਿ ਉਹ ਕਿਸੇ ਵੀ ਤਰ੍ਹਾਂ ਦੀ ਅਫ਼ਵਾਹ ਉਪਰ ਯਕੀਨ ਨਾ ਕਰਨ ਸਗੋਂ ਕਿਸੇ ਵੀ ਜਾਣਕਾਰੀ ਲਈ ਜ਼ਿਲ੍ਹਾ ਪੱਧਰੀ ਹੈਲਪ ਲਾਇਨ ਨੰਬਰ 01822-231990 ਜਾਂ 62800-49331, ਸੁਲਤਾਨਪੁਰ ਲੋਧੀ ਦੇ ਹੈਲਪਲਾਇਨ ਨੰਬਰ 01828-222169, ਭੁਲੱਥ ਦੇ ਹੈਲਪਲਾਇਨ ਨੰਬਰ 01822-271829 ਸੰਪਰਕ ਕਰਨ।



# ਹੜ੍ਹ ਪੀੜਤਾਂ ਲਈ ਵੇਰਕਾ ਵੱਲੋਂ ਰਾਸ਼ਨ ਕਿੱਟਾਂ ਦੀ ਸਪਲਾਈ ਸ਼ੁਰੂ : ਸ਼ੇਰਗਿੱਲ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਪੰਜਾਬ ਦੇ ਹੜ੍ਹ ਪੀੜਤ ਲੋਕਾਂ ਨਾਲ ਇਕਜੁੱਟਤਾ ਦਿਖਾਉਂਦੇ ਹੋਏ ਪੰਜਾਬ ਮਿਲਕਫੈਡ ਦੇ ਚੇਅਰਮੈਨ ਨਰਿੰਦਰ ਸਿੰਘ ਸ਼ੇਰਗਿੱਲ ਨੇ ਵੇਰਕਾ ਮਿਲਕ ਪਲਾਂਟ, ਮੋਹਾਲੀ ਤੋਂ 700 ਰਾਸ਼ਨ ਕਿੱਟਾਂ ਰਵਾਨਾ ਕੀਤੀਆਂ। ਸ਼ੇਰਗਿੱਲ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹੁਕਮਾਂ ਅਨੁਸਾਰ ਮਿਲਕਫੈਡ ਨੇ 15 ਹਜ਼ਾਰ ਫੂਡ ਕਿੱਟਾਂ ਹੜ੍ਹ ਪੀੜਤ ਇਲਾਕਿਆਂ ਵਿੱਚ ਭੇਜਣ ਦਾ ਫੈਸਲਾ ਕੀਤਾ ਹੈ। ਇਨ੍ਹਾਂ ਕਿੱਟਾਂ ਵਿੱਚ ਚੀਨੀ, ਆਟਾ, ਚੌਲ, ਦੁੱਧ ਦਾ ਪਾਊਡਰ, ਪੀਣ ਵਾਲਾ ਪਾਣੀ, ਚਾਹ ਪੱਤੀ, ਬਿਸਕੁੱਟ, ਬਰੈਡ ਅਤੇ ਮਾਚਿਸ ਆਦਿ ਜ਼ਰੂਰੀ ਸਮਾਨ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਵੇਰਕਾ ਅਤੇ ਮਿਲਕਫੈਡ ਪੰਜਾਬ ਹਮੇਸ਼ਾਂ ਹੀ ਪੰਜਾਬੀਆਂ ਨਾਲ ਸੰਕਟ ਅਤੇ ਕੁਦਰਤੀ ਆਫ਼ਤਾਂ ਦੇ ਸਮੇਂ ਮਜ਼ਬੂਤੀ ਨਾਲ ਖੜ੍ਹੇ ਹਨ। ਉਨ੍ਹਾਂ ਕਿਹਾ ਕਿ ਸਾਰੇ ਵੇਰਕਾ ਪਲਾਂਟ ਵਾਰੀ-ਵਾਰੀ ਮਨੁੱਖਤਾ ਦੀ ਸੇਵਾ ਕਰਦੇ ਹੋਏ ਰਾਸ਼ਨ ਕਿੱਟਾਂ ਪਹੁੰਚਾਉਣਗੇ ਤਾਂ ਜੋ ਪੰਜਾਬ ਦੇ ਹੜ੍ਹ ਪੀੜਤ ਲੋਕਾਂ ਨੂੰ ਲਗਾਤਾਰ ਸਹਾਇਤਾ ਮਿਲਦੀ ਰਹੇ।ਉਨ੍ਹਾਂ ਨੇ ਇਹ ਵੀ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਹੜ੍ਹ ਪੀੜਤ ਇਲਾਕਿਆਂ ਦੇ ਦੌਰੇ ਦੌਰਾਨ ਆਪਣੇ ਸਰਕਾਰੀ ਹੈਲੀਕਾਪਟਰ ਰਾਹੀਂ ਖੁਰਾਕ ਪੈਕੇਟ ਵੰਡਵਾਏ ਅਤੇ ਸਾਰੇ ਵਿਭਾਗਾਂ ਨੂੰ ਤੁਰੰਤ ਬਚਾਅ ਤੇ ਰਾਹਤ ਕਾਰਵਾਈਆਂ ਲਈ ਤਿਆਰ ਰਹਿਣ ਦੇ ਹੁਕਮ ਜਾਰੀ ਕੀਤੇ ਹਨ।ਇਸ ਮੌਕੇ ਮੌਜੂਦ ਪ੍ਰਮੁੱਖ ਸਖਸ਼ੀਅਤਾਂ ਵਿੱਚ ਸ੍ਰੀਮਤੀ ਰਾਜ ਲਾਲੀ ਗਿੱਲ, ਚੇਅਰਪਰਸਨ ਪੰਜਾਬ ਰਾਜ ਮਹਿਲਾ ਕਮਿਸ਼ਨ; ਰਾਹੁਲ ਗੁਪਤਾ, ਐਮ.ਡੀ. ਮਿਲਕਫੈਡ; ਹਰਸੁਖਇੰਦਰ ਸਿੰਘ ਬੱਬੀ ਬਾਦਲ, ਪ੍ਰਭਜੋਤ ਕੌਰ, ਚੇਅਰਪਰਸਨ ਜ਼ਿਲ੍ਹਾ ਯੋਜਨਾ ਕਮੇਟੀ ਐਸ.ਏ.ਐਸ. ਨਗਰ; ਸਰਬਜੀਤ ਸਿੰਘ ਸਮਾਣਾ, ਕੌਂਸਲਰ; ਵਿਕਰਮਜੀਤ ਸਿੰਘ ਮਾਹਲ, ਜੀ.ਐਮ. ਵੇਰਕਾ ਡੇਅਰੀ ਮੋਹਾਲੀ ਸ਼ਾਮਲ ਸਨ।



# ਖੇਡਾਂ ਵਤਨ ਪੰਜਾਬ ਦੀਆਂ 2025 ਮੁਅੱਤਲ ਕੀਤੀਆਂ ਜਾਣ : ਡੀ ਟੀ ਐੱਫ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਖੇਡ ਵਿਭਾਗ ਪੰਜਾਬ ਵੱਲੋਂ ਅੱਜ ਕੱਲ੍ਹ ਖੇਡ ਪ੍ਰਬੰਧਾਂ ਵਿੱਚ ਨਵਾਂ ਰਿਕਾਰਡ ਕਾਇਮ ਕਰਨ ਦੀ ਕਵਾਇਦ ਸ਼ੁਰੂ ਕੀਤੀ ਗਈ ਹੈ। ਇਸ ਸਮੇਂ ਸਾਰਾ ਪੰਜਾਬ ਹੜ੍ਹਾਂ ਦੀ ਚਪੇਟ ਵਿੱਚ ਆਇਆ ਹੋਇਆ ਹੈ। ਮੁੱਖ ਮੰਤਰੀ ਪੰਜਾਬ ਵੱਲੋਂ ਸਕੂਲੀ ਬੱਚਿਆਂ ਦੀ ਰੱਖਿਆ ਲਈ 30 ਅਗਸਤ ਤੱਕ ਸਕੂਲ ਬੰਦ ਕਰ ਦਿੱਤੇ ਹਨ। ਹੜ੍ਹ ਪ੍ਰਭਾਵਿਤ ਇਲਾਕਿਆਂ ਦੇ ਲੋਕਾਂ ਨੂੰ ਪ੍ਰਸ਼ਾਸਨ ਵੱਲੋਂ ਸੁਰੱਖਿਅਤ ਥਾਂਵਾਂ ਤੇ ਤਬਦੀਲ ਕੀਤਾ ਜਾ ਰਿਹਾ ਹੈ। ਖੇਡ ਵਿਭਾਗ ਪੰਜਾਬ 3 ਸਤੰਬਰ ਤੋਂ 'ਖੇਡਾਂ ਵਤਨ ਪੰਜਾਬ ਦੀਆਂ 2025' ਕਰਵਾਉਣ ਲਈ ਬਜ਼ਿੱਦ ਹੈ। ਡੈਮੋਕ੍ਰੈਟਿਕ ਟੀਚਰਜ਼ ਫਰੰਟ ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ, ਜਰਨਲ ਸਕੱਤਰ ਮਹਿੰਦਰ ਸਿੰਘ ਕੌੜਿਆਂਵਾਲੀ ਅਤੇ ਵਿੱਤ ਸਕੱਤਰ ਅਸ਼ਵਨੀ ਅਵਸਥੀ ਨੇ ਮੰਗ ਕੀਤੀ ਹੈ ਕਿ ਇਹਨਾਂ ਖੇਡਾਂ ਨੂੰ ਪੰਜਾਬ ਦੇ ਮੌਜੂਦਾ ਹਾਲਾਤ ਨੂੰ ਮੁੱਖ ਰੱਖਦਿਆਂ ਤੁਰੰਤ ਮੁਅੱਤਲ ਕੀਤਾ ਜਾਵੇ।

# ਸੰਤ ਬਾਬਾ ਮੇਲਾ ਰਾਮ ਦੀ ਬਰਸੀ ਮਨਾਈ

**ਬੰਗਾ (ਅਵਤਾਰ ਕਲੇਰ)**- ਡੇਰਾ 108 ਸੰਤ ਬਾਬਾ ਮੇਲਾ ਰਾਮ ਜੀ ਭਰੋਮਜਾਰਾ ਵਿਖੇ ਸੰਤਾ ਦਾ ਸਾਲਾਨਾ ਬਰਸੀ ਸਮਾਗਮ ਡੇਰੇ ਦੇ ਮੌਜੂਦਾ ਗੱਦੀ ਨਸ਼ੀਨ 108 ਸੰਤ ਬਾਬਾ ਕੁਲਵੰਤ ਰਾਮ ਭਰੋਮਜਾਰਾ ਪ੍ਰਧਾਨ ਸ੍ਰੀ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਦੀ ਰਹਿਨੁਮਾਈ ਹੇਠ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਦੋ ਦਿਨਾ ਸਮਾਗਮ ਦੌਰਾਨ ਪਹਿਲੇ ਦਿਨ ਰਾਤ ਨੂੰ ਕੀਰਤਨੀ ਜਥਿਆਂ ਤੇ ਕਲਾਕਾਰਾਂ ਨੇ ਸੰਗਤਾਂ ਨੂੰ ਨਿਹਾਲ ਕੀਤਾ। ਦੂਸਰੇ ਦਿਨ ਸ੍ਰੀ ਸਹਿਜ ਪਾਠਾਂ ਦੇ ਭੋਗ ਪਾਏ ਗਏ। ਵੱਖ ਵੱਖ ਦਰਬਾਰਾਂ ਤੋਂ ਸੰਤ ਮਹਿੰਦਰ ਪਾਲ ਪੰਡਵਾ ਚੇਅਰਮੈਨ ਸ੍ਰੀ ਗੁਰੂ ਰਵਿਦਾਸ ਸਾਧੂ ਸੰਪ੍ਰਦਾਇ ਸੁਸਾਇਟੀ ਪੰਜਾਬ, ਸੰਤ ਨਿਰਮਲ ਸਿੰਘ ਅਵਾਦਾਨ ਸਕੱਤਰ, ਸਾਈਂ ਪੱਪਲ ਸ਼ਾਹ ਭਰੋਮਜਾਰਾ ਪ੍ਰਧਾਨ ਸੂਫ਼ੀਆਨਾ ਦਰਗਾਹ ਪ੍ਰਬੰਧਕ ਕਮੇਟੀ ਪੰਜਾਬ, ਸੰਤ ਬੀਬੀ ਮੀਨਾ ਰਾਣੀ ਜੇਜੋਂ, ਸੰਤ ਦੇਸ ਰਾਜ ਗੋਬਿੰਦਪੁਰਾ ਫਗਵਾੜਾ, ਸੰਤ ਬਲਵੀਰ ਦਾਸ ਕਾਹਰੀ ਸਾਹਰੀ, ਸੰਤ ਟਹਿਲ ਨਾਥ ਨੰਗਲ ਖੇੜਾ,ਸੰਤ ਜਸਵਿੰਦਰ ਸਿੰਘ ਡਾਂਡੀਆਂ ਆਦਿ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਡੇਰੇ ਵਲੋਂ ਗਾਇਕ ਭੈਣਾਂ ਕੌਰ ਸਿਸਟਰਜ਼ ਦਾ ਗੋਲਡ ਮੈਡਲ ਨਾਲ ਸਨਮਾਨ ਕੀਤਾ ਗਿਆ। ਬਸਪਾ ਆਗੂ ਪ੍ਰਵੀਨ ਬੰਗਾ, ਫ਼ਕੀਰ ਚੰਦ ਜੱਸਲ,ਇਰਵਨ ਰੱਤੂ, ਮਾਸਟਰ ਸੋਮ ਰਾਜ,ਤੇਜ ਪਾਲ ਬਸਰਾ ਫਗਵਾੜਾ, ਜਥੇਦਾਰ ਸਰੂਪ ਸਿੰਘ ਖਲਵਾੜਾ,ਮਾਸਟਰ ਜਗਦੀਸ਼ ਸਿੰਘ ਹੱਲੂਵਾਲ ਵਿਸ਼ੇਸ਼ ਤੌਰ ਤੇ ਪਹੁੰਚੇ।ਗੱਦੀ ਨਸ਼ੀਨ ਸੰਤ ਬਾਬਾ ਕੁਲਵੰਤ ਰਾਮ ਵੱਲੋਂ ਪਹੁੰਚੇ ਹੋਏ ਸੰਤ ਮਹਾਂਪੁਰਸ਼ਾਂ ਅਤੇ ਸੇਵਾਦਾਰਾਂ ਨੂੰ ਸਨਮਾਨਤ ਕੀਤਾ।



# ਐੱਲ ਪੀ ਯੂ ਕੈਂਪਸ 'ਚ ਅਮਰੀਕੀ ਸਾਫਟ ਡਰਿੰਕਸ 'ਤੇ ਲਗਾਈ ਪਾਬੰਦੀ

**ਜਲੰਧਰ (ਸ਼ੈਲੀ ਐਲਬਰਟ)**- ਆਮ ਆਦਮੀ ਪਾਰਟੀ (ਆਪ) ਰਾਜ ਸਭਾ ਮੈਂਬਰ ਅਤੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ ਪੀ ਯੂ) ਦੇ ਸੰਸਥਾਪਕ ਚਾਂਸਲਰ ਡਾ. ਅਸ਼ੋਕ ਕੁਮਾਰ ਮਿੱਤਲ ਨੇ ਐੱਲ ਪੀ ਯੂ ਕੈਂਪਸ ਵਿੱਚ ਸਾਰੇ ਅਮਰੀਕੀ ਸਾਫਟ ਡਰਿੰਕ ਬ੍ਰਾਂਡਾਂ ਦੀ ਵਿਕਰੀ 'ਤੇ ਪੂਰੀ ਤਰ੍ਹਾਂ ਪਾਬੰਦੀ ਲਗਾ ਦਿੱਤੀ ਹੈ। ਸਵਦੇਸ਼ੀ 2.0 ਦੀ ਸ਼ੁਰੂਆਤ ਕਰਦੇ ਹੋਏ, ਡਾ. ਮਿੱਤਲ ਨੇ ਸਾਰੇ ਭਾਰਤੀਆਂ ਨੂੰ ਟਰੰਪ ਟੈਰਿਫ ਦੇ ਜਵਾਬ ਵਿੱਚ ਅਮਰੀਕੀ ਉਤਪਾਦਾਂ ਦਾ ਬਾਈਕਾਟ ਕਰਨ ਅਤੇ ਸਵਦੇਸ਼ੀ 2.0 ਅੰਦੋਲਨ ਵਿੱਚ ਸ਼ਾਮਲ ਹੋਣ ਦੀ ਅਪੀਲ ਵੀ ਕੀਤੀ ਹੈ। ਡਾ. ਮਿੱਤਲ ਨੇ ਕਿਹਾ ਕਿ 40,000 ਵਿਦਿਆਰਥੀਆਂ ਵਾਲੀ ਭਾਰਤ ਦੀ ਸਭ ਤੋਂ ਵੱਡੀ ਨਿੱਜੀ ਯੂਨੀਵਰਸਿਟੀਆਂ ਵਿੱਚੋਂ ਇੱਕ, ਐੱਲਪੀਯੂ ਨੇ ਤੁਰੰਤ ਬਾਈਕਾਟ ਲਾਗੂ ਕਰ ਦਿੱਤਾ ਹੈ, ਅਤੇ ਮੈਨੂੰ ਦੇਸ਼ ਭਰ ਤੋਂ ਇਸ ਮੁਹਿੰਮ ਲਈ ਭਾਰੀ ਸਮਰਥਨ ਦੇਖ ਕੇ ਮਾਣ ਹੈ!'



# ਪੰਜਾਬ ਸਰਕਾਰ ਨੇ ਲੇਬਰ ਸੈੱਸ ਉਗਰਾਹੀ 'ਚ ਬਣਾਇਆ ਨਵਾਂ ਰਿਕਾਰਡ : ਕਰਮਜੀਤ ਕੌਰ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**- ਜ਼ਿਲ੍ਹਾ ਯੋਜਨਾ ਕਮੇਟੀ ਦੀ ਚੇਅਰਪਰਸਨ ਕਰਮਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਵਿੱਤੀ ਸਾਲ 2024-25 ਵਿਚ 310 ਕਰੋੜ ਰੁਪਏ ਦਾ ਰਿਕਾਰਡ ਲੇਬਰ ਸੈੱਸ ਇਕੱਠਾ ਕੀਤਾ ਹੈ, ਜੋ ਕਿ ਪਿਛਲੇ ਚਾਰ ਸਾਲਾਂ ਵਿਚ ਸਭ ਤੋਂ ਵੱਧ ਹੈ। ਉਨ੍ਹਾਂ ਕਿਹਾ ਕਿ ਇਹ ਇਤਿਹਾਸਕ ਪ੍ਰਾਪਤੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਲੀਡਰਸ਼ਿਪ, ਪਾਰਦਰਸ਼ੀ ਨੀਤੀਆਂ ਦਾ ਨਤੀਜਾ ਹੈ। ਚੇਅਰਪਰਸਨ ਨੇ ਦੱਸਿਆ ਕਿ ਸਾਲ 2021-22 ਵਿਚ 203.94 ਕਰੋੜ ਰੁਪਏ, 2022-23 ਵਿਚ 208.92 ਕਰੋੜ ਰੁਪਏ ਅਤੇ 2023-24 ਵਿਚ 180 ਕਰੋੜ ਰੁਪਏ ਦਾ ਲੇਬਰ ਸੈੱਸ ਇਕੱਠਾ ਕੀਤਾ ਗਿਆ ਸੀ। ਇਸ ਸਾਲ 310 ਕਰੋੜ ਰੁਪਏ ਦਾ ਅੰਕੜਾ ਸਾਬਤ ਕਰਦਾ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਮਜ਼ਦੂਰ ਵਰਗ ਦੇ ਵਿਕਾਸ ਅਤੇ ਉਨ੍ਹਾਂ ਦੇ ਅਧਿਕਾਰਾਂ ਦੀ ਰਾਖੀ ਲਈ ਠੋਸ ਕਦਮ ਚੁੱਕੇ ਹਨ।



# ਅਭਿਨਵ ਤ੍ਰਿਖਾ ਨੇ ਲਿਆ ਰਾਹਤ ਕਾਰਜਾਂ ਦਾ ਜਾਇਜ਼ਾ

**ਸੁਲਤਾਨਪੁਰ ਲੋਧੀ (ਬਲਵੀਰ ਸ਼ਾਲ੍ਹਪੁਰੀ)**- ਪੰਜਾਬ ਸਰਕਾਰ ਵੱਲੋਂ ਕਪੂਰਥਲਾ ਜ਼ਿਲ੍ਹੇ ਵਿਚ ਹੜ੍ਹ ਦੌਰਾਨ ਰਾਹਤ ਕਾਰਜਾਂ ਦੀ ਨਿਗਰਾਨੀ ਲਈ ਤਾਇਨਾਤ ਪ੍ਰਭਾਰੀ ਸਕੱਤਰ ਸ੍ਰੀ ਅਭਿਨਵ ਤ੍ਰਿਖਾ ਵੱਲੋਂ ਸੁਲਤਾਨਪੁਰ ਲੋਧੀ ਦੇ ਪ੍ਰਭਾਵਿਤ ਪਿੰਡਾਂ ਵਿਚ ਰਾਹਤ ਕਾਰਜਾਂ ਦਾ ਜਾਇਜ਼ਾ ਲਿਆ। ਉਨ੍ਹਾਂ ਡਿਪਟੀ ਕਮਿਸ਼ਨਰ ਕਪੂਰਥਲਾ ਅਮਿਤ ਕੁਮਾਰ ਪੰਚਾਲ ਕੋਲੋਂ ਰਾਹਤ ਕਾਰਜਾਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਸ੍ਰੀ ਤ੍ਰਿਖਾ ਨੇ ਬਾਊਪੁਰ ਵਿਖੇ ਲੋਕਾਂ ਨੂੰ ਸੁਰੱਖਿਅਤ ਬਾਹਰ ਕੱਢਣ ਦਾ ਜਾਇਜ਼ਾ ਲਿਆ। ਉਸ ਉਪਰੰਤ ਉਨ੍ਹਾਂ ਲੱਖ ਵਰਿਆਂਹ ਵਿਖੇ ਬਣਾਏ ਗਏ ਰਾਹਤ ਕੈਂਪ ਵਿਖੇ ਲੋਕਾਂ ਨਾਲ ਮੁਲਾਕਾਤ ਕੀਤੀ ਤੇ ਲੋਕਾਂ ਲਈ ਰਿਹਾਇਸ਼, ਸਿਹਤ ਸੇਵਾਵਾਂ ਦੀ ਸਮੀਖਿਆ ਕੀਤੀ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਇਸ ਬਿਪਤਾ ਦੀ ਘੜੀ ਵਿੱਚ ਲੋਕਾਂ ਦੀ ਹਰ ਸੰਭਵ ਸਹਾਇਤਾ ਕੀਤੀ ਜਾਵੇ ਤੇ ਡਿਊਟੀ ਨੂੰ ਸੇਵਾ ਸਮਝਕੇ ਨਿਭਾਇਆ ਜਾਵੇ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਨਵਨੀਤ ਕੌਰ ਬੱਲ ਵੀ ਹਾਜ਼ਰ ਸਨ।



# ਆਸ਼ਾ ਵਰਕਰਾਂ ਵੱਲੋਂ ਰੋਸ ਰੈਲੀ 1 ਨੂੰ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਸਿਹਤ ਵਿਭਾਗ ਅੰਦਰ ਲੋਕਾਂ ਨੂੰ ਸਿਹਤ ਸਹੂਲਤਾਂ ਪ੍ਰਧਾਨ ਕਰ ਰਹੀਆਂ ਆਸ਼ਾ ਵਰਕਰਾਂ ਵਲੋਂ ਪਿਛਲੇ ਲੰਬੇ ਸਮੇਂ ਤੋਂ ਆਪਣੀਆਂ ਮੰਗਾਂ ਸਬੰਧੀ ਸੰਘਰਸ਼ ਕੀਤਾ ਜਾ ਰਿਹਾ ਹੈ। ਸਮੇਂ ਸਮੇਂ ਦੀਆਂ ਸਰਕਾਰਾਂ ਵਲੋਂ ਇਹਨਾਂ ਵਰਕਰਾਂ ਨੂੰ ਨਿਗੂਣਾ ਜਿਹਾ ਇੰਨਸੈਨਟਿਵ ਦੇ ਕੇ ਆਰਥਿਕ ਅਤੇ ਮਾਨਸਿਕ ਸ਼ੋਸ਼ਣ ਕੀਤਾ ਜਾ ਰਿਹਾ ਹੈ। ਸੰਘਰਸ਼ ਨੂੰ ਹੋਰ ਵੀ ਤੇਜ਼ ਕਰਨ ਲਈ ਰਾਣੋ ਖੇੜੀ ਗਿੱਲਾਂ, ਸੁਖਵਿੰਦਰ ਕੌਰ ਸੁੱਖੀ, ਅਮਰਜੀਤ ਕੌਰ ਰਣ ਸਿੰਘ ਵਾਲਾ, ਹਰਿੰਦਰ ਕੌਰ, ਸੰਤੋਸ਼ ਕੁਮਾਰੀ ਦੀ ਅਗਵਾਈ ਹੇਠ ਸਾਂਝਾ ਮੋਰਚਾ ਬਣਾਇਆ ਗਿਆ ਹੈ। ਸਾਂਝੇ ਮੋਰਚੇ ਵਲੋਂ ਐਲਾਨ ਕੀਤੇ ਸੰਘਰਸ਼ ਤਹਿਤ 25 ਤੋਂ 31 ਅਗਸਤ ਤੱਕ ਸਾਰੇ ਪੰਜਾਬ ਅੰਦਰ ਕੰਮ ਦਾ ਬਾਈਕਾਟ ਕਰਕੇ ਰੋਸ ਪ੍ਰਦਰਸ਼ਨ ਕੀਤੇ ਜਾ ਰਹੇ ਹਨ। ਇਸ ਉਪਰੰਤ ਮਿਤੀ 1 ਸਤੰਬਰ ਨੂੰ ਸੰਗਰੂਰ ਵਿਖੇ ਵਿਸ਼ਾਲ ਸੂਬਾ ਪੱਧਰੀ ਰੋਸ ਰੈਲੀ ਕਰਨ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ। ਸੂਬੇ ਦੇ ਮੁਲਾਜ਼ਮਾਂ ਦੀ ਸੰਘਰਸ਼ਸ਼ੀਲ ਜੱਥੇਬੰਦੀ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਵਲੋਂ ਇਸ ਸੰਘਰਸ਼ ਦੀ ਹਿਮਾਇਤ ਕੀਤੀ ਜਾ ਰਹੀ ਹੈ। ਆਸ਼ਾ ਵਰਕਰਜ਼ ਅਤੇ ਫੈਸਿਲੀਟੇਟਰ ਯੂਨੀਅਨ ਪੰਜਾਬ ਦੇ ਮੁੱਖ ਸਲਾਹਕਾਰ ਰਣਜੀਤ ਸਿੰਘ ਈਸਾਪੁਰ ਅਤੇ ਮਨਜੀਤ ਸਿੰਘ ਬਾਜਵਾ ਵਲੋਂ ਪ.ਸ.ਸ.ਫ. ਦੇ ਸਮੂਹ ਆਗੂਆਂ ਨੂੰ ਆਸ਼ਾ ਵਰਕਰਾਂ ਦੇ ਸਾਂਝੇ ਮੋਰਚੇ ਵਲੋਂ ਉਲੀਕੇ ਗਏ ਸੰਘਰਸ਼ ਨੂੰ ਸਫਲਤਾਪੂਰਵਕ ਨੇਪਰੇ ਚਾੜਨ ਦੀ ਅਪੀਲ ਕੀਤੀ ਹੈ।



# ਬਾਰ ਕੌਂਸਲ ਆਫ ਇੰਡੀਆ ਨੂੰ ਨਵਾਂ ਲਾਅ ਕਾਲਜ ਖੋਲ੍ਹਣ ਲਈ ਮਨਜ਼ੂਰੀ ਮਿਲੀ

**ਕੁਰਾਲੀ (ਮੋਹਨ ਅੱਗਰਵਾਲ)**- ਦੋਆਬਾ ਗਰੁੱਪ ਆਫ ਕਾਲਜਿਜ਼ ਨੇ ਸਿੱਖਿਆ ਦੇ ਖੇਤਰ ਵਿੱਚ ਇੱਕ ਹੋਰ ਇਤਿਹਾਸਕ ਕਦਮ ਚੁੱਕਿਆ ਹੈ। ਬਾਰ ਕੌਂਸਲ ਆਫ ਇੰਡੀਆ ਵੱਲੋਂ ਇਸ ਸੰਸਥਾ ਨੂੰ ਨਵਾਂ ਲਾਅ ਕਾਲਜ ਖੋਲ੍ਹਣ ਲਈ ਪ੍ਰਤਿਸ਼ਠਿਤ ਮਨਜ਼ੂਰੀ ਮਿਲੀ ਹੈ। ਇਸ ਦੀ ਜਾਣਕਾਰੀ ਬਕਾਇਦਾ ਇੱਕ ਪ੍ਰੈਸ ਕਾਨਫਰੰਸ ਰਾਹੀਂ ਡਾਕਟਰ ਐੱਚ ਐੱਸ ਬਾਠ ਪ੍ਰੈਜ਼ੀਡੈਂਟ ਦੁਆਬਾ ਖਾਲਸਾ ਟਰੱਸਟ , ਸਰਦਾਰ ਐੱਸ. ਐੱਸ. ਸੰਘਾ ਪ੍ਰਬੰਧਕੀ ਵਾਈਸ ਚੇਅਰਮੈਨ , ਸਰਦਾਰ ਮਨਜੀਤ ਸਿੰਘ ਐਗਜੀਕਿਊਟਿਵ ਵਾਈਸ ਚੇਅਰਮੈਨ , ਮੈਡਮ ਰਮਨਜੀਤ ਕੌਰ ਬਾਠ ਟਰੱਸਟੀ ਦੁਆਬਾ ਖਾਲਸਾ ਟਰੱਸਟ ਵੱਲੋਂ ਸਾਂਝੇ ਰੂਪ ਵਿੱਚ ਮੀਡੀਆ ਨੂੰ ਦਿੱਤੀ ਗਈ । ਇਸ ਮੌਕੇ ਹਾਜ਼ਰ ਮੀਡੀਆ ਨੂੰ ਸੰਬੋਧਨ ਕਰਦੇ ਹੋਏ ਉਹਨਾਂ ਨੇ ਕਿਹਾ ਇਹ ਉਪਲਬਧੀ ਨਾ ਸਿਰਫ ਸੰਸਥਾ ਲਈ ਇਕ ਵੱਡਾ ਮੀਲ ਪੱਥਰ ਹੈ, ਸਗੋਂ ਪ੍ਰਬੰਧਕਾਂ ਦੀ ਵਿਜ਼ਨਰੀ ਲੀਡਰਸ਼ਿਪ ਅਤੇ ਦੂਰਦਰਸ਼ੀ ਸੋਚ ਦਾ ਪ੍ਰਮਾਣ ਵੀ ਹੈ। ਦੋਆਬਾ ਗਰੁੱਪ ਆਫ ਕਾਲਜਿਜ਼ ਹਮੇਸ਼ਾਂ ਤੋਂ ਹੀ ਗੁਣਵੱਤਾ-ਪੂਰਨ ਸਿੱਖਿਆ ਅਤੇ ਵਿਦਿਆਰਥੀਆਂ ਲਈ ਨਵੇਂ ਮੌਕੇ ਪ੍ਰਦਾਨ ਕਰਨ ਲਈ ਪ੍ਰਤੀਬੱਧ ਰਹੇ ਹਨ। ਇਸ ਦੂਰਦਰਸ਼ੀ ਫੈਸਲੇ ਵਿਚ ਐਮ ਐਸ ਬਾਠ ਚੇਅਰਮੈਨ ਦੁਆਬਾ ਖਾਲਸਾ ਟਰੱਸਟ ਵੱਲੋਂ ਪੂਰਾ ਸਹਿਯੋਗ ਮਿਲਿਆ।




# ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਵਿੱਦਿਆ ਤੇ ਸਿਹਤ ਸਹੂਲਤਾਂ ਲਈ ਕਰੇਗੀ ਵੱਡੇ ਪ੍ਰੋਜੈਕਟ ਆਰੰਭ

**ਹੁਸ਼ਿਆਰਪੁਰ (ਓ ਪੀ ਰਾਣਾ)**- ਮਹਾਨ ਤਪੱਸਵੀ ਸੰਤ ਸੰਮਨ ਦਾਸ ਡੇਰਾ ਸ਼ੁਕਰਤਾਲ ਸਹਾਰਨਪੁਰ ( ਯੂ.ਪੀ,.) ਦੀ ਯਾਦ ਵਿਚ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਵਲੋਂ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਚਰਨਛੋਹ ਇਤਿਹਾਸਕ ਅਸਥਾਨ ਸ੍ਰੀ ਗੁਰੂ ਰਵਿਦਾਸ ਬੇਗਮਪੁਰਾ ਸਦਨ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਵਿਸ਼ੇਸ਼ ਸਮਾਗਮ ਕਰਵਾਏ ਗਏ ਅਤੇ ਸੰਗਤਾਂ ਲਈ ਲੰਗਰ ਲਗਾਏ ਗਏ। ਇਸ ਮੌਕੇ ਪੰਜਾਬ, ਰਾਜਸਥਾਨ, ਦਿੱਲੀ, ਉੱਤਰ ਪ੍ਰਦੇਸ਼ ਤੇ ਵੱਖ ਵੱਖ ਪਿੰਡਾਂ ਤੋਂ ਸੰਗਤਾਂ ਨੇ ਹਾਜਰੀ ਭਰੀ । ਇਸ ਮੌਕੇ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਦੇ ਪ੍ਰਧਾਨ ਸੰਤ ਨਿਰਮਲ ਦਾਸ ਬਾਬੇ ਜੌੜੇ ,ਸੰਤ ਸਰਵਣ ਦਾਸ ਸਲੇਮਟਾਵਰੀ ਸੀਨੀ.ਮੀਤ ਪ੍ਰਧਾਨ, ਸੰਤ ਧਰਮਪਾਲ ਸ਼ੇਰਗੜ੍ਹ ਸਟੇਜ ਸਕੱਤਰ, ਸੰਤ ਮਨਜੀਤ ਦਾਸ ਵਿਛੋਹੀ , ਭੈਣ ਸੰਤੋਸ਼ ਕੁਮਾਰੀ ਬਿਲਡਿੰਗ ਇੰਚਾਰਜ ਤੋਂ ਇਲਾਵਾ ਸੰਤ ਸੰਮਨ ਦਾਸ ਦੇ ਪਰਮ ਸੇਵਕ ਸੰਤ ਰਾਜ ਕੁਮਾਰ ਮੌਜੂਦਾ ਗੱਦੀ ਨਸ਼ੀਨ ਡੇਰਾ ਸ਼ੁਕਰਤਾਲ ਸਹਾਰਨ ਪੁਰ (ਯੂ ਪੀ ) ਅਤੇ ਵੱਡੀ ਗਿਣਤੀ ਵਿਚ ਸੰਗਤਾਂ ਹਾਜਰ ਸਨ। ਸੰਤ ਸਮਾਜ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ( ਰਜਿ.) ਪੰਜਾਬ ਵਲੋਂ ਕੌਮ ਦੇ ਸੰਯੋਜਕਾਂ , ਪੈਰੋਕਾਰਾਂ, ਮਿਸ਼ਨਰੀਆਂ, ਬੁੱਧੀਜੀਵੀਆਂ ਦੇ ਸਹਿਯੋਗ ਨਾਲ ਸ੍ਰੀ ਖੁਰਾਲਗੜ੍ਹ ਸਾਹਿਬ 'ਚ ਚੈਰੀਟੇਬਲ ਸਕੂਲ, ਹਸਪਤਾਲ ਅਤੇ ਟੈਕਨੀਕਲ ਕਾਲਿਜ ਖੋਲੇ ਜਾਣਗੇ। ਇਸ ਮੌਕੇ ਜਗਪਾਲ ਸਿੰਘ ਜ਼ਿਲਾ ਪ੍ਰਧਾਨ ਬਸਪਾ ਸਹਾਰਨ ਪੁਰ (ਯੂ ਪੀ ), ਪ੍ਰੀਤ ਹਰਿਆਣਾ, ਸਤਪਾਲ ਪਾਲੀ ਬੇਗਮਪੁਰਾ ਭਜਨ ਮੰਡਲੀ, ਪ੍ਰਦੀਪ ਹਰਿਆਣਾ, ਸੰਤ ਟੇਕ ਚੰਦ, ਗਿਆਨੀ ਭੁਪਿੰਦਰ ਸਿੰਘ ਗੁੰਥੀ ਵੀ ਹਾਜਰ ਸਨ।



# ਚੀਫ ਖਾਲਸਾ ਦੀਵਾਨ ਵੱਲੋਂ ਹੜ੍ਹ ਪੀੜਤਾਂ ਨੂੰ ਹਰ ਸੰਭਵ ਮਦਦ ਦਾ ਭਰੋਸਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਚੀਫ਼ ਖ਼ਾਲਸਾ ਦੀਵਾਨ ਮੁੱਖ ਦਫ਼ਤਰ ਵਿਖੇ ਹੋਈ ਮੀਟਿੰਗ ਦੌਰਾਨ ਦੀਵਾਨ ਪ੍ਰਬੰਧਕਾਂ ਨੇ ਹੜ੍ਹਾਂ ਕਾਰਨ ਹੋ ਰਹੀ ਵੱਡੀ ਤਬਾਹੀ, ਜਾਨੀ-ਮਾਲੀ ਹੋ ਰਹੇ ਨੁਕਸਾਨ ਤੇ ਗਹਿਰੇ ਦੁੱਖ ਅਤੇ ਚਿੰਤਾ ਦਾ ਪ੍ਰਗਟਾਵਾ ਕੀਤਾ। ਚੀਫ਼ ਖ਼ਾਲਸਾ ਦੀਵਾਨ ਦੇ ਆਨਰੇਰੀ ਸਕੱਤਰ ਸ.ਰਮਣੀਕ ਸਿੰਘ ਫਰੀਡਮ ਅਤੇ ਐਡੀ.ਆਨਰੇਰੀ ਸਕੱਤਰ ਸ.ਜਸਪਾਲ ਸਿੰਘ ਢਿੱਲੋਂ ਨੇ ਸਦਮੇ ਵਿਚ ਆਏ ਪੀੜ੍ਹਤ ਪਰਿਵਾਰਾਂ ਨਾਲ ਹਮਦਰਦੀ ਪ੍ਰਗਟਾਉਂਦਿਆਂ ਕਿਹਾ ਕਿ ਸਮੁੱਚਾ ਪੰਜਾਬ, ਜੰਮੂ ਕਸ਼ਮੀਰ ਅਤੇ ਹੋਰਨਾਂ ਇਲਾਕਿਆਂ ਵਿਚ ਬੇਕਾਬੂ ਕੁਦਰਤੀ ਆਫਤ ਕਾਰਨ ਲੋਕਾਂ ਦੇ ਘਰਾਂ, ਫਸਲਾਂ, ਪਸ਼ੂ ਸੰਪਤੀ ਅਤੇ ਜਾਨੀ ਨੁਕਸਾਨ ਹੋਣਾ ਬਹੁਤ ਹੀ ਦੁੱਖਦਾਈ ਹੈ। ਉਹਨਾਂ ਨੇ ਕਿਹਾ ਕਿ ਇਸ ਸੰਕਟ ਘੜੀ ਵਿਚ ਚੀਫ਼ ਖ਼ਾਲਸਾ ਦੀਵਾਨ ਪੀੜ੍ਹਤਾਂ ਦੇ ਨਾਲ ਖੜ੍ਹਾ ਹੈ ਅਤੇ ਪ੍ਰਭਾਵਿਤ ਲੋਕਾਂ ਦੀ ਸਹਾਇਤਾ ਲਈ ਦੀਵਾਨ ਵੱਲੋਂ ਹਰ ਸੰਭਵ ਕਦਮ ਚੁੱਕਦਿਆ ਰਾਹਤ ਸਮਗਰੀ ਭੇਜੀ ਜਾਵੇਗੀ। ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ ਵੱਲੋਂ ਹੜ੍ਹਾਂ ਦੀ ਲਪੇਟ ਵਿਚ ਆਏ ਸਰਹੱਦੀ ਇਲਾਕਿਆਂ ਵਿਚ ਸਥਿਤ ਦੀਵਾਨ ਸਕੂਲਾਂ ਨੂੰ ਨਿਰਦੇਸ਼ ਦਿੱਤੇ ਗਏ ਕਿ ਸਕੂਲਾਂ ਵੱਲੋਂ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਰਾਹਤ ਸਮਗਰੀ ਕੱਪੜੇ, ਲੰਗਰ, ਦਵਾਈਆਂ ਆਦਿ ਇਕੱਠੀਆਂ ਕਰਕੇ ਸਟਾਫ ਦੇ ਸਹਿਯੋਗ ਨਾਲ ਲੋੜ੍ਹਵੰਦਾਂ ਤੱਕ ਜਲਦ ਤੋ ਜਲਦ ਪਹੁੰਚਾਇਆ ਜਾਣ ਅਤੇ ਲੋਕਾਂ ਦੀ ਹਰ ਸੰਭਵ ਮਦਦ ਕਰਨ ਵਿਚ ਕੋਈ ਕਸਰ ਨਾ ਛੱਡੀ ਜਾਵੇ। ਦੀਵਾਨ ਪ੍ਰਬੰਧਕਾਂ ਨੇ ਸਮਾਜ ਦੇ ਹਰ ਵਰਗ ਨੂੰ ਇਸ ਨਾਜ਼ੁਕ ਘੜੀ ਵਿਚ ਮਨੁੱਖਤਾ ਦੀ ਸੇਵਾ ਕਾਰਜ ਵਿਚ ਵੱਧ ਚੜ੍ਹ ਕੇ ਯੋਗਦਾਨ ਦੇਣ ਦੀ ਅਪੀਲ ਕੀਤੀ। ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਆਨਰੇਰੀ ਸਕੱਤਰ ਸ.ਰਮਣੀਕ ਸਿੰਘ, ਐਡੀ.ਆਨਰੇਰੀ ਸਕੱਤਰ ਸ.ਜਸਪਾਲ ਸਿੰਘ ਢਿੱਲੋਂ, ਸ.ਸਰਜੋਤ ਸਿੰਘ ਸਾਹਨੀ, ਸ.ਤਰਲੋਚਨ ਸਿੰਘ, ਸ.ਏ.ਪੀ.ਐਸ.ਮਾਨ, ਸ.ਇੰਦਰਜੀਤ ਸਿੰਘ ਅੜੀ, ਸ.ਗੁਰਭੇਜ ਸਿੰਘ, ਡਾਇਰੈਕਟਰ ਡਾ.ਏ.ਪੀ.ਐਸ ਚਾਵਲਾ ਆਦਿ ਮੌਜੂਦ ਸਨ।



# ਅਧਿਆਪਕਾਂ ਦੀਆਂ ਬਦਲੀਆਂ ਦੇ ਮੈਰਿਟ ਅੰਕ ਸ਼ੋਅ ਕੀਤੇ ਜਾਣ : ਨਵਪ੍ਰੀਤ ਬੱਲੀ

**ਮਹਿਤਪੁਰ (ਰਾਜਾ)**- ਗੌਰਮਿੰਟ ਟੀਚਰਜ਼ ਯੂਨੀਅਨ (ਵਿਗਿਆਨਿਕ) ਪੰਜਾਬ ਦੀ ਮੀਟਿੰਗ ਸੂਬਾਈ ਪ੍ਰਧਾਨ ਨਵਪ੍ਰੀਤ ਸਿੰਘ ਬੱਲੀ ਦੀ ਅਗਵਾਈ ਹੇਠ ਹੋਈ। ਮੀਟਿੰਗ ਵਿੱਚ ਜਥੇਬੰਦੀ ਦੀ ਮੈਂਬਰਸ਼ਿਪ ਮੁਹਿੰਮ ਸ਼ੁਰੂ ਕਰਨ ਦਾ ਫੈਸਲਾ ਕੀਤਾ ਗਿਆ। ਮੈਂਬਰਸ਼ਿਪ ਤੋਂ ਬਾਅਦ ਬਲਾਕ, ਜ਼ਿਲ੍ਹਾ ਅਤੇ ਸੂਬਾਈ ਚੋਣ ਕੀਤੀ ਜਾਵੇਗੀ। ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਵੱਲੋਂ ਅਧਿਆਪਕਾਂ ਦੀਆਂ ਬਦਲੀਆਂ ਲਈ ਮੈਰਿਟ ਅੰਕ ਸ਼ੋਅ ਕੀਤੇ ਜਾਣ। ਮੀਟਿੰਗ ਵਿੱਚ ਸੂਬਾ ਜਨਰਲ ਸਕੱਤਰ ਸੁਰਿੰਦਰ ਕੰਬੋਜ, ਮੀਤ ਪ੍ਰਧਾਨ ਪਰਗਟ ਸਿੰਘ ਜੰਬਰ ਅਤੇ ਜਤਿੰਦਰ ਸਿੰਘ ਸੋਨੀ, ਸੂਬਾ ਵਿੱਤ ਸਕੱਤਰ ਸੋਮ ਸਿੰਘ, ਸੂਬਾ ਪ੍ਰੈੱਸ ਸਕੱਤਰ ਐਨ.ਡੀ.ਤਿਵਾੜੀ, ਨਵਾਂ ਸ਼ਹਿਰ ਤੋਂ ਲਾਲ ਚੰਦ, ਜਲੰਧਰ ਤੋਂ ਕੰਵਲਜੀਤ ਸਿੰਘ ਸੰਗੋਵਾਲ, ਰੋਪੜ ਤੋਂ ਸੁੱਚਾ ਸਿੰਘ ਚਾਹਲ ਆਦਿ ਆਗੂਆਂ ਨੇ ਸਿੱਖਿਆ ਵਿਭਾਗ ਵਿੱਚ ਪ੍ਰਮੋਸ਼ਨਾਂ ਵਿੱਚ ਕੀਤੀ ਜਾ ਰਹੀ ਦੇਰੀ ਨੂੰ ਮੰਦਭਾਗਾ ਕਰਾਰ ਦਿੰਦਿਆਂ ਜਲਦ ਤੋਂ ਜਲਦ ਸਾਰੇ ਕਾਡਰ ਦੀਆਂ ਪ੍ਰਮੋਸ਼ਨਾਂ ਕਰਨ ਦੀ ਮੰਗ ਕੀਤੀ ਅਤੇ ਲੈਕਚਰਾਰ ਦੀ ਸਨਿਆਰਤਾ ਸੂਚੀ ਵਿੱਚ ਬਹੁਤ ਸਾਰੀਆਂ ਉਣਤਾਈਆਂ ਦਾ ਮੁੱਦਾ ਵੀ ਵਿਚਾਰਿਆ ਗਿਆ ਅਤੇ ਇਸ ਸਬੰਧੀ ਜਲਦ ਹੀ ਸਿੱਖਿਆ ਅਧਿਕਾਰੀਆਂ ਨੂੰ ਮਿਲਣ ਬਾਰੇ ਵਿਚਾਰ ਚਰਚਾ ਕੀਤੀ ਗਈ ।ਮਾਸਟਰ ਕੇਡਰ ਤੋਂ ਹੈਡਮਾਸਟਰ ਦੀਆਂ ਤਰੱਕੀਆਂ ਲਈ ਵਿਭਾਗ ਵੱਲੋਂ ਜ਼ਿਲ੍ਹਾ ਸਿੱਖਿਆ ਅਫ਼ਸਰਾਂ (ਸੈ.ਸਿੱਖਿਆ) ਦੇ ਦਫ਼ਤਰਾਂ ਵਿੱਚ 29 ਅਗਸਤ ਤੱਕ ਕੇਸ ਜਮ੍ਹਾਂ ਕਰਵਾਉਣ ਲਈ ਕਿਹਾ ਗਿਆ ਹੈ ਪਰ ਪੰਜਾਬ ਵਿੱਚ ਆਏ ਹੜ੍ਹਾਂ ਕਾਰਨ ਘੱਟੋ-ਘੱਟ ਇੱਕ ਹਫ਼ਤੇ ਦਾ ਹੋਰ ਸਮਾਂ ਕੇਸ ਤਿਆਰ ਕਰਨ ਲਈ ਦੇਣ ਦੀ ਜਥੇਬੰਦੀ ਵੱਲੋਂ ਮੰਗ ਕੀਤੀ ਗਈ। ਮੀਟਿੰਗ ਵਿੱਚ ਉਪਰੋਕਤ ਆਗੂਆਂ ਤੋਂ ਇਲਾਵਾ ਗੁਰਮੀਤ ਸਿੰਘ ਖਾਲਸਾ, ਗੁਰਪ੍ਰੀਤ ਸਿੰਘ ,ਰਸ਼ਮਿੰਦਰ ਪਾਲ ਸੋਨੂ, ਰੇਸ਼ਮ ਕੰਬੋਜ, ਜਗਤਾਰ ਸਿੰਘ ਖਮਾਣੋ, ਸੁਰਮਖ ਸਿੰਘ, ਗੁਰੇਕ ਸਿੰਘ, ਰਮਨ ਕੁਮਾਰ ਗੁਪਤਾ ,ਜਰਨੈਲ ਜੰਡਾਲੀ, ਬਲਵੀਰ ਸਿੰਘ ਸੰਗਰੂਰ, ਅਸ਼ਵਨੀ ਕੁਮਾਰ, ਕਮਲ ਕਿਸ਼ੋਰ, ਰਜਨੀ ਪ੍ਰਕਾਸ਼ ਹਾਜ਼ਰ ਸਨ।

# ਸਹਿਕਾਰੀ ਸੰਸਥਾਵਾਂ ਦੀਆਂ ਮੀਟਿੰਗਾਂ ਵੀਡੀਓ ਕਾਨਫਰੰਸਿੰਗ ਜ਼ਰੀਏ ਕਵਰ ਕਰਨ ਦੇ ਨਿਰਦੇਸ਼

**ਚੰਡੀਗੜ੍ਹ (ਗੁਰਜੀਤ ਬਿੱਲਾ)**- ਰਜਿਸਟਰਾਰ ਸਹਿਕਾਰੀ ਸਭਾਵਾਂ ਗਿਰੀਸ਼ ਦਿਆਲਨ ਨੇ ਸੂਬੇ ਭਰ 'ਚ ਸਹਿਕਾਰੀ ਸੰਸਥਾਵਾਂ ਦੀਆਂ ਸਮੁੱਚੀਆਂ ਮੀਟਿੰਗਾਂ ਅਤੇ ਕਾਰਵਾਈਆਂ ਵੀਡੀਓ ਕਾਨਫਰੰਸਿੰਗ (ਵੀਸੀ) ਜ਼ਰੀਏ ਕਵਰ ਕਰਨ ਦੇ ਨਿਰਦੇਸ਼ ਦਿੱਤੇ ਹਨ।ਇਹ ਕਦਮ ਕੇਂਦਰ ਅਤੇ ਸੂਬਾ ਸਰਕਾਰਾਂ ਦੇ ਨਾਲ-ਨਾਲ ਸੰਵਿਧਾਨਕ ਅਦਾਲਤਾਂ ਦੁਆਰਾ ਵੀ ਸੀ ਮੋਡ ਦੀ ਵਰਤੋਂ ਉਪਰੰਤ ਚੁੱਕਿਆ ਗਿਆ ਹੈ, ਜੋ ਸੂਚਨਾ ਤਕਨਾਲੋਜੀ ਐਕਟ, 2000 ਤੋਂ ਕਾਨੂੰਨੀ ਸਮਰਥਨ ਪ੍ਰਾਪਤ ਕਰਦਿਆਂ ਇਲੈਕਟ੍ਰਾਨਿਕ ਰਿਕਾਰਡਾਂ ਅਤੇ ਦਸਤਖਤਾਂ ਨੂੰ ਮਾਨਤਾ ਦਿੰਦਾ ਹੈ।ਨਵੇਂ ਦਿਸ਼ਾ-ਨਿਰਦੇਸ਼ਾਂ ਮੁਤਾਬਕ ਸਾਰੀਆਂ ਮੀਟਿੰਗਾਂ ਲਈ ਵੀਡੀਓ ਕਾਨਫਰੰਸਿੰਗ ਦਾ ਬਦਲ ਉਪਲਬਧ ਹੋਵੇਗਾ। ਬੋਰਡਾਂ, ਕਮੇਟੀਆਂ, ਆਮ ਸੰਸਥਾਵਾਂ/ਏਜੀਐਮ ਅਤੇ ਨਿੱਜੀ ਸੁਣਵਾਈਆਂ ਦੀਆਂ ਮੀਟਿੰਗਾਂ ਲਈ ਨੋਟਿਸ ਵਿੱਚ ਵੀਡੀਓ ਕਾਨਫਰੰਸਿੰਗ ਤੱਕ ਪਹੁੰਚ ਦੇ ਵੇਰਵੇ ਵੀ ਸ਼ਾਮਲ ਹੋਣਗੇ।ਹੋਰ ਵੇਰਵੇ ਦਿੰਦਿਆਂ ਸ੍ਰੀ ਦਿਆਲਨ ਨੇ ਦੱਸਿਆ ਕਿ ਵੀਡੀਓ ਕਾਨਫਰੰਸਿੰਗ ਦੀ ਸਹੂਲਤ ਇੱਕ ਵੱਖਰਾ ਬਦਲ ਹੈ ਅਤੇ ਇਹ ਕੋਰਮ, ਨੋਟਿਸ ਜਾਂ ਵੋਟਿੰਗ ਸਬੰਧੀ ਕਾਨੂੰਨੀ ਲੋੜਾਂ ਵਿੱਚ ਤਬਦੀਲੀ ਨਹੀਂ ਕਰਦੀ ਅਤੇ ਇਸਦੇ ਨਾਲ ਹੀ ਰੋਲ-ਕਾਲ, ਵੀਸੀ ਲੌਗ ਅਤੇ ਪ੍ਰਮਾਣਿਤ ਭਾਗੀਦਾਰਾਂ ਦੀ ਪਾਰਦਰਸ਼ਤਾ ਨੂੰ ਯਕੀਨੀ ਬਣਾਉਂਦਾ ਹੈ।

# ਗੰਨਾ ਪਿੰਡ 'ਚ 2 ਰੋਜ਼ਾ ਛਿੰਝ ਮੇਲਾ ਕਰਵਾਇਆ

**ਫਿਲੌਰ (ਨਿਰਮਲ)**- ਬਾਬਾ ਨੌਗਜਾ ਪੀਰ ਗੰਨਾ ਪਿੰਡ ਦੇ ਗੱਦੀ ਨਸ਼ੀਨ ਬਾਬਾ ਮਿਥੁਨ ਸ਼ਾਹ ਦੀ ਸਰਪ੍ਰਸਤੀ ਹੇਠ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ 2 ਰੋਜ਼ਾ ਛਿੰਝ ਮੇਲਾ ਕਰਵਾਇਆ ਗਿਆ। ਇਸ ਛਿੰਝ ਮੇਲੇ ਵਿਚ ਤਿੰਨ ਪਿੰਡਾਂ ਗੰਨਾ ਪਿੰਡ, ਮੋਤੀਪੁਰ ਖਾਲਸਾ ਅਤੇ ਦਸਮੇਸ਼ ਨਗਰ ਨੇ ਸਹਿਯੋਗ ਕੀਤਾ। ਪ੍ਰਬੰਧਕ ਸੁਖਪਾਲ ਸਰਪੰਚ ਗੰਨਾ ਪਿੰਡ, ਜੱਗਾ ਸਿੰਘ ਸਰਪੰਚ ਦਸਮੇਸ਼ ਨਗਰ, ਮਨਜੀਤ ਸਿੰਘ ਸਰਪੰਚ ਮੋਤੀਪੁਰ ਖਾਲਸਾ, ਰਾਮ ਜੀ ਦਾਸ ਆਗੂ ਲੋਕ ਇਨਸਾਫ ਮੰਚ ਪੰਜਾਬ, ਕਮਲਰਾਜ ਸੇਵਾਮੁਕਤ ਪੁਲਿਸ ਇੰਸਪੈਕਟਰ, ਪ੍ਰੇਮ ਚੰਦ ਸੇਵਾਮੁਕਤ ਪੁਲਿਸ ਇੰਸਪੈਕਟਰ, ਵਿਕਰਮ ਦਿੱਲੀ ਹੈੱਡ ਕਾਂਸਟੇਬਲ ਸਮੇਤ ਕਈਆਂ ਨੇ ਭਰਪੂਰ ਯੋਗਦਾਨ ਪਾਇਆ। ਪਟਕੇ ਦੀ ਕੁਸ਼ਤੀ ਭੋਲਾ ਦਿੱਲੀ ਨੂੰ ਹਰਾ ਕੇ ਮਹਾਰਾਸ਼ਟਰ ਦੇ ਮਹੇਸ਼ ਬੱਤਰਾ ਨੇ ਜਿੱਤੀ ਅਤੇ ਉਸ ਨੂੰ ਪ੍ਰਬੰਧਕਾਂ ਨੇ ਬੁਲੇਟ ਮੋਟਰਸਾਇਕਲ ਨਾਲ ਨਿਵਾਜਿਆ। ਜ਼ਿਕਰਯੋਗ ਹੈ ਕਿ ਇਹ ਮੋਟਰਸਾਇਕਲ ਮਹਿੰਦਰਪਾਲ ਪੰਜੀ ਦਾਸੀ ਫਰਾਂਸ ਨੇ ਸਪਾਂਸਰ ਕੀਤਾ। ਦੂਸਰੀ ਪਟਕੇ ਦੀ ਕੁਸ਼ਤੀ ਗਾਮਾ ਪਹਿਲਵਾਨ ਭੈਣੀ ਨੇ ਗੁਰਮੀਤ ਅਮਰ ਨੂੰ ਹਰਾ ਕੇ ਜਿੱਤੀ ਅਤੇ ਡੀਲਕਸ ਮੋਟਰਸਾਇਕਲ ਜਿੱਤਿਆ। ਇਹ ਮੋਟਰਸਾਇਕਲ ਤਾਰ ਕਾਹਲੋਂ ਨੇ ਸਪਾਂਸਰ ਕੀਤਾ। ਇਨਾਮਾਂ ਦੀ ਵੰਡ ਮੁੱਖ ਮਹਿਮਾਨ ਸਾਬਕਾ ਕੈਬਨਿਟ ਮੰਤਰੀ ਪੰਜਾਬ ਸਰਵਣ ਸਿੰਘ ਫਿਲੌਰ ਨੇ ਕੀਤੀ। ਇਸ ਮੌਕੇ ਅਤੁੱਟ ਲੰਗਰ ਵਰਤਦੇ ਰਹੇ। ਹੋਰਨਾਂ ਤੋਂ ਇਲਾਵਾ ਇਸ ਮੌਕੇ ਸੀਨੀਅਰ ਅਕਾਲੀ ਆਗੂ ਸਤਿੰਦਰ ਸਿੰਘ ਧੰਜੂ, ਸਾਬਕਾ ਸਰਪੰਚ ਮੰਤੀਪੁਰ ਖਾਲਸਾ ਜਰਨੈਲ ਸਿੰਘ ਮੰਤੀਪੁਰ ਖਾਲਸਾ, ਲੋਕ ਇਨਸਾਫ ਮੰਚ ਦੇ ਪ੍ਰਧਾਨ ਜਰਨੈਲ ਸਿੰਘ ਫਿਲੌਰ, ਧਰਮਿੰਦਰ, ਸੰਦੀਪ ਕੁਮਾਰ,ਆਦਿ ਵੱਡੀ ਗਿਣਤੀ ਵਿਚ ਹਾਜ਼ਰ ਸਨ।



# ਪਬਲਿਕ-ਪਾਲਿਸੀ ਇੰਟਰਨਸ਼ਿਪ ਪ੍ਰੋਗਰਾਮ ਤਹਿਤ ਤੀਜਾ ਬੈਚ ਸਫ਼ਲਤਾਪੂਰਵਕ ਮੁਕੰਮਲ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਜ਼ਿਲ੍ਹੇ ਵਿੱਚ ਪਬਲਿਕ-ਪਾਲਿਸੀ ਇੰਟਰਨਸ਼ਿਪ ਪ੍ਰੋਗਰਾਮ ਤਹਿਤ ਚੱਲ ਰਹੇ ਤੀਜੇ ਬੈਚ ਦੇ ਮੁਕੰਮਲ ਹੋਣ 'ਤੇ ਇੰਟਰਨਸ ਦੀ ਹੌਸਲਾ ਅਫਜ਼ਾਈ ਕੀਤੀ ਤੇ ਉਨ੍ਹਾਂ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਇੰਟਰਨਸ ਨਾਲ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਬਲਿਕ-ਪਾਲਿਸੀ ਇੰਟਰਨਸ਼ਿਪ ਪ੍ਰੋਗਰਾਮ ਤਹਿਤ ਪੰਜਾਬ ਟੈਕਨੀਕਲ ਯੂਨੀਵਰਸਿਟੀ, ਸੀ.ਟੀ. ਗਰੁੱਪ ਆਫ਼ ਕਾਲਜਿਸ, ਡੀ.ਏ.ਵੀ. ਯੂਨੀਵਰਸਿਟੀ, ਡੀ.ਏ.ਵੀ.ਇੰਸੀਟੀਚਿਊਟ ਆਫ਼ ਇੰਜਨੀਅਰਿੰਗ ਐਂਡ ਟੈਕਨਾਲੋਜੀ, ਕੇ.ਐਮ.ਵੀ. ਕਾਲਜ ਅਤੇ ਲਵਲੀ ਪ੍ਰੋਫ਼ੈਸ਼ਨਲ ਯੂਨੀਵਰਸਿਟੀ ਸਮੇਤ ਵੱਖ-ਵੱਖ ਯੂਨੀਵਰਸਿਟੀਆਂ ਤੇ ਕਾਲਜਾਂ ਦੇ 21 ਵਿਦਿਆਰਥੀਆਂ ਨੂੰ ਵੱਖ-ਵੱਖ ਸਰਕਾਰੀ ਵਿਭਾਗਾਂ ਵਿੱਚ 2 ਮਹੀਨੇ ਲਈ ਬਤੌਰ ਇੰਟਰਨ ਸ਼ਾਮਲ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਇਸ ਇੰਟਰਨਸ਼ਿਪ ਪ੍ਰੋਗਰਾਮ ਤਹਿਤ ਪਹਿਲਾਂ ਵੀ 2 ਬੈਚ ਲਾਏ ਜਾ ਚੁੱਕੇ ਹਨ, ਜਿਸ ਤਹਿਤ ਪਹਿਲੇ ਬੈਚ ਵਿਚ 41 ਅਤੇ ਦੂਜੇ ਬੈਚ ਵਿੱਚ 21 ਵਿਦਿਆਰਥੀਆਂ ਨੇ ਭਾਗ ਲਿਆ ਸੀ। ਉਨ੍ਹਾਂ ਕਿਹਾ ਕਿ ਇੰਟਰਨਸ਼ਿਪ ਪ੍ਰੋਗਰਾਮ ਦਾ ਮੁੱਖ ਮਕਸਦ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਦਾ ਲਾਭ ਜ਼ਮੀਨੀ ਪੱਧਰ ਤੱਕ ਪਹੁੰਚਾਉਣ ਦੇ ਨਾਲ-ਨਾਲ ਵਿਦਿਆਰਥੀਆਂ ਦੇ ਗਿਆਨ ਦੇ ਪੱਧਰ ਵਿੱਚ ਵਾਧਾ ਕਰਨਾ ਵੀ ਹੈ। ਇਸ ਦੌਰਾਨ ਇੰਟਰਨਜ਼ ਵੱਲੋਂ ਪੇਸ਼ ਕੀਤੇ ਗਏ ਪ੍ਰਾਜੈਕਟਾਂ ਦਾ ਇੱਕ ਕਮੇਟੀ ਵੱਲੋਂ ਮੁਲਾਂਕਣ ਕੀਤਾ ਗਿਆ ਅਤੇ ਵਧੀਆ ਕਾਰਗੁਜ਼ਾਰੀ ਵਾਲੇ ਇੰਟਰਨਸ ਨੂੰ ਡਿਪਟੀ ਕਮਿਸ਼ਨਰ ਵੱਲੋਂ ਨਕਦ ਇਨਾਮ ਅਤੇ ਸਰਟੀਫਿਕੇਟਾਂ ਨਾਲ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਸਾਰੇ ਵਿਦਿਆਰਥੀਆਂ ਨੂੰ ਇੰਟਰਨਸ਼ਿਪ ਪ੍ਰੋਗਰਾਮ ਵਿੱਚ ਭਾਗ ਲੈਣ 'ਤੇ ਸਰਟੀਫਿਕੇਟ ਪ੍ਰਦਾਨ ਕੀਤੇ ਗਏ।



## ਜਨਮ ਦਿਨ ਮੁਬਾਰਕ



ਹਰਨੀਜ਼ ਕੌਰ
ਜਲੰਧਰ